ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 66
ਫ਼ੋਨ: +91- 92168-07500
E-mail: news@charhdikala.com
www.charhdikala.com

ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ ***

DAILY CHARHDIKALA, PATIALA

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Monday, 9 March, 2026) ਸੋਮਵਾਰ, 9 ਮਾਰਚ, 2026, 26 ਫੱਗਣ, ਨਾਨਕਸ਼ਾਹੀ ਸੰਮਤ 557, ਬਿਕ੍ਰਮੀ 2082/ PRGI (RNI) Regd. No. 22972/1972/ ਮੁੱਲ: 2 ਰੁਪਏ


## ਤਕਨੀਕੀ ਖ਼ਰਾਬੀ ਕਾਰਨ ਉਤਰਾਖੰਡ ਦੇ ਰਾਜਪਾਲ ਦੇ ਹੈਲੀਕਾਪਟਰ ਦੀ ਐਮਰਜੈਂਸੀ ਲੈਂਡਿੰਗ

ਚਮੋਲੀ, 8 ਮਾਰਚ (ਚੜ੍ਹਦੀਕਲਾ ਬਿਊਰੋ): ਉਤਰਾਖੰਡ ਦੇ ਰਾਜਪਾਲ ਲੈਫਟੀਨੈਂਟ ਜਨਰਲ ਗੁਰਮੀਤ ਸਿੰਘ (ਸੇਵਾਮੁਕਤ) ਦੇ ਹੈਲੀਕਾਪਟਰ ਵਿੱਚ ਐਤਵਾਰ ਨੂੰ ਅਚਾਨਕ ਤਕਨੀਕੀ ਖ਼ਰਾਬੀ ਆ ਗਈ, ਜਿਸ ਕਾਰਨ ਉਸ ਨੂੰ ਸ੍ਰੀਨਗਰ (ਉਤਰਾਖੰਡ) ਵਿੱਚ ਐਮਰਜੈਂਸੀ ਲੈਂਡਿੰਗ ਕਰਨੀ ਪਈ। ਅਧਿਕਾਰੀਆਂ ਅਨੁਸਾਰ ਰਾਜਪਾਲ ਟੀਹਰੀ ਵਿਚ ਲੇਕ ਫੈਸਟੀਵਲ ਵਿੱਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਣ ਤੋਂ ਬਾਅਦ ਚਮੋਲੀ ਜ਼ਿਲ੍ਹੇ ਦੇ ਗੈਰਸੈਣ ਜਾ ਰਹੇ ਸਨ। ਦੱਸਣਯੋਗ ਹੈ ਕਿ ਸੋਮਵਾਰ ਤੋਂ ਚਮੋਲੀ ਵਿੱਚ ਉਤਰਾਖੰਡ ਵਿਧਾਨ

(ਬਾਕੀ ਸਫ਼ਾ 2 'ਤੇ)

### ਪੰਜਾਬ ਦੀ 'ਆਪ' ਸਰਕਾਰ ਨੇ ਬਜਟ 2026-27 'ਚ ਕੇਜਰੀਵਾਲ ਅਤੇ ਮਾਨ ਵੱਲੋਂ ਕੀਤੇ ਚੋਣ ਵਾਅਦੇ ਨੂੰ ਪੁਗਾਇਆ

# ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ 'ਸਾਰੀਆਂ ਗਾਰੰਟੀਆਂ ਪੂਰੀਆਂ' ਬਜਟ ਪੇਸ਼



ਅੰਮ੍ਰਿਤਪਾਲ ਸਿੰਘ
================

ਚੰਡੀਗੜ੍ਹ, 8 ਮਾਰਚ :ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਕੁੱਲ 2,60,437 ਕਰੋੜ ਰੁਪਏ ਦੇ ਬਜਟ ਪ੍ਰਸਤਾਵ ਨਾਲ ਸਾਲ 2026-27 ਲਈ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ (ਆਪ) ਸਰਕਾਰ ਦਾ ਪੰਜਵਾਂ ਬਜਟ ਪੇਸ਼ ਕੀਤਾ। ਬਜਟ ਵਿੱਚ ਅਨੁਮਾਨਤ 10 ਫ਼ੀਸਦੀ ਵਿਕਾਸ ਦਰ ਦੇ ਨਾਲ ਸੂਬੇ ਦੀ ਜੀਐਸਡੀਪੀ ਲਈ 9,80,635 ਕਰੋੜ ਦਾ ਅਨੁਮਾਨ ਲਾਇਆ ਗਿਆ ਹੈ। ਅੰਤਰਰਾਸ਼ਟਰੀ ਮਹਿਲਾ ਦਿਵਸ 'ਤੇ ਪੇਸ਼ ਕੀਤੇ ਗਏ ਬਜਟ ਵਿੱਚ 'ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ' ਸ਼ੁਰੂ ਕੀਤੀ ਹੈ, ਜਿਸ ਤਹਿਤ ਆਮ ਵਰਗ ਨਾਲ ਸਬੰਧਤ ਔਰਤਾਂ ਨੂੰ 1,000 ਰੁਪਏ ਪ੍ਰਤੀ ਮਹੀਨਾ ਅਤੇ ਦਲਿਤ ਵਰਗ ਨਾਲ ਸਬੰਧਤ ਔਰਤਾਂ ਨੂੰ 1,500 ਪ੍ਰਤੀ ਮਹੀਨਾ ਮਿਲਣਗੇ। ਇਸ ਦੇ ਨਾਲ ਹੀ ਸਿੱਖਿਆ, ਸਿਹਤ ਸੰਭਾਲ, ਖੇਤੀਬਾੜੀ, ਬੁਨਿਆਦੀ ਢਾਂਚਾ ਅਤੇ ਸਮਾਜਿਕ ਭਲਾਈ ਲਈ ਬਜਟ ਵਿੱਚ ਵਿਸ਼ੇਸ਼ ਉਪਬੰਧ ਕੀਤੇ ਗਏ ਹਨ। ਇਸ ਬਜਟ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਅਰਵਿੰਦ ਕੇਜਰੀਵਾਲ ਅਤੇ ਭਗਵੰਤ ਮਾਨ ਵੱਲੋਂ ਦਿੱਤੀਆਂ ਸਾਰੀਆਂ ਮੁੱਖ ਚੋਣ ਗਰੰਟੀਆਂ ਪੂਰੀਆਂ ਵਾਲੇ ਬਜਟ ਵਜੋਂ ਦਰਸਾਇਆ ਹੈ।

ਬਜਟ ਪੇਸ਼ ਕਰਦਿਆਂ ਵਿੱਤ ਮੰਤਰੀ ਨੇ ਕਿਹਾ ਕਿ ਮਾਲੀਆ

(ਬਾਕੀ ਸਫ਼ਾ 2 'ਤੇ)

## ਪੰਜਾਬ ਸਰਕਾਰ ਨੇ ਲੋਕਾਂ ਨਾਲ ਕੀਤੇ ਸਾਰੇ ਚੋਣ ਵਾਅਦੇ ਪੂਰੇ ਕੀਤੇ: ਮਾਨ



ਅੰਮ੍ਰਿਤਪਾਲ ਸਿੰਘ
================

ਚੰਡੀਗੜ੍ਹ, 8 ਮਾਰਚ: ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਐਲਾਨ ਕੀਤਾ ਕਿ ਆਮ ਆਦਮੀ ਪਾਰਟੀ (ਆਪ) ਸਰਕਾਰ ਨੇ ਆਪਣਾ ਸਭ ਤੋਂ ਵੱਡਾ ਚੋਣ ਵਾਅਦਾ ਪੂਰਾ ਕਰ ਦਿੱਤਾ ਹੈ, ਜਿਸ ਤਹਿਤ ਪੰਜਾਬ ਭਰ ਦੀਆਂ ਮਹਿਲਾਵਾਂ ਨੂੰ ਮਹੀਨਾਵਾਰ ਵਿੱਤੀ ਸਹਾਇਤਾ ਪ੍ਰਦਾਨ ਕਰਨ ਲਈ 'ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ' ਸ਼ੁਰੂ ਕੀਤੀ ਗਈ ਹੈ। ਇਸ ਯੋਜਨਾ ਤਹਿਤ ਮਹਿਲਾਵਾਂ ਨੂੰ ਪ੍ਰਤੀ ਮਹੀਨਾ 1,000 ਰੁਪਏ, ਜਦਕਿ ਅਨੁਸੂਚਿਤ ਜਾਤੀ ਭਾਈਚਾਰਿਆਂ ਨਾਲ ਸਬੰਧਤ ਔਰਤਾਂ ਨੂੰ 1,500 ਪ੍ਰਾਪਤ ਮਿਲਣਗੇ, ਜਿਸ

(ਬਾਕੀ ਸਫ਼ਾ 2 'ਤੇ)

## ਅਸੀਂ ਲੋਕਾਂ ਨਾਲ ਵਾਅਦਾ ਕੀਤਾ ਸੀ ਕਿ 1000 ਵਾਲਾ ਵਾਅਦਾ ਪੂਰਾ ਕਰਕੇ ਹੀ ਵੋਟ ਮੰਗਣ ਆਵਾਂਗੇ: ਡਾ. ਗੁਰਪ੍ਰੀਤ ਕੌਰ ਮਾਨ

ਚੰਡੀਗੜ੍ਹ, 8 ਮਾਰਚ (ਚ.ਨ.ਸ.):ਅੱਜ ਮਹਿਲਾ ਦਿਵਸ ਮੌਕੇ ਪੰਜਾਬ ਦਾ ਬਜਟ ਪੇਸ਼ ਕੀਤਾ ਗਿਆ। ਪੰਜਾਬ ਦੇ ਵਿੱਤ ਮੰਤਰੀ ਹਰਪਾਲ ਚੀਮਾ ਨੇ ਪੰਜਾਬ ਵਿਧਾਨ ਸਭਾ ਵਿੱਚ 260,437 ਕਰੋੜ ਰੁਪਏ ਦਾ ਬਜਟ ਪੇਸ਼ ਕੀਤਾ। ਬਜਟ ਪੇਸ਼ ਹੋਣ ਮਗਰੋਂ ਮੁੱਖ ਮੰਤਰੀ ਭਗਵੰਤ ਮਾਨ ਦੀ ਪਤਨੀ ਡਾ. ਗੁਰਪ੍ਰੀਤ ਕੌਰ ਦਾ ਬਿਆਨ ਸਾਹਮਣੇ ਆਇਆ ਹੈ। ਉਨ੍ਹਾਂ ਕਿਹਾ ਕਿ ਅੱਜ ਦਾ ਦਿਨ ਬਹੁਤ ਇਤਿਹਾਸਿਕ ਹੈ। ਮਹਿਲਾਵਾਂ ਦੇ ਦਿਨ ਬਜਟ ਪੇਸ਼ ਕੀਤਾ ਗਿਆ ਹੈ। ਸਰਕਾਰ ਨੇ ਜਿਹੜਾ ਵਾਅਦਾ ਕੀਤਾ ਉਹ ਅੱਜ ਪੂਰਾ ਕੀਤਾ। ਅੱਜ ਮਹਿਲਾਵਾਂ ਦੇ ਹੱਕ ਦਾ ਬਜਟ ਪੇਸ਼ ਕੀਤਾ ਗਿਆ। ਇਸ ਲਈ ਮੈਂ ਸਾਰੀ ਸਰਕਾਰ ਤੇ ਕੈਬਨਿਟ ਟੀਮ ਦਾ ਧੰਨਵਾਦ ਕਰਦੀ ਹਾਂ। ਮਾਵਾਂ-ਭੈਣਾਂ ਨੂੰ ਪੂਰੀ ਉਮੀਦ ਸੀ ਕਿ ਉਹ ਆਪਣਾ ਵਾਅਦਾ ਪੂਰਾ

(ਬਾਕੀ ਸਫ਼ਾ 2 'ਤੇ)

## ਬਜਟ ਦੀਆਂ ਝਲਕੀਆਂ

- ਵਿੱਤ ਮੰਤਰੀ ਨੇ 10 ਫ਼ੀਸਦੀ ਵਾਧੇ ਨਾਲ ਜੀ.ਐਸ.ਡੀ.ਪੀ. ਲਈ 9,80,635 ਕਰੋੜ ਦਾ ਅਨੁਮਾਨ ਪੇਸ਼ ਕੀਤਾ
- ਆਮ ਵਰਗ ਨਾਲ ਸਬੰਧਤ ਔਰਤਾਂ ਨੂੰ ਪ੍ਰਤੀ ਮਹੀਨਾ 1,000 ਜਦਕਿ ਦਲਿਤ ਵਰਗ ਨਾਲ ਸਬੰਧਤ ਔਰਤਾਂ ਨੂੰ ਮਿਲਣਗੇ 1,500 ਰੁਪਏ
- 'ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ' ਤਹਿਤ ਇਹ ਰਾਸ਼ੀ ਸਿੱਧੀ ਲਾਭਪਾਤਰੀ ਮਹਿਲਾਵਾਂ ਦੇ ਖਾਤਿਆਂ ਵਿੱਚ ਤਬਦੀਲ ਕੀਤੀ ਜਾਵੇਗੀ
- ਆਮ ਆਦਮੀ ਪਾਰਟੀ ਪੰਜਾਬ ਵਿੱਚ ਆਪਣੇ ਸਾਰੇ ਚੋਣ ਵਾਅਦੇ ਪੂਰੇ ਕਰਨ ਵਾਲੀ ਪਹਿਲੀ ਸਰਕਾਰ
- ਮੁਫ਼ਤ ਬੱਸ ਯਾਤਰਾ ਲਈ 600 ਕਰੋੜ ਅਤੇ 27,000 ਤੋਂ ਵੱਧ ਆਂਗਨਵਾੜੀਆਂ ਲਈ 932 ਕਰੋੜ ਰੁਪਏ ਰੱਖੇ
- 'ਸਿੱਖਿਆ ਕ੍ਰਾਂਤੀ 2.0': ਸਿੱਖਿਆ ਵਿੱਚ ਕ੍ਰਾਂਤੀਕਾਰੀ ਸੁਧਾਰਾਂ ਲਈ 19,279 ਕਰੋੜ ਅਲਾਟ
- ਵਿਸ਼ਵ ਬੈਂਕ ਦੇ ਸਹਿਯੋਗ ਨਾਲ 3,500 ਕਰੋੜ ਦਾ ਪ੍ਰੋਜੈਕਟ ਅਤੇ ਸੂਬੇ ਦੀਆਂ ਯੂਨੀਵਰਸਿਟੀਆਂ ਲਈ 1,760 ਕਰੋੜ ਦੀ ਵਿਵਸਥਾ
- ਸਿਹਤ ਸੰਭਾਲ ਤੱਕ ਸਭਨਾਂ ਦੀ ਪਹੁੰਚ: 6,879 ਕਰੋੜ ਰੁਪਏ ਦਾ ਹੈਲਥਕੇਅਰ ਬਜਟ, 10 ਲੱਖ ਤੱਕ ਦੇ ਨਕਦੀ ਰਹਿਤ ਇਲਾਜ ਲਈ 2,000 ਕਰੋੜ ਰੁਪਏ ਅਤੇ ਮੈਡੀਕਲ ਸਿੱਖਿਆ ਲਈ 1,220 ਕਰੋੜ ਰੁਪਏ ਦਾ ਪ੍ਰਬੰਧ
- ਖੇਤੀ ਅਰਥਵਿਵਸਥਾ ਦੀ ਮਜ਼ਬੂਤੀ: ਖੇਤੀਬਾੜੀ ਅਤੇ ਸਹਾਇਕ ਖੇਤਰਾਂ ਲਈ 15,377 ਕਰੋੜ, ਕਿਸਾਨਾਂ ਨੂੰ ਮੁਫ਼ਤ ਬਿਜਲੀ ਲਈ 7,715 ਕਰੋੜ ਅਤੇ ਜੇਆਈਸੀਏ-ਸਹਾਇਤਾ ਪ੍ਰਾਪਤ ਬਾਗਬਾਨੀ ਪ੍ਰੋਜੈਕਟ ਲਈ 1300 ਕਰੋੜ ਦਾ ਪ੍ਰਸਤਾਵ
- ਬੁਨਿਆਦੀ ਢਾਂਚਾ ਵਿਕਾਸ: ਪੇਂਡੂ ਸੜਕਾਂ ਲਈ 7,606 ਕਰੋੜ,ਸ਼ਹਿਰੀ ਵਿਕਾਸ ਲਈ 7,257 ਕਰੋੜ, ਮਨਰੇਗਾ ਲਈ 1,500 ਕਰੋੜ, ਮਿਊਂਸਪਲ ਡਿਵੈਲਪਮੈਂਟ ਫੰਡ ਲਈ 1,000 ਕਰੋੜ ਅਤੇ ਰੰਗਲਾ ਪੰਜਾਬ ਵਿਕਾਸ ਯੋਜਨਾ ਲਈ 1,170 ਕਰੋੜ ਰੱਖੇ
- ਆਰਥਿਕਤਾ ਨੂੰ ਹੁਲਾਰਾ: 55,000 ਕਰੋੜ ਦੇ ਇਤਿਹਾਸਕ ਨਿਵੇਸ਼ ਨੂੰ ਧਿਆਨ 'ਚ ਰੱਖਦਿਆਂ ਉਦਯੋਗ ਲਈ 2,805 ਕਰੋੜ ਦਾ ਬਜਟ ਉਪਬੰਧ
- 63,943 ਸਰਕਾਰੀ ਨੌਕਰੀਆਂ ਦੇਣ ਤੋਂ ਬਾਅਦ ਰੋਜ਼ਗਾਰ ਉੱਤਪਤੀ ਲਈ 287 ਕਰੋੜ ਦਾ ਉਪਬੰਧ
- ਸੂਬੇ ਦੀ ਸੁਰੱਖਿਆ: ਗ੍ਰਹਿ ਮਾਮਲਿਆਂ, ਨਿਆਂ ਅਤੇ ਜੇਲ੍ਹਾਂ ਲਈ 11,577 ਕਰੋੜ, ਏਆਈ-ਅਧਾਰਤ ਜੇਲ੍ਹ ਨਿਗਰਾਨੀ ਲਈ 535 ਕਰੋੜ ਅਤੇ ਵਿਆਪਕ ਡਰੱਗ ਜਨਗਣਨਾ ਲਈ 100 ਕਰੋੜ ਦੀ ਵਿਵਸਥਾ
- ਨੌਜਵਾਨਾਂ ਦਾ ਸਸ਼ਕਤੀਕਰਨ: ਖੇਡ ਬੁਨਿਆਦੀ ਢਾਂਚੇ, ਪਿੰਡ ਵਿੱਚ 6,000 ਨਵੇਂ ਖੇਡ ਮੈਦਾਨਾਂ ਅਤੇ 5,000 ਇਨਡੋਰ ਜਿੰਮਾਂ ਲਈ 1,791 ਕਰੋੜ ਰੱਖੇ
- ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਦਿਵਸ ਲਈ 100 ਕਰੋੜ ਅਤੇ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਲਈ 312 ਕਰੋੜ ਦਾ ਉਪਬੰਧ
- ਬੁਨਿਆਦੀ ਢਾਂਚਾ ਵਿਕਾਸ: ਸੜਕਾਂ ਲਈ 5,440 ਕਰੋੜ ਅਤੇ ਬਿਜਲੀ ਲਈ 5,000 ਕਰੋੜ, ਜਲ ਸਰੋਤਾਂ ਅਤੇ ਨਹਿਰੀ ਨੈਟਵਰਕਾਂ ਲਈ 2,971 ਕਰੋੜ ਦੀ ਵਿਵਸਥਾ
- ਸਮਾਜਿਕ ਨਿਆਂ: ਸਮਾਜ ਭਲਾਈ ਪ੍ਰੋਗਰਾਮਾਂ ਲਈ 18,304 ਕਰੋੜ, ਮੇਰੀ ਰਸੋਈ' ਰਾਸ਼ਨ ਕਿੱਟਾਂ ਲਈ 900 ਕਰੋੜ ਅਤੇ ਅਨੁਸੂਚਿਤ ਜਾਤੀ ਉਪ-ਯੋਜਨਾ ਲਈ 17,700 ਕਰੋੜ ਰੱਖੇ
- ਮਜ਼ਬੂਤ ਵਿੱਤੀ ਪ੍ਰਬੰਧਨ: ਮਾਲੀਆ ਪ੍ਰਾਪਤੀ 1,26,190 ਕਰੋੜ, ਪੂੰਜੀਗਤ ਖਰਚ ਦੁੱਗਣਾ ਹੋ ਕੇ 18,381 ਕਰੋੜ ਹੋਣ ਦਾ ਅਨੁਮਾਨ; ਕਰਜ਼-ਤੋਂ-ਜੀਐਸਡੀਪੀ ਅਨੁਪਾਤ 44.47 ਫੀਸਦੀ ਤੱਕ ਘਟਣ ਦਾ ਅਨੁਮਾਨ

### ਕੇਜਰੀਵਾਲ ਦੀ ਵਚਨਬੱਧਤਾ ਬਨਾਮ ਮੋਦੀ ਦੇ ਜੁਮਲੇ, ਵਿੱਤ ਮੰਤਰੀ ਨੇ ਦਿਖਾਇਆ ਅੰਤਰ

## ਪੰਜਾਬ ਬਜਟ ਸਾਰਿਆਂ ਲਈ ਸਮੁੱਚੇ ਵਿਕਾਸ ਤੇ ਵਿੱਤੀ ਸਸ਼ਕਤੀਕਰਨ ਨੂੰ ਯਕੀਨੀ ਬਣਾਉਂਦੈ: ਚੀਮਾ

ਚੜ੍ਹਦੀਕਲਾ ਬਿਊਰੋ
================

ਚੰਡੀਗੜ੍ਹ, 8 ਮਾਰਚ : ਅੰਤਰਰਾਸ਼ਟਰੀ ਮਹਿਲਾ ਦਿਵਸ 'ਤੇ ਇੱਕ ਇਤਿਹਾਸਕ ਬਜਟ ਪੇਸ਼ ਕਰਨ ਤੋਂ ਬਾਅਦ, ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਸ਼ਾਸਨ ਮਾਡਲਾਂ ਵਿਚਕਾਰ ਸਪੱਸ਼ਟ ਅੰਤਰ ਪੇਸ਼ ਕੀਤਾ। ਵਿੱਤ ਮੰਤਰੀ ਚੀਮਾ ਨੇ ਕਿਹਾ ਕਿ ਜਿੱਥੇ ਅਰਵਿੰਦ ਕੇਜਰੀਵਾਲ ਦੀ ਅਗਵਾਈ ਗਾਰੰਟੀ ਦੀ ਪਵਿੱਤਰਤਾ ਦੁਆਰਾ ਪਰਿਭਾਸ਼ਿਤ ਹੁੰਦੀ ਹੈ—ਜੋ ਪੰਜਾਬ ਦੀਆਂ ਔਰਤਾਂ ਲਈ ਮਹੀਨਾਵਾਰ ਆਮਦਨ ਦੇ ਪੁਖਤਾ ਬਜਟ ਪ੍ਰਬੰਧਾਂ ਨਾਲ ਸਾਬਤ ਹੋਈ ਹੈ— ਉੱਥੇ ਹੀ ਪੀਐਮ ਮੋਦੀ ਦੀਆਂ ਗਾਰੰਟੀਆਂ, ਜਿਵੇਂ ਕਿ ਦਿੱਲੀ ਦੀਆਂ ਔਰਤਾਂ ਨੂੰ 2,500 ਰੁਪਏ ਮਹੀਨਾਵਾਰ ਸਹਾਇਤਾ ਦੇਣ ਦਾ ਵਾਅਦਾ, ਰਾਸ਼ਟਰੀ ਰਾਜਧਾਨੀ ਵਿੱਚ ਭਾਜਪਾ ਦੇ ਸੱਤਾ ਵਿੱਚ ਆਉਣ ਤੋਂ ਬਾਅਦ ਵੀ ਅਧੂਰੀਆਂ ਹਨ।

ਇੱਥੇ ਪੰਜਾਬ ਵਿਧਾਨ ਸਭਾ ਦੇ ਪੰਜਾਬੀ ਭਾਸ਼ਾ ਹਾਲ ਵਿੱਚ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਆਮ ਆਦਮੀ ਪਾਰਟੀ (ਆਪ) ਦੀਆਂ ਚੋਣ ਗਾਰੰਟੀਆਂ ਪ੍ਰਤੀ ਅਟੱਲ ਵਚਨਬੱਧਤਾ 'ਤੇ ਜ਼ੋਰ ਦਿੰਦੇ ਹੋਏ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ 'ਆਪ' ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਸੂਬੇ ਦੇ ਲੋਕਾਂ ਨਾਲ ਕੀਤੀਆਂ ਸਾਰੀਆਂ ਗਾਰੰਟੀਆਂ ਸਫਲਤਾਪੂਰਵਕ ਪੂਰੀਆਂ ਕੀਤੀਆਂ ਹਨ। ਉਨ੍ਹਾਂ ਕਿਹਾ ਕਿ ਆਪਣੀ ਸੇਵਾ ਦੇ 4 ਸਾਲਾਂ ਦੇ ਅੰਦਰ, ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ

(ਬਾਕੀ ਸਫ਼ਾ 2 'ਤੇ)

## ਪੰਜਾਬ ਦੀ 'ਆਪ' ਸਰਕਾਰ ਨੇ ਲੋਕਾਂ ਨਾਲ ਕੀਤੇ ਸਾਰੇ ਵਾਅਦੇ ਪੁਗਾਏ: ਕੇਜਰੀਵਾਲ

ਚੜ੍ਹਦੀਕਲਾ ਬਿਊਰੋ
================



ਨਵੀਂ ਦਿੱਲੀ, 8 ਮਾਰਚ: ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਲਈ ਸ਼ੁਰੂ ਕੀਤੀ ਗਈ ਮਾਸਿਕ ਸਹਾਇਤਾ ਯੋਜਨਾ ਦੀ ਸ਼ਲਾਘਾ ਕੀਤੀ ਹੈ। ਉਨ੍ਹਾਂ ਨੇ ਇਸ ਨੂੰ ਪੰਜਾਬ ਦੇ ਇਤਿਹਾਸ ਵਿੱਚ ਮਹਿਲਾ ਸ਼ਕਤੀਕਰਨ ਦੇ ਖੇਤਰ ਵਿੱਚ ਚੁੱਕਿਆ ਗਿਆ ਹੁਣ ਤੱਕ ਦਾ ਸਭ ਤੋਂ ਵੱਡਾ ਕਦਮ ਦੱਸਿਆ ਹੈ। ਕੇਜਰੀਵਾਲ ਅਨੁਸਾਰ ਪੰਜਾਬ ਦੀ ਆਪ ਸਰਕਾਰ ਲੋਕਾਂ ਨਾਲ ਕੀਤੇ ਆਪਣੇ ਸਾਰੇ ਵਾਅਦੇ ਪੂਰੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ

(ਬਾਕੀ ਸਫ਼ਾ 2 'ਤੇ)

## ਤਰਨਤਾਰਨ 'ਚ ਇੱਕੋ ਪਰਿਵਾਰ ਦੇ 2 ਬੱਚਿਆਂ ਦੀ ਭੇਦਭਰੀ ਹਾਲਤ ਵਿੱਚ ਮੌਤ

ਤਰਨ ਤਾਰਨ, 8 ਮਾਰਚ (ਚੜ੍ਹਦੀਕਲਾ ਬਿਊਰੋ): ਤਰਨਤਾਰਨ ਦੇ ਰਹਿਣ ਵਾਲੇ ਭੈਣ-ਭਰਾ ਦੀ ਭੇਦਭਰੀ



ਹਾਲਤ ਵਿਚ ਮੌਤ ਹੋ ਗਈ। ਪਰਿਵਾਰਕ ਮੈਂਬਰਾਂ ਦਾ ਕਹਿਣਾ ਹੈ ਕਿ ਰਾਤ ਦੇ ਸਮੇਂ ਉਨ੍ਹਾਂ ਨੇ ਤਰਨ ਤਾਰਨ ਵਿਖੇ ਇਕ ਰੇਹੜੀ ਤੋਂ ਮੋਮੋਜ਼ ਅਤੇ ਚਾਂਪ ਲਈਆਂ ਸਨ ਅਤੇ ਇਨ੍ਹਾਂ ਨੂੰ ਖਾਣ ਤੋਂ ਬਾਅਦ ਹੀ ਭੈਣ-ਭਰਾ ਦੀ ਸਿਹਤ ਵਿਗੜ ਗਈ ਸੀ ਅਤੇ ਸਵੇਰ ਦੇ ਸਮੇਂ ਉਨ੍ਹਾਂ ਦੀ ਮੌਤ ਹੋ ਗਈ। ਇਸ ਸਬੰਧ ਵਿਚ ਥਾਣਾ ਸਿਟੀ ਦੀ ਪੁਲਿਸ ਨੂੰ ਲਿਖਤੀ ਸ਼ਿਕਾਇਤ ਦੇਣ ਤੋਂ ਬਾਅਦ ਪੁਲਿਸ ਨੇ ਮੋਮੋਜ਼ ਅਤੇ ਚਾਂਪ ਦੀ ਰੇਹੜੀ ਲਗਾਉਣ ਵਾਲੇ ਨੂੰ ਹਿਰਾਸਤ ਵਿਚ ਲੈ

(ਬਾਕੀ ਸਫ਼ਾ 2 'ਤੇ)

## ਮੁਅੱਤਲ ਡੀ.ਆਈ.ਜੀ. ਭੁੱਲਰ ਦੀ ਵਧੇਗੀ ਪ੍ਰੇਸ਼ਾਨੀ, ਸੀ.ਬੀ.ਆਈ. ਜਲਦ ਦਾਖ਼ਲ ਕਰੇਗੀ ਚਾਰਜਸ਼ੀਟ

ਚੜ੍ਹਦੀਕਲਾ ਬਿਊਰੋ
================

ਚੰਡੀਗੜ੍ਹ, 8 ਮਾਰਚ: ਪੰਜਾਬ ਦੇ ਮੁਅੱਤਲ ਡੀ.ਆਈ.ਜੀ. ਹਰਚਰਨ ਸਿੰਘ ਭੁੱਲਰ ਦੀਆਂ ਮੁਸ਼ਕਿਲਾਂ ਵਧਦੀਆਂ ਜਾ ਰਹੀਆਂ ਹਨ। ਰਿਸ਼ਵਤਖੋਰੀ ਦੇ ਮਾਮਲੇ ਵਿੱਚ ਗ੍ਰਿਫ਼ਤਾਰ ਹੋਣ ਤੋਂ ਬਾਅਦ, ਹੁਣ ਉਨ੍ਹਾਂ ਨੂੰ ਆਮਦਨ ਤੋਂ ਵੱਧ ਜਾਇਦਾਦ ਦੇ ਦੋਸ਼ਾਂ ਦਾ ਸਾਹਮਣਾ ਕਰਨਾ ਪਵੇਗਾ। ਸੀ.ਬੀ.ਆਈ. ਨੇ ਪਿਛਲੇ ਸਾਲ ਉਨ੍ਹਾਂ ਵਿਰੁੱਧ ਆਮਦਨ ਦੇ ਜਾਣੇ-ਪਛਾਣੇ ਸਰੋਤਾਂ ਤੋਂ ਵੱਧ ਜਾਇਦਾਦ ਰੱਖਣ ਦੇ ਦੋਸ਼ ਵਿੱਚ ਐਫ.ਆਈ.ਆਰ. ਦਰਜ ਕੀਤੀ ਸੀ। ਉਨ੍ਹਾਂ ਦੀ ਰਿਹਾਇਸ਼ ਤੋਂ ਬਰਾਮਦ ਕੀਤੀਆਂ ਗਈਆਂ ਜਾਇਦਾਦਾਂ ਉਨ੍ਹਾਂ ਦੀ ਆਮਦਨ ਤੋਂ ਕਿਤੇ ਵੱਧ ਸਨ। ਸੂਤਰਾਂ ਅਨੁਸਾਰ, ਸੀਬੀਆਈ ਉਨ੍ਹਾਂ ਦੀਆਂ ਜਾਇਦਾਦਾਂ ਦੀ ਡੂੰਘਾਈ ਨਾਲ ਜਾਂਚ ਕਰ ਰਹੀ ਹੈ ਅਤੇ ਉਨ੍ਹਾਂ ਦੀ ਆਮਦਨ, ਖਰਚਿਆਂ ਅਤੇ ਪ੍ਰਾਪਤ ਕੀਤੀਆਂ ਜਾਇਦਾਦਾਂ ਦੇ ਰਿਕਾਰਡ ਇਕੱਠੇ ਕਰ ਰਹੀ ਹੈ। ਸੀ.ਬੀ.ਆਈ. ਵੱਲੋਂ ਜਲਦੀ ਹੀ ਉਨ੍ਹਾਂ ਵਿਰੁੱਧ ਚਾਰਜਸ਼ੀਟ ਦਾਇਰ ਕਰਨ ਦੀ ਉਮੀਦ ਹੈ। ਭ੍ਰਿਸ਼ਟਾਚਾਰ ਦੇ ਮਾਮਲੇ ਵਿੱਚ ਭੁੱਲਰ ਵਿਰੁੱਧ ਪਹਿਲਾਂ ਹੀ ਚਾਰਜਸ਼ੀਟ



ਦਾਇਰ ਕੀਤੀ ਜਾ ਚੁੱਕੀ ਹੈ, ਅਤੇ ਗ੍ਰਹਿ ਮੰਤਰਾਲੇ ਤੋਂ ਮੁਕੱਦਮਾ ਚਲਾਉਣ ਦੀ ਪ੍ਰਵਾਨਗੀ ਮਿਲ ਗਈ ਹੈ। ਭੁੱਲਰ ਅਤੇ ਉਨ੍ਹਾਂ ਦੇ ਵਿਚੋਲੇ, ਕ੍ਰਿਸ਼ਨੂ ਸ਼ਾਰਦਾ ਨੂੰ 16 ਅਕਤੂਬਰ, 2025 ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ। ਉਨ੍ਹਾਂ ਤੇ ਮੰਡੀ ਗੋਬਿੰਦਗੜ੍ਹ ਦੇ ਇੱਕ ਵਪਾਰੀ ਤੋਂ 8 ਲੱਖ ਦੀ ਰਿਸ਼ਵਤ ਲੈਣ ਦਾ ਦੋਸ਼ ਹੈ। ਸੀ.ਬੀ.ਆਈ. ਨੇ ਉਨ੍ਹਾਂ ਦੇ ਸੈਕਟਰ 40 ਸਥਿਤ ਘਰ 'ਤੇ ਛਾਪਾ ਮਾਰਿਆ ਅਤੇ 7.5 ਕਰੋੜ ਅਤੇ 2.5 ਕਿਲੋ ਸੋਨਾ ਬਰਾਮਦ ਕੀਤਾ।

## ਰਾਸ਼ਟਰਪਤੀ ਦੇ ਅਪਮਾਨ ਲਈ ਤ੍ਰਿਣਮੂਲ ਨੂੰ ਮੁਆਫ਼ ਨਹੀਂ ਕਰੇਗੀ ਜਨਤਾ: ਮੋਦੀ

ਚੜ੍ਹਦੀਕਲਾ ਬਿਊਰੋ
================

ਨਵੀਂ ਦਿੱਲੀ, 8 ਮਾਰਚ: ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਐਤਵਾਰ ਨੂੰ ਪੱਛਮੀ ਬੰਗਾਲ ਦੀ ਤ੍ਰਿਣਮੂਲ ਕਾਂਗਰਸ (ਟੀ.ਐੱਮ.ਸੀ.) ਸਰਕਾਰ ਤੇ ਹਮਲਾ ਤੇਜ਼ ਕਰ ਦਿੱਤਾ ਹੈ। ਦਿੱਲੀ ਮੈਟਰੋ ਦੇ ਦੋ ਨਵੇਂ ਕਾਰੀਡੋਰਾਂ ਅਤੇ 15,200 ਕਰੋੜ ਦੇ ਰਿਹਾਇਸ਼ੀ ਪ੍ਰਾਜੈਕਟਾਂ ਦਾ ਉਦਘਾਟਨ ਕਰਨ ਤੋਂ ਬਾਅਦ ਪੀ.ਐੱਮ. ਮੋਦੀ ਨੇ ਕਿਹਾ ਕਿ ਪੱਛਮੀ ਬੰਗਾਲ ਦੀ ਜਾਗਰੂਕ ਜਨਤਾ ਇਕ ਆਦਿਵਾਸੀ ਮਹਿਲਾ ਆਗੂ ਅਤੇ ਦੇਸ਼ ਦੇ ਰਾਸ਼ਟਰਪਤੀ ਦੇ ਅਪਮਾਨ ਲਈ ਟੀ.ਐੱਮ.ਸੀ. ਨੂੰ ਕਦੇ ਮੁਆਫ਼ ਨਹੀਂ ਕਰੇਗੀ। ਪੀ.ਐੱਮ. ਨੇ ਕਿਹਾ,ਜਦੋਂ ਪੂਰਾ ਦੇਸ਼ ਮਹਿਲਾ ਦਿਵਸ ਮਨਾ ਰਿਹਾ ਹੈ, ਇਹ ਬਹੁਤ ਚਿੰਤਾਜਨਕ ਹੈ ਕਿ ਪੱਛਮੀ ਬੰਗਾਲ ਸਰਕਾਰ ਨੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਦਾ ਅਪਮਾਨ ਕੀਤਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਟੀ.ਐੱਮ.ਸੀ. ਨੇ ਜਾਣਬੁੱਝ ਕੇ ਰਾਸ਼ਟਰਪਤੀ ਦੇ ਆਦਿਵਾਸੀ ਸੰਮੇਲਨ ਦਾ ਬਾਈਕਾਟ ਕੀਤਾ, ਜੋ ਨਾ ਸਿਰਫ਼ ਰਾਸ਼ਟਰਪਤੀ ਦਾ ਬਲਕਿ ਸੰਵਿਧਾਨ ਅਤੇ ਦੇਸ਼ ਦੀਆਂ ਲੋਕਤੰਤਰੀ ਪਰੰਪਰਾਵਾਂ ਦਾ ਵੀ



ਅਪਮਾਨ ਹੈ। ਦੱਸ ਦੇਈਏ ਕਿ ਸ਼ਨੀਵਾਰ ਨੂੰ ਰਾਸ਼ਟਰਪਤੀ ਦੇ ਬੰਗਾਲ ਦੌਰੇ ਦੌਰਾਨ ਮਮਤਾ ਬਨਰਜੀ ਅਤੇ ਉਨ੍ਹਾਂ ਦੇ ਮੰਤਰੀ ਗੈਰ-ਹਾਜ਼ਰ ਰਹੇ ਸਨ। ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਪ੍ਰਧਾਨ ਮੰਤਰੀ ਨੇ ਦੇਸ਼ ਦੀਆਂ ਔਰਤਾਂ ਨੂੰ ਵੱਡੀ ਖੁਸ਼ਖਬਰੀ

(ਬਾਕੀ ਸਫ਼ਾ 2 'ਤੇ)

## ਮੋਦੀ ਨੇ ਸੌਂਪੀਆਂ ਆਧੁਨਿਕ ਫਲੈਟਾਂ ਦੀਆਂ ਚਾਬੀਆਂ, ਮਹਿਲਾ ਮੁਲਾਜ਼ਮਾਂ ਦੇ ਚਿਹਰੇ ਖਿੜੇ

ਨਵੀਂ ਦਿੱਲੀ, 8 ਮਾਰਚ (ਚੜ੍ਹਦੀਕਲਾ ਬਿਊਰੋ): ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਆਮ ਪੂਲ ਰਿਹਾਇਸ਼ੀ ਅਕਮੋਡੇਸ਼ਨ (ਜੀ.ਪੀ.ਆਰ.ਏ.) ਮੁੜ ਵਿਕਾਸ ਯੋਜਨਾ ਦੇ ਅਧੀਨ ਐਤਵਾਰ ਨੂੰ 15,200 ਕਰੋੜ ਰੁਪਏ ਦੇ ਪ੍ਰਾਜੈਕਟਾਂ ਦਾ ਉਦਘਾਟਨ ਅਤੇ ਨੀਂਹ ਪੱਥਰ ਰੱਖਿਆ। ਪ੍ਰਧਾਨ ਮੰਤਰੀ ਨੇ ਕੇਂਦਰੀ ਰਿਹਾਇਸ਼ ਅਤੇ ਸ਼ਹਿਰੀ ਮਾਮਲਿਆਂ ਦੇ ਮੰਤਰੀ ਮਨੋਹਰ ਲਾਲ ਖੱਟੜ ਨਾਲ ਸਰੋਜਨੀ ਨਗਰ ਸਥਿਤ ਜੀ.ਪੀ.ਆਰ.ਏ. ਟਾਈਪ-5 ਕੁਆਰਟਰਾਂ ਦਾ ਦੌਰਾ ਕੀਤਾ ਅਤੇ ਮਹਿਲਾ ਲਾਭਪਾਤਰੀਆਂ ਨੂੰ ਚਾਬੀਆਂ ਸੌਂਪੀਆਂ। ਉਨ੍ਹਾਂ ਨੇ ਕੁਝ ਮਹਿਲਾ ਕਰਮਚਾਰੀਆਂ ਨਾਲ ਵੀ ਗੱਲਬਾਤ ਕੀਤੀ। ਜਾਰੀ ਇਕ ਬਿਆਨ

(ਬਾਕੀ ਸਫ਼ਾ 2 'ਤੇ)

## ਜਨਤਾ ਦਲ (ਯੂ) 'ਚ ਸ਼ਾਮਲ ਹੋਇਆ ਨਿਤੀਸ਼ ਕੁਮਾਰ ਦਾ ਬੇਟਾ ਨਿਸ਼ਾਂਤ



ਚੜ੍ਹਦੀਕਲਾ ਬਿਊਰੋ
================

ਪਟਨਾ , 8 ਮਾਰਚ: ਬਿਹਾਰ ਦੇ ਮੁੱਖ ਮੰਤਰੀ ਨਿਤੀਸ਼ ਕੁਮਾਰ ਦੇ ਬੇਟੇ ਨਿਸ਼ਾਂਤ ਕੁਮਾਰ ਐਤਵਾਰ ਨੂੰ ਜਨਤਾ ਦਲ (ਯੂਨਾਈਟੇਡ) 'ਚ ਸ਼ਾਮਲ ਹੋ ਗਏ। ਉਨ੍ਹਾਂ ਕਿਹਾ ਕਿ ਉਹ ਪਾਰਟੀ ਸੰਗਠਨ ਨੂੰ ਮਜ਼ਬੂਤ ਕਰਨ ਲਈ ਕੰਮ ਕਰਨਗੇ। ਇੰਜੀਨੀਅਰਿੰਗ ਚ ਗਰੈਜੂਏਟ ਨਿਸ਼ਾਂਤ ਨੂੰ ਪਾਰਟੀ ਹੈੱਡ ਕੁਆਰਟਰ 'ਚ ਕੇਂਦਰੀ ਮੰਤਰੀ ਰਾਜੀਵ ਰੰਜਨ ਸਿੰਘ ਲਲਨ ਅਤੇ ਪਾਰਟੀ ਦੇ ਰਾਸ਼ਟਰੀ ਕਾਰਜਕਾਰੀ ਪ੍ਰਧਾਨ ਸੰਜੇ ਝਾਅ ਸਮੇਤ ਪ੍ਰਮੁੱਖ ਨੇਤਾਵਾਂ ਦੀ ਮੌਜੂਦਗੀ ਚ ਜਨਤਾ ਦਲ (ਯੂ) 'ਚ ਸ਼ਾਮਲ ਕੀਤਾ ਗਿਆ। ਪਾਰਟੀ 'ਚ ਸ਼ਾਮਲ ਹੋਣ ਤੋਂ ਬਾਅਦ ਨਿਸ਼ਾਂਤ ਨੇ ਕਿਹਾ,ਮੇਰੇ ਪਿਤਾ ਨੇ ਰਾਜ ਸਭਾ ਮੈਂਬਰ ਬਣਨ ਦਾ ਫ਼ੈਸਲਾ ਲਿਆ, ਇਹ ਉਨ੍ਹਾਂ ਦਾ ਨਿੱਜੀ ਫ਼ੈਸਲਾ ਸੀ। ਅਸੀਂ ਸਾਰੇ ਇਸ ਦਾ ਸਨਮਾਨ ਕਰਦੇ ਹਾਂ। ਅਸੀਂ ਉਨ੍ਹਾਂ ਦੇ ਮਾਰਦਰਸ਼ਨ 'ਚ ਕੰਮ ਕਰਦੇ ਰਹਾਂਗੇ। ਮੈਂ ਸੰਗਠਨ ਨੂੰ ਮਜ਼ਬੂਤ ਕਰਨ ਲਈ ਕੰਮ ਕਰਾਂਗਾ। ਨਿਸ਼ਾਂਤ ਨੇ ਦਾਅਵਾ ਕੀਤਾ ਕਿ ਬਿਹਾਰ ਦੇ ਸਭ ਤੋਂ ਲੰਬੇ ਸਮੇਂ ਤੱਕ ਮੁੱਖ ਮੰਤਰੀ ਰਹੇ ਉਨ੍ਹਾਂ ਦੇ ਪਿਤਾ ਨਿਤੀਸ਼ ਕੁਮਾਰ ਨੇ ਪਿਛਲੇ 20 ਸਾਲਾਂ 'ਚ ਰਾਜ ਲਈ ਬਹੁਤ ਕੁਝ ਕੀਤਾ। ਉਨ੍ਹਾਂ ਕਿਹਾ, ਰਾਜ ਦੀ ਜਨਤਾ ਕਦੇ ਵੀ ਉਨ੍ਹਾਂ ਦੇ (ਨਿਤੀਸ਼) ਵਲੋਂ ਰਾਜ ਦੇ ਵਿਕਾਸ 'ਚ ਕੀਤੇ ਗਏ ਯੋਗਦਾਨ ਨੂੰ ਨਹੀਂ ਭੁੱਲੇਗੀ। ਜਨਤਾ ਦਲ (ਯੂ) ਦਫ਼ਤਰ 'ਚ ਪਹੁੰਚਣ 'ਤੇ

(ਬਾਕੀ ਸਫ਼ਾ 2 'ਤੇ)

### ਰਣਜੀਤ ਸਿੰਘ ਐਨਕਾਊਂਟਰ ਮਾਮਲਾ

## ਪਿੰਡ ਆਦੀਆਂ ਵਿੱਚ ਅੱਜ ਕੀਤਾ ਜਾਵੇਗਾ ਸਸਕਾਰ



ਚੜ੍ਹਦੀਕਲਾ ਬਿਊਰੋ
================

ਗੁਰਦਾਸਪੁਰ, 8 ਮਾਰਚ: ਕਥਿਤ ਮੁੱਠ ਭੇੜ ਵਿੱਚ ਮਾਰੇ ਗਏ ਨੌਜਵਾਨ ਰਣਜੀਤ ਸਿੰਘ (19) ਦੇ ਪਰਿਵਾਰ ਅਤੇ ਸਮਾਜਿਕ ਸੰਗਠਨਾਂ ਵਿੱਚ ਅੱਜ ਐਤਵਾਰ ਸਸਕਾਰ ਦੇ ਮੁੱਦੇ 'ਤੇ ਆਪਸ ਵਿੱਚ ਫੁੱਟ ਪੈ ਗਈ। ਪਰਿਵਾਰ ਅਤੇ ਸੰਗਠਨਾਂ ਵੱਲੋਂ ਡਿਪਟੀ ਕਮਿਸ਼ਨਰ (ਡੀ.ਸੀ.) ਦਫ਼ਤਰ ਦੇ ਸਾਹਮਣੇ ਹੋਣ ਵਾਲੀ ਰੋਸ ਰੈਲੀ ਵੀ ਰੱਦ ਕਰ ਦਿੱਤੀ ਗਈ ਹੈ। ਦੋ ਪ੍ਰਮੁੱਖ ਸੰਗਠਨਾਂ ਕਿਰਤੀ ਕਿਸਾਨ ਯੂਨੀਅਨ ਅਤੇ ਪੰਜਾਬ ਸਟੂਡੈਂਟਸ ਯੂਨੀਅਨ ਨੇ ਪਰਿਵਾਰ ਵੱਲੋਂ ਕੱਲ੍ਹ ਅੰਤਿਮ ਸਸਕਾਰ ਕਰਨ ਵਿੱਚ ਅਸਹਿਮਤੀ ਜਤਾਈ ਹੈ। ਇਨ੍ਹਾਂ ਸੰਗਠਨਾਂ ਦੇ ਮੈਂਬਰਾਂ ਨੇ ਕਿਹਾ ਕਿ ਉਹ ਵਿਰੋਧ ਪ੍ਰਦਰਸ਼ਨ ਕਰਨ ਦੇ ਹੱਕ ਵਿੱਚ ਸਨ ਜਿਸ ਤੋਂ ਬਾਅਦ ਲਾਸ਼ ਦਾ ਸਸਕਾਰ ਕੀਤਾ ਜਾਣਾ ਚਾਹੀਦਾ ਸੀ। ਦੂਜੇ ਪਾਸੇ ਸਸਕਾਰ ਕਰਨ ਦੇ ਫੈਸਲੇ

(ਬਾਕੀ ਸਫ਼ਾ 2 'ਤੇ)

## ਇਜ਼ਰਾਈਲ ਨੇ ਈਰਾਨ ਦੇ ਤੇਲ ਡਿੱਪੂ ਨੂੰ ਬਣਾਇਆ ਨਿਸ਼ਾਨਾ, ਤੇਜ਼ ਧਮਾਕਿਆਂ ਨਾਲ ਕੰਬਿਆ ਤਹਿਰਾਨ

### ਅਮਰੀਕਾ-ਇਜ਼ਰਾਈਲ ਵਿਰੁੱਧ ਛੇ ਮਹੀਨੇ ਜੰਗ ਲੜਨ ਦੇ ਸਮਰੱਥ ਹਾਂ: ਆਈ.ਆਰ.ਜੀ.ਸੀ.

ਚੜ੍ਹਦੀਕਲਾ ਬਿਊਰੋ
================

ਤਹਿਰਾਨ, 8 ਮਾਰਚ: ਈਰਾਨ ਦੀ ਰਾਜਧਾਨੀ ਤਹਿਰਾਨ ਵਿੱਚ ਪੰਜ ਬਾਲਣ ਡਿਪੂਆਂ ਨੂੰ ਨਿਸ਼ਾਨਾ ਬਣਾਇਆ ਗਿਆ। ਇਜ਼ਰਾਈਲੀ ਹਵਾਈ ਹਮਲਿਆਂ ਕਾਰਨ ਤਹਿਰਾਨ ਵਿੱਚ ਵੱਡੇ ਧਮਾਕੇ ਹੋਏ, ਜਿਸ ਨਾਲ ਧੂੰਏਂ ਦੇ ਉੱਚੇ ਗੁਬਾਰ ਉੱਠੇ। ਇਜ਼ਰਾਈਲੀ ਫੌਜ ਨੇ ਪੁਸ਼ਟੀ ਕੀਤੀ ਕਿ ਉਸ ਦੀ ਹਵਾਈ ਫੌਜ ਨੇ ਤਹਿਰਾਨ ਵਿੱਚ ਬਾਲਣ ਭੰਡਾਰਨ ਸਹੂਲਤਾਂ ਨੂੰ ਨਿਸ਼ਾਨਾ ਬਣਾਇਆ ਹੈ। ਇਜ਼ਰਾਈਲ ਨੇ ਕਿਹਾ ਹੈ ਕਿ ਉਸ ਦਾ ਟੀਚਾ ਈਰਾਨ ਦੀ ਫੌਜ ਨੂੰ ਇਨ੍ਹਾਂ ਦੀ ਵਰਤੋਂ ਕਰਨ ਤੋਂ ਰੋਕਣਾ ਹੈ। ਹਾਲਾਂਕਿ, ਈਰਾਨ ਨੇ ਧਮਾਕਿਆਂ ਅਤੇ ਅੱਗ ਲੱਗਣ ਦੀ ਪੁਸ਼ਟੀ ਕੀਤੀ ਹੈ ਪਰ ਕਿਹਾ ਹੈ ਕਿ ਉਸ ਦੇ ਬਾਲਣ ਭੰਡਾਰ ਸੁਰੱਖਿਅਤ ਹਨ। ਇਜ਼ਰਾਈਲੀ ਲੜਾਕੂ ਜਹਾਜ਼ਾਂ ਨੇ ਤਹਿਰਾਨ ਅਤੇ ਆਲੇ-ਦੁਆਲੇ ਦੇ ਕਈ ਤੇਲ ਡਿਪੂਆਂ 'ਤੇ ਹਮਲਾ ਕੀਤਾ। ਇਸ ਨਾਲ ਭਾਰੀ ਅੱਗ ਲੱਗ ਗਈ ਅਤੇ ਅਸਮਾਨ ਵਿੱਚ ਕਾਲਾ ਧੂੰਆਂ ਉਠਿਆ। ਅੱਗ ਲੱਗਣ ਦੀਆਂ ਕਈ ਵੀਡੀਓਜ਼ ਸੋਸ਼ਲ ਮੀਡੀਆ 'ਤੇ ਵਾਇਰਲ ਹੋਈਆਂ ਹਨ। ਇਸ ਘਟਨਾ ਵਿੱਚ ਹੁਣ ਤੱਕ ਚਾਰ ਲੋਕਾਂ ਦੀ ਮੌਤ ਹੋ ਗਈ ਹੈ, ਜਿਨ੍ਹਾਂ ਵਿੱਚ ਦੋ ਤੇਲ ਟੈਂਕਰ ਡਰਾਈਵਰ ਵੀ ਸ਼ਾਮਲ ਹਨ। ਈਰਾਨੀ ਰੈੱਡ ਕ੍ਰੀਸੈਂਟ



ਨੇ ਤੇਲ ਡਿਪੂ ਵਿੱਚ ਹੋਏ ਧਮਾਕਿਆਂ ਤੋਂ ਬਾਅਦ ਹਵਾ ਵਿੱਚ ਛੱਡੇ ਗਏ ਜ਼ਹਿਰੀਲੇ ਪਦਾਰਥਾਂ ਕਾਰਨ ਤਹਿਰਾਨ ਵਿੱਚ ਤੇਜ਼ਾਬੀ ਮੀਂਹ ਪੈਣ ਦੀ ਚੇਤਾਵਨੀ ਦਿੱਤੀ ਹੈ। ਏਜੰਸੀ ਨੇ ਕਿਹਾ ਕਿ ਧਮਾਕਿਆਂ ਨੇ ਹਵਾ ਵਿੱਚ ਕਾਫ਼ੀ ਮਾਤਰਾ ਵਿੱਚ ਜ਼ਹਿਰੀਲੇ ਹਾਈਡ੍ਰੋਕਾਰਬਨ ਮਿਸ਼ਰਣ, ਸਲਫਰ ਅਤੇ

(ਬਾਕੀ ਸਫ਼ਾ 2 'ਤੇ)

## ਈਰਾਨ ਦੇ ਨਵੇਂ ਸੁਪਰੀਮ ਲੀਡਰ ਦੇ ਨਾਂ 'ਤੇ ਸਹਿਮਤੀ; ਐਲਾਨ ਬਾਅਦ ਵਿੱਚ ਕੀਤਾ ਜਾਵੇਗਾ

ਈਰਾਨ, 8 ਮਾਰਚ (ਚੜ੍ਹਦੀਕਲਾ ਬਿਊਰੋ): ਈਰਾਨ ਵਿੱਚ ਨਵੇਂ ਸੁਪਰੀਮ ਲੀਡਰ ਦੀ ਚੋਣ ਨੂੰ ਲੈ ਕੇ ਅਹਿਮ ਫੈਸਲਾ ਲਿਆ ਗਿਆ ਹੈ। ਹਾਲਾਂਕਿ ਜਿਸ ਵਿਅਕਤੀ ਨੂੰ ਇਸ ਖਾਸ ਅਹੁਦੇ ਲਈ ਚੁਣਿਆ ਗਿਆ ਹੈ, ਉਸ ਦੇ ਨਾਮ ਦਾ ਅਧਿਕਾਰਤ ਤੌਰ 'ਤੇ ਐਲਾਨ ਹਾਲੇ ਤੱਕ ਨਹੀਂ ਕੀਤਾ ਗਿਆ। ਅਲ ਜਜ਼ੀਰਾ ਦੀ ਰਿਪੋਰਟ ਅਨੁਸਾਰ ਸੁਪਰੀਮ ਲੀਡਰ ਦੀ ਚੋਣ ਕਰਨ ਵਾਲੀ ਸੰਸਥਾ ਜਿਸ ਨੂੰ ਅਸੈਂਬਲੀ ਆਫ ਐਕਸਪਰਟਸ ਕਿਹਾ ਜਾਂਦਾ ਹੈ, ਨੇ ਆਪਣੇ ਉਮੀਦਵਾਰ ਦਾ ਨਾਮ ਫਾਈਨਲ ਕਰ ਲਿਆ ਹੈ। ਸੰਸਥਾ ਦੇ ਮੈਂਬਰਾਂ ਦਾ ਕਹਿਣਾ ਹੈ ਕਿ ਬਹੁਮਤ ਨਾਲ ਸਭ ਤੋਂ ਯੋਗ ਉਮੀਦਵਾਰ ਦੇ ਨਾਮ ਨੂੰ ਮਨਜ਼ੂਰੀ ਦੇ ਦਿੱਤੀ ਗਈ ਹੈ।

## ਸ਼ੰਕਰਾਚਾਰੀਆ 'ਤੇ ਦੋਸ਼ ਲਗਾਉਣ ਵਾਲੇ ਆਸ਼ੂਤੋਸ਼ ਉਤੇ ਜਾਨਲੇਵਾ ਹਮਲਾ, ਟਾਇਲਟ 'ਚ ਲੁਕ ਕੇ ਬਚਾਈ ਜਾਨ



ਚੜ੍ਹਦੀਕਲਾ ਬਿਊਰੋ
================

ਪ੍ਰਯਾਗਰਾਜ, 8 ਮਾਰਚ: ਉੱਤਰ ਪ੍ਰਦੇਸ਼ ਦੇ ਪ੍ਰਯਾਗਰਾਜ 'ਚ ਸ਼ੰਕਰਾਚਾਰੀਆ ਸਵਾਮੀ ਅਵਿਮੁਕਤੇਸ਼ਵਰਾਨੰਦ ਸਰਸਵਤੀ ਖ਼ਿਲਾਫ਼ ਜਿਨਸੀ ਸ਼ੋਸ਼ਣ ਦਾ ਮਾਮਲਾ ਦਰਜ ਕਰਨ ਵਾਲੇ ਆਸ਼ੂਤੋਸ਼ ਬ੍ਰਹਮਚਾਰੀ ਤੇ ਐਤਵਾਰ ਨੂੰ ਰੀਵਾ ਐਕਸਪ੍ਰੈਸ ਟਰੇਨ 'ਚ ਹਮਲਾ ਕਰ ਦਿੱਤਾ ਗਿਆ। ਹਮਲਾਵਰ ਨੇ ਉਨ੍ਹਾਂ 'ਤੇ ਤੇਜ਼ਧਾਰ ਹਥਿਆਰ ਨਾਲ ਵਾਰ ਕੀਤਾ, ਜਿਸ 'ਚ ਉਹ ਜ਼ਖ਼ਮੀ ਹੋ ਗਏ। ਦੱਸਿਆ ਗਿਆ ਕਿ ਆਸ਼ੂਤੋਸ਼ ਬ੍ਰਹਮਚਾਰੀ ਗਾਜ਼ੀਆਬਾਦ ਤੋਂ ਰੀਵਾ ਐਕਸਪ੍ਰੈਸ ਦੇ ਐਚ-1 ਕੋਚ 'ਚ ਸਵਾਰ ਹੋ ਕੇ ਪ੍ਰਯਾਗਰਾਜ ਜਾ ਰਹੇ ਸਨ। ਇਸੇ ਦੌਰਾਨ ਫਤਿਹਪੁਰ ਅਤੇ ਕੌਸ਼ਾਂਬੀ ਜ਼ਿਲ੍ਹੇ ਦੇ ਸਿਰਾਥੂ ਰੇਲਵੇ ਸਟੇਸ਼ਨ ਵਿਚਾਲੇ ਟਰੇਨ 'ਚ ਉਨ੍ਹਾਂ 'ਤੇ ਹਮਲਾ ਕਰ ਦਿੱਤਾ ਗਿਆ। ਆਸ਼ੂਤੋਸ਼ ਬ੍ਰਹਮਚਾਰੀ ਨੇ ਦੱਸਿਆ ਕਿ ਹਮਲਾਵਰ ਨੇ ਤੇਜ਼ਧਾਰ ਹਥਿਆਰ ਨਾਲ ਉਨ੍ਹਾਂ 'ਤੇ ਕਈ ਵਾਰ ਕੀਤੇ ਅਤੇ ਉਨ੍ਹਾਂ ਦੀ ਨੱਕ ਵੱਢਣ ਦੀ ਕੋਸ਼ਿਸ਼ ਵੀ ਕੀਤੀ। ਜਾਨ ਬਚਾਉਣ ਲਈ ਉਨ੍ਹਾਂ ਨੇ ਖੁਦ ਨੂੰ ਟਰੇਨ ਦੇ ਟਾਇਲਟ 'ਚ ਬੰਦ ਕਰ ਲਿਆ, ਜਿਸ ਨਾਲ ਉਨ੍ਹਾਂ ਦੀ ਜਾਨ ਬਚ ਸਕੀ। ਹਮਲੇ 'ਚ ਉਨ੍ਹਾਂ ਨੂੰ ਕਈ ਜਗ੍ਹਾਂ ਸੱਟਾਂ ਲੱਗੀਆਂ ਹਨ ਅਤੇ ਉਹ ਖੂਨ ਨਾਲ ਲੱਥਪੱਥ ਹਾਲਤ 'ਚ ਪ੍ਰਯਾਗਰਾਜ ਜੰਕਸ਼ਨ ਪਹੁੰਚੇ। ਇੱਥੇ ਪਹੁੰਚਣ ਤੋਂ ਬਾਅਦ ਉਨ੍ਹਾਂ ਨੇ ਜੀ.ਆਰ.ਪੀ. ਥਾਣੇ 'ਚ ਮਾਮਲੇ ਦੀ ਐੱਫ.ਆਈ.ਆਰ. ਦਰਜ ਕਰਵਾਈ। ਇਸ ਤੋਂ ਬਾਅਦ ਉਨ੍ਹਾਂ ਨੂੰ ਮੈਡੀਕਲ ਜਾਂਚ ਲਈ ਕਾਲਵਿਨ ਹਸਪਤਾਲ ਭੇਜਿਆ ਗਿਆ, ਜਿੱਥੇ ਉਨ੍ਹਾਂ ਦਾ ਇਲਾਜ ਕੀਤਾ ਜਾ

(ਬਾਕੀ ਸਫ਼ਾ 2 'ਤੇ)

## ਪੰਜਾਬ ਦੇ ਬਜਟ 'ਚ ਬਾਗ਼ਬਾਨੀ ਖੇਤਰ ਨੂੰ ਨਵੀਂ ਰਫ਼ਤਾਰ ਦੇਣ ਲਈ ਸਰਕਾਰ ਦਾ 10 ਸਾਲਾ ਰੋਡਮੈਪ ਤਿਆਰ : ਮੋਹਿੰਦਰ ਭਗਤ



ਚੰਡੀਗੜ੍ਹ, 8 ਮਾਰਚ (ਚ.ਨ.ਸ.): ਪੰਜਾਬ ਦੇ ਬਾਗ਼ਬਾਨੀ ਮੰਤਰੀ ਮੋਹਿੰਦਰ ਭਗਤ ਨੇ ਪੰਜਾਬ ਦੇ ਬਜਟ ਵਿੱਚ ਬਾਗ਼ਬਾਨੀ ਖੇਤਰ ਲਈ ਕੀਤੀਆਂ ਘੋਸ਼ਣਾਵਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਬਾਗ਼ਬਾਨੀ ਖੇਤਰ ਨੂੰ ਹੋਰ ਮਜ਼ਬੂਤ ਕਰਨ ਲਈ ਅਗਲੇ 10 ਸਾਲਾਂ ਦਾ ਵਿਸ਼ੇਸ਼ ਰੋਡਮੈਪ ਤਿਆਰ ਕੀਤਾ ਗਿਆ ਹੈ। ਇਸ ਨਾਲ ਬਾਗ਼ਬਾਨੀ ਖੇਤਰ ਨੂੰ ਨਵੀਂ ਰਫ਼ਤਾਰ ਮਿਲੇਗੀ। ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਬਾਗ਼ਬਾਨੀ ਖੇਤਰ ਨੂੰ ਪ੍ਰਫੁੱਲਤ ਕਰਨ ਅਤੇ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕਰਨ ਦੇ ਉਦੇਸ਼ ਨਾਲ ਜਾਪਾਨ ਇੰਟਰਨੈਸ਼ਨਲ ਕੋਆਪਰੇਸ਼ਨ ਏਜੰਸੀ ਦੀ ਸਹਾਇਤਾ ਨਾਲ ਲਗਭਗ 1300 ਕਰੋੜ ਰੁਪਏ ਦੀ ਲਾਗਤ ਵਾਲੇ ਪ੍ਰੋਜੈਕਟ ਅਗਲੇ 10 ਸਾਲਾਂ ਵਿੱਚ ਸੁਰੂ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਇਹਨਾਂ ਪ੍ਰੋਜੈਕਟ ਦਾ ਮਕਸਦ ਪੰਜਾਬ ਵਿੱਚ ਮੌਸਮੀ ਤਬਦੀਲੀਆਂ ਦੇ ਅਨੁਕੂਲ ਅਤੇ ਉੱਚ ਮੁੱਲ ਵਾਲੀ ਬਾਗ਼ਬਾਨੀ ਫਸਲਾਂ ਨੂੰ ਉਤਸ਼ਾਹਿਤ ਕਰਨਾ ਹੈ।

ਇਸ ਤੋਂ ਇਲਾਵਾ ਮੰਤਰੀ ਭਗਤ ਨੇ ਪੰਜਾਬ ਦੇ ਬਜਟ ਵਿੱਚ ਮਹਿਲਾਵਾਂ ਦੀ ਭਲਾਈ ਲਈ ਕੀਤੀਆਂ ਘੋਸ਼ਣਾਵਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ "ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ" ਤਹਿਤ 1000-1500 ਰੁਪਏ ਪ੍ਰਤੀ ਮਹੀਨਾ ਵਿੱਤੀ ਸਹਾਇਤਾ ਮਹਿਲਾਵਾਂ ਨੂੰ ਆਰਥਿਕ ਤੌਰ ਤੇ ਮਜ਼ਬੂਤ ਕਰਨ ਵਿੱਚ ਵੀ ਅਹਿਮ ਭੂਮਿਕਾ ਨਿਭਾਏਗੀ। ਮੁੱਖ ਮੰਤਰੀ ਅਤੇ ਵਿੱਤ ਮੰਤਰੀ ਦਾ ਧੰਨਵਾਦ ਕਰਦਿਆਂ ਕੈਬਿਨੇਟ ਮੰਤਰੀ ਮੋਹਿੰਦਰ ਭਗਤ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪੇਸ਼ ਕੀਤਾ ਗਿਆ ਬਜਟ ਸੂਬੇ ਦੇ ਸਮੁੱਚੇ ਵਿਕਾਸ, ਕਿਸਾਨਾਂ ਦੀ ਖੁਸ਼ਹਾਲੀ ਅਤੇ ਮਹਿਲਾਵਾਂ ਦੇ ਸਸ਼ਕਤੀਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ। ਉਨ੍ਹਾਂ ਕਿਹਾ ਕਿ ਬਜਟ ਵਿੱਚ ਬਾਗ਼ਬਾਨੀ ਖੇਤਰ ਦੇ ਵਿਕਾਸ, ਕਿਸਾਨਾਂ ਦੀ ਆਮਦਨ ਵਧਾਉਣ ਅਤੇ ਮਹਿਲਾਵਾਂ ਦੀ ਭਲਾਈ ਲਈ ਕੀਤੀਆਂ ਘੋਸ਼ਣਾਵਾਂ ਸੂਬੇ ਦੀ ਤਰੱਕੀ ਨੂੰ ਨਵੀਂ ਦਿਸ਼ਾ ਦੇਣਗੀਆਂ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਇਹ ਬਜਟ ਪੰਜਾਬ ਨੂੰ ਆਰਥਿਕ ਤੌਰ 'ਤੇ ਹੋਰ ਮਜ਼ਬੂਤ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਏਗਾ।

## ਪੰਜਾਬ ਦਾ ਬਜਟ ਖੇਤੀਬਾੜੀ ਖੇਤਰ 'ਚ ਖੁਸ਼ਹਾਲੀ ਦੇ ਬੀਜ ਬੀਜੇਗਾ : ਖੁੱਡੀਆਂ



ਚੰਡੀਗੜ੍ਹ, 8 ਮਾਰਚ (ਚ.ਨ.ਸ.): ਵਿਧਾਨ ਸਭਾ ਵਿੱਚ ਪੇਸ਼ ਕੀਤੇ ਗਏ ਵਿੱਤੀ ਵਰ੍ਹੇ 2026-27 ਦੇ ਬਜਟ 'ਤੇ ਬੋਲਦਿਆਂ ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਖੇਤੀਬਾੜੀ ਅਰਥਵਿਵਸਥਾ ਦੀ ਮਜ਼ਬੂਤੀ ਪ੍ਰਤੀ ਸੂਬਾ ਸਰਕਾਰ ਦੀ ਵਚਨਬੱਧਤਾ ਦੀ ਸ਼ਲਾਘਾ ਕਰਦਿਆਂ ਇਸਨੂੰ ਕਿਸਾਨ ਭਾਈਚਾਰੇ ਦੀ ਖੁਸ਼ਹਾਲੀ ਦਾ ਦਸਤਾਵੇਜ਼ ਦੱਸਿਆ। ਉਨ੍ਹਾਂ ਕਿਹਾ ਕਿ ਇਹ ਬਜਟ ਦੇਸ਼ ਦੀ ਖੁਰਾਕ ਸੁਰੱਖਿਆ ਦੀ ਰੀੜ੍ਹ ਦੀ ਹੱਡੀ ਭਾਵ ਕਿਸਾਨ ਭਾਈਚਾਰੇ ਦੀ ਭਲਾਈ 'ਤੇ ਪੂਰੀ ਤਰ੍ਹਾਂ ਕੇਂਦਰਤ ਹੈ। ਗੁਰਮੀਤ ਸਿੰਘ ਖੁੱਡੀਆਂ ਨੇ ਕੌਮੀ ਖੁਰਾਕ ਸੁਰੱਖਿਆ ਵਿੱਚ ਸੂਬੇ ਦੀ ਮਹੱਤਵਪੂਰਨ ਭੂਮਿਕਾ 'ਤੇ ਚਾਨਣਾ ਪਾਉਂਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ 2026-27 ਦੇ ਬਜਟ ਵਿੱਚ ਖੇਤੀਬਾੜੀ ਅਤੇ ਸਹਾਇਕ ਖੇਤਰਾਂ ਲਈ 15,377 ਕਰੋੜ ਰੁਪਏ ਦੀ ਬਜਟ ਅਲਾਟਮੈਂਟ ਇਸ ਯੋਗਦਾਨ ਨੂੰ ਕਾਇਮ ਰੱਖਣ ਪ੍ਰਤੀ ਸੂਬਾ ਸਰਕਾਰ ਦੀ ਦ੍ਰਿੜ ਵਚਨਬੱਧਤਾ ਨੂੰ ਦਰਸਾਉਂਦੀ ਹੈ। ਉਨ੍ਹਾਂ ਅੱਗੇ ਕਿਹਾ ਕਿ ਇਹ ਬਜਟ ਖੇਤੀਬਾੜੀ ਸਥਿਰਤਾ ਤੇ ਟਿਕਾਊ ਵਿਕਾਸ ਦੀ ਮਜ਼ਬੂਤੀ, ਫਸਲੀ ਵਿਭਿੰਨਤਾ ਨੂੰ ਹੁਲਾਰਾ ਦੇਣ ਅਤੇ ਕਿਸਾਨਾਂ ਦੀ ਭਲਾਈ ਨੂੰ ਯਕੀਨੀ ਬਣਾਉਣ ਲਈ ਮੀਲ ਪੱਥਰ ਸਾਬਤ ਹੋਵੇਗਾ।

ਪਾਣੀ ਦੀ ਸੰਭਾਲ ਲਈ ਸਰਕਾਰ ਦੀ ਸਰਗਰਮ ਪਹੁੰਚ ਬਾਰੇ ਵਿਸਥਾਰ ਵਿੱਚ ਦੱਸਦਿਆਂ ਸ. ਗੁਰਮੀਤ ਸਿੰਘ ਖੁੱਡੀਆਂ ਨੇ ਝੋਨੇ ਦੀ ਸਿੱਧੀ ਬਿਜਾਈ (ਡੀਐਸਆਰ) ਯੋਜਨਾ ਦੀ ਸਫ਼ਲਤਾ 'ਤੇ ਚਾਨਣਾ ਪਾਇਆ। ਕਿਸਾਨਾਂ ਨੂੰ ਮਜ਼ਦੂਰਾਂ ਦੀ ਘਾਟ ਅਤੇ ਧਰਤੀ ਹੇਠਲੇ ਪਾਣੀ ਦਾ ਪੱਧਰ ਘਟਣ ਵਰਗੀਆਂ ਸਮੱਸਿਆਵਾਂ ਦੇ ਹੱਲ ਲਈ ਸਿੱਧੀ ਬਿਜਾਈ ਦੀ ਅਪੀਲ ਕਰਦਿਆਂ ਖੇਤੀਬਾੜੀ ਮੰਤਰੀ ਨੇ ਕਿਹਾ ਕਿ ਪੰਜਾਬ ਨੇ ਵਿੱਤੀ ਸਾਲ 2025-26 ਵਿੱਚ ਪਾਣੀ ਬਚਾਉਣ ਵਾਲੀਆਂ ਤਕਨੀਕਾਂ ਨੂੰ ਉਤਸ਼ਾਹਿਤ ਕਰਨ ਲਈ 35 ਕਰੋੜ ਰੁਪਏ ਖ਼ਰਚ ਕੀਤੇ ਅਤੇ ਇਸ ਵਾਸਤੇ ਅਗਲੇ ਸਾਲ ਲਈ 40 ਕਰੋੜ ਰੁਪਏ ਰੱਖੇ ਗਏ ਹਨ। ਖੇਤੀਬਾੜੀ ਮੰਤਰੀ ਨੇ ਛੇ ਜ਼ਿਲ੍ਹਿਆਂ - ਪਠਾਨਕੋਟ, ਗੁਰਦਾਸਪੁਰ, ਬਠਿੰਡਾ, ਸੰਗਰੂਰ, ਜਲੰਧਰ ਅਤੇ ਕਪੂਰਥਲਾ ਵਿੱਚ ਝੋਨੇ ਤੋਂ ਸਾਉਣੀ ਮੱਕੀ ਦੀ ਕਾਸ਼ਤ ਲਈ ਕਿਸਾਨਾਂ ਨੂੰ ਉਤਸ਼ਾਹਿਤ ਕਰਨ ਵਾਲੇ ਪਾਇਲਟ ਪ੍ਰੋਜੈਕਟ 'ਤੇ ਵੀ ਸੰਤੁਸ਼ਟੀ ਜ਼ਾਹਰ ਕੀਤੀ। ਉਨ੍ਹਾਂ ਕਿਹਾ ਕਿ 17,500 ਰੁਪਏ ਪ੍ਰਤੀ ਹੈਕਟੇਅਰ ਦੇ ਪ੍ਰੋਤਸਾਹਨ ਅਤੇ ਸਾਲ 2026-27 ਲਈ 15 ਕਰੋੜ ਰੁਪਏ ਦੀ ਸਮਰਪਿਤ ਅਲਾਟਮੈਂਟ ਦੇ ਨਾਲ ਪੰਜਾਬ ਸਰਕਾਰ ਬਦਲਵੇਂ ਫਸਲੀ ਚੱਕਰ ਲਈ ਇੱਕ ਮਜ਼ਬੂਤ ਮਾਡਲ ਤਿਆਰ ਕਰ ਰਹੀ ਹੈ।ਉਨ੍ਹਾਂ ਜ਼ੋਰ ਦਿੰਦਿਆਂ ਕਿਹਾ ਕਿ ਪੀਏਯੂ ਦੁਆਰਾ ਸਿਫ਼ਾਰਸ਼ ਕੀਤੇ ਹਾਈਬ੍ਰਿਡ ਬੀਜਾਂ 'ਤੇ 33 ਫੀਸਦ ਸਬਸਿਡੀ ਪ੍ਰਦਾਨ ਕਰਕੇ ਅਸੀਂ ਨਾ ਸਿਰਫ਼ ਆਪਣੇ ਕਿਸਾਨਾਂ ਨੂੰ ਵਿੱਤੀ ਤੌਰ 'ਤੇ ਸਮਰਥਨ ਦੇ ਰਹੇ ਹਾਂ, ਬਲਕਿ ਇਸ ਨਾਲ ਨਰਮੇ ਦੀ ਕਾਸ਼ਤ ਵਿੱਚ ਗਿਰਾਵਟ ਦੇ ਰੁਝਾਨ ਨੂੰ ਵੀ ਪੁੱਠਾ ਗੇੜ ਪਿਆ ਹੈ। ਪਰਾਲੀ ਸਾੜਨ ਦੀ ਸਮੱਸਿਆ ਬਾਰੇ ਗੱਲ ਕਰਦਿਆਂ ਖੇਤੀਬਾੜੀ ਮੰਤਰੀ ਨੇ ਫਸਲਾਂ ਦੀ ਰਹਿੰਦ-ਖੂੰਹਦ ਦੇ ਨਿਪਟਾਰੇ ਲਈ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨੂੰ ਢੁਕਵੀਂ ਮਸ਼ੀਨਰੀ ਉਪਲਬਧ ਕਰਵਾਉਣ ਦੇ ਸਰਗਰਮ ਯਤਨਾਂ 'ਤੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਵਿੱਤੀ ਸਾਲ 2025-26 ਵਿੱਚ ਪਰਾਲੀ ਪ੍ਰਬੰਧਨ ਮਸ਼ੀਨਰੀ 'ਤੇ ਸਬਸਿਡੀ ਲਈ 402 ਕਰੋੜ ਰੁਪਏ ਖ਼ਰਚੇ ਗਏ। ਉਨ੍ਹਾਂ ਭਰੋਸਾ ਦਿੰਦਿਆਂ ਕਿਹਾ ਕਿ ਇਸ ਮੰਤਵ ਲਈ ਵਿੱਤੀ ਸਾਲ 2026-27 ਵਾਸਤੇ 600 ਕਰੋੜ ਰੁਪਏ ਦੇ ਬਜਟ ਨਾਲ ਪੰਜਾਬ ਸਰਕਾਰ ਇਸ ਵਾਤਾਵਰਨ ਚੁਣੌਤੀ ਦਾ ਟਿਕਾਊ ਹੱਲ ਪੇਸ਼ ਕਰਨ ਵੱਲ ਕਦਮ ਵਧਾ ਰਹੀ ਹੈ।

ਖੁੱਡੀਆਂ ਨੇ ਖੇਤੀਬਾੜੀ ਲਈ ਬਿਜਲੀ ਸਬਸਿਡੀ ਵਾਸਤੇ 7,715 ਕਰੋੜ ਰੁਪਏ ਦੇ ਅਲਾਟਮੈਂਟ ਬਾਰੇ ਗੱਲ ਕਰਦਿਆਂ ਕਿਹਾ ਕਿ ਸਿੰਚਾਈ ਅਤੇ ਉਤਪਾਦਕਤਾ ਨੂੰ ਬਣਾਈ ਰੱਖਣ ਲਈ ਕਿਸਾਨਾਂ ਨੂੰ ਸਬਸਿਡੀ 'ਤੇ ਮੁਫ਼ਤ ਬਿਜਲੀ ਨਿਰਵਿਘਨ ਜਾਰੀ ਰਹੇਗੀ। ਖੇਤੀਬਾੜੀ ਅਤੇ ਪਸ਼ੂ ਪਾਲਣ ਮੰਤਰੀ ਨੇ ਪੇਂਡੂ ਖੇਤਰ ਦੀ ਖੁਸ਼ਹਾਲੀ ਲਈ ਸਹਾਇਕ ਖੇਤਰਾਂ ਦੀ ਮਜ਼ਬੂਤੀ 'ਤੇ ਜ਼ੋਰ ਦਿੱਤਾ। ਉਨ੍ਹਾਂ ਡੇਅਰੀ ਕਿਸਾਨਾਂ ਲਈ ਦੁੱਧ ਦੀਆਂ ਵਾਜਬ ਖਰੀਦ ਕੀਮਤਾਂ ਯਕੀਨੀ ਬਣਾਉਣ, ਉਨ੍ਹਾਂ ਨੂੰ ਬਾਜ਼ਾਰ ਦੇ ਉਤਰਾਅ-ਚੜ੍ਹਾਅ ਤੋਂ ਬਚਾਉਣ ਅਤੇ ਛੋਟੇ ਤੇ ਸੀਮਾਂਤ ਕਿਸਾਨਾਂ ਦੇ ਸਮਰਥਨ ਵਾਸਤੇ 100 ਕਰੋੜ ਰੁਪਏ ਦੇ ਬਜਟ ਦਾ ਸਵਾਗਤ ਕੀਤਾ।

ਉਨ੍ਹਾਂ ਮੱਛੀ ਪਾਲਣ ਖੇਤਰ ਵਿੱਚ ਜਲ ਖੇਤੀ ਜਾਂ ਜਲ-ਜੀਵ ਪਾਲਣ ਦੇ ਵਿਸਥਾਰ ਦੀ ਸ਼ਲਾਘਾ ਕਰਦਿਆਂ 1,500 ਲੱਖ ਤੋਂ ਵੱਧ ਮਿਆਰੀ ਮੱਛੀ ਬੀਜ ਦੇ ਉਤਪਾਦਨ ਅਤੇ ਮੱਛੀ ਪਾਲਣ ਅਧੀਨ ਲਗਭਗ 3,000 ਏਕੜ ਤੱਕ ਰਕਬਾ ਵਧਣ 'ਤੇ ਵੀ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਇਹ ਕਦਮ ਸੂਬੇ ਦੇ ਕਿਸਾਨਾਂ ਦੀ ਆਮਦਨ ਨੂੰ ਵਧਾਉਣ ਅਤੇ ਰੋਜ਼ਗਾਰ ਉਤਪਤੀ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਹੇ ਹਨ। ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਇਹ ਬਜਟ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਦ੍ਰਿਸ਼ਟੀਕੋਣ ਨੂੰ ਦਰਸਾਉਂਦਾ ਹੈ - ਜੋ ਕਿਸਾਨਾਂ ਨੂੰ ਸਿਰਫ਼ ਅੰਨ ਉਤਪਾਦਕ ਵਜੋਂ ਨਹੀਂ ਹੈ, ਸਗੋਂ ਸ਼ਾਸਨ ਦੇ ਕੇਂਦਰ ਵਜੋਂ ਦੇਖਦਾ ਹੈ। ਉਨ੍ਹਾਂ ਕਿਹਾ ਕਿ ਅਸੀਂ ਸਿਰਫ਼ ਫੰਡ ਅਲਾਟ ਨਹੀਂ ਕਰ ਰਹੇ, ਸਗੋਂ ਪੰਜਾਬ ਦੀ ਖੇਤੀ ਆਰਥਿਕਤਾ ਦੇ ਭਵਿੱਖ ਅਤੇ ਸਾਡੇ ਅੰਨਦਾਤਾ ਦੇ ਮਾਣ-ਸਨਮਾਨ ਨੂੰ ਯਕੀਨੀ ਬਣਾ ਰਹੇ ਹਾਂ।

## ਡਾ. ਰਵਜੋਤ ਸਿੰਘ ਨੇ ਪੰਜਾਬ ਬਜਟ 2026-27 ਦਾ ਕੀਤਾ ਸਵਾਗਤ

ਚੰਡੀਗੜ੍ਹ, 8 ਮਾਰਚ (ਚ.ਨ.ਸ.): ਪੰਜਾਬ ਦੇ ਐਨ.ਆਰ.ਆਈ. ਮਾਮਲੇ ਅਤੇ ਸੰਸਦੀ ਮਾਮਲੇ ਮੰਤਰੀ ਡਾ. ਰਵਜੋਤ ਸਿੰਘ ਨੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਪੇਸ਼ ਕੀਤੇ ਪੰਜਾਬ ਬਜਟ 2026-27 ਦਾ ਸਵਾਗਤ ਕਰਦਿਆਂ ਇਸਨੂੰ ਲੋਕ-ਹਿਤੈਸ਼ੀ ਅਤੇ ਤਰੱਕੀਪਸੰਦ ਬਜਟ ਕਰਾਰ ਦਿੱਤਾ। ਉਨ੍ਹਾਂ ਕਿਹਾ ਕਿ ਇਹ ਬਜਟ ਸੂਬੇ ਦੇ ਵਿਕਾਸ ਨੂੰ ਤੇਜ਼ ਕਰਨ ਦੇ ਨਾਲ-ਨਾਲ ਸਮਾਜਿਕ ਭਲਾਈ ਤੇ ਆਰਥਿਕ ਸਥਿਰਤਾ ਨੂੰ ਮਜ਼ਬੂਤ ਕਰੇਗਾ। ਡਾ. ਰਵਜੋਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਗਤੀਸ਼ੀਲ ਅਗਵਾਈ ਹੇਠ ਇਹ ਬਜਟ ਸਰਕਾਰ ਦੀ ਲੋਕਾਂ ਨਾਲ ਕੀਤੀਆਂ ਗਰੰਟੀਆਂ ਨੂੰ ਪੂਰਾ ਕਰਨ ਤੇ ਹਰ ਵਰਗ ਤੱਕ ਅਸਲ ਲਾਭ ਪਹੁੰਚਾਉਣ ਦੇ ਪੱਕੇ ਇਰਾਦੇ ਨੂੰ ਦਰਸਾਉਂਦਾ ਹੈ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਵਿੱਤੀ ਵਰ੍ਹਾ 2026-27 ਲਈ ਕੁੱਲ 2,60,437 ਕਰੋੜ ਰੁਪਏ ਦੇ ਖਰਚ ਦਾ ਪ੍ਰਸਤਾਵ ਰੱਖਿਆ ਗਿਆ ਹੈ। ਇਸ ਦੇ ਨਾਲ ਹੀ ਪੰਜਾਬ ਦਾ ਗ੍ਰੋਸ ਸਟੇਟ ਡੋਮੇਸਟਿਕ ਪ੍ਰੋਡਕਟ 9,80,635 ਕਰੋੜ ਰੁਪਏ ਤੱਕ ਪਹੁੰਚਣ ਅਤੇ ਲਗਭਗ 10 ਫੀਸਦੀ ਦੀ ਵਾਧੇ ਦੀ ਦਰ ਦਰਜ ਕਰਨ ਦੀ ਸੰਭਾਵਨਾ ਹੈ, ਜੋ ਸੂਬੇ ਦੀ ਮਜ਼ਬੂਤ ਆਰਥਿਕ ਸਮਰੱਥਾ ਅਤੇ ਸਕਾਰਾਤਮਕ ਵਿਕਾਸ ਦਰਸਾਉਂਦੀ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਇਹ ਬਜਟ ਸਿੱਖਿਆ, ਸਿਹਤ, ਖੇਤੀਬਾੜੀ, ਬੁਨਿਆਦੀ ਢਾਂਚਾ, ਰੋਜ਼ਗਾਰ ਸਿਰਜਣਾ ਅਤੇ ਉਦਯੋਗਿਕ ਵਿਕਾਸ ਵਰਗੇ ਮਹੱਤਵਪੂਰਨ ਖੇਤਰਾਂ ਨੂੰ ਹੋਰ ਮਜ਼ਬੂਤ ਕਰਨ 'ਤੇ ਕੇਂਦ੍ਰਿਤ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਸਰਕਾਰੀ ਸਿੱਖਿਆ ਪ੍ਰਣਾਲੀ ਨੂੰ ਮਜ਼ਬੂਤ ਕਰਨ ਲਈ ਨਿਵੇਸ਼ ਵਿੱਚ ਵਾਧਾ, ਸਕੂਲ ਆਫ ਐਮੀਨੈਂਸ ਦਾ ਵਿਸਥਾਰ ਅਤੇ ਵੱਡੇ ਸਿੱਖਿਆ ਸੁਧਾਰਾਂ ਦੀ ਸ਼ੁਰੂਆਤ ਕੀਤੀ ਜਾ ਰਹੀ ਹੈ, ਜਿਸ ਨਾਲ ਪੰਜਾਬ ਦੇ ਨੌਜਵਾਨਾਂ ਨੂੰ ਵਿਸ਼ਵ ਪੱਧਰੀ ਮੌਕਿਆਂ ਲਈ ਤਿਆਰ ਕੀਤਾ ਜਾ ਸਕੇਗਾ।

ਡਾ. ਰਵਜੋਤ ਸਿੰਘ ਨੇ ਸਿਹਤ ਖੇਤਰ ਨੂੰ ਮਜ਼ਬੂਤ ਕਰਨ ਲਈ ਸਰਕਾਰ ਦੇ ਯਤਨਾਂ ਦੀ ਵੀ ਸਰਾਹਨਾ ਕੀਤੀ। ਉਨ੍ਹਾਂ ਆਮ ਆਦਮੀ ਕਲੀਨਿਕਾਂ ਦੇ ਵਿਸਥਾਰ ਅਤੇ ਮੁੱਖ ਮੰਤਰੀ ਸਿਹਤ ਯੋਜਨਾ ਦੇ ਲਾਗੂ ਕਰਨ ਨੂੰ ਉਜਾਗਰ ਕੀਤਾ, ਜਿਸ ਤਹਿਤ ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਸਿਹਤ ਬੀਮਾ ਕਵਰੇਜ ਦਿੱਤਾ ਜਾ ਰਿਹਾ ਹੈ, ਤਾਂ ਜੋ ਹਰ ਘਰ ਤੱਕ ਗੁਣਵੱਤਾਪੂਰਨ ਅਤੇ ਸਸਤੀ ਸਿਹਤ ਸੇਵਾਵਾਂ ਪਹੁੰਚ ਸਕਣ।

ਮਹਿਲਾ ਸਸ਼ਕਤੀਕਰਨ ਲਈ ਸਰਕਾਰ ਦੀ ਮਹੱਤਵਪੂਰਨ ਪਹਿਲ ਦਾ ਸਵਾਗਤ ਕਰਦਿਆਂ ਮੰਤਰੀ ਨੇ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਦੀ ਘੋਸ਼ਣਾ ਦੀ ਵੀ ਪ੍ਰਸ਼ੰਸਾ ਕੀਤੀ। ਇਸ ਯੋਜਨਾ ਤਹਿਤ ਪੰਜਾਬ ਦੀਆਂ ਸਾਰੀਆਂ ਵਯਸਕ ਮਹਿਲਾਵਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਅਤੇ ਅਨੁਸੂਚਿਤ ਜਾਤੀ ਵਰਗ ਦੀਆਂ ਮਹਿਲਾਵਾਂ ਨੂੰ 1500 ਰੁਪਏ ਪ੍ਰਤੀ ਮਹੀਨਾ ਸਿੱਧਾ ਖਾਤਿਆਂ ਵਿੱਚ ਟ੍ਰਾਂਸਫਰ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਹ ਯੋਜਨਾ ਮਹਿਲਾਵਾਂ ਦੀ ਆਰਥਿਕ ਖੁਦਮੁਖਤਿਆਰੀ ਅਤੇ ਸਨਮਾਨ ਨੂੰ ਹੋਰ ਮਜ਼ਬੂਤ ਕਰੇਗੀ।

ਡਾ. ਰਵਜੋਤ ਸਿੰਘ ਨੇ ਕਿਹਾ ਕਿ ਬਜਟ ਵਿੱਚ ਪਿੰਡ ਅਤੇ ਸ਼ਹਿਰੀ ਬੁਨਿਆਦੀ ਢਾਂਚੇ ਲਈ ਵੱਡੇ ਨਿਵੇਸ਼ ਦੀ ਵੀ ਵਿਵਸਥਾ ਕੀਤੀ ਗਈ ਹੈ, ਜਿਸ ਵਿੱਚ ਸੜਕਾਂ ਦਾ ਆਧੁਨਿਕੀਕਰਨ, ਸਿੰਚਾਈ ਸਹੂਲਤਾਂ ਦਾ ਵਿਸਥਾਰ ਅਤੇ ਸਰਕਾਰੀ ਸੇਵਾਵਾਂ ਵਿੱਚ ਸੁਧਾਰ ਸ਼ਾਮਲ ਹਨ। ਇਹ ਕਦਮ ਆਰਥਿਕ ਗਤੀਵਿਧੀਆਂ ਨੂੰ ਤੇਜ਼ ਕਰਨ ਦੇ ਨਾਲ-ਨਾਲ ਲੋਕਾਂ ਦੀ ਜੀਵਨ ਗੁਣਵੱਤਾ ਨੂੰ ਵੀ ਬਿਹਤਰ ਬਣਾਉਣਗੇ। ਉਨ੍ਹਾਂ ਭਰੋਸਾ ਜਤਾਇਆ ਕਿ ਪੰਜਾਬ ਬਜਟ 2026-27 ਰਾਜ ਦੇ ਸਮੂਹਿਕ ਵਿਕਾਸ ਨੂੰ ਹੋਰ ਤੇਜ਼ੀ ਦੇਵੇਗਾ ਅਤੇ ਖੁਸ਼ਹਾਲ ਤੇ ਤਰੱਕੀਸ਼ੀਲ ਪੰਜਾਬ ਦੀ ਨਿਰਮਾਣ ਯਾਤਰਾ ਨੂੰ ਮਜ਼ਬੂਤ ਕਰੇਗਾ।

## ਸੂਬੇ ਦੀਆਂ ਮਹਿਲਾਵਾਂ ਨੂੰ 1000 ਤੇ 1500 ਨਾਲ ਹੋਵੇਗਾ ਆਰਥਿਕ ਅਜ਼ਾਦੀ ਦਾ ਅਹਿਸਾਸ : ਈ.ਟੀ.ਓ.

ਚੰਡੀਗੜ੍ਹ, 8 ਮਾਰਚ (ਚ.ਨ.ਸ.): ਪੰਜਾਬ ਦੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ. ਟੀ. ਓ. ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਵਿੱਤੀ ਵਰ੍ਹੇ 2026-2027 ਲਈ ਪੇਸ਼ ਕੀਤੇ ਗਏ ਬਜਟ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਬਜਟ ਵਿੱਚ ਸੂਬੇ ਭਰ ਵਿੱਚ ਸੜਕ ਅਤੇ ਪੁਲਾਂ ਦੇ ਬੁਨਿਆਦੀ ਢਾਂਚੇ ਦੇ ਵਿਸਥਾਰ ਲਈ ਤੇ ਮੌਜੂਦਾ ਸੰਪਤੀਆਂ ਦੇ ਯੋਜਨਾਬੱਧ ਰੱਖ-ਰਖਾਅ ਨੂੰ ਯਕੀਨੀ ਬਣਾਉਣ ਲਈ ਸੜਕਾਂ, ਪੁਲਾਂ ਤੇ ਜਨਤਕ ਇਮਾਰਤਾਂ ਦੀ ਉਸਾਰੀ, ਨਵੀਨੀਕਰਨ ਤੇ ਰੱਖ-ਰਖਾਅ ਲਈ ਬਜਟ ਨੂੰ 5,440 ਕਰੋੜ ਰੁਪਏ ਕਰ ਦਿੱਤਾ ਗਿਆ ਹੈ ਜੋ ਵਿੱਤੀ ਸਾਲ 2025-26 (ਬਜਟ ਅਨੁਮਾਨ) ਨਾਲੋਂ ਦੁੱਗਣਾ ਹੈ। ਉਨ੍ਹਾਂ ਦੱਸਿਆ ਕਿ ਰਾਜ ਭਰ ਵਿੱਚ 2,570 ਕਿਲੋਮੀਟਰ ਲੰਬੀਆਂ ਪਲਾਨ ਸੜਕਾਂ ਦੇ ਅਪਗ੍ਰੇਡੇਸ਼ਨ ਤੇ ਸੰਪਰਕ (ਕਨੈਕਟੀਵਿਟੀ) ਵਿੱਚ ਸੁਧਾਰ ਲਈ ਵਿੱਤੀ ਸਾਲ 2026-27 ਵਿੱਚ 1500 ਕਰੋੜ ਰੁਪਏ ਦੇ ਸ਼ੁਰੂਆਤੀ ਖਰਚੇ ਦੀ ਤਜਵੀਜ਼ ਹੈ, ਜੋ ਜ਼ਿਲ੍ਹੇ ਦੇ ਅੰਦਰੂਨੀ ਅਤੇ ਅੰਤਰ-ਜ਼ਿਲ੍ਹਾ ਸੜਕੀ ਨੈਟਵਰਕ ਨੂੰ ਹੋਰ ਮਜ਼ਬੂਤ ਕਰੇਗਾ। ਇਸ ਤੋਂ ਇਲਾਵਾ, ਚੱਲ ਰਹੇ 31 ਪੁਲਾਂ ਨੂੰ ਮੁਕੰਮਲ ਕਰਨ ਅਤੇ ਨਵੇਂ ਪੁਲਾਂ ਦੇ ਨਿਰਮਾਣ ਕਾਰਜਾਂ ਲਈ 130 ਕਰੋੜ ਰੁਪਏ ਰਾਖਵੇਂ ਰੱਖੇ ਜਾ ਰਹੇ ਹਨ।

ਹਰਭਜਨ ਸਿੰਘ ਈ. ਟੀ. ਓ. ਨੇ ਦੱਸਿਆ ਕਿ ਪ੍ਰਧਾਨ ਮੰਤਰੀ ਗ੍ਰਾਮ ਸੜਕ ਯੋਜਨਾ (ਪੀਐਮਜੀਐਸਵਾਈ-999) ਦੇ ਤਹਿਤ ਵਿੱਤੀ ਸਾਲ 2025-26 ਦੌਰਾਨ ਲਗਭਗ 500 ਕਿਲੋਮੀਟਰ ਪੇਂਡੂ ਸੜਕਾਂ ਦੇ 290 ਕਰੋੜ ਰੁਪਏ ਦੀ ਅੰਦਾਜ਼ਨ ਲਾਗਤ ਨਾਲ ਮੁਕੰਮਲ ਹੋਣ ਦੀ ਉਮੀਦ ਹੈ। ਇਸ ਤੋਂ ਇਲਾਵਾ, ਵਿੱਤੀ ਸਾਲ 2026-27 ਵਿੱਚ, ਇਸ ਸਕੀਮ ਅਧੀਨ 400 ਕਰੋੜ ਰੁਪਏ ਦੇ ਅੰਦਾਜ਼ਨ ਖਰਚੇ ਨਾਲ 400 ਕਿਲੋਮੀਟਰ ਸੜਕਾਂ ਨੂੰ ਅਪਗ੍ਰੇਡ ਕਰਨ ਦੀ ਤਜਵੀਜ਼ ਹੈ। ਨਾਲ ਹੀ, ਕੇਂਦਰੀ ਸੜਕ ਅਤੇ ਬੁਨਿਆਦੀ ਢਾਂਚਾ ਫੰਡ ਦੇ ਤਹਿਤ 100 ਕਿਲੋਮੀਟਰ ਸੜਕਾਂ ਦੇ ਅਪਗ੍ਰੇਡੇਸ਼ਨ ਤੇ 06 ਰੇਲਵੇ ਅੰਡਰ ਬ੍ਰਿਜਾਂ/ਓਵਰ ਬ੍ਰਿਜਾਂ ਦੇ ਨਿਰਮਾਣ ਲਈ 300 ਕਰੋੜ ਰੁਪਏ ਦੀ ਰਾਸ਼ੀ ਪ੍ਰਸਤਾਵਿਤ ਹੈ, ਜਿਸ ਨਾਲ ਰਾਜ ਭਰ ਵਿੱਚ ਸੜਕੀ ਸੰਪਰਕ ਅਤੇ ਸੁਰੱਖਿਆ ਨੂੰ ਮਜ਼ਬੂਤੀ ਮਿਲੇਗੀ।

ਉਨ੍ਹਾਂ ਕਿਹਾ ਕਿ ਭਗਵੰਤ ਸਿੰਘ ਮਾਨ ਸਰਕਾਰ ਦੀਆਂ ਕੋਸ਼ਿਸ਼ਾਂ ਸਦਕਾ ਸੂਬੇ ਵਿੱਚ ਵਿਸ਼ਵ ਪੱਧਰੀ ਸੜਕੀ ਨੈੱਟਵਰਕ ਬਣ ਜਾਵੇਗਾ। ਉਨ੍ਹਾਂ ਇਸ ਮੌਕੇ ਸੂਬੇ ਦੀਆਂ ਮਹਿਲਾਵਾਂ ਨੂੰ ਹਰ ਮਹੀਨੇ 1000 ਰੁਪਏ ਅਤੇ 1500 ਰੁਪਏ ਦੀ ਵਿੱਤੀ ਸਹਾਇਤਾ ਦੇਣ ਲਈ ਸ਼ੁਰੂ ਕੀਤੀ ਗਈ ਸਕੀਮ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਸ਼ੁਰੂ ਕਰਨ ਦੀ ਵੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਇਸ ਸਕੀਮ ਦੀ ਸ਼ੁਰੂਆਤ ਨਾਲ ਸੂਬੇ ਦੀ ਮਹਿਲਾਵਾਂ ਨੂੰ ਆਰਥਿਕ ਅਜ਼ਾਦੀ ਦਾ ਅਹਿਸਾਸ ਹੋਵੇਗਾ।

## ਪੰਜਾਬ ਬਜਟ 2026-27 ਵਿੱਚ "ਮੇਰੀ ਰਸੋਈ" ਯੋਜਨਾ ਲਈ 900 ਕਰੋੜ ਦਾ ਵੱਡਾ ਉਪਬੰਧ



ਚੰਡੀਗੜ੍ਹ, 8 ਮਾਰਚ (ਚ.ਨ.ਸ.): ਘਰੇਲੂ ਖਰਚਿਆਂ ਨੂੰ ਘਟਾਉਣ ਤੇ ਕਮਜ਼ੋਰ ਵਰਗਾਂ ਨੂੰ ਆਰਥਿਕ ਸਹਾਇਤਾ ਦੇਣ ਲਈ ਪੰਜਾਬ ਸਰਕਾਰ ਦੀ ਨਿਰੰਤਰ ਵਚਨਬੱਧਤਾ ਨੂੰ ਦਰਸਾਉਂਦਿਆਂ 'ਮੇਰੀ ਰਸੋਈ' ਯੋਜਨਾ ਨੂੰ ਪ੍ਰਭਾਵੀ ਢੰਗ ਨਾਲ ਲਾਗੂ ਕਰਨ ਲਈ ਵਿੱਤੀ ਸਾਲ 2026-27 ਵਿੱਚ 900 ਕਰੋੜ ਰੁਪਏ ਦਾ ਬਜਟ ਉਪਬੰਧ ਰੱਖਿਆ ਗਿਆ ਹੈ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਅੱਜ ਇੱਥੇ ਪੰਜਾਬ ਵਿਧਾਨ ਸਭਾ ਵਿੱਚ 2026-27 ਦੇ ਬਜਟ ਦੌਰਾਨ ਕੀਤੇ ਇਸ ਐਲਾਨ ਦਾ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲਿਆਂ ਬਾਰੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਦਿਲੋਂ ਸਵਾਗਤ ਕੀਤਾ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦਾ ਧੰਨਵਾਦ ਕਰਦਿਆਂ ਸ਼੍ਰੀ ਕਟਾਰੂਚੱਕ ਨੇ ਕਿਹਾ ਕਿ ਇਹ ਪ੍ਰਮੁੱਖ ਯੋਜਨਾ ਰਾਜ ਭਰ ਦੇ ਕਮਜ਼ੋਰ ਪਰਿਵਾਰਾਂ ਲਈ ਭੋਜਨ ਅਤੇ ਪੋਸ਼ਣ ਸੁਰੱਖਿਆ ਨੂੰ ਮਜ਼ਬੂਤ ਕਰਨ ਵਿੱਚ ਬਹੁਤ ਮਦਦ ਕਰੇਗੀ। ਇਸ ਪਹਿਲਕਦਮੀ ਦੇ ਤਹਿਤ ਐਨਐਫਐਸਏ/ਸਮਾਰਟ ਰਾਸ਼ਨ ਕਾਰਡ ਯੋਜਨਾ ਅਧੀਨ ਆਉਣ ਵਾਲੇ ਲਗਭਗ 40 ਲੱਖ ਪਰਿਵਾਰਾਂ ਨੂੰ ਉਨ੍ਹਾਂ ਦੇ ਅਨਾਜ ਹਾਸਿਲ ਕਰਨ ਦੇ ਮੌਜੂਦਾ ਹੱਕ ਤੋਂ ਇਲਾਵਾ, 2 ਕਿਲੋ ਖੰਡ, 2 ਕਿਲੋ ਛੋਲਿਆਂ ਦੀ ਦਾਲ, 1 ਲੀਟਰ ਸਰ੍ਹੋਂ ਦਾ ਤੇਲ, 200 ਗ੍ਰਾਮ ਹਲਦੀ ਤੇ 1 ਕਿਲੋ ਨਮਕ ਵਰਗੀਆਂ ਜ਼ਰੂਰੀ ਚੀਜ਼ਾਂ ਵਾਲੀਆਂ ਤਿਮਾਹੀ ਰਾਸ਼ਨ ਕਿੱਟਾਂ ਮੁਫ਼ਤ ਪ੍ਰਦਾਨ ਕੀਤੀਆਂ ਜਾਣਗੀਆਂ।

ਇਸ ਤੋਂ ਇਲਾਵਾ ਲੋਕਾਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਨੂੰ ਪੂਰਾ ਕਰਦਿਆਂ ਆਉਣ ਵਾਲੇ ਸਾਲ ਵਿੱਚ 10 ਲੱਖ ਨਵੇਂ ਲਾਭਪਾਤਰੀਆਂ ਨੂੰ ਸ਼ਾਮਿਲ ਕਰਕੇ ਖੁਰਾਕ ਸੁਰੱਖਿਆ ਦਾ ਲਾਭ ਦਿੱਤਾ ਜਾਵੇਗਾ। ਪੰਜਾਬ ਦੇ ਹਰੇਕ ਪਰਿਵਾਰ ਲਈ ਖੁਰਾਕ ਸੁਰੱਖਿਆ ਨੂੰ ਯਕੀਨੀ ਬਣਾਉਣ ਦੇ ਨਾਲ-ਨਾਲ ਇਹ ਵੀ ਐਲਾਨ ਕੀਤਾ ਗਿਆ ਕਿ ਲੋਕਾਂ ਨੂੰ ਰੁਜ਼ਗਾਰ ਮੌਕੇ ਯਕੀਨੀ ਬਣਾਉਣ ਲਈ ਸੂਬਾ ਸਰਕਾਰ ਨੇ ਖਾਲੀ ਪਈਆਂ ਅਸਾਮੀਆਂ ਵਿਰੁੱਧ ਰਾਜ ਵਿੱਚ ਡਿੱਪੂਆਂ (ਐਫਪੀਐਸ) ਅਲਾਟ ਕਰਨ ਦੀ ਪ੍ਰਕਿਰਿਆ ਵੀ ਸ਼ੁਰੂ ਕਰ ਦਿੱਤੀ ਹੈ।

ਅਗਲੇ 1-2 ਮਹੀਨਿਆਂ ਵਿੱਚ ਇਸ ਪ੍ਰਕਿਰਿਆ ਦੇ ਪੂਰਾ ਹੋਣ 'ਤੇ, ਸੂਬੇ ਵਿੱਚ ਵਾਜਬ ਕੀਮਤ ਦੀਆਂ ਦੁਕਾਨਾਂ/ਰਾਸ਼ਨ ਡਿਪੂਆਂ ਨੂੰ ਚਲਾਉਣ ਲਈ ਲਾਇਸੈਂਸ ਜਾਰੀ ਕੀਤੇ ਜਾਣਗੇ।ਜਿਸ ਨਾਲ ਰਾਜ ਵਿੱਚ ਸਮਾਰਟ ਕਾਰਡ ਰਾਸ਼ਨ ਯੋਜਨਾ ਅਧੀਨ ਰਜਿਸਟਰਡ ਲਾਭਪਾਤਰੀਆਂ ਨੂੰ ਕਣਕ ਦੀ ਵੰਡ ਵੀ ਕੀਤੀ ਜਾਵੇਗੀ। ਜੰਗਲਾਤ ਵਿਭਾਗ ਦੇ ਸਬੰਧ ਵਿੱਚ ਸੂਬੇ ਦੇ ਸਾਰੇ ਜ਼ਿਲ੍ਹਿਆਂ ਵਿੱਚ 'ਸ੍ਰੀ ਗੁਰੂ ਤੇਗ ਬਹਾਦਰ ਹਰਿਆਵਲ ਸੰਕਲਪ' ਪਹਿਲਕਦਮੀ ਤਹਿਤ ਹੁਣ ਤੱਕ 1.11 ਕਰੋੜ ਤੋਂ ਵੱਧ ਬੂਟੇ ਲਗਾਏ ਜਾ ਚੁੱਕੇ ਹਨ। ਗ੍ਰੀਨ ਪੰਜਾਬ ਮਿਸ਼ਨ ਤਹਿਤ, ਸ਼ਹਿਰੀ ਅਤੇ ਸਮੁਦਾਇਕ ਹਰਿਆਲੀ ਵਾਲੀਆਂ ਥਾਵਾਂ ਦਾ ਵਿਸਥਾਰ ਕਰਨ ਲਈ ਨਾਨਕ ਬਗੀਚੀਆਂ, ਪਵਿੱਤਰ ਵਣ ਅਤੇ ਪਾਰਕ ਵਿਕਸਿਤ ਕੀਤੇ ਜਾ ਰਹੇ ਹਨ।

ਵਿੱਤੀ ਸਾਲ 2026-27 ਦੌਰਾਨ 4150 ਹੈਕਟੇਅਰ ਤੋਂ ਵੱਧ ਰਕਬੇ ਵਿੱਚ ਬੂਟੇ ਲਗਾਉਣ ਦਾ ਪ੍ਰਸਤਾਵ ਹੈ। ਪਨਕੈਮਪਾ ਸਕੀਮ ਅਧੀਨ ਜੰਗਲਾਤ ਤੇ ਜੰਗਲੀ ਜੀਵ ਸੁਰੱਖਿਆ ਪਹਿਲਕਦਮੀਆਂ ਦੇ ਨਾਲ-ਨਾਲ ਪ੍ਰਵਾਨਿਤ ਸਕੀਮਾਂ ਅਧੀਨ 238 ਕਰੋੜ ਰੁਪਏ ਰਾਖਵੇਂ ਰੱਖੇ ਗਏ ਹਨ।

ਇਸ ਤੋਂ ਇਲਾਵਾ ਸੂਬਾ ਅਗਲੇ ਅੱਠ ਸਾਲਾਂ ਦੌਰਾਨ ਲਾਗੂ ਕੀਤੇ ਜਾਣ ਵਾਲੇ 760 ਕਰੋੜ ਰੁਪਏ ਦੇ ਜਾਪਾਨ ਇੰਟਰਨੈਸ਼ਨਲ ਕੋਆਪਰੇਸ਼ਨ ਏਜੰਸੀ (ਜੇਆਈਸੀਏ) ਵੱਲੋਂ ਸਮਰਥਿਤ ਪ੍ਰੋਜੈਕਟ ਨੂੰ ਸ਼ੁਰੂ ਕਰਨ ਜਾ ਰਿਹਾ ਹੈ, ਜਿਸਦਾ ਉਦੇਸ਼ ਭਾਈਚਾਰਕ ਭਾਗੀਦਾਰੀ ਰਾਹੀਂ ਰੁੱਖ ਲਾਉਣ, ਜੈਵ ਵਿਭਿੰਨਤਾ ਸੰਭਾਲ ਨੂੰ ਉਤਸ਼ਾਹਿਤ ਕਰਨਾ ਹੈ ਤਾਂ ਜੋ ਪੰਜਾਬ ਦੀ ਦੀਰਘ- ਕਾਲੀ ਵਾਤਾਵਰਣ ਸਥਿਰਤਾ ਨੂੰ ਮਜ਼ਬੂਤ ਬਣਾਇਆ ਜਾ ਸਕੇ।

## ਸੌਂਦ ਵੱਲੋਂ ਪੇਂਡੂ ਵਿਕਾਸ ਤੇ ਸੈਰ-ਸਪਾਟਾ ਸਕੀਮਾਂ ਨੂੰ ਹਿੱਤ ਬਜਟ 'ਚ ਤਰਜੀਹ ਦੇਣ ਲਈ ਭਗਵੰਤ ਸਿੰਘ ਮਾਨ ਦਾ ਧੰਨਵਾਦ



ਚੰਡੀਗੜ੍ਹ, 8 ਮਾਰਚ (ਚ.ਨ.ਸ.): ਪੰਜਾਬ ਦੇ ਪੇਂਡੂ ਵਿਕਾਸ ਤੇ ਪੰਚਾਇਤ ਤੇ ਸੈਰ-ਸਪਾਟਾ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦਾ ਤਹਿ ਦਿਲੋਂ ਧੰਨਵਾਦ ਕੀਤਾ ਕਿ ਉਨ੍ਹਾਂ ਨੇ ਸੂਬੇ ਦੇ ਬਜਟ ਵਿੱਚ ਪੇਂਡੂ ਖੇਤਰਾਂ ਦੇ ਵਿਕਾਸ ਵਿੱਚ ਹੋਰ ਤੇਜ਼ੀ ਲਿਆਉਣ ਲਈ ਅਹਿਮ ਪੇਂਡੂ ਭਲਾਈ ਸਕੀਮਾਂ ਲਈ ਢੁਕਵੇਂ ਬਜਟ ਪ੍ਰਬੰਧ ਕੀਤੇ ਹਨ। ਮੰਤਰੀ ਨੇ ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲਿਆਂ ਵਿਭਾਗ ਲਈ ਬਜਟ ਵਿੱਚ ਵਾਧਾ ਕਰਨ ਲਈ ਵੀ ਉਨ੍ਹਾਂ ਦਾ ਧੰਨਵਾਦ ਕੀਤਾ ਕਿਉਂਕਿ ਪੰਜਾਬ ਸਰਕਾਰ ਧਾਰਮਿਕ ਸਮਾਗਮਾਂ ਨੂੰ ਡੂੰਘੀ ਸ਼ਰਧਾ ਨਾਲ ਮਨਾਉਣ ਦੇ ਨਾਲ-ਨਾਲ ਪੰਜਾਬੀਆਂ ਦੀਆਂ ਧਾਰਮਿਕ ਭਾਵਨਾਵਾਂ ਪ੍ਰਤੀ ਵੀ ਪੂਰੀ ਤਰ੍ਹਾਂ ਸੰਵੇਦਨਸ਼ੀਲ ਹੈ।

ਸੌਂਦ ਨੇ ਕਿਹਾ ਕਿ ਮੌਜੂਦਾ ਸਾਲ ਦੌਰਾਨ ਇਸ ਯੋਜਨਾ ਤਹਿਤ ਲਗਭਗ 1100 ਕਰੋੜ ਰੁਪਏ ਪਹਿਲਾਂ ਹੀ ਖਰਚ ਕੀਤੇ ਜਾ ਚੁੱਕੇ ਹਨ, ਜਿਸ ਨਾਲ ਪੇਂਡੂ ਕਾਮਿਆਂ ਲਈ ਲਗਭਗ 223 ਲੱਖ ਦਿਹਾੜੀਆਂ ਦਾ ਰੁਜ਼ਗਾਰ ਦਿੱਤਾ ਗਿਆ। ਉਨ੍ਹਾਂ ਅੱਗੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਕੀਤੇ ਗਏ ਢੁਕਵੇਂ ਬਜਟ ਪ੍ਰਬੰਧਾਂ ਨਾਲ ਕੰਮਾਂ ਦੀ ਨਿਰੰਤਰਤਾ, ਤਨਖਾਹਾਂ ਦੀ ਸਮੇਂ ਸਿਰ ਅਦਾਇਗੀ ਅਤੇ ਪੇਂਡੂ ਆਬਾਦੀ ਨੂੰ ਨਿਰੰਤਰ ਉਜਰਤ ਸਹਾਇਤਾ ਯਕੀਨੀ ਬਣਾਈ ਜਾਵੇਗੀ। ਮੰਤਰੀ ਨੇ ਪ੍ਰਧਾਨ ਮੰਤਰੀ ਆਵਾਸ ਯੋਜਨਾ (ਗ੍ਰਾਮੀਣ) ਅਧੀਨ ਪੇਂਡੂ ਰਿਹਾਇਸ਼ ਲਈ ਅਲਾਟਮੈਂਟ ਦਾ ਵੀ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਇਸ ਯੋਜਨਾ ਨੂੰ ਲਾਗੂ ਕਰਨ ਵਿੱਚ ਕਾਫ਼ੀ ਤੇਜ਼ੀ ਲਿਆਂਦੀ ਹੈ ਅਤੇ ਮੌਜੂਦਾ ਸਾਲ ਦੌਰਾਨ ਲਗਭਗ 76000 ਪਰਿਵਾਰਾਂ ਨੂੰ ਰਿਹਾਇਸ਼ ਸਹਾਇਤਾ ਦਿੱਤੀ ਗਈ ਹੈ, ਜਿਸ ਵਿੱਚ ਲਗਭਗ 30000 ਹੜ੍ਹ ਪ੍ਰਭਾਵਿਤ ਪਰਿਵਾਰ ਵੀ ਸ਼ਾਮਲ ਹਨ। ਸੌਂਦ ਨੇ ਅੱਗੇ ਕਿਹਾ ਕਿ ਸਰਕਾਰ ਵੱਲੋਂ ਵਿੱਤੀ ਸਾਲ 2026-27 ਦੌਰਾਨ ਪ੍ਰਧਾਨ ਮੰਤਰੀ ਆਵਾਸ ਯੋਜਨਾ (ਗ੍ਰਾਮੀਣ) ਅਧੀਨ ਇੱਕ ਲੱਖ ਹੋਰ ਘਰਾਂ ਦਾ ਪ੍ਰਸਤਾਵ ਹੈ, ਜਿਸ ਲਈ 800 ਕਰੋੜ ਰੁਪਏ ਦੀ ਵਿਵਸਥਾ ਕੀਤੀ ਗਈ ਹੈ। ਇਸ ਉੱਦਮ ਤਹਿਤ ਪੰਜਾਬ ਦੇ ਹਜ਼ਾਰਾਂ ਪੇਂਡੂ ਪਰਿਵਾਰਾਂ ਨੂੰ ਮਕਾਨ ਮੁਹੱਈਆ ਕਰਵਾਏ ਜਾਣਗੇ।

ਸੈਰ-ਸਪਾਟਾ ਤੇ ਸੱਭਿਆਚਾਰਕ ਮਾਮਲਿਆਂ ਦੇ ਖੇਤਰ ਵਿੱਚ ਕੀਤੇ ਗਏ ਐਲਾਨਾਂ ਦਾ ਸਵਾਗਤ ਕਰਦਿਆਂ ਸੌਂਦ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਵਿੱਤੀ ਸਾਲ 2026-27 ਦੌਰਾਨ ਗੁਰੂ ਰਵਿਦਾਸ ਦੇ 650ਵੇਂ ਜਨਮ ਦਿਵਸ ਨੂੰ ਰਾਜ ਪੱਧਰੀ ਸਮਾਰੋਹ ਵਜੋਂ ਮਨਾਉਣ ਦਾ ਫੈਸਲਾ ਕੀਤਾ ਹੈ। ਸ਼ੁਰੂਆਤੀ ਜਸ਼ਨ ਸ੍ਰੀ ਗੁਰੂ ਰਵਿਦਾਸ ਜੀ ਯਾਦਗਾਰੀ ਕੰਪਲੈਕਸ, ਜੋ ਗੁਰੂ ਰਵਿਦਾਸ ਜੀ ਦੇ ਤਪ ਅਸਥਾਨ ਵਜੋਂ ਜਾਣਿਆ ਜਾਂਦਾ ਹੈ, ਵਿਖੇ ਹੋਣਗੇ ਅਤੇ ਇਸ ਤੋਂ ਇਲਾਵਾ ਸਮਾਨਤਾ, ਸਦਭਾਵਨਾ, ਸ਼ਰਧਾ 'ਤੇ ਅਧਾਰਤ ਉਨ੍ਹਾਂ ਦੀਆਂ ਸਿੱਖਿਆਵਾਂ ਦੇ ਸਨਮਾਨ ਵਜੋਂ ਸਾਰਾ ਸਾਲ ਸੂਬੇ ਭਰ ਵਿੱਚ ਵੱਖ-ਵੱਖ ਪ੍ਰੋਗਰਾਮ ਕਰਵਾਏ ਜਾਣਗੇ। ਇਨ੍ਹਾਂ ਯਾਦਗਾਰੀ ਸਮਾਗਮਾਂ ਲਈ 100 ਕਰੋੜ ਰੁਪਏ ਰਾਖਵੇਂ ਰੱਖੇ ਗਏ ਹਨ। ਮੰਤਰੀ ਨੇ ਪੰਜਾਬ ਸਰਕਾਰ ਦੇ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਉਪਰਾਲੇ ਦੀ ਵੀ ਸ਼ਲਾਘਾ ਕੀਤੀ ਜਿਸਦਾ ਉਦੇਸ਼ ਪੰਜਾਬ ਦੇ ਲੋਕਾਂ, ਖਾਸ ਕਰਕੇ ਬਜ਼ੁਰਗਾਂ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਪੂਰਾ ਕਰਨਾ ਹੈ। ਇਸ ਯੋਜਨਾ ਤਹਿਤ ਸ੍ਰੀ ਹਰਿਮੰਦਰ ਸਾਹਿਬ ਤੇ ਸ੍ਰੀ ਆਨੰਦਪੁਰ ਸਾਹਿਬ ਸਮੇਤ ਪ੍ਰਮੁੱਖ ਧਾਰਮਿਕ ਸਥਾਨਾਂ ਲਈ ਮੁਫ਼ਤ ਅਤੇ ਪੂਰੀ ਤਰ੍ਹਾਂ ਸਹਾਇਤਾ ਪ੍ਰਾਪਤ ਤੀਰਥ ਯਾਤਰਾਵਾਂ ਦਾ ਪ੍ਰਬੰਧ ਕੀਤਾ ਜਾ ਰਿਹਾ ਹੈ। ਵਿੱਤੀ ਸਾਲ 2026-27 ਲਈ ਲਗਭਗ 7.15 ਲੱਖ ਨਾਗਰਿਕਾਂ ਲਈ ਤੀਰਥ ਯਾਤਰਾਵਾਂ ਦੀ ਸਹੂਲਤ ਲਈ 312 ਕਰੋੜ ਰੁਪਏ ਦਾ ਉਪਬੰਧ ਕੀਤਾ ਗਿਆ ਹੈ। ਮੁੱਖ ਮੰਤਰੀ ਤੇ ਵਿੱਤ ਮੰਤਰੀ ਦਾ ਮੁੜ ਧੰਨਵਾਦ ਕਰਦਿਆਂ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਨੇ ਕਿਹਾ ਕਿ ਇਹ ਬਜਟ ਉਪਬੰਧ ਸਪੱਸ਼ਟ ਤੌਰ 'ਤੇ ਪੰਜਾਬ ਸਰਕਾਰ ਦੀ ਸਰਵਪੱਖੀ ਵਿਕਾਸ, ਵਿਸ਼ੇਸ਼ ਕਰਕੇ ਪੇਂਡੂ ਖੇਤਰਾਂ ਪ੍ਰਤੀ ਦ੍ਰਿੜ ਵਚਨਬੱਧਤਾ ਦੀ ਗਵਾਹੀ ਭਰਦੇ ਹਨ ਅਤੇ ਨਾਲ ਹੀ ਪੰਜਾਬ ਦੀ ਅਧਿਆਤਮਿਕ ਅਤੇ ਸ਼ਾਨਾਮੱਤੀ ਸੱਭਿਆਚਾਰਕ ਵਿਰਾਸਤ ਨੂੰ ਹੁਲਾਰਾ ਦਿੰਦੇ ਹਨ।


### ਪੰਜਾਬ ਸਰਕਾਰ ਵੱਲੋਂ ਅਰਜ਼ੀਆਂ ਦੀ ਮੰਗ

# ਪੰਜਾਬ ਦੀ ਪਹਿਲੀ ਡਰੱਗ ਅਤੇ ਸਮਾਜਿਕ-ਆਰਥਿਕ ਜਨਗਣਨਾ ਨਾਲ ਜੁੜੋ

### ਗਿਣਤੀਕਾਰ ਵਜੋਂ ਅਪਲਾਈ ਕਰੋ



**ਯੋਗਤਾ ਮਾਪਦੰਡ**

- ਪੰਜਾਬ ਸਰਕਾਰ ਦਾ ਕਰਮਚਾਰੀ ਹੋਣਾ ਲਾਜ਼ਮੀ (ਰੈਗੂਲਰ/ਠੇਕਾ ਆਧਾਰਤ)
- ਗ੍ਰੈਜੂਏਸ਼ਨ/ਡਿਪਲੋਮਾ ਹੋਲਡਰ ਹੋਵੇ
- ਦਫ਼ਤਰੀ ਸਮੇਂ ਤੋਂ ਬਾਅਦ ਅਤੇ ਛੁੱਟੀਆਂ ਵਾਲੇ ਦਿਨ ਸਰਵੇਖਣ ਕਰਨ ਦਾ ਇੱਛੁਕ ਹੋਵੇ

**ਕੰਮ ਅਤੇ ਜ਼ਿੰਮੇਵਾਰੀਆਂ**

- ਚੋਣ ਕਮਿਸ਼ਨ ਵੱਲੋਂ ਨਿਰਧਾਰਤ ਕੀਤੇ ਬੂਥ ਅਨੁਸਾਰ (ਲਗਭਗ 250 ਘਰਾਂ) ਦੇ ਅੰਦਰ ਡਰੱਗਜ਼ ਅਤੇ ਸਮਾਜਿਕ-ਆਰਥਿਕ ਜਨਗਣਨਾ ਕਰਵਾਈ ਜਾਵੇਗੀ
- ਗਿਣਤੀਕਾਰਾਂ ਨੂੰ, ਜਿੰਨਾ ਸੰਭਵ ਹੋ ਸਕੇ, ਆਪਣੇ ਵਿਧਾਨ ਸਭਾ ਹਲਕੇ ਦੇ ਅੰਦਰ ਹੀ ਬੂਥ ਨਿਰਧਾਰਤ ਕੀਤਾ ਜਾਵੇਗਾ। ਜੇਕਰ ਉਨ੍ਹਾਂ ਨੂੰ ਨੇੜਲੇ ਵਿਧਾਨ ਸਭਾ ਹਲਕੇ 'ਚ ਤੈਨਾਤ ਕੀਤਾ ਜਾਂਦਾ ਹੈ ਤਾਂ ਉਹ ਵਿਸ਼ੇਸ਼ ਯਾਤਰਾਭੱਤੇ ਦੇ ਹੱਕਦਾਰ ਹੋਣਗੇ
- ਜਨਗਣਨਾ ਸਰਕਾਰ ਵੱਲੋਂ ਪ੍ਰਦਾਨ ਕੀਤੇ ਮੋਬਾਈਲ ਫ਼ੋਨ ਅਤੇ ਐਪਲੀਕੇਸ਼ਨ ਰਾਹੀਂ ਹੀ ਕਰਨੀ ਲਾਜ਼ਮੀ ਹੋਵੇਗੀ
- ਜਨਗਣਨਾ 5 ਅਪ੍ਰੈਲ, 2026 ਤੋਂ ਸ਼ੁਰੂ ਹੋ ਕੇ 45 ਦਿਨਾਂ ਦੇ ਅੰਦਰ ਮੁਕੰਮਲ ਕਰਨੀ ਲਾਜ਼ਮੀ ਹੋਵੇਗੀ

ਜਨਗਣਨਾ ਸਫ਼ਲਤਾਪੂਰਵਕ ਪੂਰੀ ਕਰਨ 'ਤੇ ਪ੍ਰਤੀ ਘਰ 250 ਰੁਪਏ (250 ਘਰਾਂ ਲਈ ਲਗਭਗ 62,500 ਰੁਪਏ) ਦਾ ਮਿਹਨਤਾਨਾ ਦਿੱਤਾ ਜਾਵੇਗਾ

ਹੁਣੇ ਅਪਲਾਈ ਕਰੋ https://tinyurl.com/pbemp

ਆਖ਼ਰੀ ਮਿਤੀ ਮਾਰਚ 18

ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ

## ਸੰਪਾਦਕੀ

# ਈਰਾਨ-ਇਜ਼ਰਾਈਲ ਸੰਘਰਸ਼ ਅਤੇ ਭਾਰਤ, ਊਰਜਾ ਸੁਰੱਖਿਆ ਲਈ ਨਵੀਂ ਚੁਣੌਤੀ

ਮੱਧ-ਪੂਰਬ ਵਿੱਚ ਚੱਲ ਰਿਹਾ ਈਰਾਨ ਅਤੇ ਇਜ਼ਰਾਈਲ ਦਾ ਸੰਘਰਸ਼ ਕੇਵਲ ਖੇਤਰੀ ਟਕਰਾਅ ਹੀ ਨਹੀਂ, ਸਗੋਂ ਇਸਦਾ ਪ੍ਰਭਾਵ ਵਿਸ਼ਵ ਪੱਧਰ 'ਤੇ ਮਹਿਸੂਸ ਕੀਤਾ ਜਾ ਰਿਹਾ ਹੈ। ਭਾਰਤ ਵੀ ਇਸ ਤੋਂ ਅਲੱਗ ਨਹੀਂ ਹੈ। ਊਰਜਾ ਸਪਲਾਈ, ਅਰਥਵਿਵਸਥਾ, ਵਪਾਰ ਅਤੇ ਕੂਟਨੀਤਿਕ ਸੰਬੰਧਾਂ ਉੱਤੇ ਇਸ ਯੁੱਧ ਦੇ ਪ੍ਰਭਾਵ ਸਪੱਸ਼ਟ ਤੌਰ 'ਤੇ ਵੇਖਣ ਨੂੰ ਮਿਲ ਰਹੇ ਹਨ। ਇਸ ਸੰਦਰਭ ਵਿੱਚ ਭਾਰਤ ਲਈ ਇਹ ਇੱਕ ਗੰਭੀਰ ਚੁਣੌਤੀ ਬਣ ਸਕਦੀ ਹੈ। ਸਭ ਤੋਂ ਪਹਿਲਾਂ, ਭਾਰਤ ਦੀ ਊਰਜਾ ਸੁਰੱਖਿਆ ਇਸ ਸੰਘਰਸ਼ ਨਾਲ ਪ੍ਰਭਾਵਿਤ ਹੋ ਸਕਦੀ ਹੈ। ਭਾਰਤ ਆਪਣੀ ਜ਼ਰੂਰਤ ਦਾ ਵੱਡਾ ਹਿੱਸਾ ਕੱਚੇ ਤੇਲ ਦਾ ਮੱਧ-ਪੂਰਬ ਦੇ ਦੇਸ਼ਾਂ ਤੋਂ ਆਯਾਤ ਕਰਦਾ ਹੈ। ਜੇਕਰ ਈਰਾਨ-ਇਜ਼ਰਾਈਲ ਟਕਰਾਅ ਹੋਰ ਵਧਦਾ ਹੈ ਤਾਂ ਤੇਲ ਦੀ ਸਪਲਾਈ ਅਤੇ ਸਮੁੰਦਰੀ ਰਸਤੇ ਪ੍ਰਭਾਵਿਤ ਹੋ ਸਕਦੇ ਹਨ। ਇਸ ਕਾਰਨ ਅੰਤਰਰਾਸ਼ਟਰੀ ਬਾਜ਼ਾਰ ਵਿੱਚ ਤੇਲ ਦੀਆਂ ਕੀਮਤਾਂ ਵਧਣ ਦੀ ਸੰਭਾਵਨਾ ਹੈ, ਜਿਸ ਦਾ ਸਿੱਧਾ ਅਸਰ ਭਾਰਤ ਵਿੱਚ ਪੈਟਰੋਲ-ਡੀਜ਼ਲ ਅਤੇ ਰਸੋਈ ਗੈਸ ਦੀਆਂ ਕੀਮਤਾਂ 'ਤੇ ਪਵੇਗਾ। ਇਸ ਨਾਲ ਮਹਿੰਗਾਈ ਵਿੱਚ ਵੀ ਵਾਧਾ ਹੋ ਸਕਦਾ ਹੈ, ਜੋ ਆਮ ਲੋਕਾਂ ਦੀ ਜ਼ਿੰਦਗੀ ਨੂੰ ਹੋਰ ਮੁਸ਼ਕਲ ਬਣਾ ਸਕਦਾ ਹੈ।

ਦੂਜਾ ਮਹੱਤਵਪੂਰਨ ਪੱਖ ਭਾਰਤ ਦੀ ਅਰਥਵਿਵਸਥਾ ਨਾਲ ਜੁੜਿਆ ਹੋਇਆ ਹੈ। ਮੱਧ-ਪੂਰਬ ਭਾਰਤ ਦਾ ਇੱਕ ਵੱਡਾ ਵਪਾਰਕ ਸਾਥੀ ਹੈ। ਜੇਕਰ ਖੇਤਰ ਵਿੱਚ ਅਸਥਿਰਤਾ ਵਧਦੀ ਹੈ, ਤਾਂ ਵਪਾਰ, ਨਿਰਯਾਤ ਅਤੇ ਆਯਾਤ 'ਤੇ ਵੀ ਨਕਾਰਾਤਮਕ ਪ੍ਰਭਾਵ ਪੈ ਸਕਦਾ ਹੈ। ਇਸ ਦੇ ਨਾਲ-ਨਾਲ ਖਾੜੀ ਦੇਸ਼ਾਂ ਵਿੱਚ ਰਹਿੰਦੇ ਲੱਖਾਂ ਭਾਰਤੀ ਮਜ਼ਦੂਰਾਂ ਦੀ ਸੁਰੱਖਿਆ ਵੀ ਇੱਕ ਚਿੰਤਾ ਦਾ ਵਿਸ਼ਾ ਬਣ ਸਕਦੀ ਹੈ। ਉਥੋਂ ਆਉਣ ਵਾਲੀ ਰਕਮ (ਰਿਮਿਟੈਂਸ) ਭਾਰਤ ਦੀ ਅਰਥਵਿਵਸਥਾ ਲਈ ਮਹੱਤਵਪੂਰਨ ਹੈ, ਇਸ ਲਈ ਇਸ ਵਿੱਚ ਕੋਈ ਵੀ ਘਾਟ ਦੇਸ਼ ਲਈ ਚੁਣੌਤੀ ਬਣ ਸਕਦੀ ਹੈ। ਇਸ ਸਥਿਤੀ ਵਿੱਚ ਭਾਰਤ ਦੀ ਕੂਟਨੀਤਿਕ ਨੀਤੀ ਬਹੁਤ ਮਹੱਤਵਪੂਰਨ ਹੈ। ਭਾਰਤ ਦੇ ਇਜ਼ਰਾਈਲ ਨਾਲ ਰੱਖਿਆ ਅਤੇ ਤਕਨੀਕੀ ਸਬੰਧ ਹਨ, ਜਦਕਿ ਈਰਾਨ ਨਾਲ ਊਰਜਾ ਅਤੇ ਰਣਨੀਤਿਕ ਸਹਿਯੋਗ ਜੁੜਿਆ ਹੋਇਆ ਹੈ। ਇਸ ਲਈ ਭਾਰਤ ਲਈ ਸੰਤੁਲਨ ਬਣਾਈ ਰੱਖਣਾ ਬਹੁਤ ਜ਼ਰੂਰੀ ਹੈ। ਭਾਰਤ ਨੇ ਹਮੇਸ਼ਾਂ ਸ਼ਾਂਤੀ ਅਤੇ ਸੰਵਾਦ ਦਾ ਸਮਰਥਨ ਕੀਤਾ ਹੈ ਅਤੇ ਮੱਧ-ਪੂਰਬ ਵਿੱਚ ਸਥਿਰਤਾ ਦੀ ਅਪੀਲ ਕੀਤੀ ਹੈ। ਸਾਰ ਦੇ ਤੌਰ 'ਤੇ ਕਿਹਾ ਜਾ ਸਕਦਾ ਹੈ ਕਿ ਈਰਾਨ-ਇਜ਼ਰਾਈਲ ਸੰਘਰਸ਼ ਭਾਰਤ ਲਈ ਸਿਰਫ਼ ਵਿਦੇਸ਼ੀ ਮਸਲਾ ਨਹੀਂ, ਸਗੋਂ ਇਹ ਦੇਸ਼ ਦੀ ਊਰਜਾ ਸੁਰੱਖਿਆ, ਅਰਥਵਿਵਸਥਾ ਅਤੇ ਵਿਦੇਸ਼ ਨੀਤੀ ਨਾਲ ਸਿੱਧਾ ਜੁੜਿਆ ਹੋਇਆ ਹੈ। ਇਸ ਲਈ ਭਾਰਤ ਨੂੰ ਸੋਚ-ਵਿਚਾਰ ਨਾਲ ਕਦਮ ਚੁੱਕਦੇ ਹੋਏ ਆਪਣੇ ਰਾਸ਼ਟਰੀ ਹਿੱਤਾਂ ਦੀ ਰੱਖਿਆ ਕਰਨੀ ਪਵੇਗੀ ਅਤੇ ਨਾਲ ਹੀ ਵਿਸ਼ਵ ਸ਼ਾਂਤੀ ਲਈ ਆਪਣੀ ਭੂਮਿਕਾ ਨਿਭਾਉਣੀ ਪਵੇਗੀ।

-ਜਗਜੀਤ ਸਿੰਘ ਦਰਦੀ

## ਪੰਜਾਬ ਦਾ ਬਜਟ 2026-27

# 2027 ਦੀਆਂ ਚੋਣਾਂ ਲਈ ਰਾਜਨੀਤਿਕ ਰਣਨੀਤੀ ਤੇ ਰਾਜਨੀਤਿਕ ਬਜਟ

## ਪੰਜਾਬ ਨੂੰ ਕੀ ਮਿਲੇਗਾ ਆਉਣ ਵਾਲੇ ਛੇ ਮਹੀਨਿਆਂ ਵਿੱਚ



ਪ੍ਰੋ . ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਐਤਵਾਰ ਨੂੰ ਪ੍ਰਸਤੁਤ ਹੋਇਆ ਪੰਜਾਬ ਦਾ ਬਜਟ ਸਿੱਧਾ ਸਿੱਧਾ 2027 ਦੀਆਂ ਚਲਾਉਣ ਚੋਣਾਂ ਜਿੱਤਣ ਲਈ ਇੱਕ ਐਲਾਨਨਾਮਾ ਹੈ । ਵਿਰੋਧੀ ਪਾਰਟੀਆਂ ਨੇ ਇਸ ਨੂੰ ਝੂਠ ਦਾ ਪੁਲੰਦਾ ਕਿਹਾ ਹੈ ਤੇ ਭਾਜਪਾ ਕਾਂਗਰਸ ਨੇ ਇਸ ਨੂੰ ਇਕ ਫਲਾਪ ਸਰਕਾਰ ਦਾ ਫਲਾਪ ਬਜਟ ਤੱਕ ਕਹਿ ਦਿੱਤਾ ਹੈ। ਪੰਜਾਬ ਦਾ ਸਾਲਾਨਾ ਬਜਟ ਹਮੇਸ਼ਾ ਹੀ ਸਿਰਫ਼ ਆਮਦਨ ਤੇ ਖ਼ਰਚ ਦਾ ਲੇਖਾ-ਜੋਖਾ ਨਹੀਂ ਹੁੰਦਾ; ਇਹ ਰਾਜ ਦੀ ਰਾਜਨੀਤੀ, ਅਰਥਵਿਵਸਥਾ ਅਤੇ ਭਵਿੱਖੀ ਦਿਸ਼ਾ ਦਾ ਇੱਕ ਦਰਪਣ ਵੀ ਹੁੰਦਾ ਹੈ। ਇਸ ਵਾਰ ਪੇਸ਼ ਕੀਤਾ ਗਿਆ ਪੰਜਾਬ ਦਾ ਬਜਟ ਵੀ ਇੱਕ ਵੱਡੀ ਚਰਚਾ ਦਾ ਕੇਂਦਰ ਬਣ ਗਿਆ ਹੈ। ਸਰਕਾਰ ਇਸਨੂੰ ਲੋਕ-ਭਲਾਈ ਅਤੇ ਸਮਾਜਿਕ ਨਿਆਂ ਦਾ ਬਜਟ ਕਹਿ ਰਹੀ ਹੈ, ਜਦਕਿ ਵਿਰੋਧੀ ਪਾਰਟੀਆਂ ਇਸਨੂੰ 2027 ਦੀਆਂ ਚੋਣਾਂ ਲਈ ਤਿਆਰ ਕੀਤਾ ਗਿਆ ਇੱਕ ਲੋਕ-ਲੁਭਾਵਨ ਦਸਤਾਵੇਜ਼ ਦੱਸ ਰਹੀਆਂ ਹਨ।

ਬਜਟ ਵਿੱਚ ਮਹਿਲਾਵਾਂ ਨੂੰ ਵਿਸਾਖੀ ਤੋਂ ਮਹੀਨੇ ਦੇ 1000 ਰੁਪਏ ਦੇਣ ਦੀ ਯੋਜਨਾ, ਕੁਝ ਵਰਗਾਂ ਲਈ ਵਧੇਰੇ ਰਕਮ ਦੇਣ ਦੀ ਗੱਲ ਅਤੇ ਹੋਰ ਕਈ ਐਲਾਨ ਕੀਤੇ ਗਏ ਹਨ। ਪਰ ਸਭ ਤੋਂ ਵੱਡਾ ਸਵਾਲ ਇਹ ਹੈ ਕਿ ਜੇ ਇਹ ਯੋਜਨਾਵਾਂ ਇੰਨੀਆਂ ਹੀ ਜ਼ਰੂਰੀ ਸਨ ਤਾਂ ਇਹ ਪਿਛਲੇ ਚਾਰ ਸਾਲਾਂ ਵਿੱਚ ਕਿਉਂ ਨਹੀਂ ਲਾਗੂ ਹੋਈਆਂ ? ਕੀ ਇਹ ਸੱਚਮੁੱਚ ਸਮਾਜਿਕ ਨਿਆਂ ਅਤੇ ਲੋਕ-ਭਲਾਈ ਦਾ ਹਿੱਸਾ ਹਨ, ਜਾਂ ਫਿਰ ਆਉਣ ਵਾਲੀਆਂ ਚੋਣਾਂ ਵਿੱਚ ਵੋਟਰਾਂ ਨੂੰ ਪ੍ਰਭਾਵਿਤ ਕਰਨ ਦੀ ਇੱਕ ਰਾਜਨੀਤਿਕ ਰਣਨੀਤੀ ਹੈ ?

**ਬਜਟ ਅਤੇ ਸੰਵਿਧਾਨਕ ਦਾਇਰਾ**

ਭਾਰਤੀ ਸੰਵਿਧਾਨ ਵਿੱਚ ਬਜਟ ਪ੍ਰਣਾਲੀ ਦਾ ਸਪੱਸ਼ਟ ਜ਼ਿਕਰ ਕੀਤਾ ਗਿਆ ਹੈ। ਸੰਵਿਧਾਨ ਦੇ ਆਰਟੀਕਲ 202 ਤੋਂ 207 ਤੱਕ ਰਾਜ ਦੇ ਸਾਲਾਨਾ ਵਿੱਤੀ ਬਿਆਨ ਦੀ ਪ੍ਰਕਿਰਿਆ ਦਰਸਾਈ ਗਈ ਹੈ। ਇਸ ਦੇ ਅਨੁਸਾਰ ਹਰ ਰਾਜ ਸਰਕਾਰ ਨੂੰ ਹਰ ਸਾਲ ਵਿਧਾਨ ਸਭਾ ਵਿੱਚ ਆਪਣਾ ਬਜਟ ਪੇਸ਼ ਕਰਨਾ ਪੈਂਦਾ ਹੈ, ਜਿਸ ਵਿੱਚ ਆਮਦਨ ਅਤੇ ਖ਼ਰਚ ਦਾ ਪੂਰਾ ਵੇਰਵਾ ਹੁੰਦਾ ਹੈ। ਇਸਦੇ ਨਾਲ ਹੀ ਸੰਵਿਧਾਨ ਦੇ ਆਰਟੀਕਲ 38 ਅਤੇ 39 ਰਾਜ ਨੂੰ ਸਮਾਜਿਕ ਅਤੇ ਆਰਥਿਕ ਨਿਆਂ ਨੂੰ ਪ੍ਰਮੋਟ ਕਰਨ ਦੀ ਦਿਸ਼ਾ ਦਿੰਦੇ ਹਨ। ਇਹ ਆਰਟੀਕਲ ਕਹਿੰਦੇ ਹਨ ਕਿ ਰਾਜ ਨੂੰ ਸਮਾਜ ਵਿੱਚ ਅਸਮਾਨਤਾਵਾਂ ਘਟਾਉਣ ਅਤੇ ਕਮਜ਼ੋਰ ਵਰਗਾਂ ਦੀ ਭਲਾਈ ਲਈ ਨੀਤੀਆਂ ਬਣਾਉਣੀਆਂ ਚਾਹੀਦੀਆਂ ਹਨ।

ਪਰ ਇਸਦੇ ਨਾਲ ਹੀ ਸੰਵਿਧਾਨ ਦੀ ਆਰਥਿਕ ਸੰਰਚਨਾ ਇਹ ਵੀ ਕਹਿੰਦੀ ਹੈ ਕਿ ਰਾਜ ਦੀਆਂ ਨੀਤੀਆਂ ਵਿੱਤੀ ਤੌਰ 'ਤੇ ਟਿਕਾਊ ਹੋਣੀਆਂ ਚਾਹੀਦੀਆਂ ਹਨ। ਜੇਕਰ ਕੋਈ ਸਰਕਾਰ ਲੋਕ-ਲੁਭਾਵਨ ਯੋਜਨਾਵਾਂ ਦੇ ਨਾਂ 'ਤੇ ਰਾਜ ਦੇ ਖ਼ਜ਼ਾਨੇ ਨੂੰ ਕਰਜ਼ੇ ਵਿੱਚ ਡੁੱਬਾ ਦੇਵੇ ਤਾਂ ਇਹ ਲੰਬੇ ਸਮੇਂ ਵਿੱਚ ਸੰਵਿਧਾਨਕ ਆਰਥਿਕ ਅਨੁਸ਼ਾਸਨ ਲਈ ਖ਼ਤਰਾ ਬਣ ਸਕਦਾ ਹੈ।

**ਪੰਜਾਬ ਸਰਕਾਰ ਨੇ ਮਹਿਲਾਵਾਂ ਲਈ ਮਹੀਨਾਵਾਰ ਰਕਮ ਸਮਾਜਿਕ ਨਿਆਂ ਜਾਂ ਰਾਜਨੀਤਿਕ ਰਣਨੀਤੀ ਹੈ ?**

ਅੱਜ ਬਜਟ ਦਾ ਸਭ ਤੋਂ ਵੱਡਾ ਐਲਾਨ ਹੈ ਮਹਿਲਾਵਾਂ ਨੂੰ ਮਹੀਨੇ ਦੇ 1000 ਰੁਪਏ ਦੇਣ ਦੀ ਯੋਜਨਾ। ਇਹ ਐਲਾਨ ਪਹਿਲਾਂ ਵੀ ਚੋਣਾਂ ਦੇ ਸਮੇਂ ਕੀਤਾ ਗਿਆ ਸੀ ਅਤੇ ਇਸਨੂੰ ਸਰਕਾਰ ਦੀ ਇੱਕ ਮੁੱਖ ਗਾਰੰਟੀ ਵਜੋਂ ਪੇਸ਼ ਕੀਤਾ ਗਿਆ ਸੀ। ਪਰ ਹੁਣ ਇਹ ਯੋਜਨਾ ਵਿਸਾਖੀ ਤੋਂ ਲਾਗੂ ਕਰਨ ਦੀ ਗੱਲ ਕੀਤੀ ਗਈ ਹੈ। ਇੱਥੇ ਇੱਕ ਬੁਨਿਆਦੀ ਸਵਾਲ ਉੱਠਦਾ ਹੈ। ਜੇਕਰ ਇਹ ਯੋਜਨਾ ਲੋਕ-ਭਲਾਈ ਲਈ ਇੰਨੀ ਹੀ ਜ਼ਰੂਰੀ ਸੀ ਤਾਂ ਇਸਨੂੰ ਲਾਗੂ ਕਰਨ ਵਿੱਚ ਚਾਰ ਸਾਲ ਕਿਉਂ ਲੱਗ ਗਏ? ਜੇ ਇਹ ਯੋਜਨਾ ਹੁਣ ਸ਼ੁਰੂ ਹੁੰਦੀ ਹੈ ਤਾਂ ਚੋਣਾਂ ਤੋਂ ਪਹਿਲਾਂ ਸਿਰਫ਼ ਕੁਝ ਮਹੀਨਿਆਂ ਦੀ ਰਕਮ ਹੀ ਮਹਿਲਾਵਾਂ ਤੱਕ ਪਹੁੰਚੇਗੀ। ਇਸ ਨਾਲ ਦੂਜਾ ਸਵਾਲ ਵੀ ਉੱਠਦਾ ਹੈ ਕਿ ਕੀ ਪਿਛਲੇ 48 ਮਹੀਨਿਆਂ ਦੀ ਰਕਮ ਵੀ ਦਿੱਤੀ ਜਾਵੇਗੀ? ਜੇਕਰ ਨਹੀਂ, ਤਾਂ ਇਹ ਯੋਜਨਾ ਚੋਣਾਂ ਤੋਂ ਪਹਿਲਾਂ ਇੱਕ ਰਾਜਨੀਤਿਕ ਸੰਦੇਸ਼ ਜ਼ਿਆਦਾ ਲੱਗਦੀ ਹੈ।

**ਅੱਜ ਦਲਿਤ ਮਹਿਲਾਵਾਂ ਲਈ ਵਧੇਰੀ ਰਕਮ:** ਸਮਾਜਿਕ ਨਿਆਂ ਜਾਂ ਵੋਟ ਬੈਂਕ? ਪੰਜਾਬ ਵਿੱਚ ਦਲਿਤ ਆਬਾਦੀ ਲਗਭਗ 32 ਫੀਸਦੀ ਹੈ, ਜੋ ਕਿ ਭਾਰਤ ਵਿੱਚ ਸਭ ਤੋਂ ਵੱਧ ਹੈ। ਇਸ ਲਈ ਹਰ ਰਾਜਨੀਤਿਕ ਪਾਰਟੀ ਲਈ ਇਹ ਵੋਟ ਬੈਂਕ ਬਹੁਤ ਮਹੱਤਵਪੂਰਨ ਹੈ। ਅੱਜ ਬਜਟ ਵਿੱਚ ਦਲਿਤ ਮਹਿਲਾਵਾਂ ਲਈ ਵਧੇਰੇ ਰਕਮ ਦੇਣ ਦੀ ਗੱਲ ਕੀਤੀ ਗਈ ਹੈ। ਇੱਕ ਪਾਸੇ ਇਹ ਸਮਾਜਿਕ ਨਿਆਂ ਦੀ ਨੀਤੀ ਵਜੋਂ ਵੇਖਿਆ ਜਾ ਸਕਦਾ ਹੈ, ਪਰ ਦੂਜੇ ਪਾਸੇ ਇਹ ਵੀ ਸਵਾਲ ਉੱਠਦਾ ਹੈ ਕਿ ਕੀ ਇਹ ਨੀਤੀ ਲੰਬੇ ਸਮੇਂ ਦੀ ਹੈ ਜਾਂ ਸਿਰਫ਼ ਚੋਣਾਂ ਤੱਕ ਸੀਮਿਤ ਹੈ। ਸਮਾਜਿਕ ਨਿਆਂ ਦਾ ਅਸਲ ਮਤਲਬ ਸਿਰਫ਼ ਨਕਦ ਮਦਦ ਨਹੀਂ ਹੁੰਦਾ। ਇਹ ਸਿੱਖਿਆ, ਰੋਜ਼ਗਾਰ ਅਤੇ ਸਮਾਜਿਕ ਸਸ਼ਕਤੀਕਰਨ ਦੇ ਮੌਕੇ ਪ੍ਰਦਾਨ ਕਰਨ ਨਾਲ ਹੁੰਦਾ ਹੈ।

**ਅੱਜ ਪੰਜਾਬ ਦੀ ਆਰਥਿਕ ਸਥਿਤੀ ਵਿੱਚ ਕਰਜ਼ੇ ਦਾ ਬੋਝ ਹੈ।**

ਪੰਜਾਬ ਦੀ ਆਰਥਿਕ ਸਥਿਤੀ ਪਿਛਲੇ ਕਈ ਸਾਲਾਂ ਤੋਂ ਚਿੰਤਾਜਨਕ ਰਹੀ ਹੈ। ਵੱਖ-ਵੱਖ ਆਰਥਿਕ ਰਿਪੋਰਟਾਂ ਦੇ ਮੁਤਾਬਕ ਪੰਜਾਬ ਉੱਤੇ ਲਗਭਗ 3.5 ਲੱਖ ਕਰੋੜ ਰੁਪਏ ਤੋਂ ਵੱਧ ਦਾ ਕਰਜ਼ਾ ਹੈ। ਅੱਜ ਰਾਜ ਦੇ ਬਜਟ ਦਾ ਇੱਕ ਵੱਡਾ ਹਿੱਸਾ ਸਿਰਫ਼ ਕਰਜ਼ੇ ਦੇ ਵਿਆਜ ਦੀ ਅਦਾਇਗੀ ਵਿੱਚ ਹੀ ਚਲਾ ਜਾਂਦਾ ਹੈ। ਕੁਝ ਅੰਦਾਜ਼ਿਆਂ ਦੇ ਮੁਤਾਬਕ ਹਰ ਸਾਲ ਲਗਭਗ 20-25 ਹਜ਼ਾਰ ਕਰੋੜ ਰੁਪਏ ਸਿਰਫ਼ ਵਿਆਜ ਭੁਗਤਾਨ ਵਿੱਚ ਖਰਚ ਹੋ ਜਾਂਦੇ ਹਨ। ਇਸ ਸਥਿਤੀ ਵਿੱਚ ਜੇਕਰ ਨਵੀਆਂ ਲੋਕ-ਲੁਭਾਵਨ ਯੋਜਨਾਵਾਂ ਸ਼ੁਰੂ ਕੀਤੀਆਂ ਜਾਂਦੀਆਂ ਹਨ ਤਾਂ ਇਹ ਸਵਾਲ ਉੱਠਣਾ ਸੁਭਾਵਿਕ ਹੈ ਕਿ ਇਹ ਰਕਮ ਆਖ਼ਰ ਆਵੇਗੀ ਕਿੱਥੋਂ? ਵਿੱਤੀ ਜ਼ਿੰਮੇਵਾਰੀਆਂ ਅਤੇ FRBM ਕਾਨੂੰਨ ਨੂੰ ਭਾਰਤ ਵਿੱਚ ਵਿੱਤੀ ਅਨੁਸ਼ਾਸਨ ਬਣਾਈ ਰੱਖਣ ਲਈ Fiscal Responsibility and Budget Management (FRBM) Act ਬਣਾਇਆ ਗਿਆ ਸੀ। ਇਸ ਕਾਨੂੰਨ ਦਾ ਮਕਸਦ ਇਹ ਸੀ ਕਿ ਸਰਕਾਰਾਂ ਬੇਤਹਾਸ਼ਾ ਕਰਜ਼ਾ ਨਾ ਲੈਣ ਅਤੇ ਆਪਣਾ ਰਾਜਕੋਸ਼ੀ ਘਾਟਾ ਨਿਯੰਤਰਣ ਵਿੱਚ ਰੱਖਣ। FRBM ਦੇ ਅਨੁਸਾਰ ਰਾਜਾਂ ਦਾ ਰਾਜਕੋਸ਼ੀ ਘਾਟਾ ਆਮ ਤੌਰ 'ਤੇ GDP ਦੇ 3 ਫੀਸਦੀ ਦੇ ਆਸ-ਪਾਸ ਰੱਖਿਆ ਜਾਣਾ ਚਾਹੀਦਾ ਹੈ।

ਅੱਜ ਕਈ ਰਾਜਾਂ ਦੀ ਤਰ੍ਹਾਂ ਪੰਜਾਬ ਵਿੱਚ ਵੀ ਇਹ ਘਾਟਾ ਕਈ ਵਾਰ ਇਸ ਹੱਦ ਤੋਂ ਉੱਪਰ ਚਲਾ ਜਾਂਦਾ ਹੈ। ਇਸ ਕਰਕੇ ਆਰਥਿਕ ਵਿਦਵਾਨ ਚਿੰਤਾ ਜਤਾਉਂਦੇ ਹਨ ਕਿ ਜੇਕਰ ਲੋਕ-ਲੁਭਾਵਨ ਯੋਜਨਾਵਾਂ ਦੀ ਗਿਣਤੀ ਵਧਦੀ ਰਹੀ ਤਾਂ ਇਹ ਸਥਿਤੀ ਹੋਰ ਗੰਭੀਰ ਹੋ ਸਕਦੀ ਹੈ।

**ਅੱਜ ਮੁਫ਼ਤ ਦੀ ਰਾਜਨੀਤੀ ਲੋਕਤੰਤਰ ਲਈ ਚੁਣੌਤੀ ਹੈ ?**

ਭਾਰਤ ਵਿੱਚ ਪਿਛਲੇ ਕੁਝ ਸਾਲਾਂ ਵਿੱਚ ਮੁਫ਼ਤ ਸਹੂਲਤਾਂ ਦੀ ਰਾਜਨੀਤੀ 'ਤੇ ਕਾਫ਼ੀ ਚਰਚਾ ਹੋਈ ਹੈ। ਕਈ ਆਰਥਿਕ ਵਿਦਵਾਨਾਂ ਅਤੇ ਨਿਆਂਧੀਸ਼ਾਂ ਨੇ ਵੀ ਇਸ ਮੁੱਦੇ 'ਤੇ ਚਿੰਤਾ ਜਤਾਈ ਹੈ। ਕੁੱਝ ਸਮਾਂ ਪਹਿਲਾਂ ਭਾਰਤ ਦੀ ਸੁਪਰੀਮ ਕੋਰਟ ਨੇ ਵੀ ਮੁਫ਼ਤ ਸਹੂਲਤਾਂ ਦੇ ਮਸਲੇ 'ਤੇ ਟਿੱਪਣੀ ਕਰਦਿਆਂ ਕਿਹਾ ਸੀ ਕਿ ਇਸ ਬਾਰੇ ਇੱਕ ਰਾਸ਼ਟਰੀ ਨੀਤੀ ਦੀ ਲੋੜ ਹੈ। ਅੱਜ ਮੁਫ਼ਤ ਸਹੂਲਤਾਂ ਦੇਣ ਦਾ ਮਕਸਦ ਜੇਕਰ ਗਰੀਬਾਂ ਦੀ ਮਦਦ ਕਰਨਾ ਹੈ ਤਾਂ ਇਹ ਇੱਕ ਸਮਾਜਿਕ ਜ਼ਿੰਮੇਵਾਰੀ ਹੋ ਸਕਦੀ ਹੈ। ਪਰ ਜੇਕਰ ਇਹ ਸਿਰਫ਼ ਚੋਣਾਂ ਤੋਂ ਪਹਿਲਾਂ ਵੋਟਰਾਂ ਨੂੰ ਪ੍ਰਭਾਵਿਤ ਕਰਨ ਲਈ ਕੀਤਾ ਜਾਵੇ ਤਾਂ ਇਹ ਲੋਕਤੰਤਰ ਦੀ ਗੁਣਵੱਤਾ ਨੂੰ ਪ੍ਰਭਾਵਿਤ ਕਰ ਸਕਦਾ ਹੈ।

ਜੇਕਰ ਬਜਟ ਵਿੱਚ ਜ਼ਿਆਦਾ ਧਿਆਨ ਨਕਦ ਮਦਦ 'ਤੇ ਹੈ ਅਤੇ ਆਰਥਿਕ ਢਾਂਚੇ ਨੂੰ ਮਜ਼ਬੂਤ ਕਰਨ 'ਤੇ ਘੱਟ ਹੈ ਤਾਂ ਇਹ ਚਿੰਤਾ ਦੀ ਗੱਲ ਹੈ। ਅੱਜ ਖੇਤੀਬਾੜੀ ਦਾ ਸੰਕਟ ਹੈ ਅਤੇ ਪੰਜਾਬ ਦੀ ਅਰਥਵਿਵਸਥਾ ਦਾ ਆਧਾਰ ਖੇਤੀਬਾੜੀ ਹੈ। ਪਰ ਪਿਛਲੇ ਕੁਝ ਸਾਲਾਂ ਵਿੱਚ ਖੇਤੀ ਦੀ ਆਮਦਨ ਘੱਟ ਰਹੀ ਹੈ ਅਤੇ ਖਰਚ ਵੱਧ ਰਿਹਾ ਹੈ। ਕਈ ਨੌਜਵਾਨ ਖੇਤੀ ਛੱਡ ਕੇ ਵਿਦੇਸ਼ ਜਾਣ ਦੀ ਕੋਸ਼ਿਸ਼ ਕਰ ਰਹੇ ਹਨ। ਇਹ ਪੰਜਾਬ ਲਈ ਇੱਕ ਵੱਡੀ ਸਮਾਜਿਕ ਅਤੇ ਆਰਥਿਕ ਚੁਣੌਤੀ ਹੈ। ਅੱਜ ਜੇਕਰ ਬਜਟ ਵਿੱਚ ਖੇਤੀ ਲਈ ਕੋਈ ਨਵਾਂ ਮਾਡਲ ਨਹੀਂ ਹੈ ਤਾਂ ਇਹ ਪੰਜਾਬ ਦੇ ਭਵਿੱਖ ਲਈ ਚਿੰਤਾਜਨਕ ਹੋ ਸਕਦਾ ਹੈ। ਉਦਯੋਗ ਅਤੇ ਰੋਜ਼ਗਾਰ ਪੰਜਾਬ ਵਿੱਚ ਉਦਯੋਗਿਕ ਵਿਕਾਸ ਵੀ ਪਿਛਲੇ ਕੁਝ ਸਾਲਾਂ ਵਿੱਚ ਰੁਕਿਆ ਹੋਇਆ ਹੈ। ਕਈ ਉਦਯੋਗਪਤੀ ਹੋਰ ਰਾਜਾਂ ਵਿੱਚ ਆਪਣਾ ਕਾਰੋਬਾਰ ਲੈ ਗਏ ਹਨ। ਇਸ ਨਾਲ ਰੋਜ਼ਗਾਰ ਦੇ ਮੌਕੇ ਘਟ ਰਹੇ ਹਨ ਅਤੇ ਨੌਜਵਾਨ ਬੇਰੁਜ਼ਗਾਰੀ ਦਾ ਸਾਹਮਣਾ ਕਰ ਰਹੇ ਹਨ। ਇੱਕ ਮਜ਼ਬੂਤ ਬਜਟ ਉਹ ਹੁੰਦਾ ਹੈ ਜੋ ਨਵੇਂ ਉਦਯੋਗਾਂ ਨੂੰ ਆਕਰਸ਼ਿਤ ਕਰੇ ਅਤੇ ਨੌਜਵਾਨਾਂ ਲਈ ਰੋਜ਼ਗਾਰ ਦੇ ਮੌਕੇ ਪੈਦਾ ਕਰੇ।

ਬਜ਼ਟ 'ਤੇ ਵਿਰੋਧੀ ਪਾਰਟੀਆਂ ਦੀ ਪ੍ਰਤੀਕਿਰਿਆ ਵਿੱਚ ਪੰਜਾਬ ਦੀਆਂ ਵਿਰੋਧੀ ਪਾਰਟੀਆਂ ਨੇ ਇਸ ਬਜਟ ਦੀ ਤਿੱਖੀ ਆਲੋਚਨਾ ਕੀਤੀ ਹੈ। ਉਹਨਾਂ ਦਾ ਕਹਿਣਾ ਹੈ ਕਿ ਇਹ ਬਜਟ ਵਿਕਾਸ ਦਾ ਦਸਤਾਵੇਜ਼ ਨਹੀਂ, ਸਗੋਂ ਚੋਣਾਂ ਲਈ ਤਿਆਰ ਕੀਤਾ ਗਿਆ ਇੱਕ ਰਾਜਨੀਤਿਕ ਪੈਕੇਜ ਹੈ। ਉਹਨਾਂ ਦਾ ਇਹ ਵੀ ਕਹਿਣਾ ਹੈ ਕਿ ਜੇਕਰ ਸਰਕਾਰ ਨੂੰ ਲੋਕਾਂ ਦੀ ਇੰਨੀ ਹੀ ਚਿੰਤਾ ਸੀ ਤਾਂ ਇਹ ਯੋਜਨਾਵਾਂ ਪਹਿਲਾਂ ਕਿਉਂ ਨਹੀਂ ਲਾਗੂ ਕੀਤੀਆਂ ਗਈਆਂ।

ਲੋਕਤੰਤਰ ਵਿੱਚ ਜਵਾਬਦੇਹੀ ਲੋਕਤੰਤਰ ਦੀ ਸਭ ਤੋਂ ਵੱਡੀ ਖ਼ੂਬੀ ਇਹ ਹੈ ਕਿ ਸਰਕਾਰਾਂ ਨੂੰ ਹਰ ਪੰਜ ਸਾਲ ਬਾਅਦ ਲੋਕਾਂ ਦੇ ਸਾਹਮਣੇ ਆਪਣਾ ਹਿਸਾਬ ਦੇਣਾ ਪੈਂਦਾ ਹੈ। ਅੱਜ ਪੰਜਾਬ ਦੇ ਲੋਕ ਹੁਣ ਪਹਿਲਾਂ ਨਾਲੋਂ ਕਾਫ਼ੀ ਜਾਗਰੂਕ ਹਨ। ਉਹ ਸਿਰਫ਼ ਐਲਾਨਾਂ ਨਾਲ ਨਹੀਂ, ਸਗੋਂ ਨਤੀਜਿਆਂ ਨਾਲ ਸਰਕਾਰਾਂ ਨੂੰ ਪਰਖਦੇ ਹਨ। ਇਸ ਲਈ ਆਉਣ ਵਾਲਾ ਸਮਾਂ ਇਹ ਤੈਅ ਕਰੇਗਾ ਕਿ ਇਹ ਬਜਟ ਵਿਕਾਸ ਦੀ ਦਿਸ਼ਾ ਵਿੱਚ ਇੱਕ ਕਦਮ ਹੈ ਜਾਂ ਫਿਰ ਚੋਣੀ ਰਾਜਨੀਤੀ ਦਾ ਹਿੱਸਾ ਹੈ।

ਪੰਜਾਬ ਦਾ ਇਹ ਬਜਟ ਇੱਕ ਵੱਡੀ ਚਰਚਾ ਨੂੰ ਜਨਮ ਦੇ ਚੁੱਕਾ ਹੈ। ਇੱਕ ਪਾਸੇ ਇਹ ਲੋਕ-ਭਲਾਈ ਦੀਆਂ ਯੋਜਨਾਵਾਂ ਨਾਲ ਭਰਿਆ ਹੋਇਆ ਹੈ, ਦੂਜੇ ਪਾਸੇ ਇਸਨੂੰ ਚੋਣੀ ਰਾਜਨੀਤੀ ਦਾ ਹਿੱਸਾ ਵੀ ਕਿਹਾ ਜਾ ਰਿਹਾ ਹੈ।

ਅਸਲ ਸਵਾਲ ਇਹ ਹੈ ਕਿ ਕੀ ਇਹ ਬਜਟ ਪੰਜਾਬ ਦੇ ਭਵਿੱਖ ਨੂੰ ਮਜ਼ਬੂਤ ਬਣਾਏਗਾ ਜਾਂ ਸਿਰਫ਼ ਕੁਝ ਮਹੀਨਿਆਂ ਲਈ ਲੋਕਾਂ ਨੂੰ ਆਰਥਿਕ ਰਾਹਤ ਦੇ ਕੇ ਵੋਟਾਂ ਦੀ ਸਿਆਸਤ ਨੂੰ ਹੀ ਮਜ਼ਬੂਤ ਕਰੇਗਾ। ਪੰਜਾਬ ਦੇ ਸਾਹਮਣੇ ਅੱਜ ਜੋ ਚੁਣੌਤੀਆਂ ਹਨ, ਉਹਨਾਂ ਦਾ ਹੱਲ ਸਿਰਫ਼ ਨਕਦ ਮਦਦ ਨਾਲ ਨਹੀਂ ਹੋ ਸਕਦਾ। ਇਸ ਲਈ ਲੋੜ ਹੈ ਇੱਕ ਦੂਰਦਰਸ਼ੀ ਆਰਥਿਕ ਨੀਤੀ ਦੀ, ਜੋ ਖੇਤੀ, ਉਦਯੋਗ, ਸਿੱਖਿਆ ਅਤੇ ਰੋਜ਼ਗਾਰ ਨੂੰ ਇੱਕ ਨਵੀਂ ਦਿਸ਼ਾ ਦੇ ਸਕੇ। ਜੇਕਰ ਬਜਟ ਇਸ ਦਿਸ਼ਾ ਵਿੱਚ ਇੱਕ ਮਜ਼ਬੂਤ ਕਦਮ ਸਾਬਤ ਹੁੰਦਾ ਹੈ ਤਾਂ ਇਹ ਪੰਜਾਬ ਲਈ ਇੱਕ ਨਵੀਂ ਸ਼ੁਰੂਆਤ ਹੋ ਸਕਦਾ ਹੈ। ਪਰ ਜੇਕਰ ਇਹ ਸਿਰਫ਼ ਚੋਣੀ ਰਾਜਨੀਤੀ ਦਾ ਹਿੱਸਾ ਬਣ ਕੇ ਰਹਿ ਜਾਂਦਾ ਹੈ ਤਾਂ ਪੰਜਾਬ ਦੇ ਲੋਕਾਂ ਨੂੰ ਫਿਰ ਇੱਕ ਵਾਰ ਝੂਠੇ ਵਾਅਦਿਆਂ ਦੀ ਰਾਜਨੀਤੀ ਦਾ ਸਾਹਮਣਾ ਕਰਨਾ ਪਵੇਗਾ।

# ਲਾਲ ਗਲਿਆਰਾ ਬੀਤੇ ਦੀ ਕਹਾਣੀ ਬਣਨ ਦੀ ਕਗਾਰ 'ਤੇ



ਪ੍ਰੋ: ਸਰਚਾਂਦ ਸਿੰਘ ਖਿਆਲਾ,
9781355522

ਦੇਸ਼ ਵਿੱਚ ਮਾਓਵਾਦੀ ਅੱਤਵਾਦ ਵਿਰੁੱਧ ਲੰਮੇ ਸਮੇਂ ਤੋਂ ਚੱਲ ਰਹੀ ਲੜਾਈ ਹੁਣ ਇੱਕ ਫੈਸਲਾਕੁੰਨ ਮੋੜ 'ਤੇ ਪਹੁੰਚ ਚੁੱਕੀ ਹੈ। ਕਈ ਦਹਾਕਿਆਂ ਤੱਕ ਜਿਸ ਲਾਲ ਗਲਿਆਰੇ ਨੂੰ ਭਾਰਤ ਦੀ ਅੰਦਰੂਨੀ ਸੁਰੱਖਿਆ ਲਈ ਸਭ ਤੋਂ ਵੱਡੀ ਚੁਣੌਤੀ ਮੰਨਿਆ ਜਾਂਦਾ ਰਿਹਾ, ਉਹ ਹੁਣ ਆਪਣੀ ਆਖਰੀ ਸਾਹ ਲੈਂਦਾ ਦਿਸ ਰਿਹਾ ਹੈ। ਮੈਨੂੰ ਇਹ ਕਹਿਣ 'ਚ ਕੋਈ ਸੰਕੋਚ ਨਹੀਂ ਕਿ ਆਉਣ ਵਾਲੇ ਦਿਨਾਂ ਵਿੱਚ ਇਹ ਲਾਲ ਕੋਰੀਡੋਰ ਬੀਤੇ ਦੀ ਬਣ ਕੇ ਰਹਿ ਜਾਵੇਗਾ । ਇਸ ਵਿਸ਼ਵਾਸ ਦਾ ਆਧਾਰ ਹਾਲੀਆ ਘਟਨਾਕ੍ਰਮ ਹਨ। ਕੁਝ ਦਿਨ ਪਹਿਲਾਂ ਚੋਟੀ ਦੇ ਮਾਓਵਾਦੀ ਨੇਤਾ ਅਤੇ ਪਾਬੰਦੀਸ਼ੁਦਾ ਭਾਰਤੀ ਕਮਿਊਨਿਸਟ ਪਾਰਟੀ (ਮਾਓਵਾਦੀ) ਦੇ ਸੀਨੀਅਰ ਮੈਂਬਰ, 62 ਸਾਲਾ ਥਿਪਿਰੀ ਤਿਰੁਪਤੀ ਉਰਫ਼ ਦੇਵੂਜੀ ਨੇ ਆਪਣੇ ਤਿੰਨ ਉੱਚ ਪੱਧਰੀ ਸਾਥੀਆਂ ਸਮੇਤ ਤੇਲੰਗਾਨਾ ਪੁਲਿਸ ਅੱਗੇ ਆਤਮ ਸਮਰਪਣ ਕੀਤਾ। ਇਹ ਕੇਵਲ ਇੱਕ ਵਿਅਕਤੀ ਦਾ ਹਥਿਆਰ ਛੱਡਣਾ ਨਹੀਂ, ਸਗੋਂ ਇੱਕ ਪੂਰੀ ਵਿਚਾਰਧਾਰਕ ਧਾਰਾ ਦੇ ਕਮਜ਼ੋਰ ਪੈਂਦੇ ਹੋਏ ਕਿਲ੍ਹੇ ਦੀ ਨਿਸ਼ਾਨੀ ਹੈ। ਦੇਵੂਜੀ ਦਾ ਇਹ ਕਦਮ ਮਾਓਵਾਦੀ ਕੱਟੜਪੰਥੀ ਧਿਰਾਂ ਲਈ ਹੀ ਨਹੀਂ, ਸਗੋਂ ਹਿੰਸਕ ਖੱਬੇਪੱਖੀ ਰਾਜਨੀਤੀ ਦੇ ਸਮਰਥਕਾਂ ਲਈ ਵੀ ਵੱਡਾ ਝਟਕਾ ਹੈ। ਦੇਵੂਜੀ ਦੁਆਰਾ ਭਵਿੱਖ ਵਿੱਚ ਸੰਵਿਧਾਨ ਅਤੇ ਕਾਨੂੰਨੀ ਢਾਂਚੇ ਅੰਦਰ ਰਹਿ ਕੇ ਕੰਮ ਕਰਨ ਦਾ ਇਰਾਦਾ ਜਤਾਉਣਾ ਚੋਟੀ ਦੇ ਆਗੂਆਂ ਵਿੱਚ ਆ ਰਹੀ ਅੰਦਰੂਨੀ ਮਨੋਵਿਗਿਆਨਕ ਪਰਿਵਰਤਨ ਦਾ ਪ੍ਰਮਾਣ ਹੈ। ਮਾਓਵਾਦ, ਜੋ ਲੰਮੇ ਸਮੇਂ ਤੱਕ ਸੰਵਿਧਾਨ ਅਤੇ ਲੋਕਤੰਤਰ ਨੂੰ ਬੁਰਜ਼ੂਆ ਢਾਂਚਾ ਕਹਿ ਕੇ ਰੱਦ ਕਰਦਾ ਰਿਹਾ ਅਤੇ ਮਸਲਿਆਂ ਦਾ ਸਮਾਧਾਨ ਬੰਦੂਕ ਦੀ ਗੋਲੀ ਰਾਹੀਂ ਲੱਭਣ ਦੀ ਕੋਸ਼ਿਸ਼ ਕਰਦਾ ਸੀ, ਅੱਜ ਆਪਣੇ ਹੀ ਸਿਧਾਂਤਾਂ ਤੋਂ ਵਾਪਸੀ ਕਰਦਾ ਦਿਖਾਈ ਦੇ ਰਿਹਾ ਹੈ। ਹਕੀਕਤ ਇਹ ਹੈ ਕਿ ਬੰਦੂਕ ਦੀ ਨਲੀ ਰਾਹੀਂ ਇਨਕਲਾਬ ਦਾ ਸੁਪਨਾ ਕਦੇ ਵੀ ਕਬਾਇਲੀ ਸਮਾਜ ਦੀ ਅਸਲੀ ਲੋੜ ਨਹੀਂ ਸੀ ਨਾ ਹੀ ਇਹ ਕਬਾਇਲੀ ਵਿਦਰੋਹ ਦਾ ਸਵੈ-ਇੱਛਤ ਮਾਡਲ ਸੀ।

ਮਾਓਵਾਦੀ ਸੰਗਠਨਾਂ ਨੇ ਹਮੇਸ਼ਾਂ ਦਾਅਵਾ ਕੀਤਾ ਕਿ ਉਹ ਜੰਗਲਾਤੀ ਅਤੇ ਆਦਿਵਾਸੀ ਖੇਤਰਾਂ ਦੇ ਹੱਕਾਂ ਲਈ ਲੜ ਰਹੇ ਹਨ। ਪਰ ਜ਼ਮੀਨੀ ਹਕੀਕਤ ਇਹ ਰਹੀ ਕਿ ਉਨ੍ਹਾਂ ਦੀ ਹਿੰਸਕ ਰਣਨੀਤੀ ਨੇ ਇਨ੍ਹਾਂ ਖੇਤਰਾਂ ਨੂੰ ਵਿਕਾਸ ਤੋਂ ਵੰਚਿਤ ਕੀਤਾ। ਅਨੇਕਾਂ ਸਕੂਲ ਸਾੜੇ ਗਏ, ਸੜਕਾਂ ਅਤੇ ਬੁਨਿਆਦੀ ਢਾਂਚੇ ਨੂੰ ਨਿਸ਼ਾਨਾ ਬਣਾਇਆ ਅਤੇ ਦੋ ਪੀੜੀਆਂ ਨੂੰ ਅਨਪੜ ਰੱਖਣ ਲਈ ਮਜਬੂਰ ਕੀਤਾ। ਲਾਲ ਕੋਰੀਡੋਰ ਦਾ ਨਾਅਰਾ ਦਰਅਸਲ ਇੱਕ ਮਨੋਵਿਗਿਆਨਕ ਘੇਰਾ ਸੀ, ਜਿਸ ਨੇ ਡਰ, ਅਸਥਿਰਤਾ ਅਤੇ ਹਿੰਸਾ ਨੂੰ ਆਦਿਵਾਸੀ ਇਲਾਕਿਆਂ ਦੀ ਕਿਸਮਤ ਬਣਾਇਆ। ਇਸ ਵਿਚਾਰਧਾਰਾ ਨੇ ਨਾ ਤਾਂ ਆਰਥਿਕ ਖੁਸ਼ਹਾਲੀ ਦਿੱਤੀ ਅਤੇ ਨਾ ਹੀ ਸਮਾਜਿਕ ਨਿਆਂ, ਸਿਰਫ਼ ਤਬਾਹੀ ਦਿੱਤੀ। ਦੇਵੂਜੀ, ਸੀਪੀਆਈ (ਮਾਓਵਾਦੀ) ਦੇ ਜਨਰਲ ਸਕੱਤਰ, ਸੈਂਟਰਲ ਮਿਲਟਰੀ ਕਮਿਸ਼ਨ ਦੇ ਪ੍ਰਮੁੱਖ ਅਤੇ ਪੀਪਲਜ਼ ਲਿਬਰੇਸ਼ਨ ਗੁਰੀਲਾ ਆਰਮੀ ਦੇ ਮੁੱਖ ਰਣਨੀਤੀਕਾਰ ਰਹੇ ਹਨ। ਪੁਲਿਸ ਦੇ ਦਾਅਵਿਆਂ ਅਨੁਸਾਰ ਕਈ ਵੱਡੇ ਹਮਲਿਆਂ ਦੇ ਮਾਸਟਰਮਾਈਂਡ ਅਤੇ ਢਾਈ ਸੌ ਤੋਂ ਵੱਧ ਸੁਰੱਖਿਆ ਕਰਮਚਾਰੀਆਂ ਅਤੇ ਨਾਗਰਿਕਾਂ ਦੀ ਹੱਤਿਆ ਪਿੱਛੇ ਉਸਦਾ ਹੱਥ ਸੀ। ਉਸਦਾ ਇਹ ਕਦਮ ਬਗਾਵਤੀ ਅੰਦੋਲਨ ਲਈ ਦਹਾਕਿਆਂ ਵਿੱਚ ਆਇਆ ਸਭ ਤੋਂ ਵੱਡਾ ਝਟਕਾ ਮੰਨਿਆ ਜਾ ਰਿਹਾ ਹੈ।

22 ਫਰਵਰੀ 2026 ਨੂੰ ਦੇਵੂਜੀ ਦੇ ਨਾਲ ਆਤਮ ਸਮਰਪਣ ਕਰਨ ਵਾਲਿਆਂ ਵਿੱਚ ਕੇਂਦਰੀ ਕਮੇਟੀ ਮੈਂਬਰ ਮੱਲਾ ਰਾਜ਼ੀ ਰੈਡੀ ਉਰਫ਼ ਸੰਗਰਾਮ, ਤੇਲੰਗਾਨਾ ਸੂਬਾ ਕਮੇਟੀ ਦੇ ਸਕੱਤਰ ਬਡੇ ਚੋਕਾ ਰਾਓ ਉਰਫ਼ ਦਾਮੋਦਰ ਅਤੇ ਸੂਬਾ ਕਮੇਟੀ ਮੈਂਬਰ ਨੂਨੇ ਨਰਸਿੰਮਹਾ ਰੈਡੀ ਉਰਫ਼ ਗੰਗਨਾ ਵਰਗੇ ਅਹਿਮ ਚਿਹਰੇ ਸ਼ਾਮਲ ਸਨ। ਇਹ ਸਭ ਦਹਾਕਿਆਂ ਤੱਕ ਰੂਪੋਸ਼ ਰਹੇ ਅਤੇ ਲੱਖਾਂ ਰੁਪਏ ਦੇ ਇਨਾਮੀ ਸਨ। ਇਨ੍ਹਾਂ ਦੇ ਸਰੰਡਰ ਨੇ ਮਾਓਵਾਦੀ ਸੰਗਠਨ ਦੇ ਅੰਦਰੂਨੀ ਢਾਂਚੇ ਨੂੰ ਹਿਲਾ ਕੇ ਰੱਖ ਦਿੱਤਾ ਹੈ। ਪਿਛਲੇ ਡੇਢ ਸਾਲ ਵਿੱਚ ਛੱਤੀਸਗੜ੍ਹ ਵਿੱਚ 450 ਤੋਂ ਵੱਧ ਮਾਓਵਾਦੀਆਂ ਦੇ ਮਾਰੇ ਜਾਣ, ਸੈਂਕੜਿਆਂ ਦੀ ਗ੍ਰਿਫ਼ਤਾਰੀ ਅਤੇ ਕਈਆਂ ਦੇ ਆਤਮ ਸਮਰਪਣ ਦੇ ਦਾਅਵੇ ਕੀਤੇ ਗਏ। ਮਈ 2025 ਵਿੱਚ ਛੱਤੀਸਗੜ੍ਹ ਦੇ ਨਾਰਾਇਣਪੁਰ ਵਿੱਚ ਸੁਰੱਖਿਆ ਬਲਾਂ ਨਾਲ ਮੁਕਾਬਲੇ ਦੌਰਾਨ ਸੀਪੀਆਈ (ਮਾਓਵਾਦੀ) ਦੇ ਜਨਰਲ ਸਕੱਤਰ , ਫੌਜੀ ਯੋਜਨਾਬੰਦੀ ਅਤੇ ਪੀਪਲਜ਼ ਲਿਬਰੇਸ਼ਨ ਗੁਰੀਲਾ ਆਰਮੀ ਦੀਆਂ ਕਾਰਵਾਈਆਂ ਵਿੱਚ ਕੇਂਦਰੀ ਭੂਮਿਕਾ ਨਿਭਾਉਣ ਵਾਲੇ ਨੰਬਾਲਾ ਕੇਸ਼ਵ ਰਾਓ ਉਰਫ਼ ਬਸਵਰਾਜੂ ਨੂੰ ਮਾਰ ਗਿਰਾਏ ਜਾਣ ਨਾਲ ਨਕਸਲਵਾਦ ਦੇ ਖ਼ਾਤਮੇ ਵੱਲ ਇਤਿਹਾਸਕ ਕਦਮ ਦੀ ਚਰਚਾ ਛਿੜੀ। ਉਸ 'ਤੇ ਡੇਢ ਕਰੋੜ ਦਾ ਇਨਾਮ ਸੀ ਅਤੇ ਉਹ ਗੁਰੀਲਾ ਰਣਨੀਤੀਆਂ ਨੂੰ ਆਧੁਨਿਕ ਰੂਪ ਦੇਣ ਵਿੱਚ ਕੇਂਦਰੀ ਚਿਹਰਾ ਮੰਨਿਆ ਜਾਂਦਾ ਸੀ। ਭਾਰਤ ਸਰਕਾਰ ਅਤੇ ਗ੍ਰਿਹ ਮੰਤਰੀ ਅਮਿਤ ਸ਼ਾਹ ਦੀ ਰਣਨੀਤੀ ਦਾ ਕੇਂਦਰੀ ਮੰਤਵ ਖੂਨ-ਖਰਾਬਾ ਨਹੀਂ, ਸਗੋਂ ਰਾਸ਼ਟਰੀ ਸੁਰੱਖਿਆ ਅਤੇ ਸੰਵਿਧਾਨਕ ਪ੍ਰਬੰਧ ਦੀ ਪੂਰੀ ਬਹਾਲੀ ਸੀ। ਅਕਤੂਬਰ 2025 ਵਿੱਚ ਗ੍ਰਿਹ ਮੰਤਰੀ ਵੱਲੋਂ 31 ਮਾਰਚ 2026 ਤੱਕ ਮਾਓਵਾਦ ਦੇ ਮੁਕੰਮਲ ਖ਼ਾਤਮੇ ਦਾ ਲਿਆ ਗਿਆ ਸੰਕਲਪ ਸਿਰਫ਼ ਇੱਕ ਰਾਜਨੀਤਿਕ ਐਲਾਨ ਨਹੀਂ ਸੀ, ਬਲਕਿ ਇਹ ਰਾਜ ਦੀ ਦ੍ਰਿੜ ਇੱਛਾ-ਸ਼ਕਤੀ ਦਾ ਸਪੱਸ਼ਟ ਪ੍ਰਗਟਾਵਾ ਸੀ। ਇਸ ਦੇ ਨਾਲ ਹੀ ਉਨ੍ਹਾਂ ਨੇ ਆਤਮ ਸਮਰਪਣ ਦੀ ਨੀਤੀ ਨੂੰ ਕੇਂਦਰ ਵਿੱਚ ਰੱਖਦਿਆਂ ਇੱਕ ਸੰਤੁਲਿਤ ਦੋਹਰੀ ਰਣਨੀਤੀ ਅਪਣਾਈ—ਇੱਕ ਪਾਸੇ ਸਖ਼ਤ ਸੁਰੱਖਿਆ ਕਾਰਵਾਈ ਅਤੇ ਦੂਜੇ ਪਾਸੇ ਆਤਮ ਸਮਰਪਣ ਅਤੇ ਸਨਮਾਨਜਨਕ ਮੁੜ ਵਸੇਬੇ ਦਾ ਰਾਹ।

ਇਹ ਉਨ੍ਹਾਂ ਦੀ ਰਾਜਸੀ ਦ੍ਰਿੜਤਾ ਦਾ ਪ੍ਰਮਾਣ ਸੀ ਕਿ ਮਾਓਵਾਦੀਆਂ ਨਾਲ ਗੱਲਬਾਤ ਜਾਂ ਸੀਜ਼ਫਾਇਰ ਦੀ ਸੰਭਾਵਨਾ ਨੂੰ ਸਪੱਸ਼ਟ ਤੌਰ 'ਤੇ ਰੱਦ ਕਰ ਦਿੱਤਾ ਗਿਆ । ਸੰਦੇਸ਼ ਬਿਲਕੁਲ ਸਾਫ਼ ਸੀ—ਜੇ ਹਥਿਆਰ ਛੱਡੋਗੇ ਤਾਂ ਸੁਰੱਖਿਆ, ਸਨਮਾਨ ਅਤੇ ਪੁਨਰਵਾਸ ਮਿਲੇਗਾ; ਜੇ ਗੋਲੀ ਚਲਾਓਗੇ ਤਾਂ ਕਾਨੂੰਨ ਆਪਣਾ ਜਵਾਬ ਦੇਵੇਗਾ। ਇਸ ਅਲਟੀਮੇਟਮ ਨੇ ਮਾਓਵਾਦੀ ਸੰਗਠਨਾਂ ਦੇ ਅੰਦਰ ਗਹਿਰੀ ਅੰਦਰੂਨੀ ਉਥਲ-ਪੁਥਲ ਪੈਦਾ ਕੀਤੀ। ਹਥਿਆਰਬੰਦ ਸੰਘਰਸ਼ ਦੀ ਵਕਾਲਤ ਕਰਨ ਵਾਲੇ ਧੜਿਆਂ ਦੇ ਅੰਦਰ ਵੀ ਵਿਚਾਰਧਾਰਕ ਦਰਾਰਾਂ ਸਾਹਮਣੇ ਆਈਆਂ । ਕੁਝ ਸੀਨੀਅਰ ਆਗੂਆਂ ਜਿਨ੍ਹਾਂ ਵਿੱਚ ਸੀਨੀਅਰ ਪੋਲਟ ਬਿਊਰੋ ਮੈਂਬਰ ਮਲੋਜੁਲਾ ਵੇਣੂ ਗੋਪਾਲ ਰਾਓ ਉਰਫ ਸੋਨੂੰ ਵਰਗਿਆਂ ਵੱਲੋਂ ਅਕਤੂਬਰ ਵਿੱਚ ਸ਼ਾਂਤੀ ਦੀ ਵਕਾਲਤ ਕਰਦਿਆਂ ਆਤਮ ਸਮਰਪਣ ਦਾ ਰਾਹ ਚੁਣਨਾ ਇਸ ਗੱਲ ਦਾ ਸੰਕੇਤ ਸੀ ਕਿ ਜ਼ਮੀਨੀ ਹਕੀਕਤ ਬਦਲ ਰਹੀ ਸੀ।

ਨਕਸਲਵਾਦ ਅਤੇ ਮਾਓਵਾਦ ਦੇ ਵਿਨਾਸ਼ਕਾਰੀ ਢਾਂਚੇ ਨੂੰ ਜੜ੍ਹੋਂ ਉਖਾੜਣ ਲਈ ਕੇਂਦਰ ਸਰਕਾਰ ਨੇ ਨਕਸਲਵਾਦ ਵਿਰੋਧੀ ਰਾਸ਼ਟਰੀ ਨੀਤੀ ਤਹਿਤ ਵਿਸਥਾਰਪੂਰਵਕ ਰੋਡਮੈਪ ਤਿਆਰ ਕੀਤਾ। ਇਹ ਸਿਰਫ਼ ਸੁਰੱਖਿਆ ਕਾਰਵਾਈ ਤੱਕ ਸੀਮਿਤ ਨਹੀਂ ਸੀ; ਇਸ ਵਿੱਚ ਆਰਥਿਕ, ਸਮਾਜਿਕ ਅਤੇ ਮਨੋਵਿਗਿਆਨਕ ਪੱਖਾਂ ਨੂੰ ਵੀ ਸ਼ਾਮਲ ਕੀਤਾ ਗਿਆ। ਪੁਨਰਵਾਸ ਨੀਤੀ ਨੂੰ ਆਕਰਸ਼ਕ ਅਤੇ ਵਿਵਹਾਰਕ ਬਣਾਇਆ ਗਿਆ ਤਾਂ ਜੋ ਹਥਿਆਰ ਛੱਡਣ ਵਾਲਿਆਂ ਨੂੰ ਮੁੱਖਧਾਰਾ ਵਿੱਚ ਸਨਮਾਨ ਨਾਲ ਜੀਵਨ ਬਤੀਤ ਕਰਨ ਦਾ ਮੌਕਾ ਮਿਲ ਸਕੇ। ਲੋਕਾਂ ਦਾ ਵਿਸ਼ਵਾਸ ਜਿੱਤਣਾ ਇਸ ਲੜਾਈ ਦਾ ਸਭ ਤੋਂ ਮਹੱਤਵਪੂਰਨ ਪੱਖ ਸੀ। ਪ੍ਰਭਾਵਿਤ ਖੇਤਰਾਂ ਵਿੱਚ ਸਥਾਨਕ ਸਭਿਆਚਾਰ ਅਤੇ ਆਦਿਵਾਸੀ ਮਾਨਤਾਵਾਂ ਨੂੰ ਸੰਭਾਲਦੇ ਹੋਏ ਵਿਕਾਸ ਦਾ ਮਾਡਲ ਅਪਣਾਇਆ ਗਿਆ। ਨਕਸਲਵਾਦ ਵਿਰੋਧੀ ਰਾਸ਼ਟਰੀ ਨੀਤੀ ਅਧੀਨ ਸੁਰੱਖਿਆ ਦੇ ਨਾਲ ਵਿਕਾਸ ਨੂੰ ਜੋੜਿਆ ਗਿਆ। ਪਿਛਲੇ ਦਹਾਕੇ ਵਿੱਚ ਛੱਤੀਸਗੜ੍ਹ ਸਮੇਤ ਕਈ ਖੇਤਰਾਂ ਵਿੱਚ ਵੱਡੇ ਪੱਧਰ 'ਤੇ ਨਿਵੇਸ਼ ਕਰਕੇ ਬੁਨਿਆਦੀ ਢਾਂਚੇ ਦਾ ਵਿਸਥਾਰ ਕੀਤਾ ਗਿਆ। ਘਰਾਂ ਦੀ ਨਿਰਮਾਣ ਯੋਜਨਾ, ਸੜਕਾਂ ਦਾ ਜਾਲ, ਬਿਜਲੀ, ਪਾਣੀ, ਰਸੋਈ ਗੈਸ ਅਤੇ ਮੋਬਾਈਲ ਕਨੈਕਟਿਵਿਟੀ—ਇਹ ਸਭ ਮਿਲ ਕੇ ਉਸ ਖਾਲੀਪਣ ਨੂੰ ਭਰ ਰਹੇ ਹਨ, ਜਿਸਦਾ ਫਾਇਦਾ ਮਾਓਵਾਦੀ ਲਹਿਰ ਲੈਂਦੀ ਸੀ । ਸਿੱਖਿਆ ਅਤੇ ਸਿਹਤ ਸੇਵਾਵਾਂ ਦਾ ਵਿਸਥਾਰ ਅਤੇ ਰੁਜ਼ਗਾਰ ਯੋਜਨਾਵਾਂ ਨੇ ਨਵੀਂ ਪੀੜ੍ਹੀ ਨੂੰ ਬੰਦੂਕ ਦੀ ਥਾਂ ਕਿਤਾਬ ਅਤੇ ਕੌਸ਼ਲ ਵੱਲ ਮੋੜਿਆ ਹੈ। ਖ਼ਾਸ ਤੌਰ 'ਤੇ ਮਾਓਵਾਦੀ ਲਹਿਰ ਵਿੱਚ ਫਸੀਆਂ ਨੌਜਵਾਨ ਕਬਾਇਲੀ ਲੜਕੀਆਂ ਦੇ ਮੁੜ ਵਸੇਬੇ ਨੂੰ ਪ੍ਰਾਥਮਿਕਤਾ ਦਿੱਤੀ ਗਈ । ਸਿੱਖਿਆ, ਸਿਹਤ ਅਤੇ ਰੁਜ਼ਗਾਰ ਮੁਖੀ ਯੋਜਨਾਵਾਂ ਰਾਹੀਂ ਉਨ੍ਹਾਂ ਨੂੰ ਇੱਕ ਨਵਾਂ ਜੀਵਨ ਦੇਣ ਦੀ ਕੋਸ਼ਿਸ਼ ਕੀਤੀ ਗਈ। ਅੱਜ ਹਾਲਾਤ ਇਹ ਹਨ ਕਿ ਕਈ ਪਰਿਵਾਰ ਆਪਣੇ ਬੱਚਿਆਂ ਨੂੰ ਹਥਿਆਰ ਛੱਡਣ ਅਤੇ ਘਰ ਵਾਪਸੀ ਲਈ ਮਨਾਉਂਦੇ ਨਜ਼ਰ ਆ ਰਹੇ ਹਨ।

ਦੂਜੇ ਪਾਸੇ, ਮਿੱਥੇ ਸਮੇਂ ਤੱਕ ਮਾਓਵਾਦ ਦਾ ਖੁਰਾ-ਖੋਜ ਮਿਟਾਉਣ ਦੇ ਸੰਕਲਪ 'ਤੇ ਅਮਲ ਕਰਦਿਆਂ ਸੁਰੱਖਿਆ ਬਲਾਂ ਨੇ ਜੰਗਲਾਂ ਅਤੇ ਪਹਾੜੀਆਂ ਵਿੱਚ ਗਹਿਰੀ ਖੋਜ ਮੁਹਿੰਮਾਂ ਚਲਾਈਆਂ। ਸਥਾਨਕ ਲੋਕਾਂ ਦਾ ਸਹਿਯੋਗ ਇਸ ਵਿੱਚ ਨਿਰਣਾਇਕ ਸਾਬਤ ਹੋਇਆ। ਇਹ ਸਿਰਫ਼ ਫੌਜੀ ਕਾਰਵਾਈ ਨਹੀਂ ਸੀ; ਇਹ ਰਾਜ ਅਤੇ ਸਮਾਜ ਦੀ ਸਾਂਝੀ ਲੜਾਈ ਸੀ। ਕਾਂਗਰਸ ਦੇ ਰਾਜ ਦੌਰਾਨ ਸ਼ਹਿਰੀ ਨਕਸਲੀਆਂ ਦਾ ਇੱਕ ਵਾਤਾਵਰਣ ਤੰਤਰ ਮੌਜੂਦ ਸੀ ਜੋ ਮਾਓਵਾਦੀ ਹਿੰਸਾ ਨੂੰ ਵਿਚਾਰਧਾਰਕ ਜਾਮਾ ਪਹਿਨਾ ਕੇ ਉਸਦੀ ਨਿੰਦਾ ਨੂੰ ਕਮਜ਼ੋਰ ਕਰਦਾ ਰਿਹਾ। ਮਾਓਵਾਦੀ ਅੱਤਵਾਦ ਦੇ ਪੀੜਤਾਂ ਦੀਆਂ ਕਹਾਣੀਆਂ ਕਦੇ ਮੁੱਖ ਧਾਰਾ ਵਿਚਾਰ-ਵਟਾਂਦਰੇ ਦਾ ਹਿੱਸਾ ਨਹੀਂ ਬਣ ਸਕੀਆਂ। ਹਜ਼ਾਰਾਂ ਪਰਿਵਾਰ, ਜਿਨ੍ਹਾਂ ਦੇ ਮੈਂਬਰਾਂ ਨੇ ਆਪਣੀਆਂ ਲੱਤਾਂ, ਹੱਥ ਜਾਂ ਅੱਖਾਂ ਗੁਆਈਆਂ, ਅਕਸਰ ਅਦ੍ਰਿਸ਼ ਰਹੇ। ਪਿਛਲੇ ਪੰਜ ਦਹਾਕਿਆਂ ਵਿੱਚ ਮਾਓਵਾਦੀ ਅੱਤਵਾਦ ਨੇ ਹਜ਼ਾਰਾਂ ਜਾਨਾਂ ਲੈ ਲਈਆਂ—ਸੁਰੱਖਿਆ ਕਰਮਚਾਰੀ, ਪੇਂਡੂ ਲੋਕ, ਆਦਿਵਾਸੀ ਭਰਾ-ਭੈਣ—ਕਈਆਂ ਦੀ ਕੁਰਬਾਨੀ ਇਸ ਕਾਲਖ ਭਰੇ ਅਧਿਆਇ ਦੀ ਗਵਾਹ ਹੈ।

ਇੱਕ ਸਮਾਂ ਸੀ ਜਦੋਂ ਦੇਸ਼ ਦਾ ਇੱਕ-ਤਿਹਾਈ ਹਿੱਸਾ ਨਕਸਲਵਾਦ ਦੇ ਪ੍ਰਭਾਵ ਹੇਠ ਸੀ। ਸੰਵਿਧਾਨ ਕਾਗਜ਼ਾਂ 'ਤੇ ਸੀ, ਪਰ ਲਾਲ ਗਲਿਆਰੇ ਵਿੱਚ ਉਸਦੀ ਹਾਜ਼ਰੀ ਮਹਿਸੂਸ ਨਹੀਂ ਹੁੰਦੀ ਸੀ। ਚੁਣੀਆਂ ਹੋਈਆਂ ਸਰਕਾਰਾਂ ਦੀ ਜਾਇਜ਼ਤਾ ਨੂੰ ਚੁਣੌਤੀ ਮਿਲਦੀ ਸੀ। ਸ਼ਾਮ ਤੋਂ ਬਾਅਦ ਘਰੋਂ ਬਾਹਰ ਨਿਕਲਣਾ ਡਰ ਦਾ ਕਾਰਨ ਬਣ ਜਾਂਦਾ ਸੀ। ਅੱਜ ਲਾਲ ਗਲਿਆਰੇ ਦੀ ਕਹਾਣੀ ਆਪਣੇ ਆਖਰੀ ਅਧਿਆਇ ਵੱਲ ਵਧ ਰਹੀ ਹੈ। ਜਿਹੜੇ ਖੇਤਰ ਕਦੇ ਹਿੰਸਾ ਨਾਲ ਪਰਿਭਾਸ਼ਿਤ ਹੁੰਦੇ ਸਨ, ਉਹ ਹੁਣ ਵਿਕਾਸ ਅਤੇ ਆਸ ਨਾਲ ਜਾਣੇ ਜਾ ਰਹੇ ਹਨ। ਲਾਲ ਸੂਰਜ ਡੁੱਬਣ ਦੀ ਇਹ ਉਪਮਾ ਸਿਰਫ਼ ਪ੍ਰਤੀਕ ਨਹੀਂ—ਇਹ ਇੱਕ ਅੰਤ ਦੀ ਘੋਸ਼ਣਾ ਹੈ। ਹੁਣ ਉਹ ਦਿਨ ਦੂਰ ਨਹੀਂ ਜਦੋਂ ਦੇਸ਼ ਨਕਸਲਵਾਦ ਤੋਂ ਪੂਰੀ ਤਰ੍ਹਾਂ ਮੁਕਤ ਹੋਵੇਗਾ ਅਤੇ ਜਿਨ੍ਹਾਂ ਜੰਗਲਾਂ ਵਿੱਚ ਕਦੇ ਗੋਲੀਆਂ ਦੀ ਗੂੰਜ ਹੁੰਦੀ ਸੀ, ਉੱਥੇ ਵਿਕਾਸ ਅਤੇ ਸ਼ਾਂਤੀ ਦੀ ਆਵਾਜ਼ ਸੁਣਾਈ ਦੇਵੇਗੀ।



ਵਿੰਕਲਜੀਤ ਸਿੰਘ ਸਰਾ
9501477889

# ਗੁਜਰਾਤ ਦੇ ਵਿਕਾਸ ਦਾ ਨਵਾਂ ਅਧਿਆਇ, ਸ਼੍ਰੀ ਹਰਸ਼ ਸੰਘਵੀ ਦਾ ਦੂਰਦਰਸ਼ੀ ਨੇਤ੍ਰਿਤਵ

## ਨੌਜਵਾਨ ਸਿਆਸਤਦਾਨ ਦੀ ਉੱਭਰਦੀ ਸ਼ਖ਼ਸੀਅਤ ਅਤੇ ਲੋਕ ਸੇਵਾ ਦਾ ਜਜ਼ਬਾ

ਭਾਰਤ ਦੇ ਮੌਜੂਦਾ ਸਿਆਸੀ ਨਕਸ਼ੇ 'ਤੇ ਗੁਜਰਾਤ ਇੱਕ ਅਜਿਹੇ ਰਾਜ ਵਜੋਂ ਉੱਭਰਿਆ ਹੈ, ਜਿਸ ਨੇ ਵਿਕਾਸ ਦੇ ਨਵੇਂ ਮਾਪਦੰਡ ਸਥਾਪਿਤ ਕੀਤੇ ਹਨ। ਇਸ ਵਿਕਾਸ ਯਾਤਰਾ ਵਿੱਚ ਸ਼੍ਰੀ ਹਰਸ਼ ਸੰਘਵੀ ਇੱਕ ਅਜਿਹੀ ਸ਼ਖਸੀਅਤ ਵਜੋਂ ਸਾਹਮਣੇ ਆਏ ਹਨ ਜਿਨ੍ਹਾਂ ਨੇ ਬਹੁਤ ਹੀ ਛੋਟੀ ਉਮਰ ਵਿੱਚ ਵੱਡੀਆਂ ਜ਼ਿੰਮੇਵਾਰੀਆਂ ਨੂੰ ਬਾਖ਼ੂਬੀ ਨਿਭਾਇਆ ਹੈ। ਉਨ੍ਹਾਂ ਦਾ ਸਿਆਸੀ ਸਫ਼ਰ ਸਿਰਫ਼ ਸੱਤਾ ਪ੍ਰਾਪਤੀ ਦਾ ਸਾਧਨ ਨਹੀਂ ਰਿਹਾ, ਸਗੋਂ ਸਮਾਜ ਦੇ ਹਰ ਵਰਗ ਦੀ ਸੇਵਾ ਅਤੇ ਰਾਜ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਦੀ ਇੱਕ ਲਗਾਤਾਰ ਚੱਲਣ ਵਾਲੀ ਪ੍ਰਕਿਰਿਆ ਹੈ। ਪੀ.ਆਈ.ਬੀ (PIB) ਜਲੰਧਰ ਵੱਲੋਂ ਆਯੋਜਿਤ ਪ੍ਰੈੱਸ ਟੂਰ ਦੌਰਾਨ ਜਦੋਂ ਪੰਜਾਬ ਦੇ ਪੱਤਰਕਾਰਾਂ ਨੇ ਉਨ੍ਹਾਂ ਨਾਲ ਮੁਲਾਕਾਤ ਕੀਤੀ ਤਾਂ ਉਨ੍ਹਾਂ ਦੇ ਸੁਭਾਅ ਵਿੱਚ ਮਿਲੀ ਨਿਮਰਤਾ ਅਤੇ ਕੰਮ ਪ੍ਰਤੀ ਜਨੂੰਨ ਨੇ ਸਭ ਨੂੰ ਪ੍ਰਭਾਵਿਤ ਕੀਤਾ। ਉਨ੍ਹਾਂ ਦਾ ਮੰਨਣਾ ਹੈ ਕਿ ਰਾਜਨੀਤੀ ਵਿੱਚ ਨੌਜਵਾਨਾਂ ਦੀ ਭਾਗੀਦਾਰੀ ਸਿਰਫ਼ ਵੋਟ ਪਾਉਣ ਤੱਕ ਸੀਮਿਤ ਨਹੀਂ ਹੋਣੀ ਚਾਹੀਦੀ ਸਗੋਂ ਉਨ੍ਹਾਂ ਨੂੰ ਨੀਤੀ ਨਿਰਮਾਣ ਵਿੱਚ ਵੀ ਅਹਿਮ ਭੂਮਿਕਾ ਨਿਭਾਉਣੀ ਚਾਹੀਦੀ ਹੈ।

**ਗੁਜਰਾਤ ਦੀ ਕਾਨੂੰਨ-ਵਿਵਸਥਾ ਵਿੱਚ ਇਨਕਲਾਬੀ ਤਬਦੀਲੀਆਂ ਅਤੇ ਸੁਰੱਖਿਅਤ ਸਮਾਜ :** ਗ੍ਰਹਿ ਰਾਜ ਮੰਤਰੀ ਵਜੋਂ ਸ਼੍ਰੀ ਹਰਸ਼ ਸੰਘਵੀ ਨੇ ਗੁਜਰਾਤ ਦੀ ਕਾਨੂੰਨ-ਵਿਵਸਥਾ ਨੂੰ ਇੱਕ ਨਵਾਂ ਮੋੜ ਦਿੱਤਾ ਹੈ। ਉਨ੍ਹਾਂ ਨੇ ਪੁਲਿਸ ਪ੍ਰਸ਼ਾਸਨ ਵਿੱਚ ਆਧੁਨਿਕ ਤਕਨਾਲੋਜੀ ਦੇ ਸੁਮੇਲ ਨੂੰ ਇੰਨੀ ਕੁਸ਼ਲਤਾ ਨਾਲ ਲਾਗੂ ਕੀਤਾ ਹੈ ਕਿ ਅੱਜ ਰਾਜ ਦੇ ਨਾਗਰਿਕ, ਖਾਸ ਕਰਕੇ ਔਰਤਾਂ ਅਤੇ ਬੱਚੇ, ਆਪਣੇ ਆਪ ਨੂੰ ਵਧੇਰੇ ਸੁਰੱਖਿਅਤ ਮਹਿਸੂਸ ਕਰਦੇ ਹਨ। ਉਨ੍ਹਾਂ ਦੀ ਅਗਵਾਈ ਹੇਠ ਵਿਸ਼ਵਾਸ ਪ੍ਰੋਜੈਕਟ ਵਰਗੀਆਂ ਪਹਿਲਕਦਮੀਆਂ ਨੇ ਪੂਰੇ ਰਾਜ ਵਿੱਚ ਸੀਸੀਟੀਵੀ ਨੈੱਟਵਰਕ ਰਾਹੀਂ ਅਪਰਾਧੀਆਂ 'ਤੇ ਨਜ਼ਰ ਰੱਖਣ ਵਿੱਚ ਮਦਦ ਕੀਤੀ ਹੈ। ਉਨ੍ਹਾਂ ਦਾ ਸਪੱਸ਼ਟ ਮੰਨਣਾ ਹੈ ਕਿ ਇੱਕ ਸੁਰੱਖਿਅਤ ਮਾਹੌਲ ਹੀ ਉਦਯੋਗਿਕ ਤਰੱਕੀ ਦੀ ਪਹਿਲੀ ਸ਼ਰਤ ਹੈ। ਉਨ੍ਹਾਂ ਨੇ ਪੁਲਿਸ ਬਲ ਨੂੰ ਵਧੇਰੇ ਜਵਾਬਦੇਹ ਅਤੇ ਲੋਕ-ਪੱਖੀ ਬਣਾਉਣ ਲਈ ਨਵੇਂ ਸੁਧਾਰ ਕੀਤੇ ਹਨ, ਜਿਸ ਨਾਲ ਪੁਲਿਸ ਅਤੇ ਜਨਤਾ ਵਿਚਕਾਰ ਦੂਰੀਆਂ ਘੱਟ ਹੋਈਆਂ ਹਨ।

**ਨਸ਼ਾ ਤਸਕਰੀ ਵਿਰੁੱਧ ਫੈਸਲਾਕੁੰਨ ਜੰਗ ਅਤੇ ਨੌਜਵਾਨੀ ਦੀ ਰਾਖੀ :** ਸ਼੍ਰੀ ਹਰਸ਼ ਸੰਘਵੀ ਦੀਆਂ ਸਭ ਤੋਂ ਮਹੱਤਵਪੂਰਨ ਪ੍ਰਾਪਤੀਆਂ ਵਿੱਚੋਂ ਇੱਕ ਨਸ਼ਾ ਤਸਕਰੀ ਵਿਰੁੱਧ ਵਿੱਢੀ ਗਈ ਸਖ਼ਤ ਮੁਹਿੰਮ ਹੈ। ਉਨ੍ਹਾਂ ਨੇ ਗੁਜਰਾਤ ਦੇ ਲੰਬੇ ਸਮੁੰਦਰੀ ਤੱਟ ਨੂੰ ਨਸ਼ਿਆਂ ਦੀ ਸਪਲਾਈ ਲਈ ਵਰਤੇ ਜਾਣ ਤੋਂ ਰੋਕਣ ਲਈ ਕੇਂਦਰੀ ਏਜੰਸੀਆਂ ਨਾਲ ਮਿਲ ਕੇ ਕਈ ਵੱਡੇ ਅਪਰੇਸ਼ਨ ਕੀਤੇ ਹਨ। ਉਨ੍ਹਾਂ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੇ ਜਾਲ ਤੋਂ ਬਚਾਉਣਾ ਉਨ੍ਹਾਂ ਦੀ ਸਭ ਤੋਂ ਵੱਡੀ ਤਰਜੀਹ ਹੈ। ਹਜ਼ਾਰਾਂ ਕਰੋੜਾਂ ਰੁਪਏ ਦੇ ਨਸ਼ੀਲੇ ਪਦਾਰਥਾਂ ਨੂੰ ਜ਼ਬਤ ਕਰਨਾ ਅਤੇ ਤਸਕਰਾਂ ਦੇ ਨੈੱਟਵਰਕ ਨੂੰ ਤੋੜਨਾ ਉਨ੍ਹਾਂ ਦੀ ਜ਼ੀਰੋ ਟੋਲਰੈਂਸ ਨੀਤੀ ਦਾ ਸਬੂਤ ਹੈ। ਉਹ ਨਾ ਸਿਰਫ਼ ਨਸ਼ਿਆਂ ਨੂੰ ਫੜਨ 'ਤੇ ਜ਼ੋਰ ਦਿੰਦੇ ਹਨ, ਸਗੋਂ ਨੌਜਵਾਨਾਂ ਦੇ ਮੁੜ ਵਸੇਬੇ ਅਤੇ ਜਾਗਰੂਕਤਾ ਲਈ ਵੀ ਵਿਸ਼ੇਸ਼ ਪ੍ਰੋਗਰਾਮ ਚਲਾ ਰਹੇ ਹਨ।

**ਨਵਿਆਉਣਯੋਗ ਊਰਜਾ ਦੇ ਖੇਤਰ ਵਿੱਚ ਗੁਜਰਾਤ ਦੀ ਵਿਸ਼ਵ ਪੱਧਰੀ ਅਗਵਾਈ :** ਊਰਜਾ ਦੇ ਖੇਤਰ ਵਿੱਚ ਗੁਜਰਾਤ ਦੀ ਪ੍ਰਗਤੀ ਬਾਰੇ ਗੱਲ ਕਰਦਿਆਂ ਸ਼੍ਰੀ ਸੰਘਵੀ ਨੇ ਬਹੁਤ ਹੀ ਉਤਸ਼ਾਹ ਨਾਲ ਦੱਸਿਆ ਕਿ ਰਾਜ ਅੱਜ ਭਾਰਤ ਨੂੰ 'ਗ੍ਰੀਨ ਐਨਰਜੀ' ਵੱਲ ਲੈ ਕੇ ਜਾਣ ਵਿੱਚ ਮੋਹਰੀ ਭੂਮਿਕਾ ਨਿਭਾ ਰਿਹਾ ਹੈ। ਉਨ੍ਹਾਂ ਨੇ ਦੱਸਿਆ ਕਿ ਦੇਸ਼ ਦੀ ਕੁੱਲ ਨਵਿਆਉਣਯੋਗ ਊਰਜਾ ਉਤਪਾਦਨ ਵਿੱਚ ਗੁਜਰਾਤ ਦਾ 65 ਫੀਸਦੀ ਯੋਗਦਾਨ ਉਨ੍ਹਾਂ ਦੀ ਸਰਕਾਰ ਦੀ ਦੂਰਦਰਸ਼ੀ ਸੋਚ ਦਾ ਨਤੀਜਾ ਹੈ। ਸੋਲਰ ਪੈਨਲ ਅਤੇ ਪਵਨ ਊਰਜਾ ਦੇ ਵਿਸ਼ਾਲ ਪਲਾਂਟ ਲਗਾ ਕੇ ਰਾਜ ਨੇ ਨਾ ਸਿਰਫ਼ ਆਪਣੀਆਂ ਬਿਜਲੀ ਦੀਆਂ ਲੋੜਾਂ ਪੂਰੀਆਂ ਕੀਤੀਆਂ ਹਨ, ਸਗੋਂ ਵਾਤਾਵਰਣ ਨੂੰ ਪ੍ਰਦੂਸ਼ਣ ਮੁਕਤ ਰੱਖਣ ਵਿੱਚ ਵੀ ਅਹਿਮ ਯੋਗਦਾਨ ਪਾਇਆ ਹੈ। ਇਹ ਉਪਲਬਧੀ ਗੁਜਰਾਤ ਨੂੰ ਦੁਨੀਆ ਦੇ ਨਕਸ਼ੇ 'ਤੇ ਇੱਕ ਟਿਕਾਊ ਵਿਕਾਸ ਮਾਡਲ ਵਜੋਂ ਪੇਸ਼ ਕਰਦੀ ਹੈ।

**ਵਾਤਾਵਰਨ ਦੀ ਸੰਭਾਲ ਅਤੇ 10 ਲੱਖ ਰੁੱਖ ਲਗਾਉਣ ਦਾ ਇਤਿਹਾਸਕ ਟੀਚਾ :** ਪ੍ਰਕਿਰਤੀ ਅਤੇ ਵਿਕਾਸ ਵਿਚਕਾਰ ਸੰਤੁਲਨ ਬਣਾ ਕੇ ਰੱਖਣਾ ਸ਼੍ਰੀ ਸੰਘਵੀ ਦੇ ਕਾਰਜਾਂ ਦਾ ਅਹਿਮ ਹਿੱਸਾ ਹੈ। ਉਨ੍ਹਾਂ ਨੇ ਵਾਤਾਵਰਣ ਦੀ ਸੰਭਾਲ ਲਈ ਇੱਕ ਵੱਡੀ ਮੁਹਿੰਮ ਦੀ ਸ਼ੁਰੂਆਤ ਕੀਤੀ ਹੈ,



ਜਿਸ ਤਹਿਤ ਇੱਕ ਹੀ ਸੀਜ਼ਨ ਵਿੱਚ 10 ਲੱਖ ਰੁੱਖ ਲਗਾਉਣ ਦਾ ਟੀਚਾ ਮਿਥਿਆ ਗਿਆ ਹੈ। ਉਨ੍ਹਾਂ ਦਾ ਮੰਨਣਾ ਹੈ ਕਿ ਉਦਯੋਗਿਕ ਤਰੱਕੀ ਦਾ ਫਾਇਦਾ ਤਾਂ ਹੀ ਹੈ ਜੇਕਰ ਸਾਡੇ ਕੋਲ ਸਾਹ ਲੈਣ ਲਈ ਸ਼ੁੱਧ ਹਵਾ ਹੋਵੇ। ਇਹ ਮੁਹਿੰਮ ਸਿਰਫ਼ ਸਰਕਾਰੀ ਫਾਈਲਾਂ ਤੱਕ ਸੀਮਿਤ ਨਹੀਂ ਹੈ ਸਗੋਂ ਇਸ ਵਿੱਚ ਆਮ ਲੋਕਾਂ ਅਤੇ ਖਾਸ ਕਰਕੇ ਵਿਦਿਆਰਥੀਆਂ ਨੂੰ ਵੱਡੀ ਪੱਧਰ 'ਤੇ ਜੋੜਿਆ ਗਿਆ ਹੈ ਤਾਂ ਜੋ ਰੁੱਖਾਂ ਦੀ ਸੁਰੱਖਿਆ ਨੂੰ ਵੀ ਯਕੀਨੀ ਬਣਾਇਆ ਜਾ ਸਕੇ।

**ਖੇਡ ਸੱਭਿਆਚਾਰ ਦਾ ਪੁਨਰ-ਉਥਾਨ ਅਤੇ ਖੇਲ ਮਹਾਂਕੁੰਭ ਦੀ ਸਫਲਤਾ :** ਸ਼੍ਰੀ ਹਰਸ਼ ਸੰਘਵੀ ਖੁਦ ਇੱਕ ਖੇਡ ਪ੍ਰੇਮੀ ਹਨ ਅਤੇ ਉਨ੍ਹਾਂ ਨੇ ਗੁਜਰਾਤ ਵਿੱਚ ਖੇਡਾਂ ਨੂੰ ਸਿਰਫ਼ ਇੱਕ ਮਨੋਰੰਜਨ ਦੇ ਸਾਧਨ ਵਜੋਂ ਨਹੀਂ ਸਗੋਂ ਇੱਕ ਕਰੀਅਰ ਅਤੇ ਅਨੁਸ਼ਾਸਨ ਵਜੋਂ ਉਤਸ਼ਾਹਿਤ ਕੀਤਾ ਹੈ। ਖੇਲ ਮਹਾਂਕੁੰਭ ਵਰਗੇ ਸਮਾਗਮਾਂ ਨੇ ਪਿੰਡ-ਪਿੰਡ ਵਿੱਚੋਂ ਪ੍ਰਤਿਭਾ ਨੂੰ ਲੱਭ ਕੇ ਉਨ੍ਹਾਂ ਨੂੰ ਅੰਤਰਰਾਸ਼ਟਰੀ ਪੱਧਰ 'ਤੇ ਚਮਕਣ ਦਾ ਮੌਕਾ ਦਿੱਤਾ ਹੈ। ਰਾਜ ਵਿੱਚ ਆਧੁਨਿਕ ਸਪੋਰਟਸ ਕੰਪਲੈਕਸਾਂ ਦੀ ਸਥਾਪਨਾ ਅਤੇ ਖਿਡਾਰੀਆਂ ਲਈ ਵਿਸ਼ੇਸ਼ ਵਜ਼ੀਫ਼ਿਆਂ ਦਾ ਪ੍ਰਬੰਧ ਉਨ੍ਹਾਂ ਦੀ ਖੇਡ ਨੀਤੀ ਦਾ ਅਹਿਮ ਹਿੱਸਾ ਹੈ। ਉਨ੍ਹਾਂ ਦੀ ਕੋਸ਼ਿਸ਼ ਹੈ ਕਿ ਗੁਜਰਾਤ ਦੇ ਨੌਜਵਾਨ ਆਉਣ ਵਾਲੀਆਂ ਓਲੰਪਿਕ ਖੇਡਾਂ ਵਿੱਚ ਦੇਸ਼ ਲਈ ਸਭ ਤੋਂ ਵੱਧ ਮੈਡਲ ਜਿੱਤਣ।

**ਪ੍ਰਾਚੀਨ ਵਿਰਾਸਤ ਦੀ ਸੰਭਾਲ ਅਤੇ ਲੋਥਲ ਵਿਖੇ ਸਮੁੰਦਰੀ ਵਿਰਾਸਤੀ ਕੰਪਲੈਕਸ :** ਪ੍ਰੈੱਸ ਟੂਰ ਦੌਰਾਨ ਪੰਜਾਬੀ ਪੱਤਰਕਾਰਾਂ ਨੇ ਦੇਖਿਆ ਕਿ ਕਿਵੇਂ ਸ਼੍ਰੀ ਸੰਘਵੀ ਅਤੇ ਉਨ੍ਹਾਂ ਦੀ ਸਰਕਾਰ ਭਾਰਤ ਦੇ ਗੌਰਵਮਈ ਇਤਿਹਾਸ ਨੂੰ ਸੰਭਾਲਣ ਲਈ ਯਤਨਸ਼ੀਲ ਹੈ। ਲੋਥਲ, ਜੋ ਕਿ ਪ੍ਰਾਚੀਨ ਸਿੰਧੂ ਘਾਟੀ ਸਭਿਅਤਾ ਦਾ ਪ੍ਰਮੁੱਖ ਹਿੱਸਾ ਸੀ, ਵਿਖੇ ਬਣ ਰਿਹਾ ਰਾਸ਼ਟਰੀ ਸਮੁੰਦਰੀ ਵਿਰਾਸਤੀ ਕੰਪਲੈਕਸ ਇਸ ਦੀ ਸਭ ਤੋਂ ਵੱਡੀ ਉਦਾਹਰਨ ਹੈ। ਇਹ ਵਿਸ਼ਵ ਪੱਧਰੀ ਮਿਊਜ਼ੀਅਮ ਨਾ ਸਿਰਫ਼ ਭਾਰਤ ਦੇ ਸਮੁੰਦਰੀ ਵਪਾਰ ਦੇ ਇਤਿਹਾਸ ਨੂੰ ਦਰਸਾਏਗਾ ਸਗੋਂ ਇਹ ਸੈਰ-ਸਪਾਟੇ ਦੇ ਖੇਤਰ ਵਿੱਚ ਇੱਕ ਨਵਾਂ ਮੀਲ ਪੱਥਰ ਸਾਬਤ ਹੋਵੇਗਾ। ਇਸ ਵਿੱਚ 14 ਥੀਮ ਗੈਲਰੀਆਂ ਅਤੇ ਦੁਨੀਆ ਦਾ ਸਭ ਤੋਂ ਉੱਚਾ ਲਾਈਟਹਾਊਸ ਮਿਊਜ਼ੀਅਮ ਹੋਵੇਗਾ ਜੋ ਭਵਿੱਖ ਦੀਆਂ ਪੀੜ੍ਹੀਆਂ ਨੂੰ ਸਾਡੇ ਪੂਰਵਜਾਂ ਦੀ ਤਕਨੀਕੀ ਮੁਹਾਰਤ ਬਾਰੇ ਜਾਣੂੰ ਕਰਵਾਏਗਾ।

**ਪੰਜਾਬ ਅਤੇ ਗੁਜਰਾਤ ਦੇ ਸਬੰਧਾਂ ਵਿੱਚ ਨਵੀਂ ਮਜ਼ਬੂਤੀ ਅਤੇ ਸਾਂਝੇ ਵਿਕਾਸ ਦੀ ਸੋਚ :** ਸ਼੍ਰੀ ਹਰਸ਼ ਸੰਘਵੀ ਨੇ ਪੰਜਾਬ ਤੋਂ ਆਏ ਪੱਤਰਕਾਰਾਂ ਨਾਲ ਬਹੁਤ ਹੀ ਪਿਆਰ ਅਤੇ ਸਤਿਕਾਰ ਨਾਲ ਮੁਲਾਕਾਤ ਕੀਤੀ। ਉਨ੍ਹਾਂ ਨੇ ਦੱਸਿਆ ਕਿ ਗੁਜਰਾਤ ਅਤੇ ਪੰਜਾਬ ਦਾ ਰਿਸ਼ਤਾ ਬਹੁਤ ਪੁਰਾਣਾ ਅਤੇ ਮਜ਼ਬੂਤ ਹੈ। ਉਨ੍ਹਾਂ ਨੇ ਪੰਜਾਬ ਦੀ ਬਹਾਦਰੀ ਅਤੇ ਮਿਹਨਤ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਦੋਵਾਂ ਰਾਜਾਂ ਵਿਚਕਾਰ ਵਿਚਾਰਾਂ ਅਤੇ ਤਕਨਾਲੋਜੀ ਦਾ ਅਦਾਨ-ਪ੍ਰਦਾਨ ਦੇਸ਼ ਦੀ ਤਰੱਕੀ ਲਈ ਬਹੁਤ ਜ਼ਰੂਰੀ ਹੈ। ਉਨ੍ਹਾਂ ਨੇ ਪੱਤਰਕਾਰਾਂ ਨੂੰ ਗੁਜਰਾਤ ਦੇ ਵੱਖ-ਵੱਖ ਪ੍ਰੋਜੈਕਟਾਂ ਨੂੰ ਨੇੜਿਓਂ ਦੇਖਣ ਲਈ ਪ੍ਰੇਰਿਤ ਕੀਤਾ ਤਾਂ ਜੋ ਇਨ੍ਹਾਂ ਚੰਗੀਆਂ ਪਹਿਲਕਦਮੀਆਂ ਨੂੰ ਹੋਰਨਾਂ ਥਾਵਾਂ 'ਤੇ ਵੀ ਲਾਗੂ ਕੀਤਾ ਜਾ ਸਕੇ। ਉਨ੍ਹਾਂ ਦਾ ਇਹ ਖੁੱਲ੍ਹਾਪਣ ਅਤੇ ਸਾਂਝੇ ਵਿਕਾਸ ਦੀ ਸੋਚ ਉਨ੍ਹਾਂ ਨੂੰ ਇੱਕ ਰਾਸ਼ਟਰੀ ਪੱਧਰ ਦਾ ਨੇਤਾ ਬਣਾਉਂਦੀ ਹੈ।

**ਸਮਾਜਿਕ ਭਲਾਈ ਅਤੇ ਮਹਿਲਾ ਸਸ਼ਕਤੀਕਰਨ ਲਈ ਨਵੀਆਂ ਯੋਜਨਾਵਾਂ :** ਮੰਤਰੀ ਵਜੋਂ ਸ਼੍ਰੀ ਸੰਘਵੀ ਨੇ ਸਮਾਜ ਦੇ ਕਮਜ਼ੋਰ ਵਰਗਾਂ ਅਤੇ ਔਰਤਾਂ ਦੇ ਸਸ਼ਕਤੀਕਰਨ ਲਈ ਕਈ ਅਹਿਮ ਕਦਮ ਚੁੱਕੇ ਹਨ। ਉਨ੍ਹਾਂ ਨੇ ਪੁਲਿਸ ਵਿਭਾਗ ਵਿੱਚ ਔਰਤਾਂ ਦੀ ਭਾਗੀਦਾਰੀ ਵਧਾਉਣ ਅਤੇ ਉਨ੍ਹਾਂ ਦੀ ਸੁਰੱਖਿਆ ਲਈ ਵਿਸ਼ੇਸ਼ 'ਸ਼ੀ ਟੀਮ' (She Team) ਦਾ ਗਠਨ ਕੀਤਾ ਹੈ। ਇਹ ਟੀਮਾਂ ਰਾਜ ਦੇ ਵੱਖ-ਵੱਖ ਸ਼ਹਿਰਾਂ ਵਿੱਚ ਔਰਤਾਂ ਦੀ ਸਹਾਇਤਾ ਲਈ ਹਰ ਵੇਲੇ ਤਿਆਰ ਰਹਿੰਦੀਆਂ ਹਨ। ਇਸ ਤੋਂ ਇਲਾਵਾ ਉਨ੍ਹਾਂ ਨੇ ਸਮਾਜਿਕ ਕੁਰੀਤੀਆਂ ਵਿਰੁੱਧ ਵੀ ਲਗਾਤਾਰ ਮੁਹਿੰਮਾਂ ਚਲਾਈਆਂ ਹਨ, ਜਿਸ ਨਾਲ ਸਮਾਜ ਵਿੱਚ ਇੱਕ ਸਕਾਰਾਤਮਕ ਤਬਦੀਲੀ ਦੇਖਣ ਨੂੰ ਮਿਲੀ ਹੈ। ਉਨ੍ਹਾਂ ਦਾ ਉਦੇਸ਼ ਇੱਕ ਅਜਿਹਾ ਗੁਜਰਾਤ ਬਣਾਉਣਾ ਹੈ, ਜਿੱਥੇ ਹਰ ਨਾਗਰਿਕ ਨੂੰ ਬਰਾਬਰ ਦੇ ਮੌਕੇ ਅਤੇ ਸੁਰੱਖਿਆ ਮਿਲੇ।

**ਉਦਯੋਗਿਕ ਤਰੱਕੀ ਅਤੇ ਨਿਵੇਸ਼ਕਾਂ ਲਈ ਅਨੁਕੂਲ ਮਾਹੌਲ ਦੀ ਸਿਰਜਣਾ :** ਗੁਜਰਾਤ ਨੂੰ ਨਿਵੇਸ਼ਕਾਂ ਦੀ ਪਹਿਲੀ ਪਸੰਦ ਬਣਾਉਣ ਵਿੱਚ ਸ਼੍ਰੀ ਸੰਘਵੀ ਦਾ ਬਹੁਤ ਵੱਡਾ ਹੱਥ ਹੈ। ਉਨ੍ਹਾਂ ਨੇ ਗ੍ਰਹਿ ਮੰਤਰਾਲੇ ਰਾਹੀਂ ਉਦਯੋਗਿਕ ਖੇਤਰਾਂ ਵਿੱਚ ਸੁਰੱਖਿਆ ਦੇ ਅਜਿਹੇ ਪ੍ਰਬੰਧ ਕੀਤੇ ਹਨ ਕਿ ਦੇਸ਼-ਵਿਦੇਸ਼ ਦੀਆਂ ਵੱਡੀਆਂ ਕੰਪਨੀਆਂ ਗੁਜਰਾਤ ਵਿੱਚ ਪੂੰਜੀ ਨਿਵੇਸ਼ ਕਰਨ ਲਈ ਉਤਸ਼ਾਹਿਤ ਹਨ। ਉਨ੍ਹਾਂ ਦਾ ਮੰਨਣਾ ਹੈ ਕਿ ਜਦੋਂ ਉਦਯੋਗ ਵਧਣਗੇ ਤਾਂ ਨੌਜਵਾਨਾਂ ਨੂੰ ਰੁਜ਼ਗਾਰ ਦੇ ਮੌਕੇ ਮਿਲਣਗੇ ਅਤੇ ਰਾਜ ਦੀ ਆਰਥਿਕਤਾ ਮਜ਼ਬੂਤ ਹੋਵੇਗੀ। ਉਨ੍ਹਾਂ ਨੇ ਪ੍ਰਸ਼ਾਸਨਿਕ ਪ੍ਰਕਿਰਿਆਵਾਂ ਨੂੰ ਸਰਲ ਬਣਾਉਣ ਅਤੇ ਭ੍ਰਿਸ਼ਟਾਚਾਰ ਮੁਕਤ ਮਾਹੌਲ ਦੇਣ ਲਈ ਕਈ ਡਿਜੀਟਲ ਪਹਿਲਕਦਮੀਆਂ ਕੀਤੀਆਂ ਹਨ, ਜਿਸ ਨਾਲ ਵਪਾਰ ਕਰਨਾ ਪਹਿਲਾਂ ਨਾਲੋਂ ਬਹੁਤ ਆਸਾਨ ਹੋ ਗਿਆ ਹੈ।

ਸ਼੍ਰੀ ਹਰਸ਼ ਸੰਘਵੀ ਦਾ ਨੇਤ੍ਰਿਤਵ ਅੱਜ ਦੇ ਨੌਜਵਾਨਾਂ ਲਈ ਇੱਕ ਪ੍ਰੇਰਨਾ ਸਰੋਤ ਹੈ। ਉਨ੍ਹਾਂ ਨੇ ਸਾਬਤ ਕਰ ਦਿੱਤਾ ਹੈ ਕਿ ਜੇਕਰ ਇਰਾਦੇ ਮਜ਼ਬੂਤ ਹੋਣ ਅਤੇ ਸੋਚ ਦੂਰਦਰਸ਼ੀ ਹੋਵੇ, ਤਾਂ ਕੋਈ ਵੀ ਟੀਚਾ ਅਸੰਭਵ ਨਹੀਂ ਹੈ। ਪੀ.ਆਈ.ਬੀ. ਜਲੰਧਰ ਵੱਲੋਂ ਕਰਵਾਇਆ ਗਿਆ ਇਹ ਪ੍ਰੈੱਸ ਟੂਰ ਉਨ੍ਹਾਂ ਦੇ ਕੰਮਾਂ ਨੂੰ ਨੇੜਿਓਂ ਸਮਝਣ ਦਾ ਇੱਕ ਵਧੀਆ ਮੌਕਾ ਸੀ। ਆਉਣ ਵਾਲੇ ਸਮੇਂ ਵਿੱਚ ਉਨ੍ਹਾਂ ਦੀ ਅਗਵਾਈ ਹੇਠ ਗੁਜਰਾਤ ਵਿਕਾਸ ਦੀਆਂ ਹੋਰ ਵੀ ਨਵੀਆਂ ਬੁਲੰਦੀਆਂ ਨੂੰ ਛੂਹੇਗਾ।

# ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਪੰਜਾਬ ਸਰਕਾਰ ਨੇ ਸੂਬੇ ਦੀਆਂ ਔਰਤਾਂ ਨੂੰ ਦਿੱਤਾ ਵੱਡਾ ਤੋਹਫਾ :ਵਿਧਾਇਕਾ ਜੀਵਨ ਜੋਤ ਕੌਰ



ਅੰਮ੍ਰਿਤਸਰ, 8 ਮਾਰਚ (ਬਬਲੂ ਮਹਾਜਨ) : ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ 'ਤੇ ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਨੂੰ 1500 ਤੇ 1000 ਰੁਪਏ ਦੇਣ ਸਬੰਧੀ ਲਿਆ ਫੈਸਲਾ ਇਤਿਹਾਸਿਕ ਹੈ। ਵਿਧਾਨ ਸਭਾ ਹਲਕਾ ਅੰਮ੍ਰਿਤਸਰ ਪੂਰਬੀ ਦੀ ਵਿਧਾਇਕਾ ਸ੍ਰੀਮਤੀ ਜੀਵਨ ਜੋਤ ਕੌਰ ਨੇ ਇਸ ਇਤਿਹਾਸਿਕ ਫੈਸਲੇ ਲਈ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਵਿੱਤ ਮੰਤਰੀ ਸ. ਹਰਪਾਲ ਸਿੰਘ ਚੀਮਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਨੇ 2022 ਦੀਆਂ ਚੋਣਾਂ ਦੌਰਾਨ ਪੰਜਾਬ ਦੀਆਂ ਮਹਿਲਾਵਾਂ ਨਾਲ ਕੀਤਾ ਵਾਅਦਾ ਅੱਜ ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ 'ਤੇ ਪੂਰਾ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ 'ਆਪ' ਸਰਕਾਰ ਹਮੇਸ਼ਾ ਹੀ ਮਹਿਲਾਵਾਂ ਦੇ ਸਸ਼ਕਤੀਕਰਨ ਅਤੇ ਉਨ੍ਹਾਂ ਦੀ ਆਰਥਿਕ ਮਜ਼ਬੂਤੀ ਲਈ ਵਚਨਬੱਧ ਰਹੀ ਹੈ।ਉਨ੍ਹਾਂ ਕਿਹਾ ਕਿ ਆਪ ਸਰਕਾਰ ਵੱਲੋਂ ਸਮਾਜਿਕ ਨਿਆਂ ਅਤੇ ਮਹਿਲਾ ਸਸ਼ਕਤੀਕਰਨ ਨੂੰ ਮਜ਼ਬੂਤ ਕਰਨ ਲਈ ਵੱਡਾ ਕਦਮ ਚੁੱਕਦਿਆਂ ਦਲਿਤ ਵਰਗ ਨਾਲ ਸੰਬੰਧਿਤ ਮਹਿਲਾਵਾਂ ਨੂੰ ਹਰ ਮਹੀਨੇ 1500 ਰੁਪਏ ਅਤੇ ਜਰਨਲ ਵਰਗ ਨਾਲ ਸੰਬੰਧਿਤ ਮਹਿਲਾਵਾਂ ਨੂੰ ਹਰ ਮਹੀਨੇ 1000 ਰੁਪਏ ਸਨਮਾਨ ਰਾਸ਼ੀ ਦੇਣ ਦਾ ਐਲਾਨ ਕੀਤਾ ਗਿਆ ਹੈ।ਵਿਧਾਇਕਾ ਜੀਵਨ ਜੋਤ ਕੌਰ ਨੇ ਕਿਹਾ ਕਿ ਇਹ ਫ਼ੈਸਲਾ ਮਹਿਲਾਵਾਂ ਨੂੰ ਆਤਮਨਿਰਭਰ ਬਣਾਉਣ ਦੇ ਨਾਲ-ਨਾਲ ਸਮਾਜ ਵਿੱਚ ਉਨ੍ਹਾਂ ਦੀ ਭੂਮਿਕਾ ਨੂੰ ਹੋਰ ਮਜ਼ਬੂਤ ਕਰੇਗਾ।ਉਨ੍ਹਾਂ ਕਿਹਾ ਕਿ ਮਾਨ ਸਰਕਾਰ ਵੱਲੋਂ ਲਗਾਤਾਰ ਲੋਕ-ਹਿਤੈਸ਼ੀ ਫ਼ੈਸਲੇ ਲਏ ਜਾ ਰਹੇ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਲੋਕਾਂ ਦੀ ਭਲਾਈ ਲਈ ਅਜਿਹੇ ਕਦਮ ਜਾਰੀ ਰਹਿਣਗੇ।

# ਡੇਰਾ ਬਾਬਾ ਨਾਨਕ 'ਚ 'ਆਪ' ਵੱਲੋਂ ਮਨਾਇਆ ਗਿਆ ਅੰਤਰਰਾਸ਼ਟਰੀ ਮਹਿਲਾ ਦਿਵਸ

ਡੇਰਾ ਬਾਬਾ ਨਾਨਕ,8:ਮਾਰਚ(ਹੈਪੀ ਕੋਟਲੀ)ਸਰਕਾਰੀ ਸੀਨੀਅਰ ਸਮਾਰਟ ਸਕੂਲ ਲੜਕੇ ਡੇਰਾ ਬਾਬਾ ਨਾਨਕ ਵਿਖੇ ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ ਪੇਂਡੂ ਵਿਕਾਸ ਅਤੇ ਪੰਚਾਇਤਾ ਵਿਭਾਗ ਪੰਜਾਬ ਵੱਲੋਂ ਇੱਕ ਵਿਸ਼ੇਸ਼ ਸਮਾਗਮ ਕਰਵਾਇਆ ਗਿਆ।ਇਸ ਮੌਕੇ ਹਲਕਾ ਡੇਰਾ ਬਾਬਾ ਨਾਨਕ ਦੀਆਂ ਵੱਖ-ਵੱਖ ਖੇਤਰਾਂ ਵਿੱਚ ਵਿਲੱਖਣ ਸੇਵਾਵਾਂ ਨਿਭਾਉਣ ਵਾਲੀਆਂ ਉੱਦਮੀ ਮਹਿਲਾਵਾਂ ਨੂੰ ਸਨਮਾਨਿਤ ਕੀਤਾ ਗਿਆ।ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਹਲਕਾ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਦੇ ਧਰਮ ਪਤਨੀ ਮੈਡਮ ਕੁਲਬੀਰ ਕੌਰ ਰੰਧਾਵਾ ਵੱਲੋਂ ਸਿਰਕਤ ਕੀਤੀ ਗਈ।ਮੈਡਮ ਕੁਲਬੀਰ ਕੌਰ ਰੰਧਾਵਾ ਦਾ ਪੁੱਜਣ ਤੇ ਇਲਾਕੇ ਦੀਆਂ ਸਰਪੰਚ ਪੰਚ ਮਹਿਲਾਵਾਂ ਵੱਲੋਂ ਬੁੱਕਾ ਭੇਟ ਕਰਕੇ ਨਿੱਘਾ ਸਵਾਗਤ ਕੀਤਾ ਇਸ ਸਮਾਗਮ ਦੀ ਆਰੰਭਤਾ ਮੈਡਮ ਕੁਲਬੀਰ ਰੰਧਾਵਾ ਵੱਲੋਂ ਰੇਬਨ ਕੱਟ ਕੇ ਕੀਤੀ ਗਈ।ਆਪਣੇ ਸੰਬੋਧਨ ਦੌਰਾਨ ਮੈਡਮ ਕੁਲਬੀਰ ਕੌਰ ਰੰਧਾਵਾ ਵੱਲੋਂ ਅੰਤਰਰਾਸ਼ਟਰੀ ਮਹਿਲਾ ਦਿਵਸ ਦੀ ਵਧਾਈ ਦਿੱਤੀ ਗਈ ਤੇ ਆਪਣੇ ਵਿਸ਼ਾਲ ਤਜ਼ੁਰਬੇ ਸਾਂਝੇ ਕਰਦਿਆਂ ਕਿਹਾ ਕਿ ਮਹਿਲਾਵਾਂ ਦੀ ਸਮਾਜ ਦੇ ਹਰ ਖੇਤਰ ਵਿੱਚ ਭਾਗੀਦਾਰੀ ਬਹੁਤ ਜ਼ਰੂਰੀ ਹੈ। ਉਨ੍ਹਾਂ ਨੇ ਖ਼ਾਸ ਤੌਰ ਤੇ ਮਹਿਲਾਵਾਂ ਦੀ ਰਾਜਨੀਤੀ ਵਿੱਚ ਸਕ੍ਰਿਅ ਭਾਗੀਦਾਰੀ ਅਤੇ ਲੜਕੀਆਂ ਦੀ ਸਿੱਖਿਆ ਨੂੰ ਪ੍ਰੋਤਸਾਹਿਤ ਕਰਨ ਉਤੇ ਜ਼ੋਰ ਦਿੱਤਾ।ਇਸ ਮੌਕੇ ਮੈਡਮ ਕੁਲਬੀਰ ਕੌਰ ਰੰਧਾਵਾ ਵੱਲੋਂ ਪੰਜਾਬ ਸਰਕਾਰ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਨੇ ਜੋ ਅੱਜ ਮਹਿਲਾ ਦਿਵਸ ਮੌਕੇ ਬਜਟ ਪੇਸ਼ ਕੀਤਾ ਹੈ ਉਹ ਸਲਾਗਾ ਯੋਗ ਹੈ ਤੇ ਜੋ ਗਰੰਟੀ ਮਹਿਲਾਵਾਂ ਨਾਲ ਹਜ਼ਾਰ ਰੁਪਏ ਦੀ ਕੀਤੀ ਸੀ ਉਸ ਨੂੰ ਅੱਜ ਲਾਗੂ ਕੀਤਾ ਗਿਆ ਹੈ ਉਹਨਾਂ ਕਿਹਾ ਕਿ ਮਹਿਲਾਵਾਂ ਨੂੰ ਇਸ ਸਕੀਮ ਦਾ ਬਹੁਤ ਵੱਡਾ ਫਾਇਦਾ ਹੋਵੇਗਾ।ਸਮਾਗਮ ਦੇ ਅੰਤ ਵਿੱਚ ਸੈਂਕੜੇ ਮਹਿਲਾਵਾਂ ਨੂੰ ਸਨਮਾਨ ਪੱਤਰ ਅਤੇ ਯਾਦਗਾਰੀ ਚਿੰਨ੍ਹ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ।ਾਂ ਨੂੰ ਸਨਮਾਨ ਪੱਤਰ ਅਤੇ ਯਾਦਗਾਰੀ ਚਿੰਨ੍ਹ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ।

# ਪ੍ਰੇਮੀ ਤੋਂ ਤੰਗ ਆ ਕੇ ਕੀਤੀ ਖ਼ੁਦਕਸ਼ੀ, ਪ੍ਰੇਮੀ ਸਮੇਤ ਚਾਰ ਵਿਰੁੱਧ ਮਾਮਲਾ ਦਰਜ,

ਮੋਗਾ,8 ਮਾਰਚ ( ਨਿਸ਼ੀ ਮਨਚੰਦਾ, ਗੁਰਦੇਵ ਖਰਾਣਾ ) : ਥਾਣਾ ਧਰਮਕੋਟ ਅਧੀਨ ਪੈਂਦੇ ਪਿੰਡ ਨੂਰਪੁਰ ਹਕੀਮਾ ਨਿਵਾਸੀ ਇੱਕ ਔਰਤ ਵੱਲੋਂ ਕਥਿਤ ਪ੍ਰੇਮੀ ਤੋਂ ਤੰਗ ਆ ਕੇ ਜ਼ਹਿਰੀਲੀ ਦਵਾਈ ਖਾ ਕੇ ਆਪਣੀ ਜੀਵਨ ਲੀਲਾ ਖਤਮ ਕੀਤੇ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ,ਇਸ ਸਬੰਧੀ ਮ੍ਰਿਤਕ ਦੇ ਪਤੀ ਸੁਖਵਿੰਦਰ ਸਿੰਘ ਦੇ ਬਿਆਨਾਂ ਦੇ ਕਥਿਤ ਮੁਲਜ਼ਮ ਸਰਬਜੀਤ ਸਿੰਘ ਸਰਬਾ,ਉਸ ਦਾ ਪਿਤਾ ਜੋਗਿੰਦਰ ਸਿੰਘ ਨਿਵਾਸੀ ਪਿੰਡ ਨੂਰਪੁਰ ਹਕੀਮਾ ਅਤੇ ਦੋ ਅਨਪਛਾਤੇ ਵਿਅਕਤੀਆਂ ਦੇ ਖਿਲਾਫ ਵੱਖ-ਵੱਖ ਧਰਾਵਾਂ ਦੇ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ। ਇਸ ਮਾਮਲੇ 'ਚ ਦੀ ਜਾਂਚ ਸਾਹਿਤ ਥਾਣੇਦਾਰ ਹਰਪ੍ਰੀਤ ਸ਼ਰਮਾ ਵਜੋਂ ਕੀਤੀ ਜਾ ਰਹੀ ਹੈ, ਪੁਲਿਸ ਸੂਤਰਾਂ ਅਨੁਸਾਰ ਮ੍ਰਿਤਕਾ ਦੇ ਮੁਲਜ਼ਮ ਸਰਬਜੀਤ ਸਿੰਘ ਸਰਬਾ ਦੇ ਨਾਲ ਪ੍ਰੇਮ ਸਬੰਧ ਦੱਸੇ ਜਾਂਦੇ ਹਨ, ਜਿਨ੍ਹਾਂ ਦਾ ਆਪਸੀ ਟਕਰਾ ਹੋ ਗਿਆ ਸੀ,ਅਤੇ ਉਸ ਨੇ ਆਪਣੇ ਪ੍ਰੇਮੀ ਤੋਂ ਤੰਗ ਆ ਕੇ ਜੀਵਨ ਲੀਲਾ ਸਮਾਪਤ ਕਰ ਲਈ, ਜਾਂਚ ਅਧਿਕਾਰੀ ਨੇ ਕਿਹਾ ਹੈ ਕਿ ਮ੍ਰਿਤਕਾ ਦੀ ਲਾਸ਼ ਨੂੰ ਸਿਵਲ ਹਸਪਤਾਲ ਮੋਗਾ ਤੋਂ ਪੋਸਟਮਾਰਟਮ ਦੇ ਬਾਅਦ ਹਵਾਲੇ ਕੀਤਾ ਜਾਵੇਗਾ

# ਦਮਦਮੀ ਟਕਸਾਲ ਵੱਲੋਂ ਸਠਿਆਲਾ ਵਿਖੇ ਹੋਈ ਬੇਅਦਬੀ ਦਾ ਲਿਆ ਸਖ਼ਤ ਨੋਟਿਸ



ਬਾਬਾ ਬਕਾਲਾ ਸਾਹਿਬ, 8 ਮਾਰਚ(ਬਲਰਾਜ ਸਿੰਘ ਰਾਜਾ) : ਪਿੰਡ ਸਠਿਆਲਾ ਦੇ ਇਤਿਹਾਸਕ ਅਸਥਾਨ ਗੁਰਦੁਆਰਾ ਨੌਵੀਂ ਪਾਤਿਸ਼ਾਹੀ ਧੜੇਆਣਾ ਸਾਹਿਬ ਵਿਖੇ ਬੀਤੇਂ ਦਿਨੀਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਦੀ ਬੇਅਦਬੀ ਦਾ ਜੋ ਮਾਮਲਾ ਸਾਹਮਣੇ ਆਇਆ ਹੈ,ਉਸਦਾ ਸਖਤ ਨੋਟਿਸ ਲੈਂਦਿਆਂ ਅੱਜ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੇ ਆਦੇਸ਼ਾਂ 'ਤੇ ਦਮਦਮੀ ਟਕਸਾਲ ਦੇ ਜ਼ਿੰਮੇਵਾਰ ਸਿੰਘਾਂ ਨੇ ਵਾਪਰੀ ਘਟਨਾ ਦਾ ਜ਼ਾਇਜ਼ਾ ਲਿਆ ਤੇ ਇਸ ਸਬੰਧੀ ਗੁਰਦੁਆਰਾ ਸਾਹਿਬ ਪ੍ਰਬੰਧਕ ਕਮੇਟੀ ਤੇ ਪਿੰਡ ਦੇ ਮੋਹਤਬਰਾਂ ਨਾਲ ਗੱਲਬਾਤ ਕੀਤੀ। ਮੁੰਬਈ ਤੋਂ ਪ੍ਰੈਸ ਨੋਟ ਜਾਰੀ ਕਰਦੇ ਹੋਏ ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਇਸ ਮੰਦਭਾਗੀ ਘਟਨਾ ਦੀ ਸਖਤ ਸ਼ਬਦਾਂ 'ਚ ਨਿਖੇਧੀ ਕਰਦੇ ਹੋਏ ਕਿਹਾ ਕਿ ਪ੍ਰਸ਼ਾਸ਼ਨ ਇਸ ਮਸਲੇ ਨੂੰ ਪੂਰੀ ਗੰਭੀਰਤਾ ਨਾਲ ਲੈਂਦੇ ਹੋਏ ਫੜ੍ਹੇ ਗਏ ਮੁਜ਼ਰਮ ਦੀ ਚੰਗੀ ਤਰ੍ਹਾਂ ਘੋਖ ਪੜਤਾਲ ਕਰੇ ਤੇ ਪਤਾ ਲਗਾਵੇ ਕਿ ਇਸ ਗਲਤ ਹਰਕਤ ਪਿੱਛੇ ਦਾ ਅਸਲ ਸੱਚ ਕੀ ਹੈ ਤੇ ਕੌਣ ਸ਼ਰਾਰਤੀ ਦਿਮਾਗ ਅਜਿਹੇ ਘਟੀਆ ਮਨਸੂਬਿਆਂ ਨੂੰ ਅੰਜਾਮ ਦੇ ਰਿਹਾ ਹੈ।ਉਨ੍ਹਾਂ ਕਿਹਾ ਕਿ ਇਸ ਘਟਨਾ ਨੇ ਹਰ ਇੱਕ ਸਿੱਖ ਦਾ ਹਿਰਦਾ ਬੁਰੀ ਤਰ੍ਹਾਂ ਵਲੂੰਧਰਿਆਂ ਹੈ ਤੇ ਅਜਿਹੇ ਵਰਤਾਰੇ ਨੂੰ ਕਦੇ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ ।ਇਸ ਲਈ ਸਰਕਾਰ ਦਾ ਮੁੱਢਲਾ ਫਰਜ਼ ਬਣਦਾ ਹੈ ਕਿ ਅਜਿਹੀਆਂ ਘਟਨਾਵਾਂ ਨੂੰ ਹਰ ਹੀਲੇ ਨੱਥ ਪਾਈ ਜਾਵੇ।ਦਮਮਦੀ ਟਕਸਾਲ ਮੁਖੀ ਨੇ ਸਰਕਾਰ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਇਸ ਘਟਨਾ ਦੀ ਉੱਚ ਪੱਧਰੀ ਜਾਂਚ ਪੜਤਾਲ ਕੀਤੀ ਜਾਵੇ ਤੇ ਫਾਸਟ ਟ੍ਰੈਕ 'ਚ ਅਦਾਲਤੀ ਕੇਸ ਚਲਾ ਕੇ ਦੋਸ਼ੀ ਨੂੰ ਇੱਕ ਮਿਸਾਲੀ ਸ਼ਜ਼ਾ ਦਿੱਤੀ ਜਾਵੇ । ਘਟਨਾ ਸਥਾਨ 'ਤੇ ਪੁੱਜੇ ਜਥੇਦਾਰ ਬਾਬਾ ਅਜੀਤ ਸਿੰਘ ਮੁਖੀ ਤਰਨਾ ਦਲ ਮਹਿਤਾ,ਗਿਆਨੀ ਸਾਹਬ ਸਿੰਘ,ਪ੍ਰਿੰ .ਹਰਸ਼ਦੀਫ ਸਿੰਘ ਰੰਧਾਵਾ,ਡਾ.ਅਵਤਾਰ ਸਿੰਘ ਬੁੱਟਰ ,ਸਰਪੰਚ ਕਸ਼ਮੀਰ ਸਿੰਘ ,ਬਾਬਾ ਬੋਹੜ ਸਿੰਘ ਤੇ ਪ੍ਰਿੰ.ਜੋਬਨਪ੍ਰੀਤ ਸਿੰਘ ਨੇ ਕਿਹਾ ਕਿ ਦੋਸ਼ੀ ਨੂੰ ਸਖਤ ਤੋਂ ਸਖਤ ਸਜ਼ਾਂ ਦਿਵਾਉਣ ਲਈ ਦਮਦਮੀ ਟਕਸਾਲ ਵੱਲੋਂ ਪ੍ਰਸ਼ਾਸ਼ਨ ਤੇ ਸੰਗਤਾਂ ਦਾ ਹਰ ਪੱਖੋਂ ਸਾਥ ਦਿੱਤਾ ਜਾਵੇਗਾ।

# ਵਿਕਸਤ ਭਾਰਤ ਜੀ ਰਾਮ ਜੀ ਸੈਲ ਭਾਜਪਾ ਦੇ ਮਾਝਾ ਜ਼ੋਨ ਦੇ ਅਹੁਦੇਦਾਰਾਂ ਦੀ ਮੀਟਿੰਗ

ਸ੍ਰੀ ਹਰਗੋਬਿੰਦਪੁਰ ਸਾਹਿਬ,8 ਮਾਰਚ (ਸੁਖਅੰਮਿਤ ਸਿੰਘ ਸੋਨੂੰ/ਡਾ ਸਰਬਜੀਤ ਸਿੰਘ ਭਿੰਡਰ) :ਵਿਕਸਤ ਭਾਰਤ ਜੀ ਰਾਮ ਜੀ ਸੈਲ ਭਾਰਤੀ ਜਨਤਾ ਪਾਰਟੀ ਦੇ ਮਾਝਾ ਜ਼ੋਨ ਦੇ ਪ੍ਰਧਾਨ ਸੁਰਿੰਦਰ ਸਿੰਘ ਖਾਲਸਾ ਦੇ ਗ੍ਰਹਿ ਵਿਖੇ ਇੱਕ ਮੀਟਿੰਗ ਕੀਤੀ ਗਈ ਇਸ ਮੀਟਿੰਗ ਵਿੱਚ ਵੱਖ ਵੱਖ ਅਹੁਦੇਦਾਰਾਂ ਨੇ ਆਪਣੇ ਆਪਣੇ ਵਿਚਾਰ ਰੱਖੇ ਮੀਟਿੰਗ ਵਿੱਚ ਸੀਨੀਅਰ ਆਗੂ ਸੁਖਵਿੰਦਰ ਸਿੰਘ ਸੁੱਖ ਉਮਰਪੁਰਾ ਨੇ ਵਿਕਸਤ ਭਾਰਤ ਜੀ ਰਾਮ ਜੀ ਸੈਲ ਕਨਵੀਨਰ ਭੀਮ ਸਿੰਘ ਕੋਟਲੀ ਅਤੇ ਸਰਦਾਰ ਚਮਕੀਲਾ ਸਿੰਘ ਕੋਆਰਡੀਨੇਟਰ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਮੁਤਾਬਕ ਜੋ ਵੀ ਸੇਵਾਵਾਂ ਦੱਸੀਆਂ ਗਈਆਂ ਹਨ।ਉਹਨਾਂ ਨੂੰ ਸਮੂਹ ਵਰਕਰਾਂ ਵੱਲੋਂ ਪੂਰੀ ਇਮਾਨਦਾਰੀ ਨਾਲ ਨਿਭਾਈਆਂ ਜਾਣਗੀਆਂ ਇਸ ਮੌਕੇ ਆਏ ਵਰਕਰਾਂ ਦਾ ਸਿਕੰਦਰ ਸਿੰਘ ਖਾਲਸਾ ਨੇ ਧੰਨਵਾਦ ਕੀਤਾ ਅਤੇ 14 ਤਰੀਕ ਨੂੰ ਮੋਗਾ ਵਿਖੇ ਹੋਣ ਵਾਲੀ ਰੈਲੀ ਵਿੱਚ ਜਾਣ ਲਈ ਵਿਚਾਰ ਵਟਾਂਦਰੇ ਕੀਤੇ ਗਏ। ਇਸ ਮੌਕੇ ਬਾਬਾ ਨਿਸ਼ਾਨ ਸਿੰਘ ਚੌਧਰਪੁਰਾ, ਡਾਕਟਰ ਰਜਿੰਦਰ ਸਿੰਘ ਪਾਖਰਪੁਰਾ, ਜਸਵੰਤ ਸਿੰਘ ਪੈਂਟੀ , ਹਰਚਰਨ ਸਿੰਘ ਸਾਹਬਾਦਪੁਰ, ਬਲਬੀਰ ਸਿੰਘ ਚੀਮਾ ,ਟਹਿਲ ਸਿੰਘ ਸਬਰਾਂ, ਸੁਖਦੇਵ ਸਿੰਘ, ਦਿਲਬਾਗ ਸਿੰਘ, ਕਸ਼ਮੀਰ ਸਿੰਘ ਚੁੰਗ, ਜਸਬੀਰ ਸਿੰਘ ,ਵਰਿੰਦਰ ਸਿੰਘ ,ਜੋਗਿੰਦਰ ਸਿੰਘ ਮਿਸਰਪੁਰਾ, ਕੁਲਵੰਤ ਸਿੰਘ ਲੱਧਾ ਮੁੰਡਾ ਆਦਿ ਹਾਜਰ ਸਨ।

# ਮਾਨ ਸਰਕਾਰ ਨੇ ਇੱਕ ਹੋਰ ਕੀਤਾ ਵਾਅਦਾ ਪੂਰਾ : ਰਾਜੀਵ ਸ਼ਰਮਾ



ਫਤਿਹਗੜ੍ਹ ਚੂੜੀਆਂ, 8 ਮਾਰਚ (ਰਾਜਨ ਸ਼ਰਮਾ ) : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਐਲਾਨ ਕੀਤਾ ਕਿ ਪੰਜਾਬ ਵਿੱਚ ਔਰਤਾਂ ਨੂੰ ਹਰ ਮਹੀਨੇ 1,000 ਰੁਪਏ ਮਿਲਣਗੇ। ਅਤੇ ਅਨੁਸੂਚਿਤ ਜਾਤੀ ਦੀਆਂ ਔਰਤਾਂ ਨੂੰ 1500 ਰੁਪਏ ਮਿਲਣਗੇ ।ਇਹਨਾਂ ਗੱਲਾਂ ਦਾ ਪ੍ਰਗਟਾਵਾ ਫਤਿਹਗੜ੍ਹ ਚੂੜੀਆਂ ਦੇ ਵਸਨੀਕ ਅਤੇ ਗੁਰਦਾਸਪੁਰ ਲੋਕ ਸਭਾ ਇੰਚਾਰਜ ਰਾਜੀਵ ਸ਼ਰਮਾ ਨੇ ਕੀਤਾ । ਉਨ੍ਹਾਂ ਕਿਹਾ ਬਜਟ ਵਿੱਚ ਔਰਤਾਂ ਨੂੰ ਵਿੱਤੀ ਆਜ਼ਾਦੀ ਦੇਣ ਲਈ ਇਹ ਵਿਵਸਥਾ ਕੀਤੀ ਗਈ ਹੈ। ਤਾਂ ਜੋ ਉਨ੍ਹਾਂ ਨੂੰ ਰੋਜ਼ਾਨਾ ਦੀਆਂ ਜ਼ਰੂਰਤਾਂ ਲਈ ਘਰ ਦੇ ਮੁਖੀ ਤੋਂ ਪੈਸੇ ਨਾ ਮੰਗਣੇ ਪੈਣ। ਰਾਜੀਵ ਸ਼ਰਮਾ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਦਰਪੇਸ਼ ਅਸਲ ਮੁੱਦਿਆਂ ਜਿਵੇਂ ਕਿ ਨਸ਼ੇ, ਗਰੀਬੀ, ਮਹਿੰਗਾਈ ਅਤੇ ਬੇਰੁਜ਼ਗਾਰੀ ਨੂੰ ਹੱਲ ਕਰ ਰਹੀ ਹੈ, ਨਾਲ ਹੀ ਸਰਹੱਦੀ ਖੇਤਰਾਂ ਵਿੱਚ ਬੁਨਿਆਦੀ ਢਾਂਚੇ ਅਤੇ ਜਨਤਕ ਸੇਵਾਵਾਂ ਨੂੰ ਮਜ਼ਬੂਤ ਕਰ ਰਹੀ ਹੈ। ਅਤੇ 'ਆਪ' ਸਰਕਾਰ ਸਰਹੱਦੀ ਖੇਤਰਾਂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ, ਰੁਜ਼ਗਾਰ ਦੇ ਮੌਕੇ ਸਿਰਜਣ ਅਤੇ ਬਿਹਤਰ ਢੰਗ ਨਾਲ ਜਨਤਕ ਸੇਵਾਵਾਂ ਪ੍ਰਦਾਨ ਕਰਨ 'ਤੇ ਧਿਆਨ ਕੇਂਦਰਿਤ ਕਰ ਰਹੀ ਹੈ। ਆਖਿਰ ਵਿੱਚ ਰਾਜੀਵ ਸ਼ਰਮਾ ਨੇ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਜੀ ਮਾਨ ਅਤੇ ਸਮੁੱਚੀ ਆਮ ਆਦਮੀ ਪਾਰਟੀ ਦੀ ਲੀਡਰਸ਼ਿਪ ਦਾ ਪੰਜਾਬ ਦੀਆਂ ਔਰਤਾਂ ਨੂੰ ਹਰੇਕ ਮਹੀਨੇ ਮਿਲਣ ਵਾਲੇ ਇਕ ਹਜਾਰ ਰੁਪਏ ਅਤੇ 1500 ਰੁਪਏ ਲਈ ਤਹਿ ਦਿਲ ਤੋਂ ਧੰਨਵਾਦ ਕੀਤਾ। ਉਸ ਮੌਕੇ ਆਕਾਸ਼ਦੀਪ ਸਿੰਘ, ਬਲਜੀਤ ਸਿੰਘ ਬੱਬੂ ਦੀਪ , ਹਰਜੀਤ ਸਿੰਘ, ਲਖਬੀਰ ਸਿੰਘ ਅਕਸ਼ਾ , ਕ੍ਰਿਸ਼ਨ ਕੁਮਾਰ ਗਾਮਾ, ਸਤਨਾਮ ਸਿੰਘ , ਜਗਦੀਸ਼ ਸਿੰਘ , ਇੰਦਰਜੀਤ ਸਿੰਘ,ਰਾਜੇਸ਼ ਭਾਟੀਆ, ਗੁਰਪ੍ਰੀਤ ਸਿੰਘ, ਰਸ਼ਪਾਲ ਸਿੰਘ, ਨੇ ਵੀ ਪੰਜਾਬ ਸਰਕਾਰ ਦਾ ਇਸ ਫੈਸਲੇ ਲਈ ਧੰਨਵਾਦ ਕੀਤਾ ।

# ਭਗਵੰਤ ਮਾਨ ਸਰਕਾਰ ਨੇ ਮਹਿਲਾਵਾਂ ਪ੍ਰਤੀ ਦਿੱਤੀ ਗਰੰਟੀ ਕੀਤੀ ਪੂਰੀ : ਦੁੱਗਲ



ਧਾਰੀਵਾਲ, 8 ਮਾਰਚ (ਅਸ਼ੋਕ ਕੁਮਾਰ): ਆਪ ਦੀ ਮਾਨ ਸਰਕਾਰ ਨੇ ਮਹਿਲਾਵਾਂ ਲਈ ਆਪਣੀ ਗਰੰਟੀ ਪੂਰੀ ਕਰਦਿਆਂ 'ਮਾਵਾਂ ਧੀਆਂ ਸਤਿਕਾਰ' ਯੋਜਨਾ ਦਾ ਐਲਾਨ ਕੀਤਾ ਹੈ। ਇਸ ਯੋਜਨਾ ਦੇ ਤਹਿਤ 18 ਸਾਲ ਤੋਂ ਉਪਰ ਦੀਆਂ ਜਨਰਲ ਸ਼੍ਰੇਣੀ ਦੀਆਂ ਔਰਤਾਂ ਨੂੰ 1,000 ਰੁਪਏ ਅਤੇ ਐੱਸਸੀ ਸ਼੍ਰੇਣੀ ਦੀਆਂ ਔਰਤਾਂ ਨੂੰ 15,00 ਰੁਪਏ ਦਿੱਤੇ ਜਾਣਗੇ। ਇਹ ਫ਼ਾਇਦਾ ਮਹਿਲਾਵਾਂ ਦੀ ਆਰਥਿਕ ਸਥਿਤੀ ਮਜ਼ਬੂਤ ਕਰਨ, ਸਮਾਜਿਕ ਸਤਿਕਾਰ ਵਧਾਉਣ ਅਤੇ ਪਰਿਵਾਰਕ ਜੀਵਨ ਵਿੱਚ ਉਨ੍ਹਾਂ ਦੀ ਭੂਮਿਕਾ ਸੁਚੇਤ ਕਰਨ ਲਈ ਹੈ।ਨਗਰ ਕੌਂਸਲ ਪ੍ਰਧਾਨ ਅਸ਼ਵਨੀ ਕੁਮਾਰ ਦੁੱਗਲ ਨੇ ਕਿਹਾ ਕਿ ਸਰਕਾਰ ਵੱਲੋਂ ਲਿਆ ਗਿਆ ਇਹ ਫੈਂਸਲਾ ਮਹਿਲਾਵਾਂ ਦੀ ਤਰੱਕੀ ਅਤੇ ਉਨ੍ਹਾਂ ਦੇ ਹੱਕਾਂ ਦੀ ਪੂਰੀ ਸੁਰੱਖਿਆ ਲਈ ਬਹੁਤ ਹੀ ਮਹੱਤਵਪੂਰਨ ਹੈ। ਉਨ੍ਹਾਂ ਨੇ ਕਿਹਾ ਕਿ ਇਸ ਯੋਜਨਾ ਨਾਲ ਮਾਵਾਂ ਅਤੇ ਧੀਆਂ ਨੂੰ ਸਿੱਖਿਆ, ਆਰਥਿਕ ਸਹਾਇਤਾ ਅਤੇ ਸਮਾਜਿਕ ਸਤਿਕਾਰ ਮਿਲੇਗਾ, ਜਿਸ ਨਾਲ ਸਮਾਜ ਵਿੱਚ ਮਹਿਲਾਵਾਂ ਦੀ ਭੂਮਿਕਾ ਮਜ਼ਬੂਤ ਹੋਵੇਗੀ।ਪ੍ਰਧਾਨ ਅਸ਼ਵਨੀ ਕੁਮਾਰ ਦੁੱਗਲ ਨੇ ਕਿਹਾ ਕਿ ਸਰਕਾਰ ਹਮੇਸ਼ਾ ਹੀ ਲੋਕਾਂ ਲਈ ਕੀਤੇ ਵਾਅਦਿਆਂ ਨੂੰ ਨਿਭਾਉਣ ਵਿੱਚ ਯਕੀਨ ਰੱਖਦੀ ਹੈ ਅਤੇ ਮਹਿਲਾਵਾਂ ਦੀ ਤਰੱਕੀ ਲਈ ਨਵੀਆਂ ਯੋਜਨਾਵਾਂ ਲਾਗੂ ਕਰਦੀ ਰਹੇਗੀ। ਇਸ ਨਾਲ ਮਹਿਲਾਵਾਂ ਵਿੱਚ ਸਵਾਲਤਾਕਸ਼ੀ, ਭਰੋਸਾ ਅਤੇ ਆਤਮ-ਸਮਰੱਥਾ ਵਧੇਗੀ। ਸਰਕਾਰ ਦੀ ਇਹ ਕੋਸ਼ਿਸ਼ ਸਮਾਜ ਵਿੱਚ ਨਿਆਂ, ਭਰੋਸਾ ਅਤੇ ਮਹਿਲਾ ਸਸ਼ਕਤੀਕਰਨ ਨੂੰ ਮਜ਼ਬੂਤੀ ਦੇਵੇਗੀ।ਦੁੱਗਲ ਨੇ ਕਿਹਾ ਕਿ ਸਰਕਾਰ ਹਮੇਸ਼ਾ ਹੀ ਲੋਕਾਂ ਲਈ ਕੀਤੇ ਵਾਅਦਿਆਂ ਨੂੰ ਨਿਭਾਉਣ ਵਿੱਚ ਯਕੀਨ ਰੱਖਦੀ ਹੈਅਤੇ ਮਹਿਲਾਵਾਂ ਦੀ ਤਰੱਕੀ ਲਈ ਨਵੀਆਂ ਯੋਜਨਾਵਾਂ ਲਾਗੂ ਕਰਦੀ ਰਹੇਗੀ। ਇਸ ਨਾਲ ਮਹਿਲਾਵਾਂ ਵਿੱਚ ਸਵਾਲਤਾਕਸ਼ੀ, ਭਰੋਸਾ ਅਤੇ ਆਤਮ-ਸਮਰੱਥਾ ਵਧੇਗੀ। ਸਰਕਾਰ ਦੀ ਇਹ ਕੋਸ਼ਿਸ਼ ਸਮਾਜ ਵਿੱਚ ਨਿਆਂ, ਭਰੋਸਾ ਅਤੇ ਮਹਿਲਾ ਸਸ਼ਕਤੀਕਰਨ ਨੂੰ ਮਜ਼ਬੂਤੀ ਦੇਵੇਗੀ।

# ਖ਼ਾਲਸਾ ਕਾਲਜ ਐਜੂਕੇਸ਼ਨ ਦੀ 69ਵੀਂ ਸਾਲਾਨਾ ਕਨਵੋਕੇਸ਼ਨ 'ਚ 250 ਵਿਦਿਆਰਥੀਆਂ ਨੂੰ ਡਿਗਰੀਆਂ ਦੀ ਵੰਡ

## ਸਿੱਖਿਆ ਦਾ ਉਦੇਸ਼ ਚੰਗੇ ਮਨੁੱਖਾਂ ਦਾ ਨਿਰਮਾਣ ਕਰਨਾ ਹੈ : ਪ੍ਰੋ-ਚਾਂਸਲਰ ਛੀਨਾ



ਅੰਮ੍ਰਿਤਸਰ, 8 ਮਾਰਚ (ਗੁਰਦਿਆਲ ਸਿੰਘ) : ਖ਼ਾਲਸਾ ਕਾਲਜ ਆਫ਼ ਐਜੂਕੇਸ਼ਨ, ਜੀ. ਟੀ. ਰੋਡ ਦੇ 69ਵੇਂ ਸਾਲਾਨਾ ਕਨਵੋਕੇਸ਼ਨ ਦੌਰਾਨ 250 ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕੀਤੀਆਂ ਗਈਆਂ। ਖਾਲਸਾ ਕਾਲਜ ਦੇ ਸ: ਸੁੰਦਰ ਸਿੰਘ ਮਜੀਠੀਆ ਹਾਲ ਵਿਖੇ ਕਰਵਾਏ ਗਏ ਉਕਤ ਸਮਾਗਮ ਮੌਕੇ ਮੁੱਖ ਮਹਿਮਾਨ ਵਜੋਂ ਖਾਲਸਾ ਯੂਨੀਵਰਸਿਟੀ ਦੇ ਪ੍ਰੋ-ਚਾਂਸਲਰ ਅਤੇ ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਆਨਰੇਰੀ ਸਕੱਤਰ ਸ: ਰਜਿੰਦਰ ਮੋਹਨ ਸਿੰਘ ਛੀਨਾ ਨੇ ਵਿਦਿਆਰਥੀਆਂ ਨੂੰ ਭਵਿੱਖ ਦੀਆਂ ਚੁਣੌਤੀਆਂ ਲਈ ਤਿਆਰੀ ਕਰਨ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਢੁੱਕਵੀਆਂ ਨੌਕਰੀਆਂ ਦੀ ਭਾਲ ਦਾ ਮੁਕਾਬਲਾ ਵਿਸ਼ਵਵਿਆਪੀ ਹੁੰਦਾ ਜਾ ਰਿਹਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਆਪਣੀ ਪੂਰੀ ਤਾਕਤ ਅਤੇ ਸਮਝ ਨਾਲ ਸਮਾਜ ਦੀ ਸੇਵਾ ਕਰਨ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਇਹ ਸਿੱਖਿਆ ਹੀ ਹੈ ਜੋ ਚੰਗੇ ਮਨੁੱਖਾਂ ਅਤੇ ਕੌਮਾਂ ਦੇ ਨਿਰਮਾਣ 'ਚ ਮਦਦ ਕਰਦੀ ਹੈ। ਸ: ਛੀਨਾ ਨੇ ਕਿਹਾ ਕਿ ਸਿੱਖਿਆ ਦਾ ਮੁੱਖ ਉਦੇਸ਼ ਆਤਮਵਿਸ਼ਵਾਸ, ਅਨੁਸ਼ਾਸਨ ਅਤੇ ਜਾਗਰੂਕਤਾ ਪੈਦਾ ਕਰਨਾ ਹੈ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਜੀਵਨ 'ਚ ਉਦਾਰ ਕਦਰਾਂ-ਕੀਮਤਾਂ ਅਤੇ ਮਨੁੱਖਤਾ ਨੂੰ ਆਪਣਾ ਮੁੱਖ ਕੇਂਦਰ ਬਣਾਉਣਾ ਚਾਹੀਦਾ ਹੈ। ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਜਿਨ੍ਹਾਂ ਨੇ ਡਿਗਰੀਆਂ ਪ੍ਰਾਪਤ ਕੀਤੀਆਂ ਹਨ, ਉਹ ਸਾਡੇ ਭਵਿੱਖ ਦੇ ਅਧਿਆਪਕ ਹਨ ਅਤੇ ਸਿਰਫ਼ ਇਹੋ ਰਾਸ਼ਟਰ ਨਿਰਮਾਤਾ ਹੀ ਆਪਣੇ ਕੀਮਤੀ ਯੋਗਦਾਨਾਂ ਰਾਹੀਂ ਸਾਡੇ ਸਮਾਜ ਅਤੇ ਭਾਈਚਾਰੇ ਨੂੰ ਸਸ਼ਕਤ ਬਣਾ ਸਕਦੇ ਹਨ।ਉਨ੍ਹਾਂ ਕਦਰਾਂ-ਕੀਮਤਾਂ 'ਤੇ ਆਧਾਰਿਤ ਸਿੱਖਿਆ ਪ੍ਰਦਾਨ ਕਰਨ ਲਈ ਆਧੁਨਿਕ ਤਰੀਕਿਆਂ ਅਤੇ ਸਹਾਇਤਾ ਨੂੰ ਅਪਨਾਉਣ ਦੀ ਵਕਾਲਤ ਵੀ ਕੀਤੀ ਜੋ ਕਿ ਅਧਿਆਪਕਾਂ ਦਾ ਮੁੱਖ ਫਰਜ਼ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਾਪਤ ਕਰਨ 'ਤੇ ਵਧਾਈ ਦਿੰਦਿਆਂ ਸਮਾਜ ਅਤੇ ਮਾਪਿਆਂ ਦੀਆਂ ਉਮੀਦਾਂ 'ਤੇ ਖਰਾ ਉਤਰਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਖਾਲਸਾ ਯੂਨੀਵਰਸਿਟੀ ਦੇ ਉਪ ਕੁਲਪਤੀ ਡਾ: ਮਹਿਲ ਸਿੰਘ, ਜੋ ਕਿ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਸਨ, ਨੇ ਸਿੱਖਿਆ ਦੇ ਬਦਲਦੇ ਦ੍ਰਿਸ਼ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਕਿਵੇਂ ਨਵੀਂ ਸਿੱਖਿਆ ਨੀਤੀ ਪੜ੍ਹਾਈ ਦੇ ਉਦੇਸ਼ਾਂ ਨੂੰ ਹੋਰ ਅਧਿਆਪਕ ਅਤੇ ਵਿਦਿਆਰਥੀਆਂ 'ਤੇ ਕੇਂਦ੍ਰਿਤ ਬਣਾ ਰਹੀ ਹੈ।ਉਨ੍ਹਾਂ ਕਿਹਾ ਕਿ ਨਿਰਦੇਸ਼ਾਂ ਦੇ ਸਾਰੇ ਮਾਪਦੰਡ ਬਦਲ ਰਹੇ ਹਨ ਅਤੇ ਅਧਿਆਪਕ ਦੀ ਭੂਮਿਕਾ ਹੋਰ ਚੁਣੌਤੀਪੂਰਨ ਹੁੰਦੀ ਜਾ ਰਹੀ ਹੈ। ਉਨਾਂ ਕਿਹਾ ਕਿ ਸਕੂਲ ਅਤੇ ਉੱਚ ਸਿੱਖਿਆ ਬਦਲ ਰਹੀ ਹੈ। ਸਾਨੂੰ ਪੇਸ਼ੇਵਰਾਂ ਦੀ ਲੋੜ ਹੈ ਪਰਨਾਲਹੀਉਨ੍ਹਾਂਨੂੰਆਪਣੇਦੁਆਰਾਆਉਣ ਵਾਲੀਆਂਪੀੜ੍ਹੀਆਂਲਈਰੋਲਮਾਡਲਵੀਹੋਣਾ ਚਾਹੀਦਾਹੈ।ਇਸਮੌਕੇਸ:ਛੀਨਾਨੇਡਾ.ਮਹਿਲ ਸਿੰਘ ਅਤੇ ਡਾ. ਕੁਮਾਰ ਦੀ ਮੌਜੂਦਗੀ 'ਚ ਸੀਨੀਅਰ ਪ੍ਰੋਫੈਸਰ ਡਾ. ਦੀਪਿਕਾ ਕੋਹਲੀ ਨੂੰ 'ਸਰਵੋਤਮ ਖੋਜਕਰਤਾ' ਐਵਾਰਡ ਅਤੇ ਇਕ ਲੱਖ ਦਾ ਚੈੱਕ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਖਾਲਸਾ ਯੂਨੀਵਰਸਿਟੀ ਦੇ ਰਜਿਸਟਰਾਰ ਡਾ: ਖੁਸ਼ਵਿੰਦਰ ਕੁਮਾਰ ਨੇ ਕਾਲਜ ਦੀ ਪ੍ਰਗਤੀ ਰਿਪੋਰਟ ਪੜ੍ਹੀ ਜਿਸ 'ਚ ਅਕਾਦਮਿਕ, ਪਾਠਕ੍ਰਮ ਤੋਂ ਬਾਹਰ ਅਤੇ ਖੇਡਾਂ ਦੀਆਂ ਪ੍ਰਾਪਤੀਆਂ ਨੂੰ ਉਜਾਗਰ ਕੀਤਾ ਗਿਆ।

# ਛੇਵੇਂ ਪੇਂਡੂ ਖੇਡ ਮੇਲੇ ਦੀਆਂ ਤਿਆਰੀਆਂ ਮੁਕੰਮਲ, ਮੇਲਾ 14 ਨੂੰ

ਗੜ੍ਹਦੀਵਾਲਾ, 8 ਮਾਰਚ (ਗੌਰਵ) :ਬਰਾਓ ਜਿਮ ਦੁਸੜਕਾ ਦੇ ਆਨਰ ਸੰਜੀਵ ਠਾਕੁਰ ਅਤੇ ਸੀਰਤ ਫਿਟ ਵੱਲੋਂ ਛੇਵਾਂ ਪੇਂਡੂ ਖੇਡ ਮੇਲਾ ਬੜੀ ਧੂਮਧਾਮ ਨਾਲ 14 ਮਾਰਚ ਨੂੰ ਰੋਬਿਨ ਪੈਲਸ ਦੁਸੜਕਾ ਵਿਖੇ ਕਰਵਾਇਆ ਜਾ ਰਿਹਾ, ਜਿਸ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਇਸ ਮੌਕੇ ਤੇ ਸੰਜੀਵ ਠਾਕੁਰ ਨੇ ਖੇਡ ਮੇਲੇ ਦਾ ਕਾਰਡ ਐਸਐਮਓ ਭੂੰਗਾ ਡਾਕਟਰ ਰਜੇਸ਼ ਰਾਜਨ ਨੂੰ ਸੱਦਾ ਪੱਤਰ ਦਿੱਤਾ। ਇਸ ਮੌਕੇ ਤੇ ਜਾਣਕਾਰੀ ਦਿੰਦੇ ਹੋਏ ਸੰਜੀਵ ਠਾਕੁਰ ਨੇ ਦੱਸਿਆ ਕਿ ਨੌਜਵਾਨਾਂ ਨੂੰ ਕੁਰੀਤੀਆਂ ਤੋਂ ਦੂਰ ਰੱਖਣ ਲਈ ਅਤੇ ਸਿਹਤ ਨੂੰ ਸੰਭਾਲਣ ਦੇ ਲਈ ਖੇਡ ਮੇਲੇ ਇੱਕ ਅਹਿਮ ਯੋਗਦਾਨ ਪਾਉਂਦੇ ਹਨ ਜਿਸ ਦੇ ਤਹਿਤ ਛੋਟਾ ਜਿਹਾ ਉਪਰਾਲਾ ਬਰਾਓ ਜਿਸ ਅਤੇ ਉੱਥੋਂ ਦੇ ਸਾਰੇ ਸਹਿਯੋਗੀਆਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ। ਇਸ ਵਿੱਚ ਪੁਸ਼ਅਪ, ਛਪਾਟੇ, ਓਪਨ ਪਲੈਂਕ ਪੁਜੀਸ਼ਨ ਮੁੰਡੇ ਕੁੜੀਆਂ ਦੇ ਮੁਕਾਬਲੇ ਕਰਵਾਏ ਜਾਣਗੇ। ਇਹਨਾਂ ਮੁਕਾਬਲਿਆਂ ਵਿੱਚ ਜੇਤੂ ਰਹਿਣ ਵਾਲੇ ਮੁੰਡੇ ਕੁੜੀਆਂ ਨੂੰ ਸਾਡੇ ਕਲੱਬ ਵੱਲੋਂ ਸਨਮਾਨ ਚਿੰਨ ਅਤੇ ਸਨਮਾਨ ਰਾਹੀ ਦੇ ਕੇ ਸਨਮਾਨਿਤ ਕੀਤਾ ਜਾਵੇਗਾ। ਇਸ ਮੌਕੇ ਤੇ ਨਵਦੀਪ ਸਿੰਘ ਦੀਪਾ, ਸੰਜੀਵ ਠਾਕੁਰ ,ਗਗਨ ਮੂਸਾ, ਪ੍ਰਧਾਨ ਆਗਾਜ਼ ਐਨਜੀਓ ਜਲੰਧਰ ਅਮਰਜੀਤ ਸਿੰਘ ਬਿੱਟੀ, ਪਰਮਪ੍ਰੀਤ ਬਿੱਟੀ, ਅਮਰਜੀਤ ਸਿੰਘ ਮੰਗਾ ਅਤੇ ਕਲੱਬ ਮੈਂਬਰ ਹਾਜ਼ਰ ਸਨ।

# ਮੋਗਾ ਬਦਲਾਅ ਰੈਲੀਸਬੰਧੀ ਪ੍ਰਧਾਨ ਅਸ਼ਵਨੀ ਸ਼ਰਮਾ ਨਾਲ਼ ਵਿਚਾਰ ਵਟਾਂਦਰਾ



ਗੜਦੀਵਾਲਾ, 8 ਮਾਰਚ (ਗੌਰਵ ) : ਮੋਗਾ ਬਦਲਾਅ ਰੈਲੀ ਜਿਸ ਨੂੰ ਦੇਸ਼ ਦੇ ਮਾਨਯੋਗ ਗ੍ਰਹਿ ਮੰਤਰੀ ਸ਼੍ਰੀ ਅਮਿਤ ਸ਼ਾਹ ਜੀ ਵਿਸ਼ੇਸ਼ ਤੌਰ 'ਤੇ ਸੰਬੋਧਨ ਕਰਨਗੇ, ਨੂੰ ਲੈ ਕੇ ਭਾਜਪਾ ਵੱਲੋਂ ਤਿਆਰੀਆਂ ਨੂੰ ਤੇਜ਼ੀ ਦਿੱਤੀ ਜਾ ਰਹੀ ਹੈ। ਇਸੇ ਸੰਦਰਭ ਵਿੱਚ ਅੱਜ ਭਾਜਪਾ ਸਟੇਟ ਕਾਰਜਕਾਰਣੀ ਮੈਂਬਰ ਸੰਜੀਵ ਮਨਹਾਸ ਨੇ ਸੂਬਾ ਕਾਰਜਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ ਨਾਲ਼ ਮੀਟਿੰਗ ਕੀਤੀ ਜਿਸ ਵਿੱਚ ਉਹਨਾਂ ਨੇ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੂੰ ਸ਼ਾਮਲ ਕਰਨ ਦੀ ਤਿਆਰੀ ਦੀ ਰਿਪੋਰਟ ਦਿੱਤੀ। ਮਨਹਾਸ ਨੇ ਪ੍ਰਧਾਨ ਅਸ਼ਵਨੀ ਸ਼ਰਮਾ ਜੀ ਨਾਲ਼ ਵਿਸਥਾਰ ਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ। ਸੂਬਾ ਕਾਰਜਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ ਵਲੋਂ ਮੋਗਾ ਰੈਲੀ ਨੂੰ ਵੱਡੀ ਸਫਲਤਾ ਬਣਾਉਣ ਲਈ ਮੈਦਾਨੀ ਪੱਧਰ 'ਤੇ ਚੱਲ ਰਹੀਆਂ ਤਿਆਰੀਆਂ, ਕਾਰਯਕਰਤਾਵਾਂ ਦੀ ਜ਼ਿੰਮੇਵਾਰੀਆਂ ਅਤੇ ਸੰਗਠਨਾਤਮਕ ਪ੍ਰਬੰਧਾਂ ਬਾਰੇ ਵੀ ਸਮੀਖਿਆ ਕੀਤੀ ਜਾ ਰਹੀਂ ਹੈ, ਤਾਂ ਜੋ ਵੱਡੀ ਗਿਣਤੀ ਵਿੱਚ ਲੋਕਾਂ ਦੀ ਭਾਗੀਦਾਰੀ ਨੂੰ ਯਕੀਨੀ ਬਣਾਇਆ ਜਾ ਸਕੇ।ਇਸ ਮੌਕੇ ਕਾਰਜ਼ਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ ਨੇ ਕਿਹਾ ਕਿ ਮੋਗਾ ਵਿੱਚ ਹੋਣ ਵਾਲੀ ਇਹ ਬਦਲਾਅ ਰੈਲੀ ਪੰਜਾਬ ਦੀ ਮੌਜੂਦਾ ਹਾਲਤ ਨੂੰ ਲੈ ਕੇ ਇੱਕ ਮਜ਼ਬੂਤ ਸੰਦੇਸ਼ ਦੇਵੇਗੀ। ਸੂਬੇ ਵਿੱਚ ਵਧ ਰਹੇ ਨਸ਼ਿਆਂ ਦੇ ਕਹਿਰ, ਗੈਂਗਸਟਰਵਾਦ ਦੇ ਫੈਲਾਅ, ਕਾਨੂੰਨ-ਵਿਵਸਥਾ ਦੀ ਬਿਗੜਦੀ ਸਥਿਤੀ ਅਤੇ ਵਿਕਾਸ ਕਾਰਜਾਂ ਦੀ ਮੰਦ ਗਤੀ ਵਰਗੇ ਮੁੱਦੇ ਇਸ ਰੈਲੀ ਦੇ ਕੇਂਦਰ ਵਿੱਚ ਰਹਿਣਗੇ ਅਤੇ ਓਹ ਪੰਜਾਬ ਦੀ ਜਨਤਾ ਦੀ ਆਵਾਜ਼ ਨੂੰ ਬੁਲੰਦ ਕਰਨ ਦਾ ਕੰਮ ਕਰਨਗੇ। ਇਸ ਮੌਕੇ ਸਟੇਟ ਕਾਰਜਕਾਰਣੀ ਮੈਂਬਰ ਅਤੇ ਜ਼ਿਲ੍ਹਾ ਜਲੰਧਰ ਦਿਹਾਤੀ ਇੰਚਾਰਜ ਸੰਜੀਵ ਮਨਹਾਸ ਤੇ ਹੋਰ ਹਾਜ਼ਰ ਸਨ।

# ਮ੍ਰਿਤਕ ਮਹਿਲਾ ਪਰਿਵਾਰ ਨੇ ਇਨਸਾਫ਼ ਲੈਣ ਲਈ ਦਿੱਤਾ ਧਰਨਾ



ਜੰਡਿਆਲਾ ਗੁਰੂ, 8 ਮਾਰਚ (ਰਾਮ ਸ਼ਰਨਜੀਤ ਸਿੰਘ) : ਅੱਜ ਦੇਸ ਭਰ ਵਿੱਚ ਮਹਿਲਾ ਦਿਵਸ ਬੜੇ ਜੋਸ਼ ਖਰੋਸ਼ ਨਾਲ ਮਨਾਇਆ ਜਾ ਰਿਹਾ ਹੈ ਅਤੇ ਮਹਿਲਾਵਾਂ ਦੇ ਰੁਤਬੇ ਨੂੰ ਵੇਖਦਿਆਂ ਹੋਇਆ ਸੋਸ਼ਲ ਮੀਡੀਆ ਪਲੇਟਫਾਰਮ 'ਤੇ ਮਹਿਲਾ ਦਿਵਸ ਸੰਬੰਧੀ ਪੋਸਟਾਂ ਸੇਅਰ ਕੀਤੀਆਂ ਜਾ ਰਹੀਆਂ ਹਨ ਅਤੇ ਪੰਜਾਬ ਸਰਕਾਰ ਵੱਲੋਂ ਮਾਵਾਂ ਧੀਆਂ ਭੈਣਾਂ ਦੇ ਸਤਿਕਾਰ ਵੱਜੋ ਅੱਜ ਸਕੀਮ ਨੂੰ ਹਰੀ ਝੰਡੀ ਦਿੱਤੀ ਜਾ ਰਹੀ ਹੈ ਪਰ ਦੂਜੇ ਪਾਸੇ ਇਕ ਧੀ ਦੀ ਹੋਈ ਮੌਤ 'ਤੇ ਮਾਪਿਆਂ ਨੇ ਧਰਨਾ ਲਗਾ ਕੇ ਆਪਣੀ ਧੀ ਨੂੰ ਇਨਸਾਫ ਦੇਣ ਲਈ ਰਾਸ਼ਟਰੀ ਸੜਕ ਬੰਦ ਕਰਕੇ ਦੋਸ਼ੀਆਂ ਨੂੰ ਗ੍ਰਿਫਤਾਰ ਕਰਨ ਦੀ ਮੰਗ ਕੀਤੀ ਜਾ ਰਹੀ ਹੈ। ਗੱਲ ਕਰ ਰਹੇ ਹਾਂ ਜੰਡਿਆਲਾ ਗੁਰੂ ਅਧੀਨ ਆਉਂਦੇ ਪਿੰਡ ਗਹਿਰੀ ਮੰਡੀ ਵਿਖੇ ਇਕ ਨਵ ਵਿਆਹੁਤਾ ਦੀ ਬੀਤੇ ਦਿਨੀਂ ਗੋਲੀ ਵੱਜਣ ਨਾਲ ਮੌਤ ਹੋ ਗਈ ਸੀ ਜਿਸ ਸਬੰਧੀ ਨਵ ਵਿਆਹੁਤਾ ਲੜਕੀ ਦੇ ਪਰਿਵਾਰ ਵੱਲੋਂ ਪੁਲਿਸ ਕਾਰਵਾਈ ਕਰਵਾਉਂਦਿਆਂ ਹੋਇਆ ਸਾਰੇ ਪਰਿਵਾਰ ਤੇ ਲੜਕੀ ਨੂੰ ਮਾਰਨ ਦਾ ਮਾਮਲਾ ਦਰਜ ਕਰਵਾਇਆ ਗਿਆ ਇਸੇ ਸਬੰਧ ਵਿੱਚ ਜੰਡਿਆਲਾ ਗੁਰੂ ਹਾਈਵੇ ਤੇ ਅੱਜ ਧਰਨਾ ਲਗਾਇਆ ਗਿਆ ਜਿਸ ਨਾਲ ਦੋਨੋਂ ਸਾਈਡਾਂ ਤੇ ਆਵਾਜਾਈ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਗਈ ਅਤੇ ਲੰਬੀਆਂ ਕਤਾਰਾਂ ਲੱਗੀਆਂ ਲੋਕ ਜਾਮ ਵਿੱਚ ਫਸੇ ਰਹੇ ਏਅਰਪੋਰਟ 'ਤੇ ਜਾਣ ਵਾਲੇ ਰਾਹਗੀਰ ਅਤੇ ਬਰਾਤਾਂ ਵੀ ਜਾਮ ਵਿੱਚ ਫਸੀਆਂ ਦਿਖਾਈ ਦਿੱਤੀਆਂ। ! ਇਸ ਮੌਕੇ ਮ੍ਰਿਤਕ ਨਵਿੰਦਰ ਕੌਰ ਦੇ ਤਾਇਆ ਬਲਵਿੰਦਰ ਸਿੰਘ ਵਾਸੀ ਗੁਰਨਾਮ ਨਗਰ ਸੁਲਤਾਨ ਵਿੰਡ ਅੰਮ੍ਰਿਤਸਰ ਨੇ ਦੱਸਿਆ ਕਿ ਬੀਤੀ ਚਾਰ ਫਰਵਰੀ ਨੂੰ ਅਮਰਿੰਦਰ ਸਿੰਘ ਪੁੱਤਰ ਕੁਲਦੀਪ ਸਿੰਘ ਵਾਸੀ ਗਹਿਰੀ ਮੰਡੀ ਨਾਲ ਵਿਆਹ ਹੋਇਆ ਸੀ। ਅਤੇ ਕੁਝ ਦਿਨ ਬਾਅਦ ਹੀ ਲੜਕੀ ਨੂੰ ਤੰਗ ਪ੍ਰੇਸਾਨ ਕੀਤਾ ਜਾਂਦਾ ਸੀ ਬੀਤੇ ਕੱਲ ਉਹਨਾਂ ਨੂੰ ਲੜਕੀ ਦੇ ਸਹੁਰੇ ਪਰਿਵਾਰ ਦਾ ਫੋਨ ਆਇਆ ਕਿ ਲੜਕੀ ਦੀ ਤਬੀਅਤ ਖਰਾਬ ਹੈ ਜਦੋਂ ਲੜਕੀ ਦੇ ਪਰਿਵਾਰ ਨੇ ਆ ਕੇ ਪਹੁੰਚੇ ਤਾਂ ਲੜਕੀ ਲਹੂ ਲੁਹਾਨ ਹੋਈ ਤੇ ਡੈਡ ਬਾਡੀ ਬੈਡ ਤੇ ਪਈ ਸੀ ਗੋਲੀ ਲੜਕੀ ਨਵਿੰਦਰ ਕੌਰ ਦੇ ਸਿਰ ਵਿੱਚ ਵੱਜੀ ਸੀ ਇਸ ਮੌਕੇ ਜੰਡਿਆਲਾ ਥਾਣੇ ਦੇ ਐਸਐਚਉ ਨਰੇਸ਼ ਕੁਮਾਰ ਨੇ ਦੱਸਿਆ ਕਿ ਮ੍ਰਿਤਕ ਲੜਕੀ ਨਵਿੰਦਰ ਕੌਰ ਦੇ ਕਤਲ ਦੇ ਸੰਬੰਧ ਵਿੱਚ ਸਹੁਰਾ ਪਰਿਵਾਰ ਦੇ ਚਾਰ ਪਰੀਵਾਰਕ ਮੈਬਰਾਂ ਵਿਰੁੱਧ ਕੇਸ ਦਰਜ ਕਰ ਲਿਆ ਹੈ।ਕੇਸ ਦਰਜ ਹੋਣ ਤੋਂ ਬਾਅਦ ਅੱਜ ਲੜਕੀ ਪਰਿਵਾਰ ਵੱਲੋਂ ਸਹੁਰੇ ਪਰਿਵਾਰ ਦੇ ਜੀਆਂ ਨੂੰ ਗ੍ਰਿਫਤਾਰ ਨਾ ਕਰਨ ਸਬੰਧੀ ਜੀਟੀ ਰੋਡ ਜੰਡਿਆਲਾ ਜਲੰਧਰ ਹਾਈਵੇ ਨੂੰ ਜਾਮ ਕਰ ਦਿੱਤਾ


## ਸ਼੍ਰੀਰਾਮ ਫਾਈਨੈਂਸ ਲਿਮਟਿਡ

ਰਜਿਸਟਰਡ ਦਫ਼ਤਰ: ਲਿਮਟਿਡ ਰਜਿਸਟਰਡ ਦਫਤਰ ਸ਼੍ਰੀ ਟਾਵਰਜ਼, ਪਲਾਟ ਨੰ. 14ਏ, ਸਾਊਥ ਫੇਜ਼, ਇੰਡਸਟਰੀਅਲ ਅਸਟੇਟ, ਗਿੰਡੀ, ਚੇਨਈ ਤਾਮਿਲਨਾਡੂ-600032, ਤਾਮਿਲਨਾਡੂ, ਅਤੇ ਵੈਂਕਹਾਰਟ ਟਾਵਰਜ਼, ਲੈਵਲ-3, ਸੀ-2, ਜੀ ਬਲਾਕ, ਬਦਰਾ-ਕੁਰਲਾ ਕੰਪਲੈਕਸ, ਬਾਂਦਰਾ (ਪੂਰਬੀ) ਮੁੰਬਈ-40051

ਸ਼ਾਖਾ ਦਫਤਰ : ਬੀ-21-14615/1630/1630 ਏ, ਮਲਟੀਸਟੋਰੇਅ ਬਿਲਡਿੰਗ, ਬਾਲ ਕੰਪਲੈਕਸ (ਪਹਿਲੀ ਮੰਜ਼ਿਲ) ਗਾਂਧੀ ਨਗਰ, ਢੋਲੇਵਾਲ ਚੌਕ, ਲੁਧਿਆਣਾ

### ਸੰਕੇਤਕ ਕਬਜ਼ਾ ਸੂਚਨਾ

ਜਿੱਥੇ, ਹੇਠਾਂ ਹਸਤਾਖਰ ਕਰਨ ਵਾਲੇ ਨੇ ਵਿੱਤੀ ਸੰਪਤੀਆਂ ਦੀ ਸੁਰੱਖਿਆ ਅਤੇ ਪੁਨਰ ਨਿਰਮਾਣ ਅਤੇ ਸੁਰੱਖਿਆ ਵਿਆਜ ਐਕਟ, 2002 (ਉਕਤ ਐਕਟ) ਦੇ ਉਪਬੰਧਾਂ ਦੇ ਤਹਿਤ ਸ਼੍ਰੀਰਾਮ ਫਾਈਨੈਂਸ ਲਿਮਟਿਡ (SFL) ਦੇ ਅਧਿਕਾਰਤ ਅਧਿਕਾਰੀ ਹੋਣ ਦੇ ਨਾਤੇ ਅਤੇ ਸੁਰੱਖਿਆ ਹਿੱਤ (ਲਾਗੂਕਰਨ) ਨਿਯਮ, 2002 (ਉਕਤ ਨਿਯਮ) ਦੇ ਨਿਯਮ 3 ਦੇ ਨਾਲ ਪੜ੍ਹੇ ਗਏ ਉਕਤ ਐਕਟ ਦੀ ਧਾਰਾ 13(2) ਦੇ ਤਹਿਤ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ, ਕਰਜ਼ਦਾਰਾਂ ਦੇ ਵੇਰਵਿਆਂ ਨੂੰ ਮੰਗ ਨੋਟਿਸ ਜਾਰੀ ਕੀਤੇ।
ਜਿਨ੍ਹਾਂ ਵਿੱਚੋਂ ਹੇਠਾਂ ਦਿੱਤੀ ਸਾਰਣੀ ਵਿੱਚ ਉਕਤ ਮੰਗ ਨੋਟਿਸਾਂ ਵਿੱਚ ਦੱਸੀ ਗਈ ਰਕਮ ਦੀ ਅਦਾਇਗੀ ਕਰਨ ਲਈ ਦੱਸਿਆ ਗਿਆ ਹੈ। ਕਰਜ਼ਦਾਰ ਰਕਮ ਵਾਪਸ ਕਰਨ ਵਿੱਚ ਅਸਫਲ ਰਹਿਣ ਕਰਕੇ, ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਹਸਤਾਖਰ ਕਰਨ ਵਾਲੇ ਨੇ **5 ਮਾਰਚ, 2026** ਨੂੰ ਉਕਤ ਨਿਯਮਾਂ ਦੇ ਨਿਯਮ 8 ਦੇ ਨਾਲ ਪੜ੍ਹੇ ਗਏ ਉਕਤ ਐਕਟ ਦੀ ਧਾਰਾ 13(4) ਦੇ ਤਹਿਤ ਉਸਨੂੰ/ਉਸਨੂੰ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਹੇਠਾਂ ਦੱਸੀ ਗਈ ਜਾਇਦਾਦ ਦਾ **ਸੰਕੇਤਕ ਕਬਜ਼ਾ** ਲੈ ਲਿਆ ਹੈ।

| ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਮ ਅਤੇ ਪਤਾ | ਜਾਇਦਾਦ ਦਾ ਵੇਰਵਾ | ਮੰਗ ਨੋਟਿਸ ਅਨੁਸਾਰ ਬਕਾਇਆ ਰਕਮ ਅਤੇ ਮੰਗ ਸੂਚਨਾ ਦੀ ਮਿਤੀ |
|---|---|---|
| 1. ਰੁਦਰਾ ਕੈਮੀਕਲਜ਼ ਪ੍ਰਤਿਨਿਧੀ ਇਸ ਦੇ ਮਾਲਕ ਸਚਿਨ ਕੌਸ਼ਿਕ ਪੁੱਤਰ ਰਘੁਵਰ ਦਿਆਲ ਕੌਸ਼ਿਕ ਫਲੈਟ ਨੰਬਰ 702 ਨੇੜੇ ਕਰਮਾ ਹੋਪਿਟਲ ਸਮਰਾਲਾ ਚੌਕ ਲੁਧਿਆਣਾ ਸਾਹਮਣੇ ਚੰਨਾ ਪੈਲੇਸ, ਪੰਜਾਬ ਪਿੰਨ-141008. ਇਸ ਦੇ ਨਾਲ ਹੀ ਸਚਿਨ ਕੌਸ਼ਿਕ ਪੁੱਤਰ ਰਘੁਵਰ ਦਿਆਲ ਕੌਸ਼ਿਕ ਐਚ. ਨੰਬਰ 711/1, ਗਲੀ ਨੰਬਰ 6-1/2, ਗੁਰੂ ਅਰਜੁਨ ਦੇਵ ਨਗਰ ਸਮਰਾਲਾ ਚੌਕ ਲੁਧਿਆਣਾ ਪੰਜਾਬ-141008 2. ਰਘੁਵਰ ਦਿਆਲ ਕੌਸ਼ਿਕ ਪੁੱਤਰ ਆਤਮਾ ਰਾਮ ਮਕਾਨ ਨੰਬਰ 711/1, ਗਲੀ ਨੰਬਰ 6-1/2, ਗੁਰੂ ਅਰਜੁਨ ਦੇਵ ਨਗਰ ਸਮਰਾਲਾ ਚੌਕ, ਗਲੀ ਲੁਧਿਆਣਾ ਪੰਜਾਬ-141008 | 50 ਵਰਗ ਗਜ਼ ਦਾ ਮਕਾਨ ਖੇਤਰ ਜਿਸ ਵਿੱਚ ਐਮ.ਸੀ. ਨੰਬਰ ਬੀ-31-5708/2 ਹੈ, ਜੋ ਕਿ ਖਸਰਾ ਨੰਬਰ 882, ਖਾਤਾ ਨੰਬਰ 718/775 ਵਿੱਚ ਸ਼ਾਮਲ ਹੈ, ਜਿਵੇਂ ਕਿ ਸਾਲ 2007-08 ਦੀ ਜਮ੍ਹਾਂਬੰਦੀ ਵਿੱਚ ਦਰਸਾਇਆ ਗਿਆ ਹੈ, ਪਿੰਡ ਤਰਫ਼ ਸੈਦਾਨ, ਐਚ.ਬੀ. ਨੰਬਰ 172, ਆਬਾਦੀ ਗੁਰੂ ਅਰਜਨ ਦੇਵ ਨਗਰ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਦੀ ਮਾਲੀਆ ਜਾਇਦਾਦ ਦੇ ਅੰਦਰ ਸਥਿਤ ਹੈ, ਵਿਕਰੀ ਡੀਡ ਜਿਸ ਵਿੱਚ ਵਾਸਿਕਾ ਨੰਬਰ 4328 ਮਿਤੀ: 09/06/2005 ਹੈ ਅਤੇ ਹੇਠ ਲਿਖੇ ਅਨੁਸਾਰ ਹੱਦਬੰਦੀ : ਪੂਰਬ: ਗੁਆਂਢੀ, ਪੱਛਮ: ਗਲੀ, ਉੱਤਰ: ਤੇਜਿੰਦਰ ਅਰੋੜਾ, ਦੱਖਣ: ਗੁਆਂਢੀ | 3650527/-( ਰੁਪਏ ਛੱਤੀ ਲੱਖ ਪੰਜਾਹ ਹਜ਼ਾਰ ਪੰਜ ਸੌ ਸਤਾਈ) ਦਾ ਭੁਗਤਾਨ ਕਰਨਾ ਖਾਤਾ ਨੰਬਰ: -CDLD2TF1408280003 ਮੰਗ ਨੋਟਿਸ ਮਿਤੀ 10.11.2025 |

ਇਹ ਨੋਟਿਸ ਆਮ ਜਨਤਾ ਨੂੰ ਇਹ ਵੀ ਚੇਤਾਵਨੀ ਦੇਣ ਲਈ ਹੈ ਕਿ SFL ਦਾ ਅਧਿਕਾਰਤ ਅਧਿਕਾਰੀ ਉੱਪਰ ਦੱਸੀ ਗਈ ਅਚੱਲ ਜਾਇਦਾਦ ਦੇ ਕਾਨੂੰਨੀ ਸੰਕੇਤਕ ਕਬਜ਼ੇ ਵਿੱਚ ਹੈ ਅਤੇ ਕਰਜ਼ਦਾਰ ਜਾਂ ਕੋਈ ਵੀ ਵਿਅਕਤੀ ਇਸ ਨੋਟਿਸ ਦੀ ਪ੍ਰਾਪਤੀ ਤੋਂ ਬਾਅਦ, SFL ਦੀ ਪੂਰਵ ਲਿਖਤੀ ਸਹਿਮਤੀ ਤੋਂ ਬਿਨਾਂ, ਇਸ ਨੋਟਿਸ ਵਿੱਚ ਜ਼ਿਕਰ ਕੀਤੀ ਗਈ ਉਪਰੋਕਤ ਸੁਰੱਖਿਅਤ ਸੰਪਤੀਆਂ ਵਿੱਚੋਂ ਕਿਸੇ ਨੂੰ ਵੀ ਵਿਕਰੀ, ਲੀਜ਼ ਜਾਂ ਕਿਸੇ ਹੋਰ ਤਰੀਕੇ ਨਾਲ ਟ੍ਰਾਂਸਫਰ ਨਹੀਂ ਕਰੇਗਾ।

ਮਿਤੀ : 08.03.2026 ਸਥਾਨ : ਲੁਧਿਆਣਾ ਅਧਿਕਾਰਤ ਅਧਿਕਾਰੀ, ਸ਼੍ਰੀਰਾਮ ਫਾਇਨਾਂਸ ਲਿਮਟਿਡ

## ਸ਼੍ਰੀਰਾਮ ਫਾਈਨੈਂਸ ਲਿਮਟਿਡ

ਰਜਿਸਟਰਡ ਦਫ਼ਤਰ: ਲਿਮਟਿਡ ਰਜਿਸਟਰਡ ਦਫਤਰ ਸ਼੍ਰੀ ਟਾਵਰਜ਼, ਪਲਾਟ ਨੰ. 14ਏ, ਸਾਊਥ ਫੇਜ਼, ਇੰਡਸਟਰੀਅਲ ਅਸਟੇਟ, ਗਿੰਡੀ, ਚੇਨਈ ਤਾਮਿਲਨਾਡੂ-600032, ਤਾਮਿਲਨਾਡੂ, ਅਤੇ ਵੈਂਕਹਾਰਟ ਟਾਵਰਜ਼, ਲੈਵਲ-3, ਸੀ-2, ਜੀ ਬਲਾਕ, ਬਦਰਾ-ਕੁਰਲਾ ਕੰਪਲੈਕਸ, ਬਾਂਦਰਾ (ਪੂਰਬੀ) ਮੁੰਬਈ-40051

ਸ਼ਾਖਾ ਦਫਤਰ : ਦਫਤਰ ਨੰ. 2, ਦੂਜੀ ਮੰਜ਼ਿਲ, ਨੋਵਲਟੀ ਪਲਾਜ਼ਾ, ਭਾਈ ਵਾਲਾ ਚੌਕ, ਲੁਧਿਆਣਾ

### ਸੰਕੇਤਕ ਕਬਜ਼ਾ ਸੂਚਨਾ

ਜਿੱਥੇ, ਹੇਠਾਂ ਹਸਤਾਖਰ ਕਰਨ ਵਾਲੇ ਨੇ ਵਿੱਤੀ ਸੰਪਤੀਆਂ ਦੀ ਸੁਰੱਖਿਆ ਅਤੇ ਪੁਨਰ ਨਿਰਮਾਣ ਅਤੇ ਸੁਰੱਖਿਆ ਵਿਆਜ ਐਕਟ, 2002 (ਉਕਤ ਐਕਟ) ਦੇ ਉਪਬੰਧਾਂ ਦੇ ਤਹਿਤ ਸ਼੍ਰੀਰਾਮ ਫਾਈਨੈਂਸ ਲਿਮਟਿਡ (SFL) ਦੇ ਅਧਿਕਾਰਤ ਅਧਿਕਾਰੀ ਹੋਣ ਦੇ ਨਾਤੇ ਅਤੇ ਸੁਰੱਖਿਆ ਹਿੱਤ (ਲਾਗੂਕਰਨ) ਨਿਯਮ, 2002 (ਉਕਤ ਨਿਯਮ) ਦੇ ਨਿਯਮ 3 ਦੇ ਨਾਲ ਪੜ੍ਹੇ ਗਏ ਉਕਤ ਐਕਟ ਦੀ ਧਾਰਾ 13(2) ਦੇ ਤਹਿਤ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ, ਕਰਜ਼ਦਾਰਾਂ ਦੇ ਵੇਰਵਿਆਂ ਨੂੰ ਮੰਗ ਨੋਟਿਸ ਜਾਰੀ ਕੀਤੇ।
ਜਿਨ੍ਹਾਂ ਵਿੱਚੋਂ ਹੇਠਾਂ ਦਿੱਤੀ ਸਾਰਣੀ ਵਿੱਚ ਉਕਤ ਮੰਗ ਨੋਟਿਸਾਂ ਵਿੱਚ ਦੱਸੀ ਗਈ ਰਕਮ ਦੀ ਅਦਾਇਗੀ ਕਰਨ ਲਈ ਦੱਸਿਆ ਗਿਆ ਹੈ। ਕਰਜ਼ਦਾਰ ਰਕਮ ਵਾਪਸ ਕਰਨ ਵਿੱਚ ਅਸਫਲ ਰਹਿਣ ਕਰਕੇ, ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਹਸਤਾਖਰ ਕਰਨ ਵਾਲੇ ਨੇ **5 ਮਾਰਚ, 2026** ਨੂੰ ਉਕਤ ਨਿਯਮਾਂ ਦੇ ਨਿਯਮ 8 ਦੇ ਨਾਲ ਪੜ੍ਹੇ ਗਏ ਉਕਤ ਐਕਟ ਦੀ ਧਾਰਾ 13(4) ਦੇ ਤਹਿਤ ਉਸਨੂੰ/ਉਸਨੂੰ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਹੇਠਾਂ ਦੱਸੀ ਗਈ ਜਾਇਦਾਦ ਦਾ **ਸੰਕੇਤਕ ਕਬਜ਼ਾ** ਲੈ ਲਿਆ ਹੈ।

| ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਮ ਅਤੇ ਪਤਾ | ਜਾਇਦਾਦ ਦਾ ਵੇਰਵਾ | ਮੰਗ ਨੋਟਿਸ ਅਨੁਸਾਰ ਬਕਾਇਆ ਰਕਮ ਅਤੇ ਮੰਗ ਸੂਚਨਾ ਦੀ ਮਿਤੀ |
|---|---|---|
| 1. ਮੈਸਰਜ਼ ਰਾਜੂ ਫੈਬਰੀਕੇਸ਼ਨਜ਼ ਪ੍ਰਤੀਨਿਧੀ ਇਸਦੇ ਮਾਲਕ ਸ਼੍ਰੀ ਰਾਜੂ ਪੁੱਤਰ ਸ਼੍ਰੀ ਬਿਹਾਰੀ ਲਾਲ, E10/8850/1b-32, ਗਲੀ ਨੰ. 1 ਪ੍ਰਤਾਪ ਨਗਰ ਬਹਾਦਰ ਕੇ ਰੋਡ ਲੁਧਿਆਣਾ ਨੇੜੇ ਪੀ.ਐਨ.ਬੀ. ਬੈਂਕ, ਪੰਜਾਬ। ਇਸ ਤੋਂ ਇਲਾਵਾ ਸ਼੍ਰੀ ਰਾਜੂ ਪੁੱਤਰ ਸ਼੍ਰੀ ਬਿਹਾਰੀ ਲਾਲ ਮਕਾਨ ਨੰਬਰ 27, ਗਲੀ ਨੰ.-7, ਭਾਰਤੀ ਕਲੋਨੀ ਬਹਾਦਰ ਕੇ ਰੋਡ ਨੇੜੇ ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ, ਲੁਧਿਆਣਾ 2. ਗਿਆਨੋ ਪਤਨੀ ਸ਼੍ਰੀ ਰਾਜੂ ਮਕਾਨ ਨੰਬਰ 27, ਗਲੀ ਨੰ.-7, ਭਾਰਤੀ ਕਲੋਨੀ ਬਹਾਦਰ ਕੇ ਰੋਡ, ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਨੇੜੇ, ਲੁਧਿਆਣਾ | ਪਲਾਟ ਨੰਬਰ 27 50 ਵਰਗ ਗਜ਼, ਜਿਸ ਵਿੱਚ ਖਸਰਾ ਨੰਬਰ 22//1-2-3-8-9-13-7-22//6-15-22//4-14-26 ਸ਼ਾਮਲ ਹੈ, ਪਿੰਡ "ਤਰਫ਼ ਕਾਰਾਬਾਰਾ" ਵਿੱਚ ਸਥਿਤ ਹੈ ਜੋ "ਭਾਰਤ ਕਲੋਨੀ" ਵਜੋਂ ਜਾਣਿਆ ਜਾਂਦਾ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਵਿਕਰੀ ਡੀਡ ਅਧੀਨ ਮਿਤੀ 23/04/2015 ਵੇਖੋ ਜਿਸ ਵਿੱਚ ਵਾਸਿਕਾ ਨੰਬਰ 785 ਹੈ। ਪੂਰਬ ਵੱਲ: ਗਲੀ, ਪੱਛਮ ਵੱਲ: ਗੁਆਂਢ, ਉੱਤਰ ਵੱਲ: ਗੁਆਂਢ, ਦੱਖਣ ਵੱਲ: ਹੋਰ ਸਥਾਨ। | 2219653/- ਰੁਪਏ (ਰੁਪਏ ਬਾਈ ਲੱਖ ਉਨੀ ਹਜ਼ਾਰ ਛੇ ਸੌ ਤਰਵੰਜਾ ਕੇਵਲ ) ਖਾਤਾ ਨੰਬਰ: LUDHNTF1506290005 - ਮੰਗ ਨੋਟਿਸ ਮਿਤੀ 10.12.2025 |

ਇਹ ਨੋਟਿਸ ਆਮ ਜਨਤਾ ਨੂੰ ਇਹ ਵੀ ਚੇਤਾਵਨੀ ਦੇਣ ਲਈ ਹੈ ਕਿ SFL ਦਾ ਅਧਿਕਾਰਤ ਅਧਿਕਾਰੀ ਉੱਪਰ ਦੱਸੀ ਗਈ ਅਚੱਲ ਜਾਇਦਾਦ ਦੇ ਕਾਨੂੰਨੀ ਸੰਕੇਤਕ ਕਬਜ਼ੇ ਵਿੱਚ ਹੈ ਅਤੇ ਕਰਜ਼ਦਾਰ ਜਾਂ ਕੋਈ ਵੀ ਵਿਅਕਤੀ ਇਸ ਨੋਟਿਸ ਦੀ ਪ੍ਰਾਪਤੀ ਤੋਂ ਬਾਅਦ, SFL ਦੀ ਪੂਰਵ ਲਿਖਤੀ ਸਹਿਮਤੀ ਤੋਂ ਬਿਨਾਂ, ਇਸ ਨੋਟਿਸ ਵਿੱਚ ਜ਼ਿਕਰ ਕੀਤੀ ਗਈ ਉਪਰੋਕਤ ਸੁਰੱਖਿਅਤ ਸੰਪਤੀਆਂ ਵਿੱਚੋਂ ਕਿਸੇ ਨੂੰ ਵੀ ਵਿਕਰੀ, ਲੀਜ਼ ਜਾਂ ਕਿਸੇ ਹੋਰ ਤਰੀਕੇ ਨਾਲ ਟ੍ਰਾਂਸਫਰ ਨਹੀਂ ਕਰੇਗਾ।

ਮਿਤੀ : 08.03.2026 ਸਥਾਨ : ਲੁਧਿਆਣਾ ਅਧਿਕਾਰਤ ਅਧਿਕਾਰੀ, ਸ਼੍ਰੀਰਾਮ ਫਾਇਨਾਂਸ ਲਿਮਟਿਡ

## ਸ਼੍ਰੀਰਾਮ ਫਾਈਨਾਂਸ ਲਿਮਟਿਡ

ਪੰਜੀਕ੍ਰਿਤ ਦਫ਼ਤਰ : ਲਿਮਟਿਡ ਪੰਜੀਕ੍ਰਿਤ ਦਫ਼ਤਰ ਪਤਾ : ਸ੍ਰੀ ਟਾਵਰਜ਼, ਪਲਾਟ ਨੰ. 14ਏ, ਸਾਊਥ ਫੇਜ਼, ਇਡਸਟ੍ਰੀਅਲ ਅਸਟੇਟ, ਗਿੰਡੀ, ਚੇਨਈ, ਤਾਮਿਲਨਾਡੂ-600032, ਤਾਮਿਲਨਾਡੂ ਅਤੇ ਵੌਕਹਾਰਡ ਟਾਵਰਜ਼, ਲੈਵਲ-3, ਸੀ-2, ਜੀ ਬਲਾਕ, ਬਾਂਦਰਾ-ਕੁਰਲਾ ਕੰਪਲੈਕਸ, ਬਾਂਦਰਾ (ਪੂਰਬ) ਮੁੰਬਈ-40051

ਸ਼ਾਖਾ ਦਫ਼ਤਰ : ਦਫ਼ਤਰ ਨੰ. 2, ਦੂਜੀ ਮੰਜ਼ਿਲ, ਨਾਵਲਟੀ ਪਲਾਜ਼ਾ, ਭਾਈ ਵਾਲਾ ਚੌਕ, ਲੁਧਿਆਣਾ

### ਸੰਕੇਤਕ ਕਬਜ਼ਾ ਸੂਚਨਾ

ਜਿੱਥੇ, ਸ਼੍ਰੀਰਾਮ ਫਾਈਨੈਂਸ ਲਿਮਟਿਡ (SFL) ਦੇ ਅਧਿਕਾਰਤ ਅਧਿਕਾਰੀ ਵਜੋਂ, ਹੇਠ ਹਸਤਾਖਰ ਕਰਨ ਵਾਲੇ ਨੇ ਵਿੱਤੀ ਸੰਪਤੀਆਂ ਦੀ ਸੁਰੱਖਿਆ ਅਤੇ ਪੁਨਰ ਨਿਰਮਾਣ ਅਤੇ ਸੁਰੱਖਿਆ ਵਿਆਜ ਐਕਟ, 2002 (ਉਕਤ ਐਕਟ) ਦੇ ਉਪਬੰਧਾਂ ਦੇ ਤਹਿਤ ਅਤੇ ਸੁਰੱਖਿਆ ਹਿੱਤ (ਲਾਗੂਕਰਨ) ਨਿਯਮ, 2002 (ਉਕਤ ਨਿਯਮ) ਦੇ ਨਿਯਮ 3 ਦੇ ਨਾਲ ਪੜ੍ਹੇ ਗਏ ਉਕਤ ਐਕਟ ਦੀ ਧਾਰਾ 13(2) ਦੇ ਤਹਿਤ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ, ਕਰਜ਼ਦਾਰ ਨੂੰ ਮੰਗ ਨੋਟਿਸ ਜਾਰੀ ਕੀਤੇ, ਜਿਨ੍ਹਾਂ ਦੇ ਵੇਰਵੇ ਹੇਠਾਂ ਦਿੱਤੀ ਸਾਰਣੀ ਵਿੱਚ ਉਕਤ ਮੰਗ ਨੋਟਿਸਾਂ ਵਿੱਚ ਦੱਸੀ ਗਈ ਰਕਮ ਦੀ ਅਦਾਇਗੀ ਕਰਨ ਲਈ ਦਿੱਤੇ ਗਏ ਹਨ।
ਕਰਜ਼ਦਾਰਾਂ ਵੱਲੋਂ ਰਕਮ ਵਾਪਸ ਕਰਨ ਵਿੱਚ ਅਸਫਲ ਰਹਿਣ ਕਰਕੇ, ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨ ਹਸਤਾਖ਼ਰੀ ਨੇ **03 ਮਾਰਚ 2026** ਨੂੰ ਉਕਤ ਐਕਟ ਦੀ ਧਾਰਾ 13(4) ਦੇ ਨਿਯਮ 8 ਦੇ ਤਹਿਤ ਉਸਨੂੰ ਦਿੱਤੇ ਗਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੇਠਾਂ ਦੱਸੀ ਗਈ ਜਾਇਦਾਦ ਦਾ ਸੰਕੇਤਕ ਕਬਜ਼ਾ ਲੈ ਲਿਆ ਹੈ।

| ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਮ ਅਤੇ ਪਤਾ | ਸੰਪੱਤੀ ਦੇ ਵੇਰਵੇ | ਮੰਗ ਸੂਚਨਾ ਅਨੁਸਾਰ ਬਕਾਇਆ ਰਕਮ ਅਤੇ ਮੰਗ ਸੂਚਨਾ ਦੀ ਮਿਤੀ |
|---|---|---|
| 1. ਮੈਸਰਜ਼ ਐਸ. ਵਾਇਰ ਪ੍ਰਤੀਨਿਧੀ ਇਸ ਦੇ ਮਾਲਕ ਸ਼੍ਰੀ ਸੁਰਿੰਦਰ ਸਿੰਘ ਪੁੱਤਰ ਸ਼੍ਰੀ ਤਾਰਾ ਸਿੰਘ # 83/5 ਸੀ, ਸਟ ?ਰੀਟ ਨੰ. 8/6 ਬਾਬਾ ਮੁਕੰਦ ਸਿੰਘ ਨਗਰ, ਡਾਬਾ, ਲੁਧਿਆਣਾ, ਪੰਜਾਬ-141016 ਵਿਖੇ ਵੀ ਸ਼੍ਰੀ ਸੁਰਿੰਦਰ ਸਿੰਘ ਪੁੱਤਰ ਤਾਰਾ ਸਿੰਘ, ਐਚ. ਨੰ. 71, ਸਟ ?ਰੀਟ ਨੰ. 01/ਬੀ, ਗੁਰਬਚਨ ਸਿੰਘ, ਨੇੜੇ ਲੋਹਾਰਾ ਰੋਡ, ਲੁਧਿਆਣਾ, ਪੰਜਾਬ-141016 2. ਸ਼੍ਰੀ ਮਨਜੀਤ ਸਿੰਘ ਪੁੱਤਰ ਤਾਰਾ ਸਿੰਘ, # 81 ਸਟਰੀਟ ਨੰ. 01/ਬੀ, ਗੁਰਬਚਨ ਸਿੰਘ, ਨੇੜੇ ਲੋਹਾਰਾ ਰੋਡ, ਲੁਧਿਆਣਾ, ਪੰਜਾਬ-141016 | 142 ਵਰਗ ਗਜ਼ ਦਾ ਘਰ, ਜਿਸ ਵਿੱਚ ਖਸਰਾ ਨੰਬਰ 825, 824, 823, 822 ਪਿੰਡ "ਲੋਹਾਰਾ" ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਵਿੱਚ ਸਥਿਤ ਹੈ। ਵਿਕਰੀ ਡੀਡ 23/05/2003 ਵੇਖੋ ਜਿਸ ਤੇ ਵਾਸਿਕਾ ਨੰ. 4092 ਹੈ। ਪੂਰਬ ਵੱਲ: ਗਲੀ, ਪੱਛਮ ਵੱਲ: ਗੁਆਂਢੀ, ਉੱਤਰ ਵੱਲ: ਗੁਆਂਢੀ, ਦੱਖਣ ਵੱਲ। | ਭੁਗਤਾਨ ਲਈ ਰੁ. 5229385/- (ਰੁ. ਬਵੰਜਾ ਲੱਖ ਉਨੱਤੀ ਹਜ਼ਾਰ ਤਿੰਨ ਸੌ ਪਚਾਸੀ ਕੇਵਲ) **A/c No: - CDLD2TF1512230001** **ਮੰਗ ਸੂਚਨਾ ਦੀ ਮਿਤੀ 06.12.2025** |

ਇਹ ਨੋਟਿਸ ਆਮ ਜਨਤਾ ਨੂੰ ਇਹ ਵੀ ਚੇਤਾਵਨੀ ਦੇਣ ਲਈ ਹੈ ਕਿ SFL ਦਾ ਅਧਿਕਾਰਤ ਅਧਿਕਾਰੀ ਉੱਪਰ ਦੱਸੀ ਗਈ ਅਚੱਲ ਜਾਇਦਾਦ ਦਾ ਕਾਨੂੰਨੀ ਸੰਕੇਤਕ ਕਬਜ਼ਾ ਰੱਖਦਾ ਹੈ ਅਤੇ ਕਰਜ਼ਦਾਰ ਜਾਂ ਕੋਈ ਵੀ ਵਿਅਕਤੀ ਇਸ ਨੋਟਿਸ ਦੀ ਪ੍ਰਾਪਤੀ ਤੋਂ ਬਾਅਦ, SFL ਦੀ ਪੂਰਵ ਲਿਖਤੀ ਸਹਿਮਤੀ ਤੋਂ ਬਿਨਾਂ, ਇਸ ਨੋਟਿਸ ਵਿੱਚ ਦਰਸਾਈ ਗਈ ਉਪਰੋਕਤ ਸੁਰੱਖਿਅਤ ਜਾਇਦਾਦਾਂ ਵਿੱਚੋਂ ਕਿਸੇ ਨੂੰ ਵੀ ਵਿਕਰੀ, ਲੀਜ਼ ਜਾਂ ਕਿਸੇ ਹੋਰ ਤਰੀਕੇ ਨਾਲ ਟਰਾਂਸਫਰ ਨਹੀਂ ਕਰੇਗਾ।

ਮਿਤੀ : 08.03.2026 ਸਥਾਨ : ਲੁਧਿਆਣਾ ਅਧਿਕਾਰਤ ਅਧਿਕਾਰੀ, ਸ਼੍ਰੀਰਾਮ ਫਾਇਨਾਂਸ ਲਿਮਟਿਡ

# ਪਾਕਿਸਤਾਨ-ਏ-ਇਨਸਾਫ਼ ਦੇ 47 ਨੇਤਾਵਾਂ ਤੇ ਸਮਰਥਕਾਂ ਨੂੰ 10-10 ਸਾਲ ਦੀ ਕੈਦ ਤੇ ਪੰਜ ਲੱਖ ਰੁਪਏ ਜੁਰਮਾਨੇ ਦੀ ਸਜ਼ਾ

ਇਸਲਾਮਾਬਾਦ, 8 ਮਾਰਚ (ਚ.ਨ.ਸ): ਪਾਕਿਸਤਾਨ-ਏ-ਇਨਸਾਫ਼ ਦੇ 47 ਨੇਤਾਵਾਂ ਤੇ ਸਮਰਥਕਾਂ ਨੂੰ ਅਦਾਲਤ ਨੇ 10-10 ਸਾਲ ਦੀ ਕੈਦ ਤੇ ਪੰਜ ਲੱਖ ਪਾਕਿਸਤਾਨੀ ਰੁਪਏ ਜੁਰਮਾਨੇ ਦੀ ਸਜ਼ਾ ਸੁਣਾਈ ਹੈ। ਇਹ ਫ਼ੈਸਲਾ ਨੌ ਮਈ 2023 ਨੂੰ ਹੋਏ ਹਿੰਸਕ ਵਿਰੋਧ ਪ੍ਰਦਰਸ਼ਨਾਂ ਨਾਲ ਜੁੜੇ ਮਾਮਲੇ 'ਚ ਦਿੱਤਾ ਗਿਆ। ਅੱਤਵਾਦ ਵਿਰੋਧੀ ਅਦਾਲਤ ਦੇ ਜਸਟਿਸ ਅਮਜ਼ਦ ਅਲੀ ਸ਼ਾਹ ਨੇ ਰਾਵਲਪਿੰਡੀ 'ਚ ਇਹ ਫ਼ੈਸਲਾ ਸੁਣਾਇਆ। ਦੋਸ਼ੀਆਂ ਨੂੰ ਅਦਾਲਤ 'ਚ ਗ਼ੈਰ-ਹਾਜ਼ਰ ਰਹਿਣ ਕਾਰਨ ਭਗੌੜਾ ਐਲਾਨਿਆ ਗਿਆ ਸੀ, ਜਿਸ ਤੋਂ ਬਾਅਦ ਉਨ੍ਹਾਂ ਨੂੰ ਗ਼ੈਰ-ਹਾਜ਼ਰੀ 'ਚ ਹੀ ਸਜ਼ਾ ਸੁਣਾਈ ਗਈ। ਅਦਾਲਤ ਨੇ ਹਰੇਕ ਦੋਸ਼ੀ ਦੀ ਚੱਲ-ਅਚੱਲ ਜਾਇਦਾਦ ਜ਼ਬਤ ਕਰਨ ਦਾ ਵੀ ਹੁਕਮ ਦਿੱਤਾ ਹੈ। ਇਹ ਵਿਰੋਧ ਪ੍ਰਦਰਸ਼ਨ ਉਸ ਸਮੇਂ ਸ਼ੁਰੂ ਹੋਏ ਸਨ, ਜਦੋਂ ਸਾਬਕਾ ਪ੍ਰਧਾਨ ਮੰਤਰੀ ਪੀਟੀਆਈ ਸੰਸਥਾਪਕ ਇਮਰਾਨ ਖ਼ਾਨ ਨੂੰ ਇਸਲਾਮਾਬਾਦ ਤੋਂ ਗ੍ਰਿਫ਼ਤਾਰ ਕੀਤਾ ਗਿਆ ਸੀ।



# ਵਿਜੇ ਵੱਲੋਂ ਔਰਤਾਂ ਨੂੰ 2500 ਰੁਪਏ ਮਹੀਨਾ, 8 ਗ੍ਰਾਮ ਸੋਨਾ ਤੇ ਰੇਸ਼ਮੀ ਸਾੜੀ ਦੇਣ ਦਾ ਐਲਾਨ

## ☛ਚੋਣਾਂ 'ਚ ਪਾਰਟੀ ਤਮਿਲਗਾ ਵੇਟੀ ਕਜ਼ਾਗਮ ਦੇ ਜਿੱਤਣ ਤੋਂ ਬਾਅਦ

ਚੇਨਈ, 8 ਮਾਰਚ (ਚ.ਨ.ਸ): ਤਾਮਿਲਨਾਡੂ ਵਿਧਾਨ ਸਭਾ ਚੋਣਾਂ ਦਾ ਐਲਾਨ ਅਗਲੇ ਕੁਝ ਹਫ਼ਤਿਆਂ ਵਿੱਚ ਹੋਣ ਵਾਲਾ ਹੈ। ਸਿਆਸੀ ਪਾਰਟੀਆਂ ਜਨਤਾ ਨੂੰ ਲੁਭਾਉਣ ਲਈ ਵੱਡੇ-ਵੱਡੇ ਵਾਅਦੇ ਕਰ ਰਹੀਆਂ ਹਨ। ਇਸ ਸੰਦਰਭ ਵਿੱਚ ਅਦਾਕਾਰ ਤੋਂ ਸਿਆਸਤਦਾਨ ਬਣੇ ਵਿਜੇ ਨੇ ਅੱਜ ਰੈਲੀ ਨੂੰ ਸੰਬੋਧਨ ਕਰਦਿਆਂ ਆਪਣੀ ਪਾਰਟੀ ਤਮਿਲਗਾ ਵੇਟੀ ਕਜ਼ਾਗਮ (ਟੀਵੀਕੇ) ਵੱਲੋਂ ਕਈ ਲੁਭਾਉਣੇ ਐਲਾਨ ਕੀਤੇ। ਉਨ੍ਹਾਂ ਵਾਅਦਾ ਕੀਤਾ ਕਿ ਜੇਕਰ ਉਹ ਚੋਣ ਜਿੱਤਦੇ ਹਨ ਤੇ ਸਰਕਾਰ ਬਣਾਉਂਦੇ ਹਨ ਤਾਂ ਸਰਕਾਰੀ ਕਰਮਚਾਰੀਆਂ ਨੂੰ ਛੱਡ ਕੇ ਔਰਤਾਂ ਨੂੰ 60 ਸਾਲ ਦੀ ਉਮਰ ਤੱਕ 2,500 ਮਹੀਨਾ ਮਿਲਣਗੇ। ਟੀਵੀਕੇ ਰਾਜ ਵਿੱਚ ਯੋਗ ਲਾਭਪਾਤਰੀਆਂ ਨੂੰ ਵਿਆਹ ਲਈ 8 ਗ੍ਰਾਮ ਸੋਨਾ ਤੇ ਰੇਸ਼ਮੀ ਸਾੜੀ ਵੀ ਦੇਵੇਗਾ। ਔਰਤਾਂ ਨੂੰ ਸਾਰੀਆਂ ਸਰਕਾਰੀ ਬੱਸਾਂ ਵਿੱਚ ਮੁਫ਼ਤ ਯਾਤਰਾ ਦੀ ਸਹੂਲਤ ਮਿਲੇਗੀ।



# ਕੀ ਪਾਕਿ ਈਰਾਨ ਵਿਰੁੱਧ ਫੌਜੀ ਕਾਰਵਾਈ 'ਚ ਸਾਊਦੀ ਅਰਬ ਨਾਲ ਸਹਿਯੋਗ ਕਰੇਗਾ?

ਅੰਮ੍ਰਿਤਸਰ, 8 ਮਾਰਚ (ਚ.ਨ.ਸ): ਈਰਾਨ ਵਿਰੁੱਧ ਅਮਰੀਕਾ-ਇਜ਼ਰਾਈਲ ਜੰਗ ਦਾ ਦਾਇਰਾ ਵੱਧਦਾ ਜਾ ਰਿਹਾ ਹੈ। ਈਰਾਨ ਵੱਲੋਂ ਅਮਰੀਕੀ ਫੌਜੀ ਟਿਕਾਣਿਆਂ ਦੀ ਮੇਜ਼ਬਾਨੀ ਕਰਨ ਵਾਲੇ ਯੂ.ਏ.ਈ., ਸਾਊਦੀ ਅਰਬ, ਬਹਿਰੀਨ, ਕੁਵੈਤ, ਓਮਾਨ ਤੇ ਇਰਾਕ ਆਦਿ ਦੇਸ਼ਾਂ 'ਤੇ ਲਗਾਤਾਰ ਮਿਜ਼ਾਈਲਾਂ ਤੇ ਡਰੋਨ ਦਾਗੇ ਜਾ ਰਹੇ ਹਨ। ਇਸ ਦੌਰਾਨ ਪਹਿਲਾਂ ਤੋਂ ਅਫ਼ਗਾਨਿਸਤਾਨ ਨਾਲ ਜੰਗ ਵਿੱਚ ਘਿਰੇ ਪਾਕਿਸਤਾਨ ਦੇ ਫੀਲਡ ਮਾਰਸ਼ਲ ਜਨਰਲ ਆਸਿਮ ਮੁਨੀਰ ਨੇ ਅਚਾਨਕ ਸਾਊਦੀ ਅਰਬ ਪਹੁੰਚ ਕੇ ਉਥੋਂ ਦੇ ਰੱਖਿਆ ਮੰਤਰੀ ਖਾਲਿਦ ਬਿਨ ਸਲਮਾਨ ਅਲ ਸਾਊਦ ਨਾਲ ਮੁਲਾਕਾਤ ਕੀਤੀ। ਇਸ ਮੁਲਾਕਾਤ ਦੀ ਕਈ ਤਰੀਕਿਆਂ ਨਾਲ ਵਿਆਖਿਆ ਕੀਤੀ ਜਾ ਰਹੀ ਹੈ, ਪਰ ਪਾਕਿਸਤਾਨ ਨੇ ਅਜੇ ਤੱਕ ਕੋਈ ਸੰਕੇਤ ਨਹੀਂ ਦਿੱਤਾ ਕਿ ਉਹ ਮੱਧ ਪੂਰਬ ਵਿੱਚ ਵੱਧਦੇ ਤਣਾਅ 'ਚ ਸ਼ਾਮਲ ਹੋਵੇਗਾ ਜਾਂ ਨਹੀਂ। ਦੱਸਣਯੋਗ ਹੈ ਕਿ ਪਾਕਿ ਨੇ ਪਿਛਲੇ ਸਾਲ ਸਾਊਦੀ ਅਰਬ ਨਾਲ ਇੱਕ ਸੁਰੱਖਿਆ ਸਮਝੌਤੇ 'ਤੇ ਦਸਤਖਤ ਕੀਤੇ ਸਨ ਤੇ ਦੋਵਾਂ ਦੇਸ਼ਾਂ ਨੇ ਹਮਲੇ ਦੀ ਸਥਿਤੀ ਵਿੱਚ ਫੌਜੀ ਸਹਿਯੋਗ ਦਾ ਵਾਅਦਾ ਕੀਤਾ ਸੀ। ਇਸ ਨਾਲ ਇਹ ਅੰਦਾਜ਼ਾ ਲਗਾਇਆ ਜਾ ਰਿਹਾ ਹੈ ਕਿ ਕੀ ਪਾਕਿ ਈਰਾਨ ਵਿਰੁੱਧ ਫੌਜੀ ਕਾਰਵਾਈ ਵਿੱਚ ਸਾਊਦੀ ਅਰਬ ਨਾਲ ਸਹਿਯੋਗ ਕਰੇਗਾ। ਸਾਊਦੀ ਰੱਖਿਆ ਮੰਤਰੀ ਖਾਲਿਦ ਬਿਨ ਸਲਮਾਨ ਦੇ ਅਨੁਸਾਰ ਗੱਲਬਾਤ ਕਰਦਿਆਂ ਦੋਵਾਂ ਧਿਰਾਂ ਨੇ ਜ਼ੋਰ ਦਿੱਤਾ ਕਿ ਅਜਿਹੇ ਹਮਲੇ ਖੇਤਰੀ ਸੁਰੱਖਿਆ ਤੇ ਸਥਿਰਤਾ ਨੂੰ ਕਮਜ਼ੋਰ ਕਰਦੇ ਹਨ। ਮੀਟਿੰਗ ਦੌਰਾਨ ਇਹ ਵੀ ਉਮੀਦ ਜਤਾਈ ਗਈ ਕਿ ਈਰਾਨ ਸਮਝਦਾਰੀ ਵਰਤੇਗਾ ਤੇ ਕਿਸੇ ਵੀ ਗਲਤ ਕਾਰਵਾਈ ਤੋਂ ਬਚੇਗਾ।



# ਪੇਕਿਆਂ ਤੋਂ ਪੈਸੇ ਨਾ ਲਿਆਉਣ 'ਤੇ ਪਤਨੀ ਦਾ ਕਤਲ

ਸੰਗਰੂਰ, 8 ਮਾਰਚ (ਚ.ਨ.ਸ): ਪਿੰਡ ਹੇੜੀਕੇ 'ਚ ਪਤੀ ਵੱਲੋਂ ਪਤਨੀ ਨੂੰ ਤੇਜ਼ਧਾਰ ਹਥਿਆਰ ਨਾਲ ਵਾਰ ਕਰਕੇ ਕਤਲ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਮਨਜਿੰਦਰ ਸਿੰਘ ਨੇ ਦੱਸਿਆ ਕਿ ਉਸ ਦੀ ਭੈਣ ਸੁਖਦੀਪ ਕੌਰ (46) ਦਾ ਵਿਆਹ ਢਾਈ ਦਹਾਕੇ ਪਹਿਲਾਂ ਪਿੰਡ ਹੇੜੀਕੇ ਦੇ ਜਸਵੀਰ ਸਿੰਘ ਨਾਲ ਹੋਇਆ ਸੀ। ਉਸ ਦਾ ਜੀਜਾ ਜਸਵੀਰ ਸਿੰਘ ਅਕਸਰ ਹੀ ਸੁਖਦੀਪ ਕੌਰ ਨੂੰ ਪੈਸਿਆਂ ਲਈ ਤੰਗ-ਪ੍ਰੇਸ਼ਾਨ ਕਰਦਾ ਰਹਿੰਦਾ ਸੀ। ਉਹ ਵਾਰ-ਵਾਰ ਉਸਦੀ ਭੈਣ ਨੂੰ ਪੇਕਿਆਂ ਤੋਂ ਪੈਸੇ ਲਿਆਉਣ ਲਈ ਕੁੱਟਮਾਰ ਕਰਦਾ ਸੀ। ਦੋ ਸਾਲ ਪਹਿਲਾਂ ਵੀ ਸੁਖਦੀਪ ਕੌਰ ਨੇ ਆਪਣੇ ਪਤੀ ਦੇ ਕਹਿਣ 'ਤੇ 8 ਲੱਖ ਰੁਪਏ ਮੰਗੇ ਸਨ। ਉਸ ਨੇ ਕਿਹਾ ਸੀ ਕਿ ਵੱਡੇ ਪੁੱਤਰ ਰਵਿੰਦਰ ਸਿੰਘ ਨੂੰ ਕੈਨੇਡਾ ਭੇਜਣਾ ਹੈ। ਪੈਸੇ ਨਾ ਲਿਆਉਣ ਕਾਰਨ ਜਸਵੀਰ ਸਿੰਘ ਉਸ ਦੀ ਭੈਣ ਨੂੰ ਕਾਫੀ ਤੰਗ-ਪ੍ਰੇਸ਼ਾਨ ਤੇ ਮਾਰਕੁੱਟ ਕਰਨ ਲੱਗ ਪਿਆ। ਮਨਜਿੰਦਰ ਸਿੰਘ ਨੇ ਦੱਸਿਆ ਕਿ ਉਹ ਆਪਣੇ ਖੇਤ ਵਿੱਚ ਕੰਮ ਕਰ ਰਿਹਾ ਸੀ। ਇਸ ਦੌਰਾਨ ਮਾਮੇ ਦੇ ਮੁੰਡੇ ਤਲਵਿੰਦਰ ਸਿੰਘ ਨੇ ਫ਼ੋਨ ਕਰਕੇ ਜਾਣਕਾਰੀ ਦਿੱਤੀ ਕਿ ਸੁਖਦੀਪ ਕੌਰ ਦੀ ਹਾਲਤ ਖਰਾਬ ਹੈ ਤੇ ਉਹ ਸ਼ੇਰਪੁਰ ਹਸਪਤਾਲ ਵਿੱਚ ਦਾਖ਼ਲ ਹੈ। ਉਹ ਤੁਰੰਤ ਪਿੰਡ ਹੇੜੀਕੇ ਪਹੁੰਚੇ। ਉਥੇ ਸੁਖਦੀਪ ਕੌਰ ਘਰ ਵਿੱਚ ਮੰਜੇ 'ਤੇ ਮ੍ਰਿਤਕ ਪਈ ਸੀ। ਉਸ ਦੇ ਸਿਰ 'ਤੇ ਸੱਟ ਲੱਗੀ ਹੋਈ ਸੀ ਤੇ ਰਸੋਈ ਵਿੱਚ ਖੂਨ ਵੀ ਫੈਲਿਆ ਹੋਇਆ ਸੀ। ਉਨ੍ਹਾਂ ਦੋਸ਼ ਲਗਾਇਆ ਕਿ ਉਸਦੇ ਜੀਜੇ ਜਸਵੀਰ ਸਿੰਘ ਨੇ ਹੀ ਉਸਦੀ ਭੈਣ 'ਤੇ ਤੇਜ਼ਧਾਰ ਹਥਿਆਰ ਨਾਲ ਹਮਲਾ ਕਰਕੇ ਕਤਲ ਕੀਤਾ ਹੈ। ਥਾਣਾ ਸ਼ੇਰਪੁਰ ਦੇ ਐਸਐਚਓ ਬਲੌਰ ਸਿੰਘ ਨੇ ਦੱਸਿਆ ਕਿ ਪੁਲਿਸ ਨੇ ਮ੍ਰਿਤਕਾ ਦੇ ਭਰਾ ਮਨਜਿੰਦਰ ਸਿੰਘ ਦੇ ਬਿਆਨਾਂ ਦੇ ਆਧਾਰ 'ਤੇ ਥਾਣਾ ਸ਼ੇਰਪੁਰ 'ਚ ਜਸਵੀਰ ਸਿੰਘ ਖ਼ਿਲਾਫ਼ ਕਤਲ ਦਾ ਮਾਮਲਾ ਦਰਜ ਕਰਕੇ ਉਸ ਨੂੰ ਗ੍ਰਿਫ਼ਤਾਰ ਕਰ ਲਿਆ ਹੈ।

# ਦਾਜ 'ਚ ਕਾਰ ਨਾ ਮਿਲਣ 'ਤੇ ਨਵ-ਵਿਆਹੁਤਾ ਦੀ ਗੋਲੀ ਮਾਰ ਕੇ ਹੱਤਿਆ

ਜੰਡਿਆਲਾ ਗੁਰੂ, 8 ਮਾਰਚ (ਚ.ਨ.ਸ): ਜੰਡਿਆਲਾ ਗੁਰੂ ਥਾਣੇ ਦੇ ਅਧਿਕਾਰ ਖੇਤਰ ਅਧੀਨ ਗਹਿਰੀ ਮੰਡੀ ਦੇ ਬਹਿਕ ਬੰਬਾ ਇਲਾਕੇ ਵਿੱਚ ਰਹਿਣ ਵਾਲੀ ਨਰਿੰਦਰ ਕੌਰ ਨਾਂ ਦੀ ਨਵ-ਵਿਆਹੁਤਾ ਔਰਤ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ। ਇਸ ਦੌਰਾਨ ਮ੍ਰਿਤਕਾ ਦੇ ਪਰਿਵਾਰਕ ਮੈਂਬਰਾਂ ਨੇ ਦੋਸ਼ ਲਗਾਇਆ ਹੈ ਕਿ ਉਸ ਦੇ ਪਤੀ ਅਮਰਿੰਦਰ ਸਿੰਘ ਨੇ ਆਪਣੇ ਪਰਿਵਾਰ ਨਾਲ ਮਿਲ ਕੇ ਉਨ੍ਹਾਂ ਦੀ ਧੀ ਨੂੰ ਦਾਜ ਵਿੱਚ ਕਾਰ ਨਾ ਮਿਲਣ 'ਤੇ ਤਾਅਨੇ ਮਾਰੇ ਸੀ। ਪੁਲਿਸ ਨੇ ਪੋਸਟਮਾਰਟਮ ਕਰਵਾ ਕੇ ਲਾਸ਼ ਪਰਿਵਾਰ ਨੂੰ ਸੌਂਪ ਦਿੱਤੀ ਹੈ। ਸਬ-ਇੰਸਪੈਕਟਰ ਨਰੇਸ਼ ਕੁਮਾਰ ਨੇ ਦੱਸਿਆ ਕਿ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਨ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ। ਸੁਲਤਾਨਵਿੰਡ 1 ਰੋਡ 'ਤੇ ਨਿਊ ਗੁਰਨਾਮ ਨਗਰ ਦੇ ਵਸਨੀਕ ਬਲਵਿੰਦਰ ਸਿੰਘ ਦੀ ਸ਼ਿਕਾਇਤ ਦੇ ਆਧਾਰ 'ਤੇ ਜੰਡਿਆਲਾ ਗੁਰੂ ਪੁਲਿਸ ਥਾਣੇ ਨੇ ਗਹਿਰੀ ਵਣ ਮੰਡੀ ਦੇ ਅਮਰਿੰਦਰ ਸਿੰਘ (ਜਵਾਈ), ਗੁਰਵਿੰਦਰ ਸਿੰਘ (ਜੇਠ), ਰਾਜਵਿੰਦਰ ਕੌਰ (ਜੇਠਾਣੀ) ਤੇ ਰਾਜਵਿੰਦਰ ਕੌਰ (ਸੱਸ) ਵਿਰੁੱਧ ਉਨ੍ਹਾਂ ਦੀ ਭਤੀਜੀ ਨਰਿੰਦਰ ਕੌਰ ਦੇ ਕਤਲ ਦੇ ਦੋਸ਼ ਵਿੱਚ ਕਤਲ ਦਾ ਕੇਸ ਦਰਜ ਕੀਤਾ ਹੈ। ਬਲਵਿੰਦਰ ਸਿੰਘ ਨੇ ਦੱਸਿਆ ਕਿ ਉਸ ਦੀ ਭਤੀਜੀ ਨਰਿੰਦਰ ਕੌਰ ਦਾ ਵਿਆਹ ਇਸ ਸਾਲ 4 ਫਰਵਰੀ ਨੂੰ ਅਮਰਿੰਦਰ ਸਿੰਘ ਨਾਲ ਹੋਇਆ ਸੀ। ਅਮਰਿੰਦਰ ਸਿੰਘ ਵਿਆਹ ਤੋਂ ਕੁਝ ਦਿਨ ਪਹਿਲਾਂ ਹੀ ਵਿਦੇਸ਼ ਤੋਂ ਆਇਆ ਸੀ। ਬੇਟੀ ਨੇ ਦੱਸਿਆ ਕਿ ਉਨ੍ਹਾਂ ਦਾ ਇਸ ਮੁੱਦੇ 'ਤੇ ਉਸ ਨਾਲ ਝਗੜਾ ਵੀ ਹੋਇਆ ਸੀ। ਕਿਉਂਕਿ ਰਿਸ਼ਤਾ ਨਵਾਂ ਸੀ, ਇਸ ਲਈ ਉਨ੍ਹਾਂ ਨੂੰ ਲੱਗਾ ਕਿ ਧੀ ਨੂੰ ਉਸ ਦੇ ਸਹੁਰਿਆਂ ਨਾਲ ਤਰਕ ਕਰਨ ਦੀ ਬਜਾਏ ਸਮਝਾਉਣਾ ਬਿਹਤਰ ਹੈ। ਸ਼ੁੱਕਰਵਾਰ ਸ਼ਾਮ ਨੂੰ ਮੁਲਜ਼ਮਾਂ ਨੇ ਉਸ ਨੂੰ ਫ਼ੋਨ ਕੀਤਾ ਤੇ ਕਿਹਾ ਕਿ ਲੜਕੀ ਤਬੀਅਤ ਠੀਕ ਨਹੀਂ ਹੈ ਤੇ ਉਸ ਨੂੰ ਆਪਣੇ ਪਰਿਵਾਰ ਨਾਲ ਉਨ੍ਹਾਂ ਦੇ ਘਰ ਦੀ ਪਹੁੰਚਣ। ਬਲਵਿੰਦਰ ਸਿੰਘ ਨੇ ਪੁਲਿਸ ਨੂੰ ਦੱਸਿਆ ਕਿ ਉਹ ਤੁਰੰਤ ਆਪਣੇ ਪਰਿਵਾਰ ਨਾਲ ਆਪਣੀ ਧੀ ਦੇ ਸਹੁਰੇ ਘਰ ਪਹੁੰਚਿਆ। ਉਥੇ ਉਸ ਦੀ ਧੀ ਦੀ ਲਾਸ਼ ਉਸ ਦੇ ਜੀਜੇ ਦੇ ਕਮਰੇ ਵਿੱਚ ਖੂਨ ਨਾਲ ਲੱਥਪੱਥ ਪਈ ਸੀ। ਉਸ ਦੇ ਸਿਰ 'ਤੇ ਗੋਲੀ ਦਾ ਨਿਸ਼ਾਨ ਸੀ ਤੇ ਮੁਲਜ਼ਮ ਭੱਜ ਗਏ ਸੀ। ਸ਼ਿਕਾਇਤਕਰਤਾ ਨੇ ਕਿਹਾ ਕਿ ਮੁਲਜ਼ਮਾਂ ਨੇ ਜੇਠ ਗੁਰਵਿੰਦਰ ਸਿੰਘ ਦੇ ਲਾਇਸੈਂਸੀ ਪਿਸਤੌਲ ਨਾਲ ਗੋਲੀ ਮਾਰ ਕੇ ਉਸ ਦੀ ਧੀ ਦਾ ਕਤਲ ਕੀਤਾ ਹੈ।

# ਕਲਾਨੌਰ ਦੇ ਆਸ-ਪਾਸ ਦੇ ਇਲਾਕਿਆਂ 'ਚ ਡੀਜ਼ਲ ਤੇ ਪੈਟਰੋਲ ਦੀ ਘਾਟ, ਪੈਟਰੋਲ ਪੰਪਾਂ ਤੋਂ ਮੁੜ ਰਹੇ ਨੇ ਰਾਹਗੀਰ

ਕਲਾਨੌਰ, 8 ਮਾਰਚ (ਇਕਬਾਲ ਵਾਲੀਆ/ਕਮਲਜੀਤ ਸਿੰਘ): ਪੈਟਰੋਲ ਤੇ ਡੀਜ਼ਲ ਦੀ ਘਾਟ ਕਲਾਨੌਰ ਤੇ ਆਸ-ਪਾਸ ਦੇ ਇਲਾਕਿਆਂ ਵਿੱਚ ਵਸਨੀਕਾਂ ਲਈ ਕਾਫ਼ੀ ਅਸੁਵਿਧਾ ਦਾ ਕਾਰਨ ਬਣ ਰਹੀ ਹੈ। ਕਲਾਨੌਰ ਦੇ ਕਈ ਪੈਟਰੋਲ ਪੰਪਾਂ 'ਤੇ ਬਾਲਣ ਦੀ ਘਾਟ ਦੀਆਂ ਖ਼ਬਰਾਂ ਨੇ ਘਬਰਾਹਟ ਪੈਦਾ ਕਰ ਦਿੱਤੀ, ਡਰਾਈਵਰ ਪੰਪਾਂ 'ਤੇ ਭੱਜ-ਦੌੜ ਕਰ ਰਹੇ ਸਨ। ਹਾਲਾਂਕਿ, ਜ਼ਿਆਦਾਤਰ ਨਿਰਾਸ਼ ਵਾਪਸ ਪਰਤ ਆਏ ਕਿਉਂਕਿ ਬਾਲਣ ਉਪਲਬਧ ਨਹੀਂ ਸੀ। ਪੈਟਰੋਲ ਤੇ ਡੀਜ਼ਲ ਦੀ ਘਾਟ ਕਾਰਨ ਦਿਨ ਭਰ ਪੰਪਾਂ ਦੇ ਬਾਹਰ ਵਾਹਨਾਂ ਦੀਆਂ ਲੰਬੀਆਂ ਕਤਾਰਾਂ ਲੱਗ ਗਈਆਂ। ਕਈਆਂ ਨੇ ਘੰਟਿਆਂ ਤੱਕ ਇੰਤਜ਼ਾਰ ਕੀਤਾ ਪਰ ਬਾਲਣ ਨਹੀਂ ਮਿਲਿਆ। ਇਸ ਨਾਲ ਵਸਨੀਕਾਂ ਵਿੱਚ ਚਿੰਤਾ ਤੇ ਦਹਿਸ਼ਤ ਦਾ ਮਾਹੌਲ ਪੈਦਾ ਹੋ ਗਿਆ ਹੈ। ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਉਹ ਪਿਛਲੇ ਦੋ ਦਿਨਾਂ ਤੋਂ ਬਾਲਣ ਦੀ ਘਾਟ ਦਾ ਸਾਹਮਣਾ ਕਰ ਰਹੇ ਹਨ। ਉਨ੍ਹਾਂ ਦਾ ਕਹਿਣਾ ਹੈ ਕਿ ਉਨ੍ਹਾਂ ਨੂੰ ਗੱਡੀ ਚਲਾਉਣ ਵਿੱਚ ਮੁਸ਼ਕਿਲ ਆ ਰਹੀ ਹੈ, ਜਿਸ ਨਾਲ ਲੰਬੀ ਦੂਰੀ ਦੀ ਯਾਤਰਾ ਕਰਨ ਵਾਲਿਆਂ ਲਈ ਸਥਿਤੀ ਹੋਰ ਵੀ ਮੁਸ਼ਕਿਲ ਹੋ ਗਈ ਹੈ। ਕੁਝ ਲੋਕਾਂ ਨੇ ਇਹ ਵੀ ਕਿਹਾ ਕਿ ਅੰਤਰਰਾਸ਼ਟਰੀ ਸਥਿਤੀ ਤੇ ਸੰਭਾਵਿਤ ਯੁੱਧ ਦੇ ਡਰ ਕਾਰਨ, ਲੋਕ ਵੱਡੀ ਮਾਤਰਾ ਵਿੱਚ ਬਾਲਣ ਭਰਨ ਲਈ ਪੰਪਾਂ 'ਤੇ ਭੱਜ ਰਹੇ ਹਨ, ਜਿਸ ਨਾਲ ਘਾਟ ਹੋਰ ਵੀ ਵੱਧ ਰਹੀ ਹੈ। ਸੰਪਰਕ ਕਰਨ 'ਤੇ ਪੈਟਰੋਲ ਪੰਪ ਮਾਲਕਾਂ ਨੇ ਕਿਹਾ ਕਿ ਤੇਲ ਦੀ ਕੋਈ ਵੱਡੀ ਕਮੀ ਨਹੀਂ ਹੈ। ਉਨ੍ਹਾਂ ਅਨੁਸਾਰ ਹੋਲੀ ਦੀਆਂ ਛੁੱਟੀਆਂ ਕਾਰਨ, ਤੇਲ ਸਪਲਾਈ ਕਰਨ ਵਾਲੇ ਵਾਹਨ ਸਮੇਂ ਸਿਰ ਨਹੀਂ ਪਹੁੰਚ ਸਕੇ, ਜਿਸ ਕਾਰਨ ਕੁਝ ਪੰਪਾਂ 'ਤੇ ਅਸਥਾਈ ਤੌਰ 'ਤੇ ਕਮੀ ਹੋ ਗਈ। ਉਨ੍ਹਾਂ ਭਰੋਸਾ ਦਿੱਤਾ ਕਿ ਸਪਲਾਈ ਜਲਦੀ ਹੀ ਬਹਾਲ ਕਰ ਦਿੱਤੀ ਜਾਵੇਗੀ ਤੇ ਲੋਕ ਆਮ ਵਾਂਗ ਪੈਟਰੋਲ ਤੇ ਡੀਜ਼ਲ ਪ੍ਰਾਪਤ ਕਰ ਸਕਣਗੇ। ਪੰਪ ਮਾਲਕਾਂ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਅਫਵਾਹਾਂ ਵੱਲ ਧਿਆਨ ਨਾ ਦੇਣ ਤੇ ਘਬਰਾਉਣ ਨਾ ਵੱਡੀ ਮਾਤਰਾ ਵਿੱਚ ਬਾਲਣ ਜਮ੍ਹਾਂ ਨਾ ਕਰਨ। ਉਨ੍ਹਾਂ ਦਾ ਕਹਿਣਾ ਹੈ ਕਿ ਜਿਵੇਂ ਹੀ ਨਵੀਂ ਸਪਲਾਈ ਆਵੇਗੀ, ਸ਼ਹਿਰਾਂ ਤੇ ਕਸਬਿਆਂ ਵਿੱਚ ਪੈਟਰੋਲ ਪੰਪਾਂ 'ਤੇ ਬਾਲਣ ਉਪਲਬਧ ਹੋਵੇਗਾ ਤੇ ਸਥਿਤੀ ਜਲਦੀ ਹੀ ਆਮ ਵਾਂਗ ਹੋ ਜਾਵੇਗੀ।




# ਮੁੱਖ ਮੰਤਰੀ ਮਾਨ ਭਲਕੇ ਦਾਣਾ ਮੰਡੀ ਕਾਹਨੂੰਵਾਨ ਵਿਖੇ ਪਹੁੰਚਣਗੇ: ਐਡ. ਸੇਖਵਾਂ



ਕਾਹਨੂੰਵਾਨ, 8 ਮਾਰਚ (ਕੁਲਜੀਤ ਸਿੰਘ ਖੋਖਰ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ 9 ਮਾਰਚ ਨੂੰ ਦਾਣਾ ਮੰਡੀ ਕਾਹਨੂੰਵਾਨ ਵਿਖੇ ਪਹੁੰਚਣਗੇ ਤੇ ਵਿਧਾਨ ਸਭਾ ਹਲਕਾ ਇੰਚਾਰਜ ਕਾਦੀਆਂ ਵਿਖੇ ਵਿਕਾਸ ਕਾਰਜਾਂ ਦੇ ਨੀਂਹ ਪੱਥਰ ਰੱਖਣਗੇ ਤੇ ਇੱਕ ਜਨਤਕ ਰੈਲੀ ਨੂੰ ਸੰਬੋਧਨ ਕਰਨਗੇ। ਇਹ ਜਾਣਕਾਰੀ ਦਿੰਦਿਆਂ ਹਲਕਾ ਇੰਚਾਰਜ ਕਾਦੀਆਂ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਦੱਸਿਆ ਕਿ 9 ਮਾਰਚ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦਾਣਾ ਮੰਡੀ ਕਾਹਨੂੰਵਾਨ ਪਹੁੰਚਣਗੇ, ਜਿਸ ਲਈ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਦੱਸਿਆ ਕਿ ਇਸ ਸਬੰਧ ਵਿੱਚ ਉਨ੍ਹਾਂ ਵੱਲੋਂ ਵੱਖ-ਵੱਖ ਪਿੰਡਾਂ ਮੌਂਜਪੁਰ, ਬੁੱਢਾ ਬਾਲਾ ਆਦਿ ਤੇ ਪਾਰਟੀ ਦੇ ਅਹੁਦੇਦਾਰਾਂ ਨਾਲ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਲੋਕ ਹਿੱਤ ਵਿੱਚ ਵੱਖ-ਵੱਖ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ, ਜਿਸ ਦੇ ਚੱਲਦਿਆਂ ਕਾਦੀਆਂ ਵਿਧਾਨ ਸਭਾ ਹਲਕਾ ਵਿਖੇ ਵਿਕਾਸ ਕੰਮਾਂ ਦੀ ਰਫਤਾਰ ਨੂੰ ਹੋਰ ਤੇਜ਼ ਕਰਦਿਆਂ ਮੁੱਖ ਮੰਤਰੀ ਪੰਜਾਬ ਵੱਲੋਂ ਵਿਕਾਸ ਕਾਰਜਾਂ ਦਾ ਨੀਂਹ ਪੱਥਰ ਰੱਖਿਆ ਜਾਵੇਗਾ ਤੇ ਕਾਹਨੂੰਵਾਨ ਦਾਣਾ ਮੰਡੀ ਵਿਖੇ ਹੀ ਇੱਕ ਵੱਡੀ ਜਨਤਕ ਰੈਲੀ ਨੂੰ ਸੰਬੋਧਨ ਕੀਤਾ ਜਾਵੇਗਾ।

# ਘਬਰਾਹਟ 'ਚ ਆ ਕੇ ਗੈਸ ਸਿਲੰਡਰ ਦੇ ਜ਼ਖੀਰੇ ਤੋਂ ਲੋਕ ਪ੍ਰਹੇਜ਼ ਕਰਨ

## ☛ਗੈਸ ਦੀ ਕੋਈ ਕਿੱਲਤ ਨਹੀਂ ਹੈ: ਪਲਵਿੰਦਰ ਰਾਜਾ




ਘੁਮਾਣ/ਸ੍ਰੀ ਹਰਿਗੋਬਿੰਦਪੁਰ ਸਾਹਿਬ, 8 ਮਾਰਚ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਅਮਰੀਕਾ ਇਰਾਨ ਦੇ ਯੁੱਧ ਦੌਰਾਨ ਲੋਕਾਂ ਵਿੱਚ ਅਜਿਹਾ ਡਰ ਪੈਦਾ ਹੋ ਗਿਆ ਹੈ ਕਿ ਸ਼ਾਇਦ ਆਉਣ ਵਾਲੇ ਸਮੇਂ ਵਿੱਚ ਗੈਸ ਦੀ ਕਿੱਲਤ ਆ ਜਾਵੇ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਅਜੀਤ ਗੈਸ ਏਜੰਸੀ ਦੇ ਮਾਲਕ ਪਲਵਿੰਦਰ ਰਾਜਾ ਨੇ ਦੱਸਿਆ ਕਿ ਗੈਸ ਦੀ ਸਪਲਾਈ ਵਿੱਚ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਲੋਕ ਘਬਰਾਹਟ ਵਿੱਚ ਆ ਕੇ ਜ਼ਖੀਰਾਬਾਜ਼ੀ ਤੋਂ ਗੁਰੇਜ਼ ਕਰਨ ਰੋਜ਼ ਦਾ ਇੱਕ ਟਰੱਕ ਜੋ ਰੈਗੂਲਰ ਪਹਿਲਾਂ ਆਉਂਦਾ ਸੀ ਉਸੇ ਤਰ੍ਹਾਂ ਹੀ ਸਪਲਾਈ ਆ ਰਹੀ ਹੈ। ਸਵੇਰੇ 9 ਵਜੇ ਤੋਂ ਸ਼ੁਰੂ ਹੋ ਕੇ ਅਖੀਰਲੇ ਸਿਲੰਡਰ ਤੱਕ ਗੈਸ ਵੰਡੀ ਜਾ ਰਹੀ ਹੈ। ਕਿਸੇ ਨੂੰ ਵੀ ਜਵਾਬ ਨਹੀਂ ਦਿੱਤਾ ਜਾਂਦਾ ਕਿ ਗੈਸ ਖਤਮ ਹੈ। ਅਖੀਰਲਾ ਸਿਲੰਡਰ ਵੰਡ ਕੇ ਫਿਰ ਅਗਲੇ ਦਿਨ ਵਾਸਤੇ ਆਉਣ ਲਈ ਕਿਹਾ ਜਾਂਦਾ ਹੈ। ਇਸ ਕਰਕੇ ਇਲਾਕਾ ਨਿਵਾਸੀਆਂ ਸਾਰਿਆਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਘਬਰਾਹਟ ਵਿੱਚ ਆ ਕੇ ਜ਼ਖੀਰਾਬਾਜ਼ੀ ਨਾ ਕਰਨ, ਲੋੜ ਮੁਤਾਬਿਕ ਆਪਣੀ ਗੈਸ ਜਦੋਂ ਮਰਜ਼ੀ ਆ ਕੇ ਏਜੰਸੀ ਦੇ ਗੋਦਾਮ ਤੋਂ ਲੈ ਸਕਦੇ ਹਨ, ਅਫਵਾਵਾਂ ਤੋਂ ਬਚਦੇ ਹੋਏ ਆਪਣੀ ਲੋੜ ਮੁਤਾਬਿਕ ਸਿਲੰਡਰ ਦੀ ਵਰਤੋਂ ਕਰੋ ਨਹੀਂ ਤਾਂ ਜ਼ਖੀਰਾ ਬਾਜ਼ ਆਰਜ਼ੀ ਕਿੱਲਤ ਪੈਦਾ ਕਰਕੇ ਸਿਲੰਡਰਾਂ ਦੀ ਬਲੈਕ ਕਰਨਗੇ। ਅਗਰ ਲੋੜ ਪਈ ਤਾਂ ਗੈਸ ਸਿਲੰਡਰ ਦਾ ਕੋਟਾ ਡਬਲ ਕਰਕੇ ਕਿਸੇ ਨੂੰ ਵੀ ਗੈਸ ਸਿਲੰਡਰ ਦੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਪਿੰਡਾਂ ਵਿੱਚ ਹੋਮ ਡਿਲੀਵਰੀ ਜੋ ਕਿ ਪਹਿਲਾਂ ਵੀ ਚੱਲ ਰਹੀ ਸੀ ਉਸ ਨੂੰ ਵੀ ਨਿਰਵਿਘਨ ਜਾਰੀ ਰੱਖਿਆ ਜਾਵੇਗਾ।

# ਅਧਿਕਾਰੀ ਰਾਹੀਂ ਵਿਭਾਗ ਨੂੰ ਕਰਮਚਾਰੀਆਂ ਦੀਆਂ ਮੰਗਾਂ ਸਬੰਧੀ ਮੰਗ ਪੱਤਰ ਭੇਜੇ ਜਾਣਗੇ: ਪ੍ਰਧਾਨ ਰਾਜੀਵ ਸ਼ਰਮਾ

ਤਲਵਾੜਾ, 8 ਮਾਰਚ (ਜਗਮੋਹਨ ਸ਼ਰਮਾ): ਅੱਜ ਪੀਡਬਲਿਊਡੀ ਫੀਲਡ ਐਂਡ ਵਰਕਸ਼ਾਪ ਵਰਕਰ ਯੂਨੀਅਨ ਬ੍ਰਾਂਚ ਤਲਵਾੜਾ ਦੀ ਮੀਟਿੰਗ ਬ੍ਰਾਂਚ ਪ੍ਰਧਾਨ ਰਾਜੀਵ ਸ਼ਰਮਾ ਦੀ ਅਗਵਾਈ ਹੇਠ ਹੋਈ। ਇਸ ਮੌਕੇ ਯੂਨੀਅਨ ਦੇ ਜਨਰਲ ਸਕੱਤਰ ਸ਼ਾਮ ਸਿੰਘ ਬਟਵਾੜਾ ਨੇ ਕਿਹਾ ਕਿ ਜਲ ਸਪਲਾਈ ਐਂਡ ਸੈਨੀਟੇਸ਼ਨ ਵਿਭਾਗ ਦੇ ਅਧਿਕਾਰੀਆਂ ਨੂੰ ਯੂਨੀਅਨ ਦਾ ਵਫਦ ਕਈ ਵਾਰ ਮਿਲ ਚੁੱਕਾ ਹੈ, ਪ੍ਰੰਤੂ ਹੁਣ ਤੱਕ ਕਿਸੇ ਵੀ ਮੰਗ ਦਾ ਹੱਲ ਨਹੀਂ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਸਟੇਟ ਕਮੇਟੀ ਵੱਲੋਂ ਫੈਸਲਾ ਕੀਤਾ ਗਿਆ ਹੈ ਕਿ 1 ਮਾਰਚ ਤੋਂ 10 ਮਾਰਚ ਤੱਕ ਸਬੰਧਤ ਵਿਭਾਗ ਦੇ ਮੰਡਲ ਦਫ਼ਤਰਾਂ ਅੱਗੇ ਰੋਸ ਰੈਲੀਆਂ ਕਰਕੇ ਮੰਡਲ ਅਧਿਕਾਰੀ ਰਾਹੀਂ ਵਿਭਾਗ ਨੂੰ ਕਰਮਚਾਰੀਆਂ ਦੀਆਂ ਮੰਗਾਂ ਸਬੰਧੀ ਮੰਗ ਪੱਤਰ ਭੇਜੇ ਜਾਣਗੇ। ਇਸੇ ਕੜੀ ਵਿੱਚ ਬ੍ਰਾਂਚ ਤਲਵਾੜਾ ਵੱਲੋਂ 10 ਮਾਰਚ ਦਿਨ ਮੰਗਲਵਾਰ ਨੂੰ ਜਲ ਸਪਲਾਈ ਐਂਡ ਸੈਨੀਟੇਸ਼ਨ ਵਿਭਾਗ ਦੇ ਮੰਡਲ ਦਫ਼ਤਰ ਰੈਲੀ (ਤਲਵਾੜਾ) ਵਿੱਚ ਰੋਸ ਰੈਲੀ ਕੀਤੀ ਜਾਵੇਗੀ। ਰੈਲੀ ਤੋਂ ਬਾਅਦ ਕਾਰਜਕਾਰੀ ਅਧਿਕਾਰੀ ਰਾਹੀਂ ਵਿਭਾਗ ਦੇ ਐਚ.ਓ.ਡੀ. ਮੋਹਾਲੀ ਨੂੰ ਮੰਗ ਪੱਤਰ ਭੇਜਿਆ ਜਾਵੇਗਾ। ਉਨ੍ਹਾਂ ਕਿਹਾ ਕਿ ਯੂਨੀਅਨ ਦੀਆਂ ਮੁੱਖ ਮੰਗਾਂ ਵਿੱਚ ਇਨਲਿਸਟਮੈਂਟ ਠੇਕਾ ਮੁਲਾਜ਼ਮਾਂ ਨੂੰ ਵਿਭਾਗ ਵਿੱਚ ਲੈ ਕੇ ਪੱਕਾ ਕਰਨ ਲਈ ਨੀਤੀ ਬਣਾਈ ਜਾਵੇ, ਜੋ ਠੇਕਾ ਮੁਲਾਜ਼ਮ 58 ਸਾਲ ਦੀ ਉਮਰ ਪੂਰੀ ਕਰ ਚੁੱਕੇ ਹਨ, ਉਨ੍ਹਾਂ ਨੂੰ ਤਦ ਤੱਕ ਨੌਕਰੀ ਤੋਂ ਨਾ ਕੱਢਿਆ ਜਾਵੇ ਜਦ ਤੱਕ ਕੋਈ ਨਵੀਂ ਨੀਤੀ ਨਹੀਂ ਬਣ ਜਾਂਦੀ, ਦਰਜਾ ਚਾਰ ਤੋਂ ਦਰਜਾ ਤਿੰਨ ਤੇ ਦਰਜਾ ਤਿੰਨ ਤੋਂ ਜੇ.ਈ. ਤੱਕ ਤਰੱਕੀਆਂ ਕੀਤੀਆਂ ਜਾਣ, ਮੌਸਮੀ ਬਰਦੀਆਂ ਦਿੱਤੀਆਂ ਜਾਣ ਤੇ ਖਾਲੀ ਅਸਾਮੀਆਂ 'ਤੇ ਰੈਗੂਲਰ ਭਰਤੀ ਕੀਤੀ ਜਾਵੇ ਆਦਿ ਸ਼ਾਮਲ ਹਨ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਇਨ੍ਹਾਂ ਮੰਗਾਂ ਦਾ ਜਲਦੀ ਹੱਲ ਨਾ ਕੀਤਾ ਗਿਆ ਤਾਂ ਆਉਣ ਵਾਲੀ 18 ਮਾਰਚ ਨੂੰ ਮੋਹਾਲੀ ਵਿੱਚ ਵੱਡੀ ਗਿਣਤੀ ਵਿੱਚ ਰੋਸ ਰੈਲੀ ਕਰਨ ਲਈ ਮਜਬੂਰ ਹੋਣਾ ਪਵੇਗਾ। ਅੱਜ ਦੀ ਮੀਟਿੰਗ ਵਿੱਚ ਜਗਦੀਸ਼ ਸਿੰਘ, ਗਿਆਨ ਸਿੰਘ, ਅਪੂਰਵ ਸ਼ਰਮਾ, ਗੌਰਵ ਕੁਮਾਰ, ਅਵਤਾਰ ਸਿੰਘ, ਰਾਮਪਾਲ, ਰਾਜਨ ਸ਼ਰਮਾ, ਰਮਨ ਕੁਮਾਰ, ਜੇ. ਗੋਪਾਲ, ਸ਼ਸ਼ੀਪਾਲ, ਸੰਜੀਵ ਕੁਮਾਰ ਹਾਜ਼ਰ ਰਹੇ।



# ਸਰਕਾਰੀ ਕਾਲਜ 'ਚ ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਇਆ

## ☛30 ਉਦਮੀ ਮਹਿਲਾਵਾਂ ਨੂੰ ਸਨਮਾਨਤ ਕੀਤਾ

ਗੁਰਦਾਸਪੁਰ, 8 ਮਾਰਚ (ਜਗੀਰ ਸਿੰਘ ਮੰਡ/ਸੁਰਿੰਦਰ ਸਿੰਘ ਬਸਰਾ): ਸਮਾਜਿਕ ਤੇ ਆਰਥਿਕ ਵਿਕਾਸ ਵਿੱਚ ਮਹਿਲਾਵਾਂ ਦੀ ਭਾਗੀਦਾਰੀ ਦੀ ਮਹੱਤਤਾ ਨੂੰ ਉਜਾਗਰ ਕਰਦਿਆਂ ਸਰਕਾਰੀ ਕਾਲਜ ਗੁਰਦਾਸਪੁਰ ਵੱਲੋਂ ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਇੱਕ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਇਸ ਮੌਕੇ ਗੁਰਦਾਸਪੁਰ ਜ਼ਿਲ੍ਹੇ ਦੀਆਂ ਵੱਖ-ਵੱਖ ਖੇਤਰਾਂ ਵਿੱਚ ਵਿਲੱਖਣ ਸੇਵਾਵਾਂ ਨਿਭਾਉਣ ਵਾਲੀਆਂ ਉਦਮੀ ਤੇ ਪ੍ਰਤਿਸ਼ਠਿਤ ਮਹਿਲਾਵਾਂ ਨੂੰ ਸਨਮਾਨਤ ਕੀਤਾ ਗਿਆ। ਇਹ ਸਮਾਗਮ ਕਾਲਜ ਦੇ ਮਿਨੀ ਆਡੀਟੋਰੀਅਮ ਵਿੱਚ ਬਹੁਤ ਹੀ ਉਤਸ਼ਾਹਪੂਰਨ ਮਾਹੌਲ ਵਿੱਚ ਕਰਵਾਇਆ ਗਿਆ, ਜਿਸ ਵਿੱਚ ਸਿੱਖਿਆ, ਸਿਹਤ, ਪ੍ਰਸ਼ਾਸਨ, ਸਮਾਜ ਸੇਵਾ ਤੇ ਹੋਰ ਖੇਤਰਾਂ ਨਾਲ ਸਬੰਧਤ ਪ੍ਰਮੁੱਖ ਸ਼ਖ਼ਸੀਅਤਾਂ ਨੇ ਭਾਗ ਲਿਆ। ਇਸ ਸਮਾਗਮ ਦੇ ਮੁੱਖ ਮਹਿਮਾਨ ਵਜੋਂ ਡਾ. ਪੁਸ਼ਪਿੰਦਰ ਕੌਰ ਵਾਲੀਆ, ਪ੍ਰਿੰਸੀਪਲ ਬੀਬੀਕੇ ਡੀਏਵੀ ਕਾਲਜ ਫਾਰ ਗਰਲਜ਼ ਅੰਮ੍ਰਿਤਸਰ ਹਾਜ਼ਰ ਰਹੇ। ਆਪਣੇ ਸੰਬੋਧਨ ਵਿੱਚ ਡਾ. ਪੁਸ਼ਪਿੰਦਰ ਕੌਰ ਵਾਲੀਆ ਨੇ ਆਪਣੇ ਵਿਸ਼ਾਲ ਤਜਰਬੇ ਸਾਂਝੇ ਕਰਦਿਆਂ ਕਿਹਾ ਕਿ ਮਹਿਲਾਵਾਂ ਦੀ ਸਮਾਜ ਦੇ ਹਰ ਖੇਤਰ ਵਿੱਚ ਭਾਗੀਦਾਰੀ ਬਹੁਤ ਜ਼ਰੂਰੀ ਹੈ। ਉਨ੍ਹਾਂ ਨੇ ਖ਼ਾਸ ਤੌਰ 'ਤੇ ਮਹਿਲਾਵਾਂ ਦੀ ਰਾਜਨੀਤੀ ਵਿੱਚ ਮੁੱਖ ਭਾਗੀਦਾਰੀ ਤੇ ਲੜਕੀਆਂ ਦੀ ਸਿੱਖਿਆ ਨੂੰ ਪ੍ਰੋਤਸ਼ਾਹਿਤ ਕਰਨ ਉਤੇ ਜ਼ੋਰ ਦਿੱਤਾ। ਇਸ ਮੌਕੇ ਸਰਕਾਰੀ ਕਾਲਜ ਗੁਰਦਾਸਪੁਰ ਦੇ ਪ੍ਰਿੰਸੀਪਲ ਡਾ. ਅਸ਼ਵਨੀ ਕੁਮਾਰ ਭੱਲਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਮਹਿਲਾਵਾਂ ਦਾ ਸਮਾਜ ਦੇ ਹਰ ਖੇਤਰ ਵਿੱਚ ਯੋਗਦਾਨ ਬੇਮਿਸਾਲ ਹੈ ਤੇ ਸਮਾਜ ਦੇ ਸਮੂਹਿਕ ਵਿਕਾਸ ਲਈ ਮਹਿਲਾਵਾਂ ਦੀ ਭਾਗੀਦਾਰੀ ਬਹੁਤ ਜ਼ਰੂਰੀ ਹੈ। ਡਾ. ਭੱਲਾ ਨੇ ਆਪਣੇ ਭਾਸ਼ਣ ਦੌਰਾਨ ਮਹਿਲਾਵਾਂ ਦੀ ਤਰੱਕੀ ਨਾਲ ਜੁੜੇ ਕਈ ਮਹੱਤਵਪੂਰਨ ਆਂਕੜੇ ਵੀ ਸਾਂਝੇ ਕੀਤੇ। ਇਸ ਮੌਕੇ 'ਤੇ ਜ਼ਿਲ੍ਹਾ ਸੋਸ਼ਲ ਤੇ ਚਾਈਲਡ ਵੈਲਫੇਅਰ ਅਫਸਰ ਕਿਰਤਪ੍ਰਿਤ ਕੌਰ ਤੇ ਜ਼ਿਲ੍ਹਾ ਗਾਇਡੈਂਸ ਤੇ ਕਾਊਂਸਲਿੰਗ ਅਫਸਰ ਪਰਮਿੰਦਰ ਸੈਣੀ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਸਮਾਗਮ ਦੌਰਾਨ ਕਾਲਜ ਦੇ ਅਧਿਆਪਕ ਵਰਗ, ਵਿਦਿਆਰਥੀ ਤੇ ਸਮਾਜ ਦੇ ਕਈ ਪ੍ਰਮੁੱਖ ਵਿਅਕਤੀ ਵੀ ਮੌਜੂਦ ਰਹੇ। ਸਮਾਗਮ ਦੇ ਅੰਤ ਵਿੱਚ ਸਨਮਾਨਤ ਮਹਿਲਾਵਾਂ ਨੂੰ ਸਰਕਾਰੀ ਕਾਲਜ ਗੁਰਦਾਸਪੁਰ ਵੱਲੋਂ ਸਨਮਾਨ ਪੱਤਰ ਤੇ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ ਗਿਆ।




# ਕੌਮਾਂਤਰੀ ਮਹਿਲਾ ਦਿਵਸ 'ਤੇ ਔਰਤਾਂ ਦਾ ਸਨਮਾਨ



ਟਾਂਡਾ ਉੜਮੁੜ, 8 ਮਾਰਚ (ਅਰਜੁਨ ਜੈਨ): ਪੰਜਾਬ ਸਟੇਟ ਰੂਰਲ ਲਾਈਵਲੀ ਹੁੱਡ ਮਿਸ਼ਨ ਤੇ ਪੇਂਡੂ ਵਿਕਾਸ ਵਿਭਾਗ ਵੱਲੋਂ ਕੌਮਾਂਤਰੀ ਮਹਿਲਾ ਦਿਵਸ ਬੀ.ਡੀ.ਪੀ.ਓ. ਦਫਤਰ ਟਾਂਡਾ 'ਚ ਬਲਾਕ ਪੱਧਰ 'ਤੇ ਮਨਾਇਆ ਗਿਆ। ਇਸ ਪ੍ਰੋਗਰਾਮ ਦੌਰਾਨ ਹਲਕਾ ਉੜਮੁੜ ਦੀਆਂ ਵੱਖ-ਵੱਖ ਖੇਤਰਾਂ 'ਚ ਮੱਲਾਂ ਮਾਰਨ ਵਾਲੀਆਂ 100 ਉਦਮੀ ਔਰਤਾਂ ਨੂੰ ਉਨ੍ਹਾਂ ਦੀਆਂ ਪ੍ਰਾਪਤੀਆਂ ਲਈ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਸਮਾਗਮ 'ਚ ਮੁੱਖ ਮਹਿਮਾਨ ਵਜੋਂ ਰਮਨਦੀਪ ਕੌਰ ਨੇ ਸ਼ਿਰਕਤ ਕੀਤੀ। ਉਨ੍ਹਾਂ ਮਹਿਲਾਵਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਦੀ ਔਰਤ ਹਰ ਖੇਤਰ 'ਚ ਮੋਹਰੀ ਭੂਮਿਕਾ ਨਿਭਾ ਰਹੀ ਹੈ ਤੇ ਔਰਤਾਂ ਨੂੰ ਚਲਾਈਆਂ ਜਾ ਰਹੀਆਂ ਰਹੀਆਂ ਸਕੀਮਾਂ ਦਾ ਲਾਭ ਲੈ ਕੇ ਮਹਿਲਾਵਾਂ ਨੂੰ ਆਤਮ-ਨਿਰਭਰ ਬਣਨਾ ਚਾਹੀਦਾ ਹੈ। ਇਸ ਪੂਰੇ ਸਮਾਗਮ ਦਾ ਪ੍ਰਬੰਧ ਪੀ.ਐਸਆਰ.ਐਲ.ਐਮ. ਬਲਾਕ ਟਾਂਡਾ ਦੇ ਇੰਚਾਰਜ ਸੌਰਵ ਸ਼ਰਮਾ ਦੀ ਦੇਖ-ਰੇਖ ਹੇਠ ਬਹੁਤ ਹੀ ਸੁਚੱਜੇ ਢੰਗ ਨਾਲ ਕੀਤਾ ਗਿਆ। ਸੌਰਵ ਸ਼ਰਮਾ ਨੇ ਦੱਸਿਆ ਕਿ ਇਸ ਮਿਸ਼ਨ ਦਾ ਮੁੱਖ ਉਦੇਸ਼ ਪੇਂਡੂ ਖੇਤਰ ਦੀਆਂ ਮਹਿਲਾਵਾਂ ਨੂੰ ਰੋਜ਼ਗਾਰ ਦੇ ਨਵੇਂ ਅਵਸਰ ਪ੍ਰਦਾਨ ਕਰਕੇ ਉਨ੍ਹਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਕਰਨਾ ਹੈ। ਸਮਾਗਮ 'ਚ ਵੱਖ-ਵੱਖ ਸੈਲਫ ਹੈਲਪ ਗਰੁੱਪਾਂ ਨਾਲ ਜੁੜੀਆਂ ਮਹਿਲਾਵਾਂ ਨੇ ਵੱਡੀ ਗਿਣਤੀ 'ਚ ਹਿੱਸਾ ਲਿਆ ਤੇ ਆਪਣੇ ਤਜਰਬੇ ਸਾਂਝੇ ਕੀਤੇ। ਇਸ ਮੌਕੇ ਡਾ. ਮੀਨਾਕਸ਼ੀ ਸੈਣੀ, ਏ.ਐਸ.ਆਈ. ਮਨਿੰਦਰ ਕੌਰ, ਰਿਟਾਇਰਡ ਪ੍ਰਿੰਸੀਪਲ ਪਰਵਿੰਦਰ ਕੌਰ ਸੈਣੀ, ਰਾਜਵਿੰਦਰ ਕੌਰ, ਸਰਪੰਚ ਮਨਦੀਪ ਕੌਰ, ਰਾਜ ਮੁਲਤਾਨੀ ਹਾਜ਼ਰ ਸਨ।

# ਅੰਤਰਰਾਸ਼ਟਰੀ ਮੁਸਲਿਮ ਨੇਤਾ ਵੱਲੋਂ ਮੁਸਲਿਮ ਦੇਸ਼ਾਂ 'ਚ ਪੱਛਮੀ ਦਖਲ-ਅੰਦਾਜ਼ੀ ਦੀ ਨਿੰਦਾ

ਕਾਦੀਆਂ, 8 ਮਾਰਚ (ਸਲਾਮ ਤਾਰੀ/ਸਿਕੰਦਰ ਸੰਧੂ): ਮੁਸਲਿਮ ਜਮਾਤ ਅਹਿਮਦੀਆ ਭਾਰਤ ਦੇ ਪ੍ਰੈਸ ਸਕੱਤਰ ਮੌਲਾਨਾ ਕੇ ਤਾਰਿਕ ਅਹਿਮਦ ਨੇ ਜਾਰੀ ਪ੍ਰੈਸ ਰਿਲੀਜ਼ ਰਾਹੀਂ ਦੱਸਿਆ ਹੈ ਕਿ ਆਪਣੇ ਹਫਤਾਵਾਰੀ ਜੁੰਮੇ ਖੁਤਬੇ ਦੌਰਾਨ ਮੁਸਲਿਮ ਜਮਾਤ ਅਹਿਮਦੀਆ ਦੇ ਵਿਸ਼ਵ ਮੁਖੀ ਹਜ਼ਰਤ ਮਿਰਜ਼ਾ ਮਸਰੂਰ ਅਹਿਮਦ ਸਾਹਿਬ ਨੇ ਮੁਸਲਿਮ ਦੇਸ਼ਾਂ ਨੂੰ ਇਹ ਨਸੀਹਤ ਕੀਤੀ ਹੈ ਕਿ ਉਹ ਆਪਣੀ ਖੁਸ਼ਹਾਲੀ ਲਈ ਵੱਡੀਆਂ ਤਾਕਤਾਂ ਦੀ ਬਜਾਏ ਅੱਲਾਹ 'ਤੇ ਭਰੋਸਾ ਕਰਨ ਆਪਸ ਵਿੱਚ ਏਕਤਾ ਨੂੰ ਤਰਜੀਹ ਦੇਣ ਤੇ ਮੱਧ-ਪੂਰਬ ਵਿੱਚ ਚੱਲ ਰਹੇ ਟਕਰਾਅ ਦਾ ਅਮਨਪੂਰਨ ਹੱਲ ਲੱਭਣ ਵੱਲ ਕੰਮ ਕਰਨ। ਉਨ੍ਹਾਂ ਅੱਗੇ ਕਿਹਾ ਕਿ ਮੁਸਲਿਮ ਦੁਨੀਆਂ ਨੂੰ ਆਪਣੀ ਸੁਰੱਖਿਆ ਲਈ ਪੱਛਮੀ ਤਾਕਤਾਂ 'ਤੇ ਨਿਰਭਰ ਹੋਣ ਤੋਂ ਹਟ ਜਾਣਾ ਚਾਹੀਦਾ ਹੈ ਤੇ ਉਨ੍ਹਾਂ ਤਾਕਤਾਂ ਦੀਆਂ ਸਾਜਿਸ਼ਾਂ ਤੋਂ ਬਚਣ ਲਈ ਜੋ ਉਨ੍ਹਾਂ ਨੂੰ ਨੁਕਸਾਨ ਪਹੁੰਚਾਉਣਾ ਚਾਹੁੰਦੀਆਂ ਹਨ, ਅਮਨ ਨਾਲ ਇਕੱਠੇ ਹੋਣਾ ਚਾਹੀਦਾ ਹੈ। ਅਮਰੀਕਾ ਨੇ ਕਈ ਮੁਸਲਿਮ ਦੇਸ਼ਾਂ ਵਿੱਚ ਫੌਜੀ ਅੱਡੇ ਕਾਇਮ ਕੀਤੇ ਹੋਏ ਹਨ ਪਰ ਕਿਸ ਮਕਸਦ ਲਈ ਆਖਰ ਇਹ ਦੇਸ਼ ਕਿਸ ਤੋਂ ਖਤਰੇ ਵਿੱਚ ਸਨ। ਆਪ ਜੀ ਨੇ ਫਰਮਾਇਆ ਜੇ ਪੱਛਮੀ ਦੇਸ਼ਾਂ ਦੀ ਸਥਿਤੀ ਨੂੰ ਵੇਖਿਆ ਜਾਵੇ ਤਾਂ ਕੁਝ ਟਿੱਪਣੀਕਾਰ ਖੁਦ ਇਹ ਦਰਸਾਉਣ ਲੱਗ ਪਏ ਹਨ ਕਿ ਜੇ ਇਜ਼ਰਾਇਲ ਅਮਰੀਕਾ ਜਾਂ ਕਿਸੇ ਵੀ ਪੱਛਮੀ ਦੇਸ਼ ਵਿੱਚ ਕੋਈ ਹਮਲਾ ਹੋਵੇ ਤੇ ਉਨ੍ਹਾਂ ਦੇ ਕੁਝ ਬੱਚੇ ਵੀ ਮਾਰੇ ਜਾਣ ਤਾਂ ਅਖਬਾਰ ਕਈ ਦਿਨਾਂ ਤੱਕ ਲੰਬੇ-ਲੰਬੇ ਕਾਲਮ ਲਿਖ ਕੇ ਗੁੱਸੇ ਦਾ ਇਜ਼ਹਾਰ ਕਰਦੇ ਰਹਿੰਦੇ ਹਨ। ਪਰ ਈਰਾਨ ਵਿੱਚ ਇੱਕ ਸਕੂਲ 'ਤੇ ਬੰਬਾਰੀ ਹੁੰਦੀ ਹੈ ਤੇ ਸੈਂਕੜੇ ਬੱਚੇ ਮਾਰੇ ਜਾਂਦੇ ਹਨ ਤਾਂ ਮੁਸ਼ਕਿਲ ਨਾਲ ਕੋਈ ਆਵਾਜ਼ ਉਠਾਉਂਦਾ ਹੈ। ਇਹੀ ਹਾਲਤ ਫਲਸਤੀਨ ਵਿੱਚ ਸੀ ਤੇ ਹੁਣ ਈਰਾਨ ਵਿੱਚ ਵੀ ਉਹੀ ਕੁਝ ਹੋ ਰਿਹਾ ਹੈ। ਜੋ ਦੇਸ਼ ਜੰਗ ਵਿੱਚ ਭਾਗ ਲੈਣ ਤੋਂ ਇਨਕਾਰ ਕਰਦੇ ਹਨ, ਉਨ੍ਹਾਂ 'ਤੇ ਪਾਬੰਦੀਆਂ ਲਾਗੂ ਕੀਤੀਆਂ ਜਾਂਦੀਆਂ ਹਨ। ਇਹੋ ਜਿਹੀ ਹਾਲਤ ਵਿੱਚ ਇਨਸਾਫ ਕਾਇਮ ਨਹੀਂ ਰਹਿੰਦਾ ਤੇ ਜਦੋਂ ਇਨਸਾਫ ਖਤਮ ਹੋ ਜਾਂਦਾ ਹੈ ਤਾਂ ਤਬਾਹੀ ਲਾਜ਼ਮੀ ਤੌਰ 'ਤੇ ਆਉਂਦੀ ਹੈ। ਜਮਾਤ ਅਹਿਮਦੀਆ ਮੁਸਲਿਮ ਦੇ ਮੈਂਬਰਾਂ ਨੂੰ ਵੀ ਦੁਨੀਆਂ ਵਿੱਚ ਅਮਨ-ਸ਼ਾਂਤੀ ਕਾਇਮ ਹੋਣ ਤੇ ਹਰ ਤਰ੍ਹਾਂ ਦੀ ਨਾ ਇਨਸਾਫੀ ਤੇ ਜ਼ੁਲਮ ਦੇ ਖਾਤਮੇ ਲਈ ਦੁਆ ਕਰਨ ਦੀ ਅਪੀਲ ਕੀਤੀ।



# ਮਾਨ ਸਰਕਾਰ ਦਾ ਬਜਟ ਲੋਕ ਮੁਸ਼ਕਿਲਾਂ ਤੇ ਲੋੜਾਂ ਦੀ ਤਰਜ਼ਮਾਨੀ ਕਰਨ ਵਾਲਾ: ਸਰਪੰਚ ਪੇਰੋਸ਼ਾਹ

ਬਟਾਲਾ/ਸ੍ਰੀ ਹਰਿਗੋਬਿੰਦਪੁਰ ਸਾਹਿਬ, 8 ਮਾਰਚ (ਡਾ. ਨਰਿੰਦਰ ਸਿੰਘ ਘੁਮਾਣ/ਸੁਖਅੰਮ੍ਰਿਤ ਸਿੰਘ ਸੋਨੂੰ): ਮਾਨ ਸਰਕਾਰ ਨੇ ਪੰਜਾਬ ਦੇ ਲੋਕਾਂ ਦੀ ਨਬਜ਼ ਪਹਿਚਾਣਦੇ ਹੋਏ ਲੋਕ ਪੱਖੀ, ਲੋਕ ਮੁਸ਼ਕਿਲਾਂ ਤੇ ਲੋੜਾਂ ਦੀ ਤਰਜ਼ਮਾਨੀ ਕਰਨ ਵਾਲਾ ਅਖੀਰਲਾ ਬਜਟ ਪੇਸ਼ ਕਰਕੇ ਸਿੱਧ ਕਰ ਦਿੱਤਾ ਕਿ ਪੰਜਾਬ ਦੀ ਵਾਗਡੋਰ ਜ਼ਿੰਮੇਵਾਰ ਹੱਥਾਂ ਵਿੱਚ ਹੈ। ਉਕਤ ਸ਼ਬਦਾਂ ਦਾ ਪ੍ਰਗਟਾਵਾ ਕਰਦਿਆ ਅਗਾਂਹਵਧੂ ਸਰਪੰਚ ਸੁਖਰਾਜ ਸਿੰਘ ਪੇਰੋਸ਼ਾਹ ਨੇ ਕਿਹਾ ਕਿ ਪਿਛਲੇ ਪੰਜਾਂ ਸਾਲਾਂ ਵਾਂਗ ਬਿਨਾਂ ਟੈਕਸ ਵਧਾਏ ਤੇ ਲੋਕਾਂ 'ਤੇ ਬੋਝ ਪਾਏ ਬਿਨਾਂ ਮਹਿਲਾਵਾਂ ਲਈ 1500 ਤੇ 1000 ਮਹੀਨਾ ਰਾਸ਼ੀ ਲਈ 9300 ਕਰੋੜ ਦਾ ਪ੍ਰਬੰਧਨ ਕਰਨ, ਗਰੀਬ ਪਰਿਵਾਰਾਂ ਲਈ ਫੂਡ ਕਿੱਟ ਪ੍ਰਦਾਨ ਕਰਨ ਲਈ 900 ਕਰੋੜ, ਖੇਤੀ ਬਾੜੀ ਤੇ ਕਿਸਾਨ ਭਲਾਈ ਲਈ 15377 ਕਰੋੜ, ਬਿਜਲੀ ਕੀਮਤਾਂ ਵਿੱਚ 1.50 ਕਟੌਤੀ, ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਿਤ ਕਰਨ ਲਈ ਨੌਕਰੀਆਂ ਤੇ ਦਾਖਲਿਆਂ ਵਿੱਚ 3% ਕੋਟਾ ਨਿਰਧਾਰਿਤ ਕਰਨ, 3000 ਹਜ਼ਾਰ ਖੇਡ ਸਟੇਡੀਅਮ ਦਾ ਨਿਰਮਾਣ ਕਰਨ ਲਈ 1100 ਕਰੋੜ, 10 ਲੱਖ ਹੈਲਥ ਕਾਰਡ ਯੋਜਨਾ ਮਾਨ ਸਰਕਾਰ ਦੀ ਵੱਡੀ ਉਪਲੱਬਧੀ ਹੈ।



# ਸਿਹਤ ਵਿਭਾਗ ਵੱਲੋਂ ਸੀਐਚਸੀ ਵਿਖੇ ਸਰਵਾਈਕਲ ਕੈਂਸਰ ਤੋਂ ਬਚਾਅ ਲਈ ਟੀਕਾਕਰਨ ਦੀ ਸ਼ੁਰੂਆਤ



ਸ੍ਰੀ ਹਰਿਗੋਬਿੰਦਪੁਰ ਸਾਹਿਬ/ਘੁਮਾਣ, 8 ਮਾਰਚ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਸਿਵਲ ਸਰਜਨ ਗੁਰਦਾਸਪੁਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਜ਼ਿਲ੍ਹਾ ਟੀਕਾਕਰਨ ਅਧਿਕਾਰੀ ਡਾ. ਭਾਵਨਾ ਸ਼ਰਮਾ ਤੇ ਸੀਨੀਅਰ ਮੈਡੀਕਲ ਅਫਸਰ ਡਾ. ਸੁਕਰਾਂਤ ਦੀ ਯੋਗ ਅਗਵਾਈ ਹੇਠ ਸੀਐਚਸੀ ਘੁਮਾਣ ਵਿਖੇ ਐਚਪੀ.ਵੀ ਟੀਕਾਕਰਨ ਦਾ ਆਗਾਜ਼ ਕੀਤਾ ਗਿਆ। ਐਸਐਮਓ ਡਾ. ਸੁਕਰਾਂਤ ਨੇ ਦੱਸਿਆ ਕਿ ਲੜਕੀਆਂ ਦੀ ਸਿਹਤ ਸੁਰੱਖਿਆ ਦੀ ਦਿਸ਼ਾ 'ਚ ਇਹ ਸ਼ਲਾਘਾਯੋਗ ਕਦਮ ਹੈ। ਕੁੜੀਆਂ ਨੂੰ ਸਰਵਾਈਕਲ ਕੈਂਸਰ ਤੋਂ ਬਚਾਓ ਲਈ ਉਨ੍ਹਾਂ ਦਾ ਮੁਫਤ ਟੀਕਾਕਰਨ ਕੀਤਾ ਜਾ ਰਿਹਾ ਹੈ। ਇਸ ਟੀਕੇ ਦੀ ਕੀਮਤ ਨਿੱਜੀ ਹਸਪਤਾਲਾਂ ਵਿੱਚ 4000 ਰੁਪਏ ਤੱਕ ਦੀ ਲਾਗਤ ਹੈ ਜੋ ਆਮ ਜਨਤਾ ਦੀ ਪਹੁੰਚ ਤੋਂ ਦੂਰ ਹੈ। ਇਸ ਮੌਕੇ ਡਾ. ਸੁਖਮਨ, ਕਿਰਪਾਲ ਕੌਰ ਐਲਐਚਵੀ, ਮਨਦੀਪ ਕੌਰ ਸੀਐਚ.ਓ., ਸਤਿੰਦਰ ਕੌਰ ਏਐਨਐਮ, ਸਜਿੰਦਰ ਕੌਰ ਏਐਨਐਮ, ਆਸ਼ਾ ਵਰਕਰ ਰਾਜਬੀਰ ਕੌਰ, ਆਸ਼ਾ ਵਰਕਰ ਰਣਜੀਤ ਕੌਰ, ਆਸ਼ਾ ਵਰਕਰ ਅਨੀਤਾ, ਆਸ਼ਾ ਵਰਕਰ ਰਾਜਵਿੰਦਰ ਕੌਰ, ਆਸ਼ਾ ਵਰਕਰ ਕੁਲਵੰਤ ਕੌਰ, ਸਤਿੰਦਰ ਕੌਰ, ਸਜਿੰਦਰ ਕੌਰ ਦੇ ਏਐਨ.ਐਸ ਤੇ ਰਾਜਬੀਰ ਕੌਰ ਰਣਜੀਤ ਕੌਰ ਅਨੀਤਾ, ਦੁਲਵੰਤ ਕੌਰ ਹਾਜ਼ਰ ਸਨ।

# ਮਹਿਲਾ ਦਿਵਸ 'ਤੇ ਪ੍ਰਗਤੀਸ਼ੀਲ ਮਹਿਲਾਵਾਂ ਦਾ ਸਨਮਾਨ



ਬੰਗਾ, 8 ਮਾਰਚ (ਪ੍ਰਭਜੋਤ ਸਿੰਘ): ਸਮਾਜਿਕ ਸਾਂਝ ਸੰਸਥਾ ਬੰਗਾ ਵੱਲੋਂ ਅੱਜ ਮਹਿਲਾ ਦਿਵਸ ਨੂੰ ਸਮਰਪਿਤ ਸਨਮਾਨ ਸਮਾਗਮ ਕਰਵਾਇਆ ਗਿਆ। ਇਸ ਦੌਰਾਨ ਵੱਖ-ਵੱਖ ਖੇਤਰਾਂ ਨਾਲ ਸਬੰਧਤ ਪ੍ਰਗਤੀਸ਼ੀਲ ਮਹਿਲਾਵਾਂ ਨੂੰ ਯਾਦਗਾਰੀ ਚਿੰਨ੍ਹ ਪ੍ਰਦਾਨ ਕੀਤੇ ਗਏ ਤੇ ਫੁੱਲ ਮਹਿਲਾਵਾਂ ਪਹਿਨਾਈਆਂ ਗਈਆਂ। ਸਨਮਾਨ ਹਾਸਲ ਕਰਨ ਵਾਲਿਆਂ 'ਚ ਡਾ. ਬਲਵੀਰ ਕੌਰ, ਪ੍ਰਿੰਸੀਪਲ ਰਮਨਦੀਪ ਕੌਰ, ਐਡਵੋਕੇਟ ਊਸ਼ਾ ਬੰਗਾ, ਹੌਲਦਾਰ ਗੀਨਾ ਰਾਣੀ, ਸਬ-ਪੋਸਟਮਾਸਟਰ ਰਣਵੀਰ ਕੌਰ, ਗ੍ਰਹਿਣੀ ਰਮਨਦੀਪ ਕੌਰ, ਕਾਨੂੰਗੋ ਮਨਜੀਤ ਕੌਰ ਸ਼ਾਮਲ ਸਨ। ਇਹ ਸਮਾਗਮ ਸੰਸਥਾ ਦੇ ਸੰਸਥਾਪਕ ਸੁਰਜੀਤ ਮਜਾਰੀ ਦੀ ਅਗਵਾਈ ਵਿੱਚ ਕੀਤਾ ਗਿਆ। ਸਨਮਾਨ ਦੀ ਰਸਮ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਦੇ ਪ੍ਰਧਾਨ ਕੁਲਵਿੰਦਰ ਸਿੰਘ ਢਾਹਾਂ ਤੇ ਪੰਚਾਇਤ ਸੰਮਤੀ ਬੰਗਾ ਦੇ ਚੇਅਰਪਰਸਨ ਬੀਬੀ ਸਤਿੰਦਰ ਕੌਰ ਨੂਰਪੁਰ ਨੇ ਸਾਂਝੇ ਰੂਪ ਵਿੱਚ ਨਿਭਾਈ। ਉਨ੍ਹਾਂ ਸਮਾਜ ਦੀ ਮਜ਼ਬੂਤੀ ਵਿੱਚ ਮਹਿਲਾ ਵਰਗ ਦੀ ਭੂਮਿਕਾ ਦੀ ਭਰਪੂਰ ਸ਼ਲਾਘਾ ਕੀਤੀ। ਇਸ ਦੇ ਨਾਲ ਹੀ ਮੀਡੀਆ ਕਰਮੀਆਂ ਦੇ ਜੀਵਨ ਸਾਥੀ ਕਵਿਤਾ ਅੱਬੀ, ਮਨਜੀਤ ਕੌਰ, ਗੀਤਿਕਾ ਰਾਣੀ, ਨੀਲਮ ਕੁਮਾਰੀ, ਰਾਜ ਰਾਣੀ, ਕਾਜਲ, ਸ਼ਰਿਨਾ ਅਰੋੜਾ ਨੂੰ ਵੀ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।

# ਸੁੱਖ ਵਿਲਾ ਬੈਂਕਟ ਹਾਲ ਦਾ ਹਰਵਿੰਦਰਪਾਲ ਸਿੰਘ ਸ਼ਾਹਬਾਦ ਨੇ ਨੀਂਹ ਪੱਥਰ ਰੱਖਿਆ

ਕਾਦੀਆਂ, 8 ਮਾਰਚ (ਤਾਰੀ/ਸੰਧੂ): ਮਹਿਤਾ ਤੋਂ ਸ੍ਰੀ ਹਰਿਗੋਬਿੰਦਪੁਰ ਰੋਡ 'ਤੇ ਪੈਂਦੇ ਪਿੰਡ ਕੋਟਲਾ ਸੂਬਾ ਸਿੰਘ ਵਿਖੇ ਆਧੁਨਿਕ ਸੁਵਿਧਾਵਾਂ ਨਾਲ ਲੈਸ ਸੁੱਖ ਵਿਲਾ ਬੈਂਕਟ ਹਾਲ ਦਾ ਨੀਂਹ ਪੱਥਰ ਸਮਾਜ ਸੇਵੀ ਤੇ ਜਰਨਲ ਸਕੱਤਰ ਪੰਜਾਬ ਕਿਸਾਨ ਵਿੰਗ ਕਾਂਗਰਸ ਹਰਵਿੰਦਰਪਾਲ ਸਿੰਘ ਸ਼ਾਹਬਾਦ ਵੱਲੋਂ ਰੱਖਿਆ ਗਿਆ। ਇਹ ਬੈਂਕਟ ਹਾਲ ਅਮਰੀਕਾ ਤੋਂ ਤਿਆਰ ਕਰਵਾਏ ਗਏ ਖ਼ਾਸ ਨਕਸ਼ੇ ਦੇ ਆਧਾਰ 'ਤੇ ਬਣਾਇਆ ਜਾਵੇਗਾ, ਜਿਸ ਨਾਲ ਇਲਾਕੇ ਦੇ ਲੋਕਾਂ ਨੂੰ ਵਿਆਹ ਸਮਾਰੋਹਾਂ ਤੇ ਹੋਰ ਸਮਾਜਿਕ ਪ੍ਰੋਗਰਾਮਾਂ ਲਈ ਆਧੁਨਿਕ ਤੇ ਵਿਸ਼ਾਲ ਸਹੂਲਤਾਂ ਪ੍ਰਾਪਤ ਹੋਣਗੀਆਂ। ਇਸ ਮੌਕੇ ਹਰਵਿੰਦਰਪਾਲ ਸਿੰਘ ਨੇ ਸੁਖਦੇਵ ਸਿੰਘ ਸੁੱਖਾ ਨੂੰ ਜਿੱਥੇ ਮੁਬਾਰਕਬਾਦ ਦਿੱਤੀ, ਉਥੇ ਹੀ ਉਨ੍ਹਾਂ ਨੇ ਕਿਹਾ ਕਿ ਇਸ ਸੁੱਖ ਵਿਲਾ ਨਾਲ ਇਲਾਕੇ ਦੇ ਲੋਕਾਂ ਨੂੰ ਵਧੀਆ ਸਹੂਲਤਾਂ ਮਿਲਣਗੀਆਂ ਤੇ ਲੋਕਾਂ ਨੂੰ ਆਪਣੇ ਸ਼ਹਿਰ ਵਿੱਚ ਹੀ ਅੰਮ੍ਰਿਤਸਰ ਜਲੰਧਰ ਚੰਡੀਗੜ੍ਹ ਵਰਗੀਆਂ ਸਹੂਲਤਾਂ ਇਸ ਬੈਂਕਟ ਹਾਲ 'ਚ ਮਿਲਣਗੀਆਂ, ਇਸ ਦੇ ਨਾਲ ਹੀ ਇਲਾਕੇ ਦੇ ਲੋਕਾਂ ਨੂੰ ਕਾਰੋਬਾਰ ਮਿਲੇਗਾ ਤੇ ਸੈਂਕੜੇ ਲੋਕਾਂ ਦੇ ਘਰ ਦਾ ਗੁਜ਼ਾਰਾ ਵੀ ਵਧੀਆ ਚੱਲੇਗਾ। ਇਸ ਮੌਕੇ ਸਾਬ ਸਿੰਘ, ਅਮਰ ਰਾਵਤ ਮਹਿਤਾ, ਸ਼ੁਭਪ੍ਰੀਤ ਸਿੰਘ ਕਾਹਲੋਂ, ਲਖਵਿੰਦਰ ਸਿੰਘ ਠੇਕੇਦਾਰ, ਬਲਜੀਤ ਸਿੰਘ ਭੋਮਾ, ਜਰਨੈਲ ਸਿੰਘ, ਜੰਗ ਪੁਰਬਾ, ਗੁਰਜਿੰਦਰ ਸਿੰਘ ਪੱਡਾ, ਕੇਵਲ ਸਿੰਘ ਹਾਜ਼ਰ ਸਨ।



# ਵਿਧਾਇਕ ਦਹੀਆ ਨੇ ਵਕੀਲਾਂ ਦੇ ਹੱਕ 'ਚ ਫੈਸਲਾ ਲੈਣ 'ਤੇ ਸਰਕਾਰ ਦਾ ਕੀਤਾ ਧੰਨਵਾਦ

ਫਿਰੋਜ਼ਪੁਰ, 8 ਮਾਰਚ (ਤਿਵਾੜੀ): ਵਿਧਾਨ ਸਭਾ ਹਲਕਾ ਫਿਰੋਜ਼ਪੁਰ ਦਿਹਾਤੀ ਦੇ ਵਿਧਾਇਕ ਰਜਨੀਸ਼ ਕੁਮਾਰ ਦਹੀਆ ਨੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਤੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ ਹੈ, ਜੋ ਉਨ੍ਹਾਂ ਨੇ ਵਕੀਲ ਭਾਈਚਾਰੇ ਦੀ ਮੰਗ ਨੂੰ ਸਵੀਕਾਰ ਕੀਤਾ ਹੈ। ਵਿਧਾਇਕ ਰਜਨੀਸ਼ ਕੁਮਾਰ ਦਹੀਆ ਨੇ ਦੱਸਿਆ ਕਿ ਸਾਡੇ ਵਕੀਲ ਭਰਾਵਾਂ ਨੇ ਮਾਣਯੋਗ ਮੁੱਖ ਮੰਤਰੀ ਨੂੰ ਮਿਲ ਕਿ ਮੰਗ ਕੀਤੀ ਕਿ ਜਿਹੜੇ ਸਾਡੇ ਚੈਂਬਰ ਹਨ, ਉਨ੍ਹਾਂ ਨੂੰ ਰੈਜ਼ੀਡੈਂਸ਼ੀਅਲ ਟੈਰਫ ਲੱਗਣਾ ਚਾਹੀਦਾ ਕਮਰਸ਼ੀਅਲ ਨਹੀਂ ਲੱਗਣਾ ਚਾਹੀਦਾ। ਵਕੀਲ ਭਾਈਚਾਰੇ ਦੀ ਇਸ ਮੰਗ ਨੂੰ ਪੰਜਾਬ



ਸਰਕਾਰ ਵੱਲੋਂ ਮੰਨ ਲਿਆ ਗਿਆ ਹੈ ਤੇ ਉਹ ਰੈਜ਼ੀਡੈਂਸ਼ੀਅਲ ਕਰ ਦਿੱਤਾ ਗਿਆ ਹੈ। ਇਸ ਤੋਂ ਇਲਾਵਾ ਬਿਜਲੀ ਦਰਾਂ ਵਿੱਚ ਵੀ ਕਟੌਤੀ ਕੀਤੀ ਗਈ ਹੈ, ਜਿਸ ਨਾਲ ਪੰਜਾਬ ਸੂਬੇ ਦੇ ਸਾਰੇ ਲੋਕਾਂ ਨੂੰ ਫਾਇਦਾ ਹੋਵੇਗਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਹਮੇਸ਼ਾ ਹੀ ਲੋਕ ਹਿੱਤ ਦੇ ਫੈਸਲੇ ਲੈਂਦੀ ਆ ਰਹੀ ਹੈ ਤੇ ਬਹੁਤ ਸਾਰੇ ਕੰਮ ਲੋਕ ਹਿੱਤ ਲਈ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀਆਂ ਉਮੀਦਾਂ 'ਤੇ ਖਰੀ ਉਤਰ ਰਹੀ ਹੈ ਤੇ ਪੰਜਾਬ ਦੇ ਹਰ ਵਰਗ ਦੀ ਭਲਾਈ ਲਈ ਕੰਮ ਕਰ ਰਹੀ ਹੈ।

# ਪਿੰਡ ਬੱਲ੍ਹੋ ਦੀ ਗ੍ਰਾਮ ਪੰਚਾਇਤ ਵੱਲੋਂ 'ਬੈਸਟ ਸੱਸ ਐਵਾਰਡ' ਦੀ ਸ਼ੁਰੂਆਤ

## ☛ਖਟਾਸ 'ਚ ਮਿਠਾਸ: ਨੂੰਹਾਂ ਨੂੰ ਧੀ ਬਣਾਓ, ਐਵਾਰਡ ਲੈ ਜਾਓ

ਚੰਡੀਗੜ੍ਹ, 8 ਮਾਰਚ (ਚ.ਨ.ਸ): ਬਠਿੰਡਾ ਜ਼ਿਲ੍ਹੇ ਦੇ ਪਿੰਡ ਬੱਲ੍ਹੋ ਦੀ ਗ੍ਰਾਮ ਪੰਚਾਇਤ ਨੇ 'ਬੈਸਟ ਸੱਸ ਐਵਾਰਡ' ਦੀ ਸ਼ੁਰੂਆਤ ਕੀਤੀ ਹੈ। ਪੰਚਾਇਤ ਹਰ ਵਰ੍ਹੇ ਕੌਮਾਂਤਰੀ ਮਹਿਲਾ ਦਿਵਸ 'ਤੇ ਇਹ ਐਵਾਰਡ ਦੇਵੇਗੀ। ਗ੍ਰਾਮ ਪੰਚਾਇਤ ਨੇ ਅੱਜ ਇਸ ਦਾ ਮੁੱਢ ਬੰਨ੍ਹਦਿਆਂ ਛੇ ਔਰਤਾਂ ਨੂੰ 'ਬੈਸਟ ਸੱਸ ਐਵਾਰਡ' ਨਾਲ ਸਨਮਾਨਿਆ, ਜਦੋਂ ਪੰਚਾਇਤ ਤੋਂ ਇਹ ਸੱਸਾਂ ਐਵਾਰਡ ਲੈ ਰਹੀਆਂ ਸਨ ਤਾਂ ਉਨ੍ਹਾਂ ਦੀਆਂ ਨੂੰਹਾਂ ਤਾੜੀਆਂ ਮਾਰ ਰਹੀਆਂ ਸਨ। ਨੂੰਹ-ਸੱਸ ਦੇ ਰਿਸ਼ਤੇ 'ਚ ਮਿਠਾਸ ਭਰਨ ਦੇ ਮਕਸਦ ਨਾਲ ਪਿੰਡ ਦੀ ਸਰਪੰਚ ਅਮਰਜੀਤ ਕੌਰ ਨੇ ਇਹ ਕਦਮ ਚੁੱਕਿਆ ਹੈ। ਕੌਮਾਂਤਰੀ ਮਹਿਲਾ ਦਿਵਸ ਨੂੰ ਸਮਰਪਿਤ ਪਿੰਡ ਬੱਲ੍ਹੋ 'ਚ ਅੱਜ ਹੋਏ ਸਮਾਗਮਾਂ 'ਚ ਪੰਜਾਬ ਰਾਜ ਮਹਿਲਾ ਕਮਿਸ਼ਨ ਦੀ ਸੀਨੀਅਰ ਵਾਈਸ ਚੇਅਰਪਰਸਨ ਰੁਪਿੰਦਰ ਕੌਰ ਗਿੱਲ ਨੇ ਛੇ



ਔਰਤਾਂ ਨੂੰ ਇਸ ਐਵਾਰਡ ਨਾਲ ਸਨਮਾਨਤ ਕੀਤਾ, ਜਿਨ੍ਹਾਂ ਆਪਣੀ ਸਿਆਣਪ ਤੇ ਮੋਹ ਨਾਲ ਨੂੰਹ-ਸੱਸ ਦੇ ਰਿਸ਼ਤੇ ਨੂੰ ਮਾਂ-ਧੀ ਵਾਲੀ ਗੂੜ੍ਹੀ ਸਾਂਝ 'ਚ ਬਦਲਣ ਦੀ ਮਿਸਾਲ ਪੈਦਾ ਕੀਤੀ। ਸਰਪੰਚ ਅਮਰਜੀਤ ਕੌਰ ਨੇ ਕਿਹਾ ਕਿ ਪਰਿਵਾਰਕ ਸਾਂਝ ਨੂੰ ਮਜ਼ਬੂਤ ਕਰਨ ਲਈ ਇਹ ਉਪਰਾਲਾ ਸ਼ੁਰੂ ਕੀਤਾ ਗਿਆ ਹੈ। ਸਿਆਣੀ ਸੱਸ ਹੀ ਸੁਚੱਜੇ ਘਰ ਦੀ ਨੀਂਹ ਹੁੰਦੀ ਹੈ, ਜੋ ਨੂੰਹ ਨੂੰ ਗਲ ਨਾਲ ਲਗਾ ਕੇ ਘਰ ਨੂੰ ਸਵਰਗ ਬਣਾਉਂਦੀ ਹੈ।ਬੈਸਟ ਸੱਸ ਦਾ ਐਵਾਰਡ ਗੁਰਦੇਵ ਕੌਰ, ਜਸਵਿੰਦਰ ਕੌਰ, ਸੁਰਜੀਤ ਕੌਰ, ਚਰਨਜੀਤ ਕੌਰ, ਮੁਖ਼ਤਿਆਰ ਕੌਰ ਤੇ ਜਸਵਿੰਦਰ ਕੌਰ ਨੂੰ ਦਿੱਤਾ ਗਿਆ। ਪੰਚਾਇਤ ਨੇ ਦੱਸਿਆ ਕਿ ਬੈਸਟ ਸੱਸ ਐਵਾਰਡ ਦੀ ਚੋਣ ਲਈ ਪਹਿਲਾਂ ਪਿੰਡ ਹਾਸਲ 'ਚੋਂ ਮੁਕੰਮਲ ਰਿਪੋਰਟ ਕੀਤੀ ਗਈ। ਗ੍ਰਾਮ ਪੰਚਾਇਤ ਕੋਲ ਇਨ੍ਹਾਂ ਸੱਸਾਂ ਦਾ ਕਦੇ ਵੀ ਘਰੇਲੂ ਝਗੜਾ ਨਹੀਂ ਪੁੱਜਿਆ।

# ਨਵੀਂ ਇਮੀਗ੍ਰੇਸ਼ਨ ਨੀਤੀ ਤਹਿਤ ਮਰਜ਼ੀ ਨਾਲ ਯੂ.ਕੇ. ਛੱਡਣ ਲਈ 40,000 ਪੌਂਡ ਤੱਕ ਦੀ ਪੇਸ਼ਕਸ਼

ਲੰਡਨ, 8 ਮਾਰਚ (ਚ.ਨ.ਸ): ਬਰਤਾਨੀਆ ਦੀ ਗ੍ਰਹਿ ਮੰਤਰੀ ਸ਼ਬਾਨਾ ਮਹਿਮੂਦ ਨੇ ਐਲਾਨ ਕੀਤਾ ਹੈ ਕਿ ਨਵੀਂ ਇਮੀਗ੍ਰੇਸ਼ਨ ਨੀਤੀ ਤਹਿਤ ਅਸਫਲ ਸ਼ਰਨ ਮੰਗਣ ਵਾਲੇ ਪਰਿਵਾਰਾਂ ਨੂੰ ਮਰਜ਼ੀ ਨਾਲ ਯੂ.ਕੇ. ਛੱਡਣ ਲਈ 40,000 ਪੌਂਡ (ਲਗਭਗ 49 ਲੱਖ ਰੁਪਏ) ਤੱਕ ਦੀ ਪੇਸ਼ਕਸ਼ ਕੀਤੀ ਹੈ। ਮਹਿਮੂਦ ਨੇ ਇੱਕ ਥਿੰਕ-ਟੈਂਕ ਵੱਲੋਂ ਕਰਵਾਏ ਇੱਕ ਸਮਾਗਮ 'ਚ ਸੰਬੋਧਨ ਕਰਦਿਆਂ ਕਿਹਾ ਕਿ ਅਸਫਲ ਸ਼ਰਨ ਮੰਗਣ ਵਾਲਿਆਂ ਨੂੰ ਸਵੈ-ਇੱਛਾ ਨਾਲ ਦੇਸ਼ ਛੱਡਣ ਲਈ 10,000 ਪੌਂਡ (12 ਲੱਖ ਰੁਪਏ) ਦੀ ਪੇਸ਼ਕਸ਼ ਕੀਤੀ ਜਾਵੇਗੀ, ਜੋ ਪ੍ਰਤੀ ਪਰਿਵਾਰ 40,000 ਪੌਂਡ ਤੱਕ ਸੀਮਿਤ ਹੈ। ਜੇਕਰ ਉਹ ਇਨਕਾਰ ਕਰਦੇ ਹਨ ਤਾਂ ਉਨ੍ਹਾਂ ਨੂੰ ਜ਼ਬਰਦਸਤੀ ਦੇਸ਼ ਨਿਕਾਲਾ ਦਿੱਤਾ ਜਾਵੇਗਾ ਤੇ ਬੱਚਿਆਂ ਨੂੰ ਵੀ ਛੋਟ ਨਹੀਂ ਦਿੱਤੀ ਜਾਵੇਗੀ। ਡੈਨਮਾਰਕ ਤੋਂ ਪ੍ਰੇਰਿਤ ਇਸ ਨੀਤੀ ਰਾਹੀਂ ਸਰਕਾਰ ਹੋਟਲ 'ਚ ਰਹਿਣ ਵਾਲੇ 150 ਪਰਿਵਾਰਾਂ ਨੂੰ ਨਿਸ਼ਾਨਾ ਬਣਾ ਰਹੀ ਹੈ। ਉਕਤ ਪਰਿਵਾਰਾਂ ਨੂੰ ਵੀਰਵਾਰ ਨੂੰ ਸੂਚਿਤ ਕਰਕੇ ਫੈਸਲਾ ਕਰਨ ਲਈ ਸੱਤ ਦਿਨ ਦਿੱਤੇ ਹਨ, ਨਾਲ ਹੀ ਚਿਤਾਵਨੀ ਦਿੱਤੀ ਹੈ ਕਿ ਜੇਕਰ ਭੁਗਤਾਨ ਸਵੀਕਾਰ ਨਹੀਂ ਕਰਦੇ ਤਾਂ ਜ਼ਬਰਦਸਤੀ ਦੇਸ਼ ਨਿਕਾਲੇ ਦਾ ਸਾਹਮਣਾ ਕਰਨਾ ਪਵੇਗਾ। ਇੰਸਟੀਚਿਊਟ ਫਾਰ ਪਬਲਿਕ ਪਾਲਿਸੀ ਰਿਸਰਚ ਵੱਲੋਂ ਆਯੋਜਿਤ ਇੱਕ ਸਮਾਗਮ 'ਚ ਬੋਲਦੇ ਹੋਏ ਮਹਿਮੂਦ ਨੇ ਕਿਹਾ ਕਿ ਅੱਜ ਤਿੰਨ ਲੋਕਾਂ ਦੇ ਪਰਿਵਾਰ ਨੂੰ ਸ਼ਰਨਾਰਥੀ ਹੋਟਲ ਰਿਹਾਇਸ਼ ਵਿੱਚ ਰੱਖਣ 'ਤੇ ਪ੍ਰਤੀ ਸਾਲ 158,000 ਪੌਂਡ ਖਰਚ ਆਉਂਦੇ ਹਨ। ਜੇਕਰ ਇਹ ਨੀਤੀ ਸਹੀ ਸਾਬਤ ਹੋਈ ਤਾਂ ਵੱਡੀ ਬੱਚਤ ਹੋਵੇਗੀ। ਜਿਸ 'ਚ ਹਰ ਢਾਈ ਸਾਲਾਂ ਬਾਅਦ ਹਾਲਾਤਾਂ ਦੀ ਸਮੀਖਿਆ ਕੀਤੀ ਜਾਵੇਗੀ। ਜੇਕਰ ਹਾਲਾਤ ਬਿਹਤਰ ਹੁੰਦੇ ਹਨ ਤਾਂ ਉਨ੍ਹਾਂ ਨੂੰ ਘਰ ਭੇਜ ਦਿੱਤਾ ਜਾਵੇਗਾ। ਵਿਰੋਧੀ ਧਿਰਾਂ ਨੇ ਸਰਕਾਰ ਦੀ ਉਕਤ ਨੀਤੀ ਦੀ ਆਲੋਚਨਾ ਕਰਦਿਆਂ ਵਿਰੋਧ ਕੀਤਾ ਹੈ। ਜਦ ਕਿ 100 ਤੋਂ ਵੱਧ ਲੇਬਰ ਸੰਸਦ ਮੈਂਬਰ ਵੀ ਨਵੇਂ ਪ੍ਰਸਤਾਵਾਂ ਦੇ ਵਿਰੁੱਧ ਹਨ। ਜ਼ਿਕਰਯੋਗ ਹੈ ਕਿ ਯੂ.ਕੇ. ਸਰਕਾਰ ਪਹਿਲਾਂ ਹੀ ਇੱਕ ਸਵੈ-ਇੱਛਤ ਵਾਪਸੀ ਪ੍ਰੋਗਰਾਮ ਚਲਾਉਂਦੀ ਹੈ, ਜਿਸ ਦੇ ਤਹਿਤ ਸ਼ਰਨ ਮੰਗਣ ਵਾਲੇ ਲੋਕਾਂ ਨੂੰ ਮਰਜ਼ੀ ਨਾਲ ਯੂ.ਕੇ. ਛੱਡਣ 'ਤੇ 3,000 ਪੌਂਡ ਤੱਕ ਦੀ ਵਿੱਤੀ ਸਹਾਇਤਾ ਦਿੱਤੀ ਜਾਂਦੀ ਹੈ।



# ਪਾਕਿ ਸਰਕਾਰ ਨੇ ਪੈਟਰੋਲ ਤੇ ਡੀਜ਼ਲ ਦੀਆਂ ਕੀਮਤਾਂ 'ਚ ਇਤਿਹਾਸਕ ਵਾਧਾ ਕੀਤਾ

ਇਸਲਾਮਾਬਾਦ, 8 ਮਾਰਚ (ਚ.ਨ.ਸ): ਪੱਛਮੀ ਏਸ਼ੀਆ ਵਿੱਚ ਚੱਲ ਰਹੀ ਜੰਗ ਕਾਰਨ ਪਾਕਿਸਤਾਨ ਸਰਕਾਰ ਨੇ ਪੈਟਰੋਲ ਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਅੱਜ ਤੱਕ ਦਾ ਸਭ ਤੋਂ ਵੱਧ




ਇਤਿਹਾਸਕ ਵਾਧਾ ਕੀਤਾ ਹੈ। ਦੇਰ ਰਾਤ ਪੈਟਰੋਲ ਮੰਤਰੀ ਅਲੀ ਪਰਵੇਜ਼ ਮਲਿਕ ਨੇ ਪੈਟਰੋਲ ਤੇ ਹਾਈ-ਸਪੀਡ ਡੀਜ਼ਲ ਦੀ ਕੀਮਤ 55 ਰੁਪਏ ਪ੍ਰਤੀ ਲੀਟਰ ਵਧਾਉਣ ਦਾ ਐਲਾਨ ਕੀਤਾ। ਨਵੀਆਂ ਦਰਾਂ ਮੁਤਾਬਿਕ, ਡੀਜ਼ਲ ਹੁਣ 335.86 ਰੁਪਏ ਪ੍ਰਤੀ ਲੀਟਰ ਤੇ ਪੈਟਰੋਲ 321.17 ਰੁਪਏ ਪ੍ਰਤੀ ਲੀਟਰ ਹੋ ਗਿਆ ਹੈ। ਇਹ ਵਾਧਾ ਲਗਭਗ 17-20% ਹੈ। ਮਲਿਕ ਨੇ ਚੇਤਾਵਨੀ ਦਿੱਤੀ ਕਿ ਕੋਈ ਵੀ ਵਿਅਕਤੀ ਜੇਕਰ ਤੇਲ ਦੀ ਕਮੀ ਪੈਦਾ ਕਰਨ ਦੀ ਕੋਸ਼ਿਸ਼ ਕਰੇਗਾ ਜਾਂ ਜ਼ਖੀਰਾ ਇਕੱਠਾ ਕਰੇਗਾ ਤਾਂ ਉਸ 'ਤੇ ਸਖਤ ਕਾਰਵਾਈ ਕੀਤੀ ਜਾਵੇਗੀ।

# ਅਮਰੀਕੀ ਫ਼ੌਜ ਦੇ ਬੰਬਾਰ ਯੂ.ਕੇ. ਦੇ ਹਵਾਈ ਅੱਡੇ 'ਤੇ ਪਹੁੰਚੇ

ਲੰਡਨ/ਲੈਸਟਰ, 8 ਮਾਰਚ (ਚ.ਨ.ਸ): ਅਮਰੀਕੀ ਰਾਸ਼ਟਰਪਤੀ ਡੌਨਾਲਡ ਟਰੰਪ ਵੱਲੋਂ ਈਰਾਨ ਨੂੰ ਵੱਡੇ ਹਮਲੇ ਦੀ ਧਮਕੀ ਦੇਣ ਤੋਂ ਬਾਅਦ ਤੇ ਬਰਤਾਨੀਆ ਵੱਲੋਂ ਆਪਣੇ ਫ਼ੌਜੀ ਹਵਾਈ ਅੱਡੇ ਵਰਤਣ ਦੀ ਇਜਾਜ਼ਤ ਦੇਣ ਤੋਂ ਬਾਅਦ ਬੀਤੇ ਕੱਲ੍ਹ ਅਮਰੀਕੀ ਫ਼ੌਜ ਦੇ ਬੰਬਾਰ ਯੂ.ਕੇ. ਦੇ ਹਵਾਈ ਅੱਡੇ 'ਤੇ ਪਹੁੰਚ ਗਏ। ਤਿੰਨ ਅਮਰੀਕੀ ਹਵਾਈ ਸੈਨਾ ਦੇ ਬੀ-1 ਲੈਂਸਰ ਬੰਬਾਰ ਗਲੋਸਟਰਸ਼ਾਇਰ ਦੇ ਆਰ.ਏ.ਐਫ. ਫੇਅਰਫੋਰਡ ਵਿਖੇ ਉਤਰੇ। ਪ੍ਰਧਾਨ ਮੰਤਰੀ ਕੀਰ ਸਟਾਰਮਰ ਨੇ ਯੂ.ਕੇ. ਦੇ ਠਿਕਾਣਿਆਂ ਤੋਂ ਰੱਖਿਆਤਮਕ ਅਮਰੀਕੀ ਕਾਰਵਾਈ ਨੂੰ ਮਨਜ਼ੂਰੀ ਦੇ ਦਿੱਤੀ ਹੈ। ਲੰਬੀ ਦੂਰੀ ਦੇ ਰਣਨੀਤਕ ਜਹਾਜ਼ 24 ਕਬੂਜ਼ ਮਿਜ਼ਾਈਲਾਂ ਨੂੰ ਲਿਜਾਣ ਦੇ ਸਮਰੱਥ ਹਨ, ਉਹ ਅਮਰੀਕੀ ਮਾਰਚ ਰਵਾਇਤੀ ਬੰਬਾਰ ਹਨ। ਇਸ ਤੋਂ ਇਲਾਵਾ ਰੌਕਵੈਲ ਬੀ ਲੈਂਸਰ ਬੰਬਾਰ ਸਿਮਫਨੀ ਆਫ਼ ਡਿਸਟੇਕ ਵੀ ਹੈ। ਅਮਰੀਕੀ ਹਵਾਈ ਸੈਨਾ ਦੇ ਸਭ ਤੋਂ ਵੱਡੇ ਬੀ-1 ਬੰਬਾਰ ਜੈਟ ਨੂੰ ਕਮਾਂਡਰ ਕੇਰਨਲ ਬ੍ਰਾਇਨ ਐਮ ਬੁਸਾਚੁਰ ਵੱਲੋਂ ਉਡਾਇਆ ਜਾਂਦਾ ਹੈ। ਜਦਕਿ ਤੀਜਾ ਲੜਾਕੂ ਜਹਾਜ਼ ਏਲੀਅਨ ਵਿਦ ਐਨ ਐਟੀਟਿਊਡ ਹੈ। ਰਣਨੀਤਕ ਬੰਬਾਰ ਜਿਨ੍ਹਾਂ ਦੀ ਕੀਮਤ 2 ਬਿਲੀਅਨ ਡਾਲਰ



ਤੱਕ ਹੈ, ਦੁਨੀਆਂ ਦੀਆਂ ਸਭ ਤੋਂ ਵਿਨਾਸ਼ਕਾਰੀ ਮਿਜ਼ਾਈਲਾਂ ਨੂੰ ਲੈ ਕੇ ਜਾਣ ਵਾਲੇ ਹਨ, ਜੋ ਲੰਬੀ ਦੂਰੀ ਦੇ ਮਿਸ਼ਨਾਂ ਨੂੰ ਅੰਜਾਮ ਦੇ ਸਕਦੀਆਂ ਹਨ। ਸਭ ਤੋਂ ਵੱਡੀ ਗੱਲ ਕਿ ਇਨ੍ਹਾਂ ਨੂੰ ਟਰੈਕ ਨਹੀਂ ਕੀਤਾ ਜਾ ਸਕਦਾ। ਬੋਇੰਗ ਦੇ ਅਨੁਸਾਰ ਉਨ੍ਹਾਂ ਦਾ ਭਾਰ 86/ਟਨ ਹੈ ਤੇ ਅਮਰੀਕੀ ਹਵਾਈ ਸੈਨਾ 'ਚ ਸਭ ਤੋਂ ਤੇਜ਼ ਬੰਬਾਰ ਹਨ, ਜੋ 900 ਮੀਲ ਪ੍ਰਤੀ ਘੰਟਾ ਤੋਂ ਵੱਧ ਦੀ ਰਫ਼ਤਾਰ ਨਾਲ ਉਡਦੇ ਹਨ।

# ਮੱਧ-ਪੂਰਬ ਤਣਾਅ ਅੰਤਰਰਾਸ਼ਟਰੀ ਹਵਾਈ ਕਿਰਾਏ ਨੂੰ ਕਰ ਰਿਹੈ ਪ੍ਰਭਾਵਿਤ

## ☛ਦੁਬਈ ਰੂਟ 'ਤੇ ਹਵਾਈ ਟਿਕਟਾਂ ਦੀਆਂ ਕੀਮਤਾਂ 60 ਤੋਂ 80 ਫ਼ੀਸਦੀ ਤੱਕ ਵਧੀਆਂ

ਨਵੀਂ ਦਿੱਲੀ, 8 ਮਾਰਚ (ਚ.ਨ.ਸ): ਇਰਾਨ-ਇਜ਼ਰਾਈਲ ਯੁੱਧ ਕਾਰਨ ਮੱਧ ਪੂਰਬ ਵਿੱਚ ਤਣਾਅ ਅੰਤਰਰਾਸ਼ਟਰੀ ਹਵਾਈ ਕਿਰਾਏ ਨੂੰ ਪ੍ਰਭਾਵਿਤ ਕਰ ਰਿਹਾ ਹੈ। ਪਿਛਲੇ ਹਫ਼ਤੇ ਭਾਰਤ ਤੋਂ ਯੂਰਪ ਜਾਣ ਵਾਲੀਆਂ ਕਈ ਉਡਾਨਾਂ ਦੇ ਕਿਰਾਏ 40 ਫ਼ੀਸਦ ਤੋਂ ਵੱਧ ਵਧੇ ਹਨ। ਇਸ ਦੌਰਾਨ ਦੁਬਈ ਰੂਟ 'ਤੇ ਹਵਾਈ ਟਿਕਟਾਂ ਦੀਆਂ ਕੀਮਤਾਂ 60 ਤੋਂ 80 ਫ਼ੀਸਦੀ ਤੱਕ ਵੱਧ ਗਈਆਂ ਹਨ। ਯਾਤਰਾ ਕੰਪਨੀਆਂ ਅਨੁਸਾਰ ਅਗਲੇ 15 ਦਿਨਾਂ ਦੇ ਅੰਦਰ ਯਾਤਰਾ ਬੁੱਕ ਕਰਨ ਵਾਲਿਆਂ ਨੂੰ ਹੋਰ ਜ਼ਿਆਦਾ ਕਿਰਾਏ ਦਾ ਸਾਹਮਣਾ ਕਰਨਾ ਪਵੇਗਾ। ਯਾਤਰਾ ਕੰਪਨੀ ਪਿਕਯੂਅਰਮੇਲ ਦੇ ਅੰਕੜਿਆਂ ਅਨੁਸਾਰ ਸੀਮਿਤ ਉਡਾਨ ਸੰਚਾਲਨ ਕਾਰਨ ਭਾਰਤ-ਦੁਬਈ ਕੋਰੀਡੋਰ 'ਤੇ ਇੱਕ-ਪਾਸੜ ਟਿਕਟਾਂ ਦੇ ਕਿਰਾਏ 60 ਤੋਂ 80 ਫ਼ੀਸਦ ਤੱਕ ਵੱਧ ਗਏ ਹਨ। ਇਸ ਹਫ਼ਤੇ ਉਡਾਨ ਰੱਦ ਕਰਨ ਦੀ ਗਿਣਤੀ ਵਿੱਚ ਵੀ ਵਾਧਾ ਹੋਇਆ ਹੈ। ਸੂਤਰਾਂ ਅਨੁਸਾਰ ਸਾਰੀਆਂ ਰੱਦ ਕੀਤੀਆਂ ਗਈਆਂ ਉਡਾਨਾਂ ਵਿੱਚੋਂ 50 ਤੋਂ 65 ਫ਼ੀਸਦ ਦੁਬਈ ਰੂਟ ਨਾਲ ਸਬੰਧਤ ਹਨ। ਯਾਤਰਾ ਕੰਪਨੀਆਂ ਅਨੁਸਾਰ ਜਰਮਨੀ ਤੇ ਪੁਰਤਗਾਲ ਵਰਗੇ ਯੂਰਪੀਅਨ ਦੇਸ਼ਾਂ ਲਈ ਹਵਾਈ ਕਿਰਾਏ ਵਿੱਚ ਕਾਫ਼ੀ ਵਾਧਾ ਹੋਇਆ ਹੈ। 1 ਤੋਂ 5 ਮਾਰਚ ਦੇ ਵਿੱਚਕਾਰ ਬੁਕਿੰਗਾਂ ਵਿੱਚ ਪਿਛਲੇ ਹਫ਼ਤੇ ਦੇ ਮੁਕਾਬਲੇ 40 ਫ਼ੀਸਦ ਤੋਂ ਵੱਧ ਦਾ ਵਾਧਾ ਹੋਇਆ ਹੈ। ਦਿੱਲੀ-ਫਰੈਂਕਫਰਟ ਰੂਟ ਦੀ ਜਾਂਚ ਤੋਂ ਪਤਾ ਲੱਗਿਆ ਹੈ ਕਿ ਸਭ ਤੋਂ ਸਸਤਾ ਇਕਾਨਮੀ ਕਲਾਸ ਟਿਕਟ ਲਗਭਗ 1.5 ਲੱਖ ਤੱਕ ਪਹੁੰਚ ਗਿਆ ਹੈ, ਜਦੋਂ ਕਿ ਟਿਕਟਾਂ ਕਈ ਦਿਨਾਂ ਤੋਂ ਉਪਲਬਧ ਨਹੀਂ ਹਨ। ਉਡਾਣ ਏਅਰਲਾਈਨ ਅਧਿਕਾਰੀਆਂ ਅਨੁਸਾਰ ਮੱਧ ਪੂਰਬ ਵਿੱਚ ਹਵਾਈ ਖੇਤਰ ਬੰਦ ਹੋਣ ਤੇ ਸੁਰੱਖਿਆ ਜ਼ੋਖਮਾਂ ਨੇ ਬਹੁਤ ਸਾਰੀਆਂ ਉਡਾਨਾਂ ਨੂੰ ਲੰਬੇ ਬਦਲਵੇਂ ਰੂਟ ਲੈਣ ਲਈ ਮਜਬੂਰ ਕੀਤਾ ਹੈ।



**ਹੋਰ ਕਾਰਕਾਂ ਨੇ ਹਵਾਈ ਕਿਰਾਏ ਵਿੱਚ ਵਾਧੇ ਵਿੱਚ ਯੋਗਦਾਨ ਪਾਇਆ ਹੈ**

ਮਸਲਨ-ਜਹਾਜ਼ ਬੀਮਾ ਲਾਗਤਾਂ ਵਿੱਚ ਮਹੱਤਵਪੂਰਨ ਵਾਧਾ, ਜੈਟ ਈਂਧਨ ਦੀਆਂ ਕੀਮਤਾਂ ਵਿੱਚ ਵਾਧਾ, ਸੀਮਿਤ ਸੀਟਾਂ ਦੀ ਉਪਲਬਧਤਾ, ਉਡਾਣ ਦੇ ਸਮਾਂ-ਸਾਰਣੀ ਵਿੱਚ ਬਦਲਾਅ ਤੇ ਸੰਚਾਲਨ ਰੁਕਾਵਟਾਂ ਨੇ ਕੁਝ ਰੂਟਾਂ 'ਤੇ ਕਿਰਾਏ ਤੇ ਟੂਰ ਪੈਕੇਜਾਂ ਵਿਚ ਅਸਥਾਈ ਤੌਰ 'ਤੇ ਵਾਧਾ ਕੀਤਾ ਹੈ। ਮੱਧ ਏਸ਼ੀਆ, ਯੂਰਪ ਦੇ ਕੁਝ ਹਿੱਸਿਆਂ ਤੇ ਦੱਖਣ-ਪੂਰਬੀ ਏਸ਼ੀਆ ਦੇ ਰੂਟਾਂ 'ਤੇ ਕੁਨੈਕਟਿੰਗ ਉਡਾਨਾਂ 'ਤੇ ਸੀਮਿਤ ਸੀਟਾਂ ਦੀ ਉਪਲਬਧਤਾ ਨੇ ਕਿਰਾਏ ਵਿੱਚ ਵਾਧਾ ਕੀਤਾ ਹੈ।

# 10 ਸਾਲ ਪਹਿਲੇ ਭੋਗਪੁਰ ਸਟੇਸ਼ਨ 'ਤੇ ਟਰੇਨਾਂ ਰੁਕਦੀਆਂ ਸਨ, ਹੁਣ ਕਿਉਂ ਨਹੀਂ: ਪ੍ਰਧਾਨ




ਭੋਗਪੁਰ, 8 ਮਾਰਚ (ਜੰਡੀਰ ਸੈਣੀ): ਅੱਜ ਭੋਗਪੁਰ ਦੇ ਰੇਲਵੇ ਸਟੇਸ਼ਨ 'ਤੇ ਵਾਲਮੀਕਨ ਟਾਈਗਰ ਫੋਰਸ ਦੇ ਪ੍ਰਧਾਨ ਜੱਸ ਕਲਿਆਣ ਰਾਵਣ ਦੀ ਟੀਮ ਵੱਲੋਂ ਖਾਸ ਮੀਟਿੰਗ ਕੀਤੀ ਗਈ। ਪ੍ਰਧਾਨ ਜੱਸ ਕਲਿਆਣ ਰਾਵਣ ਨੇ ਦੱਸਿਆ ਕਿ ਉਨ੍ਹਾਂ ਨੂੰ ਸਟੇਸ਼ਨ ਮਾਸਟਰ ਦੇ ਨਾਲ ਗੱਲਬਾਤ ਕੀਤੀ ਤੇ ਪਤਾ ਚੱਲਿਆ ਕਿ ਭੋਗਪੁਰ ਦੇ ਰੇਲਵੇ ਸਟੇਸ਼ਨ 'ਤੇ ਸਿਰਫ ਲੋਕਲ ਟਰੇਨਾਂ ਡੀਐਮਯੂ ਹੀ ਰੁਕੀ ਜਾਂਦੀ ਹੈ, ਜਦ ਕਿ ਟਾਂਡੇ ਸ਼ਹਿਰ ਵਿੱਚ ਕਾਫੀ ਟਰੇਨਾਂ ਰੁਕ ਕੇ ਜਾਂਦੀਆਂ ਹਨ, ਉਨ੍ਹਾਂ ਦੱਸਿਆ ਕਿ ਅੱਜ ਤੋਂ ਤਕਰੀਬਨ 10 ਸਾਲ ਪਹਿਲਾਂ ਭੋਗਪੁਰ ਦੇ ਸਟੇਸ਼ਨ 'ਤੇ ਕਾਫੀ ਟਰੇਨਾਂ ਰੁਕਿਆ ਕਰਦੀਆਂ ਸਨ ਤੇ ਕੁਝ ਭੋਗਪੁਰ ਦੇ ਮੁਖੀਆਂ ਦੇ ਨਾਲ ਗੁੱਸੇ ਗਿਲੇ ਹੋਣ ਕਾਰਨ ਭੋਗਪੁਰ ਦੇ ਰੇਲਵੇ ਸਟੇਸ਼ਨ ਤੋਂ ਟਰੇਨਾਂ ਬੰਦ ਕਰ ਦਿੱਤੀਆਂ ਗਈਆਂ ਸਨ। ਉਨ੍ਹਾਂ ਕਿਹਾ ਕਿ ਭੋਗਪੁਰ ਇਲਾਕੇ ਦੇ ਲੋਕ ਟਾਂਡੇ ਤੋਂ ਜਾਂ ਜਲੰਧਰ ਜਾ ਕੇ ਟਰੇਨ ਫੜ੍ਹਦੇ ਹਨ, ਜੱਸ ਕਲਿਆਣ ਪ੍ਰਧਾਨ ਨੇ ਕਿਹਾ ਕਿ ਦੋ ਚਾਰ ਬੰਦਿਆਂ ਨਾਲ ਨਾਰਾਜ਼ਗੀ ਹੋ ਸਕਦੀ ਹੈ ਪਰ ਪ੍ਰੇਸ਼ਾਨੀ ਪੂਰੇ ਇਲਾਕੇ ਨੂੰ ਭੁਗਤਣੀ ਪੈ ਰਹੀ ਹੈ।ਜਦ ਕਿ ਆਮ ਲੋਕਾਂ ਦਾ ਕੋਈ ਕਸੂਰ ਨਹੀਂ ਹੈ, ਉਨ੍ਹਾਂ ਨੇ ਮਸਲਿਆਂ ਦਾ ਜਲਦ ਹੱਲ ਕਰਨ ਦੀ ਮੰਗ ਕੀਤੀ ਹੈ।

# ਛੱਪੜ 'ਚ ਡਿੱਗੀ ਗੇਂਦ ਚੁੱਕਣ ਗਿਆ 5 ਸਾਲਾ ਮਾਸੂਮ ਡੁੱਬਿਆ

ਫਰੀਦਕੋਟ, 8 ਮਾਰਚ (ਚ.ਨ.ਸ): ਫਰੀਦਕੋਟ ਦੇ ਨਜ਼ਦੀਕੀ ਪਿੰਡ ਢੁੱਡੀ ਤੋਂ ਇੱਕ ਬੇਹੱਦ ਮੰਦਭਾਗੀ ਖ਼ਬਰ ਸਾਹਮਣੇ ਆਈ ਹੈ, ਜਿੱਥੇ ਛੱਪੜ ਵਿੱਚ ਡਿੱਗਣ ਕਾਰਨ ਇੱਕ ਪੰਜ ਸਾਲਾ ਮਾਸੂਮ ਬੱਚੇ ਦੀ ਮੌਤ ਹੋ ਗਈ। ਮ੍ਰਿਤਕ ਬੱਚੇ ਦੀ ਪਛਾਣ ਅਭੀਜੀਤ ਸਿੰਘ ਵਜੋਂ ਹੋਈ ਹੈ, ਜੋ ਆਪਣੇ ਮਾਪਿਆਂ ਦਾ ਇਕਲੌਤਾ ਪੁੱਤਰ ਸੀ। ਪ੍ਰਾਪਤ ਜਾਣਕਾਰੀ ਮੁਤਾਬਿਕ ਇਹ ਹਾਦਸਾ ਉਸ ਸਮੇਂ ਵਾਪਰਿਆ ਜਦੋਂ ਬੱਚਾ ਛੱਪੜ ਦੇ ਕਿਨਾਰੇ ਖੇਡ ਰਿਹਾ ਸੀ ਤੇ ਅਚਾਨਕ ਉਸ ਦੀ ਗੇਂਦ ਪਾਣੀ ਵਿੱਚ ਜਾ ਡਿੱਗੀ। ਗੇਂਦ ਕੱਢਣ ਦੀ ਕੋਸ਼ਿਸ਼ 'ਚ ਮਾਸੂਮ ਬੱਚਾ ਛੱਪੜ 'ਚ ਉਤਰ ਗਿਆ ਪਰ ਪਾਣੀ ਡੂੰਘਾ ਹੋਣ ਕਾਰਨ ਉਹ ਸੰਭਲ ਨਹੀਂ ਸਕਿਆ ਤੇ ਡੁੱਬ ਗਿਆ। ਘਟਨਾ ਦਾ ਪਤਾ ਲੱਗਦਿਆਂ ਹੀ ਮੌਕੇ 'ਤੇ ਮੌਜੂਦ ਲੋਕਾਂ ਤੇ ਬੱਚੇ ਦੀ ਮਾਤਾ ਵੱਲੋਂ ਉਸ ਨੂੰ ਬਚਾਉਣ ਦੀ ਪੂਰੀ ਵਾਹ ਲਗਾਈ ਗਈ ਪਰ ਸਫਲਤਾ ਨਹੀਂ ਮਿਲੀ। ਪ੍ਰਸ਼ਾਸਨ ਨੂੰ ਸੂਚਨਾ ਮਿਲਣ ਤੋਂ ਬਾਅਦ ਐਨ.ਡੀ.ਆਰ.ਐਫ. ਦੀਆਂ ਟੀਮਾਂ ਨੂੰ ਬੁਲਾਇਆ ਗਿਆ, ਜਿਨ੍ਹਾਂ ਨੇ ਚਾਰ ਘੰਟਿਆਂ ਦੀ ਸਖ਼ਤ ਮੁਸ਼ੱਕਤ ਤੋਂ ਬਾਅਦ ਬੱਚੇ ਦੀ ਦੇਹ ਨੂੰ ਛੱਪੜ 'ਚੋਂ ਬਾਹਰ ਕੱਢਿਆ। ਬੱਚੇ ਦੇ ਪਿਤਾ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਉਹ ਸਵੇਰੇ 11 ਵਜੇ ਕੰਮ 'ਤੇ ਗਏ ਸਨ ਤੇ ਪਿੱਛੋਂ ਇਹ ਭਾਣਾ ਵਰਤ ਗਿਆ। ਡੀ.ਐਸ.ਪੀ. ਤਰਲੋਚਨ ਸਿੰਘ ਨੇ ਮੌਕੇ 'ਤੇ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲਿਆ ਤੇ ਦੱਸਿਆ ਕਿ ਮ੍ਰਿਤਕ ਅਭੀਜੀਤ ਸਿੰਘ ਆਪਣੇ ਪਿੱਛੇ ਇੱਕ ਭੈਣ ਤੇ ਰੋਂਦੇ-ਵਿਲਕਦੇ ਮਾਪਿਆਂ ਨੂੰ ਛੱਡ ਗਿਆ ਹੈ।

# ਭੂੰਟਾ ਦੀ ਅਗਵਾਈ ਹੇਠ ਅਕਾਲੀ ਦਲ ਨੂੰ ਲੋਕਾਂ ਦਾ ਮਿਲ ਰਿਹੈ ਭਰਵਾਂ ਸਮਰਥਨ

## ☛ਨੰਬਰਦਾਰ ਕੁਲਦੀਪ ਸਿੰਘ ਸਾਥੀਆਂ ਸਮੇਤ ਅਕਾਲੀ ਦਲ 'ਚ ਸ਼ਾਮਲ

ਸ੍ਰੀ ਫ਼ਤਹਿਗੜ੍ਹ ਸਾਹਿਬ, 8 ਮਾਰਚ (ਹਰਪ੍ਰੀਤ ਕੌਰ ਟਿਵਾਣਾ): ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਬਲਜੀਤ ਸਿੰਘ ਭੁੱਟਾ ਵੱਲੋਂ ਪਾਰਟੀ ਨੂੰ ਮਜ਼ਬੂਤ ਕਰਨ ਲਈ ਚਲਾਈ ਜਾ ਰਹੀ ਮੁਹਿੰਮ ਦੇ ਸਾਰਥਿਕ ਨਤੀਜੇ ਸਾਹਮਣੇ ਆਉਣ ਲੱਗ ਪਏ ਹਨ ਤੇ ਹਲਕੇ ਵਿੱਚੋਂ ਕਈ ਲੀਡਰ ਵੱਖ-ਵੱਖ ਸਿਆਸੀ ਦਲਾਂ ਨੂੰ ਛੱਡ ਕੇ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋ ਰਹੇ ਹਨ। ਪਿੰਡ ਰਜਿੰਦਰਗੜ੍ਹ ਦੇ ਐਡ. ਸੁਖਜੋਵਨ ਸਿੰਘ ਦੇ ਗ੍ਰਹਿ ਵਿਖੇ ਹੋਏ ਇੱਕ ਸਮਾਗਮ ਦੌਰਾਨ ਭਾਰਤੀ ਜਨਤਾ ਪਾਰਟੀ ਦੇ ਨੰਬਰਦਾਰ ਕੁਲਦੀਪ ਸਿੰਘ ਰਜਿੰਦਰਗੜ੍ਹ ਨੇ ਆਪਣੇ ਸਾਥੀਆਂ ਸਮੇਤ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋਣ ਦਾ ਐਲਾਨ ਕਰ ਦਿੱਤਾ।ਇਸ ਸਬੰਧੀ ਗੱਲਬਾਤ ਕਰਦਿਆਂ ਬਲਜੀਤ ਸਿੰਘ ਭੁੱਟਾ ਨੇ ਦੱਸਿਆ ਕਿ ਪਾਰਟੀ ਨੂੰ ਮਜ਼ਬੂਤ ਕਰਨ ਲਈ ਚਲਾਈ ਜਾ ਰਹੀ ਮੁਹਿੰਮ ਅਧੀਨ ਬਹੁਤ ਸਾਰੇ ਲੋਕ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋ ਰਹੇ ਹਨ ਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਆਗੂ ਪਾਰਟੀ ਵਿੱਚ ਸ਼ਾਮਲ ਹੋਣਗੇ। ਉਨ੍ਹਾਂ ਕਿਹਾ ਕਿ ਸੂਬੇ ਦਾ ਇਤਿਹਾਸ ਗਵਾਹ ਹੈ ਕਿ ਸ਼੍ਰੋਮਣੀ ਅਕਾਲੀ ਦਲ ਹੀ ਇੱਕੋ-ਇੱਕ ਅਜਿਹੀ ਪਾਰਟੀ ਹੈ ਜਿਸ ਨੇ ਆਪਣੇ



ਕਾਰਜਕਾਲ ਦੌਰਾਨ ਪੰਜਾਬ ਅੰਦਰ ਵੱਡੀ ਪੱਧਰ 'ਤੇ ਵਿਕਾਸ ਕਾਰਜ ਕਰਵਾਏ ਤੇ ਲੋਕਾਂ ਦੀ ਭਲਾਈ ਲਈ ਅਨੇਕਾਂ ਲੋਕ ਭਲਾਈ ਸਕੀਮਾਂ ਸ਼ੁਰੂ ਕੀਤੀਆਂ। ਉਨ੍ਹਾਂ ਕਿਹਾ ਪਾਰਟੀ ਨੂੰ ਲੋਕਾਂ ਦੇ ਮਿਲ ਰਹੇ ਭਾਰੀ ਸਮਰਥਨ ਤੋਂ ਇਹ ਸਪੱਸ਼ਟ ਹੈ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਨੂੰ ਲੋਕਾਂ ਦਾ ਸਹਿਯੋਗ ਮਿਲੇਗਾ।ਇਸ ਮੌਕੇ ਜਸਵੀਰ ਸਿੰਘ ਸਾਬਕਾ ਸਰਪੰਚ, ਐਡ. ਅਮਨਦੀਪ ਸਿੰਘ ਚੀਮਾ, ਬਲਜਿੰਦਰ ਸਿੰਘ ਬਰਾਸ ਮੈਂਬਰ ਬਲਾਕ ਸੰਮਤੀ, ਐਡ. ਜਸਪ੍ਰੀਤ ਸਿੰਘ ਝਿੰਜਰ, ਸੁਖਵਿੰਦਰ ਸਿੰਘ ਸਰਕਲ ਪ੍ਰਧਾਨ ਖੇੜਾ, ਹਰਪ੍ਰੀਤ ਸਿੰਘ, ਰਾਣਾ ਸਿੰਘ, ਵਰਿੰਦਰ ਸਿੰਘ ਚੀਮਾ, ਲਖਬੀਰ ਸਿੰਘ, ਮਲਕੀਤ ਸਿੰਘ, ਪਾਲਾ ਸਿੰਘ, ਕੁਲਵੰਤ ਸਿੰਘ, ਨੇਤਰ ਸਿੰਘ, ਮਲਕੀਤ ਸਿੰਘ, ਪਰਮਿੰਦਰ ਸਿੰਘ, ਲਖਵਿੰਦਰ ਸਿੰਘ, ਰਾਜਵੀਰ ਸਿੰਘ, ਅਵਤਾਰ ਸਿੰਘ ਬਰਾਸ, ਸੁਖਪ੍ਰੀਤ ਸਿੰਘ ਰਿਉਣਾ ਨੀਵਾਂ, ਮਨਪ੍ਰੀਤ ਸਿੰਘ ਸ਼ਾਹਪੁਰ, ਗੁਰਦੀਪ ਸਿੰਘ ਸਰਪੰਚ ਜਲਬੇੜਾ, ਪਸ਼ਵਿੰਦਰ ਸਿੰਘ ਚੁੰਨੀ ਮਾਜਰਾ, ਜਗਬੀਰ ਸਿੰਘ, ਗੁਰਵੀਰ ਸਿੰਘ, ਸਲਮਾਨ ਖਾਨ, ਹਰਦੇਵ ਸਿੰਘ ਤੇ ਸੁਬੇਗ ਸਿੰਘ ਰਜਿੰਦਰਗੜ੍ਹ ਹਾਜ਼ਰ ਸਨ।

# ਦੇਸ਼ ਭਗਤ ਯੂਨੀਵਰਸਿਟੀ ਦੀਆਂ ਵੁੱਡਬਾਲ ਟੀਮਾਂ ਨੇ ਏਆਈਯੂ ਟੂਰਨਾਮੈਂਟ 2026 'ਚ ਸ਼ਾਨਦਾਰ ਪ੍ਰਦਰਸ਼ਨ ਕੀਤਾ

ਮੰਡੀ ਗੋਬਿੰਦਗੜ੍ਹ, 8 ਮਾਰਚ (ਅੰਮ੍ਰਿਤਪਾਲ ਸਿੰਘ): ਦੇਸ਼ ਭਗਤ ਯੂਨੀਵਰਸਿਟੀ ਦੀਆਂ ਵੁੱਡਬਾਲ ਟੀਮਾਂ ਨੇ ਐਸੋਸੀਏਸ਼ਨ ਆਫ਼ ਇੰਡੀਅਨ ਯੂਨੀਵਰਸਿਟੀਜ਼ ਦੀ ਅਗਵਾਈ ਹੇਠ ਭੋਪਾਲ ਦੀ ਮੱਧਯੰਚਲ ਪ੍ਰੋਫੈਸ਼ਨਲ ਯੂਨੀਵਰਸਿਟੀ ਵਿਖੇ ਆਯੋਜਿਤ ਵੁੱਡਬਾਲ ਟੂਰਨਾਮੈਂਟ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ। ਯੂਨੀਵਰਸਿਟੀ ਨੇ ਕੁੱਲ 14 ਤਮਗੇ ਪ੍ਰਾਪਤ ਕਰਕੇ ਰਾਸ਼ਟਰੀ ਪੱਧਰ 'ਤੇ ਇੱਕ ਸ਼ਾਨਦਾਰ ਪ੍ਰਾਪਤੀ ਕੀਤੀ ਹੈ। ਟੂਰਨਾਮੈਂਟ ਦੇ ਪੂਰੇ ਮੁਕਾਬਲੇ ਦੌਰਾਨ ਬੇਮਿਸਾਲ ਹੁਨਰ, ਟੀਮ ਵਰਕ ਤੇ ਦ੍ਰਿੜਤਾ ਦਾ ਪ੍ਰਦਰਸ਼ਨ ਕਰਕੇ ਮਹਿਲਾ ਵੁੱਡਬਾਲ ਟੀਮ ਨੇ ਸਟਰੋਕ ਈਵੈਂਟ ਵਿੱਚ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਦੌਰਾਨ ਪੁਰਸ਼ਾਂ ਦੀ ਵੁੱਡਬਾਲ ਟੀਮ ਨੇ ਸਟਰੋਕ ਈਵੈਂਟ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ। ਯੂਨੀਵਰਸਿਟੀ ਦੀ ਸਫਲਤਾ ਵਿੱਚ ਵਾਧਾ ਕਰਦੇ ਹੋਏ, ਦੋ ਪੁਰਸ਼ ਖਿਡਾਰੀਆਂ ਨੇ ਡਬਲ ਫੇਅਰਵੇਅ ਈਵੈਂਟ ਵਿੱਚ ਕਾਂਸੀ




ਦੇ ਤਮਗੇ ਵੀ ਆਪਣੇ ਨਾਮ ਕੀਤੇ, ਜਿਸ ਵਿੱਚ ਮਜ਼ਬੂਤ ਤਕਨੀਕੀ ਯੋਗਤਾ ਤੇ ਮੁਕਾਬਲੇ ਦੀ ਭਾਵਨਾ ਦਾ ਪ੍ਰਦਰਸ਼ਨ ਕੀਤਾ ਗਿਆ। ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ ਤੇ ਪ੍ਰੋ-ਚਾਂਸਲਰ ਡਾ. ਤਜਿੰਦਰ ਕੌਰ ਤੇ ਵਾਈਸ ਚਾਂਸਲਰ ਡਾ. ਹਰਸ਼ ਸਦਾਵਰਤੀ ਨੇ ਇਸ ਸ਼ਾਨਦਾਰ ਪ੍ਰਾਪਤੀ ਲਈ ਖਿਡਾਰੀਆਂ, ਕੋਚਾਂ ਤੇ ਸਹਾਇਕ ਸਟਾਫ਼ ਨੂੰ ਉਨ੍ਹਾਂ ਦੇ ਸਮਰਪਣ ਤੇ ਟੀਮ ਵਰਕ ਲਈ ਵਧਾਈ ਦਿੱਤੀ, ਜਿਸ ਨੇ ਸੰਸਥਾ ਨੂੰ ਮਾਣ ਤੇ ਮਾਨਤਾ ਦਿੱਤੀ। ਇਹ ਪ੍ਰਾਪਤੀ ਦੇਸ਼ ਭਗਤ ਯੂਨੀਵਰਸਿਟੀ ਦੀ ਅਕਾਦਮਿਕ ਵਿਕਾਸ ਦੇ ਨਾਲ-ਨਾਲ ਖੇਡ ਉਤਮਤਾ ਨੂੰ ਉਤਸ਼ਾਹਿਤ ਕਰਨ ਦੀ ਵਚਨਬੱਧਤਾ ਨੂੰ ਵੀ ਉਜਾਗਰ ਕਰਦੀ ਹੈ।

# ਵੈਟਰਨ ਖਿਡਾਰੀਆਂ ਨੇ ਰਚਿਆ ਇਤਿਹਾਸ, ਉਮਰ ਨੂੰ ਦਿੱਤੀ ਮਾਤ, ਹੁਣ ਗੋਆ ਦੇ ਮਹਾਂਕੁੰਭ 'ਚ ਦਮ ਦਿਖਾਉਣਗੇ



ਫਿਰੋਜ਼ਪੁਰ, 8 ਮਾਰਚ (ਤਿਵਾੜੀ): ਕਹਿੰਦੇ ਹਨ ਕਿ ਖੇਡਾਂ ਲਈ ਉਮਰ ਦੀ ਨਹੀਂ, ਸਗੋਂ ਜਜ਼ਬੇ ਦੀ ਲੋੜ ਹੁੰਦੀ ਹੈ। ਇਸ ਗੱਲ ਨੂੰ ਸੱਚ ਕਰ ਦਿਖਾਇਆ ਹੈ ਫਿਰੋਜ਼ਪੁਰ ਦੇ ਦੋ ਦਿੱਗਜ਼ ਖਿਡਾਰੀਆਂ, ਡਾ. ਰੰਜਨਾ ਸਹਿਗਲ (CMS ਰੇਲਵੇ) ਤੇ ਅਸ਼ੋਕ ਵਡੇਰਾ ਨੇ। ਪੰਜਾਬ ਸਟੇਟ ਵੈਟਰਨ ਬੈਡਮਿੰਟਨ ਚੈਂਪੀਅਨਸ਼ਿਪ ਦੇ 55+ ਮਿਕਸ ਡਬਲਜ਼ ਈਵੈਂਟ ਵਿੱਚ ਇਸ ਜੋੜੀ ਨੇ ਨਾ ਸਿਰਫ਼ ਸੋਨ ਤਮਗਾ ਜਿੱਤਿਆ, ਸਗੋਂ ਫਿਰੋਜ਼ਪੁਰ ਦੇ ਬੈਡਮਿੰਟਨ ਇਤਿਹਾਸ ਵਿੱਚ ਇੱਕ ਨਵਾਂ ਅਧਿਆਏ ਵੀ ਲਿਖ ਦਿੱਤਾ ਹੈ। ਫਾਈਨਲ ਮੁਕਾਬਲੇ ਵਿੱਚ ਫਿਰੋਜ਼ਪੁਰ ਦੀ ਇਸ ਜੋੜੀ ਨੇ ਆਪਣੇ ਵਿਰੋਧੀ ਮੋਹਾਲੀ ਦੀ ਟੀਮ ਨੂੰ ਇੱਕਤਰਫ਼ਾ ਮੁਕਾਬਲੇ ਵਿੱਚ 21-10, 21-11 ਦੇ ਅੰਤਰ ਨਾਲ ਕਰਾਰੀ ਮਾਤ ਦਿੱਤੀ। ਇਹ ਪਹਿਲੀ ਵਾਰ ਹੈ ਜਦੋਂ ਫਿਰੋਜ਼ਪੁਰ ਤੋਂ ਢਲਦੀ ਉਮਰ ਦੀ ਦਹਿਲੀਜ਼ 'ਤੇ ਕਿਸੇ ਬੈਡਮਿੰਟਨ ਟੀਮ ਨੇ ਰਾਜ ਪੱਧਰ 'ਤੇ ਜ਼ਿਲ੍ਹੇ ਦੀ ਨੁਮਾਇੰਦਗੀ ਕਰਕੇ ਨੈਸ਼ਨਲ ਦਾ ਟਿਕਟ ਪੱਕਾ ਕੀਤਾ ਹੈ।ਜ਼ਿਲ੍ਹਾ ਬੈਡਮਿੰਟਨ ਐਸੋਸੀਏਸ਼ਨ (DBA) ਦੇ ਸੀਨੀਅਰ ਵਾਈਸ ਪ੍ਰਧਾਨ ਮਨੋਜ ਗੁਪਤਾ ਤੇ ਪੰਜਾਬ ਬੈਡਮਿੰਟਨ ਐਸੋਸੀਏਸ਼ਨ ਦੇ ਵਾਈਸ ਪ੍ਰਧਾਨ ਤੇ ਸਕੱਤਰ ਵਿਨੈ ਵੋਹਰਾ ਨੇ ਫ਼ਖ਼ਰ ਨਾਲ ਦੱਸਿਆ ਕਿ ਇਹ ਜੇਤੂ ਟੀਮ 18 ਤੋਂ 25 ਮਾਰਚ 2026 ਤੱਕ ਗੋਆ ਵਿੱਚ ਹੋਣ ਵਾਲੀ ਰਾਸ਼ਟਰੀ ਵੈਟਰਨ ਪ੍ਰਤੀਯੋਗਤਾ ਵਿੱਚ ਪੰਜਾਬ ਦੀ ਨੁਮਾਇੰਦਗੀ ਕਰੇਗੀ। ਡਾ. ਰੰਜਨਾ ਤੇ ਅਸ਼ੋਕ ਵਡੇਰਾ ਨੇ ਪੰਜਾਬ ਬੈਡਮਿੰਟਨ ਐਸੋਸੀਏਸ਼ਨ ਦੇ ਪ੍ਰਧਾਨ ਮੀਤ ਹੇਅਰ ਤੇ ਸਕੱਤਰ ਰਿਤਿਨ ਖੰਨਾ ਦਾ ਵੀ ਧੰਨਵਾਦ ਕੀਤਾ, ਜਿਨ੍ਹਾਂ ਵੱਲੋਂ ਸਾਰੇ ਨੈਸ਼ਨਲ ਖਿਡਾਰੀਆਂ ਨੂੰ ਟਰੈਕ ਸੂਟ ਤੇ ਕਿੱਟ ਪ੍ਰਦਾਨ ਕੀਤੀ ਜਾ ਰਹੀ ਹੈ। ਇਸ ਮੌਕੇ ਮਨਦੀਪ ਸਿੰਘ (ਬਿਜਲੀ ਵਿਭਾਗ), ਵਿਕਾਸ, ਚੌਧਰੀ ਤੇ ਰੇਲਵੇ ਦੇ ਹੋਰ ਕਈ ਪਤਵੰਤੇ ਸੱਜਣ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਅਧਿਆਪਕ ਦਲ ਪੰਜਾਬ ਵੱਲੋਂ ਸਾਲਾਨਾ ਕੈਲੰਡਰ ਜਾਰੀ




ਮੰਡੀ ਗੋਬਿੰਦਗੜ੍ਹ, 8 ਮਾਰਚ (ਰੂਪਲ ਸੂਦ): ਅਧਿਆਪਕ ਦਲ ਪੰਜਾਬ ਵੱਲੋਂ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਦੇ ਪ੍ਰਧਾਨ ਜਸਪਾਲ ਸਿੰਘ ਢੀਂਡਸਾ ਦੀ ਪ੍ਰਧਾਨਗੀ ਹੇਠ ਮੀਟਿੰਗ ਹੋਈ। ਜਥੇਬੰਦੀ ਦੇ ਸਰਪ੍ਰਸਤ ਧਰਮ ਸਿੰਘ ਰਾਈਏਵਾਲ ਨੇ ਦੱਸਿਆ ਕਿ ਇਸ ਵਿੱਚ ਜਨਰਲ ਸਕੱਤਰ ਮਨਜੀਤ ਸਿੰਘ ਟਿਵਾਣਾ, ਮੁਲਾਜ਼ਮ ਫਰੰਟ ਦੇ ਪ੍ਰਧਾਨ ਬਲਵੰਤ ਸਿੰਘ ਟਿਵਾਣਾ, ਸੂਬਾ ਕਮੇਟੀ ਮੈਂਬਰ ਕਰਨਵੀਰ ਸਿੰਘ ਰੰਧਾਵਾ, ਕਿੰਗ ਕਵਰ ਸਿੰਘ ਤੇ ਰਾਜੀਵ ਕੁਮਾਰ ਨੇ ਸ਼ਿਰਕਤ ਕੀਤੀ। ਇੱਕ ਮਤੇ ਵਿੱਚ ਸਰਕਾਰ ਤੋਂ ਮੰਗ ਕੀਤੀ ਕਿ ਮੁਲਾਜ਼ਮਾਂ ਦੇ ਰਹਿੰਦੇ ਬਕਾਏ ਤੁਰੰਤ ਜਾਰੀ ਕੀਤੇ ਜਾਣ ਤੇ ਡੀਏ ਦੀ ਕਿਸ਼ਤ ਜੋ ਲੰਬੇ ਸਮੇਂ ਤੋਂ ਲਟਕਦੀ ਆ ਰਹੀ ਹੈ ਨੂੰ ਜਾਰੀ ਕੀਤਾ ਜਾਵੇ, ਟੈਟ ਦੀ ਲਗਾਈ ਗਈ ਬੇਲੋੜੀ ਸ਼ਰਤ ਨੂੰ ਖਤਮ ਕੀਤਾ ਜਾਵੇ। ਇਸ ਮੌਕੇ ਜਥੇਬੰਦੀ ਵੱਲੋਂ ਅਧਿਆਪਕ ਦਲ ਦਾ ਸਾਲਾਨਾ ਕੈਲੰਡਰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ 350 ਸਾਲਾ ਸਮਾਗਮਾਂ ਮੁੱਖ ਰੱਖਦਿਆਂ ਜਾਰੀ ਕੀਤਾ। ਇਸ ਮੌਕੇ ਭੁਪਿੰਦਰ ਸਿੰਘ ਰੰਗੇੜੀ, ਪਰਮਜੀਤ ਸਿੰਘ ਲੱਲੋਂ, ਕੁਲਵੀਰ ਸਿੰਘ ਜਲਵੇੜਾ, ਮਲਕੀਤ ਸਿੰਘ ਸੰਧੂ ਤੇ ਰਘਵੀਰ ਸਿੰਘ ਹਾਜ਼ਰ ਸਨ।

# ਰੇਲਵੇ ਫਾਟਕਾਂ ਦੇ ਜਾਮ ਤੋਂ ਰਾਹਤ, ਅਰੋੜਾ ਵਿਕਾਸ ਮੰਚ ਵੱਲੋਂ 'ਫਾਟਕ' ਐਪ ਲਾਂਚ

ਫਾਜ਼ਿਲਕਾ, 8 ਮਾਰਚ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਸ਼ਹਿਰ ਨਿਵਾਸੀਆਂ ਨੂੰ ਰੇਲਵੇ ਫਾਟਕਾਂ 'ਤੇ ਲੱਗਣ ਵਾਲੇ ਜਾਮ ਤੇ ਸਮੇਂ ਦੀ ਬਰਬਾਦੀ ਤੋਂ ਨਿਜਾਤ ਦਿਵਾਉਣ ਲਈ ਅਰੋੜਾ ਵਿਕਾਸ ਮੰਚ ਵੱਲੋਂ ਖ਼ਾਸ ਮੋਬਾਈਲ ਐਪ 'ਫਾਟਕ' ਲਾਂਚ ਕੀਤੀ ਗਈ। ਇਹ ਐਪ ਖ਼ਾਸ ਤੌਰ 'ਤੇ ਸਲੇਮਸ਼ਾਹ ਰੋਡ ਸਥਿਤ ਰੇਲਵੇ ਕਰਾਸਿੰਗ ਲਈ ਐਕਟਿਵ ਕੀਤੀ ਗਈ ਹੈ। ਫਾਜ਼ਿਲਕਾ ਅਰੋੜਾ ਵਿਕਾਸ ਮੰਚ ਦੇ ਪ੍ਰਧਾਨ ਅੰਮ੍ਰਿਤ ਸਚਦੇਵਾ, ਸੰਦੀਪ ਮੱਕੜ, ਅਸ਼ਵਨੀ ਆਹੂਜਾ, ਰਾਜ ਅਰੋੜਾ, ਸੁਨੀਲ ਕੱਕੜ, ਅਮਿਤ ਜੁਨੇਜਾ, ਰਾਕੇਸ਼ ਭਠੇਜਾ, ਅਜੇ ਠਕਰਾਲ ਤੇ ਹੋਰ ਅਹੁਦੇਦਾਰਾਂ ਦੇ ਨਾਲ-ਨਾਲ ਐਡ. ਸੰਜੀਵ ਮਾਰਸ਼ਲ ਦੀ ਅਗਵਾਈ ਵਿੱਚ ਟੀਮ ਮਾਰਸ਼ਲ ਦੇ ਮੈਂਬਰਾਂ ਨੇ ਮਹਿਮਾਨਾਂ ਦਾ ਸਵਾਗਤ ਕੀਤਾ। ਸ੍ਰੀ ਅਗਰਵਾਲ ਆਸ਼ਰਮ ਵਿਖੇ ਆਯੋਜਿਤ ਇੱਕ ਸਮਾਗਮ ਦੌਰਾਨ ਅਰੋੜਾ ਵਿਕਾਸ ਮੰਚ ਦੇ ਪ੍ਰਧਾਨ ਅੰਮ੍ਰਿਤ ਸਚਦੇਵਾ ਤੇ ਸੰਸਥਾਪਕ ਪ੍ਰਧਾਨ ਗਗਨ ਚੁੱਘ ਨੇ ਦੱਸਿਆ ਕਿ ਇਸ ਐਪ ਰਾਹੀਂ ਵਾਹਨ




ਚਾਲਕ ਘਰੋਂ ਨਿਕਲਣ ਤੋਂ ਪਹਿਲਾਂ ਹੀ ਇਹ ਪਤਾ ਲਗਾ ਸਕਣਗੇ ਕਿ ਫਾਟਕ ਖੁੱਲ੍ਹਾ ਹੈ ਜਾਂ ਬੰਦ। ਇਸ ਨਾਲ ਨਾ ਕੇਵਲ ਲੋਕਾਂ ਦੇ ਸਮੇਂ ਦੀ ਬੱਚਤ ਹੋਵੇਗੀ, ਸਗੋਂ ਸ਼ਹਿਰ ਵਿੱਚ ਟ੍ਰੈਫ਼ਿਕ ਜਾਮ ਦੀ ਸਮੱਸਿਆ ਵੀ ਘਟੇਗੀ। ਇਹ ਐਪ ਪਲੇ ਸਟੋਰ ਤੇ ਐਪਲ ਦੇ ਆਈ.ਓ.ਐਸ. ਸਿਸਟਮ 'ਤੇ ਮੁਫ਼ਤ ਉਪਲਬਧ ਹੈ।ਐਪ ਦੇ ਡਿਵੈਲਪਰ ਕਰਨ ਲੂਣਾ ਨੇ ਭਾਵੁਕ ਹੁੰਦਿਆਂ ਦੱਸਿਆ ਕਿ ਇਹ ਐਪ ਬਣਾਉਣ ਦੇ ਪਿੱਛੇ ਇੱਕ ਨਿੱਜੀ ਦੁਖਾਂਤ ਜੁੜਿਆ ਹੋਇਆ ਹੈ। ਉਨ੍ਹਾਂ ਦੇ ਪਿਤਾ ਨੂੰ ਦਿਲ ਦਾ ਦੌਰਾ ਪਿਆ ਸੀ, ਪਰ ਰਸਤੇ ਵਿੱਚ ਰੇਲਵੇ ਫਾਟਕ ਬੰਦ ਹੋਣ ਕਾਰਨ ਹਸਪਤਾਲ ਪਹੁੰਚਣ ਵਿੱਚ ਦੇਰੀ ਹੋ ਗਈ, ਜਿਸ ਕਾਰਨ ਉਨ੍ਹਾਂ ਦੇ ਪਿਤਾ ਦਾ ਦੇਹਾਂਤ ਹੋ ਗਿਆ। ਉਨ੍ਹਾਂ ਨੇ ਸੰਕਲਪ ਲਿਆ ਕਿ ਜੋ ਨੁਕਸਾਨ ਉਨ੍ਹਾਂ ਨੂੰ ਝੱਲਣਾ ਪਿਆ, ਉਹ ਕਿਸੇ ਹੋਰ ਨਾਲ ਨਾ ਹੋਵੇ। ਇਸੇ ਮਕਸਦ ਨਾਲ ਉਨ੍ਹਾਂ ਨੇ ਆਈ.ਟੀ. ਇੰਜੀਨੀਅਰ ਲਵਿਸ਼ ਕੁਮਾਰ ਨਾਲ ਮਿਲ ਕੇ ਇਹ ਐਪ ਤਿਆਰ ਕੀਤੀ ਹੈ। ਡਿਵੈਲਪਰਾਂ ਨੇ ਦੱਸਿਆ ਕਿ ਫਾਜ਼ਿਲਕਾ ਤੋਂ ਪਹਿਲਾਂ ਇਹ ਐਪ ਸ੍ਰੀ ਮੁਕਤਸਰ ਸਾਹਿਬ, ਕੋਟਕਪੂਰਾ ਤੇ ਅਬੋਹਰ ਵਿੱਚ ਸਫਲਤਾਪੂਰਵਕ ਚੱਲ ਰਹੀ ਹੈ। ਹੁਣ ਤੱਕ ਇਹ ਐਪ ਕੁੱਲ ਚਾਰ ਸ਼ਹਿਰਾਂ ਦੇ 8 ਰੇਲਵੇ ਫਾਟਕਾਂ ਬਾਰੇ ਜਾਣਕਾਰੀ ਮੁਹੱਈਆ ਕਰਵਾ ਰਹੀ ਹੈ।

# ਰਾਜੂ ਖੰਨਾ ਦੀ ਅਗਵਾਈ 'ਚ 25 ਨੂੰ ਹੋਣ ਵਾਲੀ ਰੈਲੀ ਲਈ ਵਰਕਰ ਤੇ ਆਗੂ ਪੱਬਾਂ ਭਾਰ: ਮਛਰਾਈ, ਬਡਾਲੀ



ਅਮਲੋਹ, 8 ਮਾਰਚ (ਜਸਵੰਤ ਸਿੰਘ): ਸ਼੍ਰੋਮਣੀ ਅਕਾਲੀ ਦਲ ਵੱਲੋਂ ਹਲਕਾ ਅਮਲੋਹ ਅੰਦਰ ਕੋਰ ਕਮੇਟੀ ਮੈਂਬਰ ਤੇ ਹਲਕਾ ਅਮਲੋਹ ਦੇ ਮੁੱਖ ਸੇਵਾਦਾਰ ਗੁਰਪ੍ਰੀਤ ਸਿੰਘ ਰਾਜੂ ਖੰਨਾ ਦੀ ਅਗਵਾਈ ਵਿੱਚ 25 ਮਾਰਚ ਨੂੰ ਕੀਤੀ ਜਾ ਰਹੀ ਪੰਜਾਬ ਬਚਾਓ ਰੈਲੀ ਨੂੰ ਲੈ ਕੇ ਹਲਕਾ ਅਮਲੋਹ ਦਾ ਹਰ ਵਰਕਰ ਤੇ ਆਗੂ ਪੱਬਾਂ ਭਾਰ ਹੈ। ਇਸ ਗੱਲ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਆਬਜ਼ਰਵਰ ਜਥੇਦਾਰ ਹਰਬੰਸ ਸਿੰਘ ਬਡਾਲੀ ਤੇ ਸੂਬਾ ਡੈਲੀਗੇਟ ਜਥੇਦਾਰ ਕੁਲਦੀਪ ਸਿੰਘ ਮਛਰਾਈ ਨੇ ਇਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਆਗੂਆਂ ਨੇ ਕਿਹਾ ਕਿ 25 ਮਾਰਚ ਦੀ ਰੈਲੀ ਨੂੰ ਕਾਮਯਾਬ ਕਰਨ ਲਈ ਵਰਕਰਾਂ ਤੇ ਆਗੂਆਂ ਵੱਲੋਂ ਪਿੰਡ ਪੱਧਰ ਤੱਕ ਜਾ ਕੇ ਮੀਟਿੰਗਾਂ ਰਾਹੀਂ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ ਤਾਂ ਜੋ ਇਸ ਰੈਲੀ ਨੂੰ ਇਤਿਹਾਸਕ ਬਣਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਇਸ ਰੈਲੀ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਤੋਂ ਇਲਾਵਾ ਸੀਨੀਅਰ ਲੀਡਰਸ਼ਿਪ ਸੰਬੋਧਨ ਕਰੇਗੀ। ਉਨ੍ਹਾਂ ਹਲਕਾ ਨਿਵਾਸੀਆਂ ਨੂੰ ਵੱਧ ਚੜ੍ਹ ਕੇ ਇਸ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ। ਇਸ ਮੌਕੇ ਡਾ. ਅਰਜਨ ਸਿੰਘ ਅਮਲੋਹ, ਚਰਨਜੀਤ ਸਿੰਘ ਤੇ ਪੀਏ ਧਰਮਪਾਲ ਭੜੀ ਹਾਜ਼ਰ ਸਨ।

# 'ਮੇਰੀ ਰਸੋਈ' ਯੋਜਨਾ ਤਹਿਤ ਮੁਫ਼ਤ ਰਾਸ਼ਨ ਦਾ ਐਲਾਨ ਮਾਨ ਸਰਕਾਰ ਦਾ ਇਤਿਹਾਸਕ ਫ਼ੈਸਲਾ: ਜਗਦੀਸ਼ ਸਿੰਘ ਗੋਲਡੀ ਘੁੰਮਣ

ਮੰਡੀ ਗੋਬਿੰਦਗੜ੍ਹ, 8 ਮਾਰਚ (ਸੂਦ): ਪੰਜਾਬ ਵਿੱਚ ਪਹਿਲੀ ਵਾਰ ਵਿਆਪਕ ਪੱਧਰ 'ਤੇ ਖੁਰਾਕ ਤੇ ਪੋਸ਼ਣ ਸੁਰੱਖਿਆ ਨੂੰ ਮਜ਼ਬੂਤੀ ਦੇਣ ਦੇ ਉਦੇਸ਼ ਨਾਲ ਇਤਿਹਾਸਕ ਪਹਿਲਕਦਮੀ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ 'ਮੇਰੀ ਰਸੋਈ' ਯੋਜਨਾ ਦੀ ਸ਼ੁਰੂਆਤ ਦਾ ਐਲਾਨ ਕੀਤਾ ਹੈ, ਜਿਸ ਤਹਿਤ 40 ਲੱਖ ਪਰਿਵਾਰਾਂ ਨੂੰ ਅਪ੍ਰੈਲ ਤੋਂ ਤਿਮਾਹੀ ਆਧਾਰ 'ਤੇ ਮੁਫ਼ਤ ਫੂਡ ਕਿੱਟਾਂ (ਰਾਸ਼ਨ ਕਿੱਟਾਂ) ਦੀ ਵੰਡ ਹੋਵੇਗੀ। ਇਹ ਗੱਲ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਤੇ ਵਾਰਡ ਨੰਬਰ 21 ਦੇ ਇੰਚਾਰਜ ਜਗਦੀਸ਼ ਸਿੰਘ ਗੋਲਡੀ ਘੁੰਮਣ ਤੇ ਹਰਪ੍ਰੀਤ ਕੌਰ ਘੁੰਮਣ ਨੇ ਇਥੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕਹੀ। ਉਨ੍ਹਾਂ ਕਿਹਾ ਕਿ ਇਹ ਫੂਡ ਕਿੱਟਾਂ ਕੌਮੀ ਖੁਰਾਕ ਸੁਰੱਖਿਆ ਐਕਟ ਅਧੀਨ ਦਿੱਤੀ ਜਾਂਦੀ ਕਣਕ ਤੋਂ ਵੱਖਰੇ ਤੌਰ 'ਤੇ ਹੋਣਗੀਆਂ ਜੋ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਦਾ ਇਤਿਹਾਸਕ ਫੈਸਲਾ ਹੈ। ਉਨ੍ਹਾਂ ਕਿਹਾ ਕਿ ਇਹ ਪਹਿਲਕਦਮੀ ਪੰਜਾਬ ਦੇ ਹਰ ਪਰਿਵਾਰ ਲਈ ਖੁਰਾਕ ਤੇ ਪੋਸ਼ਣ ਸੁਰੱਖਿਆ ਨੂੰ ਯਕੀਨੀ ਬਣਾਉਣ ਸਬੰਧੀ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ। ਇਸ ਯੋਜਨਾ ਤਹਿਤ ਹਰੇਕ ਕਿੱਟ ਵਿੱਚ ਮਹੀਨਾਵਾਰ ਖਪਤ ਲਈ ਦੋ ਕਿਲੋ ਦਾਲ, ਦੋ ਕਿਲੋ ਖੰਡ, ਇੱਕ ਕਿਲੋ ਨਮਕ, 200 ਗ੍ਰਾਮ ਹਲਦੀ ਪਾਊਡਰ ਤੇ ਇੱਕ ਲੀਟਰ ਸਰੋਂ ਦਾ ਤੇਲ ਹੋਵੇਗਾ। ਇਹ ਕਿੱਟਾਂ ਰਾਸ਼ਟਰੀ ਖੁਰਾਕ ਸੁਰੱਖਿਆ ਐਕਟ ਤਹਿਤ ਯੋਗ ਲਾਭਪਾਤਰੀਆਂ ਨੂੰ ਪਹਿਲਾਂ ਵੰਡੀ ਜਾ ਰਹੀ ਕਣਕ ਤੋਂ ਵੱਖਰੇ ਤੌਰ 'ਤੇ ਹੋਣਗੀਆਂ। ਉਨ੍ਹਾਂ ਕਿਹਾ ਕਿ ਇਤਿਹਾਸ ਗਵਾਹ ਹੈ ਕਿ ਪਹਿਲਾਂ ਕਿਸੇ ਵੀ ਸਰਕਾਰ ਨੇ ਅਜਿਹਾ ਲੋਕ ਹਿੱਤ ਫੈਸਲਾ ਨਹੀਂ ਲਿਆ। ਮਾਰਕਫੈਡ ਇਸ ਪਹਿਲਕਦਮੀ ਲਈ ਨੋਡਲ ਏਜੰਸੀ ਵਜੋਂ ਕੰਮ ਕਰੇਗਾ।



# ਲਾਇਨਜ਼ ਕਲੱਬ ਗੰਗਸਰ ਨੇ ਅੱਖਾਂ ਦਾ ਮੁਫ਼ਤ ਜਾਂਚ ਕੈਂਪ ਲਗਾਇਆ

ਜੈਤੋ, 8 ਮਾਰਚ (ਸੰਜੀਵ ਗੋਇਲ ਸੰਜੂ): ਪ੍ਰਸਿੱਧ ਸਮਾਜ ਸੇਵੀ ਸੰਸਥਾ ਲਾਇਨਜ਼ ਕਲੱਬ ਜੈਤੋ ਗੰਗਸਰ ਜੈਤੋ ਦੁਆਰਾ ਚਲਾਏ ਜਾ ਰਹੇ ਲਾਇਨ ਆਈ ਕੇਅਰ ਸੈਂਟਰ ਜੈਤੋ ਨੇ ਅਬੋਹਰ ਦੇ ਪੀਰਖਾਨਾ ਮੰਦਰ ਵਿਖੇ ਇੱਕ ਵਿਸ਼ਾਲ ਮੁਫ਼ਤ ਅੱਖਾਂ ਦਾ ਚੈਕਅੱਪ ਕੈਂਪ ਲਗਾਇਆ। ਲਾਇਨ ਆਈ ਕੇਅਰ ਸੈਂਟਰ ਦੇ ਚੇਅਰਮੈਨ ਲਾਇਨ ਰਾਕੇਸ਼ ਰੋਮਾਣਾ ਤੇ ਡਾਇਰੈਕਟਰ ਲਾਇਨ ਪ੍ਰਦੀਪ ਸਿੰਗਲਾ ਨੇ ਦੱਸਿਆ ਕਿ ਇਸ ਕੈਂਪ ਵਿੱਚ ਡਾ. ਆਕ੍ਰਿਤੀ ਸਿੰਗਲਾ ਤੇ ਉਨ੍ਹਾਂ ਦੀ ਟੀਮ ਪ੍ਰਿਯੰਕਾ ਯਾਦਵ, ਅੰਜਨਾ ਕੁਮਾਰੀ, ਡਿੰਪਲ, ਸਿਮਰਨ ਕੌਰ, ਸੁਖਬੀਰ ਸਿੰਘ ਨੇ 210 ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕੀਤੀ। ਕੈਂਪ ਦੇ ਚੇਅਰਮੈਨ ਲਾਇਨ ਨਰੇਸ਼ ਮਿੱਤਲ ਨੇ ਦੱਸਿਆ ਕਿ ਛੋਟੀਆਂ-ਮੋਟੀਆਂ ਬਿਮਾਰੀਆਂ ਵਾਲੇ 168 ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਦਿੱਤੀਆਂ ਗਈਆਂ ਤੇ ਆਪ੍ਰੇਸ਼ਨ ਵਾਲੇ 42 ਮਰੀਜ਼ਾਂ ਨੂੰ ਲਾਇਨ ਆਈ ਕੇਅਰ ਸੈਂਟਰ ਦੀ ਬੱਸ ਰਾਹੀਂ ਜੈਤੋ ਲਿਆਂਦਾ ਗਿਆ, ਜਿੱਥੇ ਉਨ੍ਹਾਂ ਦੇ ਮੁਫ਼ਤ ਆਪ੍ਰੇਸ਼ਨ ਤੋਂ ਬਾਅਦ ਦਵਾਈਆਂ ਤੇ ਐਨਕਾਂ ਵੀ ਮੁਫ਼ਤ ਦਿੱਤੀਆਂ ਜਾਣਗੀਆਂ। ਹਸਪਤਾਲ ਮਰੀਜ਼ਾਂ ਦੇ ਠਹਿਰਨ, ਲੰਗਰ, ਚਾਹ ਤੇ ਪਾਣੀ ਦਾ ਵੀ ਮੁਫ਼ਤ ਪ੍ਰਬੰਧ ਕਰੇਗਾ। ਇਸ ਕੈਂਪ ਵਿੱਚ ਅਬੋਹਰ ਤੋਂ ਅਜੈ ਗੁਪਤਾ, ਹਰੀਸ਼ ਗੁਪਤਾ, ਵਿਸ਼ਾਲ ਬਾਂਸਲ, ਸੁਮੇਸ਼ ਭਟੇਜਾ ਤੇ ਪ੍ਰਧਾਨ ਲਾਇਨ ਕੁਲਭੂਸ਼ਨ ਮਹੇਸ਼ਵਰੀ, ਜ਼ੋਨ ਚੇਅਰਪਰਸਨ ਲਾਇਨ ਭੂਸ਼ਨ ਰੋਮਾਣਾ, ਸਕੱਤਰ ਲਾਇਨ ਮਨੂੰ ਗੋਇਲ, ਖਜ਼ਾਨਚੀ ਲਾਇਨ ਆਸ਼ੂ ਮਿੱਤਲ, ਜੈਤੋ ਤੋਂ ਪੀਆਰਓ ਲਾਇਨ ਨਰੇਸ਼ ਮਿੱਤਲ, ਲਾਇਨ ਰਾਮਾਵਤਾਰ ਵਰਮਾ ਤੇ ਲਾਇਨ ਪ੍ਰਵੀਨ ਜੈਨ ਨੇ ਵਿਸ਼ੇਸ਼ ਸਹਾਇਤਾ ਪ੍ਰਦਾਨ ਕੀਤੀ। ਇਹ ਧਿਆਨ ਦੇਣਯੋਗ ਹੈ ਕਿ ਇਸ ਕਲੱਬ ਵੱਲੋਂ ਹਰ ਐਤਵਾਰ ਨੂੰ ਕਿਸੇ ਸ਼ਹਿਰ ਜਾਂ ਪਿੰਡ ਵਿੱਚ ਮੁਫ਼ਤ ਅੱਖਾਂ ਦੀ ਜਾਂਚ ਕੈਂਪ ਲਗਾਇਆ ਜਾਂਦਾ ਹੈ।



# ਪੰਜਾਬ ਸਰਕਾਰ ਦੀ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਨਾਲ ਮਹਿਲਾਵਾਂ ਹੋਣਗੀਆਂ ਆਤਮਨਿਰਭਰ : ਵਿਧਾਇਕ ਗਿਆਸਪੁਰਾ



ਪਾਇਲ, ਦੋਰਾਹਾ, ਖੰਨਾ, ਲੁਧਿਆਣਾ, 8 ਮਾਰਚ (ਸੰਜੀਵ ਲਹਿਲ) : ਹਲਕਾ ਪਾਇਲ ਦੇ ਵਿਧਾਇਕ ਇੰਜੀਨੀਅਰ ਮਨਵਿੰਦਰ ਸਿੰਘ ਗਿਆਸਪੁਰਾ ਨੇ ਕਿਹਾ ਕਿ ਐਤਵਾਰ ਦਾ ਦਿਨ ਪੰਜਾਬ ਦੀਆਂ ਮਹਿਲਾਵਾਂ ਲਈ ਇਕ ਨਵਾਂ ਇਤਿਹਾਸ ਲਿਖ ਗਿਆ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ 'ਤੇ ਹਰ ਮਹਿਲਾ ਨੂੰ 1000 ਰੁਪਏ ਪ੍ਰਤੀ ਮਹੀਨਾ ਤੇ ਹਰ ਦਲਿਤ ਮਹਿਲਾ ਨੂੰ 1500 ਰੁਪਏ ਪ੍ਰਤੀ ਮਹੀਨਾ ਦੇਣ ਦਾ ਇਤਿਹਾਸਕ ਫੈਸਲਾ ਕੀਤਾ।

ਮਨਵਿੰਦਰ ਸਿੰਘ ਗਿਆਸਪੁਰਾ ਨੇ ਕਿਹਾ ਕਿ ਇਹ ਫੈਸਲਾ ਸਿਰਫ ਆਰਥਿਕ ਮੱਦਦ ਨਹੀਂ, ਸਗੋਂ ਮਹਿਲਾਵਾਂ ਦੀ ਸਨਮਾਨ, ਸੁਰੱਖਿਆ ਅਤੇ ਖੁਦਮੁਖਤਿਆਰੀ ਨੂੰ ਮਜ਼ਬੂਤ ਕਰਨ ਵੱਲ ਵੱਡਾ ਕਦਮ ਹੈ।

ਉਨ੍ਹਾਂ ਦੱਸਿਆ ਕਿ ਪੰਜਾਬ ਦੇ ਘਰ-ਘਰ ਵਿੱਚ ਮਹਿਲਾਵਾਂ ਨੇ ਵਿਧਾਨ ਸਭਾ ਦੀ ਕਾਰਵਾਈ ਨੂੰ ਲਾਈਵ ਦੇਖਦਿਆਂ ਇਸ ਇਤਿਹਾਸਕ ਪਲ ਦੀ ਖੁਸ਼ੀ ਮਨਾਈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕਰਨ ਲਈ ਵਚਨਬੱਧ ਹੈ।

ਵਿਧਾਇਕ ਗਿਆਸਪੁਰਾ ਅੱਗੇ ਨੇ ਕਿਹਾ ਸਾਡੀ ਸਰਕਾਰ ਨੇ ਵਿਧੀਵਤ ਢੰਗ ਨਾਲ ਕੰਮ ਕਰਦਿਆਂ ਬਿਜਲੀ, ਸਿਹਤ ਸੰਭਾਲ, ਸਿੱਖਿਆ ਅਤੇ ਸਮਾਜਿਕ ਸੁਰੱਖਿਆ ਦੇ ਖੇਤਰਾਂ ਵਿੱਚ ਦਿੱਤੀ ਹਰ ਗਰੰਟੀ ਨੂੰ ਪੂਰਾ ਕੀਤਾ ਹੈ। ਇਸੇ ਤਰ੍ਹਾਂ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਨਾ ਸਿਰਫ਼ ਭਾਰਤ ਦੀ, ਸਗੋਂ ਦੁਨੀਆ ਦੀ ਪਹਿਲੀ 'ਸਰਵ-ਵਿਆਪਕ ਕੈਸ਼ ਟ੍ਰਾਂਸਫਰ' ਸਕੀਮ ਹੋਵੇਗੀ। ਪੰਜਾਬ ਦੀ 18 ਸਾਲ ਤੋਂ ਵੱਧ ਉਮਰ ਦੀ ਹਰ ਮਹਿਲਾ ਇਸ ਸਕੀਮ ਅਧੀਨ ਰਜਿਸਟ੍ਰੇਸ਼ਨ ਲਈ ਯੋਗ ਹੋਵੇਗੀ, ਸਿਰਫ਼ ਮੌਜੂਦਾ ਜਾਂ ਸਾਬਕਾ ਸਥਾਈ ਸਰਕਾਰੀ ਕਰਮਚਾਰੀਆਂ, ਮੌਜੂਦਾ ਅਤੇ ਸਾਬਕਾ ਸੰਸਦ ਮੈਂਬਰਾਂ/ਵਿਧਾਇਕਾਂ ਅਤੇ ਇਨਕਮ ਟੈਕਸ ਭਰਨ ਵਾਲਿਆਂ ਨੂੰ ਹੀ ਇਸ ਘੇਰੇ ਤੋਂ ਬਾਹਰ ਰੱਖਿਆ ਗਿਆ ਹੈ। ਉਹ ਔਰਤਾਂ ਵੀ ਇਸ ਸਕੀਮ ਲਈ ਯੋਗ ਹੋਣਗੀਆਂ ਜੋ ਪਹਿਲਾਂ ਹੀ ਮੌਜੂਦਾ ਸਮਾਜਿਕ ਸੁਰੱਖਿਆ ਪੈਨਸ਼ਨ ਸਕੀਮਾਂ ਜਿਵੇਂ ਬੁਢਾਪਾ ਪੈਨਸ਼ਨ, ਵਿਧਵਾ/ਬੇਸਹਾਰਾ ਮਹਿਲਾ ਪੈਨਸ਼ਨ ਜਾਂ ਅਪੰਗਤਾ ਪੈਨਸ਼ਨ ਸਕੀਮ ਆਦਿ ਦਾ ਲਾਭ ਲੈ ਰਹੀਆਂ ਹਨ।

ਉਨ੍ਹਾਂ ਦੱਸਿਆ ਕਿ ਪੰਜਾਬ ਦੀਆਂ ਲੱਗਭੱਗ 97 ਫੀਸਦੀ ਬਾਲਗ ਔਰਤਾਂ ਇਸ ਸਕੀਮ ਅਧੀਨ ਯੋਗ ਹੋਣਗੀਆਂ ਜੋ ਭਾਰਤ ਦੇ ਕਿਸੇ ਵੀ ਰਾਜ ਨਾਲੋਂ ਵੱਧ ਹੈ।ਇਸ ਇਤਿਹਾਸਕ ਪਹਿਲਕਦਮੀ ਦਾ ਮੂਲ ਉਦੇਸ਼ ਔਰਤਾਂ ਨੂੰ ਆਰਥਿਕ ਤੌਰ 'ਤੇ ਆਤਮ-ਨਿਰਭਰ ਬਣਾਉਣਾ, ਘਰੇਲੂ ਫੈਸਲਿਆਂ ਵਿੱਚ ਉਨ੍ਹਾਂ ਦੀ ਭੂਮਿਕਾ ਨੂੰ ਮਜ਼ਬੂਤ ਕਰਨਾ ਅਤੇ ਉਨ੍ਹਾਂ ਦੀ ਸਿਹਤ ਤੇ ਪੋਸ਼ਣ ਦੇ ਮਿਆਰ ਵਿੱਚ ਸੁਧਾਰ ਲਿਆਉਣਾ ਹੈ ਤਾਂ ਜੋ ਸਾਡੀਆਂ ਧੀਆਂ ਨਿਰੰਤਰ ਵਿੱਦਿਆ ਹਾਸਲ ਕਰਕੇ ਆਪਣੀਆਂ ਉਚਾਈਆਂ 'ਤੇ ਪਹੁੰਚ ਸਕਣ।

# ਅੰਤਰਰਾਸ਼ਟਰੀ ਮਹਿਲਾ ਦਿਵਸ 'ਤੇ ਪੰਜਾਬ ਸਰਕਾਰ ਦਾ ਵੱਡਾ ਤੋਹਫ਼ਾ



ਲੁਧਿਆਣਾ, 8 ਮਾਰਚ (ਵਿਸ਼ਾਲ ਸ਼ਰਮਾ): ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ 'ਤੇ ਸਾਲ 2026-27 ਦੇ ਬਜਟ ਵਿੱਚ ਮਹਿਲਾਵਾਂ, ਧੀਆਂ ਅਤੇ ਭੈਣਾਂ ਲਈ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਦੇ ਆਗਾਜ਼ ਦਾ ਵੱਡਾ ਐਲਾਨ ਕਰਦਿਆਂ ਕਿਹਾ, ਇਸ ਯੋਜਨਾ ਤਹਿਤ ਭਗਵੰਤ ਸਿੰਘ ਮਾਨ ਸਰਕਾਰ ਸਾਰੀਆਂ ਬਾਲਗ ਔਰਤਾਂ ਨੂੰ 1,000 ਰੁਪਏ ਅਤੇ ਅਨੁਸੂਚਿਤ ਜਾਤੀ ਦੀਆਂ ਔਰਤਾਂ ਨੂੰ 1,500 ਰੁਪਏ ਪ੍ਰਤੀ ਮਹੀਨਾ ਸਿੱਧੇ ਤੌਰ 'ਤੇ ਬੈਂਕ ਖਾਤਿਆਂ ਵਿਚ ਟ੍ਰਾਂਸਫਰ ਕਰੇਗੀ। ਅੱਜ ਪੰਜਾਬ ਵਿਧਾਨ ਸਭਾ ਵਿੱਚ ਜਦੋਂ ਸਾਲ 2026-27 ਦਾ ਬਜਟ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਪੇਸ਼ ਕੀਤਾ ਜਾ ਰਿਹਾ ਸੀ ਤਾਂ ਉਸ ਸਮੇਂ ਲਲਹੇੜੀ ਚੌਂਕ, ਖੰਨਾ ਵਿੱਚ ਵੱਡੀ ਐਲ.ਈ.ਡੀ ਸਕਰੀਨ 'ਤੇ ਲਾਈਵ ਦਿਖਾਇਆ ਜਾ ਰਿਹਾ ਸੀ। ਇਸ ਬਜਟ ਸੈਸ਼ਨ ਨੂੰ ਦੇਖਣ ਅਤੇ ਸੁਣਨ ਲਈ ਹਲਕਾ ਖੰਨਾ ਦੀਆਂ ਵੱਡੀ ਗਿਣਤੀ ਵਿੱਚ ਮਹਿਲਾਵਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਦੀ ਧਰਮ ਪਤਨੀ ਕਮਲਜੀਤ ਕੌਰ ਸੌਂਦ ਜੋ ਇਸ ਸਮਾਗਮ ਵਿੱਚ ਸ਼ਾਮਲ ਸਨ 'ਤੇ ਫੁੱਲਾਂ ਦੀ ਵਰਖਾ ਕਰਕੇ, ਢੋਲ ਵਜਾ ਕੇ, ਨੱਚ ਕੇ ਅਤੇ ਮਿਠਾਈਆਂ ਵੰਡ ਕੇ ਖੁਸ਼ੀ ਜ਼ਾਹਿਰ ਕੀਤੀ। ਇਹਨਾਂ ਮਹਿਲਾਵਾਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਕੈਬਨਿਟ ਮੰਤਰੀ ਤਰਨਪ੍ਰੀਤ ਸਿੰਘ ਸੌਂਦ ਦੇ ਪੰਜਾਬ ਦਾ ਪੁੱਤ ਅਤੇ ਪੰਜਾਬ ਦਾ ਮਾਣ ਹੋਣ ਦੇ ਨਾਅਰੇ ਵੀ ਲਗਾਏ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇਸ ਯੋਜਨਾ ਨੂੰ ਪਾਰਦਰਸ਼ੀ ਅਤੇ ਸਮੇਂ-ਸਿਰ ਲਾਗੂ ਕਰਨ ਲਈ ਵਿੱਤੀ ਸਾਲ 2026-27 ਦੇ ਬਜਟ ਵਿੱਚ 9,300 ਕਰੋੜ ਰੁਪਏ ਦਾ ਵਿਸ਼ੇਸ਼ ਉਪਬੰਧ ਵੀ ਕੀਤਾ ਗਿਆ ਹੈ। ਇਹਨਾਂ ਮਹਿਲਾਵਾਂ ਨੇ ਕਿਹਾ ਕਿ ਪੰਜਾਬ ਦੀਆਂ ਸਾਰੀਆਂ ਬਾਲਗ ਔਰਤਾਂ ਨੂੰ ਵਿੱਤੀ ਸਹਾਇਤਾ ਦੇਣ ਵਾਲਾ ਪੰਜਾਬ ਦੇਸ਼ ਦਾ ਪਹਿਲਾ ਸੂਬਾ ਹੋਵੇਗਾ। ਭਾਵੇਂ ਕਾਲਜ ਪੜ੍ਹਦੀ ਧੀ ਹੋਵੇ ਜਿਸ ਨੇ ਕਿਤਾਬਾਂ ਖਰੀਦਣੀਆਂ ਹੋਣ, ਭਾਵੇਂ ਸਰਕਾਰੀ ਨੌਕਰੀ ਦੀ ਤਿਆਰੀ ਕਰ ਰਹੀ ਧੀ ਹੋਵੇ ਜਿਸ ਨੇ ਕੋਚਿੰਗ ਦੀ ਫੀਸ ਭਰਨੀ ਹੈ ਜਾਂ ਫਿਰ ਆਪਣੀ ਪੋਤੀ ਲਈ ਖਿਡੌਣਾ ਖਰੀਦਣ ਦੀ ਰੀਝ ਰੱਖਣ ਵਾਲੀ ਕੋਈ ਦਾਦੀ ਹੋਵੇ। ਹੁਣ ਸਾਨੂੰ ਆਪਣੇ ਨਿੱਜੀ ਖ਼ਰਚਿਆਂ ਲਈ ਕਿਸੇ ਅੱਗੇ ਹੱਥ ਅੱਡਣ ਦੀ ਲੋੜ ਨਹੀਂ ਪਵੇਗੀ। ਕਿਉਂਕਿ ਸਾਡਾ ਵੱਡਾ ਭਰਾ ਅਤੇ ਪੁੱਤਰ ਭਗਵੰਤ ਮਾਨ ਹਰ ਮਹੀਨੇ ਸਾਡੇ ਬੈਂਕ ਖਾਤੇ ਵਿੱਚ 1,000 ਤੋਂ 1,500 ਰੁਪਏ ਜਮ੍ਹਾਂ ਕਰਵਾਏਗਾ। ਇਹਨਾਂ ਮਹਿਲਾਵਾਂ ਨੇ ਦਾਅਵਾ ਕੀਤਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪਿਛਲੇ ਚਾਰ ਸਾਲਾਂ ਵਿੱਚ ਉਹ ਕੰਮ ਕੀਤੇ ਹਨ ਜੋ ਪਿਛਲੀ ਕਿਸੇ ਵੀ ਸਰਕਾਰ ਨੇ ਨਹੀਂ ਕੀਤੇ।

## ਮਹਿਲਾਵਾਂ ਨੂੰ ਸਰਕਾਰ ਦਾ ਵੱਡਾ ਤੋਹਫ਼ਾ : ਖੰਗੂੜਾ

ਲੁਧਿਆਣਾ, 8 ਮਾਰਚ (ਵਿਸ਼ਾਲ ਸ਼ਰਮਾ): ਅੱਜ ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ 'ਤੇ ਆਮ ਆਦਮੀ ਪਾਰਟੀ ਵੱਲੋਂ ਕੀਤਾ ਗਿਆ ਇੱਕ ਹੋਰ ਵਾਅਦਾ ਪੂਰਾ। ਪਾਰਟੀ ਵੱਲੋਂ ਐਲਾਨ ਕੀਤਾ ਗਿਆ ਹੈ ਕਿ ਆਮ ਵਰਗ ਦੀਆਂ ਮਹਿਲਾਵਾਂ ਨੂੰ ਹਰ ਮਹੀਨੇ 1000 ਰੁਪਏ ਅਤੇ ਐਸ.ਸੀ. ਵਰਗ ਦੀਆਂ ਮਹਿਲਾਵਾਂ ਨੂੰ 1500 ਰੁਪਏ ਆਰਥਿਕ ਸਹਾਇਤਾ ਦੇ ਤੌਰ 'ਤੇ ਦਿੱਤੇ ਜਾਣਗੇ। ਇਸ ਸੰਬੰਧ ਵਿੱਚ ਅੱਜ ਸ਼ਹਿਰ ਦੇ ਸਾਰੇ ਐਮ.ਐਲ.ਏ. ਸਾਹਿਬਾਨ ਦੇ ਦਫ਼ਤਰਾਂ ਵਿੱਚ ਮਹਿਲਾਵਾਂ ਨਾਲ ਇਸ ਮੌਕੇ ਦੀ ਖੁਸ਼ੀ ਮਨਾਈ ਗਈ ਅਤੇ ਉਨ੍ਹਾਂ ਨੂੰ ਇਸ ਯੋਜਨਾ ਬਾਰੇ ਜਾਣਕਾਰੀ ਦਿੱਤੀ ਗਈ। ਇਸ ਮੌਕੇ 'ਤੇ ਕੈਬਨਿਟ ਮੰਤਰੀ ਅਤੇ ਹਲਕਾ ਵੈਸਟ ਦੇ ਐਮ.ਐਲ.ਏ. ਸੰਜੀਵ ਅਰੋੜਾ ਦੇ ਦਫਤਰ ਵਿਖੇ ਜ਼ਿਲ੍ਹਾ ਪ੍ਰਧਾਨ ਖੰਗੂੜਾ ਵੱਲੋਂ ਇੱਕ ਪ੍ਰੈੱਸ ਕਾਨਫਰੰਸ ਕਰਕੇ ਮਹਿਲਾਵਾਂ ਨੂੰ ਇਸ ਯੋਜਨਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਆਮ ਆਦਮੀ ਪਾਰਟੀ ਦਾ ਮੰਨਣਾ ਹੈ ਕਿ ਮਹਿਲਾਵਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਬਣਾਉਣਾ ਸਮਾਜ ਦੀ ਤਰੱਕੀ ਲਈ ਬਹੁਤ ਜ਼ਰੂਰੀ ਹੈ ਅਤੇ ਇਸ ਯੋਜਨਾ ਨਾਲ ਹਜ਼ਾਰਾਂ ਪਰਿਵਾਰਾਂ ਨੂੰ ਲਾਭ ਮਿਲੇਗਾ। ਇਸ ਮੌਕੇ 'ਤੇ ਜ਼ਿਲ੍ਹਾ ਪ੍ਰਧਾਨ ਜਤਿੰਦਰ ਸਿੰਘ ਖੰਗੂੜਾ ਤੇ ਕੌਂਸਲਰ ਗੁਰਪ੍ਰੀਤ ਬੱਬਲ, ਸਨੀ ਮਾਸਟਰ, ਮਨੀਸ ਸਾਹ ਅਤੇ ਨੰਦਨੀ ਜੈਰੱਥ ਅਤੇ ਹੋਰ ਸਾਥੀਆ ਵੱਲੋਂ ਪਾਰਟੀ ਹਾਈਕਮਾਂਡ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਫੈਸਲਾ ਮਹਿਲਾਵਾਂ ਦੀ ਭਲਾਈ ਅਤੇ ਉਨ੍ਹਾਂ ਨੂੰ ਆਤਮਨਿਰਭਰ ਬਣਾਉਣ ਵੱਲ ਇੱਕ ਵੱਡਾ ਕਦਮ ਹੈ।

## ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਸਰਕਾਰ ਦਾ ਮਹਿਲਾਵਾਂ ਨਾਲ ਧੋਖਾ : ਦਿਓਲ



ਮੁੱਲਾਂਪੁਰ ਦਾਖਾ, 8 ਮਾਰਚ (ਦਵਿੰਦਰ ਸਿੰਘ ਲੰਮੇਂ): ਸ਼੍ਰੋਮਣੀ ਅਕਾਲੀ ਦਲ ਹਲਕਾ ਦਾਖਾ ਦੇ ਇੰਚਾਰਜ ਜਸਕਰਨ ਸਿੰਘ ਦਿਓਲ ਨੇ ਅੱਜ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾਂ ਵੱਲੋਂ ਪੇਸ਼ ਕੀਤੇ ਬਜਟ ਵਿੱਚ ਪੰਜਾਬ ਦੀਆਂ ਮਹਿਲਾਵਾਂ ਨੂੰ 1000 ਰੁਪਏ ਮਹੀਨਾ ਦਿੱਤੇ ਜਾਣ 'ਤੇ ਪ੍ਰਤੀਕ੍ਰਮ ਦਿੰਦਿਆਂ ਕਿਹਾ ਕਿ ਇਹ ਅੰਤਰਰਾਸ਼ਟਰੀ ਮਹਿਲਾ ਦਿਵਸ 'ਤੇ ਪੰਜਾਬ ਦੀਆਂ ਮਹਿਲਾਵਾਂ ਨਾਲ ਧੋਖਾ ਹੈ। ਦਿਓਲ ਨੇ ਕਿਹਾ ਕਿ 4 ਸਾਲ ਬੀਤ ਜਾਣ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਲਈ 1000 ਰੁਪਏ ਮਹੀਨਾ ਦੇਣ ਦੀ ਸਕੀਮ ਨੂੰ ਲਾਗੂ ਕਰਨਾ ਸਿਰਫ ਆਫਣ ਵਾਲੀਆਂ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾ ਵਿੱਚ ਵਰਤਿਆਂ ਜਾਣ ਵਾਲਾ ਹਥਿਆਰ ਅਤੇ ਵੋਟ ਰਾਜਨੀਤੀ ਹੈ। ਉਹਨਾਂ ਇਸ ਮੁੱਦੇ 'ਤੇ ਅਪੀਲ ਕੀਤੀ ਕਿ ਮਹਿਲਾਵਾਂ ਸਰਕਾਰ ਦੀ ਇਸ ਵੋਟ ਬਟੋਰੂ ਰਾਜਨੀਤੀ ਦੇ ਬਹਿਕਾਵੇ ਵਿੱਚ ਨਾ ਆਉਣ ਸਗੋਂ ਪਿਛਲੇ 4 ਸਾਲਾਂ ਦੇ ਹਦਾਰ ਰੁਪਏ ਪ੍ਰਤੀ ਮਹੀਨਾ ਦੇ ਹਿਸਾਬ ਨਾਲ ਬਨਦੇ ਪੈਸਿਆਂ ਦੀ ਮੰਗ ਕਰਨ।

ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ 2022 ਦੀਆਂ ਚੋਣਾਂ ਦੌਰਾਨ ਵਾਅਦਾ ਕੀਤਾ ਸੀ ਕਿ 1 ਅਪ੍ਰੈਲ 2022 ਤੋਂ ਪੰਜਾਬ ਦੀ ਹਰ ਮਹਿਲਾ ਨੂੰ ਹਰ ਮਹੀਨੇ 1000 ਰੁਪਏ ਦਿੱਤੇ ਜਾਣਗੇ। ਪਰ ਹੈਰਾਨੀ ਦੀ ਗੱਲ ਹੈ ਕਿ ਇਸ ਸਕੀਮ ਲਈ ਬਜਟ ਮਾਰਚ 2026 ਵਿੱਚ ਪਾਸ ਕੀਤਾ ਗਿਆ ਹੈ। ਉਨ੍ਹਾਂ ਸਵਾਲ ਕੀਤਾ ਕਿ ਪਿਛਲੇ ਚਾਰ ਸਾਲਾਂ ਦਾ ਹਿਸਾਬ ਕੌਣ ਦੇਵੇਗਾ? ਜੇਕਰ 1 ਅਪ੍ਰੈਲ 2022 ਤੋਂ ਇਹ ਰਕਮ ਮਿਲਦੀ ਤਾਂ ਹਰ ਮਹਿਲਾ ਨੂੰ ਹੁਣ ਤੱਕ ਲਗਭਗ 48 ਹਜ਼ਾਰ ਰੁਪਏ ਮਿਲਣੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਬਜਟ ਪਾਸ ਕਰਨ ਦੇ ਬਾਵਜੂਦ ਵੀ ਕਈ ਤਕਨੀਕੀ ਅਤੇ ਪ੍ਰਸ਼ਾਸਕੀ ਕਾਰਵਾਈਆਂ ਦਾ ਸਾਹਮਣਾ ਕਰਨ ਤੋਂ ਬਾਅਦ ਹੀ ਇਹ ਰਕਮ ਮਹਿਲਾਵਾਂ ਦੇ ਖਾਤਿਆਂ ਵਿੱਚ ਆਵੇਗੀ, ਜਿਸ ਕਾਰਨ ਸੰਭਾਵਨਾ ਹੈ ਕਿ ਇਹ ਸਕੀਮ ਅਗਸਤ ਜਾਂ ਸਤੰਬਰ 2026 ਤੋਂ ਹੀ ਸ਼ੁਰੂ ਹੋਵੇਗੀ।

## ਮੁੱਖ ਮੰਤਰੀ ਦੀ ਅਗਵਾਈ ਹੇਠ ਪੇਸ਼ ਕੀਤੇ ਬਜਟ ਵਿੱਚ ਔਰਤਾਂ ਨੂੰ ਇਤਿਹਾਸਿਕ ਤੋਹਫ਼ਾ ਮਿਲਿਆ : ਪਾਲੀ



ਸਾਹਨੇਵਾਲ/ਕੁਹਾੜਾ, 8 ਮਾਰਚ (ਕੁਲਦੀਪ ਕੁਹਾੜਾ): ਪੰਜਾਬ ਕੰਟੇਨਰ ਐਂਡ ਵੇਅਰ ਹਾਊਸਿੰਗ ਕਾਰਪੋਰੇਸ਼ਨ ਦੇ ਡਾਇਰੈਕਟਰ ਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਨੇਤਾ ਰਵਿੰਦਰ ਪਾਲ ਸਿੰਘ ਪਾਲੀ ਨੇ ਆਖਿਆ ਹੈ ਕਿ ਪੰਜਾਬ ਸਰਕਾਰ ਵੱਲੋਂ ਪੇਸ਼ ਕੀਤਾ ਗਿਆ ਬਜਟ ਹਰ ਵਰਗ ਦੇ ਲੋਕਾਂ ਦੇ ਹਿੱਤ ਵਿੱਚ ਹੈ ਅਤੇ ਇਹ ਪੰਜਾਬ ਨੂੰ ਤਰੱਕੀ ਦੀਆਂ ਰਾਹਾਂ 'ਤੇ ਹੋਰ ਵੀ ਤੇਜ਼ੀ ਨਾਲ ਤੋਰਨ ਵਾਲੀ ਗੱਲ ਹੈ। ਉਨ੍ਹਾਂ ਲੋਕ ਹਿਤੈਸ਼ੀ ਬਜਟ ਪੇਸ਼ ਕਰਨ 'ਤੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਭਗਵੰਤ ਮਾਨ, ਆਪ ਦੇ ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ, ਪ੍ਰਧਾਨ ਅਮਨ ਅਰੋੜਾ ਅਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੂੰ ਲੋਕ ਹਿਤੈਸ਼ੀ ਬਜਟ ਪੇਸ਼ ਕਰਨ ਤੇ ਵਧਾਈ ਦਿੰਦਿਆਂ ਆਖਿਆ ਕਿ ਉਹਨਾਂ ਨੇ ਪੰਜਾਬ ਵਿੱਚ ਮਾਵਾਂ ਧੀਆਂ ਸਤਿਕਾਰਯੋਗ ਯੋਜਨਾ 'ਤੇ ਪਹਿਰਾ ਦਿੰਦਿਆਂ ਪੰਜਾਬ ਦੀਆਂ 18 ਸਾਲ ਤੋਂ ਵੱਧ ਉਮਰ ਦੀਆਂ ਔਰਤਾਂ ਅਤੇ ਲੜਕੀਆਂ ਨੂੰ 1000 ਪ੍ਰਤੀ ਮਹੀਨਾ ਅਤੇ ਅਨੁਸੂਚਿਤ ਜਾਤੀ ਵਾਲੀਆਂ ਨਾਲ ਸਬੰਧਿਤ ਨੂੰ 1500 ਪ੍ਰਤੀ ਮਹੀਨੇ ਦਾ ਐਲਾਨ ਕਰਕੇ ਇੱਕ ਬਹੁਤ ਹੀ ਸ਼ਲਾਘਾਯੋਗ ਕੰਮ ਕੀਤਾ ਹੈ। ਪਾਲੀ ਨੇ ਕਿਹਾ ਕਿ ਇਹ ਪੰਜਾਬ ਸਰਕਾਰ ਦਾ ਔਰਤਾਂ ਲਈ ਇੱਕ ਇਤਿਹਾਸਿਕ ਤੋਹਫਾ ਹੈ, ਜਿਸ ਨੂੰ ਰਹਿੰਦੀ ਦੁਨੀਆਂ ਤੱਕ ਚੇਤੇ ਕੀਤਾ ਜਾਂਦਾ ਰਹੇਗਾ। ਉਹਨਾਂ ਕਿਹਾ ਕਿ ਇਸ ਨਾਲ ਸਮਾਜ ਵਿੱਚ ਔਰਤਾਂ ਦੀ ਖੁਦ ਮੁਖਤਿਆਰੀ ਅਤੇ ਮਾਣ ਸਨਮਾਨ ਵਧੇਗਾ ਅਤੇ ਇਹ ਤੋਹਫਾ ਔਰਤ ਸਸਤਰੀਕਰਨ ਦੇ ਮਾਮਲੇ ਵਿੱਚ ਇੱਕ ਵੱਡਾ ਕਦਮ ਸਾਬਿਤ ਹੋਵੇਗਾ। ਉਨ੍ਹਾਂ ਇਸ ਫੈਸਲੇ ਲਈ ਪੰਜਾਬ ਦੀਆਂ ਸਾਰੀਆਂ ਔਰਤਾਂ ਨੂੰ ਦਿਲੋਂ ਵਧਾਈ ਦਿੱਤੀ। ਉਹਨਾਂ ਕਿਹਾ ਕਿ ਇਹ ਬਜਟ ਸਿੱਖਿਆ, ਸਿਹਤ, ਉਦਯੋਗ ਅਤੇ ਰੁਜ਼ਗਾਰ ਆਦਿ ਸਭ ਖੇਤਰਾ ਲਈ ਲਾਹੇਵੰਦ ਹੈ ਅਤੇ ਪੰਜਾਬ ਨੂੰ ਵਿਕਾਸ ਅਤੇ ਖੁਸ਼ਹਾਲੀ ਦੇ ਨਵੇਂ ਦੌਰ ਵੱਲ ਤੇਜ਼ੀ ਨਾਲ ਲੈ ਕੇ ਜਾਵੇਗਾ।

## ਤਰਕਸ਼ੀਲ ਸੋਸਇਟੀ ਦੀ ਮੀਟਿੰਗ ਵਿੱਚ ਕਈ ਅਹਿਮ ਫ਼ੈਸਲੇ



ਲੁਧਿਆਣਾ, 8 ਮਾਰਚ (ਰਵਿੰਦਰ ਸਿੰਘ ਨਿੱਝਰ): ਤਰਕਸ਼ੀਲ ਸੋਸਾਇਟੀ ਪੰਜਾਬ (ਜ਼ੋਨ ਲੁਧਿਆਣਾ) ਦੀ ਮੀਟਿੰਗ ਜ਼ੋਨ ਦਫ਼ਤਰ ਵਿਖੇ ਜੱਥੇਬੰਦਕ ਮੁਖੀ ਜਸਵੰਤ ਜ਼ੀਰਖ ਦੀ ਪ੍ਰਧਾਨਗੀ ਹੇਠ ਸ਼ੁਰੂ ਹੋਈ। ਇਸ ਵਿੱਚ ਦੇ ਜ਼ੋਨ ਵਿਭਾਗੀ ਮੁਖੀਆਂ ਦੇ ਨਾਲ ਹੀ ਜ਼ੋਨ ਨਾਲ ਸਬੰਧਤ ਇਕਾਈਆਂ ਦੇ ਮੁਖੀਆਂ/ ਨਮਾਇੰਦਿਆਂ ਨੇ ਭਾਗ ਲਿਆ। ਮੀਟਿੰਗ ਦੀ ਕਾਰਵਾਈ ਪ੍ਰੈੱਸ ਨੂੰ ਜਾਰੀ ਕਰਦਿਆਂ ਮੀਡੀਆ ਮੁਖੀ ਹਰਚੰਦ ਭਿੰਡਰ ਨੇ ਦੱਸਿਆ ਕਿ ਇਸ ਸਮੇਂ ਸੂਬਾ ਵਰਕਿੰਗ ਕਮੇਟੀ ਦੀ ਪਿਛਲੇ ਦਿਨੀਂ ਹੋਈ ਮੀਟਿੰਗ ਦੀ ਰਿਪੋਰਟ ਤੇ ਚਰਚਾ ਕੀਤੀ ਗਈ। ਹਰ ਸਾਲ ਦੀ ਤਰ੍ਹਾਂ ਪੰਜਾਬ ਖੇਤੀਬਾੜੀ ਯੂਨੀਵਰਸਟੀ ਲੁਧਿਆਣਾ ਵਿਖੇ ਹੋ ਰਹੇ ਦੋ ਰੋਜ਼ਾ (20-21 ਮਾਰਚ) ਕਿਸਾਨ ਮੇਲੇ ਵਿੱਚ ਤਰਕਸ਼ੀਲ ਸਟਾਲ ਲਗਾਉਣ ਦਾ ਫੈਸਲਾ ਲਿਆ, ਜਿਸ ਵਿੱਚ ਸਾਰੀਆਂ ਇਕਾਈਆ ਦੇ ਮੈਂਬਰਾਂ ਦੀ ਵਲੰਟੀਅਰਾਂ ਵਜੋਂ ਜ਼ੁੰਮੇਵਾਰੀ ਨਿਭਾਉਣ ਲਈ ਡਿਊਟੀਆਂ ਲਗਾਈਆਂ ਗਈਆਂ। ਤਕਰਸ਼ੀਲ ਆਗੂ ਕੈਨੇਡਾ ਅਵਤਾਰ ਸਿੰਘ 'ਬਾਈ' ਵੱਲੋਂ 20 ਮਾਰਚ ਨੂੰ ਕਰਵਾਏ ਜਾ ਰਹੇ 'ਜੱਗ ਜਿਉਂਦਿਆਂ ਦੇ ਮੇਲੇ' ਵਿੱਚ ਸ਼ਾਮਿਲ ਹੋਣ ਦਾ ਫੈਸਲਾ ਕੀਤਾ ਗਿਆ। ਆਮ ਲੋਕਾਂ ਦੇ ਅੰਧਵਿਸ਼ਵਾਸੀ ਵਿਚਾਰਾਂ ਨੂੰ ਬਣਾਈ ਰੱਖਣ ਲਈ ਵੱਡੇ ਡੇਰੇਦਾਰ ਬਾਬਿਆਂ ਨਾਲ ਸਰਕਾਰਾਂ ਅਤੇ ਸਿਆਸਤਦਾਨਾਂ ਦੀ ਮਿਲੀ ਭੁਗਤ 'ਤੇ ਚਿੰਤਾ ਜ਼ਾਹਰ ਕੀਤੀ ਗਈ।ਆਪਣੇ 'ਕਾਰਨਾਮਿਆਂ' ਦੀ ਸਜ਼ਾ ਭੁਗਤ ਰਹੇ ਜੇਲ੍ਹੀਂ ਬੰਦ ਬਾਬਿਆਂ ਨੂੰ ਵੋਟਾਂ ਵੇਲੇ ਪੈਰੋਲ 'ਤੇ ਛੱਡਣ ਦੀ ਨੀਤੀ ਦਾ ਵੀ ਖੰਡਨ ਕੀਤਾ ਗਿਆ।

ਇਸ ਸਮੇਂ ਤਰਕਸ਼ੀਲ ਸੋਸਾਇਟੀ ਦਾ ਪੰਜਾਬੀ ਤਰਕਸ਼ੀਲ ਮੈਗਜ਼ੀਨ ਰਿਲੀਜ ਕਰਕੇ ਇਕਾਈਆ ਨੂੰ ਵੰਡਿਆ ਗਿਆ। ਇਸ ਮੀਟਿੰਗ ਵਿੱਚ ਜ਼ੋਨ ਮੁਖੀ ਤੋਂ ਇਲਾਵਾ ਧਰਮਪਾਲ ਸਿੰਘ, ਸਮਸ਼ੇਰ ਨੂਰਪੁਰੀ ਅਤੇ ਇਕਾਈ ਮੁਖੀ ਧਰਮ ਸਿੰਘ ਸੂਜਾ ਪੁਰ ਮਾ. ਕਰਨੈਲ ਸਿੰਘ, ਬਲਵਿੰਦਰ ਸਿੰਘ, ਕਰਤਾਰ ਵੀਰਾਨ, ਪੂਰਨ ਸਿੰਘ ਅਤੇ ਦੀਪ ਦਿਲਬਰ ਆਦਿ ਵੀ ਹਾਜ਼ਰ ਸਨ।

## ਬਜਟ ਵਿੱਚ ਛੋਟੀ ਇੰਡਸਟਰੀ ਨੂੰ ਅਨਗੌਲਿਆਂ ਕਰਨਾ ਮੰਦਭਾਗਾ : ਠੁਕਰਾਲ



ਲੁਧਿਆਣਾ, 8 ਮਾਰਚ (ਰਵਿੰਦਰ ਸਿੰਘ ਨਿੱਝਰ) : ਯੂਨਾਈਟਡ ਸਾਈਕਲ ਐਂਡ ਪਾਰਟਸ ਮੈਨੂਫੈਕਚਰਰ ਐਸੋਸੀਏਸ਼ਨ ਦੇ ਸੀਨੀਅਰ ਮੀਤ ਪ੍ਰਧਾਨ ਤੇ ਸਮਾਜ ਸਕੇਲ ਇੰਡਸਟਰੀਅਲ ਐਸੋਸੀਏਸ਼ਨ ਦੇ ਪ੍ਰਧਾਨ ਜਸਵਿੰਦਰ ਸਿੰਘ ਠੁਕਰਾਲ ਨੇ ਪੰਜਾਬ ਸਰਕਾਰ ਵੱਲੋਂ ਪੇਸ਼ ਕੀਤੇ ਆਪਣੇ ਆਖਰੀ ਬਜਟ ਨੂੰ ਇੰਡਸਟਰੀ ਖਾਸ ਕਰਕੇ ਛੋਟੀ ਇੰਡਸਟਰੀ ਲਈ ਬੇਹੱਦ ਮੰਦਭਾਗਾ ਦੱਸਿਆ ਹੈ। ਉਹਨਾਂ ਕਿਹਾ ਕਿ ਬਹੁਤ ਅਫਸੋਸ ਦੀ ਗੱਲ ਹੈ ਕਿ ਛੋਟੀ ਅਤੇ ਪੁਰਾਣੀ ਇੰਡਸਟਰੀ ਨੂੰ ਬਜਟ ਵਿਚ ਕੁਝ ਨਹੀ ਦਿੱਤਾ ਗਿਆ। ਉਹਨਾਂ ਕਿਹਾ ਕਿ ਬਜਟ ਦੇ ਵਿੱਚ ਮਿਕਸ ਲੈਂਡ ਯੂਜ ਵਿੱਚ ਚੱਲ ਰਹੀ ਇੰਡਸਟਰੀ ਨੂੰ ਵੀ ਕੋਈ ਰਾਹਤ ਨਹੀਂ ਦਿੱਤੀ ਗਈ ਜਦੋਂ ਕਿ ਕਈ ਸਰਕਾਰੀ ਨੁਮਾਇੰਦੇ ਕਈ ਵਾਰ ਜੁਬਾਨੀ ਵਾਅਦੇ ਕਰਦੇ ਰਹੇ ਹਨ। ਉਹਨਾਂ ਕਿਹਾ ਕਿ ਮੁਹੱਲਿਆਂ ਵਿੱਚ ਜਿਹੜੀ ਇੰਡਸਟਰੀ ਵਸੀ ਹੋਈ ਹੈ ਉਸ ਦੇ ਲਈ ਫੋਕਲ ਪੁਆਇੰਟ ਬਣਾਉਣ ਦੀ ਵੀ ਕੋਈ ਯੋਜਨਾ ਬਜਟ ਵਿੱਚ ਨਹੀਂ ਦੇਖੀ ਗਈ ਜੋ ਕਿ ਹੋਰ ਵੀ ਮੰਦਭਾਗੀ ਗੱਲ ਹੈ।

ਉਹਨਾਂ ਕਿਹਾ ਕਿ ਕੁੱਲ ਮਿਲਾ ਕੇ ਬਜਟ ਨੇ ਇੰਡਸਟਰੀ ਅਤੇ ਇੰਡਸਟਰੀ ਚਲਾਉਣ ਵਾਲਿਆਂ ਨੂੰ ਬੇਹੱਦ ਨਿਰਾਸ਼ ਕੀਤਾ ਹੈ।ਇਸ ਬਜਟ ਨੇ ਇੰਡਸਟਰੀ ਨੂੰ ਨਿਰਾਸ਼ ਕੀਤਾ। ਉਹਨਾਂ ਕਿਹਾ ਕਿ ਸਰਕਾਰ ਦੱਸੇ ਕਿ ਉਸ ਨੇ ਜਿਹੜੀ ਸਨਅਤੀ ਨੀਤੀ ਬਣਾਈ ਹੈ ਉਸ ਵਿੱਚ ਛੋਟੀ ਇੰਡਸਟਰੀ ਨੂੰ ਸ਼ਾਮਿਲ ਕਿਉਂ ਨਹੀਂ ਕੀਤਾ ਗਿਆ। ਉਹਨਾਂ ਕਿਹਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਸਰਕਾਰ ਨੂੰ ਇਸ ਦਾ ਖਮਿਆਜ਼ਾ ਭੁਗਤਣਾ ਪਵੇਗਾ।

## ਅਧਿਆਪਕਾਂ ਨੂੰ ਡੰਡੇ ਦੇ ਜ਼ੋਰ ਨਾਲ ਦਬਾਉਣਾ ਗ਼ੈਰ-ਵਾਜ਼ਬ : ਸਵੱਦੀ



ਲੁਧਿਆਣਾ, 8 ਮਾਰਚ (ਰਵਿੰਦਰ ਸਿੰਘ ਨਿੱਝਰ): ਸਰਕਾਰੀ ਪ੍ਰਾਇਮਰੀ ਐਲੀਮੈਂਟਰੀ ਟੀਚਰਜ਼ ਐਸੋਸੀਏਸ਼ਨ ਪੰਜਾਬ (ਸਪੈਟਾ ) ਦੇ ਸਰਪ੍ਰਸਤ ਧੰਨਾ ਸਿੰਘ ਸਵੱਦੀ ਨੇ ਕਿਹਾ ਕਿ ਅੱਜ ਪੰਜਾਬ ਦੀਆਂ ਮੁਲਾਜ਼ਮ ਜਥੇਬੰਦੀਆਂ ਵੱਲੋਂ ਆਪਣੀਆਂ ਵਿੱਤੀ ਮੰਗਾਂ ਪੁਰਾਣੀ ਪੈਨਸ਼ਨ ਬਹਾਲੀ, ਪੇਅ ਸਕੇਲ, ਡੀ. ਏ., ਪੇਂਡੂ ਭੱਤਾ, 4-9-14 ਏ ਸੀ ਪੀ ਦੀ ਬਹਾਲੀ ਆਦਿ ਨੂੰ ਲੈ ਕੇ ਪੰਜਾਬ ਵਿਧਾਨ ਸਭਾ ਵੱਲ ਸ਼ਾਂਤਮਈ ਮਾਰਚ ਕੀਤਾ ਜਾ ਰਿਹਾ ਸੀ। ਪ੍ਰੰਤੂ ਪੰਜਾਬ ਸਰਕਾਰ ਦੇ ਆਦੇਸ਼ਾਂ 'ਤੇ ਉੱਥੋਂ ਦੇ ਪ੍ਰਸ਼ਾਸਨ ਵੱਲੋਂ ਪਾਣੀ ਦੀਆਂ ਬੁਛਾੜਾਂ, ਅੱਥਰੂ ਗੈਸ ਦੇ ਗੋਲੇ ਮਾਰ ਕੇ ਸਾਡੇ ਪੰਜਾਬ ਦੇ ਮੁਲਾਜ਼ਮਾਂ ਦੀਆਂ ਪੱਗਾਂ ਨੂੰ ਰੋਲਣ ਦਾ ਯਤਨ ਕੀਤਾ, ਜੋ ਕਿ ਸਰਕਾਰ ਦੀ ਬਹੁਤ ਹੀ ਘਿਨਾਉਣੀ ਅਤੇ ਘਟੀਆ ਹਰਕਤ ਕਹੀ ਜਾ ਸਕਦੀ ਹੈ। ਸਪੈਟਾ ਦੇ ਸੂਬਾ ਪ੍ਰਧਾਨ ਸ਼ੇਰ ਸਿੰਘ ਛਿੱਬਰ ਨੇ ਕਿਹਾ ਅੱਜ ਇੱਕ ਪਾਸੇ ਸਾਰਾ ਦੇਸ਼ ਸਾਡੀਆਂ ਧੀਆਂ - ਭੈਣਾਂ ਨੂੰ ਕੌਮਾਂਤਰੀ ਮਹਿਲਾ ਦਿਵਸ ਦੇ ਸਨਮਾਨ ਦੇ ਰਿਹਾ ਉੱਥੇ ਪੰਜਾਬ ਸਰਕਾਰ ਸੱਤਾ ਦੇ ਨਸ਼ੇ ਵਿੱਚ ਹੰਕਾਰੀ ਹੋ ਕੇ ਸਾਡੀਆਂ ਧੀਆਂ - ਭੈਣਾਂ ਨੂੰ ਸੜਕਾਂ ਤੇ ਰੋਲ ਰਹੀ ਹੈ। ਸਰਬਜੀਤ ਸਿੰਘ ਚੌਕੀਮਾਨ ਸੀ. ਮੀਤ ਪ੍ਰਧਾਨ ਨੇ ਸੰਬੋਧਨ ਕਰਦਿਆਂ ਕਿਹਾ ਪੰਜਾਬ ਸਰਕਾਰ ਮੁਲਾਜ਼ਮਾਂ ਦੇ ਮਸਲੇ ਹੱਲ ਕਰਨ ਤੋਂ ਭੱਜ ਰਹੀ ਹੈ ਪਿਛਲੇ ਦਿਨੀਂ ਸਰਕਾਰ ਵੱਲੋਂ ਟੈਟ ਦਾ ਸ਼ੋਸ਼ਾ ਛੱਡ ਕੇ ਮੁਲਾਜ਼ਮਾਂ ਨੂੰ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਕਰ ਕੀਤਾ ਹੈ। ਪ੍ਰਭਦਿਆਲ ਸਿੰਘ ਜ਼ਿਲ੍ਹਾ ਪ੍ਰਧਾਨ ਨੇ ਕਿਹਾ ਪੰਜਾਬ ਸਰਕਾਰ ਆਏ ਦਿਨ ਮੁਲਾਜ਼ਮਾਂ ਪ੍ਰਤੀ ਘਟੀਆ ਹੱਥ - ਕੰਡੇ ਅਪਨਾ ਕੇ ਆਪਣੀ ਨਲਾਇਕੀ ਸਾਬਿਤ ਕਰ ਰਹੀ ਹੈ। ਉਹਨਾਂ ਜਥੇਬੰਦੀ ਵੱਲੋਂ ਪੰਜਾਬ ਸਰਕਾਰ ਨੂੰ ਤਾੜਨਾ ਕੀਤੀ ਕਿ ਜੇਕਰ ਮੁਲਾਜ਼ਮਾਂ ਦੀਆਂ ਮੰਗਾਂ ਪੂਰੀਆਂ ਨਾ ਕੀਤੀਆਂ ਤਾਂ ਪੰਜਾਬ ਦੇ ਲੋਕ 2027 ਦੀਆਂ ਚੋਣਾਂ ਵਿੱਚ ਸੀਸ਼ਾ ਦਿਖਾ ਦੇਣਗੇ।

## ਬਜਟ ਸਭ ਤੋਂ ਖ਼ਰਾਬ, ਖੋਖਲਾ ਅਤੇ ਦ੍ਰਿਸ਼ਟੀਹੀਣ: ਦੀਵਾਨ



ਲੁਧਿਆਣਾ, 8 ਮਾਰਚ (ਰਵਿੰਦਰ ਸਿੰਘ ਨਿੱਝਰ): ਜ਼ਿਲ੍ਹਾ ਕਾਂਗਰਸ ਕਮੇਟੀ ਲੁਧਿਆਣਾ ਸ਼ਹਿਰੀ ਦੇ ਸਾਬਕਾ ਪ੍ਰਧਾਨ ਅਤੇ ਪੰਜਾਬ ਲਾਰਜ ਇੰਡਸਟਰੀਅਲ ਡਿਵੈਲਪਮੈਂਟ ਬੋਰਡ ਦੇ ਸਾਬਕਾ ਚੇਅਰਮੈਨ ਪਵਨ ਦੀਵਾਨ ਨੇ ਵਿੱਤ ਮੰਤਰੀ ਹਰਪਾਲ ਚੀਮਾ ਵੱਲੋਂ ਪੇਸ਼ ਕੀਤੇ ਗਏ ਬਜਟ ਨੂੰ ਸੂਬੇ ਦੇ ਇਤਿਹਾਸ ਦੇ ਸਭ ਤੋਂ ਖਰਾਬ ਬਜਟਾਂ ਵਿੱਚੋਂ ਇੱਕ ਕਰਾਰ ਦਿੱਤਾ ਹੈ। ਉਹਨਾਂ ਕਿਹਾ ਕਿ ਇਹ ਪੰਜਾਬ ਦੇ ਲੋਕਾਂ ਨੂੰ ਧੋਖਾ ਦੇਣ ਲਈ ਝੂਠਾਂ ਦਾ ਇੱਕ ਪੁਲੰਦਾ ਹੈ। ਉਨ੍ਹਾਂ ਨੇ ਸੂਬੇ 'ਤੇ ਵੱਧ ਰਹੇ ਕਰਜ਼ੇ ਦਾ ਜ਼ਿਕਰ ਕਰਦਿਆਂ, ਆਪ ਸਰਕਾਰ 'ਤੇ ਬਿਨਾਂ ਸੋਚੇ-ਸਮਝੇ ਅਤੇ ਬਿਨਾਂ ਵਿਜ਼ਨ ਵਾਲੀਆਂ ਨੀਤੀਆਂ ਅਪਨਾਉਣ ਦਾ ਦੋਸ਼ ਲਗਾਇਆ । ਉਨ੍ਹਾਂ ਦੋਸ਼ ਲਗਾਇਆ ਕਿ ਸਰਕਾਰ ਦੇ ਵਿੱਤੀ ਮਾੜੇ ਪ੍ਰਬੰਧਾਂ ਦਾ ਅਖੀਰਕਾਰ ਭਾਰ ਆਮ ਲੋਕਾਂ 'ਤੇ ਪਵੇਗਾ ਅਤੇ ਪੰਜਾਬ ਦੀ ਅਰਥ ਵਿਵਸਥਾ ਨੂੰ ਹੋਇਆ ਨੁਕਸਾਨ ਪੂਰਾ ਕਰਨ ਵਿੱਚ ਸਾਲ ਲੱਗ ਜਾਣਗੇ।ਉਨ੍ਹਾਂ ਨੇ ਬਜਟ ਨੂੰ ਪੂਰੀ ਤਰ੍ਹਾਂ ਖੋਖਲਾ ਅਤੇ ਬੇਰੰਗ ਕਰਾਰ ਦਿੰਦਿਆਂ, ਕਿਹਾ ਕਿ ਕਿਸਾਨ ਪ੍ਰਧਾਨ ਸੂਬੇ ਵਿੱਚ ਕਿਸਾਨਾਂ ਲਈ ਕੋਈ ਢੁੱਕਵੇਂ ਕਦਮ ਨਹੀਂ ਐਲਾਨੇ ਗਏ ਅਤੇ ਉਦਯੋਗਿਕ ਖੇਤਰ ਲਈ ਵੀ ਕੋਈ ਵੱਡੀ ਰਾਹਤ ਨਹੀਂ ਦਿੱਤੀ ਗਈ। 18 ਸਾਲ ਤੋਂ ਉੱਪਰ ਦੀਆਂ ਆਮ ਵਰਗ ਦੀਆਂ ਮਹਿਲਾਵਾਂ ਨੂੰ 1,000 ਰੁਪਏ ਅਤੇ ਐੱਸਸੀ ਵਰਗ ਦੀਆਂ ਮਹਿਲਾਵਾਂ ਨੂੰ 1,500 ਰੁਪਏ ਮਹੀਨਾ ਦੇਣ ਦੇ ਐਲਾਨ 'ਤੇ ਉਹਨਾਂ ਕਿਹਾ ਕਿ ਇਹ ਸਭ ਚੋਣ ਸਟੰਟ ਹੈ। ਉਹਨਾਂ ਮੰਗ ਕੀਤੀ ਕਿ ਸਰਕਾਰ ਆਪਣੇ ਸਮੇਂ ਦੌਰਾਨ ਪੇਸ਼ ਕੀਤੇ ਸਾਰੇ ਬਜਟਾਂ ਤੇ ਵਾਈਟ ਪੇਪਰ ਜਾਰੀ ਕਰੇ। ਉਹਨਾਂ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਭਾਰੀ ਬਹੁਮਤ ਨਾਲ ਜਿੱਤ ਕੇ ਪੰਜਾਬ ਦੀ ਸ਼ਾਨ ਅਤੇ ਖੁਸ਼ਹਾਲੀ ਮੁੜ ਬਹਾਲ ਕਰਨ ਲਈ ਪੂਰੀ ਤਰ੍ਹਾਂ ਤਿਆਰ ਹੈ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਐਸੀ ਸਰਕਾਰ ਦੀ ਲੋੜ ਹੈ ਜੋ ਵਾਅਦੇ ਪੂਰੇ ਕਰੇ, ਸਰੋਤਾਂ ਦਾ ਜ਼ਿੰਮੇਵਾਰੀ ਨਾਲ ਪ੍ਰਬੰਧ ਕਰੇ ਅਤੇ ਲੋਕਾਂ ਦੀ ਭਲਾਈ ਲਈ ਕੰਮ ਕਰੇ, ਨਾ ਕਿ ਸਿਰਫ਼ ਲੋਕਲੁਭਾਵਣੇ ਹਥਕੰਡਿਆਂ ਵਿੱਚ ਲੱਗੀ ਰਹੇ।

## ਮੁੱਖ ਮੰਤਰੀ ਦੀ ਅਗਵਾਈ ਹੇਠ ਮਹਿਲਾਵਾਂ ਲਈ ਇਤਿਹਾਸਕ ਤੋਹਫ਼ਾ : ਮੱਕੜ



ਲੁਧਿਆਣਾ, 8 ਮਾਰਚ (ਵਿਸ਼ਾਲ ਸ਼ਰਮਾ) : ਪੰਜਾਬ ਮੀਡਿਅਮ ਇੰਡਸਟਰੀਅਲ ਡਿਵੈਲਪਮੈਂਟ ਬੋਰਡ ਦੇ ਵਾਈਸ ਚੇਅਰਮੈਨ ਅਤੇ ਲੋਕ ਸਭਾ ਹਲਕਾ ਇੰਚਾਰਜ ਸ਼ਰਨਪਾਲ ਸਿੰਘ ਮੱਕੜ ਨੇ ਪੰਜਾਬ ਬਜਟ ਨੂੰ ਲੋਕ-ਹਿਤੈਸ਼ੀ, ਦੂਰਦਰਸ਼ੀ ਅਤੇ ਵਿਕਾਸ-ਕੇਂਦਰਿਤ ਕਰਾਰ ਦਿੰਦਿਆਂ ਮੁੱਖ ਮੰਤਰੀ ਭਗਵੰਤ ਮਾਨ ਅਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੂੰ ਪ੍ਰਗਤੀਸ਼ੀਲ ਅਤੇ ਲੋਕ-ਭਲਾਈ ਕੇਂਦਰਿਤ ਬਜਟ ਪੇਸ਼ ਕਰਨ ਲਈ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਸਰਕਾਰ ਨੇ ਮੁੱਖ ਮੰਤਰੀ ਮਾਵਾਂ-ਧੀਆਂ ਸਤਕਾਰ ਯੋਜਨਾ ਦਾ ਵਾਅਦਾ ਪੂਰਾ ਕਰਦਿਆਂ ਪੰਜਾਬ ਦੀਆਂ ਮਹਿਲਾਵਾਂ ਲਈ ਇਕ ਇਤਿਹਾਸਕ ਪਹਿਲ ਦਾ ਐਲਾਨ ਕੀਤਾ ਹੈ। ਇਸ ਐਲਾਨ ਅਨੁਸਾਰ ਪੰਜਾਬ ਦੀਆਂ 18 ਸਾਲ ਤੋਂ ਉੱਪਰ ਸਾਰੀਆਂ ਮਹਿਲਾਵਾਂ ਨੂੰ ਹਰ ਮਹੀਨੇ 1000 ਦਿੱਤੇ ਜਾਣਗੇ, ਜਦਕਿ ਐੱਸ.ਸੀ. ਵਰਗ ਨਾਲ ਸਬੰਧਿਤ ਮਹਿਲਾਵਾਂ ਨੂੰ 1500 ਪ੍ਰਤੀ ਮਹੀਨਾ ਪ੍ਰਦਾਨ ਕੀਤੇ ਜਾਣਗੇ। ਇਸ ਪਹਿਲ ਨਾਲ ਸੂਬੇ ਭਰ ਵਿੱਚ ਮਹਿਲਾਵਾਂ ਦੀ ਆਰਥਿਕ ਖੁਦਮੁਖਤਿਆਰੀ, ਸਨਮਾਨ ਅਤੇ ਸਸ਼ਕਤੀਕਰਨ ਨੂੰ ਵੱਡੀ ਮਜ਼ਬੂਤੀ ਮਿਲੇਗੀ।

ਮੱਕੜ ਨੇ ਇਸ ਇਤਿਹਾਸਕ ਲੋਕ-ਭਲਾਈ ਫ਼ੈਸਲੇ ਲਈ ਪੰਜਾਬ ਦੀਆਂ ਸਾਰੀਆਂ ਮਹਿਲਾਵਾਂ ਨੂੰ ਦਿਲੋਂ ਵਧਾਈ ਦਿੱਤੀ। ਉਨ੍ਹਾਂ ਅੱਗੇ ਕਿਹਾ ਕਿ ਇਹ ਬਜਟ ਸਿੱਖਿਆ, ਸਿਹਤ, ਉਦਯੋਗ ਅਤੇ ਰੋਜ਼ਗਾਰ ਨੂੰ ਮਜ਼ਬੂਤ ਕਰਨ ਉੱਤੇ ਖ਼ਾਸ ਜ਼ੋਰ ਦਿੰਦਾ ਹੈ ਅਤੇ ਪੰਜਾਬ ਨੂੰ ਸਮਾਵੇਸ਼ੀ ਵਿਕਾਸ, ਸਮਾਜਿਕ ਨਿਆਂ ਅਤੇ ਖੁਸ਼ਹਾਲੀ ਦੇ ਨਵੇਂ ਦੌਰ ਵੱਲ ਲੈ ਜਾਣ ਦਾ ਰਾਹ ਤਿਆਰ ਕਰਦਾ ਹੈ।

## ਬੱਚਿਆਂ ਦੇ ਮਾਨਸਿਕ ਵਿਕਾਸ ਮੌਕੇ ਉਨ੍ਹਾਂ ਨੂੰ ਨਸ਼ਿਆਂ ਦੇ ਨੁਕਸਾਨਾਂ ਬਾਰੇ ਜਾਣੂੰ ਕਰਾਉਣਾ ਬਹੁਤ ਜ਼ਰੂਰੀ :ਡਾ ਇੰਦਰਜੀਤ




ਲੁਧਿਆਣਾ, 8 ਮਾਰਚ (ਰਵਿੰਦਰ ਸਿੰਘ ਨਿੱਝਰ): ਡਾ. ਦਵਾਰਕਾ ਨਾਥ ਕੋਟਨੀਸ ਹੈਲਥ ਐਂਡ ਐਜੂਕੇਸ਼ਨ ਸੈਂਟਰ, ਸਲੇਮ ਟਾਬਰੀ ਵੱਲੋਂ ਚਲਾਈ ਜਾ ਰਹੀ ਸੀਪੀਐਲਆਈ ਅਤੇ ਓਡੀਆਈਸੀ ਯੋਜਨਾ (ਵਿੱਤ ਪੋਸ਼ਿਤ: ਸਮਾਜਿਕ ਨਿਆਂ ਅਤੇ ਅਧਿਕਾਰਤਾ ਮੰਤਰਾਲਾ, ਭਾਰਤ ਸਰਕਾਰ) ਦੇ ਅਧੀਨ ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ 'ਤੇ ਇੱਕ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਇਸ ਵਿੱਚ ਨੀਤੂ ਸਿੰਗਲਾ (ਜ਼ਿਲ੍ਹਾ ਮਨੋਚਿਕਿਤਸਕ ਸਮਾਜਿਕ ਅਧਿਕਾਰੀ), ਪਰਮਜੀਤ ਕੌਰ (ਪ੍ਰਬੰਧ ਅਧਿਕਾਰੀ, ਐਮ.ਈ.ਐਸ.), ਲਕਸ਼ਮੀ ਰਾਣੀ (ਪ੍ਰੋਗਰਾਮ ਅਧਿਕਾਰੀ) ਅਤੇ ਮਨੀਸ਼ ਕੌਰ (ਓਡੀਆਈਸੀ ਇੰਚਾਰਜ) ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਸਾਰੇ ਮਹਿਮਾਨਾਂ ਨੂੰ ਵਿਸ਼ੇਸ਼ ਤੌਰ 'ਤੇ ਟ੍ਰਾਫੀ ਦੇ ਕੇ ਸਨਮਾਨਿਤ ਕੀਤਾ ਗਿਆ। ਮਹਿਮਾਨਾਂ ਨੇ ਔਰਤਾਂ ਨੂੰ ਵੱਖ-ਵੱਖ ਕਿਸਮ ਦੀਆਂ ਮਾਨਸਿਕ ਬਿਮਾਰੀਆਂ ਬਾਰੇ ਜਾਗਰੂਕ ਕੀਤਾ । ਔਰਤਾਂ ਵੱਲੋਂ ਵੱਖ-ਵੱਖ ਕਿਸਮ ਦੇ ਲੋਕ ਨਾਚ ਵੀ ਪੇਸ਼ ਕੀਤੇ ਗਏ। ਇਸ ਮੌਕੇ ਸੰਸਥਾ ਦੇ ਨਿਰਦੇਸ਼ਕ ਡਾ. ਇੰਦਰਜੀਤ ਸਿੰਘ ਨੇ ਕਿਹਾ ਕਿ ਨਸ਼ੇ ਦੇ ਵਧ ਰਹੇ ਰੁਝਾਨ ਨੂੰ ਰੋਕਣ ਲਈ ਬੱਚਿਆਂ ਦੇ ਮਾਨਸਿਕ ਵਿਕਾਸ ਦੇ ਸਮੇਂ ਉਨ੍ਹਾਂ ਨੂੰ ਇਸ ਦੇ ਨੁਕਸਾਨਾਂ ਬਾਰੇ ਜਾਗਰੂਕ ਕਰਨਾ ਬਹੁਤ ਜ਼ਰੂਰੀ ਹੈ ਅਤੇ ਮਾਤਾ-ਪਿਤਾ ਨੂੰ ਬੱਚਿਆਂ ਨਾਲ ਵੱਧ ਤੋਂ ਵੱਧ ਸਮਾਂ ਬਿਤਾ ਕੇ ਉਨ੍ਹਾਂ ਨੂੰ ਸਹੀ ਮਾਰਗਦਰਸ਼ਨ ਦੇਣਾ ਚਾਹੀਦਾ ਹੈ। ਉਨ੍ਹਾਂ ਨੇ ਇਹ ਵੀ ਕਿਹਾ ਕਿ ਸਮਾਜ ਦੇ ਕੁਝ ਵਰਗਾਂ ਵੱਲੋਂ ਨੌਜਵਾਨਾਂ ਨਾਲ ਅਪਰਾਧੀਆਂ ਵਾਂਗ ਵਰਤਾਅ ਕਰਨਾ ਠੀਕ ਨਹੀਂ ਹੈ। ਉਨ੍ਹਾਂ ਨੂੰ ਮੁੱਖ ਧਾਰਾ ਵਿੱਚ ਲਿਆਉਣ ਵਿੱਚ ਅਧਿਆਪਕਾਂ, ਸਮਾਜ ਅਤੇ ਮਾਤਾ-ਪਿਤਾ ਦੀ ਭੂਮਿਕਾ ਬਹੁਤ ਮਹੱਤਵਪੂਰਨ ਹੈ। ਸਮਾਗਮ ਦੌਰਾਨ ਵੱਖ ਵੱਖ ਖੇਤਰਾਂ ਵਿੱਚ ਵਧੀਆ ਕਾਰਜ ਗੁਜ਼ਾਰੀ ਦਿਖਾਉਣ ਵਾਲੀਆਂ 25 ਤੋਂ ਵੱਧ ਔਰਤਾਂ ਨੂੰ ਮੈਡਲ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਗਗਨਦੀਪ ਕੁਮਾਰ, ਡਾ. ਰਘੁਵੀਰ ਸਿੰਘ, ਡਾ. ਬਲਜਿੰਦਰ ਸਿੰਘ ਢਿੱਲੋਂ, ਮਹੇਸ਼, ਉਪੇਂਦਰ ਸਿੰਘ, ਮਨਪ੍ਰੀਤ, ਸਿੰਘ ਰਿਤੂ, ਮੀਨੂ, ਸੋਨੀਆ, ਪ੍ਰਵੇਸ਼, ਰਵਦੀਪ ਕੌਰ, ਤਰਸੇਮ ਲਾਲ ਅਤੇ ਅਸ਼ਵਨੀ ਵਰਮਾ ਆਦਿ ਨੇ ਸਹਿਯੋਗ ਦਿੱਤਾ।

## ਬਜਟ ਵਿੱਚ ਸਿਹਤ ਲਈ ਰੱਖਿਆ ਗਿਆ ਫ਼ੰਡ ਬਹੁਤ ਘੱਟ: ਮਿੱਤਰਾ



ਲੁਧਿਆਣਾ, 8 ਮਾਰਚ (ਰਵਿੰਦਰ ਸਿੰਘ ਨਿੱਝਰ): ਇੰਡੀਅਨ ਡਾਕਟਰਜ਼ ਫਾਰ ਪੀਸ ਐਂਡ ਡਿਵੈਲਪਮੈਂਟ (ਆਈਡੀਪੀਡੀ) ਦੇ ਪ੍ਰਧਾਨ ਡਾ. ਅਰੁਣ ਮਿਤਰਾ ਅਤੇ ਸੈਂਟਰਲ ਕੌਂਸਲ ਦੇ ਮੈਂਬਰ ਡਾ. ਇੰਦਰਵੀਰ ਸਿੰਘ ਗਿੱਲ ਨੇ ਪੰਜਾਬ ਸਰਕਾਰ ਦੀਆਂ ਤਰਜੀਹਾਂ 'ਤੇ ਸਵਾਲ ਖੜ੍ਹੇ ਕਰਦੇ ਹੋਏ ਕਿਹਾ ਕਿ ਕੁੱਲ ?2,60,437 ਕਰੋੜ ਦੇ ਬਜਟ ਵਿੱਚੋਂ ਸਿਹਤ ਲਈ ਕੇਵਲ ?6,879 ਕਰੋੜ ਹੀ ਰੱਖੇ ਗਏ ਹਨ। ਇਹ ਕੁੱਲ ਬਜਟ ਦਾ ਸਿਰਫ਼ 2.6 ਫੀਸਦੀ ਬਣਦਾ ਹੈ। ਰਾਜ ਦੀਆਂ ਸਿਹਤ ਸੰਬੰਧੀ ਲੋੜਾਂ ਨੂੰ ਪੂਰਾ ਕਰਨ ਲਈ ਕੁੱਲ ਬਜਟ ਦਾ ਘੱਟੋ-ਘੱਟ 6 ਫੀਸਦੀ ਸਿਹਤ ਖੇਤਰ ਲਈ ਰੱਖਿਆ ਜਾਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਇਹ ਰਕਮ ਪੰਜਾਬ ਦੀਆਂ ਸਿਹਤ ਲੋੜਾਂ ਨੂੰ ਪੂਰਾ ਨਹੀਂ ਕਰ ਸਕਦੀ। ਸਰਕਾਰ ਦਾ ਰੁਖ ਰਾਜ ਦੇ ਖਜ਼ਾਨੇ ਨੂੰ ਬੀਮਾ ਕੰਪਨੀਆਂ ਦੇ ਹਵਾਲੇ ਕਰਨ ਵਾਂਗ ਲੱਗਦਾ ਹੈ। 10 ਲੱਖ ਦੀ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਬਾਰੇ ਵੀ ਪੂਰੀ ਸਪੱਸ਼ਟਤਾ ਨਹੀਂ ਹੈ।ਉਨ੍ਹਾਂ ਕਿਹਾ ਕਿ ਸਿਹਤ ਸੇਵਾਵਾਂ 'ਤੇ ਆਪਣੀ ਜੇਬ ਤੋਂ ਖਰਚ (ਆਊਟ-ਆਫ-ਪਾਕੇਟ ਖਰਚ) ਦੇ ਮਾਮਲੇ ਵਿੱਚ ਪੰਜਾਬ ਦੇਸ਼ ਦੇ ਸਭ ਤੋਂ ਉੱਚੇ ਰਾਜਾਂ ਵਿੱਚੋਂ ਇੱਕ ਹੈ ਅਤੇ ਲੋਕਾਂ ਨੂੰ ਇਲਾਜ ਲਈ ਆਪਣੀ ਜੇਬ ਵਿੱਚੋਂ ਵੱਡਾ ਖਰਚ ਕਰਨਾ ਪੈਂਦਾ ਹੈ।ਉਨ੍ਹਾਂ ਇਹ ਵੀ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹਾਲ ਹੀ ਵਿੱਚ ਨਿੱਜੀ ਖੇਤਰ ਅਤੇ ਪੀ.ਪੀ.ਪੀ. ਮਾਡਲ ਹੇਠ ਮੈਡੀਕਲ ਕਾਲਜ ਖੋਲ੍ਹਣ ਦੀ ਕੀਤੀ ਗਈ ਘੋਸ਼ਣਾ ਨਾਲ ਘੱਟ ਆਮਦਨ ਵਾਲੇ ਵਰਗਾਂ ਦੇ ਵਿਦਿਆਰਥੀਆਂ ਲਈ ਮੈਡੀਕਲ ਸਿੱਖਿਆ ਹਾਸਲ ਕਰਨਾ ਗੰਭੀਰ ਤੌਰ 'ਤੇ ਪ੍ਰਭਾਵਿਤ ਹੋਵੇਗਾ।

## ਯੂਨੀਵਰਸਲ ਪ੍ਰੈੱਸ ਕਲੱਬ (ਰਜਿ.) ਨੇ ਅੰਤਰਰਾਸ਼ਟਰੀ ਮਹਿਲਾ ਦਿਵਸ ਧੂਮ ਧਾਮ ਨਾਲ ਮਨਾਇਆ



ਲੁਧਿਆਣਾ, 8 ਮਾਰਚ (ਵਿਸ਼ਾਲ ਸ਼ਰਮਾ) : ਯੂਨੀਵਰਸਲ ਪ੍ਰੈੱਸ ਕਲੱਬ ਵੱਲੋਂ ਅੰਤਰਰਾਸ਼ਟਰੀ ਮਹਿਲਾ ਦਿਵਸ ਬੜੇ ਹੀ ਧੂਮ ਧਾਮ ਨਾਲ ਮਨਾਇਆ ਗਿਆ। ਪ੍ਰੈੱਸ ਕਲੱਬ ਵੱਲੋਂ 15 ਮਹਿਲਾ ਪੱਤਰਕਾਰਾਂ ਨੂੰ ਸਨਮਾਨਿਤ ਕੀਤਾ ਗਿਆ ਲੁਧਿਆਣਾ ਦੇ ਰਾਖਵਾਗ ਵਿਖੇ ਰੱਖੇ ਗਏ ਇਸ ਸਮਾਗਮ ਵਿੱਚ ਭਾਰੀ ਤਾਦਾਦ 'ਚ ਪੱਤਰਕਾਰਾਂ ਦੀ ਸ਼ਮੂਲੀਅਤ ਨੇ ਇਸ ਸਮਾਗਮ ਨੂੰ ਚਾਰ ਚੰਦ ਲਾ ਦਿੱਤੇ ਸਮਾਗਮ ਦੌਰਾਨ ਗਾਇਕਾਂ ਨੇ ਦੇਸ਼ ਭਗਤੀ ਦੇ ਗੀਤਾਂ ਦੇ ਨਾਲ ਪੱਤਰਕਾਰਾਂ ਦੇ ਨਾਲ-ਨਾਲ ਆਏ ਹੋਏ ਬਹੁਤ ਸਾਰੇ ਲੋਕਾਂ ਦਾ ਵੀ ਸਮਾਂ ਬੰਨ੍ਹ ਦਿੱਤਾ। ਪੱਤਰਕਾਰ ਮਹਿਲਾਵਾਂ ਮਿਲੇ ਹੋਏ ਸਨਮਾਨ ਨੂੰ ਲੈ ਕੇ ਕਾਫੀ ਉਤਸ਼ਾਹਿਤ ਸਨ। ਇਸ ਦੇ ਨਾਲ ਹੀ ਯੂਨੀਵਰਸਲ ਪ੍ਰੈੱਸ ਕਲੱਬ ਵੱਲੋਂ ਰੰਗਾਂ ਦੇ ਤਿਉਹਾਰ ਹੋਲੀ ਫੁੱਲਾਂ ਨਾਲ ਖੇਲ ਕੇ ਮਨਾਈ ਗਈ। ਇਸ ਮੌਕੇ ਯੂਨੀਵਰਸਲ ਪ੍ਰੈੱਸ ਕਲੱਬ (ਰਜਿ.) ਦੇ ਚੇਅਰਮੈਨ ਡੀਪੀ ਖੋਸਲਾ ਨੇ ਆਏ ਹੋਏ ਪੱਤਰਕਾਰਾਂ ਨਾਲ ਗੱਲ ਕਰਦਿਆਂ ਹੋਇਆਂ ਮਹਿਲਾ ਸ਼ਕਤੀ ਉੱਪਰ ਆਪਣੇ ਵਿਚਾਰ ਸਾਂਝਿਆ ਕਰਦਿਆਂ ਦੱਸਿਆ ਕਿ ਦੇਸ਼ ਦੇ ਪ੍ਰਧਾਨ ਮੰਤਰੀ, ਰਾਸ਼ਟਰਪਤੀ, ਸਪੀਕਰ ਵਰਗੇ ਉੱਚ ਓਹਦੀਆਂ ਤੇ ਦੇਸ਼ ਦੀਆਂ ਮਹਿਲਾਵਾਂ ਨੇ ਆਪਣਾ ਯੋਗਦਾਨ ਪਾ ਕੇ ਨਾਰੀ ਸ਼ਕਤੀ ਵਿੱਚ ਕਾਫੀ ਵਾਧਾ ਕੀਤਾ ਹੈ। ਇਸ ਮੌਕੇ ਪ੍ਰੈਸ ਕਲੱਬ ਦੇ ਪ੍ਰਧਾਨ ਸੰਦੀਪ ਸ਼ਰਮਾ, ਜਨਰਲ ਸਕੱਤਰ ਗੁਰਦਾਸ ਕੈੜਾ, ਮੈਡਮ ਸੰਦੀਪ ਸ਼ਰਮਾ, ਕਾਨੂੰਨੀ ਸਲਾਹਕਾਰ ਐਡਵੋਕੇਟ ਯੋਗੇਸ਼ ਖੰਨਾ, ਖਜਾਨਚੀ ਸਚਿਨ ਬਹਿਲ, ਜੋਇੰਟ ਸੈਕਟਰੀ ਵਿਸ਼ਾਲ ਸ਼ਰਮਾ, ਰਜਿੰਦਰ ਧਵਨ, ਰਾਜ ਕੁਮਾਰ, ਰਾਜੀਵ ਬੋਬੀ, ਕੁਲਦੀਪ ਕੌਰ, ਦਰਸ਼ਨ ਸਿੰਘ, ਰਜੇਸ਼ ਕੁਮਾਰ, ਬਲਜੀਤ ਸਿੰਘ, ਨਰੇਸ਼ ਹੰਸ, ਮਨੋਜ ਕੁਮਾਰ,ਸ਼ੰਕਰ ਚੌਧਰੀ, ਬਲਜੀਤ ਸਿੰਘ ਲਾਟੀ, ਸੁਖਦੇਵ ਸਿੰਘ, ਬਲਵਿੰਦਰ ਕੁਮਾਰ, ਸਤਨਾਮ ਸਿੰਘ, ਸੁਰਿੰਦਰ ਸਿੰਘ, ਗੁਰਦੀਪ ਸਿੰਘ, ਕਰਨੈਲ ਸਿੰਘ ਐਮ.ਏ, ਰਕੇਸ਼ ਕੁਮਾਰ, ਰਵਿੰਦਰ ਕੁਮਾਰ, ਮੋਨਿਕਾ, ਅਮਰੀਕ ਸਿੰਘ, ਕੁਲਵਿੰਦਰ ਸਿੰਘ ਸਲੀਮ ਟਾਗਰੀ, ਵਿਜੇ ਧਵਨ, ਸੌਰਵ ਸ਼ਰਮਾ, ਯਸ਼ਪਾਲ, ਗੀਤਾ ਸਕਸੇਨਾ ਆਦਿ ਮੌਜੂਦ ਸਨ।

## ਸੰਡ ਭਾਈਚਾਰੇ, ਮੁਦਗਲ ਗੋਤਰ ਦਾ ਮੇਲਾ ਅਤੇ ਭੰਡਾਰਾ 12 ਮਾਰਚ ਨੂੰ ਸੁਨਾਮ ਵਿਖੇ

ਲੁਧਿਆਣਾ, 8 ਮਾਰਚ (ਵਿਸ਼ਾਲ ਸ਼ਰਮਾ) : 12 ਮਾਰਚ ਨੂੰ ਪੰਜਾਬ ਦੇ ਸੁਨਾਮ ਵਿੱਚ ਸੰਡ ਭਾਈਚਾਰੇ, ਮੁਦਗਲ ਗੋਤਰ ਦੁਆਰਾ ਇੱਕ ਵਿਸ਼ਾਲ ਮੇਲਾ ਅਤੇ ਭੰਡਾਰੇ ਦਾ ਆਯੋਜਨ ਕੀਤਾ ਜਾਵੇਗਾ। ਇਸ ਧਾਰਮਿਕ ਪ੍ਰੋਗਰਾਮ ਵਿੱਚ ਦੂਰ-ਦੂਰ ਤੋਂ ਆਉਣ ਵਾਲੇ ਸ਼ਰਧਾਲੂ ਵੱਡੀ ਗਿਣਤੀ ਵਿੱਚ ਹਿੱਸਾ ਲੈਣਗੇ। ਪ੍ਰਬੰਧਕਾਂ ਨੇ ਦੱਸਿਆ ਕਿ ਇਹ ਸਮਾਗਮ ਹਰ ਸਾਲ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾਂਦਾ ਹੈ, ਜਿਸ ਵਿੱਚ ਸਮਾਜ ਦੇ ਲੋਕ ਧਾਰਮਿਕ ਪਰੰਪਰਾਵਾਂ ਦੀ ਪਾਲਣਾ ਕਰਨ ਲਈ ਇਕੱਠੇ ਹੁੰਦੇ ਹਨ ਅਤੇ ਆਪਸੀ ਭਾਈਚਾਰੇ ਦਾ ਸੰਦੇਸ਼ ਦਿੰਦੇ ਹਨ। ਮੇਲੇ ਦੌਰਾਨ, ਸਵੇਰੇ ਪੂਜਾ ਅਤੇ ਹਵਨ ਯੱਗ ਕੀਤਾ ਜਾਵੇਗਾ, ਜਿਸ ਤੋਂ ਬਾਅਦ ਭੰਡਾਰਾ ਆਯੋਜਿਤ ਕੀਤਾ ਜਾਵੇਗਾ। ਭੰਡਾਰੇ ਵਿੱਚ ਸਾਰੇ ਸ਼ਰਧਾਲੂਆਂ ਅਤੇ ਸੈਲਾਨੀਆਂ ਲਈ ਭੋਜਨ ਦਾ ਪ੍ਰਬੰਧ ਕੀਤਾ ਜਾਵੇਗਾ। ਪ੍ਰੋਗਰਾਮ ਵਿੱਚ ਭਜਨ-ਕੀਰਤਨ ਦਾ ਵੀ ਆਯੋਜਨ ਕੀਤਾ ਜਾਵੇਗਾ, ਜੋ ਪੂਰਾ ਮਾਹੌਲ ਭਗਤੀ ਭਰਿਆ ਬਣਾ ਦੇਵੇਗਾ। ਪ੍ਰਬੰਧਕ ਕਮੇਟੀ ਦੇ ਮੈਂਬਰਾਂ ਨੇ ਦੱਸਿਆ ਕਿ ਪ੍ਰੋਗਰਾਮ ਦੀਆਂ ਤਿਆਰੀਆਂ ਪੂਰੇ ਜ਼ੋਰਾਂ-ਸ਼ੋਰਾਂ ਨਾਲ ਚੱਲ ਰਹੀਆਂ ਹਨ। ਮੇਲੇ ਨੂੰ ਸਫਲ ਬਣਾਉਣ ਲਈ ਸਮਾਜ ਦੇ ਲੋਕ ਸਰਗਰਮੀ ਨਾਲ ਸਹਿਯੋਗ ਕਰ ਰਹੇ ਹਨ। ਉਨ੍ਹਾਂ ਸਾਰੇ ਸੰਡਭਾਈਚਾਰੇ ਨੂੰ ਅਪੀਲ ਕੀਤੀ ਹੈ ਕਿ ਉਹ ਵੱਡੀ ਗਿਣਤੀ ਵਿੱਚ ਪਹੁੰਚ ਕੇ ਇਸ ਧਾਰਮਿਕ ਸਮਾਗਮ ਦਾ ਹਿੱਸਾ ਬਣਨ ਅਤੇ ਭੰਡਾਰੇ ਦਾ ਪ੍ਰਸ਼ਾਦ ਪ੍ਰਵਾਨ ਕਰਨ। ਇਸ ਸਮਾਗਮ ਦਾ ਉਦੇਸ਼ ਸਮਾਜ ਵਿੱਚ ਏਕਤਾ, ਭਾਈਚਾਰਾ ਅਤੇ ਧਾਰਮਿਕ ਵਿਸ਼ਵਾਸ ਨੂੰ ਮਜ਼ਬੂਤ ਕਰਨਾ ਹੈ। ਇਸ ਸਮਾਗਮ ਦਾ ਉਦੇਸ਼ ਸਮਾਜ ਵਿੱਚ ਏਕਤਾ, ਭਾਈਚਾਰਾ ਅਤੇ ਧਾਰਮਿਕ ਵਿਸ਼ਵਾਸ ਨੂੰ ਮਜ਼ਬੂਤ ਕਰਨਾ ਹੈ। ਪ੍ਰਬੰਧਕਾਂ ਨੂੰ ਉਮੀਦ ਹੈ ਕਿ ਇਸ ਸਾਲ ਵੀ ਵੱਡੀ ਗਿਣਤੀ ਵਿੱਚ ਸ਼ਰਧਾਲੂ ਮੇਲੇ ਵਿੱਚ ਪਹੁੰਚਣਗੇ ਅਤੇ ਪ੍ਰੋਗਰਾਮ ਨੂੰ ਸਫਲ ਬਣਾਉਣਗੇ।

## ਸ੍ਰੀ ਨਾਨਕਸਰ ਦਰਬਾਰ ਠਾਠ ਨੇ ਅੱਖਾਂ ਦਾ ਮੁਫ਼ਤ ਜਾਂਚ ਅਤੇ ਆਪ੍ਰੇਸ਼ਨ ਕੈਂਪ ਲਗਾਇਆ



ਲੁਧਿਆਣਾ, 8 ਮਾਰਚ (ਰਵਿੰਦਰ ਸਿੰਘ ਨਿੱਝਰ): ਸ੍ਰੀ ਨਾਨਕਸਰ ਦਰਬਾਰ ਠਾਠ ਡਾਂਗੋਂ ਟਰੱਸਟ ਵੱਲੋਂ ਮੁੱਖ ਸੇਵਾਦਾਰ ਬਾਬਾ ਸਰਬਜੋਤ ਸਿੰਘ ਡਾਂਗੋਂ ਵਾਲਿਆਂ ਦੀ ਅਗਵਾਈ ਹੇਠ ਧੰਨ ਧੰਨ ਬਾਬਾ ਮੀਹਾਂ ਸਿੰਘ ਸਿਆੜ੍ਹ ਸਾਹਿਬ ਵਾਲਿਆਂ ਦੇ ਜਨਮ ਦਿਵਸ ਨੂੰ ਸਮਰਪਿਤ ਅੱਖਾਂ ਦਾ 15 ਵਾਂ ਅਤੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ 726 ਵਾਂ ਮੁਫਤ ਜਾਂਚ ਅਤੇ ਅਪਰੇਸ਼ਨ ਕੈਂਪ ਠਾਠ ਡਾਂਗੋਂ ਵਿਖੇ ਲਗਵਾਇਆ ਗਿਆ। ਕੈਂਪ ਦਾ ਰਸਮੀ ਉਦਘਾਟਨ ਹੀਰਾ ਸਿੰਘ ਗਾਬੜੀਆ, ਪ੍ਰਭਦੀਪ ਸਿੰਘ ਨੱਥੋਵਾਲ, ਇਕਬਾਲ ਸਿੰਘ ਗਿੱਲ, ਜਸਵੰਤ ਸਿੰਘ ਛਾਪਾ, ਬਲਵਿੰਦਰ ਸਿੰਘ ਸੰਧੂ ਰਾਏਕੋਟ ਅਤੇ ਹਰਚੰਦ ਸਿੰਘ ਡੱਲਾ ਨੇ ਰੀਬਨ ਕੱਟ ਕੇ ਕੀਤਾ। ਕੈਂਪ ਵਿੱਚ ਅੰਬਾਲਾ ਆਈ ਹਸਪਤਾਲ ਦੇ ਮਾਹਰ ਡਾਕਟਰ ਬੀ ਐਸ ਸੰਘਾ ਅਤੇ ਉਹਨਾਂ ਦੀ ਟੀਮ ਵੱਲੋਂ ਲੱਗਭੱਗ 215 ਮਰੀਜ਼ਾਂ ਦੀ ਜਾਂਚ ਕਰਦਿਆਂ ਐਨਕਾਂ ਅਤੇ ਦਵਾਈਆਂ ਮੁਫਤ ਦੇਣ ਸਮੇਤ 40 ਮਰੀਜ਼ਾਂ ਨੂੰ ਆਪਰੇਸ਼ਨ ਦੇ ਲਈ ਚੁਣਿਆ ਗਿਆ। ਇਸ ਮੌਕੇ ਹਾਜ਼ਰ ਪਤਵੰਤੇ ਸੱਜਣਾਂ ਨੇ ਆਖਿਆ ਕਿ ਉਸ ਪਰਮਾਤਮਾ ਦੀਆਂ ਦਿੱਤੀਆਂ ਹੋਈਆਂ ਸਰੀਰਕ ਦਾਤਾਂ ਦੇ ਵਿੱਚੋਂ ਅੱਖਾਂ ਦੀ ਦਾਤ ਅਨਮੋਲ ਦਾਤ ਹੈ ਜਿਸ ਦੀ ਸੰਭਾਲ ਲਈ ਬਾਬਾ ਜੀ ਵੱਲੋਂ ਉਪਰਾਲੇ ਕਰਨੇ ਵੱਡੀ ਸੇਵਾ ਹੈ। ਇਸ ਮੌਕੇ ਬਾਬਾ ਡਾਂਗੋ ਨੇ ਆਏ ਹੋਏ ਸਾਰੇ ਪਤਵੰਤਿਆਂ ਦਾ ਮਾਨ ਸਨਮਾਨ ਕਰਦਿਆਂ ਕਿਹਾ ਕਿ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਸਿਹਤ ਕੈਂਪ ਲਗਾਏ ਜਾਂਦੇ ਰਹਿਣਗੇ ਤਾਂ ਜੋ ਲੋਕਾਂ ਨੂੰ ਵੱਧ ਤੋਂ ਵੱਧ ਲਾਭ ਮਿਲ ਸਕੇ।ਇਸ ਮੌਕੇ ਕਮਲਜੀਤ ਢਿੱਲੋਂ, ਸਾਨੀਆ ਸ਼ਰਮਾ , ਜਗਦੀਪ ਕੌਰ, ਦਿਨੇਸ਼ ਰਾਠੌਰ, ਜਗਜੀਤ ਸਿੰਘ ਅਰੋੜਾ, ਦਲਵਿੰਦਰ ਸਿੰਘ ਘੁੰਮਣ, ਕੈਪਟਨ ਕੁਲਵੰਤ ਸਿੰਘ, ਜਸਵਿੰਦਰ ਸਿੰਘ ਸੱਗੂ ਅਤੇ ਕੈਪਟਨ ਹਰਮੇਲ ਸਿੰਘ ਆਦਿ ਹਾਜ਼ਰ ਸਨ।

## ਸਿਰਲੇਖਵਾਰ ਇਸ਼ਤਿਹਾਰ /Classified Advertisement

**In the Court of Sh. Randeep Kumar PCS, Civil Judge (Jr, Divn.), Batala**
CNR No.PBGDA000737/2025
Next Date : 02.04.2026
Regd No. CS/506/2025
PNB
Versus
Bhupinder Singh
Nature: Suit For Recovery
Notice To Defendants: 1. Bhupinder Singh S/O Ajit Singh R/O Village Kotla Bajja Singh, Tehsil Batala, District Gurdaspur.
In The Above Titled Petition The Respondent(S) Could Not Be Served. It Is Ordered That The Respondent(S) Should Appear In Person Or Through Counsel On 02.04.2026 At 10:00 Am.
for details logon to www. highcourtchd. gov. in /?trs= district_ notice& district =gurdaspur
Given under my hand and the seal of the court this 21.01.2026
**Sd/- Civil Judge (Jr. Division), Batala**

---

**(U/o 5 Rule 20 CPC)**
**In the Court of Sh. P.S. Kaleka Additional District and Sessions Judge, Hoshiarpur**
CNR No.PBHO01-003700-2024
Next Date : 01.04.2026
Sham Lal
Versus
Sharda Devi
Notice to: 7.Akshay Kumar S/O Avtar Singh 12. Kavita Devi D/O Jagdish Ram Both Resident Of Village Gaggar, Tehsil Mukerian, Distt. Hoshiarpur
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **01.**04.2026 at 10:00 A.M.
For details logon to https://highcourtchd.gov.in/?trs=district_notice&district=Hoshiarpur
Dated this day of 16-02-2026
**Sd/- Additional District and Sessions Judge, Hoshiarpur**

---

**(U/o 5 Rule 20 CPC)**
**In the Court of Sh. Ramesh Kumar Civil Judge (Junior Division), Tarn Taran**
**Next Date, Purpose of case, Orders and judgments as well as other case information is available on http://districts.ecourts.gov.in**
CNR No.PBTT02-000732-2024
Next Date : 01.04.2026
Harjinder Kaur (Widow)
Versus
Ajaypal Singh
Notice to: 1) Gurbhej Singh S/o Baljit Singh R/o Gali Jagtar Singh Wali, Mohalla Guru ka Khuh, Abadi Mohamadura, Tarn Taran, Tehsil and District Tarn Taran At present at Dubai 2) Sukhchain Singh S/o Ranjit kaur Daughter of Jagtar Singh Wife of Amar Singh, R/o Village Singpura, Near Bikhiwind, Tehsil Patti District Tarn Taran
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **01.**04.2026 at 10:00 A.M.
For details logon to https://highcourtchd.gov.in/?trs=district_notice&district=Tarn Taran
Dated this day of 10-02-2026
**Sd/- Civil Judge (Junior Division), Tarn Taran**

---

**(U/o 5 Rule 20 CPC)**
**In the Court of Mrs. Neetika Verma Additional District and Sessions Judge-2, Mohali**
CNR No.PBSA01-009891-2021
Next Date : 30.03.2026
Aman Goyal
Versus
Shama goyal
Reference Under Section 76 And 77 Of The Right To Fair Compensation And Transparency In Land Acquisition, Rehabilitation And Resettlement Act, 2013
Notice to: Shama Goyal Spouse::- Sandeep Goyal Village Chaomajra, Tehsil And District Sas Nagar, Mohali
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **30.**03.2026 at 10:00 A.M.
For details logon to https://highcourtchd.gov.in/?mod=district_notice&district=mohali
Dated this day of 25-02-2026
**Sd/- Additional District and Sessions Judge-2, Mohali**

---

**In the Court of Ms. Parveen Bali Principal Judge Family Court, Faridkot**
CNR No.PBFD01-002295-2025
Next Date : 01.04.2026
Labhpreet Kaur
Versus
Pargat Singh
Notice to: Pargat Singh :- S/O Sukhdev Singh R/O Village Phallewala, Ps Jodha, Tehsil And District Ludhiana
In above titled case the accused could not be served. It is orderded that accused should appear in person or through counsel on **01.**04.2026 at 10:00 A.M.
For details logon to https://highcourtchd.gov.in/?mod=district_notice&district=mogacourt
Dated this day of 04-02-2026
**Sd/- Principal Judge Family Court, Faridkot**

---

**(U/o 5 Rule 20 CPC)**
**In the Court of Ms. Ramandeep Neetu Additional Civil Judge (Senior Division), Mukerian**
CNR No.PBHOC0-000055-2026
Next Date : 30.03.2026
CS-37-2026
Samshar Devi W/O Pritam Singh R/O Village Asafpur, Tehsil Mukerian, District Hoshiarpur
Versus
General Public
Suit for declaration
Notice to: General Public:- General Public
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **30.**03.2026 at 10:00 A.M.
For details logon to https://highcourtchd.gov.in/?mod=district_notice&district=Hoshiarpur
Dated this day of 06-03-2026
**Sd/- Additional Civil Judge (Senior Division), Mukerian**

---

**In the Court of Sh. Yogesh gill Judicial Magistrate First Class-20, Jalandhar**
CNR No.PBJL03-005133-2024
Next Date : 10.04.2026
NACT/1663/2024
The Lotus Cooperative Thrift And Credit Society Ltd
Versus
Anita Rani
Notice to: Anita Rani Spouse::- Gurmeet Chand R/O P.O Sham Chaurasi, Nurpur, Hoshiarpur, Punjab
In above titled case the accused could not be served. It is orderded that accused should appear in person or through counsel on **10.**04.2026 at 10:00 A.M.
For details logon to https://highcourtchd.gov.in/?mod=district_notice&district=Jalandhar
Dated this day of 02-03-2026
**Sd/- Judicial Magistrate First Class-20, Jalandhar**

---

**(U/o 5 Rule 20 CPC)**
**In the Court of Ms. Priyanka Sondhi Civil Judge Junior Division-3, Phagwara**
CNR No.PBKPA0-000457-2025
Next Date : 27.03.2026
Sarwan Singh Son Of Gainda Ram Son Of Maiya, Resident Of Dalelpur Urf Sarowal, Tehsil Shaheed Bhagat Singh Nagar
Versus
Kiran Alias Asha D/O Mehnga Singh Son Of Chuhar Singh, Resident Of Village Panchhat, Tehsil Phagwara, District Kapurthala And Others Suit For Permanent Injunction\
Notice to Defendant No. 1: 1. Kiran Alias Asha D/O Mehnga Singh Son Of Chuhar Singh, Resident Of Village Panchhat, Tehsil Phagwara, District Kapurthala.
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **27.**03.2026 at 10:00 A.M.
For details logon to https://highcourtchd.gov.in/?mod=district_notice&district=Kapurthala
Dated this day of 26-02-2026
**Sd/- Civil Judge Junior Division-3, Phagwara**

---

**(U/o 5 Rule 20 CPC)**
**In the Court of Sh. Manpreet Sohi Civil Judge (Junior Division), Dasuya**
CNR No.PBHOA0-000374-2025
Next Date : 27.03.2026
Manmohan singh s/o sewa singh s/o ishar singh r/o village miani tehsil dasuya district hoshiarpur died through his Lr i.e. his wife balwinder kaur w/o manmohan singh s/o sewa singh s/o ishar singh r/o village miani tehsil dasuya district hoshiarpur
Applicant/Dh.........
Versus
Gian Kaur W/O Dalip Singh R/O Village Miani Tehsil Dasuya District Hoshiarpur And Others
Respondents/Jds........
Restoration Application
Notice to: 1. Gian Kaur W/O Dalip Singh 2. Shiv Dev S/O Bhulla Singh S/O Khushaal Singh 3. Balwant Singh S/O Khushaal Singh S/O Achhar Singh 4. Gurbinder Singh S/O Rachpal Singh S/O Kartar Singh 5. Raghwinder Singh S/O Joga Singh S/O Khushaal Singh All R/O Village Miani Tehsil Dasuya District Hoshiarpur
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **27.**03.2026 at 10:00 A.M.
For details logon to https://highcourtchd.gov.in/?mod=district_notice&district=Hoshiarpur
Dated this day of 02-03-2025
**Sd/- Civil Judge (Junior Division), Dasuya**

---

**(U/o 5 Rule 20 CPC)**
**(Under Guardian and Ward act)**
**In the Court of Sh. Satish Kumar Sharma Addditional Civil Judge (Senior Division), Abohar**
CNR No.PBFZE0-000228-2026
Next Date : 27.03.2026
Maninder Kaur
Versus
General Public
Notice to: General Public:- Abohar
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **27.**03.2026 at 10:00 A.M.
For details logon to https://highcourtchd.gov.in/?mod=district_notice&district=mogacourt
Dated this day of 06-03-2026
**Sd/- Addditional Civil Judge (Senior Division), Abohar**

---

**(U/o 5 Rule 20 CPC)**
**In the Court of Ms. Riffi Bhatti Civil Judge (Junior Division), Jagraon**
CNR No.PBLDB0-001446-2025
Next Date : 30.03.2026
Gurjit Kaur
Versus
Gurinderdeep Kaur
Notice to: Gurinderdeep Kaur W/O Davinder Singh S/O Swaran Singh R/O Akalgarh, Tehsil Raikot, Distt Ludhiana
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **30.**03.2026 at 10:00 A.M.
For details logon to https://highcourtchd.gov.in/?mod=district_notice&district=ludhianacourt
Dated this day of 02-03-2026
**Sd/- Civil Judge (Junior Division), Jagraon**

---

**(U/o 5 Rule 20 CPC)**
**(Succession Case)**
**In the Court of Sh. Sachin Yadav Addl.Civil Judge (Sr. Divn.), Chandigarh**
CNR No.CHCH02-005114-2025
Next Date : 08.04.2026
Meena
Versus
Bhakra Beas Manangement Board
Notice to: General Public
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **08.**04.2026 at 10:00 A.M.
For details logon to https://highcourtchd.gov.in/?trs=district_notice&district=Chandigarh
Dated this day of 06-03-2026
**Sd/- Addl.Civil Judge (Sr. Divn.), Chandigarh**

---

**(U/o 5 Rule 20 CPC)**
**In the Court of Sh. Sumit Bhalla Additional Principal Judge Family Court, Camp Court Batala**
CNR No.PBGDF2-0000024-2025
Next Date : 27.03.2026
MNT125/28/2025
1. Rajbir Kaur Wife Of Gurjant Singh Daughter Of Ajit Singh 2. Samarjot Kaur Minor Daughter Of Gurjant Singh Minor Applicant No.2 Through Her Mother Rajbir Kaur As Her Next Friend/ Guardian Resident Of Village Bolewal, Tehsil Batala, Dist Gurdaspur
Versus
Gurjant Singh Son Of Sukhwinder Singh Resident Of Village Mehsampur Kalan Tehsilbaba Bakala Sahib, Dist Amritsar
Notice to: Gurjant Singh Son Of Sukhwinder Singh Resident Of Village Mehsampur Kalan Tehsilbaba Bakala Sahib, Dist Amritsar
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **27.**03.2026 at 10:00 A.M.
For details logon to https://highcourtchd.gov.in/?trs=district_notice&district=Gurdaspur
Dated this day of 07-01-2026
**Sd/- Additional Principal Judge Family Court, Camp Court Batala**


### ਜ਼ਰੂਰੀ ਸੂਚਨਾ

ਰੋਜ਼ਾਨਾ ਚੜ੍ਹਦੀਕਲਾ ਵਿਚ ਛੱਪੇ ਲੇਖ, ਲੇਖਕਾਂ ਦੇ ਆਪਣੇ ਵਿਚਾਰ ਹਨ। ਇਸ ਨਾਲ ਸੰਪਾਦਕ ਦਾ ਸਹਿਮਤ ਹੋਣਾ ਕੋਈ ਜ਼ਰੂਰੀ ਨਹੀਂ। ਇਸ਼ਤਿਹਾਰ (ਡਿਸਪਲੇ/ਕਲਾਸੀਫਾਈਡ) ਦੇ ਤੱਥਾਂ ਲਈ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ ਦੇ ਤੱਥਾਂ ਦੀ ਪੁਸ਼ਟੀ ਕਰ ਲੈਣ।

# ਡਾ. ਸਰਬਰਾਜ ਸਿੰਘ ਆਈ. ਏ. ਐੱਸ. ਪ੍ਰੀਖਿਆ 'ਚ ਹੋਈ ਚੋਣ, ਹਾਸਲ ਕੀਤਾ 201ਵਾਂ ਰੈਂਕ

ਟਾਂਡਾ ਉੜਮੁੜ, 8 ਮਾਰਚ (ਅਰਜੁਨ ਜੈਨ)-ਦਸਮੇਸ਼ ਨਗਰ ਟਾਂਡਾ ਵਾਸੀ ਸੇਵਾਮੁਕਤ ਇਸਪੈਕਟਰ ਪੰਜਾਬ ਪੁਲਿਸ ਸ਼ਿਵ



ਸਿੰਘ ਅਤੇ ਲੈਕ. ਬਖਤਾਵਰ ਕੌਰ ਦੇ ਹੋਣਹਾਰ ਪੁੱਤਰ ਡਾ. ਸਰਬਰਾਜ ਸਿੰਘ ਯੂ. ਪੀ. ਐੱਸ. ਸੀ. ਦੀ ਪ੍ਰੀਖਿਆ 'ਚ 201 ਰੈਂਕ ਹਾਸਲ ਕਰ ਕੇ ਆਈ. ਏ. ਐੱਸ. ਲਈ ਚੁਣਿਆ ਗਿਆ ਹੈ। ਇਸ ਤੋਂ ਪਹਿਲਾਂ 2025 ਵਿਚ ਉਸ ਨੇ ਇਸੇ ਪ੍ਰੀਖਿਆ 'ਚ 874 ਰੈਂਕ ਹਾਸਲ ਕਰਨ ਤੇ ਉਸ ਦੀ ਈ. ਆਈ. ਐੱਸ. ਵਿਚ ਚੋਣ ਹੋਈ ਸੀ ਅਤੇ ਉਸ ਨੂੰ ਆਈ. ਆਰ. ਐੱਸ. ਕਸਟਮ ਮਿਲਿਆ ਸੀ।

ਡਾ. ਸਰਵਰਾਜ ਨੇ ਆਈ. ਏ. ਐੱਸ. ਅਫਸਰ ਬਣਨ ਦਾ ਟੀਚਾ ਮਿੱਥਿਆ ਹੋਇਆ ਸੀ ਅਤੇ ਉਸ ਨੇ ਆਪਣੀ ਸਖਤ ਮੇਹਨਤ ਨਾਲ ਉਸ ਨੂੰ ਹਾਸਲ ਕਰ ਲਿਆ ਹੈ, ਜਿਸ ਤੋਂ ਬਾਅਦ ਪਰਵਾਰ ਅਤੇ ਨਗਰ ਵਿਚ ਖ਼ੁਸ਼ੀ ਦੀ ਲਹਿਰ ਹੈ। ਡਾਕ ਸਰਵਰਾਜ ਸਿੰਘ ਦੇ ਤਾਇਆ ਸੁਖਰਾਜ ਸਿੰਘ 1984 ਬੈਚ ਦੇ ਆਈ. ਪੀ. ਐੱਸ. ਅਫਸਰ ਹਨ ਅਤੇ ਉਹ ਮੱਧ ਪ੍ਰਦੇਸ਼ ਤੋਂ ਡੀ. ਜੀ. ਪੀ. ਅਤੇ ਸਟੇਟ ਇਨਫਾਰਮੇਸ਼ਨ ਕਮਿਸ਼ਨਰ ਵਜੋਂ ਸੇਵਾਵਾਂ ਦੇ ਕੇ ਸੇਵਾਮੁਕਤ ਹੋਏ ਹਨ। ਇਸ ਦੌਰਾਨ ਵਾਰਡ ਕੌਂਸਲਰ ਸਤਵੰਤ ਜੱਗੀ, ਐੱਮ. ਸੀ. ਜਸਵਿੰਦਰ ਕਾਕਾ, ਨੰਬਰਦਾਰ ਜਗਜੀਵਨ ਜੱਗੀ ਅਤੇ ਨਗਰ ਕੌਂਸਲ ਦੇ ਪ੍ਰਧਾਨ ਗੁਰਸੇਵਕ ਮਾਰਸ਼ਲ ਤੇ ਅਵਤਾਰ ਸਿੰਘ ਨੇ ਡਾ. ਸਰਬਰਾਜ ਸਿੰਘ ਦੀ ਇਸ ਵੱਡੀ ਪ੍ਰਾਪਤੀ ਲਈ ਪੂਰੇ ਪਰਿਵਾਰ ਨੂੰ ਸ਼ੁੱਭਕਾਮਨਾਵਾਂ ਦਿੰਦੇ ਆਖਿਆ ਕਿ ਸਰਵਰਾਜ ਸਿੰਘ ਨੇ ਦੂਜੇ ਵਿਸ਼ਵ ਯੁੱਧ ਵਿਚ ਬਹਾਦਰੀ ਨਾਲ ਲੜਾਈ ਲੜਦੇ ਹੋਏ ਮੈਡਲ ਹਾਸਲ ਕੀਤੇ ਸਨ ਅਤੇ ਉਸ ਦੇ ਤਾਇਆ ਅਤੇ ਮਾਤਾ ਪਿਤਾ ਨੇ ਉੱਚੇ ਅਹੁਦੇ ਹਾਸਲ ਕੀਤੇ ਹਨ।

# ਡੇਰਾ ਬਾਬਾ ਨਾਨਕ 'ਚੋਂ ਮਨਾਇਆ ਅੰਤਰਰਾਸ਼ਟਰੀ ਮਹਿਲਾ ਦਿਵਸ

ਡੇਰਾ ਬਾਬਾ ਨਾਨਕ, 8 ਮਾਰਚ (ਹੈਪੀ ਕੋਟਲੀ): ਸਰਕਾਰੀ ਸੀਨੀਅਰ ਸਮਾਰਟ ਸਕੂਲ ਲੜਕੇ ਡੇਰਾ ਬਾਬਾ ਨਾਨਕ ਵਿਖੇ ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ ਪੇਂਡੂ ਵਿਕਾਸ ਅਤੇ ਪੰਚਾਇਤਾ ਵਿਭਾਗ ਪੰਜਾਬ ਵੱਲੋਂ ਇੱਕ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਇਸ ਮੌਕੇ ਹਲਕਾ ਡੇਰਾ ਬਾਬਾ ਨਾਨਕ ਦੀਆਂ ਵੱਖ-ਵੱਖ ਖੇਤਰਾਂ ਵਿੱਚ ਵਿਲੱਖਣ ਸੇਵਾਵਾਂ ਨਿਭਾਉਣ ਵਾਲੀਆਂ ਉੱਦਮੀ ਮਹਿਲਾਵਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਹਲਕਾ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਦੇ ਧਰਮ ਪਤਨੀ ਮੈਡਮ ਕੁਲਬੀਰ ਕੌਰ ਰੰਧਾਵਾ ਵੱਲੋਂ ਸਿਰਕਤ ਕੀਤੀ ਗਈ। ਮੈਡਮ ਕੁਲਬੀਰ ਕੌਰ ਰੰਧਾਵਾ ਦਾ ਪੁੱਜਣ ਤੇ ਇਲਾਕੇ ਦੀਆਂ ਸਰਪੰਚ ਪੰਚ ਮਹਿਲਾਵਾਂ ਵੱਲੋਂ ਬੁੱਕਾ ਭੇਟ ਕਰਕੇ ਨਿੱਘਾ ਸਵਾਗਤ ਕੀਤਾ ਇਸ ਸਮਾਗਮ ਦੀ ਆਰੰਭਤਾ ਮੈਡਮ ਕੁਲਬੀਰ ਰੰਧਾਵਾ ਵੱਲੋਂ ਰੇਬਨ ਕੱਟ ਕੇ ਕੀਤੀ ਗਈ। ਆਪਣੇ ਸੰਬੋਧਨ ਦੌਰਾਨ ਮੈਡਮ ਕੁਲਬੀਰ ਕੌਰ ਰੰਧਾਵਾ ਵੱਲੋਂ ਅੰਤਰਰਾਸ਼ਟਰੀ ਮਹਿਲਾ ਦਿਵਸ ਦੀ ਵਧਾਈ ਦਿੱਤੀ ਗਈ ਤੇ ਆਪਣੇ ਵਿਸ਼ਾਲ ਤਜ਼ੁਰਬੇ ਸਾਂਝੇ ਕਰਦਿਆਂ ਕਿਹਾ ਕਿ ਮਹਿਲਾਵਾਂ ਦੀ ਸਮਾਜ ਦੇ ਹਰ ਖੇਤਰ ਵਿੱਚ ਭਾਗੀਦਾਰੀ ਬਹੁਤ ਜ਼ਰੂਰੀ ਹੈ। ਉਨ੍ਹਾਂ ਨੇ ਖ਼ਾਸ ਤੌਰ 'ਤੇ ਮਹਿਲਾਵਾਂ ਦੀ ਰਾਜਨੀਤੀ ਵਿੱਚ ਸਕ੍ਰਿਅ ਭਾਗੀਦਾਰੀ ਅਤੇ ਲੜਕੀਆਂ ਦੀ ਸਿੱਖਿਆ ਨੂੰ ਪ੍ਰੋਤਸਾਹਿਤ ਕਰਨ ਉੱਤੇ ਜ਼ੋਰ ਦਿੱਤਾ। ਇਸ ਮੌਕੇ ਮੈਡਮ ਕੁਲਬੀਰ ਕੌਰ ਰੰਧਾਵਾ ਵੱਲੋਂ ਪੰਜਾਬ ਸਰਕਾਰ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਨੇ ਜੋ ਅੱਜ ਮਹਿਲਾ ਦਿਵਸ ਮੌਕੇ ਬਜਟ ਪੇਸ਼ ਕੀਤਾ ਹੈ, ਉਹ ਸਲਾਘਾਯੋਗ ਹੈ ਤੇ ਜੋ ਗਰੰਟੀ ਮਹਿਲਾਵਾਂ ਨਾਲ ਹਜ਼ਾਰ ਰੁਪਏ ਦੀ ਕੀਤੀ ਸੀ, ਉਸ ਨੂੰ ਅੱਜ ਲਾਗੂ ਕੀਤਾ ਗਿਆ ਹੈ। ਉਹਨਾਂ ਕਿਹਾ ਕਿ ਮਹਿਲਾਵਾਂ ਨੂੰ ਇਸ ਸਕੀਮ ਦਾ ਬਹੁਤ ਵੱਡਾ ਫਾਇਦਾ ਹੋਵੇਗਾ। ਸਮਾਗਮ ਦੇ ਅੰਤ ਵਿੱਚ ਸੈਂਕੜੇ ਮਹਿਲਾਵਾਂ ਨੂੰ ਸਨਮਾਨ ਪੱਤਰ ਅਤੇ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ।

# ਅਮਨ ਅਰੋੜਾ ਨੇ ਬਜਟ ਨੂੰ ਦੱਸਿਆ ਪੰਜਾਬ ਦੇ ਇਤਿਹਾਸ ਦਾ ਇੱਕ ਸੁਨਹਿਰੀ ਅਧਿਆਇ, ਔਰਤਾਂ ਨੂੰ ਵਿੱਤੀ ਸਹਾਇਤਾ ਦੀ ਗਾਰੰਟੀ ਨੂੰ ਪੂਰਾ ਕਰਨ ਦੀ ਵੀ ਕੀਤੀ ਸ਼ਲਾਘਾ

ਚੰਡੀਗੜ੍ਹ, 8 ਮਾਰਚ: (ਚ.ਨ.ਸ.) ਪੰਜਾਬ ਦੇ ਕੈਬਨਿਟ ਮੰਤਰੀ ਅਤੇ ਆਮ ਆਦਮੀ ਪਾਰਟੀ (ਆਪ) ਦੇ ਸੂਬਾ ਪ੍ਰਧਾਨ ਸ੍ਰੀ ਅਮਨ ਅਰੋੜਾ ਨੇ ਅੱਜ ਸੂਬੇ ਦੇ ਬਜਟ 2026-27 ਨੂੰ ਇਤਿਹਾਸਕ ਅਤੇ ਪਰਿਵਰਤਨਸ਼ੀਲ ਦੱਸਿਆ ਜੋ ਆਮ ਆਦਮੀ ਪਾਰਟੀ ਵੱਲੋਂ ਪੰਜਾਬ ਦੇ ਲੋਕਾਂ ਨਾਲ ਕੀਤੀ ਪੰਜਵੀਂ ਅਤੇ ਇਕਲੌਤੀ ਬਾਕੀ ਬਚੀ ਵੱਡੀ ਗਰੰਟੀ ਦੀ ਪੂਰਤੀ ਨੂੰ ਦਰਸਾਉਂਦਾ ਹੈ। ਉਨ੍ਹਾਂ ਇਸ ਮੌਕੇ ਨੂੰ ਸੂਬੇ ਦੇ ਇਤਿਹਾਸ ਦਾ ਇੱਕ ÷ਸੁਨਹਿਰੀ ਅਧਿਆਇ÷ ਦੱਸਿਆ, ਜੋ ਔਰਤਾਂ ਦੇ ਸਸ਼ਕਤੀਕਰਨ ਨੂੰ ਸਮਰਪਿਤ ਹੈ। ਪੰਜਾਬ ਵਿਧਾਨ ਸਭਾ ਵਿਖੇ ਮੀਡੀਆ ਨੂੰ ਸੰਬੋਧਨ ਕਰਦਿਆਂ ਸ੍ਰੀ ਅਮਨ ਅਰੋੜਾ ਨੇ ਇਸ ਅਹਿਮ ਮੌਕੇ ਸਾਰੀਆਂ ਮਾਵਾਂ, ਧੀਆਂ ਅਤੇ ਭੈਣਾਂ ਨੂੰ ਦਿਲੋਂ ਵਧਾਈਆਂ ਦਿੱਤੀਆਂ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ @ਆਪ@ ਦੇ ਕੌਮੀ ਕਨਵੀਨਰ ਸ੍ਰੀ ਅਰਵਿੰਦ ਕੇਜਰੀਵਾਲ ਦੀ ਦੂਰਅੰਦੇਸ਼ੀ ਸੋਚ ਤੋਂ ਪ੍ਰੇਰਿਤ ਹੋ ਕੇ ਅੱਜ ਪੰਜਾਬ ਦੀ ਹਰ ਔਰਤ ਨੂੰ ਵਿੱਤੀ ਸਹਾਇਤਾ ਪ੍ਰਦਾਨ ਕਰਨ ਦੇ ਵਾਅਦੇ ਨੂੰ ਪੂਰਾ ਕੀਤਾ ਹੈ। ਇਸ ਪ੍ਰਮੁੱਖ ਯੋਜਨਾ ਬਾਰੇ



ਜਾਣਕਾਰੀ ਦਿੰਦਿਆਂ ਸ੍ਰੀ ਅਮਨ ਅਰੋੜਾ ਨੇ ਦੱਸਿਆ ਕਿ ਜਨਰਲ ਵਰਗ ਦੇ ਪਰਿਵਾਰਾਂ ਦੀਆਂ ਔਰਤਾਂ ਨੂੰ ਪ੍ਰਤੀ ਮਹੀਨਾ 1,000 ਰੁਪਏ, ਜਦੋਂ ਕਿ ਅਨੁਸੂਚਿਤ ਜਾਤੀਆਂ ਨਾਲ ਸਬੰਧਤ ਔਰਤਾਂ ਨੂੰ ਪ੍ਰਤੀ ਮਹੀਨਾ 1,500 ਰੁਪਏ ਦਿੱਤੇ ਜਾਣਗੇ। ਉਨ੍ਹਾਂ ਕਿਹਾ, ÷ਇਹ ਸਿਰਫ਼ ਇੱਕ ਯੋਜਨਾ ਨਹੀਂ ਹੈ, ਸਗੋਂ ਦੁਨੀਆ ਦੀ ਆਪਣੀ ਕਿਸਮ ਦੀ ਸਭ ਤੋਂ ਵੱਡੀ ਪਹਿਲਕਦਮੀ ਹੈ, ਜੋ ਸਾਡੇ ਸੂਬੇ ਦੀਆਂ ਔਰਤਾਂ ਨੂੰ ਸਿੱਧੀ ਵਿੱਤੀ ਸਹਾਇਤਾ ਪ੍ਰਦਾਨ ਕਰਦੀ ਹੈ। ਉਨ੍ਹਾਂ ਕਿਹਾ ਕਿ @ਆਪ@ ਦੀ ਅਗਵਾਈ ਵਾਲੀ ਸਰਕਾਰ ਨੇ ਆਪਣੇ ਪ੍ਰਮੁੱਖ ਵਾਅਦੇ ਪੂਰੇ ਕੀਤੇ ਹਨ, ਜਿਨ੍ਹਾਂ ਵਿੱਚ ਸਿੱਖਿਆ ਕ੍ਰਾਂਤੀ, ਮੁਫ਼ਤ ਬਿਜਲੀ, ਸਿਹਤ ਸੰਭਾਲ ਕ੍ਰਾਂਤੀ, ਸ਼ਹੀਦ ਸੈਨਿਕਾਂ ਦੇ ਪਰਿਵਾਰਾਂ ਲਈ 1 ਕਰੋੜ ਰੁਪਏ ਦੀ ਐਕਸ-ਗ੍ਰੇਸ਼ੀਆ, ਨੌਜਵਾਨਾਂ ਲਈ ਰਿਕਾਰਡ ਸਰਕਾਰੀ ਨੌਕਰੀਆਂ ਅਤੇ ਹੁਣ ਔਰਤਾਂ ਨੂੰ ਮਜ਼ਬੂਤ ਬਣਾਉਣ ਲਈ ਮਹੀਨਾਵਾਰ ਵਿੱਤੀ ਸਹਾਇਤਾ ਸ਼ਾਮਲ ਹੈ ਜੋ ਆਖਰਕਾਰ ਇਸ ਬਜਟ ਵਿੱਚ ਪੂਰੀ ਕੀਤੀ ਗਈ ਮੁੱਖ ਗਰੰਟੀ ਹੈ। ਸ੍ਰੀ ਅਮਨ ਅਰੋੜਾ ਨੇ ਕਿਹਾ, ÷ਪਿਛਲੀਆਂ ਸਰਕਾਰਾਂ ਵੱਲੋਂ ਕਰਜ਼ੇ ਨਾਲ ਭਰਿਆ ਖਜ਼ਾਨਾ ਮਿਲਣ ਦੇ ਬਾਵਜੂਦ, ਸੂਬਾ ਸਰਕਾਰ ਨੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਵਿੱਤੀ ਅਗਵਾਈ ਹੇਠ ਨਾ ਸਿਰਫ਼ ਸੂਬੇ ਦਾ ਵਿੱਤੀ ਪ੍ਰਬੰਧਨ ਬੜੀ ਸੂਝ ਨਾਲ ਕੀਤਾ ਹੈ, ਸਗੋਂ ਆਪਣੇ ਵਾਅਦਿਆਂ ਨੂੰ ਵੀ ਪੂਰਾ ਕੀਤਾ ਹੈ। ਇਹ ਬਜਟ ਲੋਕਾਂ @ਤੇ ਕੋਈ ਵੀ ਨਵਾਂ ਟੈਕਸ ਲਗਾਏ ਬਿਨਾਂ ਵਿੱਤੀ ਜ਼ਿੰਮੇਵਾਰੀ ਪ੍ਰਤੀ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਸ੍ਰੀ ਅਮਨ ਅਰੋੜਾ ਨੇ ਬਜਟ ਦੇ ਮੁੱਖ ਪਹਿਲੂਆਂ @ਤੇ ਚਾਨਣਾ ਪਾਇਆ ਜਿਹਨਾਂ 'ਤੇ ਵਿਸ਼ੇਸ਼ ਧਿਆਨ ਦਿੱਤਾ ਗਿਆ ਹੈ ਅਤੇ ਇਸਨੂੰ ਸੂਬੇ ਦੇ ਇਤਿਹਾਸ ਵਿੱਚ ਸਿਹਤ ਅਤੇ ਸਿੱਖਿਆ ਲਈ ਸਭ ਤੋਂ ਵੱਡਾ ਅਲਾਟਮੈਂਟ ਦੱਸਿਆ। ਉਨ੍ਹਾਂ ਨੇ ਸੂਬੇ ਸਰਕਾਰ ਵੱਲੋਂ 6,000 ਨਵੇਂ ਖੇਡ ਸਟੇਡੀਅਮ ਬਣਾਉਣ ਦੀ ਯੋਜਨਾ 'ਤੇ ਵੀ ਚਾਨਣਾ ਪਾਇਆ ਜੋ ਵਿਆਪਕ ਵਿਕਾਸ ਪ੍ਰਤੀ ਸਰਕਾਰ ਦੀ ਪਹੁੰਚ ਨੂੰ ਦਰਸਾਉਂਦਾ ਹੈ। ਖੁਰਾਕ ਸੁਰੱਖਿਆ ਪਹਿਲਕਦਮੀਆਂ ਬਾਰੇ ਗੱਲ ਕਰਦਿਆਂ ਸ੍ਰੀ ਅਰੋੜਾ ਨੇ 'ਮੇਰੀ ਰਸੋਈ' ਯੋਜਨਾ ਬਾਰੇ ਜਾਣਕਾਰੀ ਦਿੱਤੀ, ਜਿਸ ਵਿੱਚ ਨਵੇਂ ਪਰਿਵਾਰਾਂ ਨੂੰ ਸ਼ਾਮਲ ਕਰਨ ਲਈ ਰਜਿਸਟ੍ਰੇਸ਼ਨ ਸ਼ੁਰੂ ਹੋ ਚੁੱਕੀ ਹੈ।

# ਗਿਆਨੀ ਕਰਤਾਰ ਸਿੰਘ ਯਾਦਗਾਰੀ ਸਰਕਾਰੀ ਕਾਲਜ ਟਾਂਡਾ 'ਚ ਕਨਵੋਕੇਸ਼ਨ ਸਮਾਰੋਹ

ਟਾਂਡਾ ਉੜਮੁੜ, 8 ਮਾਰਚ (ਅਰਜੁਨ ਜੈਨ):ਗਿਆਨੀ ਕਰਤਾਰ ਸਿੰਘ ਯਾਦਗਾਰੀ ਸਰਕਾਰੀ ਕਾਲਜ ਟਾਂਡਾ 'ਚ ਕਾਲਜ ਦੀ 75ਵੀਂ ਵਰ੍ਹੇਗੰਢ ਦੇ ਮੌਕੇ ਕਨਵੋਕੇਸ਼ਨ ਸਮਾਰੋਹ ਸਮਾਰੋਹ ਕਰਵਾਇਆ ਗਿਆ। ਪ੍ਰਿੰਸੀਪਲ ਡਾ. ਸ਼ਸ਼ੀ ਬਾਲਾ ਦੀ ਅਗਵਾਈ ਹੇਠ ਆਯੋਜਿਤ ਇਸ ਸਮਾਗਮ ਵਿਚ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਕੁਲਪਤੀ ਡਾ. ਜਗਦੀਪ ਸਿੰਘ ਅਤੇ ਉੱਚ ਸਿੱਖਿਆ ਵਿਭਾਗ ਦੇ ਉਪਨਿਰਦੇਸ਼ਕ ਡਾ. ਹਰਜਿੰਦਰ ਸਿੰਘ ਵਿਦਿਆਰਥੀਆਂ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਸਮਾਗਮ ਦੀ ਸ਼ੁਰੂਆਤ ਸ਼ਬਦ ਗਾਇਨ ਨਾਲ ਹੋਈ, ਜਿਸ ਤੋਂ ਬਾਅਦ ਮੁੱਖ ਮਹਿਮਾਨਾਂ ਵੱਲੋਂ ਜੋਤ ਪ੍ਰਜਵਲਿਤ ਕਰ ਕੇ ਸਮਾਗਮ ਦਾ ਆਰੰਭ ਕੀਤਾ ਗਿਆ। ਇਸ ਮੌਕੇ ਮੁੱਖ ਮਹਿਮਾਨਾਂ ਅਤੇ ਵਿਸ਼ੇਸ਼ ਮਹਿਮਾਨਾਂ ਦਾ ਕਾਲਜ ਪ੍ਰਬੰਧਕਾਂ ਵੱਲੋਂ ਫੁੱਲਾਂ ਦੇ ਗੁਲਦਸਤਿਆਂ ਨਾਲ ਸਵਾਗਤ ਕੀਤਾ ਗਿਆ। ਪ੍ਰਿੰਸੀਪਲ ਡਾ. ਸ਼ਸ਼ੀ ਬਾਲਾ ਨੇ ਆਏ ਹੋਏ ਮਹਿਮਾਨਾਂ ਦਾ ਸਵਾਗਤ ਕਰਦੇ ਕਾਲਜ ਦੇ ਵਿਦਿਆਰਥੀਆਂ ਵੱਲੋਂ ਸਿੱਖਿਆ, ਖੇਡਾਂ ਅਤੇ ਸੱਭਿਆਚਾਰਕ ਖੇਤਰ 'ਚ ਹਾਸਲ ਕੀਤੀਆਂ ਉਪਲੱਬਧੀਆਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਵਿਦਿਆਰਥੀਆਂ ਨੂੰ ਭਵਿੱਖ ਲਈ ਸ਼ੁਭਕਾਮਨਾਵਾਂ ਦਿੰਦਿਆਂ



ਕਿਹਾ ਕਿ ਉਹ ਆਪਣੇ ਮਾਤਾ-ਪਿਤਾ, ਅਧਿਆਪਕਾਂ ਅਤੇ ਸੰਸਥਾ ਦਾ ਨਾਮ ਰੌਸ਼ਨ ਕਰਨ। ਇਸ ਮੌਕੇ ਕਾਲਜ ਦੀਆਂ ਵੱਖ ਵੱਖ ਕਲਾਸਾਂ ਦੇ ਪਾਸ ਆਊਟ ਹੋਏ ਵਿਦਿਆਰਥੀਆਂ ਨੂੰ ਮੁੱਖ ਮਹਿਮਾਨਾਂ ਵੱਲੋਂ ਡਿਗਰੀਆਂ ਪ੍ਰਦਾਨ ਕਰ ਕੇ ਸਨਮਾਨਿਤ ਕੀਤਾ ਗਿਆ। ਜਿਨ੍ਹਾਂ ਵਿਚ ਬੀ. ਏ.. ਐੱਮ. ਏ. ਰਾਜਨੀਤੀ ਸ਼ਾਸਤਰ, ਪੀ.ਜੀ.ਡੀ.ਸੀ.ਏ., ਬੀ. ਕਾਮ. ਅਨਰਸ, ਬੀ. ਕਾਮ. ਅਤੇ ਬੀ. ਐੱਸ. ਸੀ. ਦੇ 250 ਦੇ ਕਰੀਬ ਵਿਦਿਆਰਥੀ ਸ਼ਾਮਲ ਸਨ। ਸਮਾਗਮ ਦੌਰਾਨ ਮਹਿਮਾਨਾਂ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਡਾ. ਜਗਦੀਪ ਸਿੰਘ ਅਤੇ ਡਾ. ਹਰਜਿੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਜੀਵਨ 'ਚ ਉੱਚੇ ਮੁਕਾਮ ਹਾਸਲ ਕਰਨ ਲਈ ਸ਼ੁੱਭਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਸਿੱਖਿਆ ਜੀਵਨ 'ਚ ਕਾਮਯਾਬੀ ਹਾਸਲ ਕਰਨ ਦਾ ਸਭ ਤੋਂ ਵੱਡਾ ਸਾਧਨ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਮਿਹਨਤ, ਅਨੁਸ਼ਾਸਨ ਅਤੇ ਉੱਚੇ ਆਦਰਸ਼ਾਂ ਨਾਲ ਜੀਵਨ 'ਚ ਅੱਗੇ ਵੱਧਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਕਾਨਵੋਕੇਸ਼ਨ ਸਮਾਗਮ ਵਿਦਿਆਰਥੀ ਜੀਵਨ ਦਾ ਇਕ ਮਹੱਤਵਪੂਰਨ ਪੜਾਅ ਹੁੰਦਾ ਹੈ, ਜੋ ਉਨ੍ਹਾਂ ਦੀ ਮਿਹਨਤ ਅਤੇ ਲਗਨ ਦਾ ਨਤੀਜਾ ਹੁੰਦਾ ਹੈ। ਉਨ੍ਹਾਂ ਕਿਹਾ ਕਿ ਸਿੱਖਿਆ ਮਨੁੱਖ ਦੇ ਜੀਵਨ ਨੂੰ ਨਵੀਂ ਦਿਸ਼ਾ ਦਿੰਦੀ ਹੈ ਅਤੇ ਵਿਦਿਆਰਥੀਆਂ ਨੂੰ ਆਪਣੇ ਲਕਸ਼ ਨੂੰ ਪ੍ਰਾਪਤ ਕਰਨ ਲਈ ਹਮੇਸ਼ਾ ਮਿਹਨਤ ਅਤੇ ਈਮਾਨਦਾਰੀ ਨਾਲ ਅੱਗੇ ਵਧਣਾ ਚਾਹੀਦਾ ਹੈ। ਅਖੀਰ ਵਿਚ ਕਾਲਜ ਪ੍ਰਬੰਧਕਾਂ ਵੱਲੋਂ ਸਮਾਗਮ 'ਚ ਪਹੁੰਚੇ ਮਹਿਮਾਨਾਂ, ਅਧਿਆਪਕਾਂ ਅਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਮੰਚ ਸੰਚਾਲਨ ਪ੍ਰੋ. ਗੁਰਦੇਵ ਸਿੰਘ ਅਤੇ ਸ਼ੈਫਾਲੀ ਵਾਲੀਆ ਨੇ ਕੀਤਾ। ਇਸ ਮੌਕੇ ਵਾਈਸ ਪ੍ਰਿੰਸੀਪਲ ਰਮਿੰਦਰਜੀਤ ਕੌਰ, ਐੱਸ. ਐੱਮ. ਓ. ਡਾ. ਕਰਨ ਸੈਣੀ, ਪ੍ਰੋ. ਗੁਰਪਾਲ ਸਿੰਘ ਜੌੜਾ, ਡਾ. ਧਰਮ ਸਿੰਘ, ਡਾ ਅਸ਼ਵਨੀ ਭੱਲਾ, ਡਾ. ਕੇਵਲ ਸਿੰਘ ਕਾਜਲ, ਡਾ. ਲਵਪ੍ਰੀਤ ਸਿੰਘ ਪਾਬਲਾ, ਸੇਵਾਮੁਕਤ ਪ੍ਰਿੰਸੀਪਲ ਪਰਵਿੰਦਰ ਕੌਰ, ਪ੍ਰਿੰਸੀਪਲ ਬੀ. ਕੇ. ਸਿੰਘ, ਪ੍ਰੋ. ਸੋਨੀਆ, ਡਾ. ਆਰ ਕੇ ਸ਼ਰਮਾ, ਆਦਿ ਹਾਜ਼ਰ ਸਨ।

# ਪਿੰਡ ਮੱਸੇਵਾਲ ਵਿਖੇ ਮਨਾਇਆ ਗਿਆ ਅੰਤਰਰਾਸ਼ਟਰੀ ਮਹਿਲਾ ਦਿਵਸ

ਸ੍ਰੀ ਕੀਰਤਪੁਰ ਸਾਹਿਬ, 8 ਮਾਰਚ (ਬੀ ਐਸ ਰਾਣਾ): ਚੰਗਰ ਇਲਾਕੇ ਦੇ ਪਿੰਡ ਮੱਸੇਵਾਲ ਵਿਖੇ ਪਿੰਡ ਦੀ ਪੰਚਾਇਤ ਅਤੇ ਮਹਿਲਾ ਮੰਡਲ ਵੱਲੋਂ ਪਿੰਡ ਦੀ ਸਰਪੰਚ ਗੁਰਮੇਲ ਕੌਰ ਦੀ ਅਗਵਾਈ ਹੇਠ ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਇਆ ਗਿਆ, ਜਿਸ ਵਿੱਚ ਪਿੰਡ ਦੀਆਂ ਅਤੇ ਵੱਖ-ਵੱਖ ਪਿੰਡਾਂ ਦੀਆਂ ਔਰਤਾਂ , ਪੰਚਾਂ, ਸਰਪੰਚਾਂ ਨੇ ਭਾਗ ਲਿਆ। ਇਸ ਦੌਰਾਨ ਜਿੱਥੇ ਔਰਤਾਂ ਵੱਲੋਂ ਗਿੱਧਾ, ਭੰਗੜਾ, ਪਹਾੜੀ ਨਾਚ ਪੇਸ਼ ਕੀਤਾ ਗਿਆ ਉੱਥੇ ਹੀ ਭਾਸ਼ਣ, ਸਕਿੱਟਾ ਰਾਹੀਂ ਵੀ ਅੰਤਰਰਾਸ਼ਟਰੀ ਮਹਿਲਾ ਦਿਵਸ ਨੂੰ ਲੈ ਕੇ ਆਪਣੀ ਪ੍ਰਤਿਕਿਰਿਆ ਪੇਸ਼ ਕੀਤੀ।

ਇਸ ਦੌਰਾਨ ਜਿੱਥੇ ਵੱਖ ਵੱਖ ਔਰਤਾਂ ਵੱਲੋਂ ਅੰਤਰਰਾਸ਼ਟਰੀ ਮਹਿਲਾ ਦਿਵਸ ਬਾਰੇ ਵਿਸਥਾਰ ਰੂਪ ਵਿੱਚ ਜਾਣਕਾਰੀ ਦਿੱਤੀ, ਉੱਥੇ ਹੀ ਇਸ ਮੌਕੇ ਬੀਡੀਪੀਓ ਦਫਤਰ ਅਨੰਦਪੁਰ ਸਾਹਿਬ ਤੋਂ ਮੁੱਖ ਸੇਵਕਾ ਵਜੋਂ ਸੇਵਾ ਮੁਕਤ ਹੋਏ ਐਡਵੋਕੇਟ ਮੈਡਮ ਸੁਧਾ ਅਤੇ ਹਿਮਾਚਲ ਪ੍ਰਦੇਸ਼ ਦੇ ਆਰਟੀਓ ਮੈਡਮ ਦਿਵਿਆ ਵੱਲੋਂ ਵੀ ਅੰਤਰਰਾਸ਼ਟਰੀ ਮਹਿਲਾ ਦਿਵਸ ਦੀ ਵਧਾਈ ਦਿੱਤੀ ਅਤੇ ਉਹਨਾਂ ਵੱਲੋਂ ਔਰਤਾਂ ਦੇ ਹੱਕਾਂ ਬਾਰੇ ਵੀ ਵਿਸਥਾਰ ਰੂਪ ਵਿੱਚ ਜਾਣਕਾਰੀ ਦਿੱਤੀ ਗਈ। ਉਹਨਾਂ ਨੇ ਔਰਤਾਂ ਨੂੰ ਆਪਣੇ ਹੱਕਾਂ ਦੀ ਪਛਾਣ ਬਾਰੇ ਵੀ ਦੱਸਿਆ। ਉਹਨਾਂ ਕਿਹਾ ਕਿ ਔਰਤਾਂ ਅੱਜ ਕਿਸੇ ਵੀ ਖੇਤਰ ਵਿੱਚ ਘੱਟ ਨਹੀਂ ਹਨ ਅੱਜ ਦੇਸ਼ ਦੇ ਰਾਸ਼ਟਰਪਤੀ ਦੇ ਅਹੁਦੇ ਉੱਪਰ ਵੀ ਇੱਕ ਔਰਤ ਬਿਰਾਜਮਾਨ ਹੈ। ਉਹਨਾਂ ਕਿਹਾ ਕਿ ਸਿਰਫ ਤਾਂ ਸਿਰਫ ਔਰਤਾਂ ਨੂੰ ਆਪਣੇ ਹੱਕਾਂ ਬਾਰੇ ਪਤਾ ਹੋਣਾ ਚਾਹੀਦਾ ਹੈ। ਇਸ ਤੋਂ ਇਲਾਵਾ ਉਹਨਾਂ ਕਿਹਾ ਕਿ ਜਿਹੜੇ ਲੋਕ ਅੱਜ ਵੀ ਔਰਤਾਂ ਨੂੰ ਸਿਰਫ ਘਰ ਦੀ ਦਹਲੀਜ ਤੱਕ ਸੀਮਤ ਰੱਖਣਾ ਚਾਹੁੰਦੇ ਹਨ। ਉਨ੍ਹਾਂ ਲੋਕਾਂ ਦੀ ਸੋਚ ਗਲਤ ਹੈ। ਉਹਨਾਂ ਕਿਹਾ ਕਿ ਹਰ ਕਾਮਯਾਬ ਵਿਅਕਤੀ ਦੇ ਪਿੱਛੇ ਇੱਕ ਔਰਤ ਦਾ ਹੱਥ ਹੁੰਦਾ ਹੈ।

ਜਿਸ ਕਰਕੇ ਔਰਤਾਂ ਨੂੰ ਬਰਾਬਰ ਦਾ ਹੱਕ ਦੇਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਉਣ ਦਾ ਮਕਸਦ ਅੱਜ ਪੱਛੜੇ ਵਰਗ ਦੀਆਂ ਔਰਤਾਂ ਨੂੰ ਜਾਗਰੂਕ ਕਰਨਾ ਹੈ।

ਉਹਨਾਂ ਕਿਹਾ ਕਿ ਜੋ ਇਹ ਉਪਰਾਲਾ ਪਿੰਡ ਮੱਸੇਵਾਲ ਦੇ ਕੇਟੀਸੀ ਟਰਾਂਸਪੋਰਟ ਕੰਪਨੀ ਦੇ ਐਮਡੀ ਗੁਰਦਿਆਲ ਸਿੰਘ ਰਾਣਾ ਅਤੇ ਉਹਨਾਂ ਦੀ ਧਰਮ ਪਤਨੀ ਸਰਪੰਚ ਗੁਰਮੇਲ ਕੌਰ ਵੱਲੋਂ ਮਹਿਲਾ ਮੰਡਲ ਦੇ ਸਹਿਯੋਗ ਨਾਲ ਕੀਤਾ ਗਿਆ ਹੈ ਉਹ ਬਹੁਤ ਹੀ ਸ਼ਲਾਘਾਯੋਗ ਹੈ। ਇਸ ਮੌਕੇ ਉਕਤ ਤੋਂ ਇਲਾਵਾ ਕੇਟੀਸੀ ਟਰਾਂਸਪੋਰਟ ਕੰਪਨੀ ਦੇ ਐਮਡੀ ਗੁਰਦਿਆਲ ਸਿੰਘ ਰਾਣਾ, ਸਰਪੰਚ ਗੁਰਮੇਲ ਕੌਰ, ਹਰਦਿਆਲ ਸਿੰਘ ਸਾਬਕਾ ਸਰਪੰਚ, ਐਡਵੋਕੇਟ ਪੂਜਾ, ਮੈਡਮ ਸੋਨੀਆ ਸਲਾਈ ਅਧਿਆਪਕ, ਮਹਿੰਦਰ ਸਿੰਘ, ਸੰਤੋਖ ਸਿੰਘ, ਗੋਪਾਲ ਕਿਸ਼ਨ ਵਿੱਕੀ ਚਰਨ ਸਿੰਘ ਰਕੇਸ਼ ਕੁਮਾਰ ਪੰਚ ,ਰੇਨੂੰ ਸ਼ਰਮਾ ਪੰਚ, ਤਾਰੋ ਦੇਵੀ ਪੰਚ ਜੋ ਕਿਸ਼ਨ ਜੋਗਾ ਸਿੰਘ ਬਿੰਦਰ ਕੌਰ ਸੁਖਦੇਵ ਸਿੰਘ ਸੁਮਨ ਦੇਬੀ ਸਰਪੰਚ ਅਪਰ ਦੇਹਣੀ, ਕਰਮ ਸਿੰਘ ਸੁਨੀਤਾ ਦੇਵੀ ਪ੍ਰਮਿਲਾ ਦੇਵੀ ਮਹਿਲਾ ਮੰਡਲ ਪ੍ਰਧਾਨ, ਹੇਮ ਲੱਤਾ, ਬਿਮਲਾ ਦੇਵੀ,ਪ੍ਰੀਤਮ ਸਿੰਘ, ਹਰਪਾਲ ਸਿੰਘ ਡਾਕਟਰ ਹਰਦੀਪ ਸਿੰਘ, ਸੁਖਦੇਵ ਸਿੰਘ ਆਦਿ ਤੋਂ ਇਲਾਵਾ ਵੱਡੀ ਗਿਣਤੀ ਚੋਂ ਵੱਖ ਵੱਖ ਪਿੰਡਾਂ ਤੋਂ ਆਈਆਂ ਮਹਿਲਾਵਾਂ ਹਾਜ਼ਰ ਸਨ।

# ਪੰਜਾਬ ਨੂੰ ਸਿੱਖਿਆ ਹੱਬ ਬਣਾਉਣ ਲਈ 7 ਫੀਸਦੀ ਦੇ ਵਾਧੇ ਨਾਲ 19279 ਕਰੋੜ ਰੁਪਏ ਦੀ ਬਜਟ ਅਲਾਟਮੈਂਟ ਦੀ ਬੈਂਸ ਵੱਲੋਂ ਸ਼ਲਾਘਾ

ਚੰਡੀਗੜ੍ਹ, 8 ਮਾਰਚ: (ਚ.ਨ.ਸ.) ਪੰਜਾਬ ਬਜਟ 2026-27 ਨੂੰ ਸਕਾਰਾਤਮਕ ਬਦਲਾਅ ਅਤੇ ਇਤਿਹਾਸਕ ਕਰਾਰ ਦਿੰਦਿਆਂ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਅੱਜ ਸਿੱਖਿਆ ਖੇਤਰ ਲਈ ਰਿਕਾਰਡ 19,279 ਕਰੋੜ ਰੁਪਏ ਦੇ ਬਜਟ, ਜੋ ਪਿਛਲੇ ਸਾਲ ਨਾਲੋਂ 7 ਫੀਸਦ ਵੱਧ ਹੈ, ਦੀ ਸ਼ਲਾਘਾ ਕੀਤੀ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸੂਬੇ ਦੀ ਸਿੱਖਿਆ ਪ੍ਰਣਾਲੀ ਮਿਸਾਲੀ ਸੁਧਾਰਾਂ ਸਦਕਾ ਤੇਜ਼ੀ ਨਾਲ ਮੁਕੰਮਲ ਢਾਂਚਾਗਤ ਕ੍ਰਾਂਤੀ ਵੱਲ ਵਧ ਰਹੀ ਹੈ। ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਵੱਲੋਂ ਅੱਜ ਪੰਜਾਬ ਵਿਧਾਨ ਸਭਾ ਵਿੱਚ ਪੇਸ਼ ਕੀਤੇ ਗਏ ਬਜਟ 'ਤੇ ਬੋਲਦਿਆਂ ਸ. ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਇਹ ਬਜਟ ਪੰਜਾਬ ਦੇ ਭਵਿੱਖ ਦਾ ਉਹ ਖਰੜਾ ਹੈ, ਜਿਸਨੂੰ ਨਵੇਂ ਮੌਕਿਆਂ ਅਤੇ ਉੱਤਮਤਾ ਦੇ ਅੱਖਰਾਂ 'ਚ ਲਿਖਿਆ ਗਿਆ ਹੈ। ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ ਅਗਵਾਈ ਹੇਠ ਅਸੀਂ 'ਪੰਜਾਬ ਸਿੱਖਿਆ ਕ੍ਰਾਂਤੀ' ਦੇ ਆਪਣੇ ਵਾਅਦੇ ਨੂੰ ਪੂਰੀ ਤਰਾਂ ਹਕੀਕਤ ਵਿੱਚ ਬਦਲ ਰਹੇ ਹਾਂ। ਅਸੀਂ ਸਕੂਲਾਂ ਦੇ ਅਕਾਦਮਿਕ ਨਤੀਜਿਆਂ ਵਿੱਚ ਦੇਸ਼ ਭਰ 'ਚੋਂ ਸਿਖਰਲਾ ਦਰਜਾ ਹਾਸਲ ਕੀਤਾ ਹੈ ਅਤੇ ਇਹ ਬਜਟ ਸਾਡੇ ਵਿਦਿਆਰਥੀਆਂ ਨੂੰ ਆਲਮੀ ਪੱਧਰ 'ਤੇ ਮੁਕਾਬਲੇ ਦੇ ਯੋਗ ਬਣਾ ਕੇ ਵੱਡੀਆਂ ਮੱਲਾਂ ਮਾਰਨ ਲਈ ਤਿਆਰ ਕਰਨ ਵਿੱਚ ਸਾਡੇ ਯਤਨਾਂ ਨੂੰ ਹੋਰ ਬਲ ਦੇਵੇਗਾ। ਸੂਬੇ ਲਈ ਇੱਕ ਹੋਰ ਦੂਰਦਰਸ਼ੀ ਪਹਿਲ ਦਾ ਜ਼ਿਕਰ ਕਰਦਿਆਂ ਸ. ਬੈਂਸ ਨੇ ਕਿਹਾ ਕਿ ਸੂਬਾ ਸਰਕਾਰ ਨੇ ਵਿਸ਼ਵ ਬੈਂਕ ਦੇ ਸਹਿਯੋਗ ਨਾਲ ਛੇ ਸਾਲਾਂ ਵਿੱਚ 3,500 ਕਰੋੜ ਰੁਪਏ ਦੇ ਨਿਵੇਸ਼ ਰਾਹੀਂ 'ਸਿੱਖਿਆ ਕ੍ਰਾਂਤੀ 2.0' ਸ਼ੁਰੂ ਕਰਨ ਦਾ ਫੈਸਲਾ ਕੀਤਾ ਹੈ। ਇਹ ਪੰਜਾਬ ਦੇ ਇਤਿਹਾਸ ਵਿੱਚ ਸਭ ਤੋਂ ਵੱਡੇ ਸਿੱਖਿਆ ਸੁਧਾਰ



ਨਿਵੇਸ਼ਾਂ ਵਿੱਚੋਂ ਇੱਕ ਹੈ ਅਤੇ ਸੂਬੇ ਵੱਲੋਂ ਪੂਰੇ ਸਿੱਖਿਆ ਢਾਂਚੇ ਵਿੱਚ ਵੱਡੇ ਪੱਧਰ 'ਤੇ ਮਿਸਾਲੀ ਸੁਧਾਰ ਕੀਤੇ ਜਾ ਰਹੇ ਹਨ। ਬੁਨਿਆਦੀ ਸਾਖਰਤਾ ਨੂੰ ਮਜ਼ਬੂਤ ਕਰਨ ਅਤੇ ਸਾਡੇ ਅਧਿਆਪਕਾਂ ਨੂੰ ਸ਼ਕਤੀ ਦੇਣ ਤੋਂ ਲੈ ਕੇ ਸ਼ਾਸਨ ਨੂੰ ਆਧੁਨਿਕ ਬਣਾਉਣ ਅਤੇ ਢਾਂਚਾਗਤ ਰੁਜ਼ਗਾਰ ਮੌਕੇ ਸਥਾਪਤ ਕਰਨ ਤੱਕ ਇਹ ਮਿਸ਼ਨ ਵਿਦਿਆਰਥੀਆਂ ਨੂੰ 21ਵੀਂ ਸਦੀ ਦੀਆਂ ਚੁਣੌਤੀਆਂ ਅਤੇ ਮੌਕਿਆਂ ਲਈ ਤਿਆਰ ਕਰੇਗਾ। ਸਿੱਖਿਆ ਮੰਤਰੀ ਨੇ, ਭਾਰਤ ਸਰਕਾਰ ਦੇ 'ਪਰਖ ਰਾਸ਼ਟਰੀ ਸਰਵੇਖਣ - 2024', ਜਿੱਥੇ ਪੰਜਾਬ ਨੇ ਸਕੂਲੀ ਨਤੀਜਿਆਂ ਵਿੱਚ ਕੇਰਲਾ ਨੂੰ ਪਛਾੜ ਕੇ ਪਹਿਲਾ ਸਥਾਨ ਹਾਸਲ ਕੀਤਾ ਸੀ ਦਾ ਹਵਾਲਾ ਦਿੰਦਿਆਂ ਕਿਹਾ ਕਿ ਬਜਟ ਪ੍ਰਤੱਖ ਸਫਲਤਾ ਦੀ ਮਜ਼ਬੂਤ ਆਧਾਰ ਹੁੰਦਾ ਹੈ। ਸ. ਹਰਜੋਤ ਸਿੰਘ ਬੈਂਸ ਨੇ ਫ਼ਖ਼ਰ ਨਾਲ ਕਿਹਾ,"ਸਾਡੀ ਵਚਨਬੱਧਤਾ ਦੇ ਨਤੀਜੇ ਅੱਜ ਪ੍ਰਤੱਖ ਦਿਖਾਈ ਦੇ ਰਹੇ ਹਨ," ਹੁਣ ਇਹ ਜੱਗ ਜ਼ਾਹਰ ਹੈ ਕਿ 305 ਸਰਕਾਰੀ ਸਕੂਲ ਦੇ ਵਿਦਿਆਰਥੀਆਂ ਨੇ ਪਹਿਲੀ ਜੇ.ਈ.ਈ. ਮੇਨਜ਼ ਦੀ ਪ੍ਰੀਖਿਆ ਪਾਸ ਕੀਤੀ। ਜੋ ਇਹ ਸਾਬਤ ਕਰਦਾ ਹੈ ਕਿ ਉੱਤਮਤਾ ਕੁਝ ਗਿਣੇ-ਚੁਣੇ ਰਸੂਖ਼ਦਾਰਾਂ ਦਾ ਨਿੱਜੀ ਅਧਿਕਾਰ ਨਹੀਂ ਸਗੋਂ ਪੰਜਾਬ ਦੇ ਹਰ ਬੱਚੇ ਦਾ ਹੱਕ ਹੈ। ਉਨ੍ਹਾਂ ਅੱਗੇ ਦੱਸਿਆ ਕਿ 400 ਕਰੋੜ ਰੁਪਏ ਦੇ ਨਿਵੇਸ਼ ਨਾਲ ਸਰਕਾਰੀ ਸਕੂਲਾਂ ਵਿੱਚ 38,649 ਡੈਸਕਟੌਪ ਕੰਪਿਊਟਰ ਅਤੇ 8,268 ਇੰਟਰਐਕਟਿਵ ਫਲੈਟ ਪੈਨਲ ਲਗਾਏ ਜਾ ਰਹੇ ਹਨ ਅਤੇ ਇਹ ਯਕੀਨੀ ਬਣਾਇਆ ਜਾ ਰਿਹਾ ਹੈ ਕਿ ਹਰੇਕ ਸੈਕੰਡਰੀ ਅਤੇ ਸੀਨੀਅਰ ਸੈਕੰਡਰੀ ਸਕੂਲ ਵਿੱਚ ਇੱਕ ਆਧੁਨਿਕ ਕੰਪਿਊਟਰ ਲੈਬ ਹੋਵੇ। ਪੰਜਾਬ ਸਰਕਾਰ ਸਿਰਫ਼ ਆਰਟੀਫੀਸ਼ੀਅਲ ਇੰਟੈਲੀਜੈਂਸ ਬਾਰੇ ਸਿਰਫ਼ ਗੱਲ ਹੀ ਨਹੀਂ ਕਰ ਰਹੀ ਹੈ ਬਲਕਿ ਸੂਬਾ ਭਵਿੱਖ ਸਿੱਧੇ ਤੌਰ ਤੇ ਵਿਦਿਆਰਥੀਆਂ ਦੇ ਹੱਥਾਂ ਵਿੱਚ ਸੌਂਪ ਰਿਹਾ ਹੈ।

# ਸਿਹਤ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਸਿਹਤ ਬਜਟ ਵਿੱਚ ਕੀਤੇ ਇਤਿਹਾਸਕ ਵਾਧੇ ਦੀ ਸ਼ਲਾਘਾ

ਚੰਡੀਗੜ੍ਹ, 8 ਮਾਰਚ: (ਚ.ਨ.ਸ.) ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਵਿੱਤੀ ਸਾਲ 2026-27 ਦੇ ਬਜਟ ਨੂੰ ਅਜਿਹਾ ਇਤਿਹਾਸਕ ਦਸਤਾਵੇਜ਼ ਦੱਸਿਆ ਜੋ ਹਰ ਪੰਜਾਬੀ ਦੀ ਸਿਹਤ ਅਤੇ ਤੰਦਰੁਸਤੀ ਨੂੰ ਤਰਜੀਹ ਦਿੰਦਾ ਹੈ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਪੇਸ਼ ਕੀਤੇ ਬਜਟ ਦੀ ਸ਼ਲਾਘਾ ਕਰਦਿਆਂ ਡਾ. ਬਲਬੀਰ ਸਿੰਘ ਨੇ ਕਿਹਾ ਕਿ ਸਿਹਤ ਖੇਤਰ ਦੇ ਬਜਟ ਵਿੱਚ ਪਿਛਲੇ ਸਾਲ ਦੇ ਮੁਕਾਬਲੇ 23 ਫੀਸਦੀ ਦਾ ਵਾਧਾ ਕੀਤਾ ਗਿਆ ਹੈ, ਜਿਸ ਨਾਲ ਸਿਹਤ ਖੇਤਰ ਦਾ ਬਜਟ ਹੁਣ 6879 ਕਰੋੜ ਰੁਪਏ ਹੋ ਗਿਆ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਸ ਅਲਾਟਮੈਂਟ ਨਾਲ ਸੂਬੇ ਭਰ ਵਿੱਚ ਪਹੁੰਚਯੋਗ, ਕਿਫਾਇਤੀ ਅਤੇ ਮਿਆਰੀ ਡਾਕਟਰੀ ਸੇਵਾਵਾਂ ਯਕੀਨੀ ਬਣਾਈਆਂ ਜਾਣਗੀਆਂ। ਸਿਹਤ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਇਤਿਹਾਸਕ ਪਹਿਲਕਦਮੀ ਹੈ, ਜਿਸ ਤਹਿਤ ਪ੍ਰਤੀ ਪਰਿਵਾਰ ਨੂੰ ਸਾਲਾਨਾ 10 ਲੱਖ ਰੁਪਏ ਤੱਕ ਦੇ ਸਿਹਤ ਬੀਮੇ ਦੀ ਸਹੂਲਤ ਦਿੱਤੀ ਜਾਂਦੀ ਹੈ। ਵਿੱਤੀ ਸਾਲ 2026-27 ਵਿੱਚ ਇਸ ਸਕੀਮ ਲਈ 2000 ਕਰੋੜ ਰੁਪਏ ਦੀ ਵਿਵਸਥਾ ਦਾ ਪ੍ਰਸਤਾਵ ਹੈ, ਜਿਸ ਨਾਲ ਸੂਬੇ ਦੇ 65 ਲੱਖ ਪਰਿਵਾਰਾਂ ਨੂੰ ਲਾਭ ਮਿਲੇਗਾ। ਮੁੱਢਲੀ ਸਿਹਤ ਸੰਭਾਲ ਨੂੰ ਹੋਰ ਮਜ਼ਬੂਤ ਤੇ ਬਿਹਤਰ ਬਣਾਉਣ ਲਈ ਆਮ ਆਦਮੀ ਕਲੀਨਿਕਾਂ ਲਈ 351 ਕਰੋੜ ਰਾਖਵੇਂ ਰੱਖੇ ਗਏ ਹਨ। ਮੌਜੂਦਾ ਸਮੇਂ ਵਿੱਚ 881 ਆਮ ਆਦਮੀ ਕਲੀਨਿਕਾਂ 'ਤੇ 107 ਜ਼ਰੂਰੀ ਦਵਾਈਆਂ ਅਤੇ 47 ਡਾਇਗਨੌਸਟਿਕ ਟੈਸਟ ਮੁਫ਼ਤ ਪ੍ਰਦਾਨ ਕੀਤੇ ਜਾ ਰਹੇ ਹਨ ਅਤੇ ਇਨ੍ਹਾਂ ਵਿੱਚ ਹੁਣ ਤੱਕ ਲਗਭਗ 5 ਕਰੋੜ ਓ.ਪੀ.ਡੀਜ਼. ਜਿਨ੍ਹਾਂ ਵਿੱਚ 1.55 ਕਰੋੜ ਨਵੇਂ ਮਰੀਜ਼ ਸ਼ਾਮਲ ਹਨ, ਨੂੰ ਸਿਹਤ ਸਹੂਲਤਾਂ ਦਿੱਤੀਆਂ ਗਈਆਂ ਹਨ।

ਡਾ. ਬਲਬੀਰ ਸਿੰਘ ਨੇ ਕਿਹਾ ਕਿ ਮੌਜੂਦਾ ਸਾਲ ਦੌਰਾਨ 100 ਹੋਰ ਆਮ ਆਦਮੀ ਕਲੀਨਿਕ ਖੋਲ੍ਹੇ ਜਾ ਰਹੇ ਹਨ। ਇਸ ਤੋਂ ਇਲਾਵਾ ਆਉਣ ਵਾਲੇ ਸਾਲ ਵਿੱਚ 143 ਨਵੇਂ ਆਮ ਆਦਮੀ ਕਲੀਨਿਕ ਹੋਰ ਖੋਲ੍ਹਣ ਦਾ ਟੀਚਾ ਹੈ ਜਦੋਂ ਕਿ 308 ਸਹਾਇਕ ਸਿਹਤ ਕੇਂਦਰਾਂ ਨੂੰ ਆਮ ਆਦਮੀ ਕਲੀਨਿਕਾਂ ਵਿੱਚ ਤਬਦੀਲ ਕੀਤਾ ਜਾਵੇਗਾ ਤਾਂ ਜੋ ਮੁੱਢਲੀ ਸਿਹਤ ਕਵਰੇਜ ਦਾ ਹੋਰ ਵਿਸਥਾਰ ਕੀਤਾ ਜਾ ਸਕੇ। ਇਸ ਨਾਲ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪੰਜ ਸਾਲਾਂ ਵਿੱਚ ਬਣਾਏ ਗਏ ਆਮ ਆਦਮੀ ਕਲੀਨਿਕਾਂ ਦੀ ਕੁੱਲ ਗਿਣਤੀ 1432 ਹੋ ਜਾਵੇਗੀ। ਇਸ ਤੋਂ ਇਲਾਵਾ ਸਮੇਂ ਸਿਰ ਐਮਰਜੈਂਸੀ ਅਤੇ ਮਹੱਤਵਪੂਰਨ ਦੇਖਭਾਲ ਸੇਵਾਵਾਂ ਪ੍ਰਦਾਨ ਕਰਨ ਲਈ ਸ੍ਰੀ ਆਨੰਦਪੁਰ ਸਾਹਿਬ ਵਿਖੇ ਇੱਕ ਆਧੁਨਿਕ ਟਰੌਮਾ ਸੈਂਟਰ ਵੀ ਸਥਾਪਤ ਕੀਤਾ ਜਾਵੇਗਾ। ਡਾਕਟਰੀ ਸਿੱਖਿਆ ਅਤੇ ਖੋਜ ਦੇ ਖੇਤਰ , ਜਿਸ ਲਈ 1220 ਕਰੋੜ ਰੁਪਏ ਰੱਖੇ ਗਏ ਹਨ, ਬਾਰੇ ਡਾ. ਬਲਬੀਰ ਸਿੰਘ ਨੇ ਕਿਹਾ ਕਿ ਪੰਜਾਬ ਤੇਜ਼ੀ ਨਾਲ ਪ੍ਰਮੁੱਖ ਮੈਡੀਕਲ ਸਿੱਖਿਆ ਹੱਬ ਬਣ ਰਿਹਾ ਹੈ। ਉਨ੍ਹਾਂ ਵਿਸਥਾਰ ਵਿੱਚ ਦੱਸਿਆ ਕਿ ਹੁਸ਼ਿਆਰਪੁਰ, ਕਪੂਰਥਲਾ, ਸੰਗਰੂਰ,



ਐਸਬੀਐਸ ਨਗਰ, ਲਹਿਰਾਗਾਗਾ, ਮਲੇਰਕੋਟਲਾ ਅਤੇ ਲੁਧਿਆਣਾ ਵਿੱਚ ਸੱਤ ਨਵੇਂ ਮੈਡੀਕਲ ਕਾਲਜ ਸਥਾਪਿਤ ਕੀਤੇ ਜਾ ਰਹੇ ਹਨ, ਜਿਸ ਨਾਲ 600 ਨਵੀਆਂ ਐਮ.ਬੀ.ਬੀ.ਐਸ. ਸੀਟਾਂ ਹੋਣਗੀਆਂ। ਜ਼ਿਕਰਯੋਗ ਹੈ ਕਿ ਵਿਸ਼ੇਸ਼ ਕਰਕੇ ਮਲੇਰਕੋਟਲਾ ਲਈ ਨਵੇਂ ਮੈਡੀਕਲ ਕਾਲਜ ਵਾਸਤੇ 49 ਕਰੋੜ ਦੀ ਲਾਗਤ ਨਾਲ 38.50 ਏਕੜ ਜ਼ਮੀਨ ਖਰੀਦੀ ਗਈ ਹੈ। ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਸ਼ੁਭਕਾਮਨਾਵਾਂ ਦਿੰਦਿਆਂ ਡਾ. ਬਲਬੀਰ ਸਿੰਘ ਨੇ 'ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ' ਦੀ ਸ਼ੁਰੂਆਤ ਲਈ ਪੰਜਾਬ ਦੀਆਂ ਔਰਤਾਂ ਨੂੰ ਵਧਾਈ ਦਿੱਤੀ। ਉਨ੍ਹਾਂ ਨੇ ਇਸ ਨੂੰ ਦੁਨੀਆ ਦੀ ਪਹਿਲੀ ਯੂਨੀਵਰਸਲ ਕੈਸ਼ ਟ੍ਰਾਂਸਫਰ ਸਕੀਮ ਕਰਾਰ ਦਿੱਤਾ, ਜੋ ਸਾਰੀਆਂ ਬਾਲਗ ਔਰਤਾਂ ਨੂੰ ਪ੍ਰਤੀ ਮਹੀਨਾ 1000 ਰੁਪਏ ਅਤੇ ਅਨੁਸੂਚਿਤ ਜਾਤੀ ਭਾਈਚਾਰੇ ਦੀਆਂ ਔਰਤਾਂ ਨੂੰ ਪ੍ਰਤੀ ਮਹੀਨਾ 1500 ਰੁਪਏ ਪ੍ਰਦਾਨ ਕਰਦੀ ਹੈ। 9300 ਕਰੋੜ ਰੁਪਏ ਦੇ ਬਜਟ ਖਰਚ ਨਾਲ, ਇਹ ਯੋਜਨਾ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਇੱਕ ਵੱਡੀ ਗਰੰਟੀ ਨੂੰ ਪੂਰਾ ਕਰੇਗੀ, ਜੋ ਸੂਬੇ ਭਰ ਦੀਆਂ ਲਗਭਗ 97 ਫੀਸਦ ਬਾਲਗ ਔਰਤਾਂ ਲਈ ਵਿੱਤੀ ਸੁਰੱਖਿਆ ਦੇ ਨਾਲ-ਨਾਲ ਸਨਮਾਨ ਨੂੰ ਵੀ ਯਕੀਨੀ ਬਣਾਏਗੀ।


**ਪੰਜਾਬ ਸਰਕਾਰ**
**ਪੰਜਾਬ ਸ਼ਹਿਰੀ ਯੋਜਨਾਬੰਦੀ ਅਤੇ ਵਿਕਾਸ ਅਥਾਰਟੀ**
**ਪੁੱਡਾ ਕੰਪਲੈਕਸ, ਅਰਬਨ ਅਸਟੇਟ ਫੇਜ਼-2, ਪਟਿਆਲਾ**
ਈ-ਟੈਂਡਰ ਨੰਬਰ 187/ਪੁੱਡਾ/ਡੀਈ(ਪੀਐਚ)/2026/5350-5356 ਮਿਤੀ 05-03-2026 ਡਿਵੀਜ਼ਨਲ ਇੰਜੀਨੀਅਰ (ਪੀਐਚ), ਪੁੱਡਾ, ਪਟਿਆਲਾ ÷ਫੂਲਕੀਆਂ ਐਨਕਲੇਵ, ਪੁੱਡਾ ਐਨਕਲੇਵ-1, ਪੁੱਡਾ ਐਨਕਲੇਵ-2, ਦੇਵੀਗੜ੍ਹ ਡਿਵੀਜ਼ਨ ਸਾਈਟ, ਪਟਿਆਲਾ ਅਤੇ ਲੇਹਲ ਮੰਡਲ ਸਾਈਟ-ਨਾਭਾ ਰੋਡ, ਪਟਿਆਲਾ ਵਿੱਚ ਅਸਟੇਟ ਪਬਲਿਕ ਹੈਲਥ ਸਰਵਿਸਿਜ਼ ਲਈ ਟਿਊਬਵੈੱਲਾਂ 'ਤੇ ਸੋਡੀਅਮ ਹਾਈਪੋਕਲੋਰਾਈਡ ਦੀ ਸਪਲਾਈ ਅਤੇ ਡੋਜ਼ਿੰਗ ਦੇ ਸਾਲਾਨਾ ਚੱਲਣ ਅਤੇ ਰੱਖ-ਰਖਾਅ ਲਈ ਔਨਲਾਈਨ ਬੋਲੀ ਮੰਗਦਾ ਹੈ। ਸਾਲ 2026-27 ਲਈ ਪੁੱਡਾ ਐਨਕਲੇਵ-1, ਪੁੱਡਾ ਐਨਕਲੇਵ-2, ਦੇਵੀਗੜ੍ਹ ਸਾਈਟ ਡਿਵੀਜ਼ਨ ਅਤੇ ਲੇਹਲ ਮੰਡਲ ਸਾਈਟ-ਨਾਭਾ ਰੋਡ, ਪਟਿਆਲਾ ਵਿੱਚ ਸੜਕ ਦੇ ਕੰਮ ਦੀ ਸਫਾਈ ਅਤੇ ਸਫਾਈ। (01-04-2026 ਤੋਂ 31-03-2027) - 91.84 ਲੱਖ ਰੁਪਏ।
**ਬੰਦ ਹੋਣ ਦੀ ਮਿਤੀ ਅਤੇ ਸਮਾਂ: 12-03-2026 ਦੁਪਹਿਰ 01:00 ਵਜੇ।**
**ਵੇਰਵਿਆਂ ਲਈ ਲੌਗਇਨ ਕਰੋ: https://eproc.punjab.gov.in**
**ਨੋਟ ਟੈਂਡਰ ਨੋਟਿਸ ਵਿੱਚ ਕੋਈ ਵੀ ਸੋਧ (ਉਪਰੋਕਤ ਵੈੱਬਸਾਈਟ 'ਤੇ ਪ੍ਰਕਾਸ਼ਿਤ ਕੀਤੀ ਜਾਵੇਗੀ)।**
RO.No. PR-Advt No. 1716/12/2025-26/9101/Dated chd 07/03/2026

**ਦੀ ਸਮਾਣਾ ਪ੍ਰਾਇਮਰੀ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਲਿਮ:ਸਮਾਣਾ**
EMail-padbsamana1@gmail.com Phone : 01764-263121
**ਨੋਟਿਸ ਆਮ ਇਜਲਾਸ**
ਦੀ ਸਮਾਣਾ ਪ੍ਰਾਇਮਰੀ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਲਿਮ: ਸਮਾਣਾ ਦੇ ਸਮੂਹ ਏ-ਕਲਾਸ ਮੈਂਬਰਾਂ ਨੂੰ ਇਸ ਨੋਟਿਸ ਰਾਹੀ ਸੂਚਿਤ ਕੀਤਾ ਜਾਂਦਾ ਹੈ ਕਿ ਇਸ ਬੈਂਕ ਦੇ ਏ-ਕਲਾਸ ਮੈਂਬਰਾਂ ਦਾ ਆਮ ਇਜਲਾਸ ਮਿਤੀ 27.03.2026 ਨੂੰ ਦਿਨ ਸ਼ੁਕਰਵਾਰ ਨੂੰ ਸਵੇਰੇ 11.00 ਵਜੇ ਪੀ.ਏ.ਡੀ.ਬੀ. ਸਮਾਣਾ ਵਿਖੇ ਹੋਵੇਗਾ। ਬੈਂਕ ਦੇ ਸਮੂਹ ਏ-ਕਲਾਸ ਮੈਂਬਰਾਂ ਨੂੰ ਦੱਸੇ ਗਏ ਸਥਾਨ ਤੇ ਸਮੇਂ ਸਿਰ ਪਹੁੰਚਣ ਦੀ ਬੇਨਤੀ ਕੀਤੀ ਜਾਂਦੀ ਹੈ।
**ਅਜੰਡਾ ਹੇਠ ਲਿਖੇ ਅਨੁਸਾਰ ਹੋਵੇਗਾ**
1. ਪਿਛਲੇ ਆਮ ਇਜਲਾਸ ਦੀ ਕਾਰਵਾਈ ਦੀ ਪੁਸ਼ਟੀ ਕਰਨ ਤੇ ਵਿਚਾਰ।
2. ਮਾਨਯੋਗ ਰਜਿਸਟਰਾਰ ਸਹਿਕਾਰੀ ਸਭਾਵਾਂ,ਪੰਜਾਬ,ਚੰਡੀਗੜ੍ਹ ਵੱਲੋ ਸਮੇਂ ਸਮੇਂ ਸਿਰ ਬੈਂਕ ਦੇ ਬਾਈਲਾਜ਼ ਰੂਲਾਂ ਕਰਜ਼ਾਂ ਪਾਲਿਸੀਆਂ ਆਦਿ ਵਿੱਚ ਸੋਧਾਂ-ਤਰਮੀਮਾਂ ਅਤੇ ਨਿਰਦੇਸ਼ਾਂ ਨੂੰ ਅਪਨਾਉਣ ਤੇ ਵਿਚਾਰ।
3. ਸਾਲ 2024-25 ਦੀ ਆਡਿਟ ਰਿਪੋਰਟ ਇੰਸਪੈਕਸ਼ਨ ਨੋਟਾਂ ਲਾਭ-ਹਾਨੀ,ਬੈਲੇਂਸ ਸ਼ੀਟ, ਸਟੈਚੁਟਰੀ ਆਡਿਟ,ਖਰਚੇ ਅਤੇ ਆਮਦਨ ਨੂੰ ਵਾਚਣ ਉਪਰੰਤ ਪ੍ਰਵਾਨ ਕਰਨ ਤੇ ਵਿਚਾਰ।
4. ਸਾਲ 2024-25 ਦੇ ਬੈਂਕ ਦੇ ਸਾਰੇ ਖਰਚਿਆਂ ਦੀ ਪ੍ਰਵਾਨਗੀ ਤੇ ਵਿਚਾਰ।
5. ਆਮ ਇਜਲਾਸ ਦੇ ਖਰਚੇ ਦੀ ਪ੍ਰਵਾਨਗੀ ਤੇ ਵਿਚਾਰ।
6. ਪਿਛਲੇ ਆਮ ਇਜਲਾਸ ਤੋ ਲੈ ਕੇ ਤਾ-ਤਾਰੀਖ ਤੱਕ ਪ੍ਰਬੰਧਕ ਕਮੇਟੀ ਵੱਲੋ ਪਾਸ ਕੀਤੇ ਗਏ ਮੱਤਿਆਂ ਦੀ ਪ੍ਰਵਾਨਗੀ ਅਤੇ ਪੁਸ਼ਟੀ ਕਰਨ ਤੇ ਵਿਚਾਰ।
7. ਬੈਂਕ ਦੇ ਸਾਲ 2024-25 ਦੇ ਲਾਭਾਂ/ਹਾਨੀ ਆਦਿ ਐਲੋਕੇਟ ਕਰਨ ਤੇ ਵਿਚਾਰ।
ਨੋਟ: 1. ਉਪਰੋਕਤ ਅਜੰਡਿਆਂ ਸਬੰਧੀ ਜਾਣਕਾਰੀ ਕਿਸੇ ਵੀ ਕੰਮ ਕਾਰ ਵਾਲੇ ਦਿਨ ਆਮ ਇਜਲਾਸ ਦੀ ਮਿਤੀ ਤੋ ਤਿੰਨ ਦਿਨ ਪਹਿਲਾਂ ਤੱਕ ਦਫਤਰੀ ਸਮੇਂ ਦੌਰਾਨ ਬੈਂਕ ਤੋ ਪ੍ਰਾਪਤ ਕੀਤੀ ਜਾ ਸਕਦੀ ਹੈ।
2. ਜੇਕਰ ਕਿਸੇ ਕਾਰਨ ਆਮ ਇਜਲਾਸ ਦਾ ਕੋਰਮ ਸਵੇਰੇ 11 ਵਜੇ ਪੂਰਾ ਨਹੀ ਹੁੰਦਾ ਤਾਂ ਉਸੇ ਦਿਨ ਦੁਪਹਿਰੇ 3 ਵਜੇ ਆਮ ਇਜਲਾਸ ਦੀ ਮੀਟਿੰਗ ਹੋਵੇਗੀ।
**ਸਹੀ/-ਮੈਨੇਜਰ**
**ਪੀ.ਏ.ਡੀ.ਬੀ. ਸਮਾਣਾ**

# ਮਾਨ ਸਰਕਾਰ ਵੱਲੋਂ 'ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ' ਇੱਕ ਇਤਿਹਾਸਕ ਕਦਮ : ਮੀਤ ਹੇਅਰ



ਬਰਨਾਲਾ, 8 ਮਾਰਚ (ਬਘੇਲ ਸਿੰਘ ਧਾਲੀਵਾਲ) : ਪੰਜਾਬ ਵਿਧਾਨ ਸਭਾ ਦੇ ਬਜਟ ਸੈਸ਼ਨ ਵਿੱਚ ਅੱਜ ਕੌਮਾਂਤਰੀ ਮਹਿਲਾ ਦਿਵਸ ਮੌਕੇ ਸੂਬੇ ਦੀਆਂ ਔਰਤਾਂ ਲਈ ਅਹਿਮ ਅਤੇ ਇਤਿਹਾਸਕ ਐਲਾਨ ਕੀਤਾ ਗਿਆ ਹੈ। ਸੂਬੇ ਦੀਆਂ ਔਰਤਾਂ ਲਈ 'ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ' ਦੇ ਆਗਾਜ਼ ਦਾ ਐਲਾਨ ਕੀਤਾ ਗਿਆ ਹੈ, ਜਿਸ ਤਹਿਤ ਸੂਬੇ ਦੀਆਂ ਬਾਲਗ ਔਰਤਾਂ ਨੂੰ 1000 ਰੁਪਏ ਅਤੇ ਅਨੁਸੂਚਿਤ ਜਾਤੀ ਦੀਆਂ ਔਰਤਾਂ ਨੂੰ 1500 ਰੁਪਏ ਪ੍ਰਤੀ ਮਹੀਨਾ ਸਿੱਧਾ ਬੈਂਕ ਖਾਤਿਆਂ ਵਿੱਚ ਪਾਇਆ ਜਾਵੇਗਾ। ਇਹ ਪ੍ਰਗਟਾਵਾ ਲੋਕ ਸਭਾ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਨੇ ਪ੍ਰੈੱਸ ਬਿਆਨ ਰਾਹੀਂ ਕੀਤਾ। ਓਹਨਾਂ ਕਿਹਾ ਕਿ ਮਾਨ ਸਰਕਾਰ ਨੇ ਪੰਜਾਬ ਦੇ ਲੋਕਾਂ ਨਾਲ ਕੀਤੀਆਂ ਸਾਰੀਆਂ ਗਰੰਟੀਆਂ ਨੂੰ ਪੂਰਾ ਕੀਤਾ ਹੈ, ਚਾਹੇ ਉਹ ਮੁਫ਼ਤ ਬਿਜਲੀ ਸਕੀਮ ਹੋਵੇ, ਸਿਹਤ ਯੋਜਨਾ ਹੋਵੇ ਜਾਂ ਔਰਤਾਂ ਲਈ ਵਿੱਤੀ ਸਹਾਇਤਾ ਦੀ ਸਕੀਮ ਹੋਵੇ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਜੋ ਵਾਅਦੇ ਸੂਬੇ ਦੇ ਲੋਕਾਂ ਨਾਲ ਕੀਤੇ, ਉਹ ਚਾਰ ਸਾਲਾਂ ਦੇ ਅੰਦਰ ਅੰਦਰ ਨਿਭਾਏ ਹਨ। ਉਨ੍ਹਾਂ ਕਿਹਾ ਕਿ ਅੱਜ ਬਹੁਤ ਹੀ ਬਿਹਤਰੀਨ ਬਜਟ ਵਿੱਤ ਮੰਤਰੀ ਪੰਜਾਬ ਹਰਪਾਲ ਸਿੰਘ ਚੀਮਾ ਨੇ ਪੇਸ਼ ਕੀਤਾ ਹੈ, ਜਿਸ ਲਈ ਉਹ ਉਹਨਾਂ ਨੂੰ ਮੁਬਾਰਕਬਾਦ ਦਿੰਦੇ ਹਨ। ਓਹਨਾਂ ਕਿਹਾ ਕਿ ਇਹ ਬਜਟ ਸਿਹਤ, ਸਿੱਖਿਆ, ਬੁਨਿਆਦੀ ਢਾਂਚੇ, ਕਿਸਾਨਾਂ, ਆਮ ਲੋਕਾਂ ਸਮੇਤ ਸਾਰੇ ਵਰਗਾਂ ਅਤੇ ਖੇਤਰਾਂ 'ਤੇ ਕੇਂਦ੍ਰਿਤ ਹੈ। ਮੀਤ ਹੇਅਰ ਨੇ ਕਿਹਾ ਕਿ ਉਹ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਅਤੇ ਸਮੁੱਚੀ ਲੀਡਰਸ਼ਿਪ ਨੂੰ ਵਧਾਈ ਦਿੰਦੇ ਹਨ, ਜਿਨ੍ਹਾਂ ਨੇ ਜੋ ਵੀ ਗਰੰਟੀਆਂ ਪੰਜਾਬ ਦੀ ਜਨਤਾ ਨੂੰ ਦਿੱਤੀਆਂ, ਉਹ ਪੂਰੀਆਂ ਕੀਤੀਆਂ ਹਨ ਅਤੇ ਸੂਬੇ ਲਈ ਲਾਮਿਸਾਲ ਯੋਜਨਾਵਾਂ ਲਿਆਂਦੀਆਂ ਹਨ। ਓਹਨਾਂ ਕਿਹਾ ਕਿ ਮਾਨ ਸਰਕਾਰ ਵੱਲੋਂ ਖੇਡਾਂ ਦੇ ਖੇਤਰ ਨੂੰ ਬੇਹੱਦ ਤਰਜੀਹ ਦਿੱਤੀ ਗਈ ਹੈ। ਓਹਨਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਵੇਲੇ ਖੇਡਾਂ ਦਾ ਜਿਹੜਾ ਬਜਟ ਸਿਰਫ਼ 147 ਕਰੋੜ ਤੱਕ ਹੀ ਸੀ, ਉਹ ਮਾਨ ਸਰਕਾਰ ਵੱਲੋਂ ਵਧਾ ਕੇ 1800 ਕਰੋੜ ਰੁਪਏ ਕੀਤਾ ਗਿਆ। ਓਹਨਾਂ ਕਿਹਾ ਕਿ ਤਕਰੀਬਨ 12 ਗੁਣਾ ਸਿਰਫ ਖੇਡਾਂ ਦਾ ਬਜਟ ਵਧਾਇਆ ਗਿਆ, ਜਿਸ ਬਦੌਲਤ ਪਿੰਡਾਂ ਵਿਚ ਖੇਡ ਮੈਦਾਨਾਂ ਲਈ ਫੰਡ ਜਾਰੀ ਕੀਤੇ ਗਏ, ਜਿਸ ਨਾਲ ਪਿੰਡਾਂ ਦੇ ਖੇਡ ਢਾਂਚੇ ਦੀ ਨੁਹਾਰ ਬਦਲੀ ਜਾ ਰਹੀ ਹੈ। ਓਹਨਾਂ ਕਿਹਾ ਕਿ ਸੂਬੇ ਵਿਚ 3000 ਖੇਡ ਮੈਦਾਨ ਪਿਛਲੇ ਸਾਲ ਬਣੇ ਹਨ ਅਤੇ ਇੰਨੇ ਹੀ ਖੇਡ ਮੈਦਾਨ ਇਸ ਸਾਲ ਬਣਨੇ ਹਨ। ਓਹਨਾਂ ਕਿਹਾ ਕਿ ਜਿਹੜਾ ਖੇਡ ਸੱਭਿਆਚਾਰ ਪਿਛਲੇ ਸਮੇਂ ਵਿੱਚ ਸੂਬੇ 'ਚ ਖਤਮ ਹੋ ਚੁੱਕਿਆ ਸੀ, ਉਹ ਮਾਨ ਸਰਕਾਰ ਦੇ ਉਪਰਾਲਿਆਂ ਨਾਲ ਮੁੜ ਤੋਂ ਉਤਸ਼ਾਹਿਤ ਹੋਇਆ ਹੈ। ਉਹ ਦਿਨ ਦੂਰ ਨਹੀਂ, ਜਦੋਂ ਇਨ੍ਹਾਂ ਪਿੰਡਾਂ ਦੇ ਖੇਡ ਮੈਦਾਨਾਂ ਵਿੱਚੋਂ ਨਿਕਲ ਕੇ ਖਿਡਾਰੀ ਏਸ਼ੀਅਨ ਖੇਡਾਂ ਅਤੇ ਉਲੰਪਿਕਸ ਤੱਕ ਜਾਣਗੇ ਅਤੇ ਸੂਬੇ ਨੂੰ ਮੁੜ ਤੋਂ ਨੰਬਰ ਇੱਕ 'ਤੇ ਲੈ ਕੇ ਆਉਣਗੇ। ਓਹਨਾਂ ਕਿਹਾ ਕਿ ਅੱਜ ਵਿੱਤ ਮੰਤਰੀ ਪੰਜਾਬ ਵੱਲੋਂ ਲੋਕਪੱਖੀ ਅਤੇ ਵਿਕਾਸਮੁਖੀ ਬਜਟ ਪੇਸ਼ ਕੀਤਾ ਗਿਆ ਹੈ, ਜਿਸ ਨਾਲ ਸੂਬੇ ਦੇ ਵਿਕਾਸ ਅਤੇ ਖੁਸ਼ਹਾਲੀ ਨੂੰ ਹੋਰ ਹੁਲਾਰਾ ਮਿਲੇਗਾ ਅਤੇ ਸਾਡਾ ਸੂਬਾ 'ਰੰਗਲਾ ਪੰਜਾਬ' ਬਣੇਗਾ।

# ਪੰਜਾਬ ਸਰਕਾਰ ਨੇ ਵਾਅਦਾ ਨਿਭਾਇਆ : ਉੱਗੋਕੇ, ਪੰਡੋਰੀ



ਬਰਨਾਲਾ, 8 ਮਾਰਚ (ਬਘੇਲ ਸਿੰਘ ਧਾਲੀਵਾਲ): ਵਿਧਾਇਕ ਹਲਕਾ ਭਦੌੜ ਲਾਭ ਸਿੰਘ ਉੱਗੋਕੇ ਅਤੇ ਵਿਧਾਇਕ ਹਲਕਾ ਮਹਿਲ ਕਲਾਂ ਕੁਲਵੰਤ ਸਿੰਘ ਨੇ ਕਿਹਾ ਕਿ ਪੰਜਾਬ ਵਿਧਾਨ ਸਭਾ ਦੇ ਬਜਟ ਸੈਸ਼ਨ ਦੌਰਾਨ ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਵਿੱਤ ਮੰਤਰੀ ਵੱਲੋਂ 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਔਰਤਾਂ ਲਈ ਵੱਡਾ ਤੋਹਫ਼ਾ ਹੈ, ਜੋ ਕਿ ਸੂਬੇ ਦੀਆਂ ਔਰਤਾਂ ਦੀ ਆਰਥਿਕ ਖੁਸ਼ਹਾਲੀ ਦੀ ਦਿਸ਼ਾ ਵਿੱਚ ਅਹਿਮ ਕਦਮ ਹੈ। ਓਹਨਾਂ ਕਿਹਾ ਕਿ ਇਸ ਤਹਿਤ ਔਰਤਾਂ ਨੂੰ 1000 ਰੁਪਏ ਅਤੇ ਅਨੁਸੂਚਿਤ ਜਾਤੀ ਦੀਆਂ ਔਰਤਾਂ ਨੂੰ 1500 ਰੁਪਏ ਪ੍ਰਤੀ ਮਹੀਨਾ ਦੇਣ ਦਾ ਐਲਾਨ ਕੀਤਾ ਗਿਆ ਹੈ, ਜਿਸ ਨਾਲ ਸੂਬਾ ਸਰਕਾਰ ਨੇ ਪੰਜਾਬ ਦੇ ਲੋਕਾਂ ਨਾਲ ਕੀਤੇ ਸਾਰੇ ਵਾਅਦੇ ਨਿਭਾਏ ਹਨ। ਓਹਨਾਂ ਕਿਹਾ ਕਿ ਅੱਜ ਜ਼ਿਲ੍ਹਾ ਬਰਨਾਲਾ ਦੇ ਤਿੰਨੇ ਹਲਕਿਆਂ ਵਿੱਚ ਔਰਤਾਂ ਨੇ ਸਕਰੀਨਾਂ ਰਾਹੀਂ ਇਹ ਬਜਟ ਸੈਸ਼ਨ ਦਾ ਸਿੱਧਾ ਪ੍ਰਸਾਰਨ ਦੇਖਿਆ ਅਤੇ ਜਿਵੇਂ ਹੀ ਵਿੱਤ ਮੰਤਰੀ ਪੰਜਾਬ ਵੱਲੋਂ ਇਹ ਐਲਾਨ ਕੀਤਾ ਗਿਆ, ਸਾਰੀਆਂ ਔਰਤਾਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਅਤੇ ਸਭ ਨੇ ਸਰਕਾਰ ਵੱਲੋਂ ਲਿਆਂਦੀ ਇਸ ਯੋਜਨਾ ਦਾ ਸਵਾਗਤ ਕੀਤਾ। ਇਸ ਮੌਕੇ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਪਰਮਿੰਦਰ ਸਿੰਘ ਭੰਗੂ ਨੇ ਕਿਹਾ ਕਿ ਅੱਜ ਜ਼ਿਲ੍ਹਾ ਬਰਨਾਲਾ ਦੇ ਤਿੰਨੇ ਹਲਕਿਆਂ ਵਿੱਚ ਜ਼ਿਲ੍ਹੇ ਦੀਆਂ ਸੈਂਕੜੇ ਔਰਤਾਂ ਨੇ ਬਜਟ ਦਾ ਸਿੱਧਾ ਪ੍ਰਸਾਰਨ ਐਲ.ਈ.ਡੀ ਸਕਰੀਨਾਂ ਉੱਤੇ ਦੇਖਿਆ। ਓਹਨਾਂ ਕਿਹਾ ਕਿ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਜਦੋਂ ਪੰਜਾਬ ਦੇ ਗ੍ਰੰਟੀਆਂ ਪੂਰੀਆਂ ਕਰਨ ਵਾਲੇ ਬਜਟ ਵਿੱਚ ਔਰਤਾਂ ਲਈ 1000 ਰੁਪਏ ਅਤੇ ਅਨੁਸੂਚਿਤ ਜਾਤੀ ਦੀਆਂ ਔਰਤਾਂ ਲਈ 1500 ਰੁਪਏ ਪ੍ਰਤੀ ਮਹੀਨਾ ਸਿੱਧਾ ਖਾਤਿਆਂ ਵਿੱਚ ਪਾਉਣ ਦਾ ਐਲਾਨ ਕੀਤਾ ਤਾਂ ਔਰਤਾਂ ਨੇ ਤਾੜੀਆਂ ਦੀ ਗੂੰਜ ਨਾਲ ਸਰਕਾਰ ਦੇ ਐਲਾਨ ਦਾ ਸਵਾਗਤ ਕੀਤਾ। ਇਸ ਮੌਕੇ ਚੇਅਰਮੈਨ ਨਗਰ ਸੁਧਾਰ ਟਰੱਸਟ ਸ੍ਰੀ ਰਾਮ ਤੀਰਥ ਮੰਨਾ ਅਤੇ ਹਲਕਾ ਇੰਚਾਰਜ ਹਰਿੰਦਰ ਸਿੰਘ ਧਾਲੀਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹਰ ਵਰਗ ਦੀ ਭਲਾਈ ਨੂੰ ਮੁੱਖ ਰੱਖਦਿਆਂ ਬਜਟ ਪੇਸ਼ ਕੀਤਾ ਗਿਆ ਹੈ। ਓਹਨਾਂ ਕਿਹਾ ਸਰਕਾਰ ਵੱਲੋਂ ਸਿਹਤ ਯੋਜਨਾ 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਸਮੇਤ ਕਈ ਅਹਿਮ ਸਕੀਮਾਂ ਲਿਆਂਦੀਆਂ ਗਈਆਂ ਹਨ, ਜੋ ਕਿ ਦੇਸ਼ ਭਰ ਵਿੱਚੋਂ ਨਿਵੇਕਲੀਆਂ ਭਲਾਈ ਸਕੀਮਾਂ ਹਨ। ਜਿਸ ਨਾਲ ਸੂਬੇ ਵਿੱਚ ਵਿਕਾਸ ਨੂੰ ਹੋਰ ਰਫ਼ਤਾਰ ਮਿਲੇਗੀ।

# 'ਯੁੱਧ ਨਸ਼ਿਆਂ ਵਿਰੁੱਧ' ਅਤੇ ਮਿਸ਼ਨ ਪ੍ਰਹਾਰ ਮੁਹਿੰਮ ਤਹਿਤ ਧਨੌਲਾ ਪੁਲਿਸ ਦੇ ਮਜ਼ਬੂਤ ਇਰਾਦੇ, ਲੋਕਾਂ ਵਿੱਚ ਵਧਿਆ ਭਰੋਸਾ



ਧਨੌਲਾ, 8 ਮਾਰਚ (ਚਮਕੌਰ ਸਿੰਘ ਗੱਗੀ) : ਪੰਜਾਬ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਅਤੇ ਮਿਸ਼ਨ ਪਰਹਾਰ ਗੈਂਗਸਟਰ 'ਤੇ ਵਾਰ ਮੁਹਿੰਮ ਤਹਿਤ ਸਮਾਜ ਵਿਰੋਧੀ ਅਨਸਰਾਂ ਨੂੰ ਠੱਲ੍ਹ ਪਾਉਣ ਲਈ ਥਾਣਾ ਧਨੌਲਾ ਦੇ ਮੁੱਖ ਅਫਸਰ ਇਸਪੈਕਟਰ ਲਖਬੀਰ ਸਿੰਘ ਵੱਲੋਂ ਮਜ਼ਬੂਤ ਅਤੇ ਸਾਰਥਕ ਕਦਮ ਚੁੱਕੇ ਗਏ ਹਨ। ਜਦੋਂ ਦੇ ਇੰਸਪੇਕਟਰ ਲਖਬੀਰ ਸਿੰਘ ਨੇ ਥਾਣਾ ਧਨੌਲਾ ਦਾ ਕਾਰਜਭਾਰ ਸੰਭਾਲਿਆ ਹੈ, ਉਸ ਸਮੇਂ ਤੋਂ ਇਲਾਕੇ ਵਿਚ ਨਸ਼ਾ ਤਸਕਰੀ ਦੇ ਮਾਮਲਿਆਂ ਵਿੱਚ ਮਹੱਤਵਪੂਰਨ ਕਮੀ ਦਰਜ ਕੀਤੀ ਗਈ ਅਤੇ ਥਾਣਾ ਵਿੱਚ ਇਨਸਾਫ਼ ਲਈ ਆ ਰਹੇ ਲੋਕਾਂ ਵਿਚ ਪੁਲਿਸ ਪ੍ਰਤੀ ਭਰੋਸਾ ਵਧਿਆ ਹੈ। ਥਾਣਾ ਧਨੌਲਾ ਅਧੀਨ ਆਉਂਦੇ ਪਿੰਡਾਂ ਅਤੇ ਸ਼ਹਿਰੀ ਇਲਾਕਿਆ ਵਿੱਚ ਇੰਸਪੇਕਟਰ ਲਖਬੀਰ ਸਿੰਘ ਦੀ ਅਗਵਾਈ ਹੇਠ ਥਾਣਾ ਦੀ ਪੁਲਿਸ ਟੀਮ ਵੱਲੋਂ ਟੀਮ ਵਰਕ ਕਰਕੇ ਸਮਾਜ ਵਿਰੋਧੀ ਅਨਸਰਾਂ ਨੂੰ ਨੱਥ ਪਾਈ ਗਈ ਹੈ। ਲਗਾਤਾਰ ਨਾਕਾਬੰਦੀ , ਸ਼ੱਕੀ ਵਾਹਨਾਂ ਦੀ ਜਾਂਚ ਅਤੇ ਸੰਵੇਦਨਸ਼ੀਲ ਸਥਾਨਾਂ 'ਤੇ ਚੌਕਸੀ ਵਧਾਈ ਗਈ ਹੈ। ਖਾਸ ਕਰਕੇ ਸਮੇ ਦੇ ਸਮੇ ਅਤੇ ਸਕੂਲਾਂ ਬੱਸ ਸਟੈਂਡ, ਹਸਪਤਾਲ ਜਿੱਥੇ ਲੋਕਾਂ ਦਾ ਜਿਆਦਾ ਆਉਣਾ ਜਾਣਾ ਹੈ, ਉੱਥੇ ਗਸ਼ਤ ਨੂੰ ਤੇਜ਼ ਕੀਤਾ ਗਿਆ ਤਾਂ ਜੋ ਲੋਕ ਸੁਰੱਖਿਅਤ ਰਹਿਣ, ਤੇ ਨੌਜਵਾਨ ਪੀੜ੍ਹੀ ਨੂੰ ਨਸ਼ਿਆ ਦੀ ਲਪੇਟ ਵਿਚ ਆਉਣ ਤੋਂ ਬਚਾਇਆ ਜਾ ਸਕੇ । ਨਸ਼ਿਆਂ ਵਿਰੁੱਧ ਮੁਹਿੰਮ ਨੂੰ ਜ਼ਮੀਨੀ ਪੱਧਰ 'ਤੇ ਸਫਲ ਬਣਾਉਣ ਲਈ ਥਾਣਾ ਦੀ ਸਮੂਹ ਮੁਲਾਜ਼ਮਾਂ ਵੱਲੋਂ ਯੋਜਨਾਬੰਦੀ ਕੀਤੀ ਗਈ, ਜਿਸ ਨਾਲ ਇਲਾਕੇ ਵਿਚਲੇ ਵੱਡੇ ਨਸ਼ਾ ਤਸਕਰਾਂ ਨੂੰ ਜੇਲ੍ਹਾਂ ਵਿੱਚ ਸੁੱਟਿਆ। ਇੰਸਪੈਕਟਰ ਲਖਬੀਰ ਸਿੰਘ ਨੇ ਗੱਲਬਾਤ ਕਰਦਿਆਂ ਕਿਹਾ ਕਿ ਨਸ਼ਾ ਤਸਕਰੀ ਸਿਰਫ਼ ਕਾਨੂੰਨੀ ਮਸਲਾ ਨਹੀਂ ਸਗੋਂ ਸਮਾਜਕ ਬੁਰਾਈ ਵੀ ਹੈ , ਜਿਸ ਨੂੰ ਆਮ ਲੋਕਾਂ ਨਾਲ ਮਿਲ ਜੁਲ ਕੇ ਹੀ ਖ਼ਤਮ ਕੀਤਾ ਜਾ ਸਕਦਾ ਹੈ । ਉਨ੍ਹਾਂ ਦੱਸਿਆ ਕਿ ਨਸ਼ਿਆ ਦੇ ਖਿਲਾਫ ਸਿਰਫ਼ ਗ੍ਰਿਫਤਾਰੀਆ ਕਰਨਾ ਹੀ ਮਕਸਦ ਨਹੀਂ, ਸਗੋਂ ਨਸ਼ਾ ਛੁਡਾਓ ਕੇਂਦਰਾਂ ਨਾਲ ਸਹਿਯੋਗ ਕਰਕੇ ਪੀੜਤ ਨੌਜਵਾਨਾਂ ਦਾ ਇਲਾਜ ਕਰਵਾਉਣਾ ਅਤੇ ਉਹਨਾਂ ਨੂੰ ਚੰਗੇ ਇਨਸਾਨ ਬਣਾਉਣ ਵੱਲ ਵੀ ਧਿਆਨ ਦਿੱਤਾ ਜਾ ਰਿਹਾ ਹੈ। ਥਾਣਾ ਧਨੌਲਾ ਦੀ ਪੁਲਿਸ ਵੱਲੋਂ ਪਿੰਡਾਂ ਵਿਚ ਗ੍ਰਾਮ ਪੰਚਾਇਤਾਂ ਅਤੇ ਸਮਾਜਿਕ ਕਲੱਬਾਂ ਰਾਹੀਂ ਜਾਗਰੂਕਤਾ ਸੈਮੀਨਾਰ, ਸਕੂਲਾਂ ਵਿਚ ਵਿਸ਼ੇਸ਼ ਸੈਮੀਨਾਰ ਕਰਵਾਏ ਗਏ, ਤਾਂ ਜੋ ਸਕੂਲੀ ਵਿਦਿਆਰਥੀ ਇਸ ਨਸ਼ਾ ਰੂਪੀ ਦੈਂਤ ਦੇ ਵਿੱਚ ਨਾ ਫਸਣ । ਵਿਦਿਆਰਥੀਆਂ ਨੂੰ ਨਸ਼ਿਆਂ ਦੇ ਸਰੀਰਕ, ਮਾਨਸਿਕ ਅਤੇ ਆਰਥਿਕ ਨੁਕਸਾਨ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ । ਉੱਚ ਅਧਿਕਾਰੀਆ ਦੀ ਆ ਹਦਾਇਤਾਂ ਤਹਿਤ ਮਾਪਿਆਂ ਨੂੰ ਵੀ ਅਪੀਲ ਕੀਤੀ ਗਈ ਕਿ ਉਹ ਆਪਣੇ ਬੱਚਿਆਂ ਦੀਆਂ ਗਤੀਵਿਧੀਆਂ 'ਤੇ ਨਿਗਰਾਨੀ ਰੱਖਣ ਅਤੇ ਕਿਸੇ ਵੀ ਸ਼ੱਕੀ ਗਤੀਵਿਧੀ ਬਾਰੇ ਪੁਲਿਸ ਨੂੰ ਸੂਚਿਤ ਕਰਨ । ਨਸ਼ਿਆਂ ਸਬੰਧੀ ਮਿਲਣ ਵਾਲੀ ਹਰ ਸੂਚਨਾ ਨੂੰ ਗੰਭੀਰਤਾ ਨਾਲ ਲਿਆ ਜਾਂਦਾ ਹੈ ਅਤੇ ਸੂਚਨਾ ਦੇਣ ਵਾਲੇ ਦੀ ਪਹਿਚਾਣ ਗੁਪਤ ਰੱਖੀ ਜਾਂਦੀ ਹੈ। ਪਿੰਡਾਂ ਦੇ ਸਰਪੰਚਾਂ ਅਤੇ ਸਮਾਜ ਸੇਵੀਆਂ ਨੇ ਵੀ ਪੁਲਿਸ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਜਾ ਰਹੀ ਹੈ । ਪੁਲਿਸ ਰਿਕਾਰਡ ਮੁਤਾਬਕ ਪਿਛਲੇ ਸਮੇ ਦੌਰਾਨ ਇਲਾਕੇ ਵਿਚ ਹੋਈਆਂ ਚੋਰੀਆਂ ਨੂੰ ਟ੍ਰੇਸ ਕਰਕੇ ਚੋਰਾਂ ਖਿਲਾਫ਼ ਸਖ਼ਤ ਕਾਰਵਾਈ ਕੀਤੀ ਗਈ, ਮਾੜੇ ਅਨਸਰਾਂ ਖਿਲਾਫ਼ ਸਖ਼ਤ ਕਾਰਵਾਈ ਕਰਨ ਅਤੇ ਲੋਕਾਂ ਨੂੰ ਇਨਸਾਫ਼ ਦੇਣ ਕਾਰਨ ਧਨੌਲਾ ਦੇ ਥਾਣਾ ਮੁਖੀ ਇੰਸਪੈਕਟਰ ਲਖਬੀਰ ਸਿੰਘ ਲੋਕਾਂ ਦੇ ਹਰਮਨ ਪਿਆਰੇ ਅਫਸਰ ਬਣੇ।

# ਪਿੰਡ ਖੁੱਡੀ ਕਲਾਂ ਵਿਖੇ ਭਰੂਣ ਹੱਤਿਆ ਅਤੇ ਨਸ਼ਿਆਂ ਵਿਰੁੱਧ ਅੰਤਰਰਾਸ਼ਟਰੀ ਮਹਿਲਾ ਦਿਵਸ ਨੂੰ ਸਮਰਪਿਤ ਪ੍ਰਭਾਤ ਫੇਰੀ ਕੱਢੀ



ਬਰਨਾਲਾ, 8 ਮਾਰਚ (ਸੁਖਵਿੰਦਰ ਸਿੰਘ ਭੰਡਾਰੀ) : ਉਪਕਾਰ ਕੋਆਰਡੀਨੇਸ਼ਨ ਸੋਸਾਇਟੀ ਬਰਨਾਲਾ ਵੱਲੋਂ ਕੰਨਿਆ ਭਰੂਣ ਹੱਤਿਆ ਅਤੇ ਨਸ਼ਿਆਂ ਖ਼ਿਲਾਫ਼ ਕੱਢੀ ਗਈ ਕੱਢੀ ਗਈ ਪ੍ਰਭਾਤ ਫੇਰੀ ਬਾਰੇ ਜਾਣਕਾਰੀ ਦਿੰਦੇ ਹੋਏ ਪ੍ਰਧਾਨ ਨੀਰਜ ਕੁਮਾਰ ਸਿੰਗਲਾ ਨੇ ਦੱਸਿਆ ਕਿ ਉਪਕਾਰ ਕੋਆਰਡੀਨੇਸ਼ਨ ਸੋਸਾਇਟੀ ਰਜਿਸਟਰਡ ਬਰਨਾਲਾ ਵੱਲੋਂ ਸਿਮਰਨਜੀਤ ਸਿੰਘ ਸਰਪੰਚ, ਪੰਚਾਇਤ ਅਤੇ ਗੁਰਦਵਾਰਾ ਮੰਜੀ ਸਾਹਿਬ ਦੇ ਸਹਿਯੋਗ ਨਾਲ ਗੁਰਦੁਆਰਾ ਸਾਹਿਬ ਵਿਖੇ ਭਰੂਣ ਹੱਤਿਆ ਅਤੇ ਨਸ਼ਿਆਂ ਵਿਰੁੱਧ ਪ੍ਰਭਾਤ ਫੇਰੀ ਕੱਢੀ ਗਈ, ਇਸ ਪ੍ਰਭਾਤ ਫੇਰੀ ਦੌਰਾਨ ਹਾਜ਼ਰ ਸੰਗਤ ਨੂੰ ਭਰੂਣ ਹੱਤਿਆ ਅਤੇ ਨਸ਼ਿਆਂ ਵਿਰੁੱਧ ਜਾਗਰੂਕ ਕੀਤਾ ਗਿਆ। ਇਹਨਾਂ ਕੁਰੀਤੀਆਂ ਤੋਂ ਬਚਣ ਲਈ ਅਪੀਲ ਕੀਤੀ ਗਈ ਅਤੇ ਇਸ ਦੇ ਮਾੜੇ ਪ੍ਰਭਾਵਾਂ ਬਾਰੇ ਦੱਸਿਆ ਗਿਆ ਸੁਭਾਸ਼ ਭਾਰਤੀ ਜਨਰਲ ਸਕੱਤਰ ਵੱਲੋਂ ਬੱਚਾ ਗੋਦ ਲੈਣ ਅਤੇ ਬੱਚਾ ਗੋਦ ਦੇਣ ਸਬੰਧੀ ਸਾਰੀ ਪ੍ਰਕਿਰਿਆ ਨੂੰ ਬੜੇ ਵਿਸਥਾਰ ਵਿੱਚ ਦੱਸਿਆ ਗਿਆ ਅਤੇ ਨਸ਼ਿਆਂ ਦੇ ਮਾੜੇ ਪ੍ਰਭਾਵ ਬਾਰੇ ਜਾਣੂੰ ਕਰਵਾਇਆ ਗਿਆ। ਗੁਰਦੀਪ ਬਾਂਸਲ ਮੰਟੂ ਮੁੱਖ ਸਲਾਹਕਾਰ ਵੱਲੋਂ ਉਪਕਾਰ ਸੋਸਾਇਟੀ ਵੱਲੋਂ ਕੀਤੇ ਜਾ ਰਹੇ ਕਾਰਜਾਂ ਬਾਰੇ ਅਤੇ ਇਸ ਸੋਸਾਇਟੀ ਦਾ ਗਠਨ ਕਦੋਂ ਕੀਤਾ ਗਿਆ ਅਤੇ ਕਿਉਂ ਕਰਨਾ ਪਿਆ। ਇਸ ਬਾਰੇ ਵਿਸਥਾਰ ਵਿੱਚ ਦੱਸਿਆ ਗਿਆ ਅਤੇ ਨਸ਼ਾ ਛੱਡਣ ਵਾਲੇ ਨੌਜਵਾਨ ਮਨਪ੍ਰੀਤ ਸਿੰਘ ਕੋਠੇ ਰਜਿੰਦਰਪੁਰਾ ਧਨੌਲਾ ਵਾਸੀ ਨੂੰ ਲੋਕਾਂ ਦੇ ਰੂ- ਬ-ਰੂ ਕਰਵਾਇਆ ਗਿਆ। ਨਸ਼ੇ ਛੱਡਣ ਵਾਲੇ ਨੌਜਵਾਨ ਮਨਪ੍ਰੀਤ ਸਿੰਘ ਨੇ ਆਪਣੇ ਅਨੁਭਵ ਸਾਰਿਆਂ ਨਾਲ ਸਾਂਝੇ ਕੀਤੇ ਅਤੇ ਨਸ਼ਾ ਨਾ ਕਰਨ ਸਬੰਧੀ ਅਪੀਲ ਕੀਤੀ ਅਤੇ ਇਸ ਦੇ ਮਾੜੇ ਪ੍ਰਭਾਵਾਂ ਬਾਰੇ ਦੱਸਿਆ ਇਸ ਮੌਕੇ ਮਨਪ੍ਰੀਤ ਸਿੰਘ ਦਾ ਸਨਮਾਨ ਵੀ ਕੀਤਾ ਗਿਆ। ਸੋਸਾਇਟੀ ਦੇ ਸਲਾਹਕਾਰ ਵਿਜੇ ਗੁਪਤਾ ਵੱਲੋਂ ਵੀ ਆਪਣੇ ਸੰਬੋਧਨ ਰਾਹੀਂ ਭਰੂਣ ਹੱਤਿਆ ਅਤੇ ਨਸ਼ੇ ਦੇ ਮਾੜੇ ਪ੍ਰਭਾਵ ਬਾਰੇ ਦੱਸਿਆ ਗਿਆ, ਸਰਪੰਚ ਸਿਮਰਨਜੀਤ ਸਿੰਘ ਨੇ ਸੋਸਾਇਟੀ ਵੱਲੋਂ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕੀਤੀ ਅਤੇ ਵਿਸ਼ਵਾਸ ਦਵਾਇਆ ਕਿ ਭਵਿੱਖ ਵਿੱਚ ਜਦੋਂ ਵੀ ਸੋਸਾਇਟੀ ਵੱਲੋਂ ਇਸ ਪਿੰਡ ਵਿੱਚ ਕੋਈ ਗਤੀਵਿਧੀ ਕੀਤੀ ਜਾਵੇਗੀ, ਉਸ ਵਿੱਚ ਪੂਰਨ ਸਹਿਯੋਗ ਕੀਤਾ ਜਾਵੇਗਾ। ਮੰਚ ਸੰਚਾਲਨ ਪ੍ਰਿੰਸੀਪਲ ਹਰੀਸ਼ ਬਾਂਸਲ ਕੌਰ ਕਮੇਟੀ ਮੈਂਬਰ ਵੱਲੋਂ ਕੀਤਾ ਗਿਆ। ਓਹਨਾਂ ਵੱਲੋਂ ਮਿਲਦੇ ਮੌਕੇ ਅਨੁਸਾਰ ਸਮੇਂ ਅਨੁਸਾਰ ਸੋਸਾਇਟੀ ਦੇ ਬਾਰੇ ਦੱਸਿਆ ਜਾਂਦਾ ਰਿਹਾ ਅਤੇ ਬੜੀ ਬਾਖ਼ੂਬੀ ਸਟੇਜ ਸੰਚਾਲਨ ਕੀਤਾ। ਇਸ ਮੌਕੇ ਸਮੂਹ ਪੰਚਾਇਤ,ਗੁਰਦਵਾਰਾ ਮੰਜੀ ਸਾਹਿਬ ਦੇ ਪ੍ਰਬੰਧਕ,ਵਿਸ਼ਾਲ ਗਰਗ ਖ਼ਜ਼ਾਨਚੀ, ਕਾਨੂੰਨੀ ਸਲਾਹਕਾਰ ਕਾਜਲ ਗਰਗ, ਸੋਸ਼ਲ ਮੀਡੀਆ ਇੰਚਾਰਜ ਜਾਨਕੀ, ਕੌਰ ਕਮੇਟੀ ਮੈਂਬਰ ਡਾਕਟਰ ਰਾਕੇਸ਼ ਸਿੰਗਲਾ, ਚਾਰਟਰਡ ਅਕਾਊਂਟੈਂਟ ਜਯੋਤੀ ਸ਼ਰਨ, ਭਾਰਤ ਭੂਸ਼ਨ ਭਾਰਤੀ, ਮੈਂਬਰ ਵਿਜੇ ਗੋਇਲ,ਅਸ਼ੋਕ ਕੁਮਾਰ, ਮੁਕੇਸ਼ ਕਾਂਸਲ, ਬਾਲਾ ਸੁੰਦਰੀ, ਰੇਨੂੰ ਬਾਲਾ,ਵੰਸ਼ਿਕਾ,ਰਾਜੀਵ ਗਰਗ ਖੁੱਡੀ ਕਲਾਂ,ਅਸ਼ਵਨੀ ਗਰਗ ਖੁੱਡੀ ਕਲਾਂ,ਡਾਕਟਰ ਪ੍ਰਕਿਸ਼ਤ ਮਿੱਤਲ, ਜਗਸੀਰ ਸਿੰਘ ਪ੍ਰਧਾਨ ਸ਼ਹੀਦ ਭਗਤ ਸਿੰਘ ਸਪੋਰਟਸ ਕਲੱਬ,ਸੁਖਦੇਵ ਸਿੰਘ ਨੰਬਰਦਾਰ ਅਤੇ ਪਿੰਡ ਵਾਸੀ ਹਾਜ਼ਰ ਸਨ।

# ਪੰਜਾਬ ਸਰਕਾਰ ਦਾ ਬਜਟ ਨਿਰਾਸ਼ਾਜਨਕ : ਰਾਜਾ ਵੜਿੰਗ, ਧੰਨਾ ਸਿੰਘ ਗਰੇਵਾਲ



ਬਰਨਾਲਾ, 8 ਮਾਰਚ (ਸੁਖਵਿੰਦਰ ਸਿੰਘ ਭੰਡਾਰੀ) : ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਅਤੇ ਪੰਜਾਬ ਕਾਂਗਰਸ ਦੇ ਕਿਸਾਨ ਸੈਲ ਦੇ ਸੂਬਾ ਮੀਤ ਪ੍ਰਧਾਨ ਧੰਨਾ ਸਿੰਘ ਗਰੇਵਾਲ ਨੇ ਪੰਜਾਬ ਸਰਕਾਰ ਵੱਲੋਂ ਪੇਸ਼ ਕੀਤੇ ਬਜ਼ਟ ਨੂੰ ਨਿਰਾਸ਼ਾਜਨਕ ਕਿਹਾ ਹੈ। ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਚੋਣਾਂ ਤੋਂ ਪਹਿਲਾਂ ਗਰੰਟੀ ਦਿੰਦਿਆਂ ਕਿਹਾ ਸੀ ਕਿ ਪੰਜਾਬ ਦੀਆਂ ਸਾਰੀਆਂ ਔਰਤਾਂ ਨੂੰ 1000 ਪ੍ਰਤੀ ਮਹੀਨਾ ਦਿੱਤਾ ਜਾਵੇਗਾ, ਪ੍ਰੰਤੂ ਚਾਰ ਸਾਲਾਂ ਬਾਅਦ 1000 ਰੁਪਏ ਪ੍ਰਤੀ ਮਹੀਨਾ ਦੇਣ ਦੀ ਸਹੂਲਤ ਨੂੰ ਸ਼ਰਤਾਂ ਅਧੀਨ ਲਾਗੂ ਕਰ ਦਿੱਤਾ ਹੈ। ਪਿਛਲੇ 4 ਸਾਲਾਂ ਦਾ ਬਕਾਇਆ ਪ੍ਰਤੀ ਔਰਤ 48000 ਦੇਣ ਬਾਰੇ ਬਜ਼ਟ 'ਚ ਕੋਈ ਜ਼ਿਕਰ ਨਹੀਂ ਕੀਤਾ । ਉਹਨਾਂ ਕਿਹਾ ਕਿ ਸਰਕਾਰ ਹਰ ਔਰਤ ਨੂੰ 48 ਹਜ਼ਾਰ ਰੁਪਏ ਦਾ ਬਕਾਇਆ ਦੇਣ ਦਾ ਪ੍ਰਬੰਧ ਕਰੇ। ਉਨ੍ਹਾਂ ਕਿਹਾ ਕਿ ਪੰਜਾਬ ਦੇ 2 ਲੱਖ 85 ਹਜ਼ਾਰ ਮੁਲਾਜ਼ਮਾਂ ਅਤੇ 3 ਲੱਖ 15 ਹਜ਼ਾਰ ਪੈਨਸ਼ਨਰਾਂ ਦੀ ਇੱਕ ਵੀ ਮੰਗ ਪੰਜਾਬ ਸਰਕਾਰ ਨੇ ਨਹੀਂ ਮੰਨੀ। ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦਾ ਛੇਵੇਂ ਪੇ ਕਮਿਸ਼ਨ ਦਾ ਬਕਾਇਆ ਤੇ 16 ਪ੍ਰਤੀਸ਼ਤ ਡੀ ਏ ਪੈਂਡਿੰਗ ਪਿਆ ਹੈ। ਆਪ ਸਰਕਾਰ ਨੇ ਗਰੰਟੀ ਦਿੱਤੀ ਸੀ ਕਿ ਮੁਲਾਜ਼ਮਾਂ ਦੀ ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇਗੀ, ਪ੍ਰੰਤੂ ਇਹ ਗਰੰਟੀ ਵੀ ਪੂਰੀ ਨਹੀਂ ਕੀਤੀ। ਪੰਜਾਬ ਦੇ ਬਜਟ ਨੇ ਸਾਫ਼ ਕਰ ਦਿੱਤਾ ਹੈ ਕਿ ਪੰਜਾਬ ਸਰਕਾਰ ਮੁਲਾਜ਼ਮ ਵਿਰੋਧੀ ਹੈ। ਧੰਨਾ ਸਿੰਘ ਗਰੇਵਾਲ ਨੇ ਕਿਹਾ ਕਿ ਅਮਨ ਕਾਨੂੰਨ ਦੀ ਮਾੜੀ ਹਾਲਤ, ਨਸ਼ਿਆਂ ਦੀ ਮੁਕੰਮਲ ਰੋਕਥਾਮ, ਮੁਲਾਜ਼ਮਾਂ , ਕਿਸਾਨਾਂ ਅਤੇ ਹਰ ਔਰਤ ਨੂੰ 48 ਹਜ਼ਾਰ ਰੁਪਏ ਦਾ ਬਕਾਇਆ ਦੇਣ ਆਦਿ ਮੰਗਾਂ ਨੂੰ ਲੈ ਕੇ ਪੰਜਾਬ ਵਿਧਾਨ ਸਭਾ ਦਾ ਘਿਰਾਓ ਕੀਤਾ ਗਿਆ ਤਾਂ ਪੰਜਾਬ ਸਰਕਾਰ ਨੇ ਸ਼ਾਂਤਮਈ ਢੰਗ ਨਾਲ ਰੋਸ ਪ੍ਰਗਟ ਕਰਦਿਆਂ ਕਾਂਗਰਸੀ ਆਗੂਆਂ ਅਤੇ ਵਰਕਰਾਂ ਤੇ ਪਾਣੀ ਦੀਆਂ ਬੁਛਾੜਾਂ ਮਾਰੀਆਂ ਤੇ ਉਹਨਾਂ ਨੂੰ ਹਿਰਾਸਤ ਚ ਲੈ ਲਿਆ, ਜਿਸ ਦੀ ਜਿੰਨੀ ਨਿਖੇਧੀ ਕੀਤੀ ਜਾਵੇ, ਉਨੀਂ ਹੀ ਥੋੜ੍ਹੀ ਹੈ। ਚੰਡੀਗੜ੍ਹ ਰੋਸ ਧਰਨੇ 'ਚ ਬਰਨਾਲਾ ਤੋਂ ਭਾਰੀ ਗਿਣਤੀ ਵਿੱਚ ਕਾਂਗਰਸੀ ਵਰਕਰ ਚੰਡੀਗੜ੍ਹ ਪਹੁੰਚੇ ਹੋਏ ਸਨ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਧੰਨਾ ਸਿੰਘ ਗਰੇਵਾਲ, ਮਹੇਸ਼ ਕੁਮਾਰ ਲੋਟਾ, ਲੱਕੀ ਪੱਖੋ, ਜਗਜੀਤ ਸਿੰਘ ਧੌਲਾ, ਮੱਖਣ ਸ਼ਰਮਾ ਆਦਿ ਨੇ ਕਾਂਗਰਸ ਦੇ ਪੰਜਾਬ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨਾਲ ਮੁਲਾਕਾਤ ਕਰਕੇ ਉਨ੍ਹਾਂ ਨੂੰ ਹਰ ਤਰ੍ਹਾਂ ਦਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ।

# 'ਪੱਲੇ ਨੀ ਧੇਲਾ ਕਰਦੀ ਮੇਲਾ-ਮੇਲਾ' : ਕੇਵਲ ਸਿੰਘ ਢਿੱਲੋਂ



ਬਰਨਾਲਾ, 8 ਮਾਰਚ (ਹਮੀਰ ਸਿੰਘ) : ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਵੱਲੋਂ ਅੱਜ ਵਿਧਾਨ ਸਭਾ ਵਿੱਚ ਪੇਸ਼ ਕੀਤੇ ਗਏ ਬਜਟ ਨੂੰ ਲੈ ਕੇ ਪੰਜਾਬ ਭਾਜਪਾ ਦੇ ਮੀਤ ਪ੍ਰਧਾਨ, ਸੂਬਾ ਕੋਰ ਕਮੇਟੀ ਮੈਂਬਰ ਅਤੇ ਸਾਬਕਾ ਵਿਧਾਇਕ ਕੇਵਲ ਸਿੰਘ ਢਿੱਲੋਂ ਨੇ ਵਿਅੰਗ ਰੂਪ ਵਿੱਚ ਪ੍ਰਤੀਕਰਮ ਦਿੱਤਾ ਹੈ। ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ 'ਪੱਲੇ ਨੀ ਧੇਲਾ ਕਰਦੀ ਮੇਲਾ ਮੇਲਾ ਵਾਲੀ ਹਾਲਾਤ ਅੱਜ ਸੂਬੇ ਦੀ 'ਆਪ' ਸਰਕਾਰ ਦੀ ਹੈ। ਉਹਨਾਂ ਕਿਹਾ ਕਿ ਪੰਜਾਬ ਦੀ ਆਰਥਿਕ ਹਾਲਤ ਬੇਹੱਦ ਮਾੜੀ ਹੈ। ਆਪ ਸਰਕਾਰ ਦੀਆਂ ਨਾਕਾਮੀਆਂ ਅਤੇ ਮਾੜੀ ਕਾਰਗੁਜ਼ਾਰੀ ਸਦਕਾ ਸੂਬੇ ਸਿਰ 4 ਲੱਖ ਕਰੋੜ ਤੋਂ ਵੱਧ ਦਾ ਕਰਜ਼ਾ ਚੜ੍ਹ ਗਿਆ ਹੈ। ਅਜਿਹਾ ਹਾਲਾਤ ਵਿੱਚ ਸਰਕਾਰ ਪੱਲੇ ਸਿਰਫ਼ ਐਲਾਨ ਹੀ ਬਚੇ ਹਨ ਅਤੇ ਸਰਕਾਰ ਕਰ ਕੁੱਝ ਨਹੀਂ ਸਕਦੀ।ਕੇਵਲ ਸਿੰਘ ਢਿੱਲੋਂ ਨੇ ਸਰਕਾਰ ਵਲੋਂ ਔਰਤਾਂ ਨੂੰ 1000 ਰੁਪਏ ਯੋਜਨਾ 'ਤੇ ਸਵਾਲ ਕਰਦਿਆਂ ਕਿਹਾ ਕਿ ਸਰਕਾਰ ਸਾਡੀਆਂ ਸਤਿਕਾਰਯੋਗ ਔਰਤਾਂ ਨੂੰ ਕੇਵਲ ਇੱਕ ਮਹੀਨੇ ਦਾ 1000 ਰੁਪਏ ਦੇ ਕੇ ਪੱਲਾ ਛੁਡਾਉਣਾ ਚਾਹੁੰਦੀ ਹੈ। ਸਾਢੇ ਚਾਰ ਸਾਲਾਂ ਤੋਂ ਸਰਕਾਰ ਨੂੰ ਔਰਤਾਂ ਨੂੰ ਇਹ ਪੈਸਾ ਦੇਣਾ ਕਿਉਂ ਯਾਦ ਨਹੀਂ ਆਇਆ। ਹੁਣ ਸਰਕਾਰ ਦਾ ਫ਼ਰਜ਼ ਬਣਦਾ ਸੀ ਕਿ ਸਾਢੇ ਚਾਰ ਸਾਲਾਂ ਦਾ ਬਕਾਇਆ ਵੀ ਨਾਲ ਦਿੱਤਾ ਜਾਂਦਾ। ਕੇਵਲ ਸਿੰਘ ਢਿੱਲੋ ਨੇ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਚੋਣਾਂ ਦੇ ਮੱਦੇ ਨਜ਼ਰ ਝੂਠਾ ਐਲਾਨ ਕੀਤਾ ਗਿਆ ਹੈ। ਸਰਕਾਰ ਨੇ ਸਾਢੇ ਚਾਰ ਸਾਲਾਂ ਦੌਰਾਨ ਪੰਜਾਬ ਦੀਆਂ ਔਰਤਾਂ ਦੀ ਬਾਤ ਤੱਕ ਨਹੀਂ ਪੁੱਛੀ ਅਤੇ ਹੁਣ 1000 ਰੁਪਏ ਦੇਣ ਦਾ ਝੂਠਾ ਐਲਾਨ ਕਰ ਰਹੇ ਹਨ। ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਹਰ ਫਰੰਟ ਉੱਪਰ ਫੇਲ ਹੋ ਗਈ ਹੈ। ਪੰਜਾਬ ਵਿੱਚ ਅਮਨ ਕਾਨੂੰਨ ਵਿਵਸਥਾ ਪੂਰੀ ਤਰ੍ਹਾਂ ਫ਼ੇਲ੍ਹ ਹੋ ਚੁੱਕੀ ਹੈ। ਰੋਜ਼ਾਨਾ ਪੰਜਾਬ ਵਿੱਚ ਸ਼ਰੇਆਮ ਗੋਲੀਆਂ ਮਾਰ ਕੇ ਕਤਲ ਹੋ ਰਹੇ ਹਨ। ਸਰਕਾਰ ਸਿਰਫ਼ ਫ਼ੋਕੇ ਐਲਾਨ ਕਰਨ ਤੱਕ ਸੀਮਤ ਹੈ। ਪੰਜਾਬ ਦੇ ਲੋਕਾਂ ਨੂੰ ਹੁਣ ਸਿਰਫ਼ ਭਾਰਤੀ ਜਨਤਾ ਪਾਰਟੀ ਦੀ ਡਬਲ ਇੰਝਨ ਦੀ ਸਰਕਾਰ ਤੋਂ ਹੀ ਆਸ ਉਮੀਦ ਦਿਖਾਈ ਦੇ ਰਹੀ ਹੈ। ਜਿਸ ਕਰਕੇ ਪੰਜਾਬ ਦੇ ਲੋਕ ਹੁਣ 2027 ਵਿੱਚ ਭਾਜਪਾ ਸਰਕਾਰ ਨੂੰ ਬਹੁਮਤ ਦੇਣ ਲਈ ਮਨ ਬਣਾਈ ਬੈਠੇ ਹਨ।

# ਗੁਰਦੁਆਰਾ ਬਾਬਾ ਨੱਥਾ ਸਿੰਘ ਦੇ ਮੁੱਖ ਸੇਵਾਦਾਰ ਅਜੇ ਨੌ ਨਿਹਾਲ ਦੀ ਪਤਨੀ 'ਤੇ ਹਮਲਾ, ਪੁਲਿਸ ਵੱਲੋਂ ਪਰਚਾ ਦਰਜ

ਧਨੌਲਾ, 8 ਮਾਰਚ (ਚਮਕੌਰ ਸਿੰਘ ਗੱਗੀ) : ਗੁਰਦੁਆਰਾ ਸ਼ਹੀਦ ਬਾਬਾ ਨੱਥਾ ਸਿੰਘ ਦੇ ਪਰਿਵਾਰ ਦਾ ਜ਼ਮੀਨੀ ਵਿਵਾਦ ਹੱਲ ਹੋਣ ਦੀ ਬਿਜਾਏ ਹੋਰ ਉਲਝਦਾ ਜਾ ਰਿਹਾ, ਤੇ ਹੁਣ ਇਹ ਮਾਮਲਾ ਭਰਾਵਾਂ ਦੀ ਆਪਸੀ ਲੜਾਈ ਤੋਂ ਬਾਅਦ ਜਨਾਨੀਆ ਦੀ ਮਾਰਕੁਟਾਈ ਵੱਲ ਨੂੰ ਵਧਦਾ ਦਿਖਾਈ ਦੇ ਰਿਹਾ ਹੈ, ਜ਼ਮੀਨੀ ਵਿਵਾਦ ਤਹਿਤ ਹੁਣ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਅਜੇ ਨੌਂ ਨਿਹਾਲ ਦੀ ਪਤਨੀ ਬੀਬਾ ਗੁਰਚਰਨ ਕੌਰ ਸਮੇਤ ਇੱਕ ਸੇਵਾਦਰ 'ਤੇ ਹਮਲਾ ਕਰਕੇ ਜਖਮੀ ਕੀਤੇ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਹਸਪਤਾਲ ਵਿੱਚ ਜੇਰੇ ਇਲਾਜ ਬੀਬਾ ਗੁਰਚਰਨ ਕੌਰ ਵੱਲੋਂ ਪੁਲਿਸ ਕੋਲ ਦਰਜ ਕਰਵਾਏ ਬਿਆਨ ਅਨੁਸਾਰ ਕਿ ਮੇਰੇ ਘਰਵਾਲਾ ਅਜੇ ਨੌਂ ਨਿਹਾਲ ਸਿੰਘ ਗੁਰੁਦੁਆਰਾ ਸਹੀਦ ਬਾਬਾ ਨੱਥਾ ਸਿੰਘ ਧਨੌਲਾ ਦਾ ਮੁੱਖ ਸੇਵਾਦਾਰ ਅਤੇ ਮੁੱਖ ਪ੍ਰਬੰਧਕ ਹੈ। ਗੁਰਨਾਮ ਸਿੰਘ ਉਰਫ ਵਾਹਿਗੁਰੂ ਅਤੇ ਸਤਨਾਮ ਸਿੰਘ ਜੋ ਕਿ ਮੇਰੇ ਘਰਵਾਲੇ ਅਜੇ ਨੌਨਿਹਾਲ ਸਿੰਘ ਦੇ ਭਰਾ ਹਨ। ਬਾਬਾ ਰਾਜਵੰਤ ਸਿੰਘ ਜੀ ਨੇ ਮੇਰੇ ਘਰਵਾਲੇ ਅਜੇ ਨੌਨਿਹਾਲ ਸਿੰਘ ਨੂੰ ਗੁਰਦੁਆਰਾ ਸਾਹਿਬ ਦਾ ਮੁੱਖ ਸੇਵਾਦਾਰ ਅਤੇ ਮੁੱਖ ਪ੍ਰਬੰਧਕ ਦੀ ਸੇਵਾ ਦੇ ਦਿੱਤੀ ਸੀ। ਇਸ ਕਰਕੇ ਗੁਰਨਾਮ ਸਿੰਘ ਉਰਫ ਵਾਹਿਗੁਰੂ ਅਤੇ ਸਤਨਾਮ ਸਿੰਘ ਸ਼ੁਰੂ ਤੋਂ ਹੀ ਗੁਰਦੁਆਰਾ ਸ਼ਹੀਦ ਬਾਬਾ ਨੱਥਾ ਸਿੰਘ ਪਰ ਕਬਜਾ ਕਰਨ ਅਤੇ ਸਾਡੀ ਜ਼ਮੀਨ ਜਾਇਦਾਦ ਨੂੰ ਹਥਿਆਉਣ ਦੀ ਨੀਅਤ ਰੱਖਦੇ ਹਨ। 20 ਫਰਵਰੀ ਨੂੰ ਵਕਤ ਕਰੀਬ 01 ਵਜੇ ਦੁਪਹਿਰ ਦਾ ਹੋਵੇਗਾ, ਕਿ ਮੈਂ ਆਪਣੇ ਘਰ ਦਾ ਘਰੇਲੂ ਸਮਾਨ ਖਰੀਦਣ ਲਈ ਆਪਣੀ ਗੱਡੀ ਪਰ ਸਵਾਰ ਹੋ ਕੇ ਬਜਾਰ ਜਾ ਰਹੀ ਸੀ। ਜਦੋਂ ਮੈਂ ਗੁਰਦੁਆਰਾ ਸਾਹਿਬ ਤੋਂ ਬਾਹਰ ਨਿਕਲੀ ਤਾਂ ਸਾਡੀ ਜ਼ਮੀਨ ਪਰ ਕਰੀਬ 4/5 ਟਰੈਕਟਰ ਸਮੇਤ ਹਨ ਅਤੇ ਤਵੀਆਂ ਨਾਲ ਵਾਹ ਕੇ ਕਬਜਾ ਕਰ ਰਹੇ ਸਨ। ਤਾਂ ਆਪਣੀ ਗੱਡੀ ਸੜਕ ਪਰ ਰੋਕ ਕੇ ਗੱਡੀ ਵਿੱਚੋਂ ਉੱਤਰ ਕੇ ਆਪਣੀ ਜ਼ਮੀਨ ਵਿੱਚ ਜਾ ਕੇ ਦੇਖਿਆ ਤਾਂ ਸਤਨਾਮ ਸਿੰਘ, ਗੁਰਨਾਮ ਸਿੰਘ ਵਾਹਿਗੁਰੂ ਅਪਣੇ ਸਾਥੀਆਂ ਸਮੇਤ ਜ਼ਮੀਨ ਨੂੰ ਵਾਹ ਰਹੇ ਸਨ ਜਦੋਂ ਉਹਨਾਂ ਨੂੰ ਰੋਕਣਾ ਚਾਹਿਆ ਤਾਂ ਉਹਨਾਂ ਨੇ ਮੇਰੀ ਕੁੱਟਮਾਰ ਕੀਤੀ, ਜਦੋਂ ਮੇਰਾ ਰੌਲਾ ਸੁਣ ਮੇਰੇ ਬਚਾਅ ਲਈ ਗੁਰੁਦੁਆਰਾ ਸਾਹਿਬ ਦੇ ਸੇਵਾਦਾਰ ਆਏ ਤਾਂ ਉਹਨਾਂ ਨੇ ਉਹਨਾਂ ਦੀ ਵੀ ਮਾਰਕੁਟਾਈ ਕੀਤੀ , ਜਿਸ ਦੌਰਾਨ ਇਕ ਵਿਅਕਤੀ ਦੀ ਚੀਚੀ ਤੇ ਜਿਆਦਾ ਸੱਟ ਹੋਣ ਕਾਰਨ ਉਹਨਾਂ ਨੂੰ ਹਸਪਤਾਲ ਦਾਖਲ ਕਰਵਾਇਆਗਿਆ, ਜਿਸ ਦੇ ਅਧਾਰ ਤੇ ਧਨੌਲਾ ਪੁਲਿਸ ਵੱਲੋਂ ਗੁਰਚਰਨ ਕੌਰ ਦੇ ਬਿਆਨਾਂ ਤੇ ਗੁਰਨਾਮ ਸਿੰਘ, ਵਾਹਿਗੁਰੂ, ਪੁੱਤਰ ਰਜਵੰਤ ਸਿੰਘ ਵਾਸੀ ਧਨੌਲਾ, ਸਤਨਾਮ ਸਿੰਘ ਪੁੱਤਰ ਰਾਜਵੰਤ ਸਿੰਘ, ਗੁਰਮੁੱਖ ਸਿੰਘ ਪੁੱਤਰ ਬੁੱਢਾ ਸਿੰਘ ਅਤੇ ਚਮਕੌਰ ਸਿੰਘ ਪੁੱਤਰ ਗੁਰਮੁੱਖ ਸਿੰਘ ਵਾਸੀ ਦੁਗਾਲ, ਜ਼ਿਲ੍ਹਾ ਪਟਿਆਲਾ, ਜਸਵੰਤ ਸਿੰਘ ਉਰਫ ਸੰਤੀ ਪੁੱਤਰ ਨਰੰਜਣ ਸਿੰਘ ਅਤੇ ਸਿਮਰ ਪੁੱਤਰ ਜਸਵੰਤ ਸਿੰਘ ਉਰਫ ਸੰਤੀ ਵਾਸੀ ਸਾਹੋਕੇ, ਲੀਲਾ ਸਿੰਘ ਰਾਜੀਆ, ਗੁਰਜੀਤ ਸਿੰਘ ਸਮੇਤ 8/10 ਅਣਪਛਾਤੇ ਵਿਅਕਤੀ ਖਿਲਾਫ ਪਰਚਾ ਦਰਜ ਕਰਕੇ ਕਾਰਵਾਈ ਆਰੰਭ ਦਿੱਤੀ।

# ਆਮ ਆਦਮੀ ਪਾਰਟੀ ਦੇ ਵਰਕਰ 'ਤੇ ਜਾਨਲੇਵਾ ਹਮਲਾ, ਜ਼ਖ਼ਮੀ ਨੌਜਵਾਨ ਹਸਪਤਾਲ ਵਿੱਚ ਦਾਖ਼ਲ



ਭਦੌੜ, 8 ਮਾਰਚ (ਸੁਖਵਿੰਦਰ ਪਲਾਹਾ) : ਪੰਜਾਬ ਦੀ ਮੌਜੂਦਾ ਸਰਕਾਰ ਦੇ ਉਲਝੇ ਹੋਏ ਤਾਣੇ ਬਾਣੇ ਦੇ ਵਿੱਚ ਅੱਜ ਕੱਲ੍ਹ ਆਮ ਲੋਕ ਤਾਂ ਕੀ ਆਮ ਆਦਮੀ ਪਾਰਟੀ ਦੇ ਵਰਕਰ ਵੀ ਆਪਣੇ ਆਪ ਨੂੰ ਸੁਰੱਖਿਅਤ ਨਹੀਂ ਸਮਝ ਰਹੇ, ਜਿਸ ਦੀ ਤਾਜ਼ਾ ਮਿਸਾਲ ਬੀਤੇ ਦਿਨ ਭਦੌੜ ਵਿਖੇ ਹੋਏ ਇੱਕ ਆਮ ਆਦਮੀ ਪਾਰਟੀ ਦੇ ਵਰਕਰ 'ਤੇ ਹੋਏ ਹਮਲੇ ਤੋਂ ਮਿਲਦੀ ਹੈ। ਜਾਣਕਾਰੀ ਅਨੁਸਾਰ ਆਮ ਆਦਮੀ ਪਾਰਟੀ ਲਈ ਲੰਬੇ ਸਮੇਂ ਤੋਂ ਸੇਵਾ ਕਰ ਰਹੇ ਇੱਕ ਵਰਕਰ ਉੱਤੇ ਦੋ ਅਣਪਛਾਤੇ ਨੌਜਵਾਨਾਂ ਵੱਲੋਂ ਜਾਨਲੇਵਾ ਹਮਲਾ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਪੀੜਤ ਰਾਕੇਸ਼ ਕੁਮਾਰ (24) ਪੁੱਤਰ ਬਲਵੀਰ ਸਿੰਘ ਨੇ ਦੱਸਿਆ ਕਿ ਉਹ ਰੋਜ਼ਾਨਾ ਦੀ ਤਰ੍ਹਾਂ ਇੱਕ ਨਿੱਜੀ ਫੈਕਟਰੀ ਵਿੱਚ ਕੰਮ ਕਰ ਰਿਹਾ ਸੀ ਕਿ ਅਚਾਨਕ ਦੋ ਨੌਜਵਾਨਾਂ ਨੇ ਉਸ ਉੱਪਰ ਲੋਹੇ ਦੀ ਪਾਈਪ ਨਾਲ ਹਮਲਾ ਕਰ ਦਿੱਤਾ। ਹਮਲਾਵਰਾਂ ਨੇ ਉਸ ਨੂੰ ਮਾਰਨ ਦੀ ਨੀਅਤ ਨਾਲ ਸਿਰ ਉੱਤੇ ਵਾਰ ਕਰਨਾ ਚਾਹਿਆ, ਪਰ ਬਚਾਅ ਵਿੱਚ ਉਸ ਨੇ ਆਪਣੇ ਹੱਥ ਅੱਗੇ ਕਰ ਦਿੱਤੇ, ਜਿਸ ਕਾਰਨ ਪਾਈਪ ਉਸ ਦੀ ਪਿੱਠ ਅਤੇ ਲੱਤ 'ਤੇ ਜਾ ਲੱਗੀ। ਜਦੋਂ ਉਸ ਨੇ ਖੁਦ ਨੂੰ ਬਚਾਉਣ ਦਾ ਦੁਬਾਰਾ ਯਤਨ ਕੀਤਾ ਤਾਂ ਹਮਲਾਵਰਾਂ ਨੇ ਪੂਰੀ ਤਾਕਤ ਨਾਲ ਉਸ ਦੇ ਹੱਥ ਉੱਤੇ ਲੋਹੇ ਦੀ ਪਾਈਪ ਨਾਲ ਵਾਰ ਕਰ ਦਿੱਤਾ, ਜਿਸ ਨਾਲ ਉਸ ਦੇ ਹੱਥ ਉੱਤੇ ਡੂੰਘਾ ਜ਼ਖਮ ਹੋ ਗਿਆ। ਘਟਨਾ ਤੋਂ ਬਾਅਦ ਸਥਾਨਕ ਲੋਕਾਂ ਦੀ ਮੱਦਦ ਨਾਲ ਉਸ ਨੂੰ ਤੁਰੰਤ ਸਿਵਲ ਹਸਪਤਾਲ ਭਦੌੜ ਵਿਖੇ ਦਾਖਲ ਕਰਵਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਦੇ ਜ਼ਖਮ ਉੱਤੇ ਛੇ ਟਾਂਕੇ ਲਗਾਏ ਹਨ। ਪੀੜਤ ਨੇ ਪ੍ਰਸ਼ਾਸਨ ਤੋਂ ਗੁਹਾਰ ਲਗਾਈ ਹੈ ਕਿ ਹਮਲਾਵਰ ਨੌਜਵਾਨਾਂ ਖਿਲਾਫ ਸਖ਼ਤ ਤੋਂ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ ਤਾਂ ਜੋ ਉਸ ਨੂੰ ਇਨਸਾਫ ਮਿਲ ਸਕੇ। ਇਸ ਘਟਨਾ ਦੇ ਸਬੰਧ ਵਿੱਚ ਸਿਵਲ ਹਸਪਤਾਲ ਭਦੌੜ ਦੇ ਡਾਕਟਰ ਬਾਂਕੇ ਬਿਹਾਰੀ ਨੇ ਪੁਸ਼ਟੀ ਕੀਤੀ ਹੈ ਕਿ ਰਾਕੇਸ਼ ਕੁਮਾਰ ਨਾਮਕ ਨੌਜਵਾਨ ਨੂੰ ਜ਼ਖਮੀ ਹਾਲਤ ਵਿੱਚ ਹਸਪਤਾਲ ਲਿਆਂਦਾ ਗਿਆ ਸੀ, ਜਿਸ ਦੇ ਹੱਥ 'ਤੇ ਟਾਂਕੇ ਲਗਾਏ ਗਏ ਹਨ ਅਤੇ ਸਰੀਰ ਦੇ ਹੋਰ ਹਿੱਸਿਆਂ 'ਤੇ ਵੀ ਸੱਟਾਂ ਦੇ ਨਿਸ਼ਾਨ ਹਨ। ਡਾਕਟਰ ਨੇ ਦੱਸਿਆ ਕਿ ਹਸਪਤਾਲ ਪ੍ਰਬੰਧਕਾਂ ਵੱਲੋਂ ਇਸ ਮਾਮਲੇ ਦੀ ਲਿਖਤੀ ਸੂਚਨਾ ਪੁਲਿਸ ਥਾਣਾ ਭਦੌੜ ਨੂੰ ਭੇਜ ਦਿੱਤੀ ਗਈ ਹੈ। ਥਾਣਾ ਭਦੌੜ ਦੇ ਐਸ.ਐਚ.ਓ. ਹਰਸਿਮਰਨਜੀਤ ਸਿੰਘ ਨੇ ਮਾਮਲੇ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਨ੍ਹਾਂ ਨੂੰ ਹਸਪਤਾਲ ਤੋਂ ਸੂਚਨਾ ਮਿਲ ਚੁੱਕੀ ਹੈ ਅਤੇ ਕਾਨੂੰਨ ਅਨੁਸਾਰ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਕਿਸੇ ਵੀ ਵਿਅਕਤੀ ਨੂੰ ਕਾਨੂੰਨ ਹੱਥ ਵਿੱਚ ਲੈਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ ਅਤੇ ਜਲਦੀ ਹੀ ਦੋਸ਼ੀਆਂ ਨੂੰ ਗ੍ਰਿਫਤਾਰ ਕਰਕੇ ਸਲਾਖਾਂ ਪਿੱਛੇ ਭੇਜ ਦਿੱਤਾ ਜਾਵੇਗਾ।

# ਗਰੀਨ ਫ਼ੀਲਡ ਕਾਨਵੈਂਟ ਸਕੂਲ ਵਿਖੇ ਅੰਤਰਰਾਸ਼ਟਰੀ ਮਹਿਲਾ ਦਿਵਸ ਧੂਮਧਾਮ ਨਾਲ ਮਨਾਇਆ




ਧਨੌਲਾ, 8 ਮਾਰਚ (ਚਮਕੌਰ ਸਿੰਘ ਗੱਗੀ) : ਗਰੀਨ ਫ਼ੀਲਡ ਕਾਨਵੈਂਟ (ਸੈਕੰਡਰੀ) ਸਕੂਲ ਦਾਨਗੜ੍ਹ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਅੰਤਰਰਾਸ਼ਟਰੀ ਮਹਿਲਾ ਦਿਵਸ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਮੈਡਮ ਅਮਨਦੀਪ ਦੁਆਰਾ ਮਹਿਲਾ ਦਿਵਸ ਬਾਰੇ ਚਾਨਣਾ ਪਾਇਆ ਗਿਆ। ਉਨ੍ਹਾਂ ਕਿਹਾ ਕਿ ਅੰਤਰਰਾਸ਼ਟਰੀ ਮਹਿਲਾ ਦਿਵਸ ਹਰ ਸਾਲ 8 ਮਾਰਚ ਨੂੰ ਮਨਾਇਆ ਜਾਂਦਾ ਹੈ। ਇਸ ਦਿਨ ਦਾ ਮਕਸਦ ਸਮਾਜ ਵਿੱਚ ਮਹਿਲਾਵਾਂ ਦੀ ਮਹੱਤਤਾ, ਉਨ੍ਹਾਂ ਦੇ ਅਧਿਕਾਰਾਂ ਅਤੇ ਉਨ੍ਹਾਂ ਦੀਆਂ ਉਪਲੱਬਧੀਆਂ ਨੂੰ ਸਨਮਾਨ ਦੇਣਾ ਹੁੰਦਾ ਹੈ। ਇਸ ਦੌਰਾਨ ਉਨ੍ਹਾਂ ਮਹਾਨ ਔਰਤਾਂ ਬਾਰੇ ਜਾਣਕਾਰੀ ਦਿੱਤੀ। ਜੋ ਸਮਾਜ ਵਿੱਚ ਬਹੁਤ ਵੱਡੇ ਬਦਲਾਵ ਲਿਆਉਂਦੀਆਂ ਰਹੀਆਂ ਹਨ। ਉਦਾਹਰਨ ਵਜੋਂ, ਰੋਜ਼ਾ ਪਾਰਕਸ, ਜੋ ਅਫਰੀਕੀ-ਅਮਰੀਕੀ ਸਿਵਿਲ ਰਾਈਟਸ ਦੀ ਲੀਡਰ ਰਹੀ, ਮਲਾਲਾ ਯੂਸੁਫ਼ਜ਼ੈ, ਜੋ ਵਿਦਿਆ ਅਤੇ ਲੜਕੀਆਂ ਦੇ ਹੱਕਾਂ ਲਈ ਲੜਦੀ ਰਹੀ, ਜਾਂ ਕਲਾਰਾ ਬੋਟਸ, ਜੋ ਇਟਲੀ ਵਿੱਚ ਲਿੰਗ ਬਰਾਬਰੀ ਲਈ ਲੜੀ। ਇਨ੍ਹਾਂ ਬਾਰੇ ਜਾਣਨ ਦਾ ਭਾਵ ਹੈ ਕਿ ਸਾਨੂੰ ਪ੍ਰੇਰਣਾ ਮਿਲੇ ਤੇ ਅਸੀਂ ਵੀ ਸਮਾਜ ਵਿੱਚ ਸਕਾਰਾਤਮਕ ਬਦਲਾਵ ਲਿਆ ਸਕੀਏ ਅਤੇ ਪਤਾ ਚੱਲ ਸਕੇ ਕਿ ਇਹ ਮਹਿਲਾ ਦਿਵਸ ਸਾਡੇ ਸਮਾਜ ਵਿੱਚ ਕਿਉਂ ਮਨਾਇਆ ਜਾਂਦਾ ਹੈ ? ਇਹ ਦਿਵਸ ਮਹਿਲਾਵਾਂ ਨੂੰ ਸਿੱਖਿਆ, ਨੌਕਰੀ ਅਤੇ ਸਮਾਨ ਅਧਿਕਾਰ ਮਿਲਣ ਦੀ ਮਹੱਤਤਾ ਦੱਸਣ ਲਈ, ਸਮਾਨਤਾ ਦਾ ਸੰਦੇਸ਼ ਦੇਣ ਲਈ ਲੋਕਾਂ ਨੂੰ ਯਾਦ ਦਿਵਾਇਆ ਜਾਂਦਾ ਹੈ ਕਿ ਪੁਰਸ਼ ਅਤੇ ਮਹਿਲਾ ਦੋਵੇਂ ਸਮਾਨ ਹਨ। ਮਹਿਲਾਵਾਂ ਪ੍ਰੇਰਿਤ ਹੋ ਕੇ ਆਪਣੇ ਸੁਪਨੇ ਪੂਰੇ ਕਰਨ ਅਤੇ ਜੀਵਨ ਵਿੱਚ ਅੱਗੇ ਵਧਣ। ਉਨ੍ਹਾਂ ਕਿਹਾ ਕਿ ਕਲਪਨਾ ਚਾਵਲਾ ਭਾਰਤ ਵਿੱਚ ਜਨਮੀ ਪਹਿਲੀ ਮਹਿਲਾ ਅੰਤਰਿਕਸ਼ ਯਾਤਰੀ ਸੀ। ਮੇਰੀ ਕੌਮ ਭਾਰਤ ਦੀ ਪ੍ਰਸਿੱਧ ਮੁੱਕੇਬਾਜ਼ ਹੈ। ਉਸ ਨੇ ਕਈ ਵਾਰ ਵਿਸ਼ਵ ਚੈਂਪੀਅਨਸ਼ਿਪ ਜਿੱਤੀ। ਮਦਰ ਟੇਰੇਸਾ ਨੇ ਗਰੀਬ ਅਤੇ ਬੀਮਾਰ ਲੋਕਾਂ ਦੀ ਸੇਵਾ ਕੀਤੀ। ਉਸ ਨੇ ਆਪਣੀ ਪੂਰੀ ਜ਼ਿੰਦਗੀ ਮਨੁੱਖਤਾ ਦੀ ਸੇਵਾ ਲਈ ਸਮਰਪਿਤ ਕਰ ਦਿੱਤੀ। ਇਸ ਮੌਕੇ ਵਿਦਿਆਰਥੀਆਂ ਵੱਲੋਂ ਅਧਿਆਪਕਾਂ ਨੂੰ ਪ੍ਰੰਸ਼ਕ ਕਾਰਡ ਬਣਾ ਕੇ ਦਿੱਤੇ ਗਏ। ਇਸ ਮੌਕੇ ਚੇਅਰਮੈਨ ਸ. ਸੁਖਮਿੰਦਰ ਸਿੰਘ ਗਿੱਲ ਨੇ ਕਿਹਾ ਕਿ ਮਹਿਲਾਵਾਂ ਘਰ ਅਤੇ ਸਮਾਜ ਦੋਵਾਂ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ। ਉਹ ਮਾਂ, ਭੈਣ, ਧੀ ਅਤੇ ਪਤਨੀ ਦੇ ਰੂਪ ਵਿੱਚ ਪਰਿਵਾਰ ਨੂੰ ਮਜ਼ਬੂਤ ਬਣਾਉਂਦੀਆਂ ਹਨ ਅਤੇ ਸਮਾਜ ਦੇ ਵਿਕਾਸ ਵਿੱਚ ਆਪਣਾ ਵੱਡਾ ਯੋਗਦਾਨ ਪਾਉਂਦੀਆਂ ਹਨ। ਇਸ ਮੌਕੇ ਪ੍ਰਿੰਸੀਪਲ ਡਾ. ਮਨਪ੍ਰੀਤ ਕੌਰ, ਵਾਈਸ ਪ੍ਰਿੰਸੀਪਲ ਜਸਵੀਰ ਕੌਰ, ਇੰਚਾਰਜ ਅਜਿੰਦਰਪਾਲ ਟਿਵਾਣਾ, ਸੀਨੀਅਰ ਕੋਆਰਡੀਨੇਅਰ ਅਮਨਪ੍ਰੀਤ ਆਦਿ ਹਾਜ਼ਰ ਸਨ।

# ਪੁਲਿਸ ਵੱਲੋਂ **ਫਰਜ਼ੀ ਫ਼ਿਰੌਤੀ ਫ਼ੋਨ ਕਾਲਾਂ** ਕਰਕੇ ਸੁਰੱਖਿਆ ਮੰਗਣ ਵਾਲੇ ਗਿਰੋਹ ਦਾ ਪਰਦਾਫਾਸ਼, ਪੰਜ ਗ੍ਰਿਫ਼ਤਾਰ



ਬਰਨਾਲਾ, 8 ਮਾਰਚ (ਬਘੇਲ ਸਿੰਘ ਧਾਲੀਵਾਲ\ਚਮਕੌਰ ਸਿੰਘ ਗੱਗੀ) : ਸਮਾਜ ਵਿਰੋਧੀ ਮਾੜੇ ਅਨਸਰਾਂ ਖਿਲਾਫ ਚਲਾਈ ਮੁਹਿੰਮ ਤਹਿਤ ਬਰਨਾਲਾ ਪੁਲਿਸ ਨੂੰ ਉਸ ਸਮੇਂ ਵੱਡੀ ਸਫਲਤਾ ਹਾਸਲ ਹੋਈ ਜਦੋਂ ਫੋਕੀ ਸੋਹਰਤ ਲਈ ਸੁਰੱਖਿਆ ਕਰਮਚਾਰੀ ਲੈਣ ਲਈ ਫਰਜੀ ਫਿਰੌਤੀ ਫੋਨ ਕਾਲ ਕਰਨ ਵਾਲੇ ਗਿਰੋਹ ਦਾ ਪਰਦਾਫਾਸ਼ ਕੀਤਾ, ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਐਸ ਐਸ ਪੀ ਬਰਨਾਲਾ ਮੁਹੰਮਦ ਸਰਫ਼ਰਾਜ ਆਲਮ ਨੇ ਦੱਸਿਆ ਕਿ, ਪੰਜਾਬ ਸਰਕਾਰ ਅਤੇ ਮਾਨਯੋਗ ਡੀ.ਜੀ.ਪੀ. ਪੰਜਾਬ, ਚੰਡੀਗੜ੍ਹ ਜੀ ਦੀਆਂ ਹਦਾਇਤਾਂ ਅਨੁਸਾਰ ਮਾੜੇ ਅਨਸਰਾ ਖਿਲਾਫ ਕਰਵਾਈ ਕਰਦੇ ਹੋਏ, ਸ੍ਰੀ ਅਸ਼ੋਕ ਕੁਮਾਰ PPS ਕਪਤਾਨ ਪੁਲਿਸ (ਇੰਨ:) ਬਰਨਾਲਾ, ਸ੍ਰੀ ਰਾਜਿੰਦਰਪਾਲ ਸਿੰਘ PPS ਉਪ ਕਪਤਾਨ ਪੁਲਿਸ (ਇੰਨ:) ਬਰਨਾਲਾ ਦੀ ਯੋਗ ਅਗਵਾਈ ਹੇਠ ਬਰਨਾਲਾ ਪੁਲਿਸ ਵੱਲੋਂ ਫਰਜੀ ਫਿਰੌਤੀ ਫੋਨ ਕਾਲਾਂ ਕਰਕੇ ਸੁਰੱਖਿਆ ਮੰਗਣ ਵਾਲੇ ਗਿਰੋਹ ਦਾ ਪਰਦਾਫਾਸ਼ ਕੀਤਾ ਗਿਆ ਹੈ ਉਹਨਾਂ ਕਿਹਾ ਕਿ 6 ਮਾਰਚ ਨੂੰ ਭੱਠਾ ਮਾਲਕ ਸਿਵਮ ਮਿੱਤਲ ਨੇ ਬਰਨਾਲਾ ਪੁਲਿਸ ਨੂੰ ਇਤਲਾਹ ਦਿੱਤੀ ਕਿ ਉਸ ਨੂੰ ਫਿਰੌਤੀ ਲਈ ਧਮਕੀ ਭਰੇ ਫੋਨ ਕਾਲ ਆ ਰਹੇ ਹਨ, ਤੇ ਕਿਸੇ ਗੈਂਗਸਟਰ ਦਾ ਨਾਮ ਲੇ ਕੇ ਉਸ ਪਾਸੋਂ 20 ਲੱਖ ਦੀ ਮੰਗ ਕੀਤੀ ਜਾ ਰਹੀ ਹੈ, ਤੇ ਵੀਹ ਲੱਖ ਨਾਂ ਦੇਣ ਤੇ ਗੋਲੀਆਂ ਮਾਰਨ ਦੀ ਧਮਕੀ ਦਿੱਤੀ ਹੈ, ਜਿਸ ਦੇ ਅਧਾਰ ਤੇ ਬਰਨਾਲਾ ਦੀ ਸੀ ਆਈ ਏ ਟੀਮ ਨੇ ਟੈਕਨੀਕਲ ਢੰਗਾਂ ਅਤੇ ਸੋਰਸ ਦੀ ਮੱਦਦ ਨਾਲ ਤੱਥਾਂ ਦੇ ਅਧਾਰ ਤੇ ਡੂੰਘਾਈ ਨਾਲ ਪੜਤਾਲ ਕੀਤੀ ਗਈ, ਜਿਸ ਤੋਂ ਪਾਇਆ ਗਿਆ ਕਿ ਇਹ ਫਰਜੀ ਕਾਲ ਸਿਵਮ ਮਿੱਤਲ ਵੱਲੋਂ ਗੰਨਮੈਨ ਲੈਣ ਲਈ ਪੈਸੇ ਦੇ ਕੇ ਖੁਦ ਫੋਨ ਕਾਲ ਕਰਵਾਈਆਂ ਗਈਆਂ ਹਨ, ਜਿਸ ਦੇ ਅਧਾਰ ਤੇ ਸਿਵਮ ਮਿੱਤਲ ਸਮੇਤ ਉਸਦਾ ਡਰਾਈਵਰ ਪਰਮਜੀਤ ਸਿੰਘ, ਨੇ ਇਹ ਸਾਜਿਸ਼ ਰਚੀ, ਤੇ ਡਰਾਈਵਰ ਨੇ ਆਪਣੇ ਸਾਥੀਆਂ ਗੁਰਪ੍ਰੀਤ ਸਿੰਘ, ਉਰਫ ਗੋਪੀ ਪੁੱਤਰ ਤੇਲਾਂ ਸਿੰਘ, ਵਾਸੀ ਭਾਈ ਰੂਪਾ ਅਤੇ ਕੁਲਵੰਤ ਰਾਏ ਉਰਫ ਵਿਕੀ ਪੰਡਤ ਪੁੱਤਰ ਸੋਮ ਲਾਲ ਵਾਸੀ ਕਾਂਗਤ ਪੱਤੀ ਭਾਈ ਰੂਪਾ, ਕਮਲਪ੍ਰੀਤ ਸਿੰਘ ਉਰਫ ਬੱਬੂ ਪੁੱਤਰ ਜਸਵੰਤ ਸਿੰਘ ਵਾਸੀ ਬਾਂਗੜ ਪੱਤੀ ਭਾਈ ਰੂਪਾ ਨੇ ਇਹ ਸਾਜਿਸ਼ ਨੂੰ ਅੰਜਾਮ ਦਿੱਤਾ, ਤੇ ਹੁਣ ਇਹ ਸਾਰੇ ਜਾਣੇ ਮਿਤੀ 07.03.2026 ਨੂੰ ਸਿਵਮ ਮਿੱਤਲ ਪਰ ਉਸਦੇ ਇੱਟਾਂ ਦੇ ਭੱਠੇ ਪਰ ਫਾਇਰਿੰਗ ਕਰਨ ਦੀ ਵਾਰਦਾਤ ਨੂੰ ਅੰਜਾਮ ਦੇਣ ਲਈ ਬਰਨਾਲਾ-ਠੀਕਰੀਵਾਲਾ ਰੋਡ ਤੋਂ ਜੋ ਲਿੰਕ ਰੋਡ ਪਿੰਡ ਸੰਘੇੜਾ ਨੂੰ ਜਾਂਦੀ ਹੈ ਪਰ ਆਪਣੀ ਇਨੋਵਾ ਗੱਡੀ PR-19-S-3232 ਵਿੱਚ ਬੈਠਕੇ ਵਿਉਂਤਬੰਦੀ ਕਰ ਰਹੇ, ਜਿਨ੍ਹਾਂ ਨੂੰ ਸੀ ਆਈ ਏ ਦੀ ਟੀਮ ਨੇ ਕਾਬੂ ਕੀਤਾ ਤੇ ਦੌਰਾਨੇ ਤਲਾਸੀ ਦੋਸੀਆਨ ਪਾਸੇ ਇੱਕ ਪਿਸਤੌਲ 315 ਬੋਰ ਸਮੇਤ 2 ਜਿੰਦਾ ਕਾਰਤੂਸ ਬ੍ਰਾਮਦ ਹੋਏ।

# ਬਰਨਾਲਾ ਵਿੱਚ ਮਨਾਇਆ ਗਿਆ ਅੰਤਰਰਾਸ਼ਟਰੀ ਮਹਿਲਾ ਦਿਵਸ, ਔਰਤਾਂ ਨੂੰ ਖੇਡਾਂ ਪ੍ਰਤੀ ਕੀਤਾ ਜਾਗਰੂਕ




ਬਰਨਾਲਾ, 8 ਮਾਰਚ (ਬਘੇਲ ਸਿੰਘ ਧਾਲੀਵਾਲ): ਯੁਵਾ ਮਾਮਲੇ ਅਤੇ ਖੇਡ ਮੰਤਰਾਲਾ, ਭਾਰਤ ਸਰਕਾਰ ਦੇ ਅਦਾਰੇ 'ਮਾਈ ਭਾਰਤ ਕੇਂਦਰ' ਬਰਨਾਲਾ ਵੱਲੋਂ ਡਿਪਟੀ ਡਾਇਰੈਕਟਰ ਰਾਹੁਲ ਸੈਣੀ ਦੀ ਰਹਿਨੁਮਾਈ ਹੇਠ ਅੰਤਰਰਾਸ਼ਟਰੀ ਮਹਿਲਾ ਦਿਵਸ ਬਹੁਤ ਹੀ ਉਤਸ਼ਾਹ ਨਾਲ ਮਨਾਇਆ ਗਿਆ। ਇਹ ਪ੍ਰੋਗਰਾਮ ਸ਼੍ਰੀ ਲਾਲ ਬਹਾਦਰ ਸ਼ਾਸਤਰੀ ਆਰੀਆ ਮਹਿਲਾ ਕਾਲਜ ਬਰਨਾਲਾ, ਸਪੋਰਟਸ ਅਥਾਰਟੀ ਆਫ਼ ਇੰਡੀਆ (SAI) ਅਤੇ ਖੇਡ ਵਿਭਾਗ ਬਰਨਾਲਾ ਦੇ ਵਿਸ਼ੇਸ਼ ਸਹਿਯੋਗ ਨਾਲ ਕਰਵਾਇਆ ਗਿਆ। ਇਸ ਮੌਕੇ ਸ਼੍ਰੀ ਲਾਲ ਬਹਾਦਰ ਸ਼ਾਸਤਰੀ ਆਰੀਆ ਮਹਿਲਾ ਕਾਲਜ ਦੀ ਪ੍ਰਿੰਸੀਪਲ ਡਾ. ਸੁਸ਼ੀਲ ਬਾਲਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਡਿਪਟੀ ਡਾਇਰੈਕਟਰ ਰਾਹੁਲ ਸੈਣੀ ਨੇ ਦੱਸਿਆ ਕਿ ਇਸ ਸਾਲ ਮਹਿਲਾ ਦਿਵਸ ਦਾ ਮੁੱਖ ਉਦੇਸ਼ ਭਾਰਤ ਸਰਕਾਰ ਦੀ 'ਅਸਮਿਤਾ' (ASMITA - ਮਹਿਲਾਵਾਂ ਲਈ ਖੇਡਾਂ) ਪਹਿਲਕਦਮੀ ਤਹਿਤ ਔਰਤਾਂ ਦੀ ਖੇਡਾਂ ਵਿੱਚ ਸ਼ਮੂਲੀਅਤ ਵਧਾਉਣਾ ਅਤੇ ਹਰ ਉਮਰ ਵਰਗ ਵਿੱਚ ਸਰੀਰਕ ਤੰਦਰੁਸਤੀ ਨੂੰ ਉਤਸ਼ਾਹਿਤ ਕਰਨਾ ਹੈ। ਇਸ ਮੌਕੇ ਫਾਈਨ ਆਰਟਸ ਵਿਭਾਗ ਵੱਲੋਂ ਔਰਤ ਸਸ਼ਕਤੀਕਰਨ ਦੇ ਵਿਸ਼ੇ 'ਤੇ ਪੋਸਟਰ ਮੇਕਿੰਗ ਮੁਕਾਬਲੇ ਵੀ ਕਰਵਾਏ ਗਏ। ਇਸ ਦੌਰਾਨ 100 ਮੀਟਰ, 200 ਮੀਟਰ ਤੇ 400 ਮੀਟਰ ਦੌੜ ਕਰਵਾਈ ਗਈ, ਜਿਸ ਵਿੱਚ 13 ਸਾਲ ਤੋਂ ਘੱਟ, 13 ਤੋਂ 18 ਸਾਲ ਤੱਕ ਅਤੇ 18 ਸਾਲ ਤੋਂ ਵੱਧ ਦੇ ਵਲੰਟੀਅਰਾਂ ਨੇ ਭਾਗ ਲਿਆ। ਇਸ ਦੌਰਾਨ ਦੌੜ ਵਿੱਚ ਪੁਜੀਸ਼ਨ ਹਾਸਲ ਕਰਨ ਵਾਲੇ ਵਲੰਟੀਅਰ ਨੂੰ ਮੈਡਲ ਤੇ ਸਰਟੀਫਿਕੇਟ ਦਿੱਤੇ ਗਏ। ਜਿਸ ਵਿੱਚ 13 ਸਾਲ ਤੋਂ ਘੱਟ 100 ਮੀਟਰ ਵਿੱਚ ਪਹਿਲਾ ਸਥਾਨ ਦਿਵਜੋਤ ਕੌਰ ਦੂਜਾ ਸਥਾਨ ਜੋਆ ਅਤੇ ਤੀਜਾ ਸਥਾਨ ਸੁਖਮਨਪ੍ਰੀਤ ਕੌਰ ਨੇ ਹਾਸਲ ਕੀਤਾ। 200 ਮੀਟਰ ਵਿੱਚ ਪਹਿਲਾ ਸਥਾਨ ਗੁਰਬਾਣੀ, ਦੂਜਾ ਹਰਸ਼ਿਕਾ ਤੇ ਤੀਜਾ ਵੰਦਨਾ ਨੇ ਹਾਸਲ ਕੀਤਾ। 400 ਮੀਟਰ ਵਿਚ ਪਹਿਲਾ ਸਥਾਨ ਜੋਯਾ, ਦੂਜਾ ਸਥਾਨ ਵੰਦਨਾ ਅਤੇ ਤੀਜਾ ਸਥਾਨ ਗੁਰਬਾਣੀ ਨੇ ਹਾਸਿਲ ਕੀਤਾ। ਇਸੇ ਤਰ੍ਹਾਂ 13 ਤੋਂ 18 ਸਾਲ ਤੱਕ ਵਿੱਚ 100 ਮੀਟਰ ਦੌੜ ਵਿੱਚ ਜਸ਼ਨਦੀਪ ਕੌਰ ਨੇ ਪਹਿਲਾ, ਸੁਮਨਪ੍ਰੀਤ ਕੌਰ ਨੇ ਦੂਜਾ ਅਤੇ ਰੁਬਲਪ੍ਰੀਤ ਨੇ ਤੀਜਾ ਸਥਾਨ ਹਾਸਲ ਕੀਤਾ। 200 ਮੀਟਰ ਵਿੱਚ ਜਸ਼ਨਦੀਪ ਕੌਰ ਨੇ ਪਹਿਲਾ, ਜਸਪ੍ਰੀਤ ਕੌਰ ਨੇ ਦੂਜਾ, ਅਰਮਨਪ੍ਰੀਤ ਨੇ ਤੀਜਾ ਸਥਾਨ ਪ੍ਰਾਪਤ ਕੀਤਾ। 400 ਮੀਟਰ ਵਿੱਚ ਅਰਮਨਪ੍ਰੀਤ ਕੌਰ ਨੇ ਪਹਿਲਾ, ਪਲਵਿੰਦਰ ਕੌਰ ਨੇ ਦੂਜਾ ਅਤੇ ਜਸਪ੍ਰੀਤ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ ਅਤੇ 18 ਸਾਲ ਤੋਂ ਵੱਧ ਵਿੱਚ 100 ਮੀਟਰ ਵਿੱਚ ਹੁਸਨਪ੍ਰੀਤ ਕੌਰ ਨੇ ਪਹਿਲਾਂ, ਲਖਵੀਰ ਕੌਰ ਨੇ ਦੂਜਾ ਤੇ ਗੋਮਤੀ ਨੇ ਤੀਜਾ ਸਥਾਨ ਪ੍ਰਾਪਤ ਕੀਤਾ। 200 ਮੀਟਰ ਵਿੱਚ ਹੁਸਨਪ੍ਰੀਤ ਕੌਰ ਨੇ ਪਹਿਲਾਂ, ਅਨਮੋਲ ਨੇ ਦੂਜਾ ਅਤੇ ਕੋਮਲਪ੍ਰੀਤ ਕੌਰ ਨੇ ਤੀਜਾ ਸਥਾਨ ਹਾਸਿਲ ਕੀਤਾ। 400 ਮੀਟਰ ਵਿੱਚ ਅਮਨਜੀਤ ਨੇ ਪਹਿਲਾ, ਲਖਵੀਰ ਕੌਰ ਨੇ ਦੂਜਾ ਤੇ ਹਰਜੋਤ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ। ਡਿਪਟੀ ਡਾਇਰੈਕਟਰ ਰਾਹੁਲ ਸੈਣੀ ਵੱਲੋਂ ਪ੍ਰਿੰਸੀਪਲ ਡਾ. ਸੁਸ਼ੀਲ ਬਾਲਾ ਸਮੇਤ ਖੇਡ ਵਿਭਾਗ ਅਤੇ SAI ਤੋਂ ਆਏ ਜਸਪ੍ਰੀਤ ਸਿੰਘ, ਹਰਨੇਕ ਸਿੰਘ, ਹਰਦੀਪ ਸਿੰਘ ਅਤੇ ਨਵਜੀਤ ਸਿੰਘ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੀਆਂ ਇੰਚਾਰਜ ਮੈਡਮ ਅਰਚਨਾ, ਜਸਵੀਰ ਕੌਰ, ਵੀਰਪਾਲ ਕੌਰ, ਕਿਰਨ ਸਿਕਰੀ, ਮਨਪ੍ਰੀਤ ਕੌਰ ਅਤੇ ਵਲੰਟੀਅਰਾਂ ਲਵਪ੍ਰੀਤ ਸਿੰਘ ਤੇ ਸਿਮਰੀ ਦਾ ਵੀ ਸਨਮਾਨ ਕੀਤਾ ਗਿਆ। ਅੰਤ ਵਿੱਚ ਪ੍ਰਿੰਸੀਪਲ ਡਾ. ਸੁਸ਼ੀਲ ਬਾਲਾ ਨੇ ਮਾਈ ਭਾਰਤ ਕੇਂਦਰ, ਜ਼ਿਲ੍ਹਾ ਖੇਡ ਅਫ਼ਸਰ ਉਮੇਸ਼ਵਰੀ ਸ਼ਰਮਾ, ਵੱਖ-ਵੱਖ ਸਕੂਲਾਂ ਤੋਂ ਆਏ ਅਧਿਆਪਕਾਂ, ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਦਾ ਧੰਨਵਾਦ ਕਰਦਿਆਂ ਕੁੜੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਨਾਲ ਜੁੜਨ ਲਈ ਪ੍ਰੇਰਿਤ ਕੀਤਾ। ਮੰਚ ਸੰਚਾਲਨ ਦੀ ਭੂਮਿਕਾ ਮੈਡਮ ਜਸਵੀਰ ਕੌਰ ਅਤੇ ਮੈਡਮ ਵੀਰਪਾਲ ਕੌਰ ਨੇ ਬਾਖ਼ੂਬੀ ਨਿਭਾਈ।

## ਔਰਤਾਂ ਨੂੰ 1000 ਰੁਪਏ ਦੇਣ ਕਰਕੇ ਆਪ ਸਰਕਾਰ ਕਹਿਣੀ ਅਤੇ ਕਰਨੀ ਵਿੱਚ ਸਹੀ ਸਾਬਤ ਹੋਈ : ਅਜੇ ਲਿਬੜਾ



ਫਤਿਹਗੜ੍ਹ ਸਾਹਿਬ, 8 ਮਾਰਚ (ਹਰਪ੍ਰੀਤ ਕੌਰ ਟਿਵਾਣਾ )ਭਗਵੰਤ ਮਾਨ ਸਰਕਾਰ ਵੱਲੋਂ ਚੋਣਾਂ ਤੋਂ ਪਹਿਲਾਂ ਕੀਤੇ ਗਏ ਆਪਣੇ ਸਮੁੱਚੇ ਵਾਅਦਿਆਂ ਨੂੰ ਪੂਰਾ ਕਰਕੇ ਕਹਿਣੀ ਅਤੇ ਕਰਨੀ ਦੀ ਪ੍ਰਤੱਖ ਮਿਸਾਲ ਪੈਦਾ ਕਰਕੇ ਰੱਖ ਦਿੱਤੀ ਹੈ, ਕਿਉਂਕਿ ਵਿਰੋਧੀਆਂ ਵੱਲੋਂ ਔਰਤਾਂ ਨੂੰ 1000 ਰੁਪਏ ਦੇਣ ਦੇ ਕਾਫੀ ਦੇਰ ਤੋਂ ਕਿਸੇ ਜਾ ਰਹੇ ਵਿੰਅਗਾ ਨੂੰ ਵੀ ਅੱਜ ਵਿਰਾਮ ਲੱਗ ਚੁੱਕਾ ਹੈ ।ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਜਿਲਾ ਯੋਜਨਾ ਬੋਰਡ ਫਤਿਹਗੜ੍ਹ ਸਾਹਿਬ ਦੇ ਚੇਅਰਮੈਨ ਅਤੇ ਜ਼ਿਲਾ ਪ੍ਰਧਾਨ ਆਮ ਆਦਮੀ ਪਾਰਟੀ ਫਤਿਹਗੜ੍ਹ ਸਾਹਿਬ ਅਜੇ ਸਿੰਘ ਲਿਬੜਾ ਨੇ ਫਤਿਹਗੜ੍ਹ ਸਾਹਿਬ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ ।ਅਜੇ ਲਿਬੜਾ ਨੇ ਕਿਹਾ ਕਿ ਵਿਰੋਧੀਆਂ ਵੱਲੋਂ ਵਾਰ-ਵਾਰ ਆਮ ਆਦਮੀ ਪਾਰਟੀ ਤੇ ਤੰਜ ਕਸੇ ਜਾ ਰਹੇ ਸਨ ਕਿ ਔਰਤਾਂ ਨੂੰ 1000 ਰੁਪਏ ਦੇਣ ਦੇ ਕੀਤੇ ਵਾਅਦੇ ਅਤੇ ਗਰੰਟੀਆਂ ਨੂੰ ਸਰਕਾਰ ਵੱਲੋਂ ਪੂਰਾ ਨਹੀਂ ਕੀਤਾ ਜਾ ਰਿਹਾ ਅਤੇ ਅੱਜ ਮਹਿਲਾ ਦਿਵਸ ਮੌਕੇ ਪੰਜਾਬ ਸਰਕਾਰ ਵੱਲੋਂ ਆਪਣੇ ਉਸ ਰਹਿੰਦੇ ਵਾਅਦੇ ਨੂੰ ਵੀ ਅਮਲੀ ਰੂਪ ਦੇ ਦਿੱਤਾ ਗਿਆ ਹੈ ਅਤੇ ਇਹਨਾਂ ਰੁਪਇਆਂ ਨੂੰ ਦੇਣ ਲਈ ਅਗਲੀ ਰਜਿਸਟਰੇਸ਼ਨ ਪ੍ਰਕਿਰਿਆ ਵਿਸਾਖੀ ਵਾਲੇ ਦਿਨ 13 ਅਪ੍ਰੈਲ ਤੋਂ ਸ਼ੁਰੂ ਹੋ ਜਾਵੇਗੀ ਅਤੇ ਸਰਕਾਰ ਵੱਲੋਂ ਇਸ ਸਕੀਮ ਦੇ ਘੇਰੇ ਵਿੱਚ ਯੋਗ 18 ਸਾਲ ਤੋਂ ਉੱਪਰ ਵਾਲੀਆਂ ਔਰਤਾਂ ਲਈ ਇੱਕ ਹਜਾਰ ਰੁਪਆ ਅਤੇ ਐਸਸੀ ਵਰਗ ਨਾਲ ਸਬੰਧਤ ਔਰਤਾਂ ਨੂੰ 1500 ਰੁਪਏ ਦੇਣ ਨਾਲ ਔਰਤ ਵਰਗ ਨੂੰ ਵੱਡੀ ਰਾਹਤ ਮਿਲੇਗੀ ।ਅਜੇ ਲਿਬੜਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪੇਸ਼ ਕੀਤਾ ਗਿਆ ਇਹ ਪੰਜਵਾਂ ਬਜਟ ਪੂਰੀ ਤਰ੍ਹਾਂ ਲੋਕ ਪੱਖੀ ਹੋ ਕੇ ਸਾਬਤ ਹੋਇਆ ਹੈ । ਉਨ੍ਹਾਂ ਕਿਹਾ ਕਿ ਇਸ ਬਜਟ ਵਿੱਚ ਵੀ ਪਿਛਲੇ ਬਜਟਾਂ ਦੀ ਤਰ੍ਹਾਂ ਸਮੁੱਚੇ ਵਰਗਾਂ ਲਈ ਰਾਹਤ ਪੈਕਜ ਦਿੱਤੇ ਗਏ ਹਨ ਜਿਸ ਨਾਲ ਲੋਕਾਂ ਪੰਜਾਬ ਦੇ ਲੋਕਾਂ ਨੂੰ ਵੱਡੀਆਂ ਸਹੂਲਤਾਂ ਪ੍ਰਦਾਨ ਹੋਣਗੀਆਂ।

# ਪੰਜਾਬ ਸਰਕਾਰ ਵੱਲੋਂ ਮਾਣ-ਸਨਮਾਨ ਭੱਤਾ ਮਿਲਣ ਤੇ ਬੀਬੀਆਂ ਹੋਈਆਂ ਬਾ.ਗੋ-ਬਾ.ਗ

## ਔਰਤਾਂ ਨੇ ਇਕੱਠੇ ਹੋਕੇ ਪੰਜਾਬ ਸਰਕਾਰ ਅਤੇ ਬੀਬੀ ਮਾਣੂੰਕੇ ਦਾ ਕੀਤਾ ਧੰਨਵਾਦ

ਜਗਰਾਉਂ 8 ਮਾਰਚ (ਵਿਸ਼ਾਲ ਅੱਤਰੇ ਆਰੀਅਨ ਅੱਤਰੇ)ਪੰਜਾਬ ਸਰਕਾਰ ਵੱਲੋਂ ਅੱਜ 16ਵੀਂ ਵਿਧਾਨ ਸਭਾ ਦੇ ਬੱਜਟ ਸੈਸ਼ਨ ਦੌਰਾਨ 18 ਸਾਲ ਤੋਂ ਉਪਰ ਦੀ ਉਮਰ ਵਾਲੀਆਂ ਜਨਰਲ ਔਰਤਾਂ ਨੂੰ 1000 ਰੁਪਏ ਅਤੇ ਅਨੁਸੂਚਿਤ ਜ਼ਾਤੀ ਤੇ ਪੱਛੜੀਆਂ ਸ੍ਰੇਣੀਆਂ ਦੀਆਂ ਔਰਤਾਂ ਨੂੰ 1500 ਰੁਪਏ ਪ੍ਰਤੀ ਮਹੀਨਾਂ ਮਾਣ ਭੱਤਾ ਮਿਲਣ ਤੇ ਬੀਬੀਆਂ ਬਾਗ਼ੋ-ਬਾਗ ਹੋ ਗਈਆਂ ਹਨ। ਜਿੰਨਾਂ ਨੇ ਅੱਜ ਹਲਕਾ ਜਗਰਾਉਂ ਵਿਖੇ ਇਕੱਠੇ ਹੋਕੇ ਜਿੱਥੇ ਪੰਜਾਬ ਦੇ ਮਾਣਯੋਗ ਮੁੱਖ ਮੰਤਰੀ ਭਗਵੰਤ ਮਾਨ, ਪੰਜਾਬ ਸਰਕਾਰ ਅਤੇ ਵਿਧਾਇਕਾ ਬੀਬੀ ਸਰਵਜੀਤ ਕੌਰ ਮਾਣੂੰਕੇ ਦਾ ਧੰਨਵਾਦ ਕੀਤਾ, ਉਥੇ ਹੀ ਔਰਤਾਂ ਨੂੰ ਮਿਲੇ ਮਾਣ-ਸਨਮਾਨ ਦੇ ਖੁਸ਼ੀ ਦਾ ਇਜ਼ਹਾਰ ਕਰਦਿਆਂ ਪੰਜਾਬ ਭਰ ਦੀਆਂ ਔਰਤਾਂ ਨੂੰ ਵਧਾਈ ਦਿੱਤੀ। ਇਸ ਮੌਕੇ ਖੁਸ਼ੀ ਵਿੱਚ ਖੀਵੇ ਹੋਏ ਹਲਕਾ ਜਗਰਾਉਂ ਦੇ ਵਿਧਾਇਕਾ ਬੀਬੀ ਸਰਵਜੀਤ ਕੌਰ ਮਾਣੂੰਕੇ ਨੇ ਆਖਿਆ ਕਿ ਆਮ ਆਦਮੀ ਪਾਰਟੀ ਨੇ ਚੋਣਾਂ ਤੋਂ ਪਹਿਲਾਂ ਜੋ ਵੀ ਗਰੰਟੀਆਂ ਦਿੱਤੀਆਂ ਸਨ, ਸਾਰੀਆਂ ਆਪਣੀ ਸਰਕਾਰ ਦੇ ਸਮੇਂ ਅਨੁਸਾਰ ਪੂਰੀਆਂ ਕੀਤੀਆਂ ਹਨ ਅਤੇ ਇੱਕ ਗਰੰਟੀ ਔਰਤਾਂ ਨੂੰ ਮਾਣ ਭੱਛਾ ਦੇਣ ਦੀ ਗਰੰਟੀ ਰਹਿੰਦੀ ਸੀ, ਜਿਸ ਨੂੰ ਅੱਜ ਬੱਜਟ ਸ਼ੈਸ਼ਨ ਦੌਰਾਨ ਪੂਰਾ ਕਰ ਦਿੱਤਾ ਹੈ। ਜਿਸ ਨਾਲ ਜਿੱਥੇ ਪੰਜਾਬ ਭਰ ਦੀਆਂ ਔਰਤਾਂ ਦੇ ਮਾਣ-



ਸਨਮਾਨ ਵਿੱਚ ਵਾਧਾ ਹੋਇਆ ਹੈ, ਉਥੇ ਹੀ ਔਰਤਾਂ ਲਈ ਆਪਣੇ ਘਰ ਦਾ ਖਰਚਾ ਚਲਾਉਣ ਲਈ ਪੰਜਾਬ ਸਰਕਾਰ ਵੱਲੋਂ ਇੰਨਕਮ ਦਾ ਸਰੋਤ ਵੀ ਮਿਲ ਗਿਆ ਹੈ। ਬੀਬੀ ਮਾਣੂੰਕੇ ਨੇ ਆਖਿਆ ਕਿ ਪੰਜਾਬ ਸਰਕਾਰ ਵੱਲੋਂ ਪੇਸ਼ ਕੀਤਾ ਗਿਆ ਬੱਜਟ ਪੰਜਾਬ ਵਾਸੀਆਂ ਦੇ ਭਲਾਈ ਅਤੇ ਸੂਬੇ ਨੂੰ ਨਵੀਂ ਦਿਸ਼ਾ ਤੇ ਦਸ਼ਾ ਦੇਣ ਵਾਲਾ ਹੈ, ਜਿਸ ਨਾਲ ਪੰਜਾਬ ਹੋਰ ਵੀ ਤਰੱਕੀ ਦੀ ਰਾਹ ਤੇ ਚੱਲ ਪਵੇਗਾ। ਉਹਨਾਂ ਆਖਿਆ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਨੇ ਮਾਣਯੋਗ ਮੁੱਖ ਮੰਤਰੀ ਭਗਵੰਤ ਮਾਨ ਜੀ ਦੀ ਯੋਗ ਅਗਵਾਈ ਹੇਠ ਰੰਗਲਾ ਪੰਜਾਬ ਬਨਾਉਣ ਲਈ ਜੋ ਉਪਰਾਲੇ ਕੀਤੇ ਸਨ, ਉਹਨਾਂ ਨੂੰ ਹੁਣ ਬੂਰ ਪੈਂਦਾ ਨਜ਼ਰ ਆ ਰਿਹਾ ਹੈ ਅਤੇ ਪੰਜਾਬ ਦੇ ਲੋਕ ਪੂਰੀ ਤਰਾਂ ਨਾਲ ਖੁਸ਼ ਹਨ ਅਤੇ ਔਰਤਾਂ ਦੇ ਸਨਮਾਨ ਵਿੱਚ ਵਾਧਾ ਕਰਨਾ, ਪੰਜਾਬ ਸਰਕਾਰ ਦਾ ਇੱਕ ਬਹੁਤ ਵੱਡਾ ਸ਼ਲਾਘਾਯੋਗ ਉਪਰਾਲਾ ਹੈ। ਵਿਧਾਇਕਾ ਮਾਣੂੰਕੇ ਨੇ ਆਖਿਆ ਕਿ ਬੱਜਟ ਸ਼ੈਸ਼ਨ ਦੌਰਾਨ ਪੰਜਾਬ ਸਰਕਾਰ ਵੱਲੋਂ ਔਰਤਾਂ ਦੇ ਸਨਮਾਨ ਵਿੱਚ ਕੀਤੇ ਵਾਧੇ ਦੇ ਐਲਾਨ ਨਾਲ ਜਿੱਥੇ ਪੰਜਾਬ ਭਰ ਦੀਆਂ ਮਹਿਲਾਵਾਂ ਵਿੱਚ ਖੁਸ਼ੀ ਦੀ ਲਹਿਰ ਹੈ, ਉਥੇ ਹੀ ਵਿਰੋਧੀ ਪਾਰਟੀ ਦੇ ਕੂੜ ਪ੍ਰਚਾਰ ਕਰਨ ਵਾਲੇ ਅਕਾਵਾਂ ਨੂੰ ਹੱਥਾਂ ਪੈਰਾਂ ਦੀਆਂ ਪੈ ਗਈਆਂ ਹਨ ਕਿਉਂਕਿ ਪੰਜਾਬ ਦੀ ਹਰ ਇੱਕ ਨਾਰੀ ਮਿਲੇ ਸਨਮਾਨ ਕਰਕੇ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਖੜੀ ਨਜ਼ਰ ਆ ਰਹੀ ਹੈ। ਇਸ ਮੌਕੇ ਵਿਧਾਇਕਾ ਮਾਣੂੰਕੇ ਨੇ ਸਮੂਹ ਮਹਿਲਾਵਾਂ ਨੂੰ ਪ੍ਰਤੀ ਮਹੀਨਾ 1000-1500 ਰੁਪਏ ਦਾ ਮਾਣ ਭੱਤਾ ਮਿਲਣ ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਵਧਾਈ ਦਿੱਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਹਲਕਾ ਕੋਆਰਡੀਨੇਟਰ ਪ੍ਰਭਜੋਤ ਕੌਰ ਸ਼ੇਰਪੁਰ ਕਲਾਂ, ਵਾਈਸ ਕੋਆਰਡੀਨੇਟਰ ਸੰਦੀਪ ਕੌਰ ਗਗੜਾ, ਪਰਮਜੀਤ ਕੌਰ ਬਾਰਦੇਕੇ, ਬਲਦੀਪ ਕੌਰ ਸ਼ੇਰਪੁਰ ਕਲਾਂ, ਸਰਪੰਚ ਰੀਤ ਕੌਰ ਅਗਵਾੜ ਲਧਾਈ, ਡਾ.ਅਮਨ ਜਗਰਾਉਂ, ਅਮ੍ਰਿਤਪਾਲ ਕੌਰ ਕਾਕੜ, ਚਰਨਜੀਤ ਕੌਰ ਲੀਲਾਂ, ਕੁਸ਼ਮ ਲਤਾ ਬੋਦਲਵਾਲਾ, ਆਸ਼ਾ ਰਾਣੀ, ਮਲਕੀਤ ਕੌਰ ਕਾਉਂਕੇ ਕਲਾਂ, ਮੈਂਬਰ ਜਿਲਾ ਪ੍ਰੀਸ਼ਦ ਗੁਰਪ੍ਰੀਤ ਕੌਰ ਕਾਉਕੇਂ ਕਲਾਂ, ਸੁਰਜੀਤ ਕੌਰ ਬਾਘੀਆਂ, ਦਲਜੀਤ ਕੌਰ ਮਲਕ, ਸੁਖਵੀਰ ਕੌਰ ਕੋਠੇ ਬੱਗੂ, ਗੁਰਪ੍ਰੀਤ ਕੌਰ ਸ਼ੇਰਪੁਰ ਕਲਾਂ, ਪੂਜਾ ਗਗੜਾ, ਹਰਜੀਤ ਕੌਰ ਬਾਘੀਆਂ, ਵੀਰਪਾਲ ਕੌਰ ਬੁਰਜ ਕੁਲਾਰਾ, ਪਰਮਜੀਤ ਕੌਰ ਕਮਾਲਪੁਰਾ, ਗੁਰਮੀਤ ਕੌਰ ਮਾਣੂੰਕੇ, ਕਿਰਨਦੀਪ ਕੌਰ ਸ਼ੇਖਦੌਲਤ, ਅਮਨਦੀਪ ਕੌਰ ਡੱਲਾ, ਮਨਜੀਤ ਕੌਰ ਗਗੜਾ, ਸੁਰਿੰਦਰ ਕੌਰ ਗਗੜਾ, ਗੁਰਮੀਤ ਕੌਰ ਗਗੜਾ, ਪਰਮਜੀਤ ਕੌਰ ਬਾਰਦੇਕੇ, ਅਮਨਦੀਪ ਕੌਰ ਕਮਾਲਪੁਰਾ, ਸ਼ੁਭਮਨਦੀਪ ਕੌਰ ਕੋਠੇ ਬੱਗੂ, ਰਾਜਵਿੰਦਰ ਕੌਰ ਮੀਰਪੁਰ ਹਾਂਸ, ਚਰਨਜੀਤ ਕੌਰ ਬਾਘੀਆਂ, ਕੁਲਵਿੰਦਰ ਕੌਰ ਬੋਦਲਵਾਲਾ ਆਦਿ ਨੇ ਵੀ ਮਾਣ-ਸਨਮਾਨ ਭੱਤਾ ਮਿਲਣ ਤੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ।

## ਜ਼ਿਲ੍ਹਾ ਲਿਖਾਰੀ ਸਭਾ ਦੇ ਮੈਂਬਰਾਂ ਤੇ ਅਹੁਦੇਦਾਰਾਂ ਦੀ ਚੋਣ ਸੰਬੰਧੀ ਹੋਈ ਮੀਟਿੰਗ



ਫਤਿਹਗੜ੍ਹ ਸਾਹਿਬ, 8 ਮਾਰਚ (ਹਰਪ੍ਰੀਤ ਕੌਰ ਟਿਵਾਣਾ) :ਜ਼ਿਲ੍ਹਾ ਲਿਖਾਰੀ ਸਭਾ ਸ਼੍ਰੀ ਫ਼ਤਿਹਗੜ੍ਹ ਸਾਹਿਬ ਦੀ ਪ੍ਰਧਾਨ ਬੀਬੀ ਪਰਮਜੀਤ ਕੌਰ ਸਰਹਿੰਦ ਦੀ ਅਗਵਾਈ ਹੇਠ ਉਹਨਾਂ ਦੇ ਗ੍ਰਹਿ ਵਿਖੇ ਜ਼ਿਲ੍ਹਾ ਲਿਖਾਰੀ ਸਭਾ ਦੀ ਹੰਗਾਮੀ ਮੀਟਿੰਗ ਹੋਈ, ਜਿਸ ਵਿੱਚ ਆਉਂਦੇ ਦੋ ਸਾਲਾਂ ਲਈ ਲਿਖਾਰੀ ਸਭਾ ਦੇ ਮੈਂਬਰਾਂ ਤੇ ਅਹੁਦੇਦਾਰਾਂ ਦੀ ਚੋਣ ਕਰਨ ਸਬੰਧੀ ਵਿਚਾਰਾਂ ਕੀਤੀਆਂ ਗਈਆਂ। ਇਸ ਮੌਕੇ ਬੀਬੀ ਪਰਮਜੀਤ ਕੌਰ ਸਰਹੰਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਜ਼ਿਲ੍ਹਾ ਲਿਖਾਰੀ ਸਭਾ ਦਾ ਦੋ ਸਾਲਾਂ ਦਾ ਕਾਰਜਕਾਲ ਲਗਭਗ ਪੂਰਾ ਹੋ ਚੁੱਕਾ ਹੈ ਤੇ ਅਗਲੇ ਦੋ ਸਾਲਾਂ ਲਈ ਅਹੁਦੇਦਾਰਾਂ ਦੀ ਚੋਣ ਸੰਬੰਧੀ ਮੀਟਿੰਗ ਕੀਤੀ ਗਈ ਹੈ। ਇਸ ਮੌਕੇ ਲਿਖਾਰੀ ਸਭਾ ਵੱਲੋਂ ਛਪਵਾਏ ਜਾ ਰਹੇ ਸਾਂਝੇ ਕਾਵਿ ਸੰਗ੍ਰਹਿ ਲਈ ਚਾਹਵਾਨ ਕਵੀ 14 ਤਰੀਕ, ਦਿਨ ਸ਼ਨੀਵਾਰ ਨੂੰ ਸਭਾ ਦੀ ਹੋਣ ਵਾਲੀ ਮੀਟਿੰਗ ਵਿੱਚ ਆਪਣੀਆਂ ਛੇ-ਛੇ ਰਚਨਾਵਾਂ ਟਾਈਪ ਕਰਵਾਕੇ ਲਿਆਉਣ ਲਈ ਵੀ ਕਿਹਾ। ਇਸ ਤੋਂ ਇਲਾਵਾ ਲਿਖਾਰੀ ਸਭਾ ਦੀਆਂ ਗਤੀਵਿਧੀਆਂ ਤੇ ਨਵੇਂ ਸਾਹਿਤਕਾਰਾਂ, ਲੇਖਕਾਂ ਤੇ ਕਵੀਆਂ ਨੂੰ ਸਭਾ ਨਾਲ ਜੋੜਨ ਸਬੰਧੀ ਵੀ ਗੱਲਬਾਤ ਕੀਤੀ ਗਈ। ਆਉਂਦੇ ਮਹੀਨਿਆਂ ਵਿੱਚ ਸਾਹਿਤਕਾਰਾਂ ਨਾਲ ਰੂਬਰੂ ਕਰਵਾਉਣ ਤੇ ਲਿਖਾਰੀ ਸਭਾ ਦੇ ਕਵੀਆਂ ਦੀਆਂ ਛਪ ਚੁੱਕੀਆਂ ਪੁਸਤਕਾਂ ਉੱਤੇ ਚਰਚਾ ਕਰਨ ਸੰਬੰਧੀ ਵੀ ਰਣਨੀਤੀ ਉਲੀਕੀ ਗਈ। ਇਸ ਤੋਂ ਇਲਾਵਾ ਲਿਖਾਰੀ ਸਭਾ ਦੀਆਂ ਗਤੀਵਿਧੀਆਂ ਨੂੰ ਸੋਸ਼ਲ ਮੀਡੀਆ ਦੇ ਵੱਖ-ਵੱਖ ਪਲੇਟਫਾਰਮਾਂ ਉੱਤੇ ਲਿਆਉਣ ਦੀ ਯੋਜਨਾ ਵੀ ਬਣਾਈ ਗਈ। ਇਸ ਮੌਕੇ ਬੀਬੀ ਪਰਮਜੀਤ ਕੌਰ ਸਰਹਿੰਦ ਤੋਂ ਇਲਾਵਾ ਮੀਤ ਪ੍ਰਧਾਨ ਬਲਤੇਜ ਸਿੰਘ ਬਠਿੰਡਾ, ਜਨਰਲ ਸਕੱਤਰ ਹਰਜਿੰਦਰ ਸਿੰਘ ਗੋਪਾਲੋਂ, ਪ੍ਰੈਸ ਸਕੱਤਰ ਅਮਰਬੀਰ ਸਿੰਘ ਚੀਮਾ, ਸਕੱਤਰ ਸੁਖਵਿੰਦਰ ਸਿੰਘ ਢਿੱਲੋਂ, ਕੈਸ਼ੀਅਰ ਅਵਤਾਰ ਸਿੰਘ ਪੁਆਰ, ਅਜਮੇਰ ਸਿੰਘ ਮਾਨ, ਮੈਡਮ ਪ੍ਰੇਮ ਲਤਾ, ਸਿਮਰਨਜੀਤ ਸਿੰਘ ਤੇ ਹੋਰ ਹਾਜ਼ਰ ਸਨ।

## ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਐਥਲੈਟਿਕ ਮੀਟ ਦਾ ਆਯੋਜਨ




ਫਤਿਹਗੜ੍ਹ ਸਾਹਿਬ, 8 ਮਾਰਚ (ਹਰਪ੍ਰੀਤ ਕੌਰ ਟਿਵਾਣਾ)ਮੇਰਾ ਯੁਵਾ ਭਾਰਤ, ਫਤਿਹਗੜ੍ਹ ਸਾਹਿਬ ਵੱਲੋਂ ਜ਼ਿਲ੍ਹਾ ਖੇਡ ਅਫ਼ਸਰ, ਫਤਿਹਗੜ੍ਹ ਸਾਹਿਬ ਦੇ ਸਹਿਯੋਗ ਨਾਲ ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰਿੰਗ ਕਾਲਜ ਦੇ ਸਪੋਰਟਸ ਗਰਾਊਂਡ ਵਿਖੇ ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਇਆ ਗਿਆ। ਇਸ ਮੌਕੇ ਤੇ ਅਸਮਿਤਾ ਲੀਗ ਤਹਿਤ ਇੱਕ ਐਥਲੈਟਿਕ ਮੀਟ ਦਾ ਆਯੋਜਨ ਕੀਤਾ ਗਿਆ ਹੈ ਜਿਸ ਵਿੱਚ 13, 14-18 ਅਤੇ 18 ਤੋਂ ਵੱਧ ਉਮਰ ਦੀਆਂ ਲੜਕੀਆਂ ਲਈ 100 ਮੀਟਰ, 200 ਮੀਟਰ ਅਤੇ 400 ਮੀਟਰ ਦੌੜ ਦਾ ਆਯੋਜਨ ਕੀਤਾ ਗਿਆ ਹੈ। ਇਸ ਸਮਾਗਮ ਵਿੱਚ ਪੂਰੇ ਜ਼ਿਲ੍ਹੇ ਦੀਆਂ ਲਗਭਗ 250+ ਲੜਕੀਆਂ ਨੇ ਹਿੱਸਾ ਲਿਆ ਹੈ। ਸਾਰੀਆਂ ਜੇਤੂਆਂ ਨੂੰ ਮੈਡਲ ਅਤੇ ਸਰਟੀਫਿਕੇਟ ਨਾਲ ਸਨਮਾਨਿਤ ਕੀਤਾ ਗਿਆ ਅਤੇ ਸਾਰੇ ਭਾਗੀਦਾਰਾਂ ਨੂੰ ਭਾਗੀਦਾਰੀ ਸਰਟੀਫਿਕੇਟ ਵੀ ਦਿੱਤੇ ਗਏ। ਸ਼੍ਰੀ ਮਨਦੀਪ ਕੌਸ਼ਲ, ਜ਼ਿਲ੍ਹਾ ਖੇਡ ਅਫ਼ਸਰ, ਫਤਿਹਗੜ੍ਹ ਸਾਹਿਬ ਨੇ ਮੁੱਖ ਮਹਿਮਾਨ ਵਜੋਂ ਸਮਾਗਮ ਦਾ ਉਦਘਾਟਨ ਕੀਤਾ, ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਮੁਕਾਬਲੇ ਲੜਕੀਆਂ ਨੂੰ ਖੇਡਾਂ ਨੂੰ ਆਪਣੇ ਕਰੀਅਰ ਦੇ ਵਿਕਲਪ ਵਜੋਂ ਅਪਣਾਉਣ ਲਈ ਪ੍ਰੇਰਿਤ ਕਰਨ ਵਿੱਚ ਬਹੁਤ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ ਕਿਉਂਕਿ ਇਨ੍ਹਾਂ ਖੇਡਾਂ ਰਾਹੀਂ ਤੰਦਰੁਸਤੀ ਅਤੇ ਖੇਡਾਂ ਦੀ ਮਹੱਤਤਾ ਦਾ ਸੁਨੇਹਾ ਜ਼ਮੀਨੀ ਪੱਧਰ ਤੱਕ ਫੈਲਾਇਆ ਜਾ ਸਕਦਾ ਹੈ। ਸਮੁੱਚਾ ਸਟੇਜ ਅਤੇ ਮੁਕਾਬਲੇ ਦਾ ਪ੍ਰਬੰਧਨ ਸ਼੍ਰੀ ਕਾਰਤਿਕ ਸਿੰਗਲਾ, ਜ਼ਿਲ੍ਹਾ ਯੁਵਾ ਅਫ਼ਸਰ, ਮੇਰਾ ਯੁਵਾ ਭਾਰਤ, ਫਤਿਹਗੜ੍ਹ ਸਾਹਿਬ ਵੱਲੋਂ ਸ਼੍ਰੀ ਜਤਿੰਦਰ ਕੁਮਾਰ, ਏਪੀਏ ਅਤੇ ਸ਼੍ਰੀ ਜੀਵਨ ਰੱਖਰਾਓ, ਦਫ਼ਤਰ ਸਹਾਇਕ ਮੇਰਾ ਯੁਵਾ ਭਾਰਤ, ਫਤਿਹਗੜ੍ਹ ਸਾਹਿਬ। ਦੇ ਨਾਲ ਕੀਤਾ ਗਿਆ ਹੈ। ਸੀਨੀਅਰ ਕੋਚਾਂ ਦੀ ਪੂਰੀ ਟੀਮ ਜਿਸ ਵਿੱਚ ਰਾਹੁਲਦੀਪ ਸਿੰਘ, ਲਖਵੀਰ ਸਿੰਘ, ਅੰਜੂ ਸ਼ਾਮਲ ਹਨ, ਨੇ ਇਸ ਪ੍ਰੋਗਰਾਮ ਦੇ ਸਫਲ ਆਯੋਜਨ ਵਿੱਚ ਸਹਾਇਤਾ ਕੀਤੀ। ਸਮਾਗਮ ਦੇ ਅੰਤ ਵਿੱਚ ਸਾਰੀਆਂ ਮਹਿਲਾ ਕੋਚਾਂ ਨੂੰ ਖੇਡਾਂ ਵਿੱਚ ਔਰਤਾਂ ਦੀ ਭਾਗੀਦਾਰੀ ਅਤੇ ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ ਤੇ ਟਰਾਫੀਆਂ ਅਤੇ ਸਰਟੀਫਿਕੇਟ ਭੇਟ ਕੀਤੇ ਗਏ।

## ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਦਾ ਐਲਾਨ ਮਹਿਲਾਵਾਂ ਦਾ ਸਨਮਾਨ:ਗਿਆਸਪੁਰਾ



ਲੁਧਿਆਣਾ,8 ਮਾਰਚ (ਵਿਸ਼ਾਲ ਸ਼ਰਮਾ) ਹਲਕਾ ਪਾਇਲ ਦੇ ਵਿਧਾਇਕ ਇੰਜੀਨੀਅਰ ਮਨਵਿੰਦਰ ਸਿੰਘ ਗਿਆਸਪੁਰਾ ਨੇ ਕਿਹਾ ਕਿ ਐਤਵਾਰ ਦਾ ਦਿਨ ਪੰਜਾਬ ਦੀਆਂ ਮਹਿਲਾਵਾਂ ਲਈ ਇਕ ਨਵਾਂ ਇਤਿਹਾਸ ਲਿਖ ਗਿਆ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ 'ਤੇ ਹਰ ਮਹਿਲਾ ਨੂੰ 1000 ਰੁਪਏ ਪ੍ਰਤੀ ਮਹੀਨਾ ਤੇ ਹਰ ਦਲਿਤ ਮਹਿਲਾ ਨੂੰ 1500 ਰੁਪਏ ਪ੍ਰਤੀ ਮਹੀਨਾ ਦੇਣ ਦਾ ਇਤਿਹਾਸਕ ਫੈਸਲਾ ਕੀਤਾ। ਮਨਵਿੰਦਰ ਸਿੰਘ ਗਿਆਸਪੁਰਾ ਨੇ ਕਿਹਾ ਕਿ ਇਹ ਫੈਸਲਾ ਸਿਰਫ ਆਰਥਿਕ ਮਦਦ ਨਹੀਂ, ਸਗੋਂ ਮਹਿਲਾਵਾਂ ਦੀ ਸਨਮਾਨ, ਸੁਰੱਖਿਆ ਅਤੇ ਖੁਦਮੁਖਤਿਆਰੀ ਨੂੰ ਮਜ਼ਬੂਤ ਕਰਨ ਵੱਲ ਵੱਡਾ ਕਦਮ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਦੇ ਘਰ-ਘਰ ਵਿੱਚ ਮਹਿਲਾਵਾਂ ਨੇ ਵਿਧਾਨ ਸਭਾ ਦੀ ਕਾਰਵਾਈ ਨੂੰ ਲਾਈਵ ਦੇਖਦਿਆਂ ਇਸ ਇਤਿਹਾਸਕ ਪਲ ਦੀ ਖੁਸ਼ੀ ਮਨਾਈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕਰਨ ਲਈ ਵਚਨਬੱਧ ਹੈ। ਵਿਧਾਇਕ ਗਿਆਸਪੁਰਾ ਅੱਗੇ ਨੇ ਕਿਹਾ ਸਾਡੀ ਸਰਕਾਰ ਨੇ ਵਿਧੀਵਤ ਢੰਗ ਨਾਲ ਕੰਮ ਕਰਦਿਆਂ ਬਿਜਲੀ, ਸਿਹਤ ਸੰਭਾਲ, ਸਿੱਖਿਆ ਅਤੇ ਸਮਾਜਿਕ ਸੁਰੱਖਿਆ ਦੇ ਖੇਤਰਾਂ ਵਿੱਚ ਦਿੱਤੀ ਹਰ ਗਰੰਟੀ ਨੂੰ ਪੂਰਾ ਕੀਤਾ ਹੈ। ਇਸੇ ਤਰ੍ਹਾਂ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਨਾ ਸਿਰਫ਼ ਭਾਰਤ ਦੀ, ਸਗੋਂ ਦੁਨੀਆ ਦੀ ਪਹਿਲੀ 'ਸਰਵ-ਵਿਆਪਕ ਕੈਸ਼ ਟ੍ਰਾਂਸਫਰ' ਸਕੀਮ ਹੋਵੇਗੀ। ਪੰਜਾਬ ਦੀ 18 ਸਾਲ ਤੋਂ ਵੱਧ ਉਮਰ ਦੀ ਹਰ ਮਹਿਲਾ ਇਸ ਸਕੀਮ ਅਧੀਨ ਰਜਿਸਟ੍ਰੇਸ਼ਨ ਲਈ ਯੋਗ ਹੋਵੇਗੀ, ਸਿਰਫ਼ ਮੌਜੂਦਾ ਜਾਂ ਸਾਬਕਾ ਸਥਾਈ ਸਰਕਾਰੀ ਕਰਮਚਾਰੀਆਂ, ਮੌਜੂਦਾ ਅਤੇ ਸਾਬਕਾ ਸੰਸਦ ਮੈਂਬਰਾਂ/ਵਿਧਾਇਕਾਂ ਅਤੇ ਇਨਕਮ ਟੈਕਸ ਭਰਨ ਵਾਲਿਆਂ ਨੂੰ ਹੀ ਇਸ ਘੇਰੇ ਤੋਂ ਬਾਹਰ ਰੱਖਿਆ ਗਿਆ ਹੈ। ਉਹ ਔਰਤਾਂ ਵੀ ਇਸ ਸਕੀਮ ਲਈ ਯੋਗ ਹੋਣਗੀਆਂ ਜੋ ਪਹਿਲਾਂ ਹੀ ਮੌਜੂਦਾ ਸਮਾਜਿਕ ਸੁਰੱਖਿਆ ਪੈਨਸ਼ਨ ਸਕੀਮਾਂ ਜਿਵੇਂ ਬੁਢਾਪਾ ਪੈਨਸ਼ਨ, ਵਿਧਵਾ/ਬੇਸਹਾਰਾ ਮਹਿਲਾ ਪੈਨਸ਼ਨ ਜਾਂ ਅਪੰਗਤਾ ਪੈਨਸ਼ਨ ਸਕੀਮ ਆਦਿ ਦਾ ਲਾਭ ਲੈ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਪੰਜਾਬ ਦੀਆਂ ਲਗਭਗ 97 ਫੀਸਦੀ ਬਾਲਗ ਔਰਤਾਂ ਇਸ ਸਕੀਮ ਅਧੀਨ ਯੋਗ ਹੋਣਗੀਆਂ ਜੋ ਭਾਰਤ ਦੇ ਕਿਸੇ ਵੀ ਰਾਜ ਨਾਲੋਂ ਵੱਧ ਹੈ। ਇਸ ਇਤਿਹਾਸਕ ਪਹਿਲਕਦਮੀ ਦਾ ਮੂਲ ਉਦੇਸ਼ ਔਰਤਾਂ ਨੂੰ ਆਰਥਿਕ ਤੌਰ 'ਤੇ ਆਤਮ-ਨਿਰਭਰ ਬਣਾਉਣਾ, ਘਰੇਲੂ ਫੈਸਲਿਆਂ ਵਿੱਚ ਉਨ੍ਹਾਂ ਦੀ ਭੂਮਿਕਾ ਨੂੰ ਮਜ਼ਬੂਤ ਕਰਨਾ ਅਤੇ ਉਨ੍ਹਾਂ ਦੀ ਸਿਹਤ ਤੇ ਪੋਸ਼ਣ ਦੇ ਮਿਆਰ ਵਿੱਚ ਸੁਧਾਰ ਲਿਆਉਣਾ ਹੈ ਤਾਂ ਜੋ ਸਾਡੀਆਂ ਧੀਆਂ ਨਿਰੰਤਰ ਵਿੱਦਿਆ ਹਾਸਲ ਕਰਕੇ ਆਪਣੀਆਂ ਉਚਾਈਆਂ ਤੇ ਪਹੁੰਚ ਸਕਣ।

## ਪੰਜਾਬ ਦੀਆਂ ਮਹਿਲਾਵਾਂ ਲਈ ਇਤਿਹਾਸਕ ਫੈਸਲਾ ਮਨੀਸ਼ਾ ਕਪੂਰ

ਲੁਧਿਆਣਾ, 8 ਮਾਰਚ (ਵਿਸ਼ਾਲ ਸ਼ਰਮਾ) ਪੰਜਾਬ ਦੇ ਹਰਮਨ ਪਿਆਰੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਿੱਚ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਬਜਟ ਪੇਸ਼ ਕਰਦਿਆਂ ਅਰਵਿੰਦ ਕੇਜਰੀਵਾਲ ਦੀ ਸਭ ਤੋਂ ਵੱਡੀ ਗਾਰੰਟੀ ਨੂੰ ਵੀ ਪੂਰਾ ਕਰ ਦਿੱਤਾ। ਜਿਸ ਯੋਜਨਾ ਨੂੰ ਲੈ ਕੇ ਵਿਰੋਧੀ ਪਾਰਟੀਆਂ ਹਮੇਸ਼ਾ ਕਹਿੰਦੀਆਂ ਸਨ ਕਿ ਇਹ ਸੰਭਵ ਨਹੀਂ, ਅੱਜ ਉਹ ਹਕੀਕਤ ਬਣ ਗਈ ਹੈ ਅਤੇ ਹੁਣ ਪੰਜਾਬ ਦੀਆਂ ਔਰਤਾਂ ਨੂੰ ਹਰ ਮਹੀਨੇ 1000 (ਆਮ ਸ਼੍ਰੇਣੀ) ਤੋਂ 1500 (ਅਨੁਸੂਚਿਤ ਜਾਤੀ) ਦੀ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਅਧੀਨ ਸਤਿਕਾਰ ਰਾਸ਼ੀ ਸਿੱਧੇ ਬੈਂਕ ਖਾਤੇ ਵਿੱਚ ਮਿਲੇਗੀ। ਇਹਨਾਂ ਗੱਲਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਜਿਲਾ ਲੁਧਿਆਣਾ ਸ਼ਹਿਰੀ ਦੀ ਮਹਿਲਾ ਵਿੰਗ ਪ੍ਰਧਾਨ ਮਨੀਸ਼ਾ ਕਪੂਰ ਨੇ ਕੀਤਐ ਅੱਗੇ ਕਿਹਾ ਕਿ ਇਸ ਨਾਲ ਮਹਿਲਾਵਾਂ ਨੂੰ ਮਜ਼ਬੂਤ ਆਰਥਿਕ ਸਹਾਰਾ ਮਿਲੇਗਾ ਅਤੇ ਉਨ੍ਹਾਂ ਦਾ ਸਮਾਜ ਵਿੱਚ ਸਨਮਾਨ ਵੀ ਵਧੇਗਾ।
ਆਮ ਲੋਕਾਂ ਲਈ ਸੋਚਣ ਵਾਲੇ ਤੇ ਫੈਸਲੇ ਲੈਣ ਵਾਲੇ ਸਿਰਫ਼ ਆਮ ਪਰਿਵਾਰਾਂ ਵਿੱਚੋਂ ਹੀ ਨਿਕਲ ਸਕਦੇ ਹਨ। ਆਮ ਆਦਮੀ ਪਾਰਟੀ ਨੇ ਜੋ ਵੀ ਵਾਅਦਾ ਕੀਤਾ ਪੂਰਾ ਕੀਤਾ

## ਆਮ ਆਦਮੀ ਪਾਰਟੀ ਦੀ ਹੋਈ ਮੀਟਿੰਗ



ਭੋਗਪੁਰ 8 ਮਾਰਚ.ਜੰਡੀਰ ਸੈਣੀ. ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਲੋਕਾਂ ਨਾਲ ਕੀਤਾ ਹੋਇਆ ਵਾਅਦਾ ਪੂਰਾ ਕਰਦੇ ਹੋਏ ਮਹਿਲਾਵਾਂ ਨੂੰ 1500 ਰੁਪਏ ਮਹੀਨਾ ਦੇਣ ਦੀ ਸ਼ੁਰੂਆਤ ਕੀਤੀ ਗਈ ਹੈ ਅੱਜ ਆਦਮਪੁਰ ਦੇ ਜਤਿੰਦਰਾ ਪੈਲਸ ਵਿਚ ਹਲਕਾ ਇੰਚਾਰਜ ਪਵਨ ਕੁਮਾਰ ਟੀਨੂ ਦੀ ਅਗਵਾਈ ਹੇਠ ਮੀਟਿੰਗ ਕੀਤੀ ਗਈ ਆਗੂਆਂ ਨੇ ਕਿਹਾ ਕਿ ਪੂਰੇ ਪੰਜਾਬ ਵਿੱਚ ਜਰਨਲ ਤੇ ਐਸੀ ਕਾਸਟ ਮਹਿਲਾਵਾਂ ਵਾਸਤੇ ਹਰ ਮਹੀਨੇ 1500 ਰ ਦੇਣ ਦੀ ਸ਼ੁਰੂਆਤ ਕੀਤੀ ਗਈ ਹੈ,ਉਹਨਾਂ ਇਹ ਵੀ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਬਿਜਲੀ ਦਰਾਂ ਵਿੱਚ ਵੀ ਘਾਟਾ ਕੀਤਾ ਗਿਆ ਹੈ, ਉਹਨਾਂ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਆਦਮਪੁਰ ਵਿਖੇ 10 ਮਾਰਚ ਨੂੰ ਪਹੁੰਚ ਰਹੇ ਹਨ ਤੇ ਹਲਕਾ ਆਦਮਪੁਰ ਦੀਆਂ ਸਮੱਸਿਆਵਾਂ ਨੂੰ ਸੁਣਨਗੇ ਇਸ ਮੌਕੇ ਤੇ ਜੱਸ ਦਿਆਲ ਜੱਸ,ਪਰਮਜੀਤ ਪੰਮਾ, ਬਲਵਿੰਦਰ ਭੰਡਾਰੀ,ਅਮਰਜੀਤ ਕੁਆਰਡੀਨੇਟਰ ਆਦਿ ਹਾਜ਼ਰ ਸਨ

## ਗੁਰੂ ਨਾਨਕ ਪਬਲਿਕ ਸਕੂਲ ਮਹਿਤਾ ਵੱਲੋਂ ਸਾਲਾਨਾ ਇਨਾਮ ਵੰਡ ਸਮਾਰੋਹ ਕਰਵਾਇਆ

ਚੌਂਕ ਮਹਿਤਾ, 7 ਮਾਰਚ (ਬਲਜਿੰਦਰ ਸਿੰਘ ਰੰਧਾਵਾ) ਸਥਾਨਕ ਸ਼੍ਰੀ ਗੁਰੂ ਨਾਨਕ ਪਬਲਿਕ ਹਾਈ ਸਕੂਲ ਮਹਿਤਾ ਦੇ ਮੈਨੇਜਿੰਗ ਡਾਇਰੈਕਟਰ ਸ਼੍ਰੀ ਸ਼ਾਮ ਲਾਲ ਦੀ ਅਗਵਾਈ ਅਤੇ ਡਾਇਰੈਕਟਰ ਮੈਡਮ ਸ਼੍ਰੀਮਤੀ ਵੀਨਾ ਕੁਮਾਰੀ ਦੀ ਰਹਿਨੁਮਾਈ ਹੇਠ ਅੱਜ ਨੋਨ-ਬੋਰਡ ਕਲਾਸਾਂ ਦਾ ਰਿਜ਼ਲਟ ਕੱਢਿਆ ਗਿਆ। ਇਸ ਸਮਾਰੋਹ ਦੇ ਮੁੱਖ ਮਹਿਮਾਨ ਰਾਏ ਮੂਵੀਜ਼ ਦੇ ਮਾਲਕ, ਸਸਸਸ ਮਹਿਤਾ ਨੰਗਲ ਦੇ ਪ੍ਰਿੰਸੀਪਲ ਇੰਚਾਰਜ ਨਰਿੰਦਰ ਰਾਏ ਅਤੇ ਅਧਿਆਪਨ ਦੇ ਵਿਸ਼ਾ ਮਾਹਿਰ ਰਸ਼ਪਾਲ ਸਿੰਘ ਸਨ। ਵਿਦਿਆਰਥੀਆਂ ਵੱਲੋਂ ਇਸ ਮੌਕੇ ਗੀਤ, ਕੋਰੀਓਗ੍ਰਾਫੀ ਅਤੇ ਹਾਸਰਸ ਸਕਿੱਟਾਂ ਰਾਹੀਂ ਮੰਤਰਮੁਗਧ ਕੀਤਾ ਗਿਆ। ਮੰਚ ਸੰਚਾਲਕ ਦੀ ਭੂਮਿਕਾ ਐਡਵੋਕੇਟ ਅਤੇ ਲੈਕਚਰਾਰ ਅਵਤਾਰ ਸਿੰਘ ਵੱਲੋਂ ਪ੍ਰਭਾਵਸ਼ਾਲੀ ਢੰਗ ਨਾਲ ਨਿਭਾਈ ਗਈ। ਮੁੱਖ ਮਹਿਮਾਨਾਂ ਵੱਲੋਂ ਸਕੂਲ ਦੀ ਬੈਸਟ ਟੀਚਰ ਵਜੋਂ ਮੁਸਕਾਨ ਕੁਮਾਰੀ ਨੂੰ ਸ਼ੀਲਡ ਅਤੇ ਸਨਮਾਨ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਾਲਾਨਾ ਇਨਾਮ ਵੰਡ ਸਮਾਰੋਹ ਵੀ ਆਯੋਜਿਤ ਕਰਵਾਇਆ, ਜਿਸ ਵਿੱਚ ਸਲਾਨਾ ਪ੍ਰੀਖਿਆ ਵਿੱਚੋਂ ਹਰ ਜਮਾਤ ਦੇ ਪਹਿਲੇ, ਦੂਜੇ ਅਤੇ ਤੀਜੇ ਨੰਬਰ ਉੱਪਰ ਆਉਣ ਵਾਲੇ ਵਿਦਿਆਰਥੀਆਂ ਨੂੰ ਸ਼ੀਲਡਾਂ ਦੇ ਕੇ ਸਨਮਾਨਿਤ ਕੀਤਾ ਗਿਆ। ਸਕੂਲ ਦੇ ਐੱਮ ਡੀ ਸ਼ਾਮ ਲਾਲ ਵੱਲੋਂ ਵਿਦਿਆਰਥੀਆਂ ਦੇ ਵਧੀਆ ਰਿਜ਼ਲਟ ਅਤੇ ਹੋਰਨਾਂ ਵੱਖ ਵੱਖ ਖੇਤਰਾਂ ਵਿੱਚ ਪ੍ਰਾਪਤੀਆਂ ਦਾ ਸਿਹਰਾ ਹੋਣਹਾਰ ਵਿਦਿਆਰਥੀਆਂ, ਸਕੂਲ ਦੇ ਸਮੂਹ ਅਧਿਆਪਕਾਂ ਅਤੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਦਿੱਤਾ। ਉਨ੍ਹਾਂ ਵੱਲੋਂ ਆਏ ਹੋਏ ਮੁੱਖ ਮਹਿਮਾਨਾਂ ਦੀ ਸ਼ਲਾਘਾ ਕੀਤੀ ਅਤੇ ਉਹਨਾਂ ਨਾਲ ਬਿਤਾਈਆਂ ਪੁਰਾਣੀਆਂ ਸਾਹਿਤਕ ਯਾਦਾਂ ਦਾ ਜ਼ਿਕਰ ਕੀਤਾ। ਮੁੱਖ ਮਹਿਰਾਨ ਪ੍ਰਿੰਸੀਪਲ ਰਾਏ ਵੱਲੋਂ ਸਕੂਲ ਦੇ ਵਿਦਿਆਰਥੀਆਂ ਨੂੰ ਸਫਲਤਾ ਪ੍ਰਾਪਤੀ ਦੇ ਤਰੀਕੇ ਦੱਸੇ ਅਤੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਸਮੂਹ ਸਕੂਲ ਅਧਿਆਪਕਾਂ ਅਤੇ ਸਕੂਲ ਮੈਨੇਜਮੈਂਟ ਕਮੇਟੀ ਨੂੰ ਬਹੁਤ ਬਹੁਤ ਮੁਬਾਰਕਾਂ ਦਿੱਤੀਆਂ। ਇਸ ਮੌਕੇ ਉਪਰੋਕਤ ਤੋਂ ਇਲਾਵਾ ਸਕੂਲ ਸਟਾਫ਼ ਹੈੱਡ ਮਿਸਟ੍ਰੈਸ ਹਰਪ੍ਰੀਤ ਕੌਰ, ਪੂਜਾ, ਅਮਨਦੀਪ ਕੌਰ, ਮਨਪ੍ਰੀਤ ਕੌਰ, ਗੁਰਜੀਤ ਕੌਰ, ਮਨਪ੍ਰੀਤ ਕੌਰ ਆਦਿ ਸ਼ਾਮਲ ਸਨ

## ਗੁਰੂ ਧਾਮਾਂ ਦੇ ਦਰਸ਼ਨ ਕਰਦਾ ਹੋਇਆ ਜਥਾ ਤਖਤ ਸ੍ਰੀ ਹਰਿਮੰਦਰ ਪਟਨਾ ਸਾਹਿਬ ਵਿਖੇ ਪਹੁੰਚਿਆ



ਗੜ੍ਹਦੀਵਾਲਾ, 8 ਮਾਰਚ ਗੌਰਵ - ਅਮਰੀਕਾ ਕਨੇਡਾ ਅਤੇ ਪੰਜਾਬ ਤੋਂ ਜੱਥਾ ਗੁਰੂ ਧਾਮਾਂ ਦੇ ਦਰਸ਼ਨ ਕਰਦਾ ਹੋਇਆ ਤਖਤ ਸ਼੍ਰੀ ਹਰਿਮੰਦਰ ਪਟਨਾ ਸਾਹਿਬ ਵਿਖੇ ਪਹੁੰਚਾ ਅਤੇ ਗੁਰਦੁਆਰਾ ਸਾਹਿਬ ਦੇ ਦਰਸ਼ਨ ਕੀਤੇ। ਉਪਰੰਤ ਜਥਾ ਤਖਤ ਸ੍ਰੀ ਹਰਿਮੰਦਰ ਪਟਨਾ ਸਾਹਿਬ ਜੀ ਦੇ ਜਥੇਦਾਰ ਬਲਦੇਵ ਸਿੰਘ ਜੀ ਨੂੰ ਮਿਲਿਆ ਅਤੇ ਬੇਨਤੀ ਕੀਤੀ ਕਿ ਜਿਹੜੀਆਂ ਸੰਗਤਾਂ ਵਿਦੇਸ਼ ਤੋਂ ਗੁਰਦੁਆਰਾ ਸਾਹਿਬ ਦੇ ਦਰਸ਼ਨ ਕਰਨ ਆਉਂਦੀਆਂ ਹਨ ਉਹਨਾਂ ਨੂੰ ਆਉਣ ਵਾਲੀਆਂ ਮੁਸ਼ਕਿਲਾਂ ਬਾਰੇ ਜਾਣੂ ਕਰਵਾਇਆ ਅਤੇ ਜਥੇਦਾਰ ਸਾਹਿਬ ਨੇ ਕਿਹਾ ਕੇ ਸੰਗਤਾਂ ਨੂੰ ਕਿਸੇ ਤਰ੍ਹਾਂ ਦੀ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ ਅਗਰ ਸੰਗਤਾਂ ਨੂੰ ਕੋਈ ਮੁਸ਼ਕਲ ਆਉਂਦੀ ਹੈ ਤਾਂ ਉਹ ਸਿੱਧਾ ਸਾਡੇ ਨਾਲ ਰਾਬਤਾ ਕਾਇਮ ਕਰ ਸਕਦੇ ਹਨ। ਉਪਰੰਤ ਜਥੇ ਨੇ ਪਟਨਾ ਸਾਹਿਬ ਦੇ ਹੋਰ ਗੁਰੂ ਧਾਮਾਂ ਦੇ ਦਰਸ਼ਨ ਕੀਤੇ। ਇਹ ਜਥਾ ਸਰਦਾਰ ਦਵਿੰਦਰ ਸਿੰਘ ਸਹੋਤਾ ਯੂਐਸਏ ਦੀ ਅਗਵਾਈ ਵਿੱਚ ਗੁਰੂ ਧਾਮਾਂ ਦੇ ਦਰਸ਼ਨ ਕਰ ਰਿਹਾ ਹੈ। ਇਸ ਮੌਕੇ ਤਖਤ ਸ੍ਰੀ ਹਰਿਮੰਦਰ ਪਟਨਾ ਸਾਹਿਬ ਦੇ ਸੁਪਰਡੈਂਟ ਸ. ਦਲਜੀਤ ਸਿੰਘ ਅਤੇ ਮਨਜੀਤ ਸਿੰਘ ਔਲਖ ਯੂਐਸਏ,ਹਰਪਾਲ ਸਿੰਘ ਟਿਵਾਣਾ ਕਨੇਡਾ, ਜਥੇਦਾਰ ਬਾਬਾ ਅਜਮੇਰ ਸਿੰਘ ਬਾਹਗਾ ਪ੍ਰਧਾਨ, ਸ. ਰਾਜਿੰਦਰ ਸਿੰਘ ਲਾਲੀ ਪ੍ਰਧਾਨ, ਇੰਸਪੈਕਟਰ ਰਣਜੀਤ ਸਿੰਘ ਬਾਹਗਾ ਯੂਐਸਏ, ਚੀਫ/ਆਡੀਟਰ ਦੋਆਬਾ ਨਿਊਜ਼ ਲਾਈਵ ਮਹਿੰਦਰ ਕੁਮਾਰ ਮਲਹੋਤਰਾ, ਪ੍ਰਧਾਨ ਗੁਰਮੁਖ ਸਿੰਘ, ਨਰਿੰਦਰ ਸਿੰਘ ਲਾਡੀ, ਸੁਖਜੀਤ ਕੌਰ, ਭੁਪਿੰਦਰ ਕੌਰ ਸਹੋਤਾ, ਸੁਰਿੰਦਰ ਕੌਰ, ਚਰਨਜੀਤ ਕੌਰ, ਬਲਜੀਤ ਕੌਰ, ਸੁਨੀਤਾ ਦੇਵੀ, ਹਰਵਿੰਦਰ ਕੌਰ, ਸੁਰਿੰਦਰ ਕੌਰ ਆਦਿ ਹਾਜ਼ਰ ਸਨ।

## ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਲੁਧਿਆਣਾ ਚ ਐਥਲੈਟਿਕਸ ਮੁਕਾਬਲੇ ਆਯੋਜਿਤ




ਲੁਧਿਆਣਾ,8 ਮਾਰਚ (ਵਿਸ਼ਾਲ ਸ਼ਰਮਾ) ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ 'ਤੇ ਲੁਧਿਆਣਾ ਵੱਲੋਂ ਜ਼ਿਲ੍ਹਾ ਖੇਡ ਵਿਭਾਗ ਲੁਧਿਆਣਾ, ਸਪੋਰਟਸ ਅਥਾਰਟੀ ਆਫ ਇੰਡੀਆ (ਅਤੇ ਖੇਲੋ ਇੰਡੀਆ ਲੀਗ ਦੇ ਸਹਿਯੋਗ ਨਾਲ ਗੁਰੂ ਨਾਨਕ ਸਟੇਡੀਅਮ, ਲੁਧਿਆਣਾ ਵਿੱਚ ਮਹਿਲਾਵਾਂ ਅਤੇ ਕੁੜੀਆਂ ਲਈ ਐਥਲੈਟਿਕਸ ਮੁਕਾਬਲੇ ਕਰਵਾਏ ਗਏ। ਇਸ ਸਮਾਗਮ ਵਿੱਚ ਲੁਧਿਆਣਾ ਦੇ ਵੱਖ-ਵੱਖ ਖੇਤਰਾਂ ਤੋਂ ਆਈਆਂ ਮਹਿਲਾਵਾਂ ਅਤੇ ਕੁੜੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਮੁਕਾਬਲਿਆਂ ਵਿੱਚ 100 ਮੀਟਰ, 200 ਮੀਟਰ ਅਤੇ 400 ਮੀਟਰ ਦੌੜ ਦੇ ਨਾਲ-ਨਾਲ ਕੁਝ ਫਨ ਸਪੋਰਟਸ ਗਤੀਵਿਧੀਆਂ ਵੀ ਕਰਵਾਈਆਂ ਗਈਆਂ। ਇਸ ਉਪਰਾਲੇ ਦਾ ਮੁੱਖ ਉਦੇਸ਼ ਮਹਿਲਾਵਾਂ ਅਤੇ ਕੁੜੀਆਂ ਨੂੰ ਖੇਡਾਂ ਵਿੱਚ ਵੱਧ ਤੋਂ ਵੱਧ ਭਾਗ ਲੈਣ ਲਈ ਪ੍ਰੇਰਿਤ ਕਰਨਾ ਸੀ। ਇਸ ਮੌਕੇ ਅੰਤਰਰਾਸ਼ਟਰੀ ਐਥਲੀਟ ਸ਼੍ਰੀ ਪ੍ਰੇਮ ਸਿੰਘ, ਜਿਨ੍ਹਾਂ ਨੇ ਕਈ ਅੰਤਰਰਾਸ਼ਟਰੀ ਮੁਕਾਬਲਿਆਂ ਵਿੱਚ ਭਾਰਤ ਦੀ ਨੁਮਾਇੰਦਗੀ ਕੀਤੀ ਹੈ, ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਤੋਂ ਇਲਾਵਾ ਏਸ਼ੀਅਨ ਗੇਮਜ਼ ਮੈਡਲਿਸਟ ਸੁਸ਼੍ਰੀ ਚਰਨਜੀਤ ਕੌਰ ਨੇ ਗੈਸਟ ਆਫ ਆਨਰ ਵਜੋਂ ਹਾਜ਼ਰੀ ਭਰੀ। ਦੋਵੇਂ ਮਹਿਮਾਨਾਂ ਨੇ ਮਹਿਲਾਵਾਂ ਵਿੱਚ ਖੇਡਾਂ ਨੂੰ ਪ੍ਰੋਤਸਾਹਿਤ ਕਰਨ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਮੁਕਾਬਲੇ ਅੰਡਰ 13 ਸਾਲ, 13-18 ਸਾਲ ਅਤੇ 18 ਸਾਲ ਤੋਂ ਉੱਪਰ ਉਮਰ ਵਰਗਾਂ ਵਿੱਚ ਕਰਵਾਏ ਗਏ। ਸਾਰੇ ਭਾਗੀਦਾਰਾਂ ਨੂੰ ਸਰਟੀਫਿਕੇਟ ਅਤੇ ਰਿਫਰੈਸ਼ਮੈਂਟ ਦਿੱਤੇ ਗਏ, ਜਦਕਿ ਮੁਕਾਬਲਿਆਂ ਦੇ ਵਿਜੇਤਿਆਂ ਨੂੰ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ। ਇਹ ਸਮਾਗਮ ਖੇਲੋ ਇੰਡੀਆ -ਪਹਲ ਦੇ ਤਹਿਤ ਕਰਵਾਇਆ ਗਿਆ

## ਮਿਸ਼ਨ ਪ੍ਰਗਤੀ: ਡੀਆਈਜੀ ਹਰਜੀਤ ਸਿੰਘ ਨੇ ਨੌਜਵਾਨਾਂ ਨੂੰ ਦਿੱਤੇ ਸਫ਼ਲਤਾ ਦੇ ਮੰਤਰ।



ਬਠਿੰਡਾ, 8 ਮਾਰਚ (ਦੀਪਕ ਸ਼ਰਮਾ)
ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਅਤੇ ਪ੍ਰਤੀਯੋਗੀ ਪ੍ਰੀਖਿਆਵਾਂ ਦੇ ਕਾਬਿਲ ਬਣਾਉਣ ਲਈ ਵਿੱਢੀ ਗਈ ਮੁਹਿੰਮ ਮਿਸ਼ਨ ਪ੍ਰਗਤੀ ਨੂੰ ਲੈ ਕੇ ਬਠਿੰਡਾ ਵਿੱਚ ਵਿਸ਼ੇਸ਼ ਸਰਗਰਮੀ ਦੇਖਣ ਨੂੰ ਮਿਲ ਰਹੀ ਹੈ। ਇਸੇ ਕੜੀ ਤਹਿਤ ਡੀਆਈਜੀ ਬਠਿੰਡਾ ਰੇਂਜ ਹਰਜੀਤ ਸਿੰਘ ਨੇ ਪਬਲਿਕ ਲਾਇਬ੍ਰੇਰੀ ਵਿਖੇ ਤਿਆਰੀ ਕਰ ਰਹੇ ਨੌਜਵਾਨਾਂ ਨਾਲ ਖ਼ਾਸ ਮੁਲਾਕਾਤ ਕੀਤੀ ਅਤੇ ਉਨ੍ਹਾਂ ਦਾ ਮਾਰਗਦਰਸ਼ਨ ਕੀਤਾ। ਉਨ੍ਹਾਂ ਵਿਦਿਆਰਥੀਆਂ ਨੂੰ ਲੋਕ ਸੇਵਾ ਕਮਿਸ਼ਨ, ਫੌਜ ਅਤੇ ਪੰਜਾਬ ਸੇਵਾ ਕਮਿਸ਼ਨ ਵਰਗੀਅਵੱਕਾਰੀ ਪ੍ਰੀਖਿਆਵਾਂ ਪਾਸ ਕਰਨ ਲਈ ਲੋੜੀਂਦੇ ਗੁਰ ਦੱਸੇ ਅਤੇ ਸਫ਼ਲਤਾ ਲਈ ਰਣਨੀਤੀ ਸਾਂਝੀ ਕੀਤੀ।
ਨੌਜਵਾਨਾਂ ਦੇ ਰੂ-ਬ-ਰੂ ਹੁੰਦਿਆਂ ਡੀਆਈਜੀ ਹਰਜੀਤ ਸਿੰਘ ਨੇ ਸਪੱਸ਼ਟ ਕੀਤਾ ਕਿ ਮਿਸ਼ਨ ਪ੍ਰਗਤੀ ਦਾ ਮੁੱਖ ਮਕਸਦ ਖ਼ਾਸ ਕਰਕੇ ਪੇਂਡੂ ਖੇਤਰਾਂ ਦੇ ਉਨ੍ਹਾਂ ਹੋਣਹਾਰ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਮੁਹੱਈਆ ਕਰਵਾਉਣਾ ਹੈ, ਜੋ ਮਹਿੰਗੀਆਂ ਕੋਚਿੰਗ ਸਹੂਲਤਾਂ ਤੱਕ ਪਹੁੰਚ ਨਹੀਂ ਰੱਖਦੇ। ਉਨ੍ਹਾਂ ਵਿਦਿਆਰਥੀਆਂ ਨੂੰ ਸਲਾਹ ਦਿੱਤੀ ਕਿ ਉਹ ਜਿਸ ਵੀ ਪ੍ਰੀਖਿਆ ਦੀ ਤਿਆਰੀ ਕਰ ਰਹੇ ਹਨ, ਸਭ ਤੋਂ ਪਹਿਲਾਂ ਉਸ ਦੇ ਸਿਲੇਬਸ ਨੂੰ ਡੂੰਘਾਈ ਨਾਲ ਸਮਝਣ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਹਰ ਵਿਦਿਆਰਥੀ ਨੂੰ ਆਪਣੀ ਸਮਰੱਥਾ ਅਨੁਸਾਰ ਖ਼ੁਦ ਦੇ ਨੋਟਸ ਤਿਆਰ ਕਰਨੇ ਚਾਹੀਦੇ ਹਨ, ਕਿਉਂਕਿ ਆਪਣੇ ਹੱਥੀਂ ਲਿਖੇ ਨੋਟਸ ਪ੍ਰੀਖਿਆ ਵੇਲੇ ਦੁਹਰਾਈ ਲਈ ਸਭ ਤੋਂ ਕਾਰਗਰ ਸਾਬਤ ਹੁੰਦੇ ਹਨ। ਉਨ੍ਹਾਂ ਕਿਹਾ ਕਿ ਜ਼ਿੰਦਗੀ ਵਿੱਚ ਮਿਹਨਤ ਦਾ ਕੋਈ ਸ਼ਾਰਟਕੱਟ ਨਹੀਂ ਹੁੰਦਾ। ਦੂਜੇ ਪਾਸੇ, ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਪੁਲਿਸ, ਐਸ.ਐਸ.ਬੀ., ਸੀ.ਪੀ.ਓ. ਅਤੇ ਹੋਰ ਕੇਂਦਰੀ ਤੇ ਰਾਜ ਪੱਧਰੀ ਭਰਤੀ ਪ੍ਰੀਖਿਆਵਾਂ ਲਈ ਸਰੀਰਕ ਤੌਰ ਤੇ ਤਿਆਰੀ ਕਰਵਾਉਣ ਵਾਸਤੇ 9 ਮਾਰਚ ਤੋਂ ਵਿਸ਼ੇਸ਼ ਸਿਖਲਾਈ ਸੈਸ਼ਨ ਸ਼ੁਰੂ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਭਰਤੀ ਪ੍ਰਕਿਰਿਆ ਸ਼ੁਰੂ ਕੀਤੀ ਗਈ ਹੈ ਅਤੇ ਨੌਜਵਾਨਾਂ ਨੂੰ ਇਸ ਸੁਨਹਿਰੀ ਮੌਕੇ ਦਾ ਲਾਭ ਉਠਾਉਣਾ ਚਾਹੀਦਾ ਹੈ। ਡਿਪਟੀ ਕਮਿਸ਼ਨਰ ਨੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਇਸ ਸਰੀਰਕ ਸਿਖਲਾਈ ਪ੍ਰੋਗਰਾਮ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਤਾਂ ਜੋ ਉ

## ਟੀਬੀ-ਮੁਕਤ ਮੁਹਿੰਮ ਤਹਿਤ ਹੈਂਡ ਹੇਲਡ ਐਕਸ-ਰੇ ਮਸ਼ੀਨ ਨਾਲ 60 ਲੋਕਾਂ ਦੇ ਹੋਏ ਐਕਸ-ਰੇ



ਮੁਕੇਰੀਆਂ,8 ਮਾਰਚ ( ਧਰਮ ਚੰਦ ) ਵਾਰਡ 13 ਦੀ ਪੁਰਾਣੀ ਦਾਣਾ ਮੰਡੀ ਨਜਦੀਕ ਸਿਹਤ ਵਿਭਾਗ ਦੀ ਟੀਮ, ਜਿਸ ਵਿੱਚ ਅਮਨਦੀਪ ਸਿੰਘ (ਰੇਡੀਓਗ੍ਰਾਫਰ, ਸੀਐਚਸੀ ਭੋਲ ਕਲੋਟਾ), ਜੀਵਨ ਕੁਮਾਰ (ਸੀਨੀਅਰ ਟ੍ਰੀਟਮੈਂਟ ਸੁਪਰਵਾਈਜ਼ਰ), ਅਤੇ ਸੁਨੀਲ ਕੁਮਾਰ, ਰੇਡੀਓਲੋਜਿਸਟ ਸ਼ਾਮਲ ਸਨ,ਟੀਬੀ-ਮੁਕਤ ਮੁਹਿੰਮ ਦੇ ਤਹਿਤ ਟੀਬੀ ਨੂੰ ਖਤਮ ਕਰਨ ਦੇ ਉਦੇਸ਼ ਨਾਲ ਲੋਕਾਂ ਦੀ ਜਾਂਚ ਲਈ ਇੱਕ ਐਕਸ-ਰੇ ਕੈਂਪ ਲਗਾਇਆ ਗਿਆ ਜਿਸ ਦੌਰਾਨ ਟੀਬੀ ਵਰਗੀਆਂ ਗੰਭੀਰ ਬਿਮਾਰੀਆਂ ਦਾ ਜਲਦੀ ਪਤਾ ਲਗਾਉਣ ਅਤੇ ਤੁਰੰਤ ਇਲਾਜ ਯਕੀਨੀ ਬਣਾਉਣ ਲਈ ਹੱਥ ਨਾਲ ਚੱਲਣ ਵਾਲੀ ਐਕਸ-ਰੇ ਮਸ਼ੀਨ ਦੀ ਵਰਤੋਂ ਕਰਕੇ ਐਕਸ-ਰੇ ਕੀਤੇ ਗਏ।ਕੈਂਪ ਦੌਰਾਨ ਟੀਮ ਵੱਲੋਂ 60 ਲੋਕਾਂ ਦੇ ਐਕਸ-ਰੇ ਕੀਤੇ। ਉਨ੍ਹਾਂ ਨੇ ਟੀਬੀ ਦੇ ਲੱਛਣਾਂ ਬਾਰੇ ਜਾਗਰੂਕਤਾ ਪੈਦਾ ਕੀਤੀ ਅਤੇ ਉਨ੍ਹਾਂ ਨੂੰ ਟੈਸਟ ਕਰਵਾਉਣ ਲਈ ਉਤਸ਼ਾਹਿਤ ਕੀਤਾ।ਰੇਡੀਓਗ੍ਰਾਫ਼ਰ ਅਮਨਦੀਪ ਸਿੰਘ ਨੇ ਕਿਹਾ ਕਿ ਟੀਬੀ-ਮੁਕਤ ਮੁਹਿੰਮ ਦਾ ਉਦੇਸ਼ ਵੱਧ ਤੋਂ ਵੱਧ ਲੋਕਾਂ ਦੀ ਜਾਂਚ ਕਰਨਾ ਹੈ ਤਾਂ ਜੋ ਸਮੇਂ ਸਿਰ ਬਿਮਾਰੀ ਦੀ ਪਛਾਣ ਕੀਤੀ ਜਾ ਸਕੇ ਅਤੇ ਢੁਕਵਾਂ ਇਲਾਜ ਪ੍ਰਦਾਨ ਕੀਤਾ ਜਾ ਸਕੇ। ਟੀਮ ਨੇ ਹੱਥ ਨਾਲ ਚੱਲਣ ਵਾਲੀ ਐਕਸ-ਰੇ ਮਸ਼ੀਨ ਦੀ ਵਰਤੋਂ ਕਰਕੇ ਕਈ ਲੋਕਾਂ ਦੀ ਜਾਂਚ ਕੀਤੀ। ਉਨ੍ਹਾਂ ਜਨਤਾ ਨੂੰ ਅਪੀਲ ਕੀਤੀ ਕਿ ਜੇਕਰ ਕਿਸੇ ਨੂੰ ਲਗਾਤਾਰ ਖੰਘ, ਬੁਖਾਰ, ਭਾਰ ਘਟਣਾ ਜਾਂ ਕਮਜ਼ੋਰੀ ਵਰਗੇ ਲੱਛਣ ਮਹਿਸੂਸ ਹੁੰਦੇ ਹਨ, ਤਾਂ ਉਹ ਤੁਰੰਤ ਨਜ਼ਦੀਕੀ ਸਿਹਤ ਕੇਂਦਰ ਵਿੱਚ ਆਪਣੀ ਜਾਂਚ ਕਰਵਾਉਣ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਟੀਬੀ ਪ੍ਰੋਗਰਾਮ ਅਫ਼ਸਰ ਉਨ੍ਹਾਂ ਲੋਕਾਂ ਦੇ ਸਾਰੇ ਡੇਟਾ ਦੀ ਨਿੱਜੀ ਤੌਰ ਤੇ ਜਾਂਚ ਕਰੇਗਾ ਜਿਨ੍ਹਾਂ ਦੇ ਸਰਕਾਰ ਦੀ ਟੀਬੀ ਮੁਕਤ ਮੁਹਿੰਮ ਤਹਿਤ ਐਕਸ-ਰੇ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਜਿਸ ਕਿਸੇ ਨੂੰ ਵੀ ਟੀਬੀ ਦੇ ਲੱਛਣ ਦਿਖਾਈ ਦੇਣਗੇ, ਉਸ ਨਾਲ ਫ਼ੋਨ ਰਾਹੀਂ ਸੰਪਰਕ ਕੀਤਾ ਜਾਵੇਗਾ ਅਤੇ ਇਲਾਜ ਲਈ ਮਾਰਗਦਰਸ਼ਨ ਕੀਤਾ ਜਾਵੇਗਾ। ਉਸ ਨਾਲ ਫ਼ੋਨ ਰਾਹੀਂ ਸੰਪਰਕ ਕੀਤਾ ਜਾਵੇਗਾ ਅਤੇ ਇਲਾਜ ਲਈ ਮਾਰਗਦਰਸ਼ਨ ਕੀਤਾ ਜਾਵੇਗਾ।

## ਅੰਤਰਰਾਸ਼ਟਰੀ ਮਹਿਲਾ ਦਿਵਸ ਖੁਸ਼ੀ ਤੇ ਉਤਸ਼ਾਹ ਨਾਲ ਮਨਾਇਆ



ਮਾਹਿਲਪੁਰ 8 ਮਾਰਚ (ਅਜਮੇਰ ਸਿੰਘ ਭਨੋਟ) :ਦੋਆਬਾ ਪਬਲਿਕ ਸਕੂਲ ਦੋਹਲਰੋ ਮਾਹਿਲਪੁਰ ਵਿੱਚ ਅੰਤਰਰਾਸ਼ਟਰੀ ਮਹਿਲਾ ਦਿਵਸ ਬਹੁਤ ਹੀ ਖੁਸ਼ੀ ਤੇ ਉਤਸ਼ਾਹ ਨਾਲ ਮਨਾਇਆ ਗਿਆ । ਮੈਨੇਜਿੰਗ ਡਾਇਰੈਕਟਰ ਹਰਜਿੰਦਰ ਸਿੰਘ ਗਿੱਲ ਜੀ ਨੇ ਅਧਿਆਪਕਾਵਾਂ ਤੇ ਸਫਾਈ ਸੇਵਕਾਵਾਂ ਨੂੰ ਵਧਾਈ ਦਿੱਤੀ । ਇਸ ਮੌਕੇ ਤੇ ਇਸ ਦਿਨ ਦੀ ਮਹੱਤਤਾ ਬਾਰੇ ਦੱਸਦਿਆਂ ਸਕੂਲ ਦੇ ਸੰਸਥਾਪਕ ਸ਼੍ਰੀਮਤੀ ਬਲਵਿੰਦਰ ਕੌਰ ਜੀ ਨੂੰ ਯਾਦ ਕਰਦਿਆਂ ਸ਼ਰਧਾਂਜਲੀ ਭੇਂਟ ਕੀਤੀ । ਸੈਕਰੇਟਰੀ ਸੁਖਵਿੰਦਰ ਕੌਰ ਗਿੱਲ ਜੀ ਵਲੋ ਸਹਿਯੋਗੀ ਸਟਾਫ ਤੇ ਅਧਿਆਪਕਾਵਾਂ ਨੂੰ ਤੋਹਫ਼ੇ ਦਿੱਤੇ ਗਏ । ਇਸ ਮੌਕੇ ਤੇ ਸਮੂਹ ਸਟਾਫ਼ ਹਾਜ਼ਰ ਸੀ । ਮੈਨਜਮੈਂਟ ਦਾ ਸਮੂਹ ਸਟਾਫ ਵਲੋਂ ਧੰਨਵਾਦ ਕੀਤਾ ਗਿਆ ।

## ਇੰਟਰਸਿਟੀ ਐਕਸਪ੍ਰੈੱਸ 'ਚ ਨੌਜਵਾਨ ਨਾਲ ਲੁੱਟ ਖੋਹ, ਨਕਦੀ ਤੇ ਮੋਬਾਇਲ ਖੋਹਿਆ

ਬਠਿੰਡਾ, 8 ਮਾਰਚ (ਦੀਪਕ ਸ਼ਰਮਾ)ਦਿੱਲੀ-ਫ਼ਾਜ਼ਿਲਕਾ ਇੰਟਰਸਿਟੀ ਟ੍ਰੇਨ ਵਿੱਚ ਸਫ਼ਰ ਕਰ ਰਹੇ ਇੱਕ ਨੌਜਵਾਨ ਨਾਲ ਕੁੱਟਮਾਰ ਕਰਕੇ ਲੁੱਟ-ਖੋਹ ਕਰਨ ਦਾ ਸਨਸਨੀਖੇਜ਼ ਮਾਮਲਾ ਸਾਹਮਣੇ ਆਇਆ ਹੈ। ਜੀਆਰਪੀ ਪੁਲਿਸ ਨੇ ਇਸ ਸਬੰਧੀ ਚਾਰ ਜਣਿਆਂ ਖ਼ਿਲਾਫ਼ ਮੁਕੱਦਮਾ ਦਰਜ ਕਰਕੇ ਮੁਲਜ਼ਮਾਂ ਦੀ ਭਾਲ ਲਈ ਛਾਪੇਮਾਰੀ ਸ਼ੁਰੂ ਕਰ ਦਿੱਤੀ ਹੈ। ਇਸ ਵਾਰਦਾਤ ਨੇ ਰੇਲਵੇ ਸਫ਼ਰ ਦੌਰਾਨ ਮੁਸਾਫ਼ਰਾਂ ਦੀ ਸੁਰੱਖਿਆ ਤੇ ਡ ਸਵਾਲੀਆ ਨਿਸ਼ਾਨ ਖੜ੍ਹੇ ਕਰ ਦਿੱਤੇ ਹਨ, ਕਿਉਂਕਿ ਮੁਲਜ਼ਮਾਂ ਨੇ ਨਾ ਸਿਰਫ਼ ਨਕਦੀ ਖੋਹੀ, ਬਲਕਿ ਡਿਜੀਟਲ ਤਰੀਕੇ ਨਾਲ ਵੀ ਪੈਸੇ ਟ੍ਰਾਂਸਫਰ ਕਰਵਾਉਣ ਦੀ ਹਿੰਮਤ ਦਿਖਾਈ।ਪ੍ਰਾਪਤ ਜਾਣਕਾਰੀ ਅਨੁਸਾਰ ਸ੍ਰੀ ਮੁਕਤਸਰ ਸਾਹਿਬ ਦੇ ਰਹਿਣ ਵਾਲੇ ਰਾਜਵਿੰਦਰ ਸਿੰਘ ਉਰਫ਼ ਰਾਜਵੀਰ ਨੇ ਪੁਲਿਸ ਕੋਲ ਸ਼ਿਕਾਇਤ ਦਰਜ ਕਰਵਾਈ ਹੈ ਕਿ ਉਹ ਬੀਤੀ 2 ਮਾਰਚ ਨੂੰ ਰਾਜਪੁਰਾ ਤੋਂ ਮੁਕਤਸਰ ਜਾਣ ਲਈ ਇੰਟਰਸਿਟੀ ਟ੍ਰੇਨ (14507) ਵਿੱਚ ਸਵਾਰ ਹੋਇਆ ਸੀ। ਜਦੋਂ ਰੇਲਗੱਡੀ ਗੋਨਿਆਣਾ ਸਟੇਸ਼ਨ ਦੇ ਨੇੜੇ ਪਹੁੰਚੀ ਤਾਂ ਚਾਰ ਸ਼ਰਾਰਤੀ ਅਨਸਰ ਉਸ ਦੇ ਡੱਬੇ ਵਿੱਚ ਚੜ੍ਹ ਗਏ। ਇਨ੍ਹਾਂ ਨੌਜਵਾਨਾਂ ਨੇ ਰਾਜਵਿੰਦਰ ਨਾਲ ਬਿਨਾਂ ਵਜ੍ਹਾ ਉਲਝਣਾ ਸ਼ੁਰੂ ਕਰ ਦਿੱਤਾ ਅਤੇ ਦੇਖਦੇ ਹੀ ਦੇਖਦੇ ਉਸ ਤੇ ਹਮਲਾ ਕਰ ਦਿੱਤਾ। ਪੀੜਤ ਨੇ ਦੱਸਿਆ ਕਿ ਮੁਲਜ਼ਮਾਂ ਨੇ ਉਸ ਕੋਲੋਂ 1500 ਰੁਪਏਦੀ ਨਕਦੀਅਤੇਮੋਬਾਈਲ ਫ਼ੋਨ ਖੋਹ ਲਿਆ। ਹੱਦ ਤਾਂ ਉਦੋਂ ਹੋ ਗਈ ਜਦੋਂ ਲੁਟੇਰਿਆਂ ਨੇ ਉਸ ਨੂੰ ਜਾਨੋਂ ਮਾਰਨ ਦੀਆਂ ਧਮਕੀਆਂ ਦੇ ਕੇ ਜ਼ਬਰਨ ਗੂਗਲ ਪੇਅ ਰਾਹੀਂ 500 ਰੁਪਏਆਪਣੇ ਖਾਤੇ ਵਿੱਚ ਟ੍ਰਾਂਸਫਰ ਕਰਵਾ ਲਏ। ਵਾਰਦਾਤ ਨੂੰ ਅੰਜਾਮ ਦੇਣ ਤੋਂ ਬਾਅਦ ਚਾਰੇ ਮੁਲਜ਼ਮ ਜੈਤੋ ਸਟੇਸ਼ਨ ਆਉਣ ਤੇ ਰੇਲਗੱਡੀ ਤੋਂ ਉਤਰ ਕੇ ਫ਼ਰਾਰ ਹੋ ਗਏ।ਜੀਆਰਪੀ ਥਾਣੇ ਦੇ ਏਐਸਆਈ ਜਸਵਿੰਦਰ ਸਿੰਘ ਨੇ ਦੱਸਿਆ ਕਿ ਪੀੜਤ ਦੇ ਬਿਆਨਾਂ ਦੇ ਆਧਾਰ ਤੇ ਚਾਰ ਜਣਿਆਂ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ। ਪੁਲਿਸ ਨੇ ਕੋਟਲੀ ਅਬਲੂ (ਸ੍ਰੀ ਮੁਕਤਸਰ ਸਾਹਿਬ) ਦੇ ਰਹਿਣ ਵਾਲੇ ਸੁਖਬੀਰ ਸਿੰਘ ਅਤੇ ਰਵਿੰਦਰ ਸਿੰਘ ਦੀ ਪਛਾਣ ਕਰ ਲਈ ਹੈ, ਜਦਕਿ ਬਾਕੀ ਦੋ ਅਣਪਛਾਤੇ ਮੁਲਜ਼ਮਾਂ ਦੀ ਪਛਾਣ ਲਈ ਸਟੇਸ਼ਨਾਂ ਤੇ ਲੱਗੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਖੰਗਾਲੀ ਜਾ ਰਹੀ ਹੈ। ਪੁਲਿਸ ਦਾ ਕਹਿਣਾ ਹੈ ਕਿ ਡਿਜੀਟਲ ਟ੍ਰਾਂਜੈਕਸ਼ਨ ਦੇ ਵੇਰਵਿਆਂ ਰਾਹੀਂ ਮੁਲਜ਼ਮਾਂ ਤੱਕ ਪਹੁੰਚਣਾ ਆਸਾਨ ਹੋਵੇਗਾ ਅਤੇ ਜਲਦ ਹੀ ਉਨ੍ਹਾਂ ਨੂੰ ਗ੍ਰਿਫ਼ਤਾਰ ਕਰ ਲਿਆ ਜਾਵੇਗਾ।



ਰੋਜ਼ਾਨਾ ਚੜ੍ਹਦੀਕਲਾ
## ਸਿਹਤ ਖ਼ਬਰਨਾਮਾ



# ਇੱਕ ਮੁੱਠੀ ਭਿੱਜੀ ਮੂੰਗਫਲੀ ਨਾਲ ਸਿਹਤ ਨੂੰ ਮਿਲਣਗੇ ਕਮਾਲ ਦੇ ਫ਼ਾਇਦੇ

ਮੂੰਗਫਲੀ ਇੱਕ ਪੌਸ਼ਟਿਕ ਪਾਵਰਹਾਊਸ ਹੈ। ਫੈਟ, ਪ੍ਰੋਟੀਨ, ਫਾਈਬਰ, ਪੋਟਾਸ਼ੀਅਮ, ਫਾਸਫੋਰਸ, ਬੀ ਵਿਟਾਮਿਨ ਅਤੇ ਮੈਗਨੀਸ਼ੀਅਮ ਦਾ ਇੱਕ ਚੰਗਾ ਸਰੋਤ ਹੋਣ ਕਰਕੇ, ਮੂੰਗਫਲੀ ਸਭ ਤੋਂ ਸਿਹਤਮੰਦ ਸਨੈਕਸ ਵਿੱਚੋਂ ਇੱਕ ਹੈ। ਲੋਕ ਇਹਨਾਂ ਨੂੰ ਭੁੰਨ ਕੇ,



ਨਮਕੀਨ ਅਤੇ ਕੱਚੀ ਖਾਂਦੇ ਹਨ। ਪਰ ਕੀ ਤੁਸੀਂ ਕਦੇ ਭਿੱਜੀ ਹੋਈ ਮੂੰਗਫਲੀ ਦੇ ਸਿਹਤ ਲਾਭਾਂ ਬਾਰੇ ਜਾਣਦੇ ਹੋ ? ਤੁਹਾਨੂੰ ਇਹ ਜਾਣ ਕੇ ਹੈਰਾਨੀ ਹੋਵੇਗੀ ਕਿ ਭਿੱਜੀਆਂ ਮੂੰਗਫਲੀਆਂ ਵਿੱਚ ਸਿਹਤ ਲਾਭਾਂ ਦੀ ਇੱਕ ਲੰਬੀ ਸੂਚੀ ਹੈ।

**ਪਾਚਨ ਕਿਰਿਆ ਵਿਚ ਸੁਧਾਰ :** ਭਿੱਜੀ ਹੋਈ ਮੂੰਗਫਲੀ ਖਾਣ ਨਾਲ ਉਹਨਾਂ ਵਿੱਚ ਫਾਈਬਰ ਦੀ ਮਾਤਰਾ ਹੋਣ ਕਰਕੇ ਪਾਚਨ ਕਿਰਿਆ ਵਿੱਚ ਸੁਧਾਰ ਹੁੰਦਾ ਹੈ। ਇਹਨਾਂ ਵਿੱਚ ਫਾਈਬਰ ਦੀ ਚੰਗੀ ਮਾਤਰਾ ਹੁੰਦੀ ਹੈ, ਜੋ ਪਾਚਨ ਕਿਰਿਆ ਵਿੱਚ ਸਹਾਇਤਾ ਕਰ ਸਕਦੀ ਹੈ ਅਤੇ ਗੈਸ ਅਤੇ ਐਸਿਡਿਟੀ ਵਰਗੀਆਂ ਸਮੱਸਿਆਵਾਂ ਨੂੰ ਰੋਕ ਸਕਦੀ ਹੈ।

**ਦਿਲ ਦੀਆਂ ਸਮੱਸਿਆਵਾਂ ਲਈ:** ਭਿੱਜੀ ਹੋਈ ਮੂੰਗਫਲੀ ਦੇ ਕਾਰਡੀਓ-ਰੱਖਿਅਕ ਗੁਣ ਦਿਲ ਦੀ ਸਿਹਤ ਲਈ ਬਹੁਤ ਫਾਇਦੇਮੰਦ ਹੁੰਦੇ ਹਨ। ਇਹ ਮਾੜੇ ਕੋਲੈਸਟ੍ਰੋਲ ਨੂੰ ਘਟਾਉਣ, ਬਲੱਡ ਪ੍ਰੈਸ਼ਰ ਨੂੰ ਕੰਟਰੋਲ ਕਰਨ ਅਤੇ ਖ਼ੂਨ ਦੇ ਗੇੜ ਨੂੰ ਬਿਹਤਰ ਬਣਾਉਣ ਵਿੱਚ ਮਦਦ ਕਰਦੇ ਹਨ।

**ਚਮੜੀ ਅਤੇ ਵਾਲਾਂ ਲਈ:** ਭਿੱਜੀ ਹੋਈ ਮੂੰਗਫਲੀ ਵਿੱਚ ਵਿਟਾਮਿਨ ਈ ਅਤੇ ਹੋਰ ਪੌਸ਼ਟਿਕ ਤੱਤ ਚਮੜੀ ਨੂੰ ਚਮਕਦਾਰ ਬਣਾਉਂਦੇ ਹਨ ਅਤੇ ਵਾਲਾਂ ਨੂੰ ਮਜ਼ਬੂਤ ਬਣਾਉਂਦੇ ਹਨ।

**ਬਾਡੀ ਬਿਲਡਿੰਗ ਵਿੱਚ ਮਦਦ :** ਸਵੇਰੇ ਭਿੱਜੀ ਹੋਈ ਮੂੰਗਫਲੀ ਖਾਣਾ ਉਨ੍ਹਾਂ ਲੋਕਾਂ ਲਈ ਲਾਭਦਾਇਕ ਹੋ ਸਕਦਾ ਹੈ ਜੋ ਬਾਡੀ ਬਿਲਡਿੰਗ ਵਿੱਚ ਦਿਲਚਸਪੀ ਰੱਖਦੇ ਹਨ। ਮੂੰਗਫਲੀ ਪ੍ਰੋਟੀਨ ਨਾਲ ਭਰਪੂਰ ਹੁੰਦੀ ਹੈ, ਜੋ ਬਾਡੀ ਬਿਲਡਿੰਗ ਵਿੱਚ ਮਦਦ ਕਰ ਸਕਦੀ ਹੈ।

# ਭਾਰਤੀ-ਨਾਰੀ ਤੋਂ ਨਾਰਾਇਣੀ: ਮਹਿਲਾ ਵਿਚਾਰਧਾਰਾਵਾਂ ਦੇ ਪਹਿਲੇ ਰਾਸ਼ਟਰੀ ਸੰਮੇਲਨ ਸਮਾਰੋਹ 'ਚ ਰਾਸ਼ਟਰਪਤੀ ਨੇ ਕੀਤੀ ਸ਼ਿਰਕਤ

ਨਵੀਂ ਦਿੱਲੀ, 8 ਮਾਰਚ (ਚ.ਨ.ਸ.) : ਮੈਂ ਇਸ ਸਮਾਗਮ ਦੇ ਆਯੋਜਨ ਲਈ ਭਾਰਤੀ ਵਿਦਵਤ ਪ੍ਰੀਸ਼ਦ ਅਤੇ ਰਾਸ਼ਟਰੀ ਸੇਵਿਕਾ ਸਮਿਤੀ ਦੇ ਅਧਿਕਾਰੀਆਂ ਅਤੇ ਵਰਕਰਾਂ ਦੀ ਸ਼ਲਾਘਾ ਕਰਦਾ ਹਾਂ। ਮੈਨੂੰ ਦੱਸਿਆ ਗਿਆ ਹੈ ਕਿ ਭਾਰਤੀ ਵਿਦਵਤ ਪ੍ਰੀਸ਼ਦ ਭਾਰਤੀ ਗਿਆਨ ਪਰੰਪਰਾ, ਸ਼ਾਸਤਰੀ ਵਿਚਾਰ ਅਤੇ ਵਿਚਾਰਧਾਰਕ ਪ੍ਰਵਚਨ ਨੂੰ ਜ਼ਿੰਦਾ ਰੱਖਣ ਲਈ ਯਤਨ ਕਰ ਰਹੀ ਹੈ। ਭਾਰਤੀ ਗਿਆਨ ਪਰੰਪਰਾ ਵਿੱਚ ਦਰਸ਼ਨ, ਦਵਾਈ, ਖਗੋਲ ਵਿਗਿਆਨ, ਗਣਿਤ, ਸਾਹਿਤ ਅਤੇ ਕਲਾ ਦੀ ਮਹਾਨ ਵਿਰਾਸਤ ਨੂੰ ÷ਗਿਆਨ ਭਾਰਤਮ ਮਿਸ਼ਨ÷ ਵਰਗੀਆਂ ਪਹਿਲਕਦਮੀਆਂ ਰਾਹੀਂ ਸੁਰੱਖਿਅਤ ਅਤੇ ਪ੍ਰਸਾਰਿਤ ਕੀਤਾ ਜਾ ਰਿਹਾ ਹੈ। ਭਾਰਤੀ ਭਾਸ਼ਾਵਾਂ ਅਤੇ ਭਾਰਤੀ ਗਿਆਨ ਪਰੰਪਰਾ ਨੂੰ ਤਰਜੀਹ ਦੇਣਾ ਇੱਕ ਸਵੈ-ਨਿਰਭਰ ਅਤੇ ਵਿਕਸਤ ਭਾਰਤ ਦੇ ਨਿਰਮਾਣ ਲਈ ਇੱਕ ਸੱਭਿਆਚਾਰਕ ਨੀਂਹ ਪ੍ਰਦਾਨ ਕਰਦਾ ਹੈ। ਅਜਿਹੇ ਯਤਨਾਂ ਵਿੱਚ ਸ਼ਾਮਲ ਸਾਰੀਆਂ ਸੰਸਥਾਵਾਂ ਨੂੰ ਆਪਸੀ ਤਾਲਮੇਲ ਵਿੱਚ ਅੱਗੇ ਵਧਣਾ ਚਾਹੀਦਾ ਹੈ। ਮੈਨੂੰ ਤੁਹਾਡੇ ਸਾਰਿਆਂ ਨਾਲ ਇਹ ਸਾਂਝਾ ਕਰਦੇ ਹੋਏ ਖੁਸ਼ੀ ਹੋ ਰਹੀ ਹੈ ਕਿ ਇਸ ਸਾਲ, ਬਸੰਤ ਪੰਚਮੀ @ਤੇ ਸਰਸਵਤੀ ਪੂਜਾ ਦੇ ਸ਼ੁਭ ਮੌਕੇ 'ਤੇ, ਰਾਸ਼ਟਰਪਤੀ ਭਵਨ ਵਿਖੇ ਗ੍ਰੰਥ ਕੁਟੀਰ ਨਾਮਕ ਇੱਕ ਵਿਸ਼ੇਸ਼ ਲਾਇਬ੍ਰੇਰੀ ਦਾ ਉਦਘਾਟਨ ਕੀਤਾ ਗਿਆ ਸੀ। ÷ਗ੍ਰੰਥ ਕੁਟੀਰ÷ ਵਿੱਚ ਭਾਰਤ ਦੀਆਂ ਸ਼ਾਸਤਰੀ ਭਾਸ਼ਾਵਾਂ ਵਿੱਚ ਸੁਰੱਖਿਅਤ ਗਿਆਨ ਪਰੰਪਰਾ



ਨਾਲ ਭਰਪੂਰ ਹੱਥ-ਲਿਖਤਾਂ ਅਤੇ ਗ੍ਰੰਥਾਂ ਦਾ ਸੰਗ੍ਰਹਿ ਹੈ। ਰਾਸ਼ਟਰਪਤੀ ਭਵਨ ਦੇ ਦਰਵਾਜ਼ੇ ਸਾਰੇ ਸੈਲਾਨੀਆਂ ਲਈ ਖੁੱਲ੍ਹੇ ਹਨ। ਜਦੋਂ ਵੀ ਤੁਸੀਂ ਰਾਸ਼ਟਰਪਤੀ ਭਵਨ ਜਾਂਦੇ ਹੋ, ਤੁਸੀਂ ਗ੍ਰੰਥ ਕੁਟੀਰ ਦੇ ਸੰਗ੍ਰਹਿ ਨੂੰ ਵੀ ਦੇਖ ਸਕੋਗੇ। ਮੈਨੂੰ ਯਕੀਨ ਹੈ ਕਿ ਤੁਸੀਂ ਇਸਨੂੰ ਦੇਖ ਕੇ ਖੁਸ਼ ਹੋਵੋਗੇ। ਮੈਂ ਤੁਹਾਨੂੰ ਸਾਰਿਆਂ ਨੂੰ ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਇਸ ਮਹੱਤਵਪੂਰਨ ਮੌਕੇ @ਤੇ ਵਧਾਈ ਦਿੰਦਾ ਹਾਂ। ਮੈਂ ਤੁਹਾਨੂੰ ਇਹ ਵੀ ਤਾਕੀਦ ਕਰਦਾ ਹਾਂ ਕਿ ਤੁਸੀਂ ਨਾਰੀ ਸ਼ਕਤੀ ਦੀਆਂ ਪ੍ਰੇਰਨਾਦਾਇਕ ਉਦਾਹਰਣਾਂ ਨੂੰ ਯਾਦ ਕਰੋ ਅਤੇ ਅੱਜ ਦੇ ਸੰਦਰਭ ਵਿੱਚ ਉਨ੍ਹਾਂ ਦੇ ਆਦਰਸ਼ਾਂ ਨੂੰ ਅਮਲ ਵਿੱਚ ਲਿਆਓ। ਵੈਦਿਕ ਕਾਲ ਵਿੱਚ ਬ੍ਰਹਮਵਾਦਿਨੀ ਔਰਤਾਂ ਦੀ ਪ੍ਰਤਿਭਾ ਤੋਂ ਲੈ ਕੇ ਆਧੁਨਿਕ ਯੁੱਗ ਵਿੱਚ ਰਾਣੀ ਦੁਰਗਾਵਤੀ, ਵੀਰਮਾਤਾ ਜੀਜਾਬਾਈ, ਰਾਣੀ ਚੇਨੰਮਾ, ਲਕਸ਼ਮੀਬਾਈ, ਝਲਕਾਰੀਬਾਈ ਅਤੇ ਦੇਵੀ ਅਹਿਲਿਆਬਾਈ ਹੋਲਕਰ ਦੀ ਬਹਾਦਰੀ ਅਤੇ ਬੁੱਧੀ ਤੱਕ, ਬਹਾਦਰੀ ਅਤੇ ਬੁੱਧੀ ਦੇ ਆਦਰਸ਼ ਪੂਰੇ ਸਮਾਜ ਲਈ, ਖਾਸ ਕਰਕੇ ਔਰਤਾਂ ਲਈ ਪ੍ਰੇਰਨਾ ਸਰੋਤ ਹਨ। ਸਾਡੇ ਰਾਸ਼ਟਰੀ ਗੀਤ, ÷ਵੰਦੇ ਮਾਤਰਮ÷ ਦੀ ਰਚਨਾ ਦੀ 150ਵੀਂ ਵਰ੍ਹੇਗੰਢ ਦੇਸ਼ ਭਰ ਵਿੱਚ ਮਨਾਈ ਜਾ ਰਹੀ ਹੈ। ਇਹ ਜਸ਼ਨ ਮਾਂ ਦੀ ਸ਼ਕਤੀ ਨੂੰ ਸ਼ਰਧਾਂਜਲੀ ਹੈ। ਸਾਡੇ ਮਹਾਨ ਰਾਸ਼ਟਰੀ ਗੀਤ ਦੇ ਸ਼ਬਦਾਂ ਵਿੱਚ, ਇੱਕ ਪਾਸੇ ਭਾਰਤ ਮਾਤਾ ਸੁੰਦਰ ਅਤੇ ਮਿੱਠੀ ਬੋਲਣ ਵਾਲੀ ਹੈ, ਅਤੇ ਦੂਜੇ ਪਾਸੇ, ਉਹ ਦੁਸ਼ਮਣਾਂ ਦਾ ਨਾਸ਼ ਕਰਨ ਵਾਲੀ ਅਤੇ ਦਸ ਹਥਿਆਰਾਂ ਦੀ ਧਾਰਨੀ, ਦੇਵੀ ਦੁਰਗਾ ਵੀ ਹੈ। ਰਾਸ਼ਟਰੀ ਸੇਵਿਕਾ ਸਮਿਤੀ ਦੀ ਪ੍ਰਾਰਥਨਾ ਭਾਰਤ ਮਾਤਾ ਨੂੰ ਇੱਕ ਵਿਸ਼ਵ ਸ਼ਕਤੀ ਵਜੋਂ ਸਲਾਮ ਕਰਦੀ ਹੈ। ਉਹ ਪ੍ਰਾਰਥਨਾ ਇਹ ਵੀ ਕਹਿੰਦੀ ਹੈ ਕਿ ਸਾਡੇ ਦੇਸ਼ ਦੀਆਂ ਔਰਤਾਂ ਸਿਆਣਪ, ਸਮਰੱਥ ਹਨ ਅਤੇ ਸ਼ਰਧਾ ਨਾਲ ਆਪਣੇ ਫਰਜ਼ ਦੇ ਮਾਰਗ 'ਤੇ ਅੱਗੇ ਵਧਦੀਆਂ ਹਨ। ਔਰਤਾਂ ਸੇਵਾ, ਸਮਰਪਣ, ਰਾਸ਼ਟਰਵਾਦ, ਬਹਾਦਰੀ, ਧੀਰਜ ਅਤੇ ਪ੍ਰਤਿਭਾ ਦੇ ਪਹਿਲੂਆਂ ਵਿੱਚ ਮਰਦਾਂ ਦੇ ਬਰਾਬਰ ਜਾਂ ਉਨ੍ਹਾਂ ਤੋਂ ਵੀ ਉੱਤਮ ਹਨ। ਉੱਚ ਵਿਦਿਅਕ ਸੰਸਥਾਵਾਂ ਵਿੱਚ ਜ਼ਿਆਦਾਤਰ ਸਮਾਰੋਹਾਂ ਵਿੱਚ, ਮੈਂ ਦੇਖਿਆ ਹੈ ਕਿ ਸ਼ਾਨਦਾਰ ਪ੍ਰਦਰਸ਼ਨ ਲਈ ਤਗਮੇ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਵਿੱਚ, ਕੁੜੀਆਂ ਦੀ ਗਿਣਤੀ ਵੱਧ ਹੁੰਦੀ ਹੈ। ਇਹ ਇਸ ਗੱਲ ਦਾ ਸਬੂਤ ਹੈ ਕਿ ਕੁੜੀਆਂ ਮੌਕਾ ਮਿਲਣ 'ਤੇ ਬਿਹਤਰ ਪ੍ਰਦਰਸ਼ਨ ਕਰ ਸਕਦੀਆਂ ਹਨ।ਹਾਲਾਂਕਿ, ਸਾਨੂੰ ਇਸ ਕਠੋਰ ਹਕੀਕਤ ਨੂੰ ਵੀ ਸਵੀਕਾਰ ਕਰਨਾ ਚਾਹੀਦਾ ਹੈ ਕਿ ਅੱਜ ਵੀ, ਬਹੁਤ ਸਾਰੀਆਂ ਔਰਤਾਂ ਸਮਾਜਿਕ ਰੂੜ੍ਹੀਵਾਦੀ ਧਾਰਨਾਵਾਂ, ਆਰਥਿਕ ਅਸਮਾਨਤਾਵਾਂ ਅਤੇ ਮਨੋਵਿਗਿਆਨਕ ਰੁਕਾਵਟਾਂ ਦਾ ਸਾਹਮਣਾ ਕਰਦੀਆਂ ਹਨ। ਔਰਤਾਂ ਨੂੰ ਦਰਪੇਸ਼ ਅਜਿਹੀਆਂ ਸਮੱਸਿਆਵਾਂ ਨੂੰ ਸੰਵੇਦਨਸ਼ੀਲਤਾ ਦੇ ਅਧਾਰ ਤੇ ਸਮੂਹਿਕ ਯਤਨਾਂ ਦੁਆਰਾ ਹੀ ਹੱਲ ਕੀਤਾ ਜਾ ਸਕਦਾ ਹੈ।\ ਰਾਸ਼ਟਰੀ ਸੇਵਿਕਾ ਸਮਿਤੀ ਵਰਗੇ ਸੰਗਠਨ ਇਸ ਦਿਸ਼ਾ ਵਿੱਚ ਫੈਸਲਾਕੁੰਨ ਯੋਗਦਾਨ ਪਾ ਸਕਦੇ ਹਨ। ਇਹ ਖੁਸ਼ੀ ਦੀ ਗੱਲ ਹੈ ਕਿ ਲਗਭਗ ਨੌਂ ਦਹਾਕੇ ਪਹਿਲਾਂ ਸ਼ੁਰੂ ਕੀਤੀ ਗਈ ਇੱਕ ਸੰਸਥਾ ਅੱਜ ਔਰਤਾਂ ਦੀ ਭਾਗੀਦਾਰੀ ਵਧਾਉਣ ਦੇ ਵੱਖ-ਵੱਖ ਖੇਤਰਾਂ ਵਿੱਚ ਸਰਗਰਮ ਹੈ। ਲਗਭਗ ਇੱਕ ਦਹਾਕਾ ਪਹਿਲਾਂ, ਰਾਸ਼ਟਰੀ ਸੇਵਿਕਾ ਸਮਿਤੀ ਦੇ ਅੰਦਰ ÷ਸ਼ਰਨਯ÷ ਨਾਮਕ ਇੱਕ ਸਮੂਹ ਸਥਾਪਿਤ ਕੀਤਾ ਗਿਆ ਸੀ। ਮੈਨੂੰ ਦੱਸਿਆ ਗਿਆ ਹੈ ਕਿ ÷ਸ਼ਰਨਯ÷ ਦਾ ਉਦੇਸ਼ ਪਛੜੇ ਭਾਈਚਾਰਿਆਂ ਦੀਆਂ ਔਰਤਾਂ ਵਿੱਚ ਸਿੱਖਿਆ, ਹੁਨਰ, ਸਵੈ-ਨਿਰਭਰਤਾ ਅਤੇ ਲੀਡਰਸ਼ਿਪ ਹੁਨਰ ਵਿਕਸਤ ਕਰਨਾ ਹੈ। ਮੈਨੂੰ ਵਿਸ਼ਵਾਸ ਹੈ ਕਿ ਇਹ ਪਹਿਲ ਇੱਕ ਸਮਾਵੇਸ਼ੀ ਅਤੇ ਵਿਕਸਤ ਭਾਰਤ ਦੇ ਨਿਰਮਾਣ ਵੱਲ ਇੱਕ ਸਕਾਰਾਤਮਕ ਕਦਮ ਸਾਬਤ ਹੋਵੇਗੀ। ਮੈਨੂੰ ਇਹ ਜਾਣ ਕੇ ਖੁਸ਼ੀ ਹੋ ਰਹੀ ਹੈ ਕਿ ਇਸ ਸਮਾਗਮ ਨੇ ਵੱਖ-ਵੱਖ ਖੇਤਰਾਂ ਵਿੱਚ ਸਰਗਰਮ ਔਰਤਾਂ ਦੀ ਭਾਗੀਦਾਰੀ ਨੂੰ ਯਕੀਨੀ ਬਣਾਇਆ ਹੈ।

# ਟਰੰਪ ਦਾ ਕਤਲ ਕਰਨ ਦੀ ਸਾਜ਼ਿਸ਼ ਰਚਣ ਵਾਲਾ ਪਾਕਿਸਤਾਨੀ ਨਾਗਰਿਕ ਦੋਸ਼ੀ ਕਰਾਰ

ਵਾਸ਼ਿੰਗਟਨ, 8 ਮਾਰਚ (ਚ.ਨ.ਸ.) : ਅਮਰੀਕੀ ਅਦਾਲਤ ਨੇ ਇੱਕ ਪਾਕਿਸਤਾਨੀ ਨਾਗਰਿਕ ਆਸਿਫ਼ ਰਜ਼ਾ ਮਰਚੈਂਟ (48) ਨੂੰ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਅਤੇ ਹੋਰ ਉੱਚ-ਪੱਧਰੀ ਅਮਰੀਕੀ ਆਗੂਆਂ ਦੇ ਕਤਲ ਦੀ ਸਾਜ਼ਿਸ਼ ਰਚਣ ਦੇ ਦੋਸ਼ ਵਿੱਚ ਦੋਸ਼ੀ ਕਰਾਰ ਦਿੱਤਾ ਹੈ। ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਦੋਸ਼ੀ ਦਾ ਸਿੱਧਾ ਸਬੰਧ ਇਰਾਨ ਨਾਲ ਸੀ। ਉਸ ਨੂੰ ਜੁਲਾਈ 2024 @ਚ ਉਸ ਸਮੇਂ ਗ੍ਰਿਫ਼ਤਾਰ ਕੀਤਾ ਗਿਆ ਸੀ, ਜਦੋਂ ਉਹ ਅਮਰੀਕਾ ਤੋਂ ਜਹਾਜ਼ ਰਾਹੀਂ ਫਰਾਰ ਹੋਣ ਦੀ ਫਿਰਾਕ @ਚ ਸੀ। ਜਾਣਕਾਰੀ ਅਨੁਸਾਰ ਉਸ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਗਈ ਹੈ।ਉਸ ਦਾ ਮੁੱਖ ਮਕਸਦ 2020 ਵਿੱਚ ਅਮਰੀਕੀ ਡਰੋਨ ਹਮਲੇ ਵਿੱਚ ਮਾਰੇ ਗਏ ਇਰਾਨੀ ਕੁਦਸ ਫੋਰਸ ਦੇ ਕਮਾਂਡਰ ਕਾਸਿਮ ਸੁਲੇਮਾਨੀ ਦੀ ਮੌਤ ਦਾ ਬਦਲਾ ਲੈਣਾ ਸੀ। ਦੋਸ਼ੀ ਨਾ ਸਿਰਫ਼ ਰਾਸ਼ਟਰਪਤੀ ਟਰੰਪ ਨੂੰ ਨਿਸ਼ਾਨਾ ਬਣਾਉਣਾ ਚਾਹੁੰਦਾ ਸੀ, ਸਗੋਂ ਉਸ ਨੇ ਕਈ ਹੋਰ ਪ੍ਰਮੁੱਖ ਅਮਰੀਕੀ ਸਿਆਸਤਦਾਨਾਂ ਨੂੰ ਵੀ ਆਪਣੀ ਹਿੱਟ ਲਿਸਟ ਵਿੱਚ ਰੱਖਿਆ ਸੀ।ਇਸ ਕੇਸ ਨੇ ਇਰਾਨ ਅਤੇ ਅਮਰੀਕਾ ਵਿਚਾਲੇ ਪਹਿਲਾਂ ਤੋਂ ਹੀ ਤਣਾਅਪੂਰਨ ਸਬੰਧਾਂ ਨੂੰ ਹੋਰ ਗੰਭੀਰ ਬਣਾ ਦਿੱਤਾ ਹੈ।



ਅਮਰੀਕੀ ਖੁਫੀਆ ਏਜੰਸੀਆਂ ਨੇ ਇਸ ਨੂੰ ਇਰਾਨੀ ਸੱਤਾ ਵੱਲੋਂ ਕਰਵਾਏ ਜਾਣ ਵਾਲੇ ਇੱਕ ਟਾਰਗੇਟਿਡ ਅਸੈਸਿਨੇਸ਼ਨ ਪਲਾਟ ਵਜੋਂ ਦੇਖਿਆ ਹੈ। ਇਸ ਘਟਨਾ ਨੇ ਅਮਰੀਕੀ ਰਾਸ਼ਟਰਪਤੀ ਅਤੇ ਉੱਚ-ਅਧਿਕਾਰੀਆਂ ਦੀ ਸੁਰੱਖਿਆ ਨੂੰ ਲੈ ਕੇ ਵੱਡੀ ਚਿੰਤਾ ਪੈਦਾ ਕਰ ਦਿੱਤੀ ਹੈ। ਅਦਾਲਤ ਵਿੱਚ ਪੇਸ਼ ਕੀਤੇ ਗਏ ਸਬੂਤਾਂ ਤੋਂ ਪਤਾ ਲੱਗਾ ਹੈ ਕਿ ਦੋਸ਼ੀ ਨੇ ਅਮਰੀਕਾ ਵਿੱਚ ਦਾਖਲ ਹੋਣ ਅਤੇ ਆਪਣੇ ਮਿਸ਼ਨ ਨੂੰ ਅੰਜਾਮ ਦੇਣ ਲਈ ਕਈ ਤਰ੍ਹਾਂ ਦੀਆਂ ਗੈਰ-ਕਾਨੂੰਨੀ ਗਤੀਵਿਧੀਆਂ ਕੀਤੀਆਂ ਸਨ।

# ਈਰਾਨ ਨੂੰ ਪੂਰੀ ਤਰ੍ਹਾਂ ਬਰਬਾਦ ਕਰਨ 'ਚ ਲੱਗੇ ਟਰੰਪ, ਹਥਿਆਰਾਂ ਦੇ ਉਤਪਾਦਨ ਨੂੰ ਚੌਗੁਣਾ ਕਰਨ ਦਾ ਐਲਾਨ

ਨਵੀਂ ਦਿੱਲੀ, 8 ਮਾਰਚ (ਚ.ਨ.ਸ.) : ਈਰਾਨ ਨਾਲ ਵਧਦੇ ਤਣਾਅ ਦੇ ਵਿਚਕਾਰ, ਅਮਰੀਕਾ ਨੇ ਉੱਨਤ ਹਥਿਆਰਾਂ ਦੇ ਉਤਪਾਦਨ ਨੂੰ ਤੇਜ਼ੀ ਨਾਲ ਵਧਾਉਣ ਦਾ ਫੈਸਲਾ ਕੀਤਾ ਹੈ। ਇਸ ਉਦੇਸ਼ ਲਈ, ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਸ਼ੁੱਕਰਵਾਰ ਨੂੰ ਛੇ ਵੱਡੇ ਅਮਰੀਕੀ ਰੱਖਿਆ ਠੇਕੇਦਾਰਾਂ ਨਾਲ ਇੱਕ ਮੀਟਿੰਗ ਕੀਤੀ।ਟਰੁੱਥ ਸੋਸ਼ਲ 'ਤੇ ਇੱਕ ਪੋਸਟ ਸਾਂਝੀ ਕਰਦੇ ਹੋਏ, ਟਰੰਪ ਨੇ ਕਿਹਾ ਕਿ ਕੰਪਨੀਆਂ ਅਮਰੀਕੀ ਸਟਾਕ ਨੂੰ ਤੇਜ਼ੀ ਨਾਲ ਵਧਾਉਣ ਲਈ ਉੱਚ-ਅੰਤ ਦੇ ਹਥਿਆਰਾਂ ਦੇ ਉਤਪਾਦਨ ਨੂੰ ਚੌਗੁਣਾ ਕਰਨ ਲਈ ਸਹਿਮਤ ਹੋਈਆਂ ਹਨ।ਡੋਨਾਲਡ ਟਰੰਪ ਨੇ ਪੋਸਟ ਵਿੱਚ ਲਿਖਿਆ, ਅਸੀਂ ਹੁਣੇ ਹੀ ਸਭ ਤੋਂ ਵੱਡੀਆਂ ਅਮਰੀਕੀ ਰੱਖਿਆ ਨਿਰਮਾਣ ਕੰਪਨੀਆਂ ਨਾਲ ਇੱਕ ਬਹੁਤ ਵਧੀਆ ਮੀਟਿੰਗ ਸਮਾਪਤ ਕੀਤੀ, ਜਿੱਥੇ ਅਸੀਂ ਉਤਪਾਦਨ ਅਤੇ ਉਤਪਾਦਨ ਸਮਾਂ-ਸਾਰਣੀ 'ਤੇ ਚਰਚਾ ਕੀਤੀ।÷ਅਮਰੀਕੀ ਰਾਸ਼ਟਰਪਤੀ ਨੇ ਕਿਹਾ, ਇਹ ਕੰਪਨੀਆਂ ਸ਼ਾਨਦਾਰ-ਸ਼੍ਰੇਣੀ ਦੇ ਹਥਿਆਰਾਂ ਦੇ ਉਤਪਾਦਨ ਨੂੰ ਚੌਗੁਣਾ ਕਰਨ ਲਈ ਸਹਿਮਤ ਹੋਈਆਂ ਹਨ, ਕਿਉਂਕਿ ਅਸੀਂ ਜਲਦੀ ਤੋਂ ਜਲਦੀ ਮਾਤਰਾ ਦੇ ਉੱਚਤਮ ਪੱਧਰ 'ਤੇ ਪਹੁੰਚਣਾ ਚਾਹੁੰਦੇ ਹਾਂ।ਟਰੰਪ ਨੇ ਅੱਗੇ ਕਿਹਾ, ਸਾਡੇ ਕੋਲ ਮੱਧਮ ਅਤੇ ਉੱਚ-ਮੱਧਮ-ਗ੍ਰੇਡ ਦੇ ਹਥਿਆਰਾਂ ਦੀ ਲਗਭਗ ਅਸੀਮਤ ਸਪਲਾਈ ਹੈ, ਜੋ ਅਸੀਂ ਈਰਾਨ ਅਤੇ ਹਾਲ ਹੀ ਵਿੱਚ ਵੈਨੇਜ਼ੁਏਲਾ ਵਿੱਚ ਵਰਤ ਰਹੇ ਹਾਂ। ਹੁਣ, ਅਸੀਂ ਆਰਡਰ ਵਧਾ ਦਿੱਤੇ ਹਨ।ਰਾਸ਼ਟਰਪਤੀ ਟਰੰਪ ਨਾਲ ਮੀਟਿੰਗ ਵਿੱਚ 215 ਸਿਸਟਮ, ਬੋਇੰਗ, ਹਨੀਵੈੱਲ ਏਰੋਸਪੇਸ, LCHarris ਮਿਜ਼ਾਈਲ ਸਲਿਊਸ਼ਨ, ਲਾਕਹੀਡ ਮਾਰਟਿਨ, ਨੌਰਥਰੋਪ ਗ੍ਰੁਮੈਨ ਅਤੇ ਰੇਥਿਓਨ ਦੇ ਸੀਈਓ ਸ਼ਾਮਲ ਸਨ।

# ਲਿਓਨਿਲ ਮੈਸੀ ਨੇ ਡੋਨਾਲਡ ਟਰੰਪ ਨੂੰ ਰਤਨਾਂ ਨਾਲ ਜੜੀ ਗੁਲਾਬੀ ਫੁੱਟਬਾਲ ਕੀਤੀ ਭੇਟ

ਵਾਸ਼ਿੰਗਟਨ, 8 ਮਾਰਚ (ਚ.ਨ.ਸ.): ਧਾਕੜ ਫੁੱਟਬਾਲਰ ਲਿਓਨਿਲ ਮੈਸੀ ਨੇ ਪਿਛਲੇ ਸਾਲ ਮੇਜਰ ਲੀਗ ਸਾਕਰ (ਐੱਮ. ਐੱਲ. ਐੱਸ.) ਕੱਪ ਜਿੱਤਣ 'ਤੇ ਇੰਟਰ ਮਿਆਮੀ ਨੂੰ ਸਨਮਾਨਿਤ ਕਰਨ ਲਈ ਵ੍ਹਾਈਟ ਹਾਊਸ 'ਚ ਆਯੋਜਿਤ ਇਕ ਸਮਾਰੋਹ ਦੌਰਾਨ ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਨੂੰ ਰਤਨਾਂ ਨਾਲ ਜੜੀ ਗੁਲਾਬੀ ਫੁੱਟਬਾਲ ਭੇਟ ਕੀਤੀ। ਇੰਟਰ ਮਿਆਮੀ ਨੇ ਦਸੰਬਰ 'ਚ ਵੈਨਕੂਵਰ ਵ੍ਹਾਈਟਕੈਪਸ ਨੂੰ ਹਰਾ ਕੇ ਮੇਜਰ ਲੀਗ ਸਾਕਰ ਦਾ ਖਿਤਾਬ ਜਿੱਤਿਆ ਸੀ। ਅਰਜਨਟੀਨਾ ਦੇ ਸੁਪਰਸਟਾਰ ਮੈਸੀ ਨੂੰ ਲਗਾਤਾਰ ਦੂਜੇ ਸੀਜ਼ਨ 'ਚ ਸਭ ਤੋਂ ਕੀਮਤੀ ਖਿਡਾਰੀ (ਐੱਮ.ਵੀ.ਪੀ.) ਚੁਣਿਆ ਗਿਆ ਸੀ।ਟਰੰਪ ਨੇ ਕਿਹਾ, "ਲਿਓ (ਮੈਸੀ) ਤੁਸੀਂ ਟੀਮ ਨਾਲ ਜੁੜੇ ਤੇ ਤੁਹਾਡੀ ਟੀਮ ਨੇ ਜਿੱਤ ਹਾਸਲ ਕੀਤੀ। ਤੁਹਾਡੇ ਲਈ



ਚੰਗਾ ਪ੍ਰਦਰਸ਼ਨ ਕਰਨਾ ਆਸਾਨ ਨਹੀਂ ਸੀ। ਸੱਚ ਕਹਾਂ ਤਾਂ ਤੁਹਾਡੇ 'ਤੇ ਜਿੰਨਾ ਦਬਾਅ ਸੀ, ਓਨਾ ਕਿਸੇ ਨੂੰ ਪਤਾ ਵੀ ਨਹੀਂ ਹੋਵੇਗਾ, ਕਿਉਂਕਿ ਉਮੀਦ ਕੀਤੀ ਜਾ ਰਹੀ ਸੀ ਕਿ ਤੁਸੀਂ ਜਿੱਤ ਦਿਵਾਉਣ 'ਚ ਸਫਲ ਰਹੋਗੇ ਤੇ ਤੁਸੀਂ ਅਜਿਹਾ ਕੀਤਾ।"ਮੈਸੀ ਨੇ ਟਰੰਪ ਦੇ ਨਾਲ ਸਮਾਰੋਹ 'ਚ ਪ੍ਰਵੇਸ਼ ਕੀਤਾ। ਸਾਲ 2023 'ਚ ਮਿਆਮੀ ਨਾਲ ਜੁੜਨ ਵਾਲੇ ਮੈਸੀ ਨੇ ਪ੍ਰੋਗਰਾਮ ਦੇ ਦੌਰਾਨ ਭਾਸ਼ਣ ਨਹੀਂ ਦਿੱਤਾ। ਟਰੰਪ ਨੇ ਮੈਸੀ ਨੂੰ ਸੰਬੋਧਿਤ ਕਰਦਿਆਂ ਕਿਹਾ, "ਤੁਸੀਂ ਦੁਨੀਆ 'ਚ ਕਿਤੇ ਵੀ ਜਾ ਸਕਦੇ ਸੀ।

# ਦੁਬਈ ਨੇ ਰੋਕ ਦਿੱਤੀਆਂ ਸਾਰੀਆਂ ਫਲਾਈਟਾਂ !

ਦੁਬਈ, 8 ਮਾਰਚ (ਚ.ਨ.ਸ.): ਪੱਛਮੀ ਏਸ਼ੀਆ ਦੀ ਜੰਗ ਹੋਰ ਭਿਆਨਕ ਰੂਪ ਧਾਰਨ ਕਰਦੀ ਜਾ ਰਹੀ ਹੈ। ਇਸੇ ਦੌਰਾਨ ਦੁਬਈ ਦੇ ਕਈ ਇਲਾਕਿਆਂ 'ਚ ਇਕ ਵਾਰ ਫ਼ਿਰ ਤੋਂ ਜ਼ਬਰਦਸਤ ਧਮਾਕਿਆਂ ਦੀ ਆਵਾਜ਼ ਸੁਣੀ ਗਈ ਹੈ, ਜਿਸ ਮਗਰੋਂ ਇਲਾਕੇ @ਚ ਦਹਿਸ਼ਤ ਦਾ ਮਾਹੌਲ ਬਣ ਗਿਆ ਹੈ ਤੇ ਦੁਬਈ ਏਅਰਪੋਰਟ ਤੋਂ ਸਾਰੀਆਂ ਫਲਾਈਟਾਂ ਮੁਅੱਤਲ ਕਰ ਦਿੱਤੀਆਂ ਗਈਆਂ ਹਨ।ਦੁਬਈ ਮੀਡੀਆ ਆਫਿਸ ਨੇ ਸੋਸ਼ਲ ਮੀਡੀਆ ਪਲੇਟਫਾਰਮ 'X' 'ਤੇ ਸਪੱਸ਼ਟ ਕੀਤਾ ਹੈ ਕਿ ਦੁਬਈ ਦੇ ਹਵਾਈ ਅੱਡਿਆਂ




'ਤੇ ਕੋਈ ਸਿੱਧਾ ਹਮਲਾ ਨਹੀਂ ਹੋਇਆ ਹੈ। ਅਧਿਕਾਰੀਆਂ ਅਨੁਸਾਰ, ਇਹ ਧਮਾਕੇ Air Defence System ਵੱਲੋਂ ਈਰਾਨੀ ਮਿਜ਼ਾਈਲਾਂ ਅਤੇ ਡਰੋਨਾਂ ਨੂੰ Intercept ਕਰਨ ਤੋਂ ਬਾਅਦ ਡਿੱਗੇ ਮਲਬੇ ਕਾਰਨ ਹੋਏ ਹਨ।ਯੂ.ਏ.ਈ. ਦੇ ਰੱਖਿਆ ਮੰਤਰਾਲੇ ਨੇ ਪੁਸ਼ਟੀ ਕੀਤੀ ਹੈ ਕਿ ਉਨ੍ਹਾਂ ਨੇ ਈਰਾਨ ਵੱਲੋਂ ਦਾਗੇ ਗਏ ਸੈਂਕੜੇ ਬੈਲਿਸਟਿਕ ਮਿਜ਼ਾਈਲਾਂ ਅਤੇ ਡਰੋਨਾਂ ਨੂੰ ਸਫਲਤਾਪੂਰਵਕ ਨਸ਼ਟ ਕੀਤਾ ਹੈ। ਅਧਿਕਾਰੀਆਂ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਕਿਸੇ ਵੀ ਤਰ੍ਹਾਂ ਦੀਆਂ ਅਫਵਾਹਾਂ 'ਤੇ ਵਿਸ਼ਵਾਸ ਨਾ ਕਰਨ ਅਤੇ ਸਿਰਫ਼ ਸਰਕਾਰੀ ਸਰੋਤਾਂ ਦੀ ਜਾਣਕਾਰੀ 'ਤੇ ਹੀ ਭਰੋਸਾ ਰੱਖਣ।

# ਮੈਂ ਮੁਆਫ਼ੀ ਮੰਗਦਾ ਹਾਂ, ਅਸੀਂ ਹੁਣ ਗੁਆਂਢੀ ਦੇਸ਼ਾਂ 'ਤੇ ਹਮਲਾ ਨਹੀਂ ਕਰਾਂਗੇ: ਈਰਾਨ

ਤਹਿਰਾਨ, 8 ਮਾਰਚ (ਚ.ਨ.ਸ.) : ਈਰਾਨ ਦੇ ਰਾਸ਼ਟਰਪਤੀ ਮਸੂਦ ਪੇਜ਼ੇਸ਼ਕੀਅਨ ਨੇ ਗੁਆਂਢੀ ਦੇਸ਼ਾਂ @ਤੇ ਹਮਲਾ ਕਰਨ ਲਈ ਮਾਫੀ ਮੰਗੀ ਹੈ। ਰਾਸ਼ਟਰਪਤੀ ਨੇ ਇਹ ਮਾਫੀ ਸਰਕਾਰੀ ਟੈਲੀਵਿਜ਼ਨ ਤੇ ਪਹਿਲਾਂ ਤੋਂ ਰਿਕਾਰਡ ਕੀਤੇ ਭਾਸ਼ਣ ਵਿੱਚ ਮੰਗੀ।ਰਾਸ਼ਟਰਪਤੀ ਮਸੂਦ ਪੇਜ਼ੇਸ਼ਕੀਅਨ ਦਾ ਬਿਆਨ ਸ਼ਨੀਵਾਰ ਸਵੇਰੇ ਬਹਿਰੀਨ, ਸਾਊਦੀ ਅਰਬ ਅਤੇ ਸੰਯੁਕਤ ਅਰਬ ਅਮੀਰਾਤ 'ਤੇ ਵਾਰ-ਵਾਰ ਹਮਲਿਆਂ ਤੋਂ ਬਾਅਦ ਆਇਆ ਹੈ।ਈਰਾਨੀ ਰਾਸ਼ਟਰਪਤੀ ਨੇ ਗੁਆਂਢੀ ਦੇਸ਼ਾਂ @ਤੇ ਈਰਾਨ ਦੇ ਹਮਲਿਆਂ ਲਈ ਮੁਆਫੀ ਮੰਗਦੇ ਹੋਏ ਕਿਹਾ, ਤਹਿਰਾਨ ਇਨ੍ਹਾਂ ਹਮਲਿਆਂ ਨੂੰ ਰੋਕ ਦੇਵੇਗਾ ਅਤੇ ਅੱਗੇ ਕਿਹਾ ਕਿ ਇਹ ਹਮਲੇ ਰੈਂਕ ਦੇ ਅੰਦਰ ਗਲਤਫਹਿਮੀ ਕਾਰਨ ਹੋਏ ਹਨ।ਈਰਾਨ ਨੇ ਹਾਲ ਹੀ ਦੇ ਦਿਨਾਂ ਵਿੱਚ ਆਪਣੇ ਗੁਆਂਢੀਆਂ 'ਤੇ ਕਈ ਹਮਲੇ ਕੀਤੇ ਹਨ, ਜਿਸ ਵਿੱਚ ਅਮਰੀਕੀ ਹਵਾਈ ਅੱਡਿਆਂ ਨੂੰ ਨਿਸ਼ਾਨਾ ਬਣਾਇਆ ਗਿਆ ਹੈ। ਯੂਏਈ ਵਿੱਚ ਦੁਬਈ ਹਵਾਈ ਅੱਡੇ ਦੇ ਨੇੜੇ ਹੋਏ ਹਮਲੇ ਨੇ ਵੀ ਇਨ੍ਹਾਂ ਮੱਧ ਪੂਰਬੀ ਦੇਸ਼ਾਂ ਵਿੱਚ ਦਹਿਸ਼ਤ ਪੈਦਾ ਕਰ ਦਿੱਤੀ ਹੈ।ਅਮਰੀਕਾ ਦੀ ਈਰਾਨ ਦੇ ਆਤਮ ਸਮਰਪਣ ਦੀ ਮੰਗ ਦੇ ਸੰਬੰਧ ਵਿੱਚ ਮਸੂਦ ਪੇਜ਼ੇਸ਼ਕੀਅਨ ਨੇ ਕਿਹਾ, ਸੰਯੁਕਤ ਰਾਜ ਅਮਰੀਕਾ ਦੀ ਬਿਨਾਂ ਸ਼ਰਤ ਆਤਮ ਸਮਰਪਣ ਦੀ ਮੰਗ ਇੱਕ ਸੁਪਨਾ ਹੈ ਜਿਸਨੂੰ ਉਨ੍ਹਾਂ ਨੂੰ ਆਪਣੀਆਂ ਕਬਰਾਂ ਵਿੱਚ ਲੈ ਜਾਣਾ ਚਾਹੀਦਾ ਹੈ।

# ਭਾਰਤ ਦੇ ਚੀਫ ਜਸਟਿਸ ਸੂਰਿਆ ਕਾਂਤ ਵੱਲੋਂ ਸਾਬਕਾ ਜਸਟਿਸ ਕੁਲਦੀਪ ਸਿੰਘ ਦੀ ਯਾਦ ਨੂੰ ਸਮਰਪਿਤ ਲਾਇਬ੍ਰੇਰੀ ਦਾ ਉਦਘਾਟਨ



ਚੰਡੀਗੜ੍ਹ/ਮੁਹਾਲੀ, 8 ਮਾਰਚ (ਚ.ਨ.ਸ.) : ਭਾਰਤ ਦੇ ਮਾਣਯੋਗ ਚੀਫ਼ ਜਸਟਿਸ ਸੂਰਿਆ ਕਾਂਤ ਨੇ ਸ਼ਨੀਵਾਰ ਨੂੰ ਚੰਡੀਗੜ੍ਹ ਦੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿਖੇ ਮਾਣਯੋਗ ਸੁਪਰੀਮ ਕੋਰਟ ਦੇ ਸਾਬਕਾ ਜੱਜ ਕੁਲਦੀਪ ਸਿੰਘ, ਜਿਨ੍ਹਾਂ ਨੂੰ ਗ੍ਰੀਨ ਜੱਜ ਜਸਟਿਸ ਵਜੋਂ ਜਾਣਿਆ ਜਾਂਦਾ ਹੈ, ਦੀ ਯਾਦ ਨੂੰ ਸਮਰਪਿਤ ਇੱਕ ਨਵੀਨੀਕਰਨ ਕੀਤੀ ਗਈ ਲਾਇਬ੍ਰੇਰੀ ਦਾ ਉਦਘਾਟਨ ਕੀਤਾ, ਜਿਨ੍ਹਾਂ ਨੇ ਭੋਪਾਲ ਗੈਸ ਦੁਖਾਂਤ ਕੇਸ ਤੋਂ ਬਾਅਦ ਮਾਣਯੋਗ ਜਸਟਿਸ ਪੀ.ਐਨ. ਭਗਵਤੀ ਦੁਆਰਾ ਸ਼ੁਰੂ ਕੀਤੀ ਗਈ ਵਾਤਾਵਰਣ ਕ੍ਰਾਂਤੀ ਨੂੰ ਅੱਗੇ ਵਧਾਇਆ। ਇਸ ਸ਼ਾਨਦਾਰ ਸਮਾਰੋਹ ਦੌਰਾਨ, ਮਾਣਯੋਗ ਚੀਫ਼ ਜਸਟਿਸ ਨੇ ਇੱਕ ਪਿਆਰੀ ਧੀ ਨੂੰ ਆਪਣੀ ਗੋਦ ਵਿੱਚ ਲੈ ਕੇ ਅਤੇ ਛੋਟੇ ਬੱਚਿਆਂ ਲਈ ਆਪਣਾ ਪਿਆਰ ਦਿਖਾ ਕੇ ਸਧਾਰਨ ਅਤੇ ਅਮੀਰ ਦਿਲ ਵਾਲੇ ਹਰਿਆਣਵੀ ਦਾ ਮਾਣ ਵਧਾਇਆ।

# ਨਾਸਿਕ ਵਿੱਚ ਮਹਾਰਾਣੀ ਜਿੰਦ ਕੌਰ ਦੀ ਯਾਦ ਵਿੱਚ ਪਹਿਲਾ ਮਹਾਨ ਕੀਰਤਨ ਦੀਵਾਨ ਸਮਾਗਮ

ਬਾਬਾ ਬਕਾਲਾ ਸਾਹਿਬ, 8 ਮਾਰਚ (ਬਲਰਾਜ ਸਿੰਘ ਰਾਜਾ) : ਸਿੱਖ ਇਤਿਹਾਸ ਦੀ ਮਹਾਨ ਸ਼ਖਸੀਅਤ ਮਹਾਰਾਣੀ ਜਿੰਦ ਕੌਰ ਜੀ ਦੀ ਯਾਦ ਨੂੰ ਸਮਰਪਿਤ ਪਹਿਲਾ ਮਹਾਨ ਕੀਰਤਨ ਦੀਵਾਨ ਨਾਸਿਕ ਵਿਖੇ ਬੜੀ ਸ਼ਰਧਾ ਅਤੇ ਭਾਵਨਾ ਨਾਲ ਆਯੋਜਿਤ ਕੀਤਾ ਗਿਆ। ਇਹ ਪਵਿੱਤਰ ਸਮਾਗਮ ਗੰਗਾਘਾਟ, ਪੰਚਵਟੀ ਸਥਿਤ ਮਹਾਰਾਣੀ ਜਿੰਦ ਕੌਰ ਜੀ ਸਮਾਰਕ ਸਥਲ @ਤੇ ਸ਼ਾਮ 6 ਵਜੇ ਤੋਂ ਰਾਤ 10 ਵਜੇ ਤੱਕ ਕਰਵਾਇਆ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸ਼ਾਮਿਲ ਹੋ ਕੇ ਗੁਰਬਾਣੀ ਕੀਰਤਨ ਦਾ ਅਨੰਦ ਮਾਣਿਆ। ਇਹ ਸਮਾਗਮ ਉਸ ਪਵਿੱਤਰ ਸਥਾਨ 'ਤੇ ਆਯੋਜਿਤ ਕੀਤਾ ਗਿਆ ਜਿੱਥੇ ਮਹਾਰਾਣੀ ਜਿੰਦ ਕੌਰ ਜੀ ਦਾ ਅੰਤਿਮ ਸੰਸਕਾਰ ਕੀਤਾ ਗਿਆ ਸੀ। ਸਮਾਰਟ ਸਿਟੀ ਪ੍ਰੋਜੈਕਟ ਦੌਰਾਨ ਇਹ ਇਤਿਹਾਸਕ ਸਥਾਨ ਸਰਕਾਰ ਵੱਲੋਂ ਢਾਹ ਦਿੱਤਾ ਗਿਆ ਸੀ, ਪਰ ਸੰਗਤਾਂ



ਅਤੇ ਬਾਬਾ ਰਣਜੀਤ ਸਿੰਘ ਜੀ ਦੇ ਯਤਨਾਂ ਨਾਲ ਇਸ ਪਵਿੱਤਰ ਥਾਂ ਨੂੰ ਦੁਬਾਰਾ ਤਿਆਰ ਕੀਤਾ ਗਿਆ। ਨਵੇਂ ਰੂਪ ਵਿੱਚ ਮੁੜ ਬਣੇ ਇਸ ਸਮਾਰਕ ਸਥਾਨ 'ਤੇ ਮਹਾਰਾਣੀ ਜਿੰਦ ਕੌਰ ਜੀ ਦੀ ਯਾਦ ਵਿੱਚ ਇਹ ਪਹਿਲਾ ਮਹਾਨ ਸਮਾਗਮ ਆਯੋਜਿਤ ਕੀਤਾ ਗਿਆ। ਇਹ ਸਮਾਗਮ ਸੰਤ ਬਾਬਾ ਨਰਿੰਦਰ ਸਿੰਘ ਜੀ, ਸੰਤ ਬਾਬਾ ਬਲਜਿੰਦਰ ਸਿੰਘ ਜੀ ਅਤੇ ਜਥੇਦਾਰ ਬਾਬਾ ਰਣਜੀਤ ਸਿੰਘ ਜੀ ਗੁਰਦੁਆਰਾ ਗੁਪਤਸਰ ਸਾਹਿਬ ਪਾ:੧੦ ਮਨਮਾਡ ਅਤੇ ਨਾਸਿਕ ਡਿਸਟ੍ਰਿਕਟ ਯੂਨਾਈਟਿਡ ਗੁਰਦੁਆਰਾ ਕਮੇਟੀ ਦੇ ਸਹਿਯੋਗ ਨਾਲ ਉਲੀਕੇ ਗਏ। ਸਮਾਗਮ ਦੌਰਾਨ ਪ੍ਰਸਿੱਧ ਕੀਰਤਨੀਆ ਭਾਈ ਬਲਦੇਵ ਸਿੰਘ ਵਡਾਲਾ ਵੱਲੋਂ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਅਤੇ ਆਪਣੇ ਸੰਬੋਧਨਾਂ ਵਿੱਚ ਮਹਾਰਾਣੀ ਜਿੰਦ ਕੌਰ ਜੀ ਦੀ ਸਿੱਖ ਕੌਮ ਲਈ ਕੀਤੀ ਕੁਰਬਾਨੀਆਂ ਅਤੇ ਉਨ੍ਹਾਂ ਦੇ ਇਤਿਹਾਸਕ ਯੋਗਦਾਨ ਬਾਰੇ ਵੀ ਸੰਗਤਾਂ ਨੂੰ ਜਾਣੂ ਕਰਵਾਇਆ। ਉਨ੍ਹਾਂ ਨੇ ਕਿਹਾ ਕਿ ਮਹਾਰਾਣੀ ਜਿੰਦ ਕੌਰ ਜੀ ਨੇ ਮੁਸ਼ਕਿਲ ਸਮਿਆਂ ਵਿੱਚ ਸਿੱਖ ਰਾਜ ਅਤੇ ਕੌਮ ਦੀ ਰੱਖਿਆ ਲਈ ਮਹੱਤਵਪੂਰਨ ਭੂਮਿਕਾ ਨਿਭਾਈ ਅਤੇ ਉਨ੍ਹਾਂ ਦੀ ਯਾਦ ਸਿੱਖ ਇਤਿਹਾਸ ਵਿੱਚ ਸਦਾ ਅਮਰ ਰਹੇਗੀ। ਜਥੇਦਾਰ ਬਾਬਾ ਰਣਜੀਤ ਸਿੰਘ ਜੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਮਹਾਨ ਸ਼ਖਸੀਅਤ ਮਹਾਰਾਣੀ ਜਿੰਦ ਕੌਰ ਜੀ ਦੀ ਯਾਦ ਵਿੱਚ ਇਸ ਸਥਾਨ 'ਤੇ ਹਰ ਸਾਲ ਇਸ ਤਰ੍ਹਾਂ ਦਾ ਸਮਾਗਮ ਕਰਵਾਇਆ ਜਾਂਦਾ ਰਹੇਗਾ ਤਾਂ ਜੋ ਸੰਗਤਾਂ ਨੂੰ ਉਨ੍ਹਾਂ ਦੇ ਇਤਿਹਾਸਕ ਯੋਗਦਾਨ ਨਾਲ ਜੋੜਿਆ ਜਾ ਸਕੇ ਅਤੇ ਸਿੱਖ ਕੌਮ ਦੀ ਵਿਰਾਸਤ ਅਤੇ ਇਤਿਹਾਸ ਨੂੰ ਸੰਭਾਲ ਕੇ ਰੱਖਿਆ ਜਾ ਸਕੇ। ਇਸ ਮਹਾਨ ਸਮਾਗਮ ਦਾ ਮੁੱਖ ਉਦੇਸ਼ ਨਵੀਂ ਪੀੜ੍ਹੀ ਨੂੰ ਸਿੱਖ ਇਤਿਹਾਸ ਨਾਲ ਜੋੜਨਾ ਅਤੇ ਮਹਾਨ ਸ਼ਖਸੀਅਤਾਂ ਦੀ ਯਾਦ ਨੂੰ ਜਿਊਂਦਾ ਰੱਖਣਾ ਸੀ। ਸਮਾਗਮ ਦੇ ਅੰਤ ਵਿੱਚ ਸਾਰੀਆਂ ਸੰਗਤਾਂ ਨੇ ਗੁਰਬਾਣੀ ਕੀਰਤਨ ਦਾ ਅਨੰਦ ਮਾਣਦੇ ਹੋਏ ਗੁਰੂ ਮਹਾਰਾਜ ਦੀਆਂ ਬਖ਼ਸ਼ਿਸ਼ਾਂ ਪ੍ਰਾਪਤ ਕੀਤੀਆਂ।

# ਉਪ-ਰਾਸ਼ਟਰਪਤੀ ਸ੍ਰੀ ਸੀ. ਪੀ. ਰਾਧਾਕ੍ਰਿਸ਼ਨਨ ਵੱਲੋਂ ਮਿਜ਼ੋਰਮ ਯੂਨੀਵਰਸਿਟੀ ਦੀ 20ਵੀਂ ਕਨਵੋਕੇਸ਼ਨ ਨੂੰ ਸੰਬੋਧਨ

ਨਵੀਂ ਦਿੱਲੀ, 8 ਮਾਰਚ (ਚ.ਨ.ਸ.) : ਭਾਰਤ ਦੇ ਉਪ-ਰਾਸ਼ਟਰਪਤੀ ਸ੍ਰੀ ਸੀ. ਪੀ. ਰਾਧਾਕ੍ਰਿਸ਼ਨਨ ਨੇ ਅੱਜ ਆਈਜ਼ੌਲ ਵਿਖੇ ਮਿਜ਼ੋਰਮ ਯੂਨੀਵਰਸਿਟੀ ਦੀ 20ਵੀਂ ਕਨਵੋਕੇਸ਼ਨ ਨੂੰ ਸੰਬੋਧਨ ਕਰਦਿਆਂ ਡਿਗਰੀਆਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਨੂੰ 2047 ਤੱਕ @ਵਿਕਸਿਤ ਭਾਰਤ@ ਦੇ ਨਿਰਮਾਣ ਵਿੱਚ ਅਹਿਮ ਭੂਮਿਕਾ ਨਿਭਾਉਣ ਦਾ ਸੱਦਾ ਦਿੱਤਾ। ਕੈਂਪਸ ਦੀ ਕੁਦਰਤੀ ਸੁੰਦਰਤਾ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਕਿਹਾ ਕਿ ਇਹ ਯੂਨੀਵਰਸਿਟੀ ਇਸ ਗੱਲ ਦਾ ਪ੍ਰਤੀਕ ਹੈ ਕਿ ਜਦੋਂ ਸਿੱਖਿਆ ਸ਼ਾਂਤੀ ਅਤੇ ਉਦੇਸ਼ ਨਾਲ ਜੁੜੀ ਹੋਵੇ ਤਾਂ ਕੀ ਕੁਝ ਹਾਸਲ ਕੀਤਾ ਜਾ ਸਕਦਾ ਹੈ। ਉਨ੍ਹਾਂ ਨੇ ਪਿਛਲੇ ਦਹਾਕੇ ਦੌਰਾਨ ਉੱਤਰ-ਪੂਰਬੀ ਭਾਰਤ ਵਿੱਚ ਆਏ ਵੱਡੇ ਬਦਲਾਅ ਦਾ ਜ਼ਿਕਰ ਕਰਦਿਆਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਇਹ ਖੇਤਰ ਹੁਣ ਵਿਕਾਸ ਦਾ ਕੇਂਦਰ ਬਣ ਚੁੱਕਾ ਹੈ ਅਤੇ ਬਿਹਤਰ ਰੇਲਵੇ ਤੇ ਹਵਾਈ ਸੰਪਰਕ ਕਾਰਨ ਹੁਣ ਇਹ ਦਿੱਲੀ ਤੋਂ ਦੂਰ ਨਹੀਂ, ਸਗੋਂ ਨਵੇਂ ਮੌਕਿਆਂ ਦੇ




ਬਹੁਤ ਨੇੜੇ ਹੈ। ਨੌਜਵਾਨਾਂ ਨੂੰ ਭਵਿੱਖ ਦੇ ਨਿਰਮਾਤਾ ਦੱਸਦਿਆਂ ਉਪ-ਰਾਸ਼ਟਰਪਤੀ ਨੇ ਉਨ੍ਹਾਂ ਨੂੰ ਸਿਰਫ਼ ਨੌਕਰੀਆਂ ਲੱਭਣ ਦੀ ਬਜਾਏ ਨਵੇਂ ਮੌਕੇ ਪੈਦਾ ਕਰਨ @ਤੇ ਧਿਆਨ ਦੇਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਖਾਸ ਤੌਰ @ਤੇ ਸੈਰ-ਸਪਾਟਾ, ਬਾਂਸ ਉਦਯੋਗ, ਜੈਵਿਕ ਖੇਤੀ ਅਤੇ ਡਿਜੀਟਲ ਖੇਤਰਾਂ ਵਿੱਚ ਮੌਜੂਦ ਅਥਾਹ ਸੰਭਾਵਨਾਵਾਂ ਬਾਰੇ ਗੱਲ ਕੀਤੀ। ਇਸ ਦੇ ਨਾਲ ਹੀ ਉਨ੍ਹਾਂ ਨੇ ਨੌਜਵਾਨਾਂ ਵਿੱਚ ਵੱਧ ਰਹੇ ਨਸ਼ਿਆਂ ਦੇ ਰੁਝਾਨ @ਤੇ ਡੂੰਘੀ ਚਿੰਤਾ ਪ੍ਰਗਟਾਈ ਅਤੇ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਇੱਕ ਅਨੁਸ਼ਾਸਿਤ ਤੇ ਉਦੇਸ਼ਪੂਰਨ ਜੀਵਨ ਜਿਊਣ ਦੀ ਸਲਾਹ ਦਿੱਤੀ। ਤਕਨਾਲੋਜੀ ਦੇ ਵਿਸ਼ੇ @ਤੇ ਬੋਲਦਿਆਂ ਉਨ੍ਹਾਂ ਨੇ ਨੌਜਵਾਨਾਂ ਨੂੰ ਸੋਸ਼ਲ ਮੀਡੀਆ ਦੀ ਜ਼ਿੰਮੇਵਾਰੀ ਨਾਲ ਵਰਤੋਂ ਕਰਨ ਅਤੇ ਤਕਨਾਲੋਜੀ ਦਾ ਮਾਲਕ ਬਣਨ ਦੀ ਅਪੀਲ ਕੀਤੀ ਨਾ ਕਿ ਉਸ ਦਾ ਗੁਲਾਮ। ਉਪ-ਰਾਸ਼ਟਰਪਤੀ ਨੇ ਮਿਜ਼ੋਰਮ ਦੇ ਅਮੀਰ ਸੱਭਿਆਚਾਰ, ਉੱਚ ਸਾਖਰਤਾ ਦਰ ਅਤੇ ਵਾਤਾਵਰਣ ਪ੍ਰਤੀ ਜਾਗਰੂਕਤਾ ਦੀ ਵੀ ਪ੍ਰਸ਼ੰਸਾ ਕੀਤੀ। ਉਨ੍ਹਾਂ ਨੇ ਯੂਨੀਵਰਸਿਟੀ ਵੱਲੋਂ ਸੂਰਜੀ ਊਰਜਾ ਦੀ ਵੱਡੀ ਪੱਧਰ @ਤੇ ਵਰਤੋਂ ਕੀਤੇ ਜਾਣ ਨੂੰ ਇੱਕ ਸ਼ਲਾਘਾਯੋਗ ਕਦਮ ਦੱਸਿਆ ਅਤੇ ਨੌਜਵਾਨਾਂ ਨੂੰ ਵਾਤਾਵਰਣ ਦੀ ਸੰਭਾਲ ਵਿੱਚ ਮੋਹਰੀ ਭੂਮਿਕਾ ਨਿਭਾਉਣ ਲਈ ਕਿਹਾ। ਇਸ ਮੌਕੇ ਮਿਜ਼ੋਰਮ ਦੇ ਰਾਜਪਾਲ ਜਨਰਲ (ਸੇਵਾਮੁਕਤ) ਵਿਜੇ ਕੁਮਾਰ ਸਿੰਘ, ਮੁੱਖ ਮੰਤਰੀ ਸ਼੍ਰੀ ਲਾਲਦੂਹੋਮਾ ਅਤੇ ਵਾਈਸ-ਚਾਂਸਲਰ ਪ੍ਰੋਫੈਸਰ ਦਿਬਾਕਰ ਚੰਦਰ ਡੇਕਾ ਸਮੇਤ ਕਈ ਹੋਰ ਉੱਘੀਆਂ ਸ਼ਖ਼ਸੀਅਤਾਂ ਅਤੇ ਵਿਦਿਆਰਥੀਆਂ ਦੇ ਮਾਪੇ ਮੌਜੂਦ ਸਨ।

# ਪੀਆਈਬੀ ਚੰਡੀਗੜ੍ਹ ਵੱਲੋਂ ਪੱਤਰਕਾਰ ਵਫ਼ਦ 14 ਮਾਰਚ ਤੱਕ ਰਾਜਸਥਾਨ ਦੇ ਦੌਰੇ 'ਤੇ

ਜੋਧਪੁਰ/ਚੰਡੀਗੜ੍ਹ, 8 ਮਾਰਚ (ਚ.ਨ.ਸ.) : ਪੱਤਰ ਸੂਚਨਾ ਦਫ਼ਤਰ (ਪੀਆਈਬੀ), ਚੰਡੀਗੜ੍ਹ ਵੱਲੋਂ ਪੰਜਾਬ, ਹਰਿਆਣਾ, ਚੰਡੀਗੜ੍ਹ ਦੇ ਵੱਖ ਵੱਖ ਮੀਡੀਆ ਸੰਸਥਾਨਾਂ ਦੇ ਸੀਨੀਅਰ ਪੱਤਰਕਾਰਾਂ ਦਾ ਇੱਕ ਵਫ਼ਦ 08 ਤੋਂ 14 ਮਾਰਚ 2026 ਦੌਰਾਨ ਰਾਜਸਥਾਨ ਦੇ ਦੌਰੇ ਤੇ ਹੈ। ਪੱਤਰਕਾਰਾਂ ਦੇ ਪ੍ਰਦੇਸ਼ ਵਿੱਚ ਦੌਰੇ ਦਾ ਉਦੇਸ਼ ਕੇਂਦਰ ਸਰਕਾਰ ਦੁਆਰਾ ਸੰਚਾਲਿਤ ਪ੍ਰਮੁੱਖ ਵਿਕਾਸ ਪ੍ਰੋਜੈਕਟਾਂ ਦੀ ਪ੍ਰਗਤੀ ਅਤੇ ਵੱਖ-ਵੱਖ ਵਿਭਾਗਾਂ ਦੇ ਸਰਵੋਤਮ ਅਭਿਆਸਾਂ ਦਾ ਨਿਰੀਖਣ ਅਤੇ ਪ੍ਰਚਾਰ ਪ੍ਰਸਾਰ ਕਰਨਾ ਹੈ। ਪੀਆਈਬੀ ਚੰਡੀਗੜ੍ਹ ਦੇ ਪੱਤਰਕਾਰ ਵਫ਼ਦ ਨੇ ਅੱਜ ਜੋਧਪੁਰ ਵਿੱਚ ਰੇਲਵੇ ਦੁਆਰਾ ਸੰਚਾਲਿਤ ਮਹੱਤਵਪੂਰਨ ਰੇਲ ਪ੍ਰੋਜੈਕਟਾਂ ਦੇ ਤਹਿਤ ਭਗਤ ਕੀ ਕੋਠੀ ਵੰਦੇ ਭਾਰਤ ਮੇਨਟੇਨੈਂਸ ਡਿਪੋ ਦੀ ਪ੍ਰਗਤੀ ਦਾ ਜਾਇਜ਼ਾ ਲਿਆ।

ਉੱਤਰ ਪੱਛਮੀ ਰੇਲਵੇ ਦੇ ਜੋਧਪੁਰ ਮੰਡਲ ਵਿੱਚ ਭਗਤ ਕੀ ਕੋਠੀ ਰੇਲਵੇ ਸਟੇਸ਼ਨ ਖੇਤਰ ਵਿੱਚ ਵਿਕਸਿਤ ਕੀਤੇ ਜਾ ਰਹੇ ਵੰਦੇ ਭਾਰਤ ਸਲੀਪਰ ਕੋਚ ਮੇਨਟੇਨੈਂਸ ਡਿਪੋ ਦੇ ਵਿਸਤਾਰ ਲਈ ਰੇਲ ਮੰਤਰੀ ਸ਼੍ਰੀ ਅਸ਼ਵਿਨੀ ਵੈਸ਼ਣਵ ਦੁਆਰਾ 195 ਕਰੋੜ ਰੁਪਏ ਦੇ ਮਹੱਤਵਪੂਰਨ ਪ੍ਰੋਜੈਕਟ ਨੂੰ ਮਨਜ਼ੂਰੀ




ਪ੍ਰਦਾਨ ਕੀਤੀ ਗਈ ਹੈ। ਇਸ ਪ੍ਰਵਾਨਗੀ ਨਾਲ ਇੱਥੇ ਅਤਿ-ਆਧੁਨਿਕ ਬਹੁ-ਮੰਤਵੀ ਵਰਕਸ਼ੌਪ ਅਤੇ ਵਿਸ਼ਵ ਪੱਧਰੀ ਟ੍ਰੇਨਿੰਗ ਸੈਂਟਰ ਦੀ ਸਥਾਪਨਾ ਦਾ ਰਾਹ ਪੱਧਰਾ ਹੋ ਗਿਆ ਹੈ।

ਜੋਧਪੁਰ ਰੇਲ ਮੰਡਲ ਦੇ ਡੀਆਰਐੱਮ ਸ਼੍ਰੀ ਅਨੁਰਾਗ ਤ੍ਰਿਪਾਠੀ ਨੇ ਦੱਸਿਆ ਕਿ ਪ੍ਰੋਜੈਕਟ ਦੇ ਤਹਿਤ ਵੰਦੇ ਭਾਰਤ ਸਲੀਪਰ ਟ੍ਰੇਨਾਂ ਦੇ ਮੇਨਟੇਨੈਂਸ ਡਿਪੋ ਦੇ ਵਿਸਤਾਰ ਦੇ ਨਾਲ-ਨਾਲ ਆਧੁਨਿਕ ਟ੍ਰੇਨਿੰਗ ਸੈਂਟਰ ਦੀ ਸਥਾਪਨਾ ਕੀਤੀ ਜਾਵੇਗੀ, ਜਿੱਥੇ ਵੰਦੇ ਭਾਰਤ ਸਮੇਤ ਸਾਰੀਆਂ ਹਾਈ ਸਪੀਡ ਟ੍ਰੇਨਾਂ ਦੇ ਰੱਖ-ਰਖਾਅ ਨਾਲ ਜੁੜੇ ਇੰਜੀਨੀਅਰਾਂ, ਲੋਕੋ ਪਾਇਲਟਾਂ ਅਤੇ ਸਹਾਇਕ ਕਰਮਚਾਰੀਆਂ ਨੂੰ ਉੱਚ ਤਕਨੀਕ ਅਧਾਰਿਤ ਮਸ਼ੀਨਰੀ ਦੇ ਸੰਚਾਲਨ ਅਤੇ ਰੱਖ-ਰਖਾਅ ਦੀ ਵਿਸ਼ੇਸ਼ ਟ੍ਰੇਨਿੰਗ ਦਿੱਤੀ ਜਾਵੇਗੀ।ਉਨ੍ਹਾਂ ਨੇ ਦੱਸਿਆ ਕਿ ਭਗਤ ਕੀ ਕੋਠੀ ਵਾਸ਼ਿੰਗ ਲਾਈਨ ਨੇੜੇ ਲਗਭਗ 167 ਕਰੋੜ ਰੁਪਏ ਦੀ ਲਾਗਤ ਨਾਲ ਵੰਦੇ ਭਾਰਤ ਕੋਚ ਮੇਨਟੇਨੈਂਸ ਡਿਪੋ ਦਾ ਨਿਰਮਾਣ ਕਾਰਜ ਜੰਗੀ ਪੱਧਰ ਤੇ ਜਾਰੀ ਹੈ। ਪ੍ਰੋਜੈਕਟ ਦੇ ਦੂਜੇ ਪੜਾਅ ਵਿੱਚ ਬਹੁ-ਮੰਤਵੀ, ਆਧੁਨਿਕ ਅਤੇ ਰਿਹਾਇਸ਼ੀ ਟ੍ਰੇਨਿੰਗ ਸੈਂਟਰ ਦਾ ਨਿਰਮਾਣ ਕੀਤਾ ਜਾਵੇਗਾ, ਜਿਸ ਨਾਲ ਦੇਸ਼ ਭਰ ਦੇ ਇੰਜੀਨੀਅਰਾਂ ਅਤੇ ਤਕਨੀਕੀ ਸਟਾਫ ਨੂੰ ਹਾਈ ਸਪੀਡ ਟ੍ਰੇਨਾਂ ਦੇ ਲੋਕੋ ਪਾਇਲਟ ਰੱਖ-ਰਖਾਅ ਦੀ ਟ੍ਰੇਨਿੰਗ ਜੋਧਪੁਰ ਵਿੱਚ ਹੀ ਉਪਲਬਧ ਹੋ ਸਕੇਗੀ।ਟ੍ਰੇਨਿੰਗ ਸੈਂਟਰ ਦੀ ਇਮਾਰਤ ਦਾ ਨਿਰਮਾਣ ਪਹਿਲਾਂ ਤੋਂ ਬਣੇ ਲੋਹੇ ਦੇ ਢਾਂਚੇ (ਪ੍ਰੀ-ਫੈਬਰੀਕੇਟਿਡ) ਦੀ ਵਰਤੋਂ ਨਾਲ ਕੀਤਾ ਜਾ ਰਿਹਾ ਹੈ ਜਿਸ ਨਾਲ ਤਾਪਮਾਨ ਨੂੰ ਬਰਕਰਾਰ ਰੱਖਣ ਵਿੱਚ ਸਹਾਇਕ ਹੋਵੇਗਾ ਅਤੇ ਨਿਰਮਾਣ ਕਾਰਜ ਘੱਟ ਸਮੇਂ ਵਿੱਚ ਪੂਰਾ ਕੀਤਾ ਜਾ ਸਕੇਗਾ। ਪ੍ਰਸਤਾਵਿਤ ਪ੍ਰੋਜੈਕਟ ਵਿੱਚ ਸਮੂਚੇ ਡਿਪੋ ਅਤੇ ਟ੍ਰੇਨਿੰਗ ਸੈਂਟਰ ਖੇਤਰ ਵਿੱਚ ਪਾਵਰ ਸਪਲਾਈ ਲਈ 32 ਕੇਵੀ ਦੇ ਜੀਐੱਸਐੱਸ ਸਮੇਤ ਹੋਰ ਆਧੁਨਿਕ ਸੁਵਿਧਾਵਾਂ ਦਾ ਵੀ ਪ੍ਰਾਵਧਾਨ ਰੱਖਿਆ ਗਿਆ ਹੈ।

**ਜਨਮ ਦਿਨ ਮੁਬਾਰਕ**



ਗੁਰਸਿਰਤ ਕੌਰ

# ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮਹਿਲਾਵਾਂ ਨਾਲ ਕੀਤਾ ਇੱਕ ਹੋਰ ਵੱਡਾ ਵਾਅਦਾ ਕੀਤਾ ਪੂਰਾ

ਬੁਢਲਾਡਾ, 8 ਮਾਰਚ (ਦਵਿੰਦਰ ਸਿੰਘ ਕੋਹਲੀ/ਜੀਵਨ ਕੁਮਾਰ): ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਅੱਜ ਵਿੱਤੀ ਬਜਟ ਪੇਸ਼ ਕਰਦਿਆਂ, ਸੂਬੇ ਦੀਆਂ ਮਹਿਲਾਵਾਂ ਲਈ ਆਪਣੀ ਸਭ ਤੋਂ ਵੱਡੀ ਗਾਰੰਟੀ ਨੂੰ ਅਮਲੀ ਰੂਪ ਦਿੰਦੇ ਹੋਏ 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਦੀ ਸ਼ੁਰੂਆਤ ਕੀਤੀ। ਇਸ ਯੋਜਨਾ ਤਹਿਤ ਅਨੁਸੂਚਿਤ ਜਾਤੀ ਵਰਗ ਦੀਆਂ ਔਰਤਾਂ ਨੂੰ 1500 ਰੁਪਏ ਅਤੇ ਜਨਰਲ ਵਰਗ ਦੀਆਂ ਔਰਤਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਵਿੱਤੀ ਸਹਾਇਤਾ ਦਿੱਤੀ ਜਾਵੇਗੀ। ਇਸ ਇਤਿਹਾਸਕ ਫੈਸਲੇ ਦਾ ਸਵਾਗਤ ਕਰਨ ਲਈ ਮਾਨਸਾ, ਸਰਦੂਲਗੜ੍ਹ ਅਤੇ ਬੁਢਲਾਡਾ ਦੇ ਵੱਖ-ਵੱਖ ਜਨਤਕ ਥਾਵਾਂ 'ਤੇ ਵੱਡੀਆਂ ਸਕਰੀਨਾਂ ਲਗਾਈਆਂ ਗਈਆਂ ਸਨ, ਜਿੱਥੇ ਹਜ਼ਾਰਾਂ ਦੀ ਗਿਣਤੀ ਵਿੱਚ ਔਰਤਾਂ ਨੇ ਬਜਟ ਦਾ ਸਿੱਧਾ ਪ੍ਰਸਾਰਨ ਦੇਖਿਆ। ਐਲਾਨ ਹੁੰਦੇ ਹੀ ਚਾਰੋਂ ਪਾਸੇ ਖੁਸ਼ੀ ਦੀ ਲਹਿਰ ਦੌੜ ਗਈ ਅਤੇ ਔਰਤਾਂ ਨੇ ਇੱਕ-ਦੂਜੇ ਦਾ ਮੂੰਹ ਮਿੱਠਾ ਕਰਵਾ ਕੇ ਅਤੇ ਲੱਡੂ ਵੰਡ ਕੇ ਜਸ਼ਨ ਮਨਾਇਆ। ਹਲਕਾ ਮਾਨਸਾ ਤੋਂ ਵਿਧਾਇਕ ਡਾ. ਵਿਜੈ ਸਿੰਗਲਾ, ਸਰਦੂਲਗੜ੍ਹ ਤੋਂ ਵਿਧਾਇਕ ਗੁਰਪ੍ਰੀਤ ਸਿੰਘ ਬਨਾਂਵਾਲੀ ਅਤੇ ਬੁਢਲਾਡਾ ਤੋਂ ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਨੇ ਆਪਣੇ-ਆਪਣੇ ਹਲਕਿਆਂ ਵਿੱਚ ਮਹਿਲਾਵਾਂ ਨੂੰ ਵਧਾਈ ਦਿੱਤੀ। ਵਿਧਾਇਕਾਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜੋ ਕਿਹਾ ਸੀ, ਉਹ ਕਰ ਦਿਖਾਇਆ ਹੈ। ਇਹ ਯੋਜਨਾ ਔਰਤਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਕਰੇਗੀ ਅਤੇ ਸਮਾਜ ਵਿੱਚ ਉਨ੍ਹਾਂ ਦਾ ਮਾਣ-ਸਤਿਕਾਰ ਵਧਾਏਗੀ।



ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਗੁਰਪ੍ਰੀਤ ਸਿੰਘ ਭੁੱਚਰ ਨੇ ਵੀ ਇਸ ਫੈਸਲੇ ਦਾ ਸਵਾਗਤ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ 'ਲੋਕਾਂ ਦੀ ਸਰਕਾਰ' ਹੈ। ਉਨ੍ਹਾਂ ਕਿਹਾ ਕਿ ਬਿਜਲੀ ਮੁਫ਼ਤ ਕਰਨ ਅਤੇ ਸਿਹਤ-ਸਿੱਖਿਆ ਵਿੱਚ ਕ੍ਰਾਂਤੀ ਲਿਆਉਣ ਤੋਂ ਬਾਅਦ ਹੁਣ ਮਾਵਾਂ-ਭੈਣਾਂ ਨਾਲ ਕੀਤਾ ਵਾਅਦਾ ਪੂਰਾ ਕਰਕੇ ਸਰਕਾਰ ਨੇ ਲੋਕਾਂ ਦਾ ਵਿਸ਼ਵਾਸ ਜਿੱਤ ਲਿਆ ਹੈ। ਇਸ ਦੌਰਾਨ ਮਹਿਲਾ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਸ਼ਰਨਜੀਤ ਕੌਰ ਨੇ ਕਿਹਾ ਕਿ ਇਹ ਰਾਸ਼ੀ ਸਿੱਧੇ ਤੌਰ ਉੱਤੇ ਯੋਗ ਮਹਿਲਾ ਲਾਭਪਾਤਰੀਆਂ ਦੇ ਖਾਤਿਆਂ ਵਿੱਚ ਭੇਜੀ ਜਾਵੇਗੀ ਤੇ ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ 'ਤੇ ਲਾਗੂ ਕੀਤੀ ਗਈ ਇਹ ਯੋਜਨਾ ਮਹਿਲਾਵਾਂ ਲਈ ਵਰਦਾਨ ਸਾਬਿਤ ਹੋਵੇਗੀ। ਇਸ ਮੌਕੇ ਹਾਜ਼ਰ ਔਰਤਾਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਰਾਸ਼ੀ ਉਨ੍ਹਾਂ ਦੀ ਰਸੋਈ ਦੇ ਬਜਟ ਅਤੇ ਰੋਜ਼ਾਨਾ ਦੀਆਂ ਲੋੜਾਂ ਨੂੰ ਪੂਰਾ ਕਰਨ ਵਿੱਚ ਵੱਡੀ ਮਦਦਗਾਰ ਸਾਬਤ ਹੋਵੇਗੀ।

# ਸੰਤ ਅਤਰ ਸਿੰਘ ਜੀ ਮਸਤੂਆਣਾ ਸਾਹਿਬ ਦੇ ਨਾਮ 'ਤੇ ਬਣੇਗਾ ਡਿਗਰੀ ਕਾਲਜ ਤੇ ਗਰੈਜੂਏਟ ਪੱਧਰ ਦਾ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਟਿਊਟ

ਲੌਂਗੋਵਾਲ, 8 ਮਾਰਚ (ਭਗਵੰਤ ਸ਼ਰਮਾ): ਪੰਜਾਬ ਸਰਕਾਰ ਵੱਲੋਂ ਪੇਸ਼ ਕੀਤੇ ਗਏ ਬਜਟ ਵਿੱਚ ਹਲਕਾ ਸੁਨਾਮ ਦੇ ਚੀਮਾ ਮੰਡੀ ਖੇਤਰ ਨੂੰ ਵੱਡੀ ਸੌਗਾਤ ਮਿਲੀ ਹੈ। ਕੈਬਨਿਟ ਮੰਤਰੀ ਅਮਨ ਅਰੋੜਾ ਦੇ ਯਤਨਾਂ ਸਦਕਾ ਸੰਤ ਅਤਰ ਸਿੰਘ ਜੀ ਮਸਤੂਆਣਾ ਸਾਹਿਬ ਦੀ 100 ਸਾਲਾ ਬਰਸੀ ਨੂੰ ਸਮਰਪਿਤ ਉਪਰਾਲੇ ਤਹਿਤ ਚੀਮਾ ਮੰਡੀ ਵਿਖੇ ਸੰਤ ਅਤਰ ਸਿੰਘ ਜੀ ਮਸਤੂਆਣਾ ਸਾਹਿਬ ਦੇ ਨਾਮ 'ਤੇ ਇੱਕ ਆਧੁਨਿਕ ਡਿਗਰੀ ਕਾਲਜ ਅਤੇ ਗਰੈਜੂਏਟ ਪੱਧਰ ਦਾ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਟਿਊਟ ਸਥਾਪਿਤ ਕੀਤਾ ਜਾਵੇਗਾ। ਇਸ ਮਹੱਤਵਪੂਰਨ ਐਲਾਨ ਨਾਲ ਵਿਧਾਨ ਸਭਾ ਹਲਕਾ ਸੁਨਾਮ ਦੇ ਨਾਲ-ਨਾਲ ਪੂਰੇ ਮਾਲਵਾ ਖੇਤਰ ਦੇ ਨੌਜਵਾਨਾਂ ਨੂੰ ਵੱਡਾ ਲਾਭ ਮਿਲੇਗਾ ਤੇ ਇਲਾਕੇ ਵਿੱਚ ਉੱਚ ਸਿੱਖਿਆ ਦੇ ਨਵੇਂ ਮੌਕੇ ਪੈਦਾ ਹੋਣਗੇ। ਬਜਟ ਵਿੱਚ ਇਸ ਐਲਾਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦਾ ਧੰਨਵਾਦ ਕਰਦਿਆਂ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਨੌਜਵਾਨਾਂ ਨੂੰ ਉੱਚ ਸਿੱਖਿਆ ਦੇ ਨਾਲ-ਨਾਲ ਦੇਸ਼ ਦੀ ਸੇਵਾ ਲਈ ਪ੍ਰੇਰਿਤ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਚੀਮਾ ਮੰਡੀ ਵਿਖੇ ਸਥਾਪਿਤ ਹੋਣ ਵਾਲਾ ਡਿਗਰੀ ਕਾਲਜ ਇਲਾਕੇ ਦੇ ਵਿਦਿਆਰਥੀਆਂ ਨੂੰ ਆਪਣੇ ਨੇੜੇ ਹੀ ਉੱਚ ਸਿੱਖਿਆ ਦੀ ਸੁਵਿਧਾ ਮੁਹੱਈਆ ਕਰਵਾਏਗਾ, ਜਦਕਿ ਗਰੈਜੂਏਟ ਪੱਧਰ ਦਾ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਟਿਊਟ ਨੌਜਵਾਨਾਂ ਨੂੰ ਭਾਰਤੀ ਸਸ਼ਸਤ੍ਰ ਬਲਾਂ ਵਿੱਚ ਭਰਤੀ ਲਈ ਤਿਆਰ ਕਰਨ ਵਿੱਚ ਅਹਿਮ ਭੂਮਿਕਾ ਨਿਭਾਏਗਾ।



ਇਹ ਪ੍ਰੋਜੈਕਟ ਮਹਾਨ ਸੰਤ ਅਤੇ ਸਮਾਜ ਸੁਧਾਰਕ ਸੰਤ ਅਤਰ ਸਿੰਘ ਜੀ ਮਸਤੂਆਣਾ ਸਾਹਿਬ ਦੀ 100 ਸਾਲਾ ਬਰਸੀ ਨੂੰ ਸਮਰਪਿਤ ਹੋਵੇਗਾ, ਜੋ ਕਿ 31 ਜਨਵਰੀ 2027 ਨੂੰ ਮਨਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸੰਤ ਅਤਰ ਸਿੰਘ ਜੀ ਮਸਤੂਆਣਾ ਸਾਹਿਬ ਨੇ ਸਿੱਖਿਆ ਅਤੇ ਅਧਿਆਤਮਿਕਤਾ ਦੇ ਪ੍ਰਸਾਰ ਲਈ ਮਹੱਤਵਪੂਰਨ ਯੋਗਦਾਨ ਪਾਇਆ ਤੇ ਉਨ੍ਹਾਂ ਦੇ ਨਾਮ 'ਤੇ ਇਹ ਸੰਸਥਾਵਾਂ ਸਥਾਪਿਤ ਕਰਨਾ ਉਨ੍ਹਾਂ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ। ਕੈਬਨਿਟ ਮੰਤਰੀ ਨੇ ਹੋਰ ਦੱਸਿਆ ਕਿ ਮੌਜੂਦਾ ਸਮੇਂ ਪੰਜਾਬ ਦੇ ਮੋਹਾਲੀ ਸ਼ਹਿਰ ਵਿੱਚ 11ਵੀਂ ਅਤੇ 12ਵੀਂ ਜਮਾਤ ਦੇ ਲੜਕਿਆਂ ਲਈ 96 ਸੀਟਾਂ ਵਾਲਾ ਸਿਰਫ਼ ਇੱਕ ਹੀ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਟਿਊਟ ਚੱਲ ਰਿਹਾ ਹੈ। ਸੂਬੇ ਵਿੱਚ ਗ੍ਰੈਜੂਏਟ ਪੱਧਰ 'ਤੇ ਰੱਖਿਆ ਸੇਵਾਵਾਂ ਲਈ ਨੌਜਵਾਨਾਂ ਨੂੰ ਤਿਆਰ ਕਰਨ ਵਾਲੀ ਕੋਈ ਸੰਸਥਾ ਮੌਜੂਦ ਨਹੀਂ ਹੈ। ਮੌਜੂਦਾ ਸੰਸਥਾ ਨੇ ਲਗਭਗ 62 ਫ਼ੀਸਦ ਦੀ ਉੱਚ ਸਫਲਤਾ ਦਰ ਹਾਸਲ ਕੀਤੀ ਹੈ ਤੇ ਇਸ ਦੇ ਕਈ ਵਿਦਿਆਰਥੀ ਦੇਸ਼ ਦੀਆਂ ਸੈਨਾਵਾਂ ਵਿੱਚ ਚੁਣੇ ਗਏ ਹਨ। ਕੈਬਨਿਟ ਮੰਤਰੀ ਨੇ ਕਿਹਾ ਕਿ ਚੀਮਾ ਮੰਡੀ ਵਿਖੇ ਬਣਨ ਵਾਲਾ ਗਰੈਜੂਏਟ ਪੱਧਰ ਦਾ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਟਿਊਟ ਰੱਖਿਆ ਖੇਤਰ ਵਿੱਚ ਕਰੀਅਰ ਬਣਾਉਣ ਦੇ ਚਾਹਵਾਨ ਨੌਜਵਾਨਾਂ ਲਈ ਵੱਡਾ ਮੰਚ ਸਾਬਤ ਹੋਵੇਗਾ। ਇਸ ਨਾਲ ਨਾ ਸਿਰਫ਼ ਨੌਜਵਾਨਾਂ ਨੂੰ ਵਧੀਆ ਤਰਬੀਅਤ ਮਿਲੇਗੀ, ਸਗੋਂ ਪੰਜਾਬ ਦੀ ਦੇਸ਼ ਦੀਆਂ ਹਥਿਆਰਬੰਦ ਸੈਨਾਵਾਂ ਵਿੱਚ ਮਾਣਮੱਤੀ ਹਿਸੇਦਾਰੀ ਦੀ ਪਰੰਪਰਾ ਨੂੰ ਵੀ ਹੋਰ ਮਜ਼ਬੂਤੀ ਮਿਲੇਗੀ।

ਜ਼ਿਕਰਯੋਗ ਹੈ ਕਿ ਇਸ ਐਲਾਨ ਨਾਲ ਹਲਕਾ ਸੁਨਾਮ ਅਤੇ ਚੀਮਾ ਮੰਡੀ ਖੇਤਰ ਦੇ ਲੋਕਾਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ ਅਤੇ ਲੋਕਾਂ ਵੱਲੋਂ ਪੰਜਾਬ ਸਰਕਾਰ ਅਤੇ ਕੈਬਨਿਟ ਮੰਤਰੀ ਅਮਨ ਅਰੋੜਾ ਦਾ ਧੰਨਵਾਦ ਕੀਤਾ ਜਾ ਰਿਹਾ ਹੈ।

# ਖਨੌਰੀ ਦੀ ਟਰੱਕ ਮਾਰਕੀਟ ਵਿਖੇ ਦਫਤਰ ਨੁਮਾ ਟਰਾਲੇ ਦੀ ਫਰੀਜ਼ਰ ਬਾਡੀ ਨੂੰ ਲੱਗੀ ਭਿਆਨਕ ਅੱਗ



ਖਨੌਰੀ, 8 ਮਾਰਚ (ਓਮਪ੍ਰਕਾਸ਼ ਮੁਆਲ): ਖਨੌਰੀ ਦੀ ਟਰੱਕ ਮਾਰਕੀਟ ਜੋ ਪਾਤੜਾਂ ਰੋਡ ਤੇ ਬਣੇ ਕੱਟ ਦੇ ਨੇੜੇ ਇਕ ਵਿਅਕਤੀ ਵੱਲੋਂ ਇਕ ਟਰਾਲੇ ਦੀ ਫਰੀਜ਼ਰ ਬਾਡੀ ਨੂੰ ਦਫ਼ਤਰ ਦੁਕਾਨ ਦੇ ਰੂਪ ਵਿੱਚ ਵਰਤਿਆ ਜਾ ਰਿਹਾ ਸੀ ਤੇ ਉਸ ਵਿੱਚ ਕਾਫੀ ਸਮਾਨ ਵਗੈਰਾ ਪਿਆ ਸੀ ਤੇ ਅੱਜ ਅਚਾਨਕ ਉਸ ਨੂੰ ਭਿਆਨਕ ਅੱਗ ਲੱਗ ਗਈ। ਬਾਡੀ ਵਿਚੋਂ ਜਦੋਂ ਧੂਆਂ ਨਿਕਲਦਾ ਦੇਖਿਆ ਤਾਂ ਨੇੜਲੇ ਦੁਕਾਨਦਾਰਾਂ ਵਿਚ ਹਫੜਾ ਦਫੜੀ ਮਚ ਗਈ ਅਤੇ ਅਤੇ ਉਹਨਾਂ ਨੇ ਜਿੱਥੇ ਤਿੰਨ ਹੈਡਰਿਆਂ ਦੀ ਮਦਦ ਨਾਲ ਲੱਗੀ ਅੱਗ ਵਾਲੀ ਬਾਡੀ ਨੂੰ ਦੂਰ ਸੜਕ ਦੇ ਨੇੜੇ ਕੀਤਾ ਅਤੇ ਉਥੇ ਹੋਰ ਵੀ ਨਾਲ ਖੜੇ ਟਰੱਕ ਅਤੇ ਬਾਡੀਆਂ ਨੂੰ ਵੀ ਦੂਰ ਕੀਤਾ ਅਤੇ ਨਗਰ ਪੰਚਾਇਤ ਖਨੌਰੀ ਤੋਂ ਪਾਣੀ ਦੀ ਟੈਂਕੀ ਅਤੇ ਹੋਰ ਪਾਣੀ ਦੀ ਟੈਂਕੀਆਂ ਮੰਗਾਈਆਂ ਅਤੇ ਬਾਲਟੀਆਂ ਪਾ ਪਾ ਕੇ ਅੱਗ ਨੂੰ ਬੁਝਾਉਣਾ ਸ਼ੁਰੂ ਕਰ ਦਿੱਤਾ । ਲੋਕਾਂ ਵਿੱਚ ਇਸ ਗੱਲ ਦਾ ਵੀ ਭਾਰੀ ਗੁੱਸਾ ਪਾਇਆ ਜਾ ਰਿਹਾ ਹੈ ਕਿ ਖਨੌਰੀ ਵਿਖੇ ਪਿਛਲੇ ਕਈ ਸਾਲਾਂ ਤੋਂ ਲਗਾਤਾਰ ਹੀ ਅੱਗ ਲੱਗਣ ਦੀਆਂ ਘਟਨਾਵਾਂ ਹੋ ਰਹੀਆਂ ਹਨ ਅਤੇ ਲੋਕਾਂ ਵੱਲੋਂ ਵਾਰ-ਵਾਰ ਪ੍ਰਸ਼ਾਸਨ ਅਤੇ ਸਰਕਾਰਾਂ ਤੋਂ ਇੱਥੇ ਫਾਇਰ ਬ੍ਰਿਗੇਡ ਬਣਾਉਣ ਦੀ ਮੰਗ ਕੀਤੀ ਜਾ ਰਹੀ ਹੈ ਪ੍ਰੰਤੂ ਸਰਕਾਰ ਇਸ ਪਾਸੇ ਕੋਈ ਧਿਆਨ ਨਹੀਂ ਦੇ ਰਹੀ। ਜ਼ਿਕਰ ਯੋਗ ਹੈ ਕਿ ਖਨੌਰੀ ਵਿਖੇ ਜਦੋਂ ਵੀ ਕਿਤੇ ਕੋਈ ਅੱਗ ਲੱਗਣ ਦੀ ਘਟਨਾ ਵਾਪਰਦੀ ਹੈ ਤਾਂ ਖਨੌਰੀ ਤੋਂ ਕਰੀਬ 35 ਤੋਂ 50-60 ਕਿਲੋਮੀਟਰ ਦੂਰ ਪੈਂਦੇ ਫਾਇਰ ਬ੍ਰਿਗੇਡ ਸਟੇਸ਼ਨਾਂ ਮੂਨਕ, ਸੁਨਾਮ, ਸਮਾਣਾ, ਸੰਗਰੂਰ ਜਾਂ ਫਿਰ ਹਰਿਆਣਾ ਦੇ ਕੈਥਲ ਨਰਵਾਣਾ ਆਦਿ ਤੋਂ ਅੱਗ ਬੁਝਾਉਣ ਵਾਲੀਆਂ ਗੱਡੀਆਂ ਅੱਗ ਲੱਗਣ ਦੀਆਂ ਘਟਨਾਵਾਂ ਤੋਂ ਕਰੀਬ ਘੰਟਾ ਡੇਢ ਘੰਟਾ ਬਾਅਦ ਘਟਨਾ ਸਥਾਨ ਤੇ ਉਸ ਸਮੇਂ ਪਹੁੰਚਦੀਆਂ ਹਨ ਜਦੋਂ ਤੱਕ ਲੱਗੀ ਅੱਗ ਲੱਗਣ ਨਾਲ ਕਾਫੀ ਨੁਕਸਾਨ ਹੋ ਜਾਂਦਾ ਹੈ ਤੇ ਲੋਕਾਂ ਵੱਲੋਂ ਆਪਣੇ ਤੌਰ ਤੇ ਹੀ ਕੁਝ ਹੱਦ ਤੱਕ ਕਾਬੂ ਪਾਇਆ ਜਾਂਦਾ ਹੈ। ਲੋਕਾਂ ਨੇ ਸਰਕਾਰ ਤੋਂ ਪੁਰਜੋਰ ਮੰਗ ਕੀਤੀ ਹੈ ਕਿ ਖਨੌਰੀ ਵਿਖੇ ਇੱਥੇ ਫਾਇਰ ਬ੍ਰਿਗੇਡ ਸਟੇਸ਼ਨ ਬਣਾਇਆ ਜਾਵੇ ਤਾਂ ਜੋ ਅੱਗ ਲੱਗਣ ਦੀਆਂ ਘਟਨਾਵਾਂ ਤੇ ਤੁਰੰਤ ਹੀ ਕਾਬੂ ਪਾਇਆ ਜਾ ਸਕੇ।

# ਪਹਿਲ ਮੰਡੀ ਦੀ ਕਾਮਯਾਬੀ 'ਚ ਬੀਬੀਆਂ ਦਾ ਅਹਿਮ ਯੋਗਦਾਨ : ਡਾ ਏ.ਐੱਸ.ਮਾਨ

ਸੰਗਰੂਰ, 8 ਮਾਰਚ (ਹਰਕੰਵਲ ਸਿੰਘ ਹੈਪੀ): ਕੌਮਾਂਤਰੀ ਮਹਿਲਾ ਦਿਵਸ ਮੌਕੇ ਮਹਿਲਾਵਾਂ ਨੂੰ ਵਧਾਈ ਦਿੰਦੇ ਹੋਏ ਸਿਟੀ ਪਾਰਕ, ਸੰਗਰੂਰ ਵਿਖੇ ਲੱਗਣ ਵਾਲੀ ਹਫ਼ਤਾਵਾਰੀ ਪਹਿਲ ਮੰਡੀ ਦੇ ਮੁੱਖ ਪ੍ਰਬੰਧਕ ਡਾ ਏ.ਐੱਸ.ਮਾਨ ਨੇ ਕਿਹਾ ਕਿ ਪਹਿਲ ਮੰਡੀ ਦੀ ਕਾਮਯਾਬੀ ਵਿੱਚ ਮਹਿਲਾ ਕਿਸਾਨ ਅਤੇ ਸੈਲਫ ਹੈਲਪ ਗਰੁੱਪ ਵਾਲੀਆ ਬੀਬੀਆਂ ਦਾ ਅਹਿਮ ਯੋਗਦਾਨ ਹੈ। ਅੱਜ ਇਹ ਬੀਬੀਆਂ ਸਾਡੇ ਸਮਾਜ ਵਿਚ ਨੌਜਵਾਨੀ ਅਤੇ ਕਿਸਾਨੀ ਲਈ ਮਿਸਾਲ ਬਣ ਚੁੱਕੀਆਂ ਹਨ। ਉਹਨਾਂ ਕਿਹਾ ਕਿ ਪਹਿਲ ਮੰਡੀ ਨਾ ਸਿਰਫ ਹੁਣ ਅਪਣੇ ਮਿਆਰੀ ਉਤਪਾਦਾਂ ਲਈ ਜਾਣੀ ਜਾਂਦੀ ਹੈ ਬਲਕਿ ਬੀਬੀਆਂ ਨੂੰ ਉੱਦਮੀ ਬਣਾਉਣ ਦਾ ਪਲੈਟਫਾਰਮ ਬਣ ਚੁੱਕੀ ਹੈ। ਬੀਬੀਆਂ ਨੂੰ ਇਸ ਮੰਡੀ ਨਾਲ ਜੁੜ ਕੇ ਜੋ ਤਰੱਕੀ ਅਤੇ ਪਹਿਚਾਣ ਮਿਲੀ ਹੈ ਉਸ ਉਪਰ ਸਾਨੂੰ ਹਮੇਸ਼ਾ ਮਾਣ ਮਹਿਸੂਸ ਹੁੰਦਾ ਰਹੇਗਾ। ਜੈਵਿਕ ਮਹਿਲਾ ਕਿਸਾਨ ਹਰਪ੍ਰੀਤ ਕੌਰ ਮਾਨਾਵਾਲਾ ਨੇ ਕਿਹਾ ਕਿ ਘਰ ਬੈਠ ਕੇ ਕੰਮ ਕਰਨ ਦਾ ਦਾਇਰਾ ਸੀਮਤ ਸੀ ਹੁਣ ਪਹਿਲ ਮੰਡੀ ਰਾਹੀਂ ਵੱਡੀਆਂ- ਵੱਡੀਆਂ ਪੁਲਾਂਘਾਂ ਪੁੱਟਣ ਦਾ ਮੌਕਾ ਮਿਲਿਆ ਹੈ, ਜਿਸ ਨਾਲ ਨਾ ਕੇਵਲ ਆਮਦਨੀ ਚ ਵਾਧਾ ਹੋਇਆ ਬਲਕਿ ਸਮਾਜ ਵਿੱਚ ਨਵੀ ਪਹਿਚਾਣ ਵੀ ਮਿਲੀ ਹੈ। ਵੱਖ-ਵੱਖ ਅਦਾਰਿਆਂ ਵੱਲੋਂ ਮਿਲੇ ਸਨਮਾਨ ਤੇ ਖੁਸ਼ੀ ਹੁੰਦੀ ਹੈ। ਸੰਦੀਪ ਕੌਰ ਬਾਲੀਆਂ ਨੇ ਕਿਹਾ ਇਸ ਮਰਦ ਪ੍ਰਧਾਨ ਦੇਸ਼ ਵਿੱਚ ਸਾਨੂੰ ਕੰਮ ਕਰਨ ਦਾ ਮੌਕਾ ਮਿਲਿਆ ਸਾਡੀ ਖੁਸ਼ਨਸੀਬੀ ਹੈ। ਹੁਣ ਅਸੀਂ ਆਪਣੀਆਂ ਲੋੜਾਂ ਲਈ ਪਰਿਵਾਰ ਉੱਪਰ ਨਿਰਭਰ ਨਹੀਂ ਹਾਂ। ਜ਼ਿਲ੍ਹਾ ਪ੍ਰਸਾਸ਼ਨ ਨੇ ਪਹਿਲ ਮੰਡੀ ਰਾਹੀਂ ਸੰਭਵ ਕਰ ਦਿਖਾਇਆ।



ਜਸਪ੍ਰੀਤ ਕੌਰ ਨੇ ਕਿਹਾ ਕਿ ਹੁਣ ਅਸੀਂ ਪਰਿਵਾਰ ਦੇ ਮੋਢੇ ਨਾਲ ਮੋਢਾ ਜੋੜ ਕੇ ਕੰਮ ਕਰਦੇ ਹਾਂ।ਪਹਿਲ ਮੰਡੀ ਵਿਰਾਸਤ ਅਤੇ ਆਧੁਨਿਕਤਾ ਦਾ ਸੁਮੇਲ ਹੈ।ਸਾਨੂੰ ਆਤਮ ਨਿਰਭਰ ਬਣਾਉਣ ਚ ਅਹਿਮ ਯੋਗਦਾਨ ਦਿੱਤਾ ਹੈ।ਵੱਧ ਤੋਂ ਵੱਧ ਭੈਣਾਂ ਨੂੰ ਚਾਹੀਦਾ ਹੈ ਪਹਿਲ ਮੰਡੀ ਨਾਲ ਜੁੜਣ। ਕਰਮਜੀਤ ਕੌਰ ਘਾਬਦਾ ਨੇ ਕਿਹਾ ਮਹਿਲਾ ਦਾ ਦਿਵਸ ਕਦੇ ਮੈਂ ਅਖਬਾਰਾਂ ਵਿੱਚ ਹੀ ਪੜ੍ਹਦੀ ਸੀ ਪਹਿਲ ਮੰਡੀ ਦਾ ਮੈਬਰ ਬਣਕੇ ਪਤਾ ਲੱਗਿਆ ਵਿੱਤੀ ਆਤਮ-ਨਿਰਭਰਤਾ ਕੀ ਹੁੰਦੀ ਹੈ। ਡਾ ਏ.ਐੱਸ.ਮਾਨ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸ਼ਨ ਸੰਗਰੂਰ ਦਾ ਇਹ ਉਪਰਾਲਾ ਇੱਕ ਮੀਲ ਪੱਥਰ ਬਣ ਚੁੱਕਾ ਹੈ। ਅਸੀਂ ਮਿਹਨਤਕਸ਼ ਤੇ ਈਮਾਨਦਾਰ ਖਾਸਕਰ ਬੀਬੀਆਂ ਨੂੰ ਪੂਰਨ ਸਹਿਯੋਗ ਦੇਣ ਲਈ ਵਚਨਬੱਧ ਹਾਂ। ਇਸ ਮੌਕੇ ਉਨਾਂ ਨਾਲ ਰਾਜਿੰਦਰ ਕੁਮਾਰ ਪੀ.ਡੀ.ਐੱਮ.ਓ. ਦਫ਼ਤਰ ਏ.ਡੀ ਸੀ.(ਡੀ), ਦਰਸ਼ਨ ਸਿੰਘ ਪੇਧਨੀ ਕਲਾ, ਸੰਦੀਪ ਕੌਰ ਬਾਲੀਆਂ, ਗੁਰਤੇਜ ਸਿੰਘ ਤਲਵਾੜਾ, ਅਮਨ ਬੜਿੰਗ, ਜੋਲੀ ਧਾਲੀਵਾਲ, ਹਰਪ੍ਰੀਤ ਸਿੰਘ ਚਾਚਾ ਭਤੀਜਾ ਗੁੜ ਵਾਲੇ ਬੱਬਨਪੁਰ, ਸੰਦੀਪ ਕੌਰ ਬਾਲੀਆਂ, ਜਸਪ੍ਰੀਤ ਕੌਰ ਨੰਦਗੜ੍ਹ, ਕਰਮਜੀਤ ਕੌਰ ਘਾਬਦਾ, ਸੁਖਚੈਨ ਸਿੰਘ ਧਲੇਵਾ ਅਤੇ ਜਗਦੇਵ ਸਿੰਘ ਸਤੋਜ ਆਦਿ ਹਾਜਰ ਸਨ।

# ਸੰਤ ਬਾਬਾ ਕਰਨੈਲ ਦਾਸ ਜਲਾਲ ਵਾਲਿਆਂ ਦਾ ਜਨਮ ਦਿਵਸ ਮਨਾਇਆ

ਭਗਤਾ ਭਾਈ ਕਾ, 8 ਮਾਰਚ (ਸਵਰਨ ਸਿੰਘ ਭਗਤਾ): ਸਥਾਨਕ ਸ਼ਹਿਰ ਦੇ ਨੇੜਲੇ ਪਿੰਡ ਜਲਾਲ ਵਿਖੇ ਵਿਵੇਕ ਆਸ਼ਰਮ ਜਲਾਲ ਵਿੱਚ ਸੰਤ ਬਾਬਾ ਕਰਨੈਲ ਦਾਸ ਦਾ ਜਨਮ ਦਿਹਾੜਾ ਬੜੀ ਸ਼ਰਧਾ ਪੂਰਵਕ ਮਨਾਇਆ ਗਿਆ। ਸੰਤ ਬਾਬਾ ਕਰਨੈਲ ਦਾਸ ਦੇ ਜਨਮ ਦਿਹਾੜੇ ਨੂੰ ਸਮਰਪਿਤ ਕੁੱਝ ਦਿਨਾ ਤੋ ਅਖੰਡ ਪਾਠਾਂ ਦੀ ਲੜੀ ਚੱਲ ਰਹੀ ਸੀ ਤੇ ਜਨਮ ਦਿਹਾੜੇ ਨੂੰ ਸਮਰਪਿਤ ਭੋਗ ਪਾਏ ਗਏ। ਇਸ ਮੌਕੇ ਵਿਵੇਕ ਆਸ਼ਰਮ ਜਲਾਲ ਦੇ ਮੁਖੀ ਸ੍ਰੀ ਮਾਨ ਸੁਆਮੀ ਬ੍ਰਹਮ ਮੁਨੀ ਨੇ ਸਮੁੱਚੀਆਂ ਸੰਗਤਾਂ ਨੂੰ ਇਸ ਪਵਿੱਤਰ ਦਿਹਾੜੇ ਦੀ ਵਧਾਈ ਦਿੱਤੀ ਤੇ ਇਲਾਹੀ ਬਾਣੀ ਨਾਲ ਜੁੜਨ ਦਾ ਸੰਦੇਸ਼ ਦਿੱਤਾ। ਇਸ ਮੌਕੇ ਸੰਤ ਬਾਬਾ ਗੰਗਾ ਰਾਮ ਨੇ ਸਮੂਹ ਸੰਗਤਾਂ ਨੂੰ ਸਮਾਗਮ ਵਿੱਚ ਸ਼ਮੂਲੀਅਤ ਕਰਨ ਤੇ ਧੰਨਵਾਦ ਕੀਤਾ ਅਤੇ ਸੰਤਾਂ ਦੀ ਜੀਵਨੀ ਤੇ ਚਾਨਣਾ ਪਾਇਆ। ਇਸ ਤੋਂ ਇਲਾਵਾ ਬਾਬਾ ਕਰਤਾਰ ਦਾਸ ਚੰਦਬਾਜਾ, ਸੁਖਦੇਵ



ਲਾਲ ਦਾਸ ਨੇ ਸਟੇਜ ਭੂਮਿਕਾ ਬਾਖੂਬੀ ਨਿਭਾਈ।

ਇਸ ਮੌਕੇ ਬਾਬਾ ਮੋਹਨ ਦਾਸ ਬਗਰਾੜੀ, ਰਿਸ਼ੀ ਰਾਮ ਜੀ ਜੈਤੋ, ਪਰਮਾਨੰਦ ਬਠਿੰਡਾ, ਕਲਿਆਣ ਦੇਵ ਗਿੱਦੜਬਹਾ, ਰਾਮ ਨਰਾਇਨ ਮੌੜ ਮੰਡੀ, ਮੁਨੀ ਕਲਿਆਣ, ਮੇਵਾ ਦਾਸ ਗੰਗਾ ਨਗਰ, ਬਸੰਤ ਦਾਸ ਬੇਗਾ ਲਹਿਰਾ ਆਦਿ ਹਾਜਰ ਸਨ। ਇਸ ਮੌਕੇ ਹਜ਼ਾਰਾਂ ਦੀ ਗਿੱਣਤੀ ਵਿੱਚ ਸੰਗਤਾ ਨੇ ਹਾਜਰੀਆਂ ਭਰੀਆਂ ਤੇ ਗੁਰੂ ਕਾ ਲੰਗਰ ਵੀ ਅਤੁੱਟ ਵਰਾਇਆ ਗਿਆ।

# ਗੁਰਸੇਵਕ ਦਾ ਚਲਿਆ ਜਾਣਾ ਪਰਿਵਾਰ ਲਈ ਦੁਖਦਾਈ ਘਟਨਾ : ਢੀਂਡਸਾ

ਲਹਿਰਾਗਾਗਾ, 8 ਮਾਰਚ (ਗੁਰਦੀਪ ਸਿੰਘ): ਗੁਰਸੇਵਕ ਸਿੰਘ ਦਾ ਭਰ ਜਵਾਨੀ ਵਿੱਚ ਇਸ ਦੁਨੀਆਂ ਤੋਂ ਅਚਨਚੇਤ ਚਲਿਆ ਜਾਣਾ ਪਰਿਵਾਰ ਲਈ ਬਹੁਤ ਹੀ ਦੁਖਦਾਈ ਘਟਨਾ ਹੈ, ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਸਰਦਾਰ ਪਰਮਿੰਦਰ ਸਿੰਘ ਢੀਂਡਸਾ ਨੇ ਪਿੰਡ ਕੋਟੜਾ ਲਹਿਲ ਦੇ ਪੰਚ ਕ੍ਰਿਸ਼ਨ ਸਿੰਘ ਦੇ ਨੌਜਵਾਨ ਪੁੱਤਰ ਦੀ ਬੇ ਵਕਤ ਹੋਈ ਮੌਤ ਉਪਰ ਅਫਸੋਸ ਪ੍ਰਗਟ ਕਰਦੇ ਹੋਏ ਕੀਤਾ, ਉਹਨਾਂ ਕਿਹਾ ਕਿ ਗੁਰਸੇਵਕ ਸਿੰਘ ਇੱਕ ਵਧੀਆ ਪੜ੍ਹਿਆ ਲਿਖਿਆ ਨੌਜਵਾਨ ਸੀ, ਜਿਹੜਾ ਸੁਨਾਮ ਵਿਖੇ ਮਾਲ ਵਿਭਾਗ ਵਿੱਚ ਨੌਕਰੀ ਕਰ ਰਿਹਾ ਸੀ, ਪਰ ਪਿਛਲੇ ਦਿਨੀ ਉਸ ਵੱਲੋਂ ਕੀਤੀ ਗਈ ਖੁਦਕਸ਼ੀ ਨੇ ਸਮੁੱਚੇ ਇਲਾਕੇ ਨੂੰ ਝੰਜੋੜ ਕੇ ਰੱਖ ਦਿੱਤਾ, ਉਹਨਾਂ ਗੱਲਬਾਤ ਕਰਦੇ ਹੋਏ ਅੱਗੇ ਕਿਹਾ ਕਿ ਉਸ ਨੂੰ ਖੁਦਕੁਸ਼ੀ ਕਰਨ ਲਈ ਮਜਬੂਰ ਕਰਨ ਵਾਲੇ ਲੋਕਾਂ ਖਿਲਾਫ ਸਖਤ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ, ਜੋ ਕਿ ਅਜੇ ਤੱਕ ਨਹੀਂ ਕੀਤੀ ਗਈ, ਉਹਨਾਂ ਪਰਿਵਾਰ ਨੂੰ ਭਰੋਸਾ ਦਿਵਾਉਂਦੇ ਹੋਏ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਇਸ ਦੁੱਖ ਦੀ ਘੜੀ ਵਿੱਚ ਹਮੇਸ਼ਾ ਉਨਾਂ ਨਾਲ ਖੜ੍ਹਾ ਰਹੇਗਾ, ਦੋਸ਼ੀਆਂ ਖਿਲਾਫ ਸਖਤ ਕਾਰਵਾਈ ਕਰਨ ਲਈ ਪਰਿਵਾਰ ਦੀ ਹਰ ਸੰਭਵ ਮਦਦ ਕਰੇਗਾ, ਇੱਥੇ ਇਹ ਵੀ ਦੱਸਣ ਯੋਗ ਹੈ ਕਿ ਕੁਝ ਦਿਨ ਪਹਿਲਾਂ ਗੁਰਸੇਵਕ ਸਿੰਘ ਨੇ ਆਪਣੇ ਸਹੁਰਿਆਂ ਦੇ ਘਰ ਜਹਿਰੀਲੀ ਦਵਾਈ ਪੀ ਕੇ ਆਤਮਹੱਤਿਆ ਕਰ ਲਈ ਸੀ, ਤੇ ਉਸਨੇ ਮੌਤ ਤੋਂ ਪਹਿਲਾਂ ਆਪਣੇ ਸਹੁਰੇ ਪਰਿਵਾਰ ਦੇ ਮੈਂਬਰਾਂ ਨੂੰ ਆਪਣੀ ਮੌਤ ਲਈ ਜਿੰਮੇਵਾਰ ਠਹਿਰਾਉਂਦੇ ਹੋਏ ਕਾਰਵਾਈ ਕਰਨ ਲਈ ਬਿਆਨ ਦਿੱਤੇ ਸਨ ,ਜਿਸ ਦੀ ਵੀਡੀਓ ਵੀ ਵਾਇਰਲ ਹੋ ਚੁੱਕੀ ਹੈ ,ਅਫਸੋਸ ਕਰਨ ਸਮੇਂ ਸਰਦਾਰ ਢੀਂਡਸਾ ਦੇ ਨਾਲ ਜਥੇਦਾਰ ਰਾਮਪਾਲ ਸਿੰਘ ਬਹਿਣੀਵਾਲ, ਗੁਰਦੀਪ ਸਿੰਘ ਕੋਟੜਾ ਸਾਬਕਾ ਚੇਅਰਮੈਨ, ਹਰਜੋਤ ਸਿੰਘ ਓ ਐਸ ਡੀ ਢੀਂਡਸਾ, ਛੱਜੂ ਸਿੰਘ ਧਾਲੀਵਾਲ, ਜਥੇਦਾਰ ਟੇਕ ਸਿੰਘ ਕੋਟੜਾ, ਹਰਵੰਤ ਸਿੰਘ , ਕੁਲਬੀਰ ਸਿੰਘ ਸਾਬਕਾ ਸਰਪੰਚ, ਮੁਖਤਿਆਰ ਸਿੰਘ, ਲੀਲਾ ਸਿੰਘ ਅਤੇ ਜੋਗਿੰਦਰ ਸਿੰਘ ਮੌਜੂਦ ਸਨ।



# ਦੇਸ਼ ਦੇ ਇਤਿਹਾਸ ਵਿੱਚ ਨਾਰੀ ਸ਼ਕਤੀਕਰਨ ਲਈ ਸਭ ਤੋਂ ਵੱਡੀ ਯੋਜਨਾ ਲਾਗੂ ਕੀਤੀ : ਦਲਵੀਰ ਸਿੰਘ ਢਿੱਲੋਂ

ਧੂਰੀ, 8 ਮਾਰਚ (ਰਾਜੇਸ਼ਵਰ ਪਿੰਟੂ, ਅਮਨ ਗਰਗ): ਪੰਜਾਬ ਸਰਕਾਰ ਵੱਲੋਂ ਕੌਮਾਂਤਰੀ ਮਹਿਲਾ ਦਿਵਸ ਮੌਕੇ ਪੇਸ਼ ਕੀਤੇ ਗਏ ਸਾਲ 2026-27 ਦੇ ਬਜਟ ਨੂੰ ਧੂਰੀ ਵਿਧਾਨ ਸਭਾ ਹਲਕੇ ਦੀਆਂ ਔਰਤਾਂ ਵੱਲੋਂ ਵੱਡੇ ਉਤਸ਼ਾਹ ਨਾਲ ਸਥਾਨਕ ਬਿਰਧ ਆਸ਼ਰਮ ਧੂਰੀ ਵਿਖੇ ਲਾਈਵ ਦੇਖਿਆ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਮਹਿਲਾਵਾਂ ਇਕੱਠੀਆਂ ਹੋਈਆਂ ਤੇ ਉਨ੍ਹਾਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਮਹਿਲਾਵਾਂ ਦੇ ਹਿੱਤ ਵਿੱਚ ਲਏ ਗਏ ਇਤਿਹਾਸਕ ਫੈਸਲੇ ਲਈ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ। ਇਸ ਮੌਕੇ ਸੀਨੀਅਰ ਲੀਡਰਸ਼ਿਪ ਆਮ ਆਦਮੀ ਪਾਰਟੀ ਅਤੇ ਵਿਧਾਨ ਸਭਾ ਹਲਕਾ ਧੂਰੀ ਦੇ ਵਰਕਰ ਵੀ ਮੌਜੂਦ ਰਹੇ ਜਿਨ੍ਹਾਂ ਨੇ ਮਹਿਲਾਵਾਂ ਨਾਲ ਮਿਲ ਕੇ ਬਜਟ ਨੂੰ ਧਿਆਨ ਨਾਲ ਸੁਣਿਆ ਅਤੇ ਸਰਕਾਰ ਵੱਲੋਂ ਕੀਤੀਆਂ ਲੋਕ-ਭਲਾਈ ਪਹਿਲਕਦਮੀਆਂ ਦਾ ਸਵਾਗਤ ਕੀਤਾ। ਇਸ ਮੌਕੇ ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਮੌਜੂਦ ਔਰਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕੌਮਾਂਤਰੀ ਮਹਿਲਾ ਦਿਵਸ ਦੇ ਮੌਕੇ 'ਤੇ "ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ" ਦਾ ਐਲਾਨ ਕਰਕੇ ਸੂਬੇ ਦੀਆਂ ਔਰਤਾਂ ਨੂੰ ਇੱਕ ਵੱਡਾ ਤੋਹਫ਼ਾ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਯੋਜਨਾ ਦੇਸ਼ ਦੇ ਇਤਿਹਾਸ ਵਿੱਚ ਨਾਰੀ ਸ਼ਕਤੀਕਰਨ ਲਈ ਲਾਗੂ ਕੀਤੀਆਂ ਸਭ ਤੋਂ ਵੱਡੀਆਂ ਯੋਜਨਾਵਾਂ ਵਿੱਚੋਂ ਇੱਕ ਹੈ, ਜਿਸ ਦਾ ਲਾਭ ਸੂਬੇ ਦੀਆਂ ਕਰੀਬ 97 ਫ਼ੀਸਦੀ ਔਰਤਾਂ ਨੂੰ ਮਿਲੇਗਾ।



ਉਨ੍ਹਾਂ ਦੱਸਿਆ ਕਿ ਇਸ ਯੋਜਨਾ ਤਹਿਤ ਪੰਜਾਬ ਸਰਕਾਰ ਵੱਲੋਂ ਸਾਰੀਆਂ ਬਾਲਗ ਔਰਤਾਂ ਨੂੰ ਹਰ ਮਹੀਨੇ 1000 ਰੁਪਏ ਤੇ ਅਨੁਸੂਚਿਤ ਜਾਤੀ ਨਾਲ ਸਬੰਧਤ ਔਰਤਾਂ ਨੂੰ 1500 ਰੁਪਏ ਪ੍ਰਤੀ ਮਹੀਨਾ ਸਿੱਧੇ ਤੌਰ 'ਤੇ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਟ੍ਰਾਂਸਫਰ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਇਹ ਯੋਜਨਾ ਸੂਬੇ ਦੀਆਂ ਮਹਿਲਾਵਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਬਣਾਉਣ ਦੇ ਨਾਲ-ਨਾਲ ਉਨ੍ਹਾਂ ਦੀ ਸਮਾਜਿਕ ਸਥਿਤੀ ਨੂੰ ਵੀ ਮਜ਼ਬੂਤੀ ਦੇਵੇਗੀ। ਇਸ ਮੌਕੇ ਮਾਰਕਿਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਕਿਹਾ ਕਿ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਵਿਧੀਵਤ ਅਤੇ ਪਾਰਦਰਸ਼ੀ ਢੰਗ ਨਾਲ ਕੰਮ ਕਰਦਿਆਂ ਬਿਜਲੀ, ਸਿਹਤ ਸੰਭਾਲ, ਸਿੱਖਿਆ ਤੇ ਸਮਾਜਿਕ ਸੁਰੱਖਿਆ ਦੇ ਖੇਤਰਾਂ ਵਿੱਚ ਲੋਕਾਂ ਨੂੰ ਦਿੱਤੀਆਂ ਗਰੰਟੀਆਂ ਨੂੰ ਲਗਾਤਾਰ ਪੂਰਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦਾ ਮੰਨਣਾ ਹੈ ਕਿ ਨਾਰੀ ਦੀ ਤਰੱਕੀ ਨਾਲ ਹੀ ਪਰਿਵਾਰ, ਸਮਾਜ ਅਤੇ ਦੇਸ਼ ਦੀ ਤਰੱਕੀ ਸੰਭਵ ਹੈ। ਇਸੇ ਸੋਚ ਦੇ ਤਹਿਤ ਪੰਜਾਬ ਸਰਕਾਰ ਵੱਲੋਂ ਇਹ ਮਹੱਤਵਪੂਰਨ ਯੋਜਨਾ ਸ਼ੁਰੂ ਕੀਤੀ ਗਈ ਹੈ, ਜੋ ਸੂਬੇ ਦੀਆਂ ਮਹਿਲਾਵਾਂ ਲਈ ਆਰਥਿਕ ਸਹਾਰਾ ਸਾਬਤ ਹੋਵੇਗੀ ਅਤੇ ਉਨ੍ਹਾਂ ਨੂੰ ਆਤਮਨਿਰਭਰ ਬਣਾਉਣ ਵਿੱਚ ਮਦਦ ਕਰੇਗੀ। ਇਸ ਮੌਕੇ ਹਲਕੇ ਦੀਆਂ ਮਹਿਲਾਵਾਂ ਨੇ ਪੰਜਾਬ ਸਰਕਾਰ ਵੱਲੋਂ ਔਰਤਾਂ ਦੀ ਭਲਾਈ ਲਈ ਲਏ ਗਏ ਇਸ ਇਤਿਹਾਸਕ ਫੈਸਲੇ ਦਾ ਸਵਾਗਤ ਕਰਦਿਆਂ ਕਿਹਾ ਕਿ 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ" ਨਾਲ ਔਰਤਾਂ ਨੂੰ ਆਰਥਿਕ ਮਜ਼ਬੂਤੀ ਮਿਲੇਗੀ ਅਤੇ ਇਹ ਯੋਜਨਾ ਉਨ੍ਹਾਂ ਦੀ ਜ਼ਿੰਦਗੀ ਵਿੱਚ ਸਕਾਰਾਤਮਕ ਬਦਲਾਅ ਲਿਆਏਗੀ। ਉਨ੍ਹਾਂ ਨੇ ਇਸ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਵੀ ਕੀਤਾ।

ਇਸ ਮੌਕੇ ਮੈਂਬਰ, ਵਕਫ਼ ਬੋਰਡ ਪੰਜਾਬ ਡਾ. ਅਨਵਰ ਭਸੌੜ, ਡਾਇਰੈਕਟਰ, ਸਮਾਲ ਇੰਡਸਟਰੀਜ਼ ਅਨਿਲ ਮਿੱਤਲ, ਚੇਅਰਮੈਨ ਗਊ ਸੇਵਾ ਕਮਿਸ਼ਨ ਅਸ਼ੋਕ ਕੁਮਾਰ ਲੱਖਾ,ਚੇਅਰਮੈਨ ਟਰੇਡ ਵਿੰਗ ਧੂਰੀ ਪੁਸ਼ਪਿੰਦਰ ਸ਼ਰਮਾ, ਮੈਂਬਰ ਜ਼ਿਲ੍ਹਾ ਪ੍ਰੀਸ਼ਦ ਹਰਜਿੰਦਰ ਸਿੰਘ ਕਾਂਜਲਾ, ਰਛਪਾਲ ਸਿੰਘ ਭੁੱਲਰ, ਦਰਸ਼ਨ ਸਿੰਘ ਪਾਠਕ, ਵੀਰਭਾਨ, ਸੁਖਪਾਲ ਸਿੰਘ, ਅਜੈਬ ਸਿੰਘ, ਐਡਵੋਕੇਟ ਹੈਪੀ ਗਰਗ ਸਮੇਤ ਆਮ ਆਦਮੀ ਪਾਰਟੀ ਦੀ ਸਮੂਹ ਟੀਮ ਦੇ ਮੈਂਬਰ ਹਾਜ਼ਰ ਸਨ।

# ਅੱਜ ਦੇ ਰੁਝੇਵੇਂ ਭਰੇ ਸਮੇਂ ਵਿੱਚ ਵਿਦਿਆਰਥੀ ਪੁਸਤਕਾਂ ਤੋਂ ਟੁੱਟਦਾ ਜਾ ਰਿਹਾ : ਡਾ. ਸਤਿੰਦਰ ਕੌਰ ਮਾਨ

ਭਗਤਾ ਭਾਈ ਕਾ, 8 ਮਾਰਚ (ਸਵਰਨ ਸਿੰਘ ਭਗਤਾ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡ. ਹਰਜਿੰਦਰ ਸਿੰਘ ਧਾਮੀ, ਸਕੱਤਰ ਵਿੱਦਿਆ ਸੁਖਮਿੰਦਰ ਸਿੰਘ ਤੇ ਸਿਕੰਦਰ ਸਿੰਘ ਮਲੂਕਾ (ਸਾਬਕਾ ਕੈਬਨਿਟ ਮੰਤਰੀ, ਪੰਜਾਬ ਤੇ ਆਨਰੇਰੀ ਸਕੱਤਰ ਕਾਲਜ) ਦੀ ਰਹਿਨੁਮਾਈ ਤੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਇਲਾਕੇ ਦੀ ਨਾਮਵਰ ਸੰਸਥਾ ਗੁਰੂ ਗੋਬਿੰਦ ਸਿੰਘ ਖ਼ਾਲਸਾ ਕਾਲਜ ਭਗਤਾ ਭਾਈ ਕਾ ਵੱਲੋਂ ਕਾਲਜ ਪ੍ਰਿੰਸੀਪਲ ਡਾ.ਸਤਿੰਦਰ ਕੌਰ ਮਾਨ ਦੀ ਸੁਯੋਗ ਅਗਵਾਈ ਹੇਠ ਕਾਲਜ ਵਿਖੇ ਗਿਆਨੀ ਬਲਵੰਤ ਸਿੰਘ ਕੋਠਾ ਗੁਰੂ ਲਾਇਬਰੇਰੀ ਵਿੱਚ ਹਫ਼ਤਾਵਾਰੀ ਪੁਸਤਕ ਰਿਵਿਊ ਪੇਸ਼ ਕਰਵਾਏ ਗਏ। ਇਸ ਮੌਕੇ ਲਾਇਬਰੇਰੀਅਨ ਕਿਰਨਜੀਤ ਕੌਰ ਨੇ ਦੱਸਿਆ ਕਿ ਪੁਸਤਕ ਰਿਵਿਊ ਪੜ੍ਹ ਕੇ ਜਾਂ ਸੁਣ ਕੇ ਵਿਦਿਆਰਥੀਆਂ ਵਿੱਚ ਪੁਸਤਕ ਪੜ੍ਹਨ ਲਈ ਉਤਸ਼ਾਹ ਪੈਦਾ ਹੁੰਦਾ ਹੈ। ਇਸ ਤੋਂ ਉਪਰੰਤ ਹਫਤਾਵਾਰੀ ਰਿਵਿਊ ਵਿੱਚ ਅੰਗਰੇਜ਼ੀ ਵਿਭਾਗ ਦੇ ਪ੍ਰੋ: ਗਗਨਦੀਪ ਕੌਰ ਵੱਲੋਂ ਪੁਸਤਕ "ਡੌਲਜ਼ ਹਾਊਸ" (ਲੇਖਕ ਹੇਨਰਿਕ ਇਬਸਨ) 'ਚੋਂ ਮਰਦ ਪ੍ਰਧਾਨ ਸਮਾਜ ਤੇ 19ਵੀ ਸਦੀ ਵਿਚ ਔਰਤਾਂ ਦੀ ਆਰਥਿਕ ਸਥਿਤੀ ਦੇ ਵਿਭਿੰਨ ਪੱਖਾਂ ਬਾਰੇ ਵਿਦਿਆਰਥੀਆਂ ਨਾਲ ਵਿਚਾਰ ਚਰਚਾ ਕੀਤੀ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਸਤਿੰਦਰ ਕੌਰ ਮਾਨ ਨੇ ਵਿਦਿਆਰਥੀਆਂ ਨਾਲ ਜਾਣਕਾਰੀ ਸਾਂਝੀ ਕਰਦੇ ਹੋਏ ਦੱਸਿਆ ਕਿ ਅੱਜ ਦੇ ਰੁਝੇਵੇਂ ਭਰੇ ਸਮੇਂ ਵਿੱਚ ਵਿਦਿਆਰਥੀ ਪੁਸਤਕਾਂ ਤੋਂ ਟੁੱਟਦਾ ਜਾ ਰਿਹਾ ਹੈ। ਸਮਾਜ ਨੂੰ ਸੇਧ ਦੇਣ ਅਤੇ ਵਿਕਾਸ ਦੀ ਲੀਹ 'ਤੇ ਤੁਰਨ ਲਈ ਪੁਸਤਕਾਂ ਨਾਲ ਜੁੜਨਾ ਜ਼ਰੂਰੀ ਹੈ। ਇਹ ਹਫ਼ਤਾਵਾਰੀ ਪੁਸਤਕ ਰਿਵਿਊ ਵਿਦਿਆਰਥੀਆਂ ਦੀ ਸ਼ਖ਼ਸ਼ੀਅਤ ਨਿਖਾਰਨ ਵਿੱਚ ਅਹਿਮ ਯੋਗਦਾਨ ਪਾਵੇਗਾ। ਇਸ ਮੌਕੇ ਪ੍ਰੋ. ਮਨਦੀਪ ਕੌਰ, ਪ੍ਰੋ. ਹਰਦੀਪ ਕੌਰ ਅਤੇ ਵਿਦਿਆਰਥੀ ਹਾਜ਼ਰ ਸਨ।



# ਰੋਟਰੀ ਕਲੱਬ ਨੇ ਲਾਇਆ ਖ਼ੂਨਦਾਨ ਕੈਂਪ

ਭਵਾਨੀਗੜ੍ਹ, 8 ਮਾਰਚ (ਅਮਨਦੀਪ ਸਿੰਘ ਮਾਝਾ): ਦੁਰਗਾ ਮਾਤਾ ਮੰਦਰ ਭਵਾਨੀਗੜ੍ਹ ਵਿਖੇ ਐਤਵਾਰ ਨੂੰ ਰੋਟਰੀ ਕਲੱਬ, ਥੈਲੇਸੀਮੀਆ ਸੁਸਾਇਟੀ ਤੇ ਰਿੰਕੂ ਮੋਬਾਈਲ ਹੱਬ ਦੇ ਸਾਂਝੇ ਸਹਿਯੋਗ ਨਾਲ 74ਵਾਂ ਵਿਸ਼ਾਲ ਖ਼ੂਨਦਾਨ ਕੈਂਪ ਲਗਾਇਆ ਗਿਆ। ਇਹ ਕੈਂਪ ਇੱਕ ਐਮਰਜੈਂਸੀ ਕਾਲ 'ਤੇ ਲਗਾਇਆ ਗਿਆ ਸੀ, ਕਿਉਂਕਿ ਪਿਛਲੇ ਕੁਝ ਸਮੇਂ ਤੋਂ ਖ਼ੂਨਦਾਨ ਕੈਂਪ ਨਾ ਲੱਗਣ ਕਾਰਨ ਬਲੱਡ ਬੈਂਕ ਵਿੱਚ ਖ਼ੂਨ ਦੀ ਭਾਰੀ ਕਮੀ ਹੋ ਗਈ ਸੀ। ਰੋਟਰੀ ਕਲੱਬ ਦੇ ਸਾਬਕਾ ਗਵਰਨਰ ਧਰਮਵੀਰ ਗਰਗ ਅਤੇ ਮੌਜੂਦਾ ਪ੍ਰਧਾਨ ਈਸ਼ਵਰ ਬੰਸਲ ਨੇ ਦੱਸਿਆ ਕਿ ਬਲੱਡ ਬੈਂਕ ਦੀ ਗੰਭੀਰ ਸਥਿਤੀ ਨੂੰ ਦੇਖਦੇ ਹੋਏ ਮਹਿਜ਼ ਇੱਕ ਦਿਨ ਪਹਿਲਾਂ ਹੀ ਇਸ ਕੈਂਪ ਦੀ ਯੋਜਨਾ ਬਣਾਈ ਗਈ ਸੀ। ਪ੍ਰਚਾਰ ਹੁੰਦੇ ਹੀ ਸ਼ਹਿਰ ਦੇ ਨੌਜਵਾਨਾਂ, ਵੱਖ-ਵੱਖ ਸਮੂਹਾਂ ਤੇ ਜਥੇਬੰਦੀਆਂ ਨੇ ਸੰਕਟ ਦੀ ਇਸ ਘੜੀ ਵਿੱਚ ਸਹਿਯੋਗ ਦੇਣ ਦਾ ਮਨ ਬਣਾ ਲਿਆ, ਜਿਸ ਦੇ ਨਤੀਜੇ ਵਜੋਂ 103 ਯੂਨਿਟ ਖ਼ੂਨ ਇਕੱਠਾ ਕੀਤਾ ਗਿਆ।

ਰਾਜਿੰਦਰਾ ਹਸਪਤਾਲ, ਪਟਿਆਲਾ ਦੀ ਮੈਡੀਕਲ ਟੀਮ ਨੇ ਵੀ ਇਸ ਕੈਂਪ ਨੂੰ ਸਫ਼ਲ ਬਣਾਉਣ ਵਿੱਚ ਆਪਣਾ ਸ਼ਲਾਘਾਯੋਗ ਯੋਗਦਾਨ ਪਾਇਆ ਅਤੇ ਉਨ੍ਹਾਂ ਦੀ ਦੇਖ-ਰੇਖ ਹੇਠ ਪੂਰੀ ਪ੍ਰਕਿਰਿਆ ਸੁਚਾਰੂ ਢੰਗ ਨਾਲ ਨੇਪਰੇ ਚੜ੍ਹੀ। ਅੱਜ 'ਅੰਤਰਰਾਸ਼ਟਰੀ ਮਹਿਲਾ ਦਿਵਸ' ਦੇ ਮੌਕੇ 'ਤੇ ਇੱਕ ਮੁਟਿਆਰ ਨੇ ਖ਼ੂਨਦਾਨ ਕਰਕੇ ਨਾਰੀ ਸ਼ਕਤੀ ਦੀ ਮਿਸਾਲ ਪੈਦਾ ਕੀਤੀ ਅਤੇ ਇੱਕ ਜੋੜੇ (ਕਪਿਲ) ਨੇ ਵੀ ਇਕੱਠਿਆਂ ਖ਼ੂਨਦਾਨ ਕਰਕੇ ਸਮਾਜ ਨੂੰ ਪ੍ਰੇਰਿਤ ਕੀਤਾ। ਪਹਿਲੀ ਵਾਰ ਖ਼ੂਨਦਾਨ ਕਰਨ ਵਾਲੇ ਨੌਜਵਾਨਾਂ ਦਾ ਉਤਸ਼ਾਹ ਵਧਾਉਣ ਲਈ ਕਲੱਬ ਵੱਲੋਂ ਉਨ੍ਹਾਂ ਕੋਲੋਂ ਕੇਕ ਕਟਵਾਇਆ ਗਿਆ ਅਤੇ ਵਿਸ਼ੇਸ਼ ਸਨਮਾਨ ਦਿੱਤਾ ਗਿਆ। ਬਲੱਡ ਬੈਂਕ ਵੱਲੋਂ ਸੁਖਵਿੰਦਰ ਸਿੰਘ ਨੇ ਰੋਟਰੀ ਕਲੱਬ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਕਲੱਬ ਨੇ ਐਨ ਮੌਕੇ 'ਤੇ ਇਹ ਕੈਂਪ ਲਗਾ ਕੇ ਸੰਕਟ ਦੇ ਸਮੇਂ ਵੱਡਾ ਯੋਗਦਾਨ ਪਾਇਆ ਹੈ। ਇਸ ਮੌਕੇ ਰੋਟਰੀ ਕਲੱਬ ਦੇ ਮੈਂਬਰ ਅਮਿਤ ਗੋਇਲ, ਨਵੀ ਵਰਮਾ, ਵਰਿੰਦਰ ਮਿੱਤਲ, ਰਾਜਿੰਦਰ ਸੁਖੀਜਾ, ਸੰਜੀਵ ਗੋਇਲ, ਸੰਜੀਵ ਗਰਗ, ਸਤੀਸ਼ ਗਰਗ, ਦੇਵੀ ਦਿਆਲ ਕੰਸਲ, ਜਤਿੰਦਰ ਕੁਮਾਰ ਅਤੇ ਰਿੰਕੂ ਮੋਬਾਈਲ ਹੱਬ ਦੀ ਪੂਰੀ ਟੀਮ ਸੇਵਾ ਵਿੱਚ ਜੁਟੀ ਰਹੀ।

# ਸਿੱਖਿਆ ਕ੍ਰਾਂਤੀ ਨਾਲ ਰੌਸ਼ਨ ਹੋਵੇਗਾ ਬੱਚਿਆਂ ਦਾ ਭਵਿੱਖ, ਸਿੰਗਾਪੁਰ ਜਾ ਰਿਹਾ ਪ੍ਰਿੰਸੀਪਲਾਂ ਦਾ ਬੈਚ ਲਿਆਵੇਗਾ ਵੱਡੀ ਤਬਦੀਲੀ : ਮਿੰਕੂ ਜਵੰਧਾ

ਸੰਗਰੂਰ, 8 ਮਾਰਚ (ਹਰਕੰਵਲ ਸਿੰਘ ਹੈਪੀ): ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾਕਟਰ ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਨੇ ਅੱਜ ਇੱਕ ਅਹਿਮ ਬਿਆਨ ਜਾਰੀ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਪੰਜਾਬ ਵਿੱਚ 'ਸਿੱਖਿਆ ਕ੍ਰਾਂਤੀ' ਰਾਹੀਂ ਬੱਚਿਆਂ ਦੇ ਭਵਿੱਖ ਨੂੰ ਸੁਧਾਰਨ ਲਈ ਨਵੀਆਂ ਪੁਲਾਂਘਾਂ ਪੁੱਟ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦਾ ਮੁੱਖ ਨਿਸ਼ਾਨਾ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਵਿਸ਼ਵ ਪੱਧਰੀ ਸਿੱਖਿਆ ਮੁਹੱਈਆ ਕਰਵਾਉਣਾ ਹੈ, ਤਾਂ ਜੋ ਉਹ ਅੰਤਰਰਾਸ਼ਟਰੀ ਪੱਧਰ 'ਤੇ ਮੁਕਾਬਲਾ ਕਰ ਸਕਣ। ਚੇਅਰਮੈਨ ਜਵੰਧਾ ਨੇ ਦੱਸਿਆ ਕਿ ਅੱਜ ਮੁੱਖ ਮੰਤਰੀ ਮਾਨ ਵੱਲੋਂ 30 ਪ੍ਰਿੰਸੀਪਲਾਂ ਦਾ ਇੱਕ ਨਵਾਂ ਬੈਚ ਸਿੰਗਾਪੁਰ ਲਈ ਰਵਾਨਾ ਕੀਤਾ ਗਿਆ ਹੈ। ਇਹ ਪ੍ਰਿੰਸੀਪਲ ਉੱਥੇ ਦੀਆਂ ਵਿਸ਼ਵ ਪ੍ਰਸਿੱਧ ਅਕਾਦਮੀਆਂ ਵਿੱਚ ਸਿਖਲਾਈ ਲੈਣਗੇ ਅਤੇ ਬੱਚਿਆਂ ਨੂੰ ਪੜ੍ਹਾਉਣ ਦੇ ਆਧੁਨਿਕ ਤੇ ਮਨੋਵਿਗਿਆਨਕ ਤਰੀਕੇ ਸਿੱਖ ਕੇ ਵਾਪਸ ਪਰਤਣਗੇ। ਉਨ੍ਹਾਂ ਕਿਹਾ ਕਿ ਇਹ ਉਪਰਾਲਾ ਸਿੱਖਿਆ ਦੇ ਬੁਨਿਆਦੀ



ਢਾਂਚੇ ਵਿੱਚ ਸੁਧਾਰ ਲਿਆਉਣ ਦੇ ਨਾਲ-ਨਾਲ ਅਧਿਆਪਕਾਂ ਦੀ ਸੋਚ ਵਿੱਚ ਵੱਡਾ ਬਦਲਾਅ ਲਿਆਉਣ ਲਈ ਬਹੁਤ ਅਹਿਮ ਸਾਬਤ ਹੋਵੇਗਾ।

ਡਾਕਟਰ ਜਵੰਧਾ ਨੇ ਅੱਗੇ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਸਿੱਖਿਆ ਪ੍ਰਣਾਲੀ ਵੱਲ ਕਦੇ ਅਜਿਹਾ ਧਿਆਨ ਨਹੀਂ ਦਿੱਤਾ, ਪਰ ਮਾਨ ਸਰਕਾਰ ਅਧਿਆਪਕਾਂ ਨੂੰ ਵਿਦੇਸ਼ੀ ਸਿਖਲਾਈ ਦਿਵਾ ਕੇ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕ ਰਹੀ ਹੈ। ਜਦੋਂ ਅਧਿਆਪਕ ਨਵੀਆਂ ਤਕਨੀਕਾਂ ਨਾਲ ਲੈਸ ਹੋਣਗੇ, ਤਾਂ ਉਹ ਬੱਚਿਆਂ ਨੂੰ ਕਿਤਾਬੀ ਗਿਆਨ ਦੇ ਨਾਲ-ਨਾਲ ਵਿਹਾਰਕ ਅਤੇ ਆਧੁਨਿਕ ਗਿਆਨ ਵੀ ਦੇ ਸਕਣਗੇ। ਉਨ੍ਹਾਂ ਕਿਹਾ ਕਿ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਹੁਣ 'ਸਕੂਲ ਆਫ ਐਮੀਨੈਂਸ' ਵਰਗੇ ਪ੍ਰੋਜੈਕਟ ਚੱਲ ਰਹੇ ਹਨ, ਜਿੱਥੇ ਬੱਚਿਆਂ ਨੂੰ ਹਰ ਤਰ੍ਹਾਂ ਦੀਆਂ ਆਧੁਨਿਕ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ। ਪ੍ਰਿੰਸੀਪਲਾਂ ਦਾ ਇਹ ਬੈਚ ਸਿੰਗਾਪੁਰ ਤੋਂ ਜੋ ਤਜ਼ਰਬਾ ਹਾਸਲ ਕਰਕੇ ਆਵੇਗਾ, ਉਹ ਪੰਜਾਬ ਦੇ ਹਜ਼ਾਰਾਂ ਵਿਦਿਆਰਥੀਆਂ ਦੇ ਜੀਵਨ ਵਿੱਚ ਚਾਨਣ ਪੈਦਾ ਕਰੇਗਾ। ਅੰਤ ਵਿੱਚ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਇਹ ਕਦਮ ਸੂਬੇ ਨੂੰ ਮੁੜ 'ਰੰਗਲਾ ਪੰਜਾਬ' ਬਣਾਉਣ ਅਤੇ ਸਿੱਖਿਆ ਦੇ ਖੇਤਰ ਵਿੱਚ ਪੰਜਾਬ ਨੂੰ ਦੇਸ਼ ਦਾ ਮੋਹਰੀ ਸੂਬਾ ਬਣਾਉਣ ਵਿੱਚ ਮੀਲ ਦਾ ਪੱਥਰ ਸਾਬਤ ਹੋਵੇਗਾ।

# ਸਿਹਤ ਵਿਭਾਗ ਵੱਲੋਂ ਆਰ.ਬੀ.ਐੱਸ.ਕੇ. ਸਕੀਮ ਤਹਿਤ ਸਕੂਲੀ ਬੱਚਿਆਂ ਨੂੰ ਮੁਫ਼ਤ ਐਨਕਾਂ ਦੀ ਵੰਡ

ਕੌਹਰੀਆਂ, 7 ਮਾਰਚ (ਅਵਤਾਰ ਸਿੰਘ ਜਟਾਣਾ): ਸਿਵਲ ਸਰਜਨ ਡਾ. ਅਮਰਜੀਤ ਕੌਰ ਦੇ ਦਿਸ਼ਾ ਨਿਰਦੇਸ਼ਾਂ ਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਬਲਜਿੰਦਰ ਕੌਰ ਕਾਹਲੋਂ ਦੀ ਅਗਵਾਈ ਵਿੱਚ ਸਿਹਤ ਬਲਾਕ ਕੌਹਰੀਆਂ ਅਧੀਨ ਆਰ.ਬੀ. ਐੱਸ.ਕੇ. ਤਹਿਤ ਸਕੂਲ ਆਫ਼ ਐਮੀਨੈਂਸ ਛਾਜਲੀ ਵਿਖੇ ਸਿਹਤ ਵਿਭਾਗ ਵੱਲੋਂ ਇੱਕ ਵਿਸ਼ੇਸ਼ ਪ੍ਰੋਗਰਾਮ ਉਲੀਕਿਆ ਗਿਆ, ਜਿਸ ਵਿੱਚ ਅੱਖਾਂ ਦੀ ਨਿਗ੍ਹਾ ਦੀ ਕਮੀ ਵਾਲੇ 79 ਵਿਦਿਆਰਥੀਆਂ ਨੂੰ ਮੁਫ਼ਤ ਐਨਕਾਂ ਵੰਡੀਆਂ ਗਈਆਂ। ਸੀਨੀਅਰ ਮੈਡੀਕਲ ਅਫ਼ਸਰ ਡਾ. ਬਲਜਿੰਦਰ ਕੌਰ ਕਾਹਲੋਂ ਨੇ ਦੱਸਿਆ ਕਿ ਸਰਕਾਰ ਦਾ ਮੁੱਖ ਮਨੋਰਥ ਬੱਚਿਆਂ ਨੂੰ ਬਿਮਾਰੀਆਂ ਤੋਂ ਮੁਕਤ ਕਰਨਾ ਅਤੇ ਉਨ੍ਹਾਂ ਦੇ ਸਰਵਪੱਖੀ ਵਿਕਾਸ ਨੂੰ ਯਕੀਨੀ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਅੱਖਾਂ ਦੀ ਰੌਸ਼ਨੀ ਬੱਚਿਆਂ ਦੀ ਪੜ੍ਹਾਈ ਵਿੱਚ ਅਹਿਮ ਭੂਮਿਕਾ ਨਿਭਾਉਂਦੀ ਹੈ। ਅਕਸਰ ਬੱਚੇ ਬੋਰਡ 'ਤੇ ਲਿਖੇ ਸ਼ਬਦ ਨਾ ਪੜ੍ਹ ਸਕਣ ਕਾਰਨ ਪੜ੍ਹਾਈ ਵਿੱਚ ਪਿਛੜ ਜਾਂਦੇ ਹਨ। ਆਰ.ਬੀ.ਐੱਸ.ਕੇ. ਤਹਿਤ ਅਸੀਂ ਅਜਿਹੇ ਬੱਚਿਆਂ ਦੀ ਪਛਾਣ ਕਰਕੇ ਉਨ੍ਹਾਂ ਦਾ ਇਲਾਜ ਅਤੇ ਸਹਾਇਕ ਉਪਕਰਣ ਮੁਫ਼ਤ ਮੁਹੱਈਆ ਕਰਵਾ ਰਹੇ ਹਾਂ।ਆਰ. ਬੀ.ਐੱਸ.ਕੇ. ਟੀਮ ਦੇ ਡਾ. ਵਰਿੰਦਰ ਕੁਮਾਰ ਤੇ ਡਾ. ਕਨਿਕਾ ਬੱਗਾ ਨੇ ਦੱਸਿਆ ਕਿ ਪਿਛਲੇ ਦਿਨੀਂ ਸਕੂਲਾਂ ਵਿੱਚ ਲਗਾਏ ਗਏ ਚੈੱਕਅਪ ਕੈਂਪਾਂ ਦੌਰਾਨ ਉਨ੍ਹਾਂ ਬੱਚਿਆਂ ਦੀ ਨਿਸ਼ਾਨਦੇਹੀ ਕੀਤੀ ਗਈ ਸੀ ਜਿਨ੍ਹਾਂ ਦੀ ਨਿਗ੍ਹਾ ਘੱਟ ਸੀ। ਜਿਸ ਉਪਰੰਤ ਅਪਥਾਲਮਿਕ ਅਫ਼ਸਰ ਅਵਤਾਰ ਸਿੰਘ ਵੱਲੋਂ ਸਕੂਲ ਵਿੱਚ ਹੀ ਉਕਤ ਵਿਦਿਆਰਥੀਆਂ ਦੀ ਨਿਗ੍ਹਾ ਦੀ ਜਾਂਚ ਕੀਤੀ। ਉਨ੍ਹਾਂ ਕਿਹਾ ਕਿ ਮੋਬਾਈਲ ਅਤੇ ਸਕਰੀਨ ਦਾ ਵਧਦਾ ਇਸਤੇਮਾਲ ਬੱਚਿਆਂ ਦੀਆਂ ਅੱਖਾਂ 'ਤੇ ਮਾੜਾ ਪ੍ਰਭਾਵ ਪਾ ਰਿਹਾ ਹੈ, ਜਿਸ ਪ੍ਰਤੀ ਮਾਪਿਆਂ ਨੂੰ ਸੁਚੇਤ ਹੋਣ ਦੀ ਲੋੜ ਹੈ।ਨਰਿੰਦਰ ਪਾਲ ਸਿੰਘ ਬਲਾਕ ਐਜੂਕੇਟਰ ਨੇ ਹਾਜ਼ਰ ਵਿਦਿਆਰਥੀਆਂ ਨੂੰ ਦੱਸਿਆ ਕਿ ਅੱਖਾਂ ਦੀ ਸਿਹਤ ਲਈ ਹਰੀਆਂ ਸਬਜ਼ੀਆਂ ਅਤੇ ਵਿਟਾਮਿਨ-ਏ ਭਰਪੂਰ ਖ਼ੁਰਾਕ ਲੈਣੀ ਚਾਹੀਦੀ ਹੈ। ਅੱਖਾਂ ਨੂੰ ਵਾਰ-ਵਾਰ ਗੰਦੇ ਹੱਥਾਂ ਨਾਲ ਨਹੀਂ ਛੂਹਣਾ ਚਾਹੀਦਾ। ਪ੍ਰਿੰਸੀਪਲ ਗੁਰਵਿੰਦਰ ਸਿੰਘ ਨੇ ਸਿਹਤ ਵਿਭਾਗ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ।



# ਬਜਟ 'ਚ ਮਹਿਲਾਵਾਂ ਨਾਲ ਧੋਖਾ ਕੀਤਾ : ਗਗਨਦੀਪ ਸ਼ਰਮਾ

ਬਰੇਟਾ, 8 ਮਾਰਚ (ਨਰਿੰਦਰ ਬਾਂਸਲ, ਵਿਨੋਦ ਸਿੰਗਲਾ) ਪੰਜਾਬ ਸਰਕਾਰ ਵੱਲੋਂ ਪੇਸ਼ ਕੀਤੇ ਬਜਟ ਤੇ ਪ੍ਰਤੀਕਿਰਿਆ ਦਿੰਦੇ ਹੋਏ ਭਾਜਪਾ ਦੇ ਜਿਲਾ ਜਨਰਲ ਸਕੱਤਰ ਗਗਨਦੀਪ ਸ਼ਰਮਾਂ ਬਰੇਟਾ ਨੇ ਕਿਹਾ ਕਿ ਇਹ ਬਜਟ ਨਿਰਾ ਝੂਠ ਦਾ ਪੁਲੰਦਾ ਹੈ ਇਸ ਬਜਟ ਵਿੱਚ ਮਹਿਲਾਵਾਂ ਨਾਲ ਸਭ ਤੋਂ ਵੱਡਾ ਧੋਖਾ ਕੀਤਾ ਗਿਆ ਹੈ ਕਿਓ ਉਹਨਾਂ ਨੂੰ ਪਿਛਲੇ 48 ਮਹੀਨਿਆਂ ਦਾ 48000 ਦੇਣ ਦੀ ਬਜਾਏ ਸਿਰਫ 1000 ਦੇਣ ਦਾ ਐਲਾਨ ਕੀਤਾ ਗਿਆ ਹੈ ਅਤੇ ਉਹ ਵੀ ਨਹੀ ਦੱਸਿਆ ਕਿ ਕਦੋਂ ਤੋਂ ਦਿੱਤਾ ਜਾਵੇਗਾ।ਇਸ ਤੋਂ ਇਲਾਵਾ ਮੁਲਾਜਮਾਂ ਲਈ ਪੁਰਾਣੀ ਪੈਨਸ਼ਨ, ਕਿਸਾਨਾਂ, ਮਜਦੂਰਾਂ ਅਤੇ ਮੱਧ ਵਰਗ ਲਈ ਵੀ ਇਸ ਬਜਟ ਵਿੱਚ ਕੁਝ ਨਹੀ ਹੈ।



# ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਇਆ



ਲਹਿਰਾਗਾਗਾ 8 ਮਾਰਚ (ਰਾਮੇਸ਼ਵਰ ਸ਼ਰਮਾ/ਖੁਸਵਿੰਦਰ ਸ਼ਰਮਾ): ਸ਼ਿਵਮ ਕਾਲਜ ਆਫ ਐਜੂਕੇਸ਼ਨ ਖੋਖਰ ਕਲਾਂ ਵਿਖੇ ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਇਆ ਗਿਆ | ਇਸ ਮੌਕੇ ਕਾਲਜ ਦੇ ਚੇਅਰਮੈਨ ਅਨਿਲ ਕੁਮਾਰ ਗਰਗ ਜੀ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮਹਿਲਾਵਾਂ ਨੂੰ ਸਮਾਜ ਵਿੱਚ ਸਮਾਨ ਅਧਿਕਾਰ ਅਤੇ ਮੌਕੇ ਮਿਲਣੇ ਚਾਹੀਦੇ ਹਨ, ਇਸ ਦਿਨ ਮਹਿਲਾਵਾਂ ਦੀਆਂ ਉਪਲਬਧੀਆਂ ਨੂੰ ਸਨਮਾਨ ਦੇਣਾ ਚਾਹੀਦਾ ਹੈ[ਇਸ ਮੌਕੇ ਵਿੱਚ ਕਾਲਜ ਦੇ ਪ੍ਰਧਾਨ ਰਾਹੁਲ ਗਰਗ ਜੀ ਨੇ ਵਿਦਿਆਰਥੀਆਂ ਨੂੰ ਔਰਤ ਦਿਵਸ ਦੀ ਮਹੱਤਤਾ ਬਾਰੇ ਜਾਗਰੂਕ ਕਰਵਾਇਆ । ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾਕਟਰ ਰਮਨਦੀਪ ਕੌਰ ਨੇ ਕਿਹਾ ਜੋ ਸਮਾਜ ਮਹਿਲਾਵਾਂ ਨੂੰ ਸਹਿਯੋਗ ਦਿੰਦਾ ਹੈ ਉਹ ਸਮਾਜ ਤਰੱਕੀ ਕਰਦਾ ਹੈ । ਇਸ ਸਮਾਗਮ ਦੌਰਾਨ ਵਿਦਿਆਰਥੀਆਂ ਵਲੋਂ ਮਹਿਲਾ ਦਿਵਸ ਤੇ ਭਾਸ਼ਣ ਦਿੱਤੇ,ਰੰਗੋਲੀ ਅਤੇ ਚਾਰਟ ਵੀ ਬਣਾਏ ਗਏ|

# ਅਕਾਲੀ ਵਰਕਰਾਂ ਦੀ ਪਹਿਲੀ ਪਸੰਦ ਬਣਦੇ ਜਾ ਰਹੇ ਨੇ ਬਲਵਿੰਦਰ ਸਿੰਘ ਪਟਵਾਰੀ

ਬੁਢਲਾਡਾ, 8 ਮਾਰਚ (ਦਵਿੰਦਰ ਸਿੰਘ ਕੋਹਲੀ/ਜੀਵਨ ਕੁਮਾਰ): ਜਿਵੇਂ ਜਿਵੇਂ ਵਿਧਾਨ ਸਭਾ ਚੋਣਾਂ ਨਜ਼ਦੀਕ ਆ ਰਹੀਆਂ ਹਨ ਉਵੇਂ ਉਵੇਂ ਵੱਖ ਵੱਖ ਪਾਰਟੀਆਂ ਦੇ ਵਰਕਰਾਂ ਵਿੱਚ ਚੋਣਾਂ ਵਿੱਚ ਆਪਣੀ ਪਾਰਟੀ ਦੀ ਜਿੱਤ ਯਕੀਨੀ ਬਣਾਉਣ ਲਈ ਉਤਸ਼ਾਹ ਵਧਦਾ ਜਾ ਰਿਹਾ ਹੈ। ਜੇਕਰ ਗੱਲ ਅਕਾਲੀ ਦਲ ਦੀ ਕੀਤੀ ਜਾਵੇ ਤਾਂ ਪਿਛਲੀਆਂ ਦੋ ਵਿਧਾਨ ਸਭਾ ਚੋਣਾਂ ਪਾਰਟੀ ਬਾਹਰੀ ਉਮੀਦਵਾਰ ਹੋਣ ਅਤੇ ਵਰਕਰਾਂ ਨਾਲ ਤਾਲਮੇਲ ਦੀ ਘਾਟ ਕਾਰਨ ਹਾਰੀ ਹੈ।ਇਸ ਲਈ ਅਕਾਲੀ ਵਰਕਰ ਚਾਹੁੰਦੇ ਹਨ ਕਿ ਪਾਰਟੀ ਹਲਕੇ ਦਾ ਵਸਨੀਕ ਕੋਈ ਐਸਾ ਉਮੀਦਵਾਰ ਚੋਣ ਮੈਦਾਨ ਵਿੱਚ ਉਤਾਰੇ ਜੋ ਦਿਨ ਰਾਤ ਹਲਕੇ ਅੰਦਰ ਰਹਿਕੇ ਜਿੱਥੇ ਹਲਕਾ ਨਿਵਾਸੀਆਂ ਦੀਆਂ ਸਮੱਸਿਆਂਵਾਂ ਹੱਲ ਕਰਨ ਲਈ ਵਚਨਬੱਧ ਹੋਵੇ ਉੱਥੇ ਵਰਕਰਾਂ ਨਾਲ ਬੂਥ ਲੈਵਲ ਤੱਕ ਜੁੜਕੇ ਪਾਰਟੀ ਨੂੰ ਮਜ਼ਬੂਤ ਕਰ ਸਕੇ। ਅਜਿਹੇ ਵਿੱਚ ਕੀਤੇ ਗਏ ਇੱਕ ਗੁਪਤ ਸਰਵੇ ਅਨੁਸਾਰ ਪਿੰਡ ਹਾਕਮਵਾਲਾ ਦੇ ਟਕਸਾਲੀ ਅਕਾਲੀ ਪਰਿਵਾਰ ਦੇ ਜੰਮਪਲ ਸੀਨੀਅਰ ਅਕਾਲੀ ਆਗੂ ਬਲਵਿੰਦਰ ਸਿੰਘ ਪਟਵਾਰੀ ਅਕਾਲੀ ਵਰਕਰਾਂ ਦੀ ਪਹਿਲੀ ਪਸੰਦ ਬਣੇ ਹਨ। ਵਰਕਰਾਂ ਦਾ ਕਹਿਣਾ ਹੈ ਕਿ ਬੇਹੱਦ ਮਿਲਣਸਾਰ ਸੁਭਾਅ ਦੇ ਮਾਲਕ ਬਲਵਿੰਦਰ ਸਿੰਘ ਪਟਵਾਰੀ ਜਿੱਥੇ ਹਲਕਾ ਨਿਵਾਸੀਆਂ ਦੇ ਹਰ ਦੁੱਖ ਸੁੱਖ ਵਿੱਚ ਖੜਦੇ ਆ ਰਹੇ ਹਨ ਉੱਥੇ ਸਮਾਜਸੇਵਾ ਦੇ ਕਾਰਜਾਂ ਵਿੱਚ ਵੱਧ ਚੜਕੇ ਹਿੱਸਾ ਲੈਂਦੇ ਹਨ। ਜਦੋਂ ਕਿ ਹੋਰ ਟਿਕਟ ਦੇ ਦਾਅਵੇਦਾਰ ਕਹਾਉਣ ਵਾਲੇ ਸਿਰਫ ਚੋਣਾਂ ਵੇਲੇ ਹੀ ਹਲਕੇ ਵਿੱਚ ਦਿਖਾਈ ਦਿੰਦੇ ਹਨ ਜਦੋਂ ਕਿ ਆਮ ਸਮੇਂ ਵਿੱਚ ਵਰਕਰਾਂ ਜਾਂ ਹਲਕਾ ਨਿਵਾਸੀਆਂ ਦੀ ਸਾਰ ਨਹੀਂ ਲੈਂਦੇ। ਇਸਦੇ ਉਲਟ ਬਲਵਿੰਦਰ ਸਿੰਘ ਪਟਵਾਰੀ ਦਿਨ ਰਾਤ ਹਲਕੇ ਵਿੱਚ ਰਹਿ ਕੇ ਸ਼੍ਰੋਮਣੀ ਅਕਾਲੀ ਦਲ ਨੂੰ ਮਜ਼ਬੂਤ ਕਰ ਰਹੇ ਹਨ। ਜ਼ਿਕਰਯੋਗ ਹੈ ਕਿ ਪਿਛਲੀਆਂ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਵੇਲੇ ਅੱਕਾਂਵਾਲੀ ਜੋਨ ਤੋਂ ਪਾਰਟੀ ਦੇ ਚੋਣ ਨਿਸ਼ਾਨ ਤੇ ਚੋਣ ਲੜੇ ਬਲਵਿੰਦਰ ਸਿੰਘ ਪਟਵਾਰੀ ਸਰਕਾਰ ਵੱਲੋਂ ਅਤੇ ਕੁਝ ਅਕਾਲੀ ਆਗੂਆਂ ਵੱਲੋਂ ਉਹਨਾਂ ਨੂੰ ਹਰਾਉਣ ਲਈ ਜ਼ੋਰ ਲਗਾਉਣ ਦੇ ਬਾਵਜੂਦ ਬਲਵਿੰਦਰ ਸਿੰਘ ਪਟਵਾਰੀ ਆਮ ਆਦਮੀ ਪਾਰਟੀ ਦੇ ਉਮੀਦਵਾਰ ਤੋਂ ਨਾ ਮਾਤਰ ਵੋਟਾਂ ਦੇ ਫਰਕ ਨਾਲ ਚੋਣ ਹਾਰੇ ਜਦੋਂ ਕਿ ਜੋਨ ਵਿੱਚ ਕਾਫ਼ੀ ਪਿੰਡ ਹਲਕੇ ਤੋਂ ਬਾਹਰ ਦੇ ਸਨ। ਇਸ ਦੇ ਚਲਦਿਆਂ ਜੇਕਰ ਅਕਾਲੀ ਦਲ ਪਟਵਾਰੀ ਨੂੰ ਚੋਣ ਲੜਨ ਦਾ ਮੌਕਾ ਦਿੰਦਾ ਹੈ ਤਾਂ ਵੱਡੀ ਲੀਡ ਨਾਲ ਚੋਣ ਜਿੱਤਣ ਦੇ ਪੂਰੀ ਤਰ੍ਹਾਂ ਸਮਰੱਥ ਹਨ। ਅਪਣਾ ਨਾਮ ਗੁਪਤ ਰੱਖਣ ਦੀ ਸ਼ਰਤ ਤੇ ਅਕਾਲੀ ਵਰਕਰਾਂ ਨੇ ਆਖਿਆ ਕਿ ਜੇਕਰ ਪਾਰਟੀ ਇੱਕ ਵਾਰ ਫੇਰ ਹਲਕੇ ਤੋਂ ਬਾਹਰ ਦਾ ਉਮੀਦਵਾਰ ਚੋਣ ਮੈਦਾਨ ਵਿੱਚ ਉਤਾਰਦੀ ਹੈ ਤਾਂ ਪਾਰਟੀ ਨੂੰ ਇੱਕ ਵਾਰ ਫਿਰ ਹਾਰ ਦਾ ਸਾਹਮਣਾ ਕਰਨਾ ਪੈ ਸਕਦਾ ਹੈ।ਉੱਧਰ ਬਲਵਿੰਦਰ ਸਿੰਘ ਪਟਵਾਰੀ ਦਾ ਕਹਿਣਾ ਹੈ ਕਿ ਉਹ ਪਾਰਟੀ ਦੇ ਵਫ਼ਾਦਾਰ ਸਿਪਾਹੀ ਹਨ ਪਾਰਟੀ ਉਹਨਾਂ ਨੂੰ ਜੋ ਵੀ ਜ਼ੁੰਮੇਵਾਰੀ ਸੌਂਪਦੀ ਹੈ ਉਹ ਜ਼ੁੰਮੇਵਾਰੀ ਸ਼ਿੱਦਤ ਨਾਲ ਨਿਭਾਉਂਦੇ ਹਨ। ਉਹਨਾਂ ਆਖਿਆ ਕਿ ਟਿਕਟ ਕਿਸਨੂੰ ਦੇਣੀ ਹੈ ਇਹ ਪਾਰਟੀ ਹਾਈਕਮਾਂਡ ਫੈਸਲਾ ਕਰੇਗਾ ਅਤੇ ਉਹ ਪਾਰਟੀ ਦੀ ਮਜ਼ਬੂਤੀ ਲਈ ਇਸੇ ਤਰ੍ਹਾਂ ਹਲਕੇ ਅੰਦਰ ਕੰਮ ਕਰਦੇ ਰਹਿਣਗੇ।



# ਮੁਫਤ ਮੈਡੀਕਲ ਚੈਕਅਪ 'ਚ 71 ਲੋੜਵੰਦ ਮਰੀਜ਼ਾਂ ਦਾ ਚੈੱਕ ਅੱਪ ਤੇ ਦਿੱਤੀ ਦਵਾਈ

ਲਹਿਰਾਗਾਗਾ 8 ਮਾਰਚ (ਰਾਮੇਸ਼ਵਰ ਸ਼ਰਮਾ/ ਖੁਸ਼ਵਿੰਦਰ ਸ਼ਰਮਾ) ਬੇਸਹਾਰਾ ਜੀਵ ਜੰਤੂ ਵੈਲਫੇਅਰ ਸੁਸਾਇਟੀ ਅਤੇ ਜੈ ਸ਼੍ਰੀ ਮਹਾਂਕਾਲੀ ਮੰਦਿਰ ਕਮੇਟੀ ਵਲੋਂ ਸ਼੍ਰੀ ਬਾਵਾ ਨੰਦ ਜੀ ਦੇ ਸਹਿਯੋਗ ਨਾਲ ਉਹਨਾਂ ਦੀਆਂ ਪੋਤੀਆਂ ਕਾਵਿਆ ਅਤੇ ਜੀਆ ਦੇ ਜਨਮਦਿਨ ਦੀ ਖੁਸ਼ੀ ਵਿੱਚ ਪ੍ਰਧਾਨ ਸ਼੍ਰੀ ਰਕੇਸ਼ ਕੁਮਾਰ ਬਾਂਸਲ ਅਤੇ ਰਾਜ ਸ਼ਰਮਾ ਦੀ ਪ੍ਰਧਾਨਗੀ ਵਿੱਚ ਹਫਤਾਵਾਰ ਚੈਰੀਟੇਬਲ ਮੈਡੀਕਲ ਕੈਂਪ ਅਤੇ ਦਵਾਈਆਂ ਦਾ ਲੰਗਰ ਲਗਾਇਆ ਗਿਆ। ਜਿਸ ਮੌਕੇ ਉਹ ਅਤੇ ਓਹਨਾਂ ਦੇ ਬੇਟੇ ਸ਼੍ਰੀ ਰਾਜੇਸ਼ ਕੁਮਾਰ (ਪੰਚਾਇਤ ਸਕੱਤਰ) ਨੇ ਕੈਂਪ ਵਿੱਚ ਸ਼ਿਰਕਤ ਕੀਤੀ। ਅੱਜ ਦੇ ਇਸ ਕੈਂਪ ਵਿਚ ਡਾ. ਪ੍ਰਤੀਕ ਗਰਗ (ਐਮ.ਡੀ. ਮੈਡੀਸਨ) ਅਤੇ ਜਾਨਣਾ ਰੋਗਾਂ ਦੇ ਮਾਹਿਰ ਡਾਕਟਰ ਨੀਲਮ ਸਿੱਧੂ (ਐੱਮ.ਬੀ.ਬੀ.ਐੱਸ., ਡੀ.ਜੀ.ਓ.) ਦੁਆਰਾ 71 ਲੋੜਵੰਦ ਮਰੀਜਾਂ ਦਾ ਚੈੱਕਅਪ ਕੀਤਾ ਗਿਆ ਅਤੇ ਕੈਂਪ ਵਿੱਚ ਮੁਫ਼ਤ ਦਵਾਈ ਵੀ ਦਿੱਤੀ ਗਈ। ਇਸ ਤੋਂ ਇਲਾਵਾ ਇਹ ਸੰਸਥਾ ਦੁਆਰਾ ਹਰ ਰੋਜ਼ ਜ਼ਖ਼ਮੀ ਬੇਸਹਾਰਾ ਜਾਨਵਰਾਂ ਦਾ ਇਲਾਜ ਵੀ ਕੀਤਾ ਜਾਂਦਾ ਹੈ। ਇਹਨਾਂ ਸੰਸਥਾਵਾਂ ਦੁਆਰਾ ਲਾਇਫ਼ ਕੇਅਰ ਲੈਬੋਰੇਟਰੀ ਦਾ ਕਲੈਕਸ਼ਨ ਸੈਂਟਰ ਵੀ ਖੋਲ੍ਹਿਆ ਗਿਆ ਹੈ ਜਿਸ ਵਿੱਚ ਬਜ਼ਾਰ ਨਾਲੋਂ ਬਹੁਤ ਹੀ ਘੱਟ ਰੇਟਾਂ ਤੇ ਲੈਬ ਟੈਸਟ ਕੀਤੇ ਜਾਂਦੇ ਹਨ। ਇਸ ਮੌਕੇ ਸੰਸਥਾ ਦੇ ਅਮਨ ਗਰਗ ਜੈਕੀ,ਸੂਰਜ, ਅਰਸ਼ ਲੈਬ ਟੈਕਨੀਸ਼ੀਅਨ,ਮਾਸਟਰ ਅੰਕੁਰ ਜਿੰਦਲ ਸੁਨੀਲ ਰਿੰਕੂ ਡ੍ਰੇਸ,ਮਾਸਟਰ ਸੁਭਾਸ਼ ਕੁਮਾਰ,ਮਹੇਸ਼ ਕੁਮਾਰ ਮੇਸ਼ੀ,ਰੋਹਿਤ ਲੌਰਡ ਕ੍ਰਿਸ਼ਨਾ,ਕੁਲਭੂਸ਼ਣ(ਕੈਸ਼ੀਅਰ), ਸੋਮ ਨਾਥ ਸਿੰਗਲਾ ਅਤੇ ਹੋਰ ਮੈਂਬਰ ਵੀ ਹਾਜ਼ਰ ਰਹੇ।





# ਪਟਿਆਲਾ-ਆਸ/ਪਾਸ



# ਪੰਜਾਬੀ ਯੂਨੀਵਰਸਿਟੀ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਬਾਣੀ ਦੀ ਪਾਰਿਭਾਸ਼ਿਕ ਸ਼ਬਦਾਵਲੀ ਅਤੇ ਅਰਥ-ਪਰੰਪਰਾ ਦੇ ਵਿਕਾਸ 'ਤੇ ਹੋਇਆ ਖੋਜ ਕਾਰਜ

### ➢ਗੁਰੂ ਨਾਨਕ ਸਾਹਿਬ ਦੀ ਬਾਣੀ ਵਿਚਲੇ ਰਹੱਸਮਈ ਅਤੇ ਗੂੜ੍ਹ ਸ਼ਬਦਾਂ ਦੀਆਂ ਪਰਤਾਂ ਖੋਲ੍ਹਣ ਦਾ ਕੀਤਾ ਯਤਨ

ਪਟਿਆਲਾ, 8 ਮਾਰਚ (ਰੁਪਾਣਾ) : ਪੰਜਾਬੀ ਯੂਨੀਵਰਸਿਟੀ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਬਾਣੀ ਦੀ ਪਾਰਿਭਾਸ਼ਿਕ ਸ਼ਬਦਾਵਲੀ ਦੇ ਵਿਆਖਿਆਤਮਕ ਪਾਸਾਰਾਂ ਨੂੰ ਲੈ ਕੇ ਇੱਕ ਅਹਿਮ ਖੋਜ ਕਾਰਜ ਕੀਤਾ ਗਿਆ ਹੈ। ਯੂਨੀਵਰਸਿਟੀ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਧਰਮ ਅਧਿਐਨ ਵਿਭਾਗ ਵਿਖੇ ਇਹ ਖੋਜ ਕਾਰਜ ਨਿਗਰਾਨ ਡਾ. ਕੁਲਵਿੰਦਰ ਸਿੰਘ ਦੀ ਅਗਵਾਈ ਵਿੱਚ ਖੋਜਾਰਥੀ ਡਾ. ਜਤਿੰਦਰ ਕੌਰ ਵੱਲੋਂ ਕੀਤਾ ਗਿਆ ਹੈ। ਖੋਜਾਰਥੀ ਡਾ. ਜਤਿੰਦਰ ਕੌਰ ਨੇ ਦੱਸਿਆ ਕਿ ਇਹ ਖੋਜ ਅਰਥ-ਵਿਗਿਆਨਕ ਅਤੇ ਧਰਮ-ਸ਼ਾਸਤਰੀ ਪਰਿਪੇਖਾਂ ਰਾਹੀਂ ਗੁਰੂ ਨਾਨਕ ਸਾਹਿਬ ਦੀ ਬਾਣੀ ਵਿਚਲੇ ਰਹੱਸਮਈ ਅਤੇ ਗੂੜ੍ਹ ਸ਼ਬਦਾਂ ਦੀਆਂ ਪਰਤਾਂ ਖੋਲ੍ਹਣ ਦਾ ਯਤਨ ਕਰਦੀ ਹੈ। ਉਨ੍ਹਾਂ ਦੱਸਿਆ ਕਿ ਧਰਮਾਂ ਦੇ ਇਤਿਹਾਸ ਵਿੱਚ ਗੁਰੂ ਨਾਨਕ ਦੇਵ ਜੀ ਦੇ ਆਗਮਨ ਨੂੰ ਇੱਕ ਨਵੇਂ ਯੁੱਗ ਦਾ ਆਗਾਜ਼ ਮੰਨਦਿਆਂ, ਇਸ ਖੋਜ-ਪ੍ਰਬੰਧ ਵਿੱਚ ਦੱਸਿਆ ਗਿਆ ਹੈ ਕਿ ਗੁਰੂ ਸਾਹਿਬ ਦੁਆਰਾ 19 ਰਾਗਾਂ ਵਿੱਚ ਉਚਾਰਨ ਕੀਤੀ 974 ਸ਼ਬਦਾਂ ਦੀ ਬਾਣੀ ਕੇਵਲ ਕਿਸੇ ਖੇਤਰ ਵਿਸ਼ੇਸ਼ ਲਈ ਨਹੀਂ, ਸਗੋਂ ਸਮੁੱਚੀ ਮਨੁੱਖਤਾ ਦੇ ਕਲਿਆਣ ਲਈ ਹੈ। ਉਨ੍ਹਾਂ ਦੱਸਿਆ ਕਿ ਗੁਰਬਾਣੀ ਵਿੱਚ ਵਰਤੇ ਗਏ ਅਨੇਕਾਂ ਚਿੰਨ੍ਹ ਅਤੇ ਪ੍ਰਤੀਕ ਸਾਧਾਰਨ ਅਰਥਾਂ ਨਾਲੋਂ ਵੱਖਰੇ ਭਾਵ ਰੱਖਦੇ ਹਨ, ਜਿਨ੍ਹਾਂ ਨੂੰ ਸਮਝਣ ਲਈ ਗੁਰੂ-ਕਾਲ ਤੋਂ ਹੀ ਕੋਸ਼ਿਸ਼ਾਂ ਅਰੰਭ ਹੋ ਗਈਆਂ ਸਨ। ਇਸ ਅਧਿਐਨ ਲਈ ਪੰਜ ਪ੍ਰਮੁੱਖ ਟੀਕਿਆਂ— ਫਰੀਦਕੋਟੀ ਟੀਕਾ (ਗਿਆਨੀ ਬਦਨ ਸਿੰਘ ਸੇਖਵਾਂ), ਸ਼ਬਦਾਰਥ ਸ੍ਰੀ ਗੁਰੂ ਗ੍ਰੰਥ ਸਾਹਿਬ, ਸੰਥਯਾ ਸ੍ਰੀ ਗੁਰੂ ਗ੍ਰੰਥ ਸਾਹਿਬ (ਭਾਈ ਵੀਰ ਸਿੰਘ), ਸ੍ਰੀ ਗੁਰੂ ਗ੍ਰੰਥ ਸਾਹਿਬ ਦਰਪਣ (ਪ੍ਰੋ. ਸਾਹਿਬ ਸਿੰਘ) ਅਤੇ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਦਰਸ਼ਨ ਨਿਰਣੈ (ਗਿਆਨੀ ਹਰਿਬੰਸ ਸਿੰਘ) — ਦਾ ਤੁਲਨਾਤਮਕ ਅਧਿਐਨ ਕੀਤਾ ਗਿਆ ਹੈ।ਡਾ. ਕੁਲਵਿੰਦਰ ਸਿੰਘ ਨੇ ਦੱਸਿਆ ਕਿ ਖੋਜ ਦੌਰਾਨ ਕਈ ਅਣਗੌਲੇ ਤੱਥ ਸਾਹਮਣੇ ਆਏ ਹਨ, ਜੋ ਗੁਰਬਾਣੀ ਵਿਆਖਿਆਕਾਰੀ ਦੇ ਇਤਿਹਾਸ ਵਿੱਚ ਨਵਾਂ ਮੋੜ ਲਿਆਉਂਦੇ ਹਨ। ਅਧਿਐਨ ਸਿੱਧ ਕਰਦਾ ਹੈ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ 'ਪ੍ਰਯਾਯ' ਲਿਖਣ ਦੀ ਵਿਧੀ ਗੁਰੂ ਗੋਬਿੰਦ ਸਿੰਘ ਜੀ ਦੇ ਸਮਕਾਲੀ ਸਿੱਖ ਭਾਈ ਕੀਰਤ ਸਿੰਘ ਵੱਲੋਂ ਅਰੰਭੀ ਗਈ ਸੀ। ਗੁਰਬਾਣੀ ਕੋਸ਼ਕਾਰੀ ਬਾਰੇ ਖੋਜ ਕਰਦਿਆਂ ਇਹ ਗੱਲ ਸਾਹਮਣੇ ਆਈ ਕਿ ਜ਼ਿਆਦਾਤਰ ਵਿਦਵਾਨਾਂ ਨੇ ਕੋਸ਼ਕਾਰੀ ਦੀ ਸ਼ੁਰੂਆਤ ਪ੍ਰਯਾਯ ਲਿਖਣ ਦੇ ਅਰੰਭ ਤੋਂ ਹੀ ਮੰਨ



ਲਈ, ਜਿਸ ਕਰਕੇ ਵਿਧੀਵਤ ਕੋਸ਼ ਲਿਖਣ ਦੀ ਅਰੰਭਤਾ ਵੱਲ ਕਿਸੇ ਦਾ ਖ਼ਾਸ ਧਿਆਨ ਹੀ ਨਹੀਂ ਗਿਆ। ਇਸੇ ਕਾਰਣ ਪਹਿਲੇ ਕੋਸ਼ ਜਾਂ ਕੋਸ਼ਕਾਰ ਬਾਰੇ ਜਾਣਨ ਵਿਚ ਕੋਈ ਰੁਚੀ ਨਹੀਂ ਦਿਖਾਈ ਗਈ ਅਤੇ ਨਾ ਹੀ ਗੁਰਬਾਣੀ ਕੋਸ਼ਕਾਰੀ ਦੀ ਮੁਢਲੀ ਬਣਤਰ ਤੇ ਵਿਸ਼ੇਸ਼ਤਾਵਾਂ ਬਾਰੇ ਚਰਚਾ ਹੋ ਸਕੀ। ਖੋਜ ਦੌਰਾਨ ਇਹ ਜਾਣਨ ਦਾ ਮੌਕਾ ਮਿਲਿਆ ਕਿ ਗੁਰਬਾਣੀ ਕੋਸ਼ਾਂ ਵਿਚ ਸਭ ਤੋਂ ਪੁਰਾਤਨ ਕੋਸ਼ ਆਦ ਸ੍ਰੀ ਗੁਰੂ ਗ੍ਰੰਥ ਪਦਾਰਥ ਪ੍ਰਕਾਸ ਕੋਸ ਹੈ ਜੋ 1888 ਈ. ਵਿਚ (ਭਾਈ) ਭਗਵਾਨ ਸਿੰਘ ਦੁਆਰਾ ਤਿਆਰ ਕੀਤਾ ਗਿਆ ਸੀ। ਉਨ੍ਹਾਂ ਦੱਸਿਆ ਕਿ ਖੋਜ ਨੇ ਪ੍ਰਯਾਯਾਂ ਅਤੇ ਕੋਸ਼ਾਂ ਦੇ ਨਿਖੇੜੇ ਨੂੰ ਸਪਸ਼ਟ ਕਰਦਿਆਂ ਦੱਸਿਆ ਕਿ ਪ੍ਰਯਾਯਾਂ ਵਿੱਚ ਅਰਥ ਦੇਣ ਦੀ ਤਰਤੀਬ ਸ੍ਰੀ ਗੁਰੂ ਗ੍ਰੰਥ ਸਾਹਿਬ ਅਨੁਸਾਰ ਹੁੰਦੀ ਹੈ, ਜਦੋਂ ਕਿ ਕੋਸ਼ ਅੱਖਰ-ਕ੍ਰਮ @ਤੇ ਆਧਾਰਿਤ ਹੁੰਦੇ ਹਨ। ਆਮ ਧਾਰਨਾ ਦੇ ਉਲਟ, ਖੋਜ ਨੇ 1888 ਈ. ਵਿੱਚ ਭਾਈ ਭਗਵਾਨ ਸਿੰਘ ਦੁਆਰਾ ਤਿਆਰ ਕੀਤੇ ਗਏ 'ਆਦ ਸ੍ਰੀ ਗੁਰੂ ਗ੍ਰੰਥ ਪਦਾਰਥ ਪ੍ਰਕਾਸ ਕੋਸ' ਨੂੰ ਗੁਰਬਾਣੀ ਕੋਸ਼ਕਾਰੀ ਦਾ ਮੁੱਢਲਾ ਅਤੇ ਪੁਰਾਤਨ ਕੋਸ਼ ਸਾਬਤ ਕੀਤਾ ਹੈ। ਉਨ੍ਹਾਂ ਦੱਸਿਆ ਕਿ ਸ਼ਬਦਾਵਲੀ ਨੂੰ ਤਿੰਨ ਸ਼੍ਰੇਣੀਆਂ ਵਿੱਚ ਵੰਡਿਆ ਹੈ— ਉਹ ਸ਼ਬਦ ਜਿਨ੍ਹਾਂ ਦੇ ਅਰਥ ਸਾਰੇ ਟੀਕਿਆਂ ਵਿੱਚ ਇਕੋ ਜਿਹੇ ਹਨ, ਉਹ ਜਿਨ੍ਹਾਂ ਵਿੱਚ ਅੰਸ਼ਕ ਸਮਾਨਤਾ ਹੈ, ਅਤੇ ਉਹ ਜਿਨ੍ਹਾਂ ਦੇ ਅਰਥ ਬਿਲਕੁਲ ਵੱਖੋ-ਵੱਖਰੇ ਹਨ। ਅਧਿਐਨ ਦਾ ਕੇਂਦਰ ਦੂਜੀ ਅਤੇ ਤੀਜੀ ਸ਼੍ਰੇਣੀ ਦੇ ਲਗਭਗ 170 ਸ਼ਬਦ ਰਹੇ ਹਨ।ਉਨ੍ਹਾਂ ਦੱਸਿਆ ਕਿ ਖੋਜ ਦੌਰਾਨ ਇਹ ਸਪੱਸ਼ਟ ਹੋਇਆ ਕਿ ਗੁਰਬਾਣੀ ਦੇ ਅਰਥਾਂ ਵਿੱਚ ਵਿਆਖਿਆਤਮਕ ਪਾਸਾਰਾਂ ਦਾ ਮੁੱਖ ਕਾਰਨ ਟੀਕਾਕਾਰਾਂ ਦੇ ਮਨ ਵਿੱਚ ਵਸਿਆ ਹੋਇਆ ਸਿੱਖ ਚਿੰਤਨ ਹੈ। ਸਿੱਖ ਸਿਧਾਂਤਾਂ ਦੀ ਤਰਜਮਾਨੀ ਕਰਨ ਕਾਰਨ ਹੀ ਟੀਕਾਕਾਰਾਂ ਦੇ ਅਰਥ ਕੋਸ਼ਗਤ ਅਰਥਾਂ ਨਾਲੋਂ ਭਿੰਨ ਅਤੇ ਵਧੇਰੇ ਡੂੰਘੇ ਦਿਖਾਈ ਦਿੰਦੇ ਹਨ।ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਇਸ ਖੋਜ ਕਾਰਜ ਦੀ ਮਹੱਤਤਾ ਬਾਰੇ ਬੋਲਦਿਆਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਬਾਣੀ ਸਮੁੱਚੀ ਮਾਨਵਤਾ ਲਈ ਗਿਆਨ ਦਾ ਅਥਾਹ ਸਾਗਰ ਹੈ। ਉਨ੍ਹਾਂ ਕਿਹਾ ਕਿ ਅਜੋਕੇ ਸਮੇਂ ਵਿੱਚ ਗੁਰਬਾਣੀ ਦੇ ਅਰਥਾਂ ਨੂੰ ਵਿਗਿਆਨਕ ਅਤੇ ਧਰਮ-ਸ਼ਾਸਤਰੀ ਦ੍ਰਿਸ਼ਟੀਕੋਣ ਤੋਂ ਸਮਝਣਾ ਬਹੁਤ ਜ਼ਰੂਰੀ ਹੈ, ਤਾਂ ਜੋ ਨਵੀਂ ਪੀੜ੍ਹੀ ਨੂੰ ਗੁਰਮਤਿ ਸਿਧਾਂਤਾਂ ਦੀ ਡੂੰਘੀ ਸਮਝ ਲੱਗ ਸਕੇ।

## ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪੰਜਾਬ 'ਚ ਧਾਰਮਿਕ ਵਿਸ਼ੇ ਨੂੰ ਕਾਇਮ ਰੱਖਣ ਲਈ ਸਕੂਲ ਖੋਲ੍ਹੇ: ਜਥੇ: ਬਘੌਰਾ

### ਗਿਆਨੀ ਕੁਲਦੀਪ ਸਿੰਘ ਗੜਗੱਜ ਤੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਮੰਗ ਪੱਤਰ ਦਿੱਤਾ

ਘਨੌਰ, 8 ਮਾਰਚ (ਮਦਨ ਲਾਲ) : ਪੰਜਾਬ ਦੇ ਵਿੱਚ ਸਿੱਖੀ ਦਾ ਪਹਿਰਾਵਾ ਘਟਨ ਅਤੇ ਪ੍ਰਚਾਰ ਘਟਣ ਦੇ ਨਾਲ ਪੰਜਾਬ ਦੇ ਵਿੱਚ ਜਿਹੜੀ ਸਿੱਖਿਆ ਹੈ ਉਸਨੂੰ ਪੰਜਾਬੀ ਪੱਧਰ 'ਤੇ ਅਤੇ ਧਾਰਮਿਕ ਪੱਧਰ 'ਤੇ ਉੱਚਾ ਚੁੱਕਣ ਦੀ ਲੋੜ ਹੈ। ਇਸ ਦੀ ਜਾਣਕਾਰੀ ਸਾਂਝੀ ਕਰਦਿਆਂ ਜਥੇਦਾਰ ਸੁਖਜੀਤ ਸਿੰਘ ਬਘੌਰਾ ਪ੍ਰਚਾਰ ਸਕੱਤਰ ਸ਼੍ਰੋਮਣੀ ਅਕਾਲੀ ਦਲ ਮੀਡੀਆ ਦੇ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਅੰਮ੍ਰਿਤਸਰ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਇੱਕ ਮੰਗ ਪੱਤਰ ਦਿੱਤਾ ਹੈ। ਇਸ ਮੰਗ ਦੇ ਵਿੱਚ ਉਹਨਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਅਪੀਲ ਕਰਦਿਆਂ ਕਿਹਾ ਕਿ ਆਉਣ ਵਾਲੇ ਬਜਟ ਵਿੱਚ ਪਿੰਡਾਂ ਦੇ ਵਿੱਚ ਦੇ ਦਸ ਜੋਨ ਬਣਾ ਕੇ ਧਾਰਮਿਕ ਵਿੱਦਿਆ ਦੇ ਸਕੂਲ ਖੋਲ੍ਹੇ ਜਾਣ ਅਤੇ ਪੜ੍ਹਾਈ ਕਰਨ ਵਾਲੇ ਬੱਚਿਆਂ ਦਾ ਜਿਹੜਾ ਪਹਿਰਾਵਾ ਉਹ ਸਿੱਖੀ ਸਰੂਪ ਵਿੱਚ ਹੋਵੇ ਅਤੇ ਸਕੂਲ ਦੀ ਕੋਈ ਵੀ ਫੀਸ ਨਾ ਰੱਖੀ ਜਾਵੇ। ਜਥੇਦਾਰ ਸੁਖਜੀਤ ਸਿੰਘ ਬਘੌਰਾ ਨੇ ਕਿਹਾ ਕਿ



ਸਾਡੀ ਸਿੱਖੀ ਦਾ ਮਿਆਰ ਬਹੁਤ ਥੱਲੇ ਜਾ ਰਿਹਾ। ਇਸ ਨੂੰ ਉੱਚਾ ਚੁੱਕਣ ਦੀ ਲੋੜ ਹੈ ਤੇ ਉਹਨਾਂ ਨੇ ਸਿੰਘ ਸਾਹਿਬ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਨੂੰ ਹੀ ਬੇਨਤੀ ਕਰਦੇ ਹੋਏ ਕਿਹਾ ਕਿ ਇਸ ਮਸਲੇ ਨੂੰ ਪਹਿਲ ਦੇ ਤੌਰ 'ਤੇ ਜਿੱਥੇ ਸਰਕਾਰਾਂ ਫੇਲ ਹੋ ਗਈਆਂ ਤਾਂ ਸ਼੍ਰੋਮਣੀ ਕਮੇਟੀ ਤੇ ਆਪਣੇ ਪੱਧਰ 'ਤੇ ਉਪਰਾਲਾ ਲਵੇ ਤੇ ਜਥੇਦਾਰ ਸੁਖਜੀਤ ਸਿੰਘ ਬਘੌਰਾ ਨੇ ਸੰਤ ਸਮਾਜ ਕਾਰ ਸੇਵਾ ਸੰਪਰਦਾਵਾਂ ਨੂੰ ਬੇਨਤੀ ਕਰਦੇ ਹੋਏ ਕਿਹਾ ਕਿ ਉਹ ਇਸ ਦੇ ਵਿੱਚ ਆਪਣਾ ਸਹਿਯੋਗ ਦੇ ਕੇ ਇਸ ਪੰਜਾਬ ਨੂੰ ਪੰਜਾਬੀ ਦੇ ਤੌਰ 'ਤੇ ਅਤੇ ਧਾਰਮਿਕ ਤੌਰ 'ਤੇ ਵਿਕਸਿਤ ਕਰੀਏ ਤਾਂ ਕਿ ਸਾਡੀ ਜਿਹੜੀ ਜਵਾਨੀ ਹੈ ਉਹ ਸਿੱਖ ਖੀ ਦੀ ਪੜ੍ਹਾਈ ਕਰਕੇ ਧਾਰਮਿਕ ਵਿੱਦਿਆ ਹਾਸਿਲ ਕਰਕੇ ਆਪਣੇ ਵਿਰਸੇ ਬਾਰੇ ਜਾਣੂੰ ਹੋ ਸਕਣ। ਅਖੀਰ ਵਿੱਚ ਜਥੇਦਾਰ ਸੁਖਜੀਤ ਸਿੰਘ ਬਘੌਰਾ ਨੇ ਕਿਹਾ ਕਿ ਪਿੰਡਾਂ ਦੇ ਵਿੱਚ ਜੋਨ ਬਣਾ ਕੇ ਸਕੂਲ ਖੋਲ੍ਹੇ ਜਾਣ ਅਤੇ ਜਿਨ੍ਹਾਂ ਦੇ ਵਿੱਚ ਧਾਰਮਿਕ ਵਿਸ਼ੇ ਦੀ ਪੜ੍ਹਾਈ ਹੋਵੇ ਅਤੇ ਪੰਜਾਬੀ ਵਿਸ਼ੇ ਦੀ ਪੜ੍ਹਾਈ ਹੋਵੇ ਇਸ ਤੋਂ ਉਪਰੰਤ ਬੱਚੇ ਜਿਹੜੇ ਸਿੱਖੀ ਸਰੂਪ ਵਿੱਚ ਹੋਣ ਤੇ ਅਤੇ ਸਕੂਲ ਦੇ ਜਿਹੜੇ ਟੀਚਰ ਹੋਣ ਉਹ ਵੀ ਸਿੱਖੀ ਸਰੂਪ ਦੇ ਵਿੱਚ ਆਉਣ ਤਾਂ ਕਿ ਆਪਣੇ ਵਿਰਸੇ ਨੂੰ ਕਾਇਮ ਰੱਖਿਆ ਜਾ ਸਕੇ।

## ਬੇਅਦਬੀ ਦੇ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਪੰਜਾਬ ਸਰਕਾਰ ਮੌਜੂਦਾ ਸੈਸ਼ਨ ਦੌਰਾਨ ਸਖ਼ਤ ਤੋਂ ਸਖ਼ਤ ਕਾਨੂੰਨ ਬਣਾਵੇ : ਪ੍ਰੋ. ਬਡੂੰਗਰ

ਪਟਿਆਲਾ, 8 ਮਾਰਚ (ਰੁਪਾਣਾ) : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋਫੈਸਰ ਕਿਰਪਾਲ ਸਿੰਘ ਬਡੂੰਗਰ ਨੇ ਵੱਖ-ਵੱਖ ਥਾਵਾਂ 'ਤੇ ਹੋ ਰਹੀਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀਆਂ 'ਤੇ ਗਹਿਰੀ ਚਿੰਤਾ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਚਾਲੂ ਸੈਸ਼ਨ ਦੌਰਾਨ ਹੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਰੋਕਣ ਲਈ ਸਖਤ ਕਾਨੂੰਨ ਬਣਾਵੇ।ਉਹਨਾਂ ਕਿਹਾ ਕਿ ਹਰ ਧਰਮ, ਧਾਰਮਿਕ ਗ੍ਰੰਥ ਅਤੇ ਧਾਰਮਿਕ ਸਥਾਨ ਦੀ ਰੱਖਿਆ ਕਰਨੀ ਸਰਕਾਰ ਦੀ ਜਿੰਮੇਵਾਰੀ ਹੁੰਦੀ ਹੈ ਤੇ ਸਰਕਾਰ ਨੂੰ ਆਪਣੀ ਬਣਦੀ ਜਿੰਮੇਵਾਰੀ ਨੂੰ ਜਿੰਮੇਵਾਰਾਨਾ ਢੰਗ ਨਾਲ ਨਿਭਾਉਣੀ ਚਾਹੀਦੀ ਹੈ।ਉਹਨਾਂ ਕਿਹਾ ਕਿ ਜਿੱਥੇ ਪੰਜਾਬ ਵਿੱਚ ਪਹਿਲਾਂ ਵੱਖ-ਵੱਖ ਥਾਵਾਂ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀਆਂ ਦੇ ਮਾਮਲੇ ਸਾਹਮਣੇ ਆਏ ਹਨ ਉੱਥੇ ਹੀ ਹੁਣ ਨਵਾਂ ਮਾਮਲਾ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਕਸਬੇ ਸਠਿਆਲਾ ਵਿਖੇ ਵੀ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦਾ ਮਾਮਲਾ ਸਾਹਮਣੇ ਆਇਆ ਹੈ, ਜਿਸ ਦੀ ਉਹ ਸਖਤ ਸ਼ਬਦਾਂ ਵਿੱਚ ਨਿੰਦਾ ਕਰਦੇ ਹਨ ।ਪ੍ਰੋਫੈਸਰ ਬਡੂੰਗਰ ਨੇ ਕਿਹਾ ਕਿ ਹੈਰਾਨੀ ਵਾਲੀ ਗੱਲ ਹੈ ਕਿ ਜੋ ਸ਼ਖਸ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀਆਂ ਨੂੰ ਅੰਜਾਮ ਦਿੰਦੇ ਹਨ ਤੇ ਉਹ ਫੜੇ ਜਾਣ ਤੇ ਮਾਨਸਿਕ ਤੌਰ ਤੇ ਪਰੇਸ਼ਾਨ ਦੱਸ ਕੇ ਛੱਡ ਦਿੱਤੇ ਜਾਂਦੇ ਹਨ ਜਾਂ ਉਹਨਾਂ ਨੂੰ ਰਿਲੀਫ ਦੇ ਦਿੱਤੀ ਜਾਂਦੀ ਹੈ। ਉਹਨਾਂ ਕਿਹਾ ਕਿ ਇਹ ਮਾਨਸਿਕ ਸੰਤੁਲਨ ਖੋਹ ਚੁੱਕੇ ਵਿਅਕਤੀਆਂ ਵੱਲੋਂ ਸਿੱਖਾਂ ਦੇ ਗੁਰਦੁਆਰਾ ਸਾਹਿਬਾਨ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀਆਂ ਹੀ ਕਿਉਂ ਕੀਤੀਆਂ ਜਾਂਦੀਆਂ ਹਨ, ਜੋ ਕਿ ਇੱਕ ਵੱਡਾ ਸਵਾਲ ਸਮਾਜ ਵਿੱਚ ਦੇਖਣ ਤੇ ਸੁਣਨ ਨੂੰ ਮਿਲਦਾ ਹੈ । ਪ੍ਰੋਫੈਸਰ ਬਡੂੰਗਰ ਨੇ ਕਿਹਾ ਕਿ ਜਦੋਂ ਤੱਕ ਬੇਅਦਬੀਆਂ ਦੇ ਮਾਮਲੇ ਸਬੰਧੀ ਸਖਤ ਤੋਂ ਸਖਤ ਕਾਨੂੰਨ ਨਹੀਂ ਬਣਾਏ ਜਾਂਦੇ ਅਤੇ ਬੇਅਦਬੀਆਂ ਕਰਨ ਵਾਲਿਆਂ ਨੂੰ ਸਖਤ ਸਜ਼ਾਵਾਂ ਨਿਸ਼ਚਿਤ ਸਮੇਂ ਵਿੱਚ ਨਹੀਂ ਦਿੱਤੀਆਂ ਜਾਂਦੀਆਂ ਉਦੋਂ ਤੱਕ ਅਜਿਹੇ ਨੂੰ ਕਿਸੇ ਤਰ੍ਹਾਂ ਦਾ ਡਰ ਭੈ ਨਹੀਂ ਰਹੇਗਾ, ਕਿਉਂਕਿ ਸਖਤ ਤੋਂ ਸਖਤ ਸਜ਼ਾਵਾਂ ਮਿਲਣ 'ਤੇ ਹੀ ਉਹ ਡਰ ਦੇ ਘੇਰੇ ਵਿੱਚ ਆ ਸਕਣਗੇ।



## ਨਾਭਾ ਫੂਡ ਵੈਲਫੇਅਰ ਐਸੋਸੀਏਸ਼ਨ ਵੱਲੋਂ ਐਸ.ਐਚ. ਓ. ਥਾਣਾ ਕੋਤਵਾਲੀ ਨਾਲ ਮੁਲਾਕਾਤ



ਨਾਭਾ, 8 ਮਾਰਚ (ਬਲਜਿੰਦਰ ਮਾਨ) : ਫੂਡ ਵੇਲਫੇਅਰ ਐਸੋਸੀਏਸ਼ਨ ਨਾਭਾ ਵੱਲੋਂ ਪ੍ਰਧਾਨ ਭੁਪਿੰਦਰ ਸਿੰਘ ਦੀ ਅਗਵਾਈ ਹੇਠ ਐਸ.ਐਸ.ਓ. ਥਾਣਾ ਕੋਤਵਾਲੀ ਨਾਭਾ ਸੌਰਵ ਸੱਭਰਵਾਲ ਨਾਲ ਮੁਲਾਕਾਤ ਕਰਨ ਸਮੇਂ ਉਨ੍ਹਾਂ ਦੀ ਵਧੀਆ ਕਾਰਗੁਜ਼ਾਰੀ ਦੀ ਸ਼ਲਾਘਾ ਕੀਤੀ ਤੇ ਉਨ੍ਹਾਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਐਸ.ਐਸ.ਓ. ਸੱਭਰਵਾਲ ਨੇ ਸ਼ਾਹੀ ਅਤੇ ਸ਼ੁੱਧ ਪਕਵਾਨ ਨਾਭੇ ਦੀ ਸ਼ਾਨ ਬੈਨਰ ਹੇਠ ਬਣੀ ਰੇਹੜੀ ਮਾਰਕਿਟ ਦੇ ਸੰਚਾਲਕਾਂ ਨੂੰ ਹੱਲਾਸ਼ੇਰੀ ਦਿੰਦਿਆਂ ਕਿਹਾ ਕਿ ਅਜੋਕੇ ਸਮੇਂ ਦੌਰਾਨ ਪੜ੍ਹੇ ਲਿਖੇ ਨੌਜਵਾਨਾਂ ਵੱਲੋਂ ਸਹਾਇਕ ਧੰਦਿਆਂ ਨੂੰ ਅਪਨਾਉਣਾ ਬਹੁਤ ਚੰਗੀ ਗੱਲ ਹੈ। ਇਸ ਮੌਕੇ ਉਨ੍ਹਾਂ ਨਾਲ ਸੈਕਟਰੀ ਭੁਪਿੰਦਰ ਸਿੰਘ, ਮੀਤ ਪ੍ਰਧਾਨ ਗੌਰਵ, ਨਰਿੰਦਰ ਸਿੰਘ, ਕਾਕਾ ਸਿੰਘ, ਮੋਹਿਤ ਸਰਮਾ, ਲਾਲ ਸਿੰਘ ਤੇ ਐਸੋਸੀਏਸ਼ਨ ਦੇ ਮੈਂਬਰ ਮੌਜੂਦ ਸਨ।

## ਸੁਰਜੀਤ ਸਿੰਘ ਰੱਖੜਾ ਵੱਲੋਂ ਪਾਰਟੀ ਦੀ ਲਾਮਬੰਦੀ ਲਈ ਸਮਾਣਾ 'ਚ ਪਿੰਡ ਪੱਧਰ 'ਤੇ ਮੀਟਿੰਗਾਂ ਦਾ ਸਿਲਸਿਲਾ ਜਾਰੀ



ਸਮਾਣਾ, 8 ਮਾਰਚ (ਜਵੰਦਾ) : ਹਲਕਾ ਸਮਾਣਾ ਵਿੱਚ ਪਾਰਟੀ ਦੀ ਸੰਗਠਨਾਤਮਕ ਮਜ਼ਬੂਤੀ ਲਈ ਪਿੰਡ ਪੱਧਰ 'ਤੇ ਮੀਟਿੰਗਾਂ ਦਾ ਦੌਰ ਲਗਾਤਾਰ ਜਾਰੀ ਹੈ। ਇਸੇ ਤਹਿਤ ਸਾਬਕਾ ਕੈਬਨਿਟ ਮੰਤਰੀ ਅਤੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸੀਨੀਅਰ ਆਗੂ ਸੁਰਜੀਤ ਸਿੰਘ ਰੱਖੜਾ ਵੱਲੋਂ ਪਿੰਡ ਵੜੈਚਾਂ ਪੱਤੀ ਵਿਖੇ ਪਾਰਟੀ ਵਰਕਰਾਂ ਨਾਲ ਇੱਕ ਅਹਿਮ ਮੀਟਿੰਗ ਕੀਤੀ ਗਈ। ਜਿਸ ਦੌਰਾਨ ਪਾਰਟੀ ਦੀਆਂ ਭਵਿੱਖੀ ਰਣਨੀਤੀਆਂ ਅਤੇ ਸੰਗਠਨਾਤਮਕ ਗਤੀਵਿਧੀਆਂ ਬਾਰੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੀਟਿੰਗ ਦੌਰਾਨ ਸੁਰਜੀਤ ਸਿੰਘ ਰੱਖੜਾ ਨੇ ਕਿਹਾ ਕਿ ਪਾਰਟੀ ਦੀ ਮਜ਼ਬੂਤੀ ਦਾ ਆਧਾਰ ਜੁਝਾਰੂ ਵਰਕਰ ਹਨ, ਜੋ ਹਰ ਸਮੇਂ ਲੋਕਾਂ ਦੀ ਸੇਵਾ ਅਤੇ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਹਮੇਸ਼ਾ ਤਤਪਰ ਰਹਿੰਦੇ ਹਨ। ਉਨ੍ਹਾਂ ਕਿਹਾ ਕਿ ਪਿੰਡ ਪੱਧਰ 'ਤੇ ਵਰਕਰਾਂ ਨਾਲ ਸਿੱਧਾ ਸੰਪਰਕ ਬਣਾਈ ਰੱਖਣ ਨਾਲ ਪਾਰਟੀ ਹੋਰ ਮਜ਼ਬੂਤ ਹੁੰਦੀ ਹੈ। ਉਨ੍ਹਾਂ ਵਰਕਰਾਂ ਨੂੰ ਅਪੀਲ ਕੀਤੀ ਕਿ ਪਾਰਟੀ ਦੀਆਂ ਨੀਤੀਆਂ ਅਤੇ ਵਿਚਾਰਧਾਰਾ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਇਕਜੁੱਟ ਹੋ ਕੇ ਕੰਮ ਕੀਤਾ ਜਾਵੇ। ਇਸ ਮੌਕੇ ਪਾਰਟੀ ਵਰਕਰਾਂ ਨੇ ਵੀ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਪਾਰਟੀ ਨੂੰ ਹਲਕੇ ਵਿੱਚ ਹੋਰ ਮਜ਼ਬੂਤ ਕਰਨ ਲਈ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ।

## ਐਡੂਮੌਂਟ ਵਰਲਡ ਸਕੂਲ 'ਚ ਦੋ ਦਿਨਾਂ ਵਰਕਸ਼ਾਪ ਕਰਵਾਈ



ਨਾਭਾ, 8 ਮਾਰਚ (ਬਲਜਿੰਦਰ ਮਾਨ) : ਨਾਭਾ ਦੇ ਪ੍ਰਸਿੱਧ ਐਡੂਮੌਂਟ ਵਰਲਡ ਸਕੂਲ ਨੇ NEP-2020 ਦੇ ਦ੍ਰਿਸ਼ਟੀਕੋਣ ਦੇ ਅਨੁਸਾਰ Project-Based Learning (PBL) ਬਾਰੇ ਦੋ ਦਿਨਾਂ ਦੀ ਵਰਕਸ਼ਾਪ ਸਫਲਤਾਪੂਰਵਕ ਆਯੋਜਿਤ ਕੀਤੀ ਗਈ। ਇਸ ਵਰਕਸ਼ਾਪ ਦੀ ਅਗਵਾਈ Agnes Joseph ਨੇ ਕੀਤੀ, ਜੋ Propel Thy Learning ਨਾਲ ਸੰਬੰਧਿਤ ਹਨ। ਇਸ ਪ੍ਰੋਗਰਾਮ ਦੀ ਦੇਖ- ਰੇਖ ਅਤੇ ਆਯੋਜਨ ਮੈਡਮ ਪ੍ਰਭਜੋਤ ਕੌਰ ਵੱਲੋਂ ਕੀਤਾ ਗਿਆ । ਸਕੂਲ ਵੱਲੋਂ ਇਹ ਵੀ ਐਲਾਨ ਕੀਤਾ ਗਿਆ ਕਿ 2026-27 ਅਕਾਦਮਿਕ ਸੈਸ਼ਨ ਤੋਂ ਕਲਾਸ 1 ਤੋਂ 8 ਤੱਕ Project -Based Learning ਪ੍ਰਣਾਲੀ ਲਾਗੂ ਕਰਨ ਲਈ Propel Thy Learning ਨਾਲ ਅਕਾਦਮਿਕ ਸਹਿਯੋਗ ਕੀਤਾ ਗਿਆ ਹੈ । ਪ੍ਰਿੰਸੀਪਲ ਚੰਦਰਾ ਦਾਸ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਪਹਿਲਕਦਮੀਆਂ ਵਿਦਿਆਰਥੀਆਂ ਵਿੱਚ ਆਲੋਚਨਾਤਮਕ ਸੋਚ, ਸਹਿਯੋਗ ਅਤੇ ਅਸਲੀ ਜ਼ਿੰਦਗੀ ਦੀਆਂ ਸਮੱਸਿਆਵਾਂ ਦੇ ਹੱਲ ਲੱਭਣ ਦੀ ਸਮਰੱਥਾ ਨੂੰ ਵਿਕਸਿਤ ਕਰਨ ਵਿੱਚ ਮਦਦ ਕਰਦੀਆਂ ਹਨ।

## ਹਰਜੀਤ ਸਿੰਘ ਖੇੜੀ ਸਿਵਲ ਸਪਲਾਈ ਇੰਸਪੈਕਟਰ ਯੂਨੀਅਨ ਪੰਜਾਬ ਦੇ ਪ੍ਰਧਾਨ ਬਣੇ

### ➢ਯਾਦਵਿੰਦਰ ਸਿੰਘ ਉਪ ਪ੍ਰਧਾਨ ਤੇ ਰਜੇਸ਼ ਬਾਂਸਲ ਜਨਰਲ ਸਕੱਤਰ ਚੁਣੇ

ਸ਼ੇਰਪੁਰ , 8 ਮਾਰਚ (ਬਲਜੀਤ ਸਿੰਘ ਟਿੱਬਾ) : ਖੁਰਾਕ ਸਪਲਾਈ ਵਿਭਾਗ ਪੰਜਾਬ ਵਿਚ ਕੰਮ ਕਰਦੇ ਸਮੂਹ ਨਿਰੀਖਕਾਂ ਦੇ ਹੱਕਾਂ ਲਈ ਕੰਮ ਕਰਦੀ ਜਥੇਬੰਦੀ ਇੰਸਪੈਕਟਰ ਯੂਨੀਅਨ ਪੰਜਾਬ ਦੇ ਪ੍ਰਮੁੱਖ ਅਹੁਦੇਦਾਰਾਂ ਦੀ ਚੋਣ ਕਰਨ ਲਈ ਜ਼ਿਲ੍ਹਾ ਪੱਧਰ 'ਤੇ ਵੋਟਿੰਗ ਕਰਵਾਈ ਗਈ, ਜਿਸ ਵਿਚ ਸੂਬੇ ਵਿਚਲੇ ਤਕਰੀਬਨ 90% ਨਿਰੀਖਕਾਂ (1068 / 1193) ਵੱਲੋਂ ਆਪਣੇ ਵੋਟ ਦੇ ਹੱਕ ਦਾ ਇਸਤੇਮਾਲ ਕੀਤਾ ਗਿਆ। ਇਸ ਚੋਣ ਵਿੱਚ ਜ਼ਿਲ੍ਹਾ ਬਰਨਾਲਾ ਤੋਂ ਨਿਰੀਖਕ ਬਲਾਕ ਸ਼ੇਰਪੁਰ ਨੇੜਲੇ ਪਿੰਡ ਖੇੜੀ ਖੁਰਦ ਦੇ ਸ੍ਰੀ ਹਰਜੀਤ ਸਿੰਘ ਖੇੜੀ ਦੀ ਪ੍ਰਧਾਨ



ਇੰਸਪੈਕਟਰ ਯੂਨੀਅਨ ਪੰਜਾਬ, ਸ੍ਰੀ ਯਾਦਵਿੰਦਰ ਸਿੰਘ ਜ਼ਿਲ੍ਹਾ ਲੁਧਿਆਣਾ,ਵਾਈਸ ਪ੍ਰਧਾਨ ਅਤੇ ਸ੍ਰੀ ਰਜੇਸ਼ ਬਾਂਸਲ ਜ਼ਿਲ੍ਹਾ ਸੰਗਰੂਰ ਦੀ ਜਨਰਲ ਸਕੱਤਰ ਵਜੋਂ ਚੋਣ ਕੀਤੀ ਗਈ । ਇਸ ਮੌਕੇ 'ਤੇ ਚੁਣੀ ਟੀਮ ਵੱਲੋਂ ਪੂਰੇ ਸੂਬੇ ਵਿਚਲੇ ਨਿਰੀਖਕਾਂ ਦਾ ਇਸ ਚੋਣ ਪ੍ਰਸੈਸ ਵਿਚ ਇਤਨੇ ਉਤਸ਼ਾਹ ਨਾਲ ਸ਼ਾਮਿਲ ਹੋਣ ਅਤੇ ਨਿਰੀਖਕਾਂ ਵੱਲੋਂ ਬਣਾਈ ਗਈ ਸਟੇਟ ਚੋਣ ਕਮੇਟੀ ਦਾ ਇਨ੍ਹਾਂ ਚੋਣਾਂ ਨੂੰ ਪਾਰਦਰਸ਼ੀ ਅਤੇ ਸ਼ਾਂਤੀ ਪੂਰਵਕ ਤਰੀਕੇ ਨਾਲ ਨੇਪਰੇ ਚਾੜ੍ਹਨ ਲਈ ਧੰਨਵਾਦ ਕੀਤਾ ਗਿਆ । ਇਸ ਤੋਂ ਇਲਾਵਾ ਨਵੀਂ ਚੁਣੀ ਗਈ ਟੀਮ ਵੱਲੋਂ ਸਾਰਿਆਂ ਨੂੰ ਨਾਲ ਲੈ ਕੇ ਸੂਬੇ ਦੇ ਨਿਰੀਖਕਾਂ ਦੀ ਭਲਾਈ ਅਤੇ ਹੱਕਾਂ ਦੀ ਰੱਖਿਆ ਖਾਤਿਰ ਮੋਢੇ ਨਾਲ ਮੋਢਾ ਜੋੜ ਕੇ ਕੰਮ ਕਰਨ ਦਾ ਵਿਸ਼ਵਾਸ਼ ਦਿਵਾਇਆ ਗਿਆ।

## 9 ਰੋਜ਼ਾ ਸ੍ਰੀ ਅਨੰਦ ਰਾਮਾਇਣ ਕਥਾ ਸ਼ੁਰੂ

### ➢ਭਗਵਾਨ ਸ੍ਰੀ ਰਾਮ ਨੇ ਆਦਰਸ਼ ਜੀਵਨ ਜਿਊਣ ਦਾ ਸੰਦੇਸ਼ ਦਿੱਤਾ : ਆਚਾਰੀਆ ਵਿਸ਼ਵਾਤਮਾਨੰਦ

ਸਮਾਣਾ, 8 ਮਾਰਚ (ਵਿਜੇ ਕੁਮਾਰ) : ਸਮਾਣਾ ਪਿੰਡ ਖਨਾਲ ਕਲਾਂ ਦੇ ਗਿਆਨ ਗੰਗਾ ਮੱਠ ਵਿੱਚ ਸ਼ਨੀਵਾਰ ਨੂੰ 9 ਰੋਜ਼ਾ ਸ੍ਰੀ ਅਨੰਦ ਰਾਮਾਇਣ ਕਥਾ ਦੀ ਸ਼ੁਰੂਆਤ ਹੋਈ, ਜੋ ਕਿ 13 ਮਾਰਚ ਤੱਕ ਚੱਲੇਗੀ। ਕਥਾਵਾਚਕ ਆਚਾਰੀਆ ਮਹਾਮੰਡਲੇਸ਼ਵਰ ਸਵਾਮੀ ਵਿਸ਼ਵਾਤਮਾਨੰਦ ਜੀ ਮਹਾਰਾਜ ਰੋਜ਼ਾਨਾ ਸ਼ਾਮ 3 ਤੋਂ 6 ਵਜੇ ਤੱਕ ਸ੍ਰੀ ਰਾਮਾਇਣ ਕਥਾ ਕਰਨਗੇ।ਸਵਾਮੀ ਜੀ ਨੇ ਕਿਹਾ ਕਿ ਭਗਵਾਨ ਸ੍ਰੀ ਰਾਮ ਨੇ ਖ਼ੁਦ ਇੱਕ ਆਦਰਸ਼ ਜੀਵਨ ਜੀਵਿਆ ਅਤੇ ਦੂਜਿਆਂ ਨੂੰ ਵੀ ਅਜਿਹਾ ਜੀਵਨ ਜਿਊਣ ਦਾ ਸੰਦੇਸ਼ ਦਿੱਤਾ। ਉਨ੍ਹਾਂ ਦਾ ਪਾਲਣ ਮਾਤਾ ਸੀਤਾ, ਭਰਾ ਲਕਸ਼ਮਣ ਤੇ ਭਰਤ, ਸਮੁੱਚੇ ਪਰਿਵਾਰ ਅਤੇ ਪ੍ਰਜਾ ਨੇ ਕੀਤਾ। ਬਨਵਾਸ ਤਾਂ ਸਿਰਫ਼ ਸ੍ਰੀ ਰਾਮ ਨੂੰ ਹੋਇਆ ਸੀ, ਪਰ ਮਾਤਾ ਸੀਤਾ ਨੇ ਆਦਰਸ਼ ਪਤਨੀ ਅਤੇ ਭਰਾ ਲਕਸ਼ਮਣ



ਤੇ ਭਰਤ ਨੇ ਆਦਰਸ਼ ਭਰਾਵਾਂ ਦਾ ਸੰਦੇਸ਼ ਦਿੱਤਾ।ਬਨਵਾਸ ਦੌਰਾਨ ਸ੍ਰੀ ਰਾਮ ਨੇ ਕਈਆਂ ਦਾ ਉੱਧਾਰ ਕੀਤਾ। ਜੰਗਲ ਵਿੱਚ ਰਹਿਣ ਵਾਲੇ ਜੀਵ-ਜੰਤੂ, ਰੁੱਖ ਅਤੇ ਇੱਥੋਂ ਤੱਕ ਕਿ ਨਦੀ-ਨਾਲੇ ਵੀ ਉਨ੍ਹਾਂ ਦਾ ਸਾਥ ਪਾ ਕੇ ਧੰਨ ਹੋ ਗਏ। ਸ੍ਰੀ ਰਾਮਾਇਣ ਦੀ ਹਰ ਘਟਨਾ ਸਾਨੂੰ ਕੁਝ ਨਾ ਕੁਝ ਸਿਖਾਉਂਦੀ ਹੈ।ਜੇਕਰ ਪੂਰੀ ਸ਼ਰਧਾ ਅਤੇ ਆਸਥਾ ਨਾਲ ਪ੍ਰਭੂ ਨੂੰ ਮਿਲਣ ਲਈ ਭਗਤੀ ਕੀਤੀ ਜਾਵੇ, ਤਾਂ ਮਾਤਾ ਸ਼ਬਰੀ ਦੀ ਤਰ੍ਹਾਂ ਅਸੀਂ ਵੀ ਉਨ੍ਹਾਂ ਨੂੰ ਪਾ ਸਕਦੇ ਹਾਂ। ਇਸ ਸਬੰਧੀ ਅਨਿਲ ਗੁਪਤਾ ਨੇ ਦੱਸਿਆ ਕਿ ਕਥਾ ਸਮਾਗਮ ਵਿੱਚ ਸੰਤ ਮਹਾਤਮਾ ਦੀ ਇੱਕ ਟੋਲੀ ਵੀ ਪਹੁੰਚੀ ਹੈ। ਆਸ-ਪਾਸ ਦੇ ਪਿੰਡਾਂ ਤੋਂ ਵੱਡੀ ਗਿਣਤੀ ਵਿੱਚ ਸ਼ਰਧਾਲੂ ਕਥਾ ਸੁਣਨ ਲਈ ਪਹੁੰਚੇ। ਉਨ੍ਹਾਂ ਦੱਸਿਆ ਕਿ ਸਮਾਗਮ ਦੌਰਾਨ ਰੋਜ਼ਾਨਾ ਭੰਡਾਰਾ ਵੀ ਵਰਤਾਇਆ ਜਾਵੇਗਾ।

## ਗਊ ਦਾ ਹਰ ਇੱਕ ਅੰਗ ਪੂਜਣਯੋਗ ਅਤੇ ਦਰਸ਼ਨਯੋਗ: ਸਾਧਿਕਾ ਗੌਰਾਂਗੀ

ਸਮਾਣਾ, 8 ਮਾਰਚ (ਵਿਜੇ ਕੁਮਾਰ) : ਗਾਜ਼ੀਪੁਰ ਦੀ ਸਰਕਾਰੀ ਗਊਸ਼ਾਲਾ ਦੀ ਆਰਥਿਕ ਮਦਦ ਕਰਨ ਲਈ ਗੋਪਾਲ ਸੇਵਾ ਸੰਮਤੀ ਵੱਲੋਂ ਕਥਾਵਾਚਕ ਸਾਧਿਕਾ ਗੌਰਾਂਗੀ ਪ੍ਰਿਆ ਦੀ ਅਗਵਾਈ ਹੇਠ ਅ ਗ ਰ ਵਾ ਲ ਧਰਮਸ਼ਾਲਾ ਵਿੱਚ ਤਿੰਨ ਦਿਨਾਂ ਗਊ ਕਥਾ ਦਾ ਆਯੋਜਨ



ਕੀਤਾ ਜਾ ਰਿਹਾ ਹੈ। ਸਾਧਿਕਾ ਗੌਰਾਂਗੀ ਅਤੇ ਗਊ ਭਗਤਾਂ ਨੇ ਸ਼ਹਿਰ ਦੇ ਕਈ ਗਲੀ-ਮੁਹੱਲਿਆਂ ਵਿੱਚ ਸਵੇਰੇ ਪ੍ਰਭਾਤ ਫੇਰੀ ਕੱਢੀ ਅਤੇ ਗਊ ਕਥਾ ਦਾ ਸੱਦਾ ਦਿੱਤਾ।ਸ਼ਨਿੱਚਰਵਾਰ ਨੂੰ ਪ੍ਰਤਾਪ ਕਲੋਨੀ, ਕੇਸ਼ਵਨਗਰ ਅਤੇ ਅਗਰਸੈਨ ਕਲੋਨੀ ਵਿੱਚ ਮੁਹੱਲਾ ਵਾਸੀਆਂ ਨੇ ਪ੍ਰਭਾਤ ਫੇਰੀ ਦਾ ਫੁੱਲਾਂ ਦੀ ਵਰਖਾ ਕਰਕੇ ਸਵਾਗਤ ਕੀਤਾ। ਪ੍ਰਤਾਪ ਕਲੋਨੀ ਚ ਸ਼ਿਵ ਕੁਮਾਰ ਜਿੰਦਲ ਅਤੇ ਅਗਰਸੈਨ ਕਲੋਨੀ ਵਿੱਚ ਸਤੀ ਮਾਤਾ ਮਹਿਲਾ ਸੰਕੀਰਤਨ ਮੰਡਲੀ ਦੀ ਪ੍ਰਧਾਨ ਸੁਸ਼ਮਾ ਗੁਪਤਾ ਅਤੇ ਕੌਂਸਲਰ ਦਰਸ਼ਨ ਮਿੱਤਲ ਨੇ ਪ੍ਰਭਾਤ ਫੇਰੀ ਦਾ ਨਿੱਘਾ ਸਵਾਗਤ ਕੀਤਾ। ਅਗਰਵਾਲ ਧਰਮਸ਼ਾਲਾ ਵਿੱਚ ਚੱਲ ਰਹੀ ਗਊ ਕਥਾ ਦੌਰਾਨ ਸਾਧਿਕਾ ਗੌਰਾਂਗੀ ਪ੍ਰਿਆ ਨੇ ਗਊ ਸੇਵਾ ਦੇ ਮਹੱਤਵ ਬਾਰੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਗਊ ਦਾ ਹਰ ਇੱਕ ਅੰਗ ਪੂਜਣਯੋਗ ਅਤੇ ਦਰਸ਼ਣਯੋਗ ਹੈ। ਸਾਨੂੰ ਵੀ ਸਮਾਂ ਕੱਢ ਕੇ ਗਊਸ਼ਾਲਾ ਜਾਣਾ ਚਾਹੀਦਾ ਹੈ ਅਤੇ ਗਊ-ਵੰਸ਼ ਦੇ ਦਰਸ਼ਨ ਕਰਕੇ ਆਪਣੀ ਸਮਰੱਥਾ ਅਨੁਸਾਰ ਸੇਵਾ ਕਰਨੀ ਚਾਹੀਦੀ ਹੈ।

## ਪਬਲਿਕ ਕਾਲਜ 'ਚ ਕੌਮਾਂਤਰੀ ਔਰਤ ਦਿਵਸ ਨੂੰ ਸਮਰਪਿਤ ਲੜਕੀਆਂ ਦੇ ਦੌੜ ਮੁਕਾਬਲੇ ਕਰਵਾਏ

ਸਮਾਣਾ, 8 ਮਾਰਚ (ਵਿਜੇ ਕੁਮਾਰ) : ਪਬਲਿਕ ਕਾਲਜ ਸਮਾਣਾ ਤੇ ਉਸਦੀਆਂ ਸਹਿਯੋਗੀ ਸੰਸਥਾਵਾਂ ਦੇ ਰੈੱਡ ਰਿਬਨ ਕਲੱਬ , ਐਨ.ਐਸ.ਐਸ. , ਐਨ.ਸੀ.ਸੀ ਵਿਭਾਗ ਵਲੋਂ ਮੇਰਾ ਯੁਵਾ ਭਾਰਤ , ਯੁਵਾ ਮਾਮਲੇ ਅਤੇ ਖੇਡ ਮੰਤਰਾਲਾ, ਭਾਰਤ ਸਰਕਾਰ ਜ਼ਿਲ੍ਹਾ ਖੇਡ ਅਧਿਕਾਰੀ ਪਟਿਆਲਾ ਦੇ ਸਹਿਯੋਗ ਨਾਲ ਅਸਮਿਤਾ (ਖੇਲੋ ਇੰਡੀਆ) ਤਹਿਤ ਕਾਲਜ ਦੇ ਖੇਡ ਸਟੇਡੀਅਮ ਵਿੱਚ ਕਰਵਾਇਆ ਗਿਆ ।ਜਿਸ ਵਿੱਚ ਮੁੱਖ ਮਹਿਮਾਨ ਵਜੋਂ ਕਾਲਜ ਪ੍ਰਿੰਸੀਪਲ ਡਾ.ਹਰਕੀਰਤ ਸਿੰਘ ਨੇ ਸ਼ਿਰਕਤ ਕੀਤੀ। ਉਨਾਂ ਨੇ ਯੁਵਾ ਮਾਮਲੇ ਅਤੇ ਖੇਡ ਮੰਤਰਾਲਾ, ਭਾਰਤ ਸਰਕਾਰ ਜ਼ਿਲ੍ਹਾ ਖੇਡ ਅਧਿਕਾਰੀ ਪਟਿਆਲਾ ਦਾ ਧੰਨਵਾਦ ਕਰਦਿਆਂ ਖੁਸ਼ੀ ਦਾ ਇਜ਼ਹਾਰ ਕੀਤਾ ਅਤੇ ਕਿਹਾ ਕਿ ਪ੍ਰੋਗਰਾਮ ਲਈ ਸਾਡੇ



ਕਾਲਜ ਦੀ ਕੀਤੀ ਗਈ ਚੋਣ ਸਾਡੇ ਲਈ ਮਾਣ ਦਾ ਮੌਕਾ ਹੈ। ਉਨਾਂ ਨੇ ਕੁੜੀਆਂ ਦੀ ਹਰ ਖੇਤਰ ਵਿੱਚ ਕਾਮਯਾਬੀ ਦੀ ਵਧਾਈ ਵੀ ਦਿੱਤੀ।ਇਸ ਖੇਡ ਮੁਕਾਬਲੇ ਦੇ ਨਿਗਰਾਨ ਕਾਲਜ ਵਾਇਸ ਪ੍ਰਿੰਸੀਪਲ ਡਾ.ਹਰਕੀਰਤਨ ਕੌਰ ਨੇ ਕੁੜੀਆਂ ਨੂੰ ਹੋਰ ਮੱਲਾਂ ਮਾਰਨ ਦਾ ਹੌਂਸਲਾ ਦਿੱਤਾ। ਇਸ ਮੁਕਾਬਲੇ ਤਹਿਤ ਲੜਕੀਆਂ ਦੀਆਂ 100 ਮੀਟਰ, 200 ਮੀਟਰ ਅਤੇ 400 ਦੀਆਂ ਦੌੜਾਂ ਕਰਵਾਈਆਂ ਗਈਆਂ। ਇਸ ਦੇ ਵਿੱਚ 10 ਕਰੀਬ ਸਕੂਲਾਂ ਤੇ ਕਾਲਜਾਂ ਨੇ ਭਾਗ ਲਿਆ। ਪਹਿਲੀ ਦੂਜੀ ਤੇ ਤੀਜੀ ਪੁਜੀਸ਼ਨ ਲੈਣ ਵਾਲੀਆਂ ਵਿਦਿਆਰਥਣਾਂ ਨੂੰ ਮੈਡਲ ਪਹਿਨਾਏ ਗਏ ।ਇਸ ਵਿੱਚ ਭਾਗ ਲੈਣ ਵਾਲੀਆਂ ਸਮੂਹ ਵਿਦਿਆਰਥਣਾਂ ਨੂੰ ਸਰਟੀਫਿਕੇਟ ਦਿੱਤੇ ਗਏ। ਉਪਰੋਕਤ ਮੁਕਾਬਲਿਆਂ ਵਿੱਚ ਭਾਗ ਲੈਣ ਲਈ ਕਾਲਜ ਅਤੇ ਕਾਲਜ ਅਧੀਨ ਚਲਾਏ ਜਾ ਰਹੇ ਕਾਲਜੀਏਟ ਸਕੂਲ ਅਤੇ ਐਜੂਕੇਸ਼ਨ ਕਾਲਜ ਦੀਆਂ ਵਿਦਿਆਰਥਣਾਂ ਨੇ ਕਈ ਪੁਜੀਸ਼ਨਾਂ ਪ੍ਰਾਪਤ ਕੀਤੀਆਂ। ਸ੍ਰੀ ਕਾਰਥਿਕ ਸਿੰਗਲਾ ਨੇ ਖੇਡ ਮੁਕਾਬਲੇ ਦੀ ਸਟੇਜੀ ਕਾਰਵਾਈ ਬਾਖੂਬੀ ਨਿਭਾਈ।ਸਮੁੱਚੇ ਮੁਕਾਬਲੇ ਨੂੰ ਸੁਚੱਜੇ ਢੰਗ ਨਾਲ ਕਰਵਾਉਣ ਲਈ ਵਰਿੰਦਰ ਸਿੰਘ, ਮੈਡਮ ਦਲਵੀਰ ਕੌਰ, ਰਘੂਬੀਰ ਸਿੰਘ, ਗੁਰਪ੍ਰੀਤ ਸਿੰਘ , ਜਤਿੰਦਰ ਕੁਮਾਰ ਨੇ ਅਹਿਮ ਭੂਮਿਕਾ ਨਿਭਾਈ।ਇਸ ਸਮਾਰੋਹ ਵਿੱਚ ਵੱਖ ਵੱਖ ਸੰਸਥਾਵਾਂ ਦੇ ਅਧਿਆਪਕ ,ਐਨ ਐਸ ਐਸ ਵਿਭਾਗ ਦੇ ਪ੍ਰੋਗਰਾਮ ਅਫ਼ਸਰ ਪ੍ਰੋ.ਸੋਨੂ ਜੈਨ, ਪ੍ਰੋ. ਕੁਲਜੀਤ ਕੌਰ, ਡਾ. ਅਰਵਿੰਦਰ ਕੌਰ, ਪ੍ਰੋ.ਹਮਿਤ ਕੁਮਾਰ , ਪ੍ਰੋ. ਸ਼ੇਰ ਸਿੰਘ ,ਪ੍ਰੋ. ਸ਼ੰਟੀ ਕੁਮਾਰ, ਪ੍ਰੋ.ਹਰਪ੍ਰੀਤ ਕੌਰ, ਪ੍ਰੋ. ਅਸ਼ਵਨੀ ਕੁਮਾਰ ,ਐਨ ਸੀ ਸੀ ਵਿਭਾਗ ਵੱਲੋਂ ਪ੍ਰੋ. ਅਨਿਲ ਕੁਮਾਰ ਵੀ ਹਾਜ਼ਰ ਸਨ।

## ਖੇਤਾਂ 'ਚ ਮ੍ਰਿਤਕ ਮਿਲੇ ਅਣਪਛਾਤੇ ਪ੍ਰਵਾਸੀ ਦੀ ਪਛਾਣ ਹੋਈ

ਸਮਾਣਾ, 8 ਮਾਰਚ (ਵਿਜੇ ਕੁਮਾਰ) : ਦੋ ਦਿਨ ਪਹਿਲਾਂ ਪਿੰਡ ਬੰਮਨਾ ਦੇ ਖੇਤਾਂ ਵਿੱਚ ਮ੍ਰਿਤਕ ਮਿਲੇ ਅਣਪਛਾਤੇ ਪ੍ਰਵਾਸੀ ਦੀ ਪਛਾਣ ਭੱਠਾ ਮਜ਼ਦੂਰ ਸੱਤਿਆ ਪ੍ਰਕਾਸ਼ (ਨਿਵਾਸੀ ਜ਼ਿਲ੍ਹਾ ਬਰੇਲੀ, ਉੱਤਰ ਪ੍ਰਦੇਸ਼) ਵਜੋਂ ਹੋਈ ਹੈ। ਮਾਮਲੇ ਦੇ ਜਾਂਚ ਅਧਿਕਾਰੀ ਅਤੇ ਗਾਜੇਵਾਸ ਪੁਲਿਸ ਚੌਕੀ ਦੇ ਇੰਚਾਰਜ ਹਰਬੰਸ ਸਿੰਘ ਨੇ ਦੱਸਿਆ ਕਿ ਮ੍ਰਿਤਕ ਸੱਤਿਆ ਪ੍ਰਕਾਸ਼ (30) ਦੇ ਸਾਲੇ ਅਨਿਲ ਕੁਮਾਰ ਵੱਲੋਂ ਦਰਜ ਕਰਵਾਏ ਗਏ ਬਿਆਨਾਂ ਅਨੁਸਾਰ, ਉਸ ਦਾ ਜੀਜਾ ਕਕਰਾਲਾ (ਜ਼ਿਲ੍ਹਾ ਪਟਿਆਲਾ) ਦੇ ਇੱਕ ਭੱਠੇ 'ਤੇ ਕੰਮ ਕਰਦਾ ਸੀ। ਉਹ 4 ਤਾਰੀਖ ਦੀ ਸ਼ਾਮ ਨੂੰ ਘਰੋਂ ਗਿਆ ਸੀ ਪਰ ਵਾਪਸ ਨਹੀਂ ਪਰਤਿਆ, ਜਿਸ ਦੀ ਭਾਲ ਕੀਤੀ ਜਾ ਰਹੀ ਸੀ। ਅਧਿਕਾਰੀ ਅਨੁਸਾਰ, ਦਰਜ ਕਰਵਾਏ ਬਿਆਨਾਂ ਦੇ ਆਧਾਰ @ਤੇ ਪੁਲਿਸ ਨੇ ਭਾਰਤੀ ਨਿਆ ਸੰਹਿਤਾ ਦੀ ਧਾਰਾ 194 ਤਹਿਤ ਕਾਰਵਾਈ ਕਰਦਿਆਂ, ਪੋਸਟਮਾਰਟਮ ਤੋਂ ਬਾਅਦ ਲਾਸ਼ ਵਾਰਸਾਂ ਦੇ ਹਵਾਲੇ ਕਰ ਦਿੱਤੀ ਹੈ। ਮੌਤ ਦੇ ਅਸਲ ਕਾਰਨਾਂ ਦਾ ਪਤਾ ਲਗਾਉਣ ਲਈ ਵਿਸਰਾ ਜਾਂਚ ਵਾਸਤੇ ਲੈਬ ਭੇਜ ਦਿੱਤਾ ਗਿਆ ਹੈ। ਪੁਲਿਸ ਵੱਲੋਂ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

## ਭਾਜਪਾ ਦੇ ਸਹਿਯੋਗੀ ਮੰਚ ਦੀ ਮੀਟਿੰਗ, ਹਰਦੀਪ ਸਿੰਘ ਕੰਬੋਜ ਨੂੰ ਮਿਲੀ ਪ੍ਰਧਾਨਗੀ

ਸਨੌਰ, 8 ਮਾਰਚ (ਪ੍ਰਥਮ ਕੁਮਾਰ) : ਭਾਰਤੀ ਜਨਤਾ ਪਾਰਟੀ ਦੇ ਸਹਿਯੋਗੀ ਮੰਚ ਵਿਕਸਤ ਭਾਰਤ ਜੀ ਰਾਮ ਜੀ ਸੈਲ ਵੱਲੋਂ ਅੱਜ ਇਕ ਭਰਵੀਂ ਮੀਟਿੰਗ ਦੌਰਾਨ ਹਰਦੀਪ ਸਿੰਘ ਕੰਬੋਜ ਨੂੰ ਜ਼ਿਲ੍ਹਾ ਪਟਿਆਲਾ ਦਿਹਾਤੀ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨੂੰ ਅਧਿਕਾਰਿਕ ਨਿਯੁਕਤੀ ਪੱਤਰ ਸੌਂਪ ਕੇ



ਅਹੁਦੇ ਦੀ ਘੋਸ਼ਣਾ ਕੀਤੀ ਗਈ ਮੀਟਿੰਗ ਵਿੱਚ ਵਿਕਸਤ ਭਾਰਤ ਜੀ ਰਾਮ ਜੀ ਸੈਲ ਪੰਜਾਬ ਦੇ ਕਨਵੀਨਰ ਭੀਮ ਸਿੰਘ ਕੋਟਲੀ ਅਤੇ ਕੋ-ਕਨਵੀਨਰ ਚਮਕੀਲਾ ਸਿੰਘ ਮੌਜੂਦ ਰਹੇ। ਉਨ੍ਹਾਂ ਨੇ ਹਰਦੀਪ ਸਿੰਘ ਕੰਬੋਜ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਹ ਜ਼ਿਲ੍ਹਾ ਪਟਿਆਲਾ ਵਿੱਚ ਭਾਰਤੀ ਜਨਤਾ ਪਾਰਟੀ ਦੀਆਂ ਨੀਤੀਆਂ ਅਤੇ ਕੇਂਦਰ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਲੋਕ ਭਲਾਈ ਸਕੀਮਾਂ ਦਾ ਵੱਧ ਤੋਂ ਵੱਧ ਪ੍ਰਚਾਰ ਕਰਨ ਅਤੇ ਲੋਕਾਂ ਤੱਕ ਇਹ ਜਾਣਕਾਰੀ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਉਣ। ਆਪਣੀ ਨਿਯੁਕਤੀ 'ਤੇ ਹਰਦੀਪ ਸਿੰਘ ਕੰਬੋਜ ਨੇ ਭਾਰਤੀ ਜਨਤਾ ਪਾਰਟੀ ਦੇ ਸੂਬਾ ਪ੍ਰਧਾਨ ਸੁਨੀਲ ਜਾਖੜ, ਕਾਰਜਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ, ਜਰਨਲ ਸਕੱਤਰ (ਸੰਗਠਨ) ਨੀਵਾਸਲੂ ਅਤੇ ਸੂਬਾ ਸਕੱਤਰ ਤੇ ਜ਼ੋਨਲ ਇੰਚਾਰਜ ਅਨਿਲ ਸਰੀਨ ਦਾ ਧੰਨਵਾਦ ਕੀਤਾ। ਹਰਦੀਪ ਸਿੰਘ ਕੰਬੋਜ ਨੇ ਕਿਹਾ ਕਿ ਪਾਰਟੀ ਵਰਕਰਾਂ ਦੇ ਸਹਿਯੋਗ ਨਾਲ ਜ਼ਿਲ੍ਹਾ ਪਟਿਆਲਾ ਵਿੱਚ ਸੰਗਠਨ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ ਅਤੇ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਬਣਾਉਣ ਲਈ ਲੋਕਾਂ ਦਾ ਸਹਿਯੋਗ ਲਿਆ ਜਾਵੇਗਾ, ਤਾਂ ਜੋ ਪੰਜਾਬ ਨੂੰ ਮੁੜ ਵਿਕਾਸ ਦੀ ਲੀਹ 'ਤੇ ਲਿਆਂਦਾ ਜਾ ਸਕੇ।

## ਸਰਕਾਰੀ ਸਟੇਟ ਕਾਲਜ ਆਫ ਐਜੂਕੇਸ਼ਨ ਦੇ ਪ੍ਰਿੰਸੀਪਲ ਡਾ. ਵਨੀਤਾ ਡੀ.ਬੀ.ਜੀ. ਐਵਾਰਡ ਨਾਲ ਸਨਮਾਨਤ

ਪਟਿਆਲਾ, 8 ਮਾਰਚ (ਚ.ਨ.ਸ.) : ਡੈਡੀਕੇਟਿਡ ਬ੍ਰਦਰਜ਼ ਗਰੁੱਪ ਪੰਜਾਬ ਦੇ ਸੰਸਥਾਪਕ ਅਤੇ ਪ੍ਰਧਾਨ ਡਾ.ਰਾਕੇਸ਼ ਵਰਮੀ ਦੀ ਸਰਪ੍ਰਸਤੀ ਹੇਠ ਡੀ.ਬੀ.ਜੀ ਦਾ 324ਵਾਂ ਸਨਮਾਨ ਸਮਾਰੋਹ ਭਾਸ਼ਾ ਭਵਨ ਪਟਿਆਲਾ ਵਿਖੇ ਆਯੋਜਿਤ ਕੀਤਾ। ਗ੍ਰੀਨ ਵੈਲ ਹਾਈ ਸਕੂਲ ਦੀਆਂ ਵਿਦਿਆਰਥਣਾਂ ਨੇ ਅੰਤਰ ਰਾਸ਼ਟਰੀ ਮਹਿਲਾ ਦਿਵਸ ਨੂੰ ਸਮਰਪਿਤ ਪ੍ਰੋਗਰਾਮ ਨਾਰੀ ਸ਼ਕਤੀ ਸਬੰਧੀ ਕਵਿਤਾਵਾਂ, ਗੀਤਾਂ, ਰਾਸ, ਡਾਂਸ ਰਾਹੀ ਸਮਾਜ ਨੂੰ ਔਰਤਾਂ ਦੇ ਸਨਮਾਨ ਕਰਨ ਦਾ ਸੁਨੇਹਾ ਦਿੱਤਾ। ਮਾਸਟਰ ਮਦਨ ਲਾਲ ਇੰਚਾਰਜ ਸਰਕਾਰੀ ਮਿਡਲ ਸਕੂਲ ਖਾਕਟ ਖੁਰਦ ਨੇ ਧੀਆਂ ਨੂੰ ਨਾ ਮਾਰੋ ਵਿਸ਼ੇ ਤੇ ਬਹੁਤ



ਸੁੰਦਰ ਰਚਨਾ ਪੇਸ਼ ਕੀਤੀ। ਡਾ.ਮਹੇਸ਼ ਗੌਤਮ ਅੰਤਰ ਰਾਸ਼ਟਰੀ ਲੇਖਕ ਨੇ ਇਸਤਰੀ ਜਾਤੀ ਦਾ ਸਨਮਾਨ ਕਰਨ ਤੇ ਜੋਰ ਦਿੱਤਾ ਅਤੇ ਡੈਡੀਕੇਟਿਡ ਬ੍ਰਦਰਜ਼ ਗਰੁੱਪ ਵੱਲੋਂ ਮਹਿਲਾ ਦਿਵਸ ਨੂੰ ਸਮਰਪਿਤ ਪ੍ਰੋਗਰਾਮ ਦੀ ਪ੍ਰਸ਼ੰਸਾ ਕੀਤੀ। ਐਡਵੋਕੇਟ ਰਣਦੀਪ ਸਿੰਘ ਨੇ ਔਰਤਾਂ ਨੂੰ ਆਪਣੀ ਡਿਊਟੀ ਅਧਿਕਾਰਾਂ ਤੋਂ ਜਾਣੂ ਹੋਣ ਲਈ ਪ੍ਰੇਰਿਤ ਕੀਤਾ। ਮਨਜੀਤ ਕੌਰ ਆਜਾਦ ਲੇਖਿਕਾ, ਸਾਬਕਾ ਪ੍ਰਿੰਸੀਪਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੇ ਔਰਤਾਂ ਨੂੰ ਉਤਸਾਹਿਤ ਕਰਨ ਲਈ ਬਹੁਤ ਹੀ ਸੁੰਦਰ ਜੋਸ਼ੀਲੀ ਰਚਨਾ ਪੇਸ਼ ਕੀਤੀ। ਸਨਮਾਨ ਸਮਾਰੋਹ ਦੇ ਮੁੱਖ ਮਹਿਮਾਨ ਡਾ.ਵਨੀਤਾ ਪ੍ਰਿੰਸੀਪਲ ਸਰਕਾਰੀ ਸਟੇਟ ਕਾਲਜ ਆਫ ਐਜੂਕੇਸ਼ਨ ਪਟਿਆਲਾ ਨੂੰ ਫੁੱਲਾਂ ਦੇ ਹਾਰ, ਗੁਲਦਸਤੇ, ਫੁਲਕਾਰੀ, ਮੋਮੈਂਟੋ ਅਤੇ ਸਨਮਾਨ ਪੱਤਰ ਨਾਲ ਸਨਮਾਨਿਤ ਕੀਤਾ। ਹਰਪ੍ਰੀਤ ਸਿੰਘ ਸੰਧੂ ਜਨਰਲ ਸਕੱਤਰ ਡੀ.ਬੀ.ਜੀ ਨੇ ਸਭ ਨੂੰ ਜੀ ਆਇਆਂ ਤੇ ਧੰਨਵਾਦ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੀਮਾ ਮਹਿਤਾ, ਕਿਰਨ ਬਾਲਾ, ਮੰਜੂ, ਆਰਤੀ, ਪੁਸ਼ਪਾ, ਨਾਨਕੀ, ਰਾਜੇਸ਼ ਕੋਟੀਆ, ਪੁਸ਼ਪਲਤਾ, ਰਾਮ ਪ੍ਰਕਾਸ, ਰਾਜ ਕੁਮਾਰ, ਅਮਨਇੰਦਰ ਸਿੰਘ ਸੈਣੀ, ਚਮਨ ਲਾਲ ਦੱਤ, ਦਿਲਪ੍ਰੀਤ ਸਿੰਘ ਬੈਨੀਪਾਲ ਹਾਜ਼ਰ ਰਹੇ।

## ਸੜਕ ਹਾਦਸੇ 'ਚ ਦੋ ਜ਼ਖ਼ਮੀ

ਪਟਿਆਲਾ, 8 ਮਾਰਚ (ਵਿਨੋਦ ਸ਼ਰਮਾ) : ਥਾਣਾ ਬਖਸ਼ੀਵਾਲਾ ਪੁਲਿਸ ਕੋਲ ਹਰਪ੍ਰੀਤ ਸਿੰਘ ਪੁੱਤਰ ਅਜੀਤ ਸਿੰਘ ਵਾਸੀ ਸਿਉਨਾ ਚੌਕ ਰਣਜੀਤ ਨਗਰ ਨੇ ਕਥਿਤ ਦੋਸ਼ੀ ਐਕਟਿਵਾ ਸਕੂਟਰੀ ਦੇ ਡਰਾਇਵਰ ਜਸਪ੍ਰੀਤ ਸਿੰਘ ਵਾਸੀ ਪਿੰਡ ਰਨੋ ਕਲਾਂ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ ਕਿ ਉਹ ਅਤੇ ਉਸਦਾ ਦੋਸਤ ਚੰਦਰ ਗੋਰਵਰ ਐਕਟਿਵਾ ਸਕੂਟਰੀ ਪਰ ਸਵਾਰ ਹੋ ਕੇ ਯੂ.ਕੇ. ਪੈਲਸ ਵੱਲ ਨੂੰ ਪਟਿਆਲਾ ਸਾਇਡ ਜਾ ਰਹੇ ਸੀ, ਤਾਂ ਕਥਿਤ ਦੋਸ਼ੀ ਡਰਾਇਵਰ ਨੇ ਆਪਣੀ ਕਾਰ ਬੜੀ ਤੇਜੀ ਤੇ ਲਾਪ੍ਰਵਾਹੀ ਦੇ ਨਾਲ ਲਿਆ ਕੇ ਉਸ ਵਿੱਚ ਮਾਰੀ ਜੋ ਐਕਸੀਡੈਂਟ ਵਿੱਚ ਉਹ ਤੇ ਉਸਦੇ ਦੋਸਤ ਦੇ ਕਾਫੀ ਸੱਟਾਂ ਲੱਗੀਆਂ ਜੋ ਜੇਰੇ ਇਲਾਜ ਰਜਿੰਦਰਾ ਹਸਪਤਾਲ ਹਨ। ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ।



# ਪਟਿਆਲਾ-ਆਸ/ਪਾਸ



# ਕੌਮਾਂਤਰੀ ਔਰਤ ਦਿਵਸ ਮੌਕੇ ਪੰਜਾਬ ਸਰਕਾਰ ਨੇ ਔਰਤਾਂ ਨੂੰ ਤੋਹਫ਼ਾ ਦੇ ਕੇ 1000 ਦੇਣ ਦਾ ਵਾਅਦਾ ਪੂਰਾ ਕੀਤਾ : ਹਰਪਾਲ ਸਿੰਘ ਵਿਰਕ

## ਜ਼ਿਲ੍ਹੇ ਦੇ ਸਾਰੇ ਹਲਕਿਆਂ ਅੰਦਰ ਔਰਤਾਂ ਨੂੰ ਪੰਜਾਬ ਸਰਕਾਰ ਵੱਲੋਂ ਪੇਸ਼ ਕੀਤੇ ਬਜਟ ਦਾ ਲਾਈਵ ਪ੍ਰਸਾਰਨ ਦਿਖਾਇਆ

ਪਟਿਆਲਾ/ਨਾਭਾ/ਸਮਾਣਾ/ਦੇਵੀਗੜ੍ਹ/ਘਨੌਰ, 8 ਮਾਰਚ (ਰੁਪਾਣਾ/ਚੌਧਰੀਮਾਜਰਾ/ਮਾਨ/ਵਿਜੇ ਕੁਮਾਰ/ਗੁਰਜੀਤ ਢੌਟ/ਮਦਨ ਲਾਲ/ਰਾਜਿੰਦਰ ਕੰਬੋਜ): ਅੱਜ ਕੌਮਾਂਤਰੀ ਔਰਤ ਦਿਵਸ ਮੌਕੇ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਦੀਆਂ ਜਨਰਲ ਵਰਗ ਦੀਆਂ ਔਰਤਾਂ ਨੂੰ 1000 ਰੁਪਏ ਤੇ ਐਸ. ਸੀ. ਵਰਗ ਦੀਆਂ ਔਰਤਾਂ ਲਈ 1500 ਰੁਪਏ ਦੇਣ ਲਈ ਲਿਆਂਦੀ ਗਈ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਦਾ ਔਰਤਾਂ ਨੇ ਗਰਮਜੋਸ਼ੀ ਨਾਲ ਸਵਾਗਤ ਕੀਤਾ ਹੈ। ਪੰਜਾਬ ਸਰਕਾਰ ਵੱਲੋਂ ਕੀਤੀ ਗਈ ਇਸ ਨਿਵੇਕਲੀ ਪਹਿਲਕਦਮੀ ਨੂੰ ਬਜਟ ਵਿਚ ਪੇਸ਼ ਕਰਨ ਸਮੇਂ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਪੇਸ਼ ਕੀਤੇ ਗਏ ਬਜਟ ਦਾ ਲਾਈਵ ਪ੍ਰਸਾਰਨ ਸਾਰੇ ਜ਼ਿਲ੍ਹੇ ਅੰਦਰ ਔਰਤਾਂ ਨੂੰ ਦਿਖਾਉਣ ਲਈ ਸਾਰੇ ਵਿਧਾਇਕਾਂ ਅਤੇ ਜ਼ਿਲ੍ਹੇ ਦੀ ਆਮ ਆਦਮੀ ਪਾਰਟੀ ਦੀ ਟੀਮ ਵੱਲੋਂ ਵਿਸ਼ੇਸ਼ ਪ੍ਰਬੰਧ ਕੀਤੇ ਗਏ ਸਨ। ਇਸ ਦੌਰਾਨ ਔਰਤਾਂ ਨੇ ਗਿੱਧਾ ਪਾ ਕੇ ਖ਼ੁਸ਼ੀ ਵੀ ਮਨਾਈ। ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦੀ ਟੀਮ ਨੇ ਇੱਥੇ ਪੰਚਾਇਤ ਭਵਨ ਵਿਖੇ ਇੰਪਰੂਵਮੈਂਟ ਟਰਸੱਟ ਦੇ ਚੇਅਰਮੈਨ ਤੇ ਜ਼ਿਲ੍ਹਾ ਪ੍ਰਧਾਨ ਹਰਪਾਲ ਸਿੰਘ ਵਿਰਕ ਦੀ ਅਗਵਾਈ ਹੇਠ ਔਰਤਾਂ ਦਾ ਵੱਡਾ ਇਕੱਠਾ ਕਰਕੇ ਉਨ੍ਹਾਂ ਨੂੰ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਦਾ ਲਾਈਵ ਟੈਲੀਕਾਸਟ ਦਿਖਾਇਆ। ਹਰਪਾਲ ਸਿੰਘ ਵਿਰਕ ਨੇ ਕਿਹਾ ਕਿ ਕੌਮਾਂਤਰੀ ਔਰਤ ਦਿਵਸ ਮੌਕੇ ਪੰਜਾਬ ਸਰਕਾਰ ਨੇ ਔਰਤਾਂ ਨੂੰ ਤੋਹਫ਼ਾ ਦੇ ਕੇ 1000 ਰੁਪਏ ਦੇਣ ਦਾ ਆਪਣਾ ਵਾਅਦਾ ਪੂਰਾ ਕੀਤਾ ਹੈ। ਜਦੋਂਕਿ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਦੀ ਟੀਮ ਨੇ ਇੱਥੇ ਪੁਰਾਣੀ ਕੋਤਵਾਲੀ ਚੌਕ ਖੱਦਰ ਭੰਡਾਰ ਵਿਖੇ ਬੰਦੋਬਸਤ ਕੀਤੇ ਗਏ ਸਨ। ਸਮਾਣਾ ਦੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਦੀ ਟੀਮ ਮੈਂਬਰ ਗੁਰਦੇਵ ਸਿੰਘ ਟਿਵਾਣਾ ਵੱਲੋਂ ਸਮਾਣਾ ਦੀ ਕ੍ਰਿਸ਼ਨਾ ਬਸਤੀ ਵਿਖੇ ਐਲ ਈ ਡੀ ਲਗਾ ਕੇ ਔਰਤਾਂ ਨੂੰ ਬਜਟ ਸਮਾਗਮ ਦਾ ਲਾਈਵ ਦਿਖਾਇਆ। ਰਾਜਪੁਰਾ ਦੇ ਵਿਧਾਇਕ ਨੀਨਾ ਮਿੱਤਲ ਦੀ ਟੀਮ ਨੇ ਪਿੰਡ ਸੁਰਲ ਕਲਾਂ ਵਿਖੇ ਇਸ ਇਤਿਹਾਸਕ ਯੋਜਨਾ ਦਾ ਲਾਈਵ ਟੈਲੀਕਾਸਟ ਦਿਖਾਇਆ। ਨੀਨਾ ਮਿੱਤਲ ਨੇ ਕਿਹਾ ਕਿ ਉਹ ਖ਼ੁਦ ਇੱਕ ਮਹਿਲਾ ਹੋਣ ਕਰਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ 13 ਅਪ੍ਰੈਲ ਤੋਂ ਵਿਸਾਖੀ ਵਾਲੇ ਦਿਨ ਇਸ ਦੀ ਰਜਿਸਟ੍ਰੇਸ਼ਨ ਸ਼ੁਰੂ ਹੋ ਜਾਵੇਗੀ। ਇਸੇ ਦੌਰਾਨ ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਤੇਜਿੰਦਰ ਮਹਿਤਾ ਨੇ ਵੱਖਰੇ ਤੌਰ ਉਤੇ ਲੱਡੂ ਵੰਡਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ ਅਤੇ ਸਮੁੱਚੇ ਪੰਜਾਬ ਦੀਆਂ ਔਰਤਾਂ ਨੂੰ ਵਧਾਈ ਦਿੱਤੀ। ਸਨੌਰ ਹਲਕੇ ਦੇ ਇੰਚਾਰਜ ਰਣਜੋਧ ਸਿੰਘ ਹਡਾਣਾ ਦੀ ਅਗਵਾਈ ਹੇਠ ਦੇਵੀਗੜ੍ਹ ਰੋਡ ਵਿਖੇ ਇੱਕ ਪੈਲੇਸ ਵਿੱਚ ਔਰਤਾਂ ਨੂੰ ਮਹਿਲਾਵਾਂ ਦੀ ਭਲਾਈ ਦੀ ਇਸ ਯੋਜਨਾ ਲਾਗੂ ਕਰਨ ਦਾ ਲਾਈਵ ਦਿਖਾਇਆ ਗਿਆ।ਨਾਭਾ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਦੀ ਟੀਮ ਨੇ ਪਟਿਆਲਾ ਗੇਟ ਵਿਖੇ ਵੱਡੀ ਐਲਈਡੀ ਲਗਾ ਕੇ ਲਾਈਵ ਟੈਲੀਕਾਸਟ ਦਿਖਾਇਆ।ਘਨੌਰ ਦੇ ਵਿਧਾਇਕ ਗੁਰਲਾਲ ਘਨੌਰ ਦੀ ਟੀਮ ਨੇ ਵੀ ਵੱਖਰੇ ਤੌਰ ਉਤੇ ਔਰਤਾਂ ਨੂੰ ਇਸ ਸਕੀਮ ਬਾਰੇ ਜਾਣੂੰ ਕਰਵਾਇਆ, ਜਦੋਂਕਿ ਹਲਕਾ ਸ਼ੁਤਰਾਨਾ ਦੇ ਵਿਧਾਇਕ ਕੁਲਵੰਤ ਸਿੰਘ ਬਾਜੀਗਰ ਦੀ ਪਾਤੜਾਂ ਸਥਿਤ ਰਿਹਾਇਸ਼ ਵਿਖੇ ਐਲਈਡੀ ਲਗਾਕੇ ਵਿੱਤ ਮੰਤਰੀ ਵੱਲੋਂ ਪੇਸ਼ ਕੀਤੇ ਗਏ ਬਜਟ ਦਾ ਲਾਈਵ ਟੈਲੀਕਾਸਟ ਕੀਤਾ ਗਿਆ। ਇਸ ਮੌਕੇ ਕੌਂਸਲਰ ਜਤਿੰਦਰ ਕੌਰ ਐਸਕੇ, ਸਰਪੰਚ ਆਸ਼ਾ, ਨੇਹਾ ਕੁਕਰੇਜਾ, ਦਵਿੰਦਰ ਕੌਰ, ਸਤਿੰਦਰ ਕੌਰ, ਬਬਲੀ, ਨੇਹਾ, ਰੇਖਾ ਰਾਣੀ ਸਮੇਤ ਹੋਰ ਔਰਤਾਂ ਨੇ ਕਿਹਾ ਕਿ ਮਾਨ ਸਰਕਾਰ ਨੇ ਮਹਿਲਾਵਾਂ ਦੇ ਸਨਮਾਨ ਤੇ ਸਸ਼ਕਤੀਕਰਨ ਲਈ ਆਪਣੀ ਵਚਨਬੱਧਤਾ ਨਿਭਾਈ ਹੈ। ਉਨ੍ਹਾਂ ਕਿਹਾ ਕਿ 18 ਸਾਲ ਦੀ ਉਮਰ ਤੋਂ ਵੱਧ ਜਨਰਲ ਵਰਗ ਦੀਆਂ ਔਰਤਾਂ ਲਈ 1000 ਰੁਪਏ ਐਸ.ਸੀ. ਔਰਤਾਂ ਲਈ 1500 ਰੁਪਏ ਦੇਣਾ ਸਾਡੀਆਂ ਮਹਿਲਾਵਾਂ ਲਈ ਬਹੁਤ ਲਾਹੇਵੰਦ ਸਾਬਤ ਹੋਵੇਗਾ, ਇਸ ਲਈ ਉਹ ਪੰਜਾਬ ਸਰਕਾਰ ਦੇ ਧੰਨਵਾਦੀ ਹਨ। ਸਮਾਗਮ ਦੌਰਾਨ ਜੈਸ਼ੰਕਰ ਸ਼ਰਮਾ, ਬਲਵਿੰਦਰ ਸੈਣੀ, ਕਰਨਲ ਜੇਵੀ ਸਿੰਘ, ਸੁਰੇਸ਼ ਰਾਏ, ਅਮਨ ਭੁੱਲਰ, ਗੁਰਵਿੰਦਰ ਗੋਬਿੰਦ, ਪ੍ਰਿੰਸੀਪਲ ਜੇਪੀ ਸਿੰਘ ਤੇ ਚਰਨਜੀਤ ਸਿੰਘ ਐਸ ਕੇ ਸਮੇਤ ਹੋਰ ਵੱਡੀ ਗਿਣਤੀ ਆਗੂ ਤੇ ਵਰਕਰ ਮੌਜੂਦ ਸਨ।



# 'ਪੰਥ ਬਚਾਓ-ਪੰਜਾਬ ਬਚਾਓ' ਮਹਾਂ ਰੈਲੀ ਦੌਰਾਨ ਹਜ਼ਾਰਾਂ ਦੀ ਭੀੜ ਨੇ ਦਿੱਤਾ ਵਾਰਿਸ ਪੰਜਾਬ ਨੂੰ ਸਮਰਥਨ



ਘਨੌਰ, 8 ਮਾਰਚ (ਰਾਜਿੰਦਰ ਸਿੰਘ ਕੰਬੋਜ/ਮਦਨ ਲਾਲ) : ਹਲਕਾ ਘਨੌਰ ਜਗਤ ਫਾਰਮ ਵਿਖੇ 'ਅਕਾਲੀ ਦਲ ਵਾਰਿਸ ਪੰਜਾਬ ਦੇ' ਵੱਲੋਂ 'ਪੰਥ ਬਚਾਓ-ਪੰਜਾਬ ਬਚਾਓ' ਮੁਹਿੰਮ ਤਹਿਤ ਇਕ ਵਿਸ਼ਾਲ ਮਹਾਂ ਰੈਲੀ ਦਾ ਆਯੋਜਨ ਕੀਤਾ ਗਿਆ, ਜਿਸ ਨੇ ਵੱਡੇ ਇਕੱਠ ਦਾ ਰੂਪ ਧਾਰ ਲਿਆ। ਇਸ ਮਹਾਂ ਰੈਲੀ ਦੀ ਅਗਵਾਈ ਗੁਰਸੇਵਕ ਸਿੰਘ ਅੰਟਾਲ ਅਤੇ ਉਨ੍ਹਾਂ ਦੀ ਟੀਮ ਵੱਲੋਂ ਕੀਤੀ ਗਈ, ਜਦਕਿ ਖਡੂਰ ਸਾਹਿਬ ਤੋਂ ਲੋਕ ਸਭਾ ਮੈਂਬਰ ਭਾਈ ਅੰਮ੍ਰਿਤਪਾਲ ਸਿੰਘ ਦੇ ਪਿਤਾ ਅਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਸਰਪ੍ਰਸਤ ਬਾਪੂ ਤਰਸੇਮ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਰੈਲੀ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤਾਂ ਅਤੇ ਨੌਜਵਾਨਾਂ ਨੇ ਸ਼ਮੂਲੀਅਤ ਕਰਕੇ ਆਪਣਾ ਸਮਰਥਨ ਜਤਾਇਆ। ਸੰਬੋਧਨ ਕਰਦਿਆਂ ਬਾਪੂ ਤਰਸੇਮ ਸਿੰਘ ਨੇ ਕਿਹਾ ਕਿ ਸਰਕਾਰ ਦੀ ਢਿੱਲੀ ਕਾਰਗੁਜ਼ਾਰੀ ਕਾਰਨ ਪੰਜਾਬ ਵਿੱਚ ਬੇਅਦਬੀ ਦੀਆਂ ਘਟਨਾਵਾਂ ਰੁਕਣ ਦੀ ਬਜਾਏ ਵਧ ਰਹੀਆਂ ਹਨ। ਇਸ ਮੌਕੇ ਰੈਲੀ ਦੇ ਮੁੱਖ ਆਯੋਜਕ ਗੁਰਸੇਵਕ ਸਿੰਘ ਅੰਟਾਲ ਨੇ ਕਿਹਾ ਕਿ ਪੰਜਾਬ ਦੀ ਨੌਜਵਾਨੀ ਨੂੰ ਨਸ਼ਿਆਂ ਅਤੇ ਬੇਰੁਜ਼ਗਾਰੀ ਤੋਂ ਬਚਾਉਣ ਲਈ ਵੱਡੀ ਲਹਿਰ ਖੜੀ ਕਰਨ ਦੀ ਲੋੜ ਹੈ। ਉਨ੍ਹਾਂ ਨੌਜਵਾਨਾਂ ਅਤੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਪੰਜਾਬ ਅਤੇ ਪੰਥ ਦੀ ਭਲਾਈ ਲਈ ਅੱਗੇ ਆ ਕੇ 'ਅਕਾਲੀ ਦਲ ਵਾਰਸ ਪੰਜਾਬ ਦੇ' ਦਾ ਸਾਥ ਦੇਣ। ਅੱਜ ਵੱਡੀ ਗਿਣਤੀ ਵਿੱਚ ਨੌਜਵਾਨਾਂ ਨੇ ਵੱਖ ਵੱਖ ਪਾਰਟੀਆਂ ਨੂੰ ਛੱਡਕੇ ਭਾਈ ਅੰਮ੍ਰਿਤਪਾਲ ਸਿੰਘ ਦੀ ਸੋਚ ਨਾਲ ਚਲਣ ਦਾ ਫ਼ੈਸਲਾ ਕੀਤਾ ਅਤੇ ਇਸ ਮੌਕੇ ਉੱਤੇ ਮੁਸਲਿਮ ਭਰਾ ਆਸ਼ੂ ਖਾਨ ਲਾਛੜੂ ਨੇ ਵੀ ਨਾਲ ਚੱਲਕੇ ਭਾਈਚਾਰਕ ਸਾਂਝ ਦਾ ਸੰਦੇਸ਼ ਦਿੱਤਾ। ਇਸ ਮੌਕੇ ਪਰਮਜੀਤ ਸਿੰਘ ਜੌਹਲ, ਪਲਵਿੰਦਰ ਸਿੰਘ , ਅਮਰਜੀਤ ਸਿੰਘ ਮਨਚਿੜੀ, ਹਰਭਜਨ ਸਿੰਘ ਤੋੜ ਪਰਮਜੀਤ ਸਿੰਘ ਖੇੜਾ, ਜਿਲ੍ਹਾਂ ਪ੍ਰਧਾਨ ਜਸਵਿੰਦਰ ਸਿੰਘ ਡਰੌਲੀ , ਗੁਰਜੀਤ ਸਿੰਘ ਜੋਗੀਪੁਰ, ਸਰਬਜੀਤ ਸਿੰਘ ਘੜਾਮ, ਗੁਰਪ੍ਰੀਤ ਸਿੰਘ ਬਾਰਨ, ਗੁਰਦੀਪ ਸਿੰਘ ਮਰਦਾਂਪੁਰ , ਰਾਜਵੰਤ ਕੌਰ ਘੜਾਮ , ਹਰਫ ਬਾਜਵਾ, ਲਵਪ੍ਰੀਤ ਸੰਧੂ, ਧਰਮ ਸਿੰਘ ਸਰਪੰਚ ਰਾਮ ਨਗਰ ਸੈਣੀਆ , ਸਵਿੰਦਰ ਸਿੰਘ ਭੰਗੂ, ਬਲਵਿੰਦਰ ਸਿੰਘ ਪ੍ਰਧਾਨ ਗੁਰਦੁਆਰਾ ਰਾਮ ਨਗਰ ਸੈਣੀਆ , ਲਖਵੰਤ ਸਿੰਘ ਲੱਖੀ, ਝਿਰਮਲ ਸਿੰਘ ਵਿਰਕ , ਹਰਮਨਪ੍ਰੀਤ ਸਿੰਘ ਪੂਨੀਆ ਅਕਾਲੀ ਬੁੱਢਾ ਦਲ , ਗਗਨਜੋਤ ਸਿੰਘ ਭੰਗੂ, ਸੁੱਖੀ ਅੰਟਾਲ ਪ੍ਰਧਾਨ, ਗੇਵੀ ਘਨੌਰ, ਹਰਦੇਵ ਸਿੰਘ ਭੰਗੂ, ਕੁਲਦੀਪ ਸਿੰਘ ਘਨੌਰ, ਸੰਜੂ ਸੈਣੀ ਰਾਮ ਨਗਰ , ਰਾਕੇਸ਼ ਕੁਮਾਰ ਰਾਮਨਗਰ ਸੈਣੀਆ , ਦਵਿੰਦਰ ਸਿੰਘ ਘੇਲ, ਹਰਮੇਸ਼ ਸਿੰਘ ਰਾਮਨਗਰ ਸੈਣੀਆ, ਗੁਰਪ੍ਰੀਤ ਸਿੰਘ ਕਾਮੀ ਖੁਰਦ, ਮਹਿੰਦਰ ਸਿੰਘ ਸੈਕਟਰੀ ਹਰਪਾਲਪੁਰ ਆਦਿ ਸ਼ਾਮਿਲ ਹੋਏ ।

# ਗੁਰਦੁਆਰਾ ਬੋਹੜ ਸਾਹਿਬ ਚਾਸਵਾਲ ਵਿਖੇ ਧਾਰਮਿਕ ਸਮਾਗਮ

## >ਭਾਈ ਅਮਰਜੀਤ ਸਿੰਘ ਫਰੀਦਪੁਰ ਵਾਲਿਆਂ ਨੇ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ

ਭਾਦਸੋਂ, 8 ਮਾਰਚ (ਭਰਪੂਰ ਸਿੰਘ ਮੱਟਰਾਂ) : ਹਰ ਮਹੀਨੇ ਦੀ ਤਰ੍ਹਾਂ ਗੁਰਦੁਆਰਾ ਬੋਹੜ ਸਾਹਿਬ (ਪਾਤਸ਼ਾਹੀ ਨੌਵੀਂ) ਚਾਸਵਾਲ ਨੇੜੇ ਭਾਦਸੋਂ ਵਿਖੇ ਪੂਰਨਮਾਸ਼ੀ ਦੇ ਦਿਹਾੜੇ ਮੌਕੇ ਰਾਤਰੀ ਦਾ ਧਾਰਮਿਕ ਸਮਾਗਮ ਆਯੋਜਿਤ ਕੀਤਾ ਗਿਆ ।



ਸਮਾਗਮ ਦੌਰਾਨ ਭਾਈ ਅਮਰਜੀਤ ਸਿੰਘ ਫਰੀਦਪੁਰ ਵਾਲਿਆਂ ਨੇ ਸੰਗਤਾਂ ਨੂੰ ਕੀਰਤਨ ਰਾਹੀਂ ਨਿਹਾਲ ਕਰਦਿਆਂ ਜਿੱਥੇ ਖੰਡੇ ਬਾਟੇ ਦਾ ਅੰਮ੍ਰਿਤ ਛਕਣ ਲਈ ਪ੍ਰੇਰਿਤ ਕੀਤਾ ਉਥੇ ਉਨ੍ਹਾਂ ਕਿਹਾ ਕਿ ਸਾਨੂੰ ਗੁਰੂਆਂ ਦੇ ਦਰਸਾਏ ਹੋਏ ਮਾਰਗ ਤੇ ਚੱਲਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦਾ ਇਤਿਹਾਸ ਮਹਾਨ ਸੂਰਵੀਰ-ਯੋਧਿਆਂ ਦੀਆਂ ਲਾਸਾਨੀ ਸ਼ਹਾਦਤਾਂ ਨਾਲ ਭਰਿਆ ਹੋਇਆ ਹੈ ਜਿਨ੍ਹਾਂ ਨੇ ਆਪਣੀ ਅਤੇ ਆਪਣੇ ਪਰਿਵਾਰਾਂ ਦੀ ਸ਼ਹਾਦਤ ਦੇ ਕੇ ਸਿੱਖੀ ਨੂੰ ਕਾਇਮ ਰੱਖਿਆ। ਸਿੱਖ ਧਰਮ ਦੀ ਰੱਖਿਆ ਲਈ ਕੀਮਤੀ ਜਾਨਾਂ ਕੁਰਬਾਨ ਕਰ ਦਿੱਤੀਆਂ । ਇਸ ਮੌਕੇ ਪ੍ਰਬੰਧਕਾਂ ਵੱਲੋਂ ਭਾਈ ਅਮਰਜੀਤ ਸਿੰਘ ਫਰੀਦਪੁਰ ਦਾ ਸਿਰੋਪਾਓ ਨਾਲ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਅੰਮ੍ਰਿਤਪਾਲ ਸਿੰਘ ਗੋਲਡੀ, ਗੁਰਪ੍ਰੀਤ ਸਿੰਘ, ਜਸਵੰਤ ਸਿੰਘ ਪ੍ਰਧਾਨ, ਗੁਰਮੇਲ ਸਿੰਘ ਖੱਟੜਾ, ਦਰਸ਼ਨ ਸਿੰਘ ਖਾਲਸਾ, ਗੁਰਦੀਪ ਸਿੰਘ ਦੇਵੇ, ਹਰਜਿੰਦਰ ਸਿੰਘ, ਥਾਣੇਦਾਰ ਦੀਦਾਰ ਸਿੰਘ, ਸਤਨਾਮ ਸਿੰਘ ਪ੍ਰਧਾਨ ਭਾਦਸੋਂ, ਦਿਆਲ ਸਿੰਘ ਸਕਰਾਲੀ, ਬਾਬਾ ਭੂਸ਼ਣ ਸਿੰਘ, ਲਖਵਿੰਦਰ ਸਿੰਘ ਬੰਟੀ, ਲਖਵਿੰਦਰ ਸਿੰਘ ਲੱਖਾ, ਅਜੇਪਾਲ ਸਿੰਘ, ਜੋਬਨਪਾਲ ਸਿੰਘ, ਅਮਨਜੋਤ ਸਿੰਘ,ਉਧਮ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ। ਸਮਾਗਮ ਉਪਰੰਤ ਅਤੁੱਟ ਲੰਗਰ ਵੀ ਵਰਤਿਆ।

# ਜ਼ਿਲ੍ਹਾ ਸਵੀਪ ਟੀਮ ਨੇ ਐਨ.ਐੱਸ.ਐੱਸ. ਕੈਂਪ ਦੌਰਾਨ ਵੋਟਰ ਜਾਗਰੂਕਤਾ ਕੈਂਪ ਲਗਾਇਆ

ਪਟਿਆਲਾ, 8 ਮਾਰਚ (ਚ.ਨ.ਸ.) : ਗੌਰਮਿੰਟ ਕਾਲਜ ਫ਼ਾਰ ਗਰਲਜ਼, ਪਟਿਆਲਾ ਦੇ ਪ੍ਰਿੰਸੀਪਲ ਕਮ ਜ਼ਿਲ੍ਹਾ ਸਵੀਪ ਨੋਡਲ ਅਫ਼ਸਰ ਪਟਿਆਲਾ ਡਾ.ਸਵਿੰਦਰ ਸਿੰਘ ਰੇਖੀ ਦੀ ਅਗਵਾਈ ਹੇਠ ਪਿੰਡ ਨਿਊ ਖੇੜੀ ਵਿਖੇ ਚੱਲ ਰਹੇ ਐਨ.ਐੱਸ.ਐੱਸ. ਕੈਂਪ ਦੌਰਾਨ ਵੋਟਰ ਜਾਗਰੂਕਤਾ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਮੋਹਿਤ ਕੌਸ਼ਲ ਸਹਾਇਕ ਜ਼ਿਲ੍ਹਾ ਨੋਡਲ ਅਫਸਰ ਸਵੀਪ ਪਟਿਆਲਾ ਨੇ ਆਪਣੇ ਸੰਬੋਧਨ ਵਿੱਚ ਲੋਕਤੰਤਰ ਦੀ ਮਜ਼ਬੂਤੀ ਲਈ ਕਾਲਜ ਦੇ ਵਿਦਿਆਰਥੀਆਂ ਨੂੰ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ।ਉਹਨਾਂ ਨੇ ਸਾਰੇ ਯੋਗ ਵੋਟਰਾਂ ਨੂੰ ਬਿਨਾਂ ਕਿਸੇ ਡਰ ਭੇਦਭਾਵ ਦੇ ਆਪਣੀ ਵੋਟ ਦਾ ਇਸਤੇਮਾਲ ਕਰਨ ਲਈ ਪ੍ਰੇਰਿਤ ਕੀਤਾ। ਇਸ ਤੋਂ ਇਲਾਵਾ ਚੋਣ ਕਮਿਸ਼ਨ ਵੱਲੋਂ ਜਾਰੀ ਐਪਸ-ਈ ਸੀ ਆਈ ਨੈਟ, ਸੀ ਵਿਜਲ, ਸਕਸ਼ਮ, ਵੋਟਰ ਹੈਲਪਲਾਈਨ ਆਦਿ ਬਾਰੇ ਜਾਣਕਾਰੀ ਅਤੇ ਇਨ੍ਹਾਂ ਦੇ ਮਹੱਤਵ ਬਾਰੇ ਦੱਸਿਆ।



# ਨਗਰ ਨਿਗਮ ਵਿਖੇ ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਇਆ

## ਮੇਅਰ ਤੇ ਕਮਿਸ਼ਨਰ ਨੇ ਮਹਿਲਾਵਾਂ ਦੇ ਯੋਗਦਾਨ ਦੀ ਪ੍ਰਸ਼ੰਸਾ ਕੀਤੀ

ਪਟਿਆਲਾ, 8 ਮਾਰਚ (ਰੁਪਾਣਾ) : ਨਗਰ ਨਿਗਮ ਪਟਿਆਲਾ ਵੱਲੋਂ ਅੱਜ ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਇਆ ਗਿਆ। ਇਸ ਮੌਕੇ ਨਗਰ ਨਿਗਮ ਦੇ ਮੇਅਰ ਕੁੰਦਨ ਗੋਗੀਆ, ਕਮਿਸ਼ਨਰ ਪਰਮਜੀਤ ਸਿੰਘ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਸਮਾਗਮ ਦੌਰਾਨ ਮਹਿਲਾਵਾਂ ਦੇ ਸਮਾਜਿਕ, ਆਰਥਿਕ ਅਤੇ ਸਿੱਖਿਆਕ ਯੋਗਦਾਨ ਬਾਰੇ ਵਿਚਾਰ ਸਾਂਝੇ ਕੀਤੇ ਗਏ ਅਤੇ ਉਨ੍ਹਾਂ ਦੀਆਂ ਪ੍ਰਾਪਤੀਆਂ ਨੂੰ ਸਲਾਮ ਕੀਤਾ ਗਿਆ। ਇਸ ਮੌਕੇ ਪਟਿਆਲਾ ਦੇ ਮੇਅਰ ਅਤੇ ਕਮਿਸ਼ਨਰ ਨੇ ਕਿਹਾ ਕਿ ਮਹਿਲਾਵਾਂ ਸਮਾਜ ਦੀ ਤਾਕਤ ਹਨ ਅਤੇ ਉਨ੍ਹਾਂ ਦੀ ਭੂਮਿਕਾ ਹਰ ਖੇਤਰ ਵਿੱਚ ਮਹੱਤਵਪੂਰਨ ਹੈ। ਉਨ੍ਹਾਂ ਨੇ ਕਿਹਾ ਕਿ ਅੱਜ ਮਹਿਲਾਵਾਂ ਸਿੱਖਿਆ, ਸਿਹਤ, ਪ੍ਰਸ਼ਾਸਨ, ਵਿਗਿਆਨ ਅਤੇ ਕਾਰੋਬਾਰ ਸਮੇਤ ਹਰ ਖੇਤਰ ਵਿੱਚ ਅੱਗੇ ਵਧ ਰਹੀਆਂ ਹਨ ਅਤੇ ਦੇਸ਼ ਦੀ ਤਰੱਕੀ ਵਿੱਚ ਅਹਿਮ ਯੋਗਦਾਨ ਪਾ ਰਹੀਆਂ ਹਨ। ਮੇਅਰ ਅਤੇ ਕਮਿਸ਼ਨਰ ਨੇ ਨਗਰ ਨਿਗਮ ਵਿੱਚ ਕੰਮ ਕਰ ਰਹੀਆਂ ਮਹਿਲਾ ਕਰਮਚਾਰੀਆਂ ਦੀ ਸਰਾਹਨਾ ਕਰਦਿਆਂ ਕਿਹਾ ਕਿ ਉਹ ਆਪਣੇ ਕੰਮ ਨੂੰ ਪੂਰੀ ਇਮਾਨਦਾਰੀ ਅਤੇ ਲਗਨ ਨਾਲ ਨਿਭਾ ਰਹੀਆਂ ਹਨ। ਇਸ ਮੌਕੇ ਕਮਿਸ਼ਨਰ ਪਰਮਜੀਤ ਸਿੰਘ, ਸੰਯੁਕਤ ਕਮਿਸ਼ਨਰ ਸ੍ਰੀਮਤੀ ਮਨਰੀਤ ਕੌਰ ਰਾਣਾ ਨੂੰ ਵੀ ਬੁੱਕਾਂ ਦੇ ਕੇ ਸਵਾਗਤ ਕੀਤਾ ਗਿਆ। ਵੱਡੀ ਗਿਣਤੀ 'ਚ ਮੁਲਾਜ਼ਮ ਔਰਤਾਂ ਵੱਲੋਂ ਇਸ ਸਮਾਗਮ 'ਚ ਸ਼ਿਰਕਤ ਕੀਤੀ ਗਈ ਜਿਨ੍ਹਾਂ 'ਚ ਅਮਰਿੰਦਰ ਕੌਰ, ਮਨਪ੍ਰੀਤ ਕੌਰ, ਨਿਸ਼ਾ ਰਾਣੀ, ਸ਼ਰਨਵੀਰ ਕੌਰ, ਸ੍ਰੀਮਤੀ ਤਨੂੰ, ਗਗਨਜੀਤ ਕੌਰ, ਸਰਬਜੀਤ ਕੌਰ, ਅੰਜਨਾ ਰਾਣੀ, ਭਾਵਨਾ, ਕੁਲਵਿੰਦਰ ਕੌਰ, ਅਮਨਦੀਪ ਕੌਰ, ਜਸਵਿੰਦਰ ਕੌਰ, ਗੁਰਮੇਲ ਸਿੰਘ, ਸ਼ਿਵ ਕੁਮਾਰ, ਪ੍ਰਦੀਪ ਪੁਰੀ, ਸੁਭਾਸ਼ ਚੰਦਰ, ਗੋਲਡੀ ਕਲਿਆਣ, ਸੁਰਜੀਤ ਸਿੰਘ ਆਦਿ ਹਾਜ਼ਰ ਸਨ।



# ਪੰਥਕ ਆਗੂਆਂ ਨੂੰ ਇੱਕ ਝੰਡੇ ਥੱਲੇ ਇਕੱਠਾ ਹੋਣਾ ਚਾਹੀਦੈ: ਜਸਮਿੰਦਰ ਸਿੰਘ ਹੈਪੀ

ਦੇਵੀਗੜ੍ਹ, 8 ਮਾਰਚ (ਗੁਰਜੀਤ ਸਿੰਘ ਢੌਟ) : ਜਦੋਂ ਤੋਂ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਅੰਦਰ ਬਣੀ ਹੈ ਉਦੋਂ ਤੋਂ ਪੰਜਾਬ ਭਰ ਦੇ ਲੋਕ ਨਰਕ ਭਰੀ ਜ਼ਿੰਦਗੀ ਜਿਉਣ ਲਈ ਮਜਬੂਰ ਹਨ, ਜੋ ਇਸ ਸਰਕਾਰ ਨੇ ਐਲਾਨ ਕੀਤੇ ਸੀ ਉਹਨਾਂ ਵਿੱਚੋਂ ਕੋਈ ਵੀ ਹੁਣ ਤੱਕ ਐਲਾਨ ਤੇ ਗਰੰਟੀਆਂ ਪੂਰੀਆਂ ਨਹੀਂ ਹੋਈਆਂ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਕਰਦੇ ਹੋਏ ਜਸਮਿੰਦਰ ਸਿੰਘ ਹੈਪੀ ਨੇ ਦੱਸਿਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਹੁਣ ਤੱਕ ਪੰਜਾਬ ਦੇ ਲੋਕਾਂ ਲਈ ਕੁਝ ਵੀ ਨਹੀਂ ਕੀਤਾ। ਉਹਨਾਂ ਸਮੁੱਚੇ ਅਕਾਲੀ ਲੀਡਰਾਂ ਤੇ ਪੰਥਕ ਆਗੂਆਂ ਨੂੰ ਇੱਕ ਝੰਡੇ ਥੱਲੇ ਇਕੱਠੇ ਹੋ ਕੇ ਪੰਜਾਬ ਦੇ ਲੋਕਾਂ ਦਾ ਭਵਿੱਖ ਸਵਾਰਨਾ ਚਾਹੀਦਾ ਹੈ। ਸਰਦਾਰ ਪ੍ਰੇਮ ਸਿੰਘ ਚੰਦੂਮਾਜਰਾ, ਸੁਰਜੀਤ ਸਿੰਘ ਰੱਖੜਾ ਇਹ ਸਾਰੇ ਆਗੂ ਅਕਾਲੀ ਦਲ ਵਿੱਚ ਲੋਕਾਂ ਦੀ ਭਲਾਈ ਲਈ ਸ਼ਾਮਿਲ ਹੋਣੇ ਚਾਹੀਦੇ ਹਨ । ਉਹਨਾਂ ਕਿਹਾ ਕਿ ਹਲਕਾ ਪਟਿਆਲਾ ਦਿਹਾਤੀ ਦੇ ਇੰਚਾਰਜ ਤੇ ਉਹਨਾਂ ਦੇ ਸਿਆਸੀ ਗੁਰੂ ਜਸਪਾਲ ਸਿੰਘ ਬਿੱਟੂ ਚੱਠਾ ਵੱਲੋਂ ਬਹੁਤ ਹੀ ਵਧੀਆ ਢੰਗ ਦੇ ਨਾਲ ਸਰਕਾਰ ਦੇ ਖਿਲਾਫ ਝੰਡਾ ਬੁਲੰਦ ਕੀਤਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਬਿੱਟੂ ਚੱਠਾ ਦੇ ਦਿਸ਼ਾ ਨਿਰਦੇਸ਼ਾਂ ਹੇਠ ਅਕਾਲੀ ਦਲ ਦੇ ਵਰਕਰ ਪਟਿਆਲਾ ਦਿਹਾਤੀ ਵਿੱਚ ਲਗਾਤਾਰ ਵਧੀਆ ਕੰਮ ਕਰ ਰਹੇ ਹਨ।



# ਮਹਿਲਾ ਦਿਵਸ ਮੌਕੇ ਮਹਿਲਾਵਾਂ ਦਾ ਸਨਮਾਨ

ਸਮਾਣਾ, 8 ਮਾਰਚ (ਵਿਜੇ ਕੁਮਾਰ) : ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਪੰਜਾਬ ਸਰਕਾਰ ਵੱਲੋਂ ਹਰਜਿੰਦਰ ਸਿੰਘ ਮਿੰਟੂ ਜੌੜਾਮਾਜਰਾ ਮੁੱਖ ਮਹਿਮਾਨ ਦੇ ਤੌਰ ਤੇ ਸਾਮਿਲ ਹੋਏ,ਤੇ ਆਪਣੇ ਉਦਮ ਨਾਲ ਸਮਾਜ ਵਿੱਚ ਵਿੱਚ ਵੱਖ ਵੱਖ ਪਿੰਡਾਂ ਦੀਆਂ ਔਰਤਾਂ ਵੱਖ-ਵੱਖ ਸਮੂਹਾਂ ਦੇ ਨਾਲ ਕਾਫੀ ਸਮੇਂ ਤੋਂ ਪਹਿਲਾ ਜੁੜੀਆਂ ਹੋਈਆਂ ਹਨ।ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਗੁਰਦੇਵ ਸਿੰਘ ਟਿਵਾਣਾ ਨੇ ਪਹੁੰਚੀਆਂ ਮਹਿਲਾਵਾਂ ਨੂੰ ਸੰਬੋਧਨ ਕਰਦਿਆ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪੀ ਆਰ ਐਸ ਐਲ ਐਮ ਸਕੀਮ ਚਲਾ ਕੇ ਔਰਤਾ ਨੂੰ ਹਰ ਖੇਤਰ 'ਚ ਸਿਖਲਾਈ ਦਿੱਤੀ ਜਾਂਦੀ ਹੈ ਜਿਸ ਤੋਂ ਬਾਅਦ ਉਹ ਆਪਣਾ ਕੰਮ ਸੂਰੂ ਕਰਕੇ ਚੰਗਾ ਕਾਰੋਬਾਰ ਕਰ ਰਹੀਆਂ ਹਨ।ਇਸ ਮੌਕੇ ਹੋਰਨਾ ਤੋਂ ਇਲਾਵਾ ਬਲਾਕ ਸੰਮਤੀ ਚੇਅਰਮੈਨ ਹਰਦੀਪ ਸਿੰਘ ਚੀਮਾ, ਜਿਲ੍ਹਾ ਪ੍ਰੀਸਦ ਮੈਂਬਰ ਮਨਜੀਤ ਕੌਰ, ਕੋਆਰਡੀਨੇਟਰ ਅਸ਼ੋਕ ਕੁਮਾਰ, ਰਾਮਕੇਸ਼ ਸ਼ਰਮਾ, ਸੀਮਾ ਰਾਣੀ, ਵਰੁਣ ਚੋਪੜਾ, ਰਵੀ ਰੰਧਾਵਾ, ਰਮੀ ਸ਼ਰਮਾ, ਰਵਿੰਦਰ ਸੋਹਲ, ਗੁਰਵਿੰਦਰ ਸਿੰਘ, ਬੱਬੂ ਬਰਾੜ ਆਦਿ ਹਾਜ਼ਰ ਸਨ।



ਸਥਾਨਕ ਬੀਡੀਪੀਓ ਦਫਤਰ ਵਿਖੇ 'ਅਪਣਾ ਕਾਰੋਬਾਰ ਆਪਣੀ ਪਹਿਚਾਣ' ਦੇ ਬੈਨਰ ਹੇਠ ਇਕ ਸਮਾਗਮ ਕਰਵਾਇਆ ਗਿਆ। ਜਿਸ ਵਿੱਚ ਹਲਕਾ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਦੇ ਪੀ.ਏ ਤੇ ਜਿਲ੍ਹਾ ਪ੍ਰੀਸ਼ਦ ਮੈਂਬਰ ਗੁਰਦੇਵ ਸਿੰਘ ਟਿਵਾਣਾ,ਸੀਨੀਅਰ ਆਪ ਆਗੂ ਮਿਸਾਲ ਬਣੀਆਂ ਸੈਕੜੇ ਮਹਿਲਾਵਾ ਉਦਮੀਆਂ ਨੂੰ ਪ੍ਰਸ਼ੰਸਾ ਪੱਤਰ ਤੇ ਟਰਾਫੀਆਂ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਬੀ.ਪੀ.ਐਮ.ਬਲਾਕ ਪਟਿਆਲਾ ਅਤੇ ਸਮਾਣਾ ਦੇ ਵਰੁਣ ਪਰਾਸ਼ਰ, ਪਿੰਕੂ ਸਿੰਗਲਾ,ਬਲਾਕ ਐਮਆਈਐਸ ਰਵਿੰਦਰ ਸ਼ਰਮਾ ਨੇ ਕਿਹਾ ਕਿ ਪੰਜਾਬ ਰਾਜ ਦਿਹਾਤੀ ਜੀਵਕਾ ਮਿਸ਼ਨ ਤਹਿਤ

# ਦਾਜ ਲਈ ਤੰਗ ਕਰਨ 'ਤੇ ਮਾਮਲਾ ਦਰਜ

ਪਟਿਆਲਾ, 8 ਮਾਰਚ (ਵਿਨੋਦ ਸ਼ਰਮਾ) : ਥਾਣਾ ਵੂਮੈਨ ਪੁਲਿਸ ਕੋਲ ਗੁਰਜੀਤ ਕੌਰ ਪਤਨੀ ਅਭਿਜੀਤ ਸਿੰਘ ਪੁੱਤਰੀ ਬਲਵਿੰਦਰ ਸਿੰਘ ਵਾਸੀ ਪਿੰਡ ਸਲੇਮਪੁਰ ਜੱਟਾਂ ਰਾਜਪੁਰਾ ਨੇ ਕਥਿਤ ਦੋਸ਼ੀਆਂ ਅਭਿਜੀਤ ਸਿੰਘ ਪੁੱਤਰ ਇੰਦਰਜੀਤ ਸਿੰਘ, ਇੰਦਰਜੀਤ ਸਿੰਘ ਪੁੱਤਰ ਗੁਰਨਾਮ ਸਿੰਘ ਵਾਸੀ ਅਰਬਨ ਅਸਟੇਟ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਸ ਦਾ ਵਿਆਹ ਮਿਤੀ 28-9-23 ਨੂੰ ਕਥਿਤ ਦੋਸ਼ੀ ਨਾਲ ਹੋਇਆ ਸੀ, ਜੋ ਵਿਆਹ ਤੋਂ ਬਾਅਦ ਕਥਿਤ ਦੋਸ਼ੀ ਉਸ ਨੂੰ ਹੋਰ ਦਾਜ ਦਹੇਜ ਲਈ ਤੰਗ ਪ੍ਰੇਸ਼ਾਨ ਕਰਨ ਲੱਗ ਪਿਆ, ਜੋ ਮੁਦੈਲਾ ਦੇ ਦਾਜ ਦਾ ਸਮਾਨ ਵੀ ਕਥਿਤ ਦੋਸ਼ੀ ਦੇ ਕਬਜੇ ਵਿੱਚ ਹੈ। ਪੁਲਿਸ ਨੇ ਧਾਰਾ 316(2), 85 ਬੀ.ਐਨ.ਐਸ. ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

# ਸੁਰਜੀਤ ਸਿੰਘ ਰੱਖੜਾ ਵੱਲੋਂ ਸਿਮਰਨਦੀਪ ਕੌਰ ਦਾ ਸਨਮਾਨ



ਪਟਿਆਲਾ , 8 ਮਾਰਚ (ਜਵੰਦਾ) : ਸਾਬਕਾ ਕੈਬਨਿਟ ਮੰਤਰੀ ਅਤੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸੀਨੀਅਰ ਆਗੂ ਸੁਰਜੀਤ ਸਿੰਘ ਰੱਖੜਾ ਵੱਲੋਂ ਨਾਭਾ ਦੇ ਪਿੰਡ ਬਿਰੜਵਾਲ ਦੀ ਹੋਣਹਾਰ ਧੀ ਸਿਮਰਨਦੀਪ ਕੌਰ ਨੂੰ ਯੂਪੀਐੱਸਸੀ ਦੀ ਕਠਿਨ ਪ੍ਰੀਖਿਆ ਵਿੱਚ ਪੂਰੇ ਭਾਰਤ ਵਿੱਚੋਂ 15ਵਾਂ ਰੈਂਕ ਪ੍ਰਾਪਤ ਕਰਨ 'ਤੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸੁਰਜੀਤ ਸਿੰਘ ਰੱਖੜਾ ਸਿਮਰਨਦੀਪ ਕੌਰ ਦੇ ਘਰ ਪਹੁੰਚੇ ਅਤੇ ਉਸ ਨੂੰ ਅਸ਼ੀਰਵਾਦ ਦਿੰਦਿਆਂ ਪਰਿਵਾਰ ਨੂੰ ਦਿਲੋਂ ਵਧਾਈ ਦਿੱਤੀ। ਇਸ ਮੌਕੇ ਗੱਲਬਾਤ ਕਰਦਿਆਂ ਸੁਰਜੀਤ ਸਿੰਘ ਰੱਖੜਾ ਨੇ ਕਿਹਾ ਕਿ ਸਿਮਰਨਦੀਪ ਕੌਰ ਦੀ ਇਹ ਵੱਡੀ ਉਪਲੱਬਧੀ ਸਿਰਫ਼ ਉਸਦੇ ਪਰਿਵਾਰ ਲਈ ਹੀ ਨਹੀਂ, ਸਗੋਂ ਪੂਰੇ ਇਲਾਕੇ ਅਤੇ ਸਮੁੱਚੀ ਸਿੱਖ ਕੌਮ ਲਈ ਮਾਣ ਦੀ ਗੱਲ ਹੈ।

# ਸਿਮਰਨਦੀਪ ਕੌਰ ਨੇ ਯੂ.ਪੀ.ਐਸ.ਸੀ. ਦੀ ਪ੍ਰੀਖਿਆ 'ਚ 15ਵਾਂ ਰੈਂਕ ਹਾਸਲ ਕੀਤਾ



ਨਾਭਾ, 8 ਮਾਰਚ (ਬਲਜਿੰਦਰ ਮਾਨ) : ਜੇਕਰ ਮਨ ਦੇ ਵਿੱਚ ਕੁਝ ਕਰ ਗੁਜਰਨ ਦਾ ਜਜ਼ਬਾ ਹੋਵੇ ਤਾਂ ਔਖੀ ਤੋਂ ਔਖੀ ਮੰਜਿਲ ਨੂੰ ਵੀ ਸਖਤ ਮਿਹਨਤ ਅਤੇ ਦ੍ਰਿੜ੍ਹ ਇਰਾਦੇ ਦੇ ਨਾਲ ਹਾਸਿਲ ਕੀਤਾ ਜਾ ਸਕਦਾ। ਅਜਿਹਾ ਹੀ ਕੁਝ ਕਰ ਵਿਖਾਇਆ ਨਾਭਾ ਬਲਾਕ ਦੇ ਪਿੰਡ ਬਿਰੜਵਾਲ ਦੀ ਸਿਮਰਨਦੀਪ ਕੌਰ ਨੇ ਯੂਪੀਐਸਸੀ ਪ੍ਰੀਖਿਆ ਆਲ ਇੰਡੀਆ ਦੇ ਵਿੱਚੋਂ 15ਵਾਂ ਰੈਂਕ ਹਾਸਿਲ ਕੀਤਾ। ਇਸ ਮੌਕੇ 'ਤੇ ਪਿੰਡ ਬਿਰੜਵਾਲ ਦੀ ਸਿਮਰਨਦੀਪ ਕੌਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਮੈਂ ਬਹੁਤ ਜਿਆਦਾ ਮਿਹਨਤ ਕੀਤੀ ਹੈ, ਜਿਸ ਕਰਕੇ ਮੈਨੂੰ ਅਜਿਹਾ ਮੁਕਾਮ ਹਾਸਿਲ ਹੋਇਆ ਹੈ, ਕਿਉਂਕਿ ਸਾਡੀ ਬੈਕਗਰਾਉਂਡ ਵਿੱਚ ਕੋਈ ਵੀ ਸਰਕਾਰੀ ਨੌਕਰੀ 'ਤੇ ਨਹੀਂ ਸੀ, ਜਦੋਂ ਇਹ ਨਤੀਜੇ ਦਾ ਐਲਾਨ ਹੋਇਆ। ਘਰ ਦੇ ਵਿੱਚ ਹੀ ਲੋਕਾਂ ਦਾ ਵਧਾਈਆਂ ਦੇਣ ਵਾਲਿਆਂ ਦਾ ਤਾਂਤਾ ਲੱਗਾ ਹੋਇਆ ਹੈ। ਇਸ ਮੌਕੇ ਪਰਿਵਾਰ ਦੇ ਵੱਲੋਂ ਸਿਮਰਨਦੀਪ ਕੌਰ ਦਾ ਲੱਡੂਆਂ ਦੇ ਨਾਲ ਮੂੰਹ ਮਿੱਠਾ ਕਰਾ ਕੇ ਖੁਸ਼ੀ ਨੂੰ ਸਾਂਝਾ ਕੀਤਾ ਅਤੇ ਸਿਮਰਨਦੀਪ ਨੇ ਕਿਹਾ ਮੇਰੇ ਮਾਤਾ ਪਿਤਾ ਅਤੇ ਚਾਚਾ ਨੇ ਮੈਨੂੰ ਪ੍ਰੇਰਨਾ ਦਿੱਤੀ ਅਤੇ ਅੱਜ ਮੈਂ ਇਹ ਮੁਕਾਮ ਹਾਸਿਲ ਕੀਤਾ ਹੈ। ਇਸ ਮੌਕੇ 'ਤੇ ਸਿਮਰਨਦੀਪ ਕੌਰ ਨੇ ਦੱਸਿਆ ਕਿ ਜਦੋਂ ਮੈਨੂੰ ਪਤਾ ਲੱਗਿਆ ਕਿ ਮੇਰਾ 15ਵਾਂ ਰੈਂਕ ਆਇਆ ਹੈ ਮੈਨੂੰ ਬਿਲਕੁਲ ਵੀ ਯਕੀਨ ਨਹੀਂ ਹੋਇਆ, ਕਿਉਂਕਿ ਮਿਹਨਤ ਮੈਂ ਬਹੁਤ ਕੀਤੀ ਅਤੇ ਮੈਂ 12-12 ਘੰਟੇ ਪੜ੍ਹਦੀ ਸੀ ।

# ਦਿਵਿਆਂਗਾਂ ਦੀਆਂ ਮੰਗਾਂ ਨੂੰ ਬਜਟ 'ਚ ਨਹੀਂ ਮਿਲੀ ਤਵੱਜੋ: ਓਮਕਾਰ ਸ਼ਰਮਾ

ਘਨੌਰ, 8 ਮਾਰਚ (ਮਦਨ ਲਾਲ/ਰਾਜਿੰਦਰ ਕੰਬੋਜ) : ਪੰਜਾਬ ਸਰਕਾਰ ਵੱਲੋਂ ਪੇਸ਼ ਕੀਤੇ ਤਾਜ਼ਾ ਬਜਟ ਵਿੱਚ ਦਿਵਿਆਂਗ ਵਰਗ ਲਈ ਕੋਈ ਵੀ ਐਲਾਨ ਨਾ ਹੋਣ ਕਾਰਨ ਇਸ ਵਰਗ ਵਿੱਚ ਨਿਰਾਸ਼ਾ ਦਾ ਮਾਹੌਲ ਬਣ ਗਿਆ ਹੈ। ਇਸ ਸਬੰਧੀ ਸੰਯੁਕਤ ਦਿਵਿਆਂਗ ਮੋਰਚਾ ਦੇ ਆਗੂ ਓਮਕਾਰ ਸ਼ਰਮਾ ਸੋਗਲਪੁਰ ਨੇ ਕਿਹਾ ਕਿ ਬਜਟ ਵਿੱਚ ਦਿਵਿਆਂਗਾਂ ਲਈ ਕੁਝ ਵੀ ਨਹੀਂ ਦਿੱਤਾ ਗਿਆ, ਜਿਸ ਨਾਲ ਇਹ ਵਰਗ ਆਪਣੇ ਆਪ ਨੂੰ ਅਣਡਿੱਠਾ ਮਹਿਸੂਸ ਕਰ ਰਿਹਾ ਹੈ।ਉਨ੍ਹਾਂ ਕਿਹਾ ਕਿ ਪਿਛਲੇ ਚਾਰ ਸਾਲਾਂ ਤੋਂ ਦਿਵਿਆਂਗ ਭਾਈਚਾਰਾ ਆਪਣੀਆਂ ਜਾਇਜ਼ ਮੰਗਾਂ ਨੂੰ ਲੈ ਕੇ ਸਰਕਾਰ ਦੇ ਦਰ 'ਤੇ ਦਸਤਕ ਦੇ ਰਿਹਾ ਹੈ, ਪਰ ਹਰ ਵਾਰ ਸਿਰਫ਼ ਭਰੋਸੇ ਹੀ ਮਿਲੇ ਹਨ। ਬਜਟ ਵਿੱਚ ਦਿਵਿਆਂਗਾਂ ਲਈ ਕੋਈ ਢੁਕਵਾਂ ਪ੍ਰਬੰਧ ਨਾ ਹੋਣ ਕਾਰਨ ਉਨ੍ਹਾਂ ਵਿੱਚ ਨਿਰਾਸ਼ਾ ਵਧੀ ਹੈ। ਓਮਕਾਰ ਸ਼ਰਮਾ ਨੇ ਦੱਸਿਆ ਕਿ ਦਿਵਿਆਂਗ ਵਰਗ ਵੱਲੋਂ ਪਿਛਲੇ ਚਾਰ ਸਾਲਾਂ ਦੌਰਾਨ ਵੱਖ-ਵੱਖ ਜ਼ਿਲ੍ਹਿਆਂ ਅਤੇ ਰਾਜ ਪੱਧਰ 'ਤੇ ਸਰਕਾਰ ਅਤੇ ਸੰਬੰਧਤ ਵਿਭਾਗਾਂ ਨੂੰ ਅਨੇਕਾਂ ਮੰਗ ਪੱਤਰ ਦਿੱਤੇ ਗਏ ਹਨ। ਇਨ੍ਹਾਂ ਵਿੱਚ ਦਿਵਿਆਂਗਾਂ ਦੀ ਪੈਨਸ਼ਨ ਵਧਾਉਣ, ਮੁਫ਼ਤ ਮੈਡੀਕਲ ਸਹੂਲਤਾਂ, ਸਿੱਖਿਆ ਵਿੱਚ ਵਿਸ਼ੇਸ਼ ਰਾਹਤਾਂ ਅਤੇ ਸਰਕਾਰੀ ਨੌਕਰੀਆਂ ਵਿੱਚ ਯੋਗ ਹਿੱਸੇਦਾਰੀ ਦੀਆਂ ਮੰਗਾਂ ਸ਼ਾਮਲ ਹਨ। ਪਰ ਅਜੇ ਤੱਕ ਸਰਕਾਰ ਵੱਲੋਂ ਕੋਈ ਢੁਕਵਾਂ ਕਦਮ ਨਹੀਂ ਚੁੱਕਿਆ ਗਿਆ। ਓਮਕਾਰ ਸ਼ਰਮਾ ਨੇ ਕਿਹਾ ਕਿ ਦਿਵਿਆਂਗ ਵਰਗ ਦੀ ਮੁੱਖ ਮੰਗ ਹੈ ਕਿ ਦਿਵਿਆਂਗ ਪੈਨਸ਼ਨ ਲਈ ਤੇਜ਼ਾਬ ਪੀੜਤਾਂ ਦੀ ਤਰ੍ਹਾਂ ਵੱਖਰੀ ਕੈਟਾਗਰੀ ਬਣਾਈ ਜਾਵੇ ਅਤੇ ਪੈਨਸ਼ਨ ਘੱਟੋ-ਘੱਟ 5000 ਰੁਪਏ ਪ੍ਰਤੀ ਮਹੀਨਾ ਕੀਤੀ ਜਾਵੇ, ਤਾਂ ਜੋ ਉਹ ਆਪਣੇ ਰੋਜ਼ਾਨਾ ਜੀਵਨ ਦੇ ਖਰਚੇ ਆਸਾਨੀ ਨਾਲ ਪੂਰੇ ਕਰ ਸਕਣ। ਇਸ ਤੋਂ ਇਲਾਵਾ ਦਿਵਿਆਂਗਤਾ ਅਧਿਕਾਰ ਐਕਟ 2016 ਨੂੰ ਪੂਰੀ ਤਰ੍ਹਾਂ ਸਖ਼ਤੀ ਨਾਲ ਲਾਗੂ ਕਰਨ ਦੀ ਮੰਗ ਵੀ ਕੀਤੀ ਗਈ ਹੈ, ਤਾਂ ਜੋ ਦਿਵਿਆਂਗਾਂ ਨੂੰ ਸਿੱਖਿਆ, ਰੋਜ਼ਗਾਰ ਅਤੇ ਸਰਕਾਰੀ ਸਹੂਲਤਾਂ ਵਿੱਚ ਆਪਣੇ ਹੱਕ ਹਕੀਕਤ ਵਿੱਚ ਮਿਲ ਸਕਣ।ਉਨ੍ਹਾਂ ਕਿਹਾ ਕਿ ਦਿਵਿਆਂਗ ਵਰਗ ਲੰਮੇ ਸਮੇਂ ਤੋਂ ਸਰਕਾਰੀ ਹਸਪਤਾਲਾਂ ਵਿੱਚ ਮੁਫ਼ਤ ਇਲਾਜ, ਵਿਦਿਆਰਥੀਆਂ ਲਈ ਮੁਫ਼ਤ ਸਿੱਖਿਆ ਅਤੇ ਸਰਕਾਰੀ ਯੋਜਨਾਵਾਂ ਵਿੱਚ ਤਰਜੀਹ ਦੇਣ ਦੀ ਮੰਗ ਕਰ ਰਿਹਾ ਹੈ। ਜੇਕਰ ਸਰਕਾਰ ਜਲਦੀ ਹੀ ਦਿਵਿਆਂਗਾਂ ਦੀਆਂ ਮੰਗਾਂ ਵੱਲ ਧਿਆਨ ਨਾ ਦੇਵੇਗੀ ਤਾਂ ਸੰਯੁਕਤ ਦਿਵਿਆਂਗ ਮੋਰਚਾ ਵੱਲੋਂ ਆਉਣ ਵਾਲੇ ਸਮੇਂ ਵਿੱਚ ਵੱਡੇ ਪੱਧਰ 'ਤੇ ਸੰਘਰਸ਼ ਦੀ ਰਣਨੀਤੀ ਤਿਆਰ ਕੀਤੀ ਜਾਵੇਗੀ।



# ਪੀ.ਆਰ.ਟੀ.ਸੀ. ਚੇਅਰਮੈਨ ਨੇ ਦਿੱਤਾ ਭਰੋਸਾ, ਸ੍ਰੀ ਵਾਮਨ ਅਵਤਾਰ ਮੰਦਰ ਦਾ ਨਿਰਮਾਣ ਕਾਰਜ ਜਲਦ ਹੋਵੇਗਾ ਸ਼ੁਰੂ

ਪਟਿਆਲਾ, 8 ਮਾਰਚ (ਰੁਪਾਣਾ) : ਪੀ.ਆਰ.ਟੀ.ਸੀ. ਦੇ ਚੇਅਰਮੈਨ ਹਰਪਾਲ ਜੁਨੇਜਾ ਵੱਲੋਂ ਇਤਿਹਾਸਕ ਸ੍ਰੀ ਵਾਮਨ ਅਵਤਾਰ ਮੰਦਰ ਅਤੇ ਸਰੋਵਰ ਦਾ ਦੌਰਾ ਕੀਤਾ ਅਤੇ ਧਰਨੇ 'ਤੇ ਬੈਠੇ ਲੋਕਾਂ ਨਾਲ ਗੱਲਬਾਤ ਕੀਤੀ। ਇਸ ਦੌਰਾਨ ਜੁਨੇਜਾ ਨੇ ਭਰੋਸਾ ਦਿੱਤਾ ਕਿ ਮੰਦਿਰ ਅਤੇ ਸਰੋਵਰ ਦੇ ਨਿਰਮਾਣ ਕਾਰਜ ਜਲਦ ਹੀ ਸ਼ੁਰੂ ਕਰਵਾਏ ਜਾਣਗੇ। ਹਰਪਾਲ ਜੁਨੇਜਾ ਅੱਜ ਮੁੱਖ ਮੰਤਰੀ ਭਗਵੰਤ ਮਾਨ ਦੇ ਮੀਡੀਆ ਸਲਾਹਕਾਰ ਬਲਤੇਜ ਪੰਨੂ ਦੇ ਵਿਸ਼ੇਸ਼ ਨਿਰਦੇਸ਼ਾਂ 'ਤੇ ਮੰਦਰ ਵਿਖੇ ਪਹੁੰਚੇ। ਉੱਥੇ ਉਨ੍ਹਾਂ ਨੇ ਮੰਦਰ ਦੇ ਨਿਰਮਾਣ ਅਤੇ ਸਰੋਵਰ ਦੀ ਸਾਂਭ-ਸੰਭਾਲ ਲਈ ਲੰਬੇ ਸਮੇਂ ਤੋਂ ਸੰਘਰਸ਼ ਕਰ ਰਹੇ ਹਿੰਦੂ ਭਾਈਚਾਰੇ ਦੇ ਨੁਮਾਇੰਦਿਆਂ ਅਤੇ ਸਥਾਨਕ ਲੋਕਾਂ ਨਾਲ ਮੁਲਾਕਾਤ ਕੀਤੀ। ਇਸ ਮੌਕੇ ਚੇਅਰਮੈਨ ਜੁਨੇਜਾ ਨੇ ਸ਼ਰਧਾ ਸਹਿਤ ਮੰਦਰ ਵਿੱਚ ਨਤਮਸਤਕ ਹੋ ਕੇ ਆਸ਼ੀਰਵਾਦ ਵੀ ਲਿਆ। ਮੁਲਾਕਾਤ ਦੌਰਾਨ ਹਿੰਦੂ ਭਾਈਚਾਰੇ ਨੇ ਆਪਣੀਆਂ ਮੰਗਾਂ ਅਤੇ ਮੰਦਰ ਦੀ ਮੌਜੂਦਾ ਸਥਿਤੀ ਬਾਰੇ ਜੁਨੇਜਾ ਨੂੰ ਜਾਣੂੰ ਕਰਵਾਇਆ। ਚੇਅਰਮੈਨ ਨੇ ਬਹੁਤ ਹੀ ਸੰਜੀਦਗੀ ਨਾਲ ਸਾਰੀਆਂ ਗੱਲਾਂ ਸੁਣੀਆਂ ਅਤੇ ਭਾਈਚਾਰੇ ਨੂੰ ਭਰੋਸਾ ਦਿੰਦਿਆਂ ਕਿਹਾ ਕਿ ਸ੍ਰੀ ਬਲਤੇਜ ਪੰਨੂ ਵੱਲੋਂ ਲਗਾਈ ਗਈ ਡਿਊਟੀ ਤਹਿਤ ਮੈਂ ਅੱਜ ਇੱਥੇ ਪਹੁੰਚਿਆ ਹਾਂ। ਮੰਦਰ ਦੇ ਹਾਲਾਤ ਅਤੇ ਨਿਰਮਾਣ ਕਾਰਜਾਂ ਵਿੱਚ ਆ ਰਹੀਆਂ ਰੁਕਾਵਟਾਂ ਬਾਰੇ ਇੱਕ ਵਿਸਤ੍ਰਿਤ ਰਿਪੋਰਟ ਤਿਆਰ ਕਰਕੇ ਸਿੱਧੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੱਕ ਪਹੁੰਚਾਈ ਜਾਵੇਗੀ।ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਹਰ ਵਰਗ ਦੇ ਧਾਰਮਿਕ ਅਕੀਦਿਆਂ ਦਾ ਸਤਿਕਾਰ ਕਰਦੀ ਹੈ ਅਤੇ ਇਸ ਮਸਲੇ ਦਾ ਹੱਲ ਪਹਿਲ ਦੇ ਅਧਾਰ 'ਤੇ ਕੀਤਾ ਜਾਵੇਗਾ।



# ਦੀਪਾ ਘੋਲੀਆ ਦੀ ਯਾਦ 'ਚ 14 ਨੂੰ ਸੱਭਿਆਚਾਰਕ ਮੇਲਾ : ਹਰਜੀਤ ਜੋਗਾ

ਸਮਾਣਾ, 8 ਮਾਰਚ (ਸੁਖਜਿੰਦਰ ਸਿੰਘ ਕੁਲਾਰਾਂ) : ਪੰਜਾਬੀ ਸੰਗੀਤ ਜਗਤ ਵਿੱਚ ਆਪਣੀ ਵੱਖਰੀ ਪਹਿਚਾਣ ਬਣਾਉਣ, ਸਾਫ ਸੁਥਰੀ ਗਾਇਕੀ ਅਤੇ ਸਭਿਆਚਾਰਕ ਗੀਤਾਂ ਰਾਹੀ ਆਪਣੀ ਵੱਖਰੀ ਪਹਿਚਾਣ ਬਣਾ ਚੁੱਕੇ ਸੁਪਰ ਡੁਪਰ ਹਿੱਟ ਪੇਸ਼ਕਰ/ ਗੀਤਕਾਰ ਸਵ: ਦੀਪਾ ਘੋਲੀਆ ਦੀ ਯਾਦ ਨੂੰ ਤਾਜ਼ਾ ਰੱਖਣ ਲਈ ਉਨਾਂ ਦੀ ਯਾਦ ਚ ਸੱਭਿਆਚਾਰਕ ਮੇਲਾ 14 ਮਾਰਚ ਨੂੰ ਪਿੰਡ ਘੋਲੀਆ ਕਲਾਂ ਵਿਖੇ ਮਨਾਇਆ ਜਾਵੇਗਾ। ਸੱਭਿਆਚਾਰਕ ਮੇਲੇ ਸਬੰਧੀ ਜਾਣਕਾਰੀ ਦਿੰਦਿਆਂ ਮਾਲਵੇ ਦੇ ਪ੍ਰਸਿੱਧ ਲੋਕ ਗਾਇਕ ਹਰਜੀਤ ਜੋਗਾ ਨੇ ਦੱਸਿਆ ਕਿ ਪਿੰਡ ਘੋਲੀਏ ਕਲਾਂ ਨਗਰ ਨਿਵਾਸੀ, ਸਮੂਹ ਪੰਚਾਇਤ, ਕਲੱਬਾਂ, ਐਨ ਆਰ ਆਈ ਵੀਰਾਂ ਅਤੇ ਸੰਗੀਤ ਸਿਤਾਰੇ ਫਾਉਂਡੇਸ਼ਨ (ਰਜਿ) ਪੰਜਾਬ ਵੱਲੋਂ ਦੂਜਾ ਸੱਭਿਆਚਾਰਕ ਸਲਾਨਾ ਮੇਲਾ ਧੂਮ-ਧਾਮ ਨਾਲ ਕਰਵਾਇਆ ਜਾਵੇਗਾ।ਉਨ੍ਹਾਂ ਦੱਸਿਆ ਕਿ ਮੇਲੇ ਦੌਰਾਨ ਮੰਚ ਸੰਚਾਲਕ ਦੀ ਭੂਮਿਕਾ ਪ੍ਰਸਿੱਧ ਗਾਇਕ ਤੇ ਐਂਕਰ ਕੁਲਵੰਤ ਸੇਖੋਂ ਅਤੇ ਗੈਰੀ ਸਿੰਘ ਨਿਭਾਉਣਗੇ ।ਹਰਜੀਤ ਜੋਗਾ ਨੇ ਦੱਸਿਆ ਕਿ ਮੇਲੇ 'ਚ ਫਿਲਮੀ ਹਸਤੀਆਂ, ਪ੍ਰਸਿੱਧ ਗੀਤਕਾਰ, ਪੇਸ਼ਕਾਰ, ਕਹਾਣੀਕਾਰ, ਕਵੀ, ਨਾਵਲਕਾਰ, ਮਾਡਲ, ਸਮਾਜ ਸੇਵੀ ਜਥੇਬੰਦੀਆਂ ਤੇ ਪੱਤਰਕਾਰ ਭਾਈਚਾਰਾ ਉਚੇਚੇ ਤੌਰ 'ਤੇ ਸ਼ਿਰਕਤ ਕਰੇਗਾ ।ਇਸ ਮੌਕੇ ਪ੍ਰਸਿੱਧ ਲੋਕ ਗਾਇਕ ਅੰਗਰੇਜ਼ ਅਲੀ, ਗੋਰਾ ਚੱਕ ਵਾਲਾ, ਹਰਦੇਵ ਮਾਹਿਨੰਗਲ,ਹਰਿੰਦਰ ਸੰਧੂ, ਅਮਨ ਧਾਲੀਵਾਲ, ਹਰਜੀਤ ਜੋਗਾ, ਮੰਗਾ ਘੋਲੀਆ,ਐਸ ਕੌਰ, ਬਲਵੀਰ ਚੋਟੀਆਂ, ਜੈਸਮੀਨ ਚੋਟੀਆਂ, ਹੈਪੀ ਰਾਦੇਵ, ਮੁਮਤਾਜ਼ ਗਿੱਲ , ਹਰਮਿਲਾਪ ਗਿੱਲ ,ਸੀਰਤ ਗਿੱਲ, ਲਵਜੀਤ ਧੋਨਾ, ਬੂਟਾ ਭਾਈ ਰੂਪਾ, ਇੰਦਰ ਮਾਨ ਕੋਟ ਵਾਲਾ, ਗੁਰਸੇਵਕ ਘੋਲੀਆ, ਦਵਿੰਦਰ ਘੋਲੀਆ, ਹਰਪ੍ਰੀਤ ਰਾਜਸਥਾਨੀ, ਕਰਨ ਘੋਲੀਆ, ਗਿੱਲ ਹਰਮਨ ਘੋਲੀਆ, ਬੱਬਲੀ ਖੋਸਾ,ਅਜੇ ਵੀਰ, ਜੱਸੀ ਸੇਖੋਂ, ਬੱਲ ਸਾਹਿਬ, ਦੀਪ ਦਵਿੰਦਰ,ਦੀਪ ਬਰਾੜ ਆਰ ਡੀ ਘੋਲੀਆ, ਡਾ ਬਲਜੀਤ ਸਿੰਘ ਮੋਗਾ, ਅਜੇ ਦੀਪ, ਸਿਮਰ ਗਿੱਲ ਤੋਂ ਇਲਾਵਾ ਹੋਰ ਬਹੁਤ ਸਾਰੇ ਗਾਇਕ ਸਰੋਤਿਆਂ ਦਾ ਮਨੋਰੰਜਨ ਕਰਨ ਲਈ ਪਹੁੰਚ ਰਹੇ ਹਨ।



# ਸਾਬਕਾ ਸੈਨਿਕ ਲੀਗ ਸ਼ੇਰਪੁਰ ਦੀ ਮਹੀਨਾਵਾਰ ਮੀਟਿੰਗ

## >ਰੈਫ਼ਰਲ ਹਸਪਤਾਲ 'ਚ ਸੈਨਿਕ ਮਰੀਜ਼ ਦੀ ਦਵਾਈ ਦੀ ਰਾਸ਼ੀ ਸਰਕਾਰੀ ਬਿੱਲ ਵਿੱਚ ਪਾਈ ਜਾਵੇ : ਸਾਬਕਾ ਸੈਨਿਕ

ਸ਼ੇਰਪੁਰ, 8 ਮਾਰਚ (ਬਲਜੀਤ ਸਿੰਘ ਟਿੱਬਾ) : ਭਾਰਤੀਆ ਸਾਬਕਾ ਸੈਨਿਕ ਲੀਗ (ਪੰ. ਅਤੇ ਚੰਡੀ.) ਬਲਾਕ ਸ਼ੇਰਪੁਰ ਦੀ ਮਹੀਨਾਵਾਰ ਇਕੱਤਰਤਾ ਲੀਗ ਪ੍ਰਧਾਨ ਸੂਬੇਦਾਰ ਮੇਜਰ ਹਰਜੀਤ ਸਿੰਘ ਦੀ ਅਗਵਾਈ ਹੇਠ ਲੀਗ ਦਫਤਰ , ਪੁਰਾਣੀ ਤਹਿਸੀਲ ਸ਼ੇਰਪੁਰ ਵਿਖੇ ਹੋਈ ਜਿਸ ਵਿੱਚ ਜਿਲਾ ਮੀਤ ਪ੍ਰਧਾਨ ਸੁਰਜੀਤ ਸਿੰਘ ਅਲਾਲ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ । ਸਾਬਕਾ ਸੈਨਿਕਾਂ ਨੇ ਮਹੀਨੇ ਭਰ ਦੀਆਂ ਗਤੀਵਿਧੀਆਂ 'ਤੇ ਚਰਚਾ ਕੀਤੀ ਅਤੇ ਸੈਨਿਕਾ ਦੀਆਂ ਸਮੱਸਿਆਵਾਂ ਸੁਣੀਆਂ । ਸੈਨਿਕ ਆਗੂ ਸੂਬੇਦਾਰ ਮੇਜਰ ਹਰਜੀਤ ਸਿੰਘ ਨੇ ਸੈਨਿਕਾਂ ਦੀਆਂ ਮੰਗਾਂ ਨੂੰ ਜ਼ਿਲ੍ਹਾ ਲੀਗ ਅਧਿਕਾਰੀਆਂ ਅੱਗੇ ਰੱਖਣ ਦਾ ਭਰੋਸਾ ਦਿੱਤਾ। ਸੈਨਿਕਾਂ ਨੇ ਮੰਗ ਕੀਤੀ ਕਿ ਈਸੀਐਚਐਸ ਸੰਗਰੂਰ ਵਿਖੇ ਮਹਿਲਾ ਡਾਕਟਰ ਦੀ ਬਦਲੀ ਹੋ ਗਈ ਹੈ ਇਸ ਲਈ ਜਲਦੀ ਤੋਂ ਜਲਦੀ ਮਹਿਲਾ ਡਾਕਟਰ ਦੀ ਅਸਾਮੀ ਪੁਰ ਕੀਤੀ ਜਾਵੇ। ਹੌਲਦਾਰ ਮੱਘਰ ਸਿੰਘ ਨੇ ਦੱਸਿਆ ਕਿ ਪੈਨਲ ਅਧੀਨ ਆਉਂਦੇ ਹਸਪਤਾਲ ਦੇ ਡਾਕਟਰ ਵੱਲੋਂ ਲਿਖੀ ਡਿਪਰੇਸ਼ਨ ਦੀ ਦਵਾਈ ਈਸੀਐਚਐਸ ਵਿੱਚ ਨਹੀਂ ਮਿਲ ਰਹੀ ਉਸ ਸਬੰਧੀ ਤੁਰੰਤ ਧਿਆਨ ਦਿੱਤਾ ਜਾਵੇ । ਸਾਬਕਾ ਸੈਨਿਕਾਂ ਨੇ ਧਿਆਨ ਵਿੱਚ ਲਿਆਂਦਾ ਕਿ ਰੈਫਰਲ ਉਪਰੰਤ ਉਸ ਹਸਪਤਾਲ ਵਿੱਚ ਜੋ ਦਵਾਈ ਮਿਲਦੀ ਹੈ ਉਹ ਸਰਕਾਰੀ ਬਿੱਲ ਵਿੱਚ ਸ਼ਾਮਿਲ ਕੀਤੀ ਜਾਵੇ ਨਾ ਕਿ ਉਸਦੀ ਪੇਮੈਂਟ ਸੈਨਿਕ ਮਰੀਜ਼ ਤੋਂ ਲਈ ਜਾਵੇ। ਸੂਬੇਦਾਰ ਬਲਵੰਤ ਸਿੰਘ ਬਦੇਸ਼ਾਂ ਜਨਰਲ ਸਕੱਤਰ ਨੇ ਬਲਾਕ ਦੇ ਸਮੂਹ ਸਾਬਕਾ ਸੈਨਿਕਾਂ ਨੂੰ ਹਰ ਮਹੀਨੇ 8 ਤਰੀਖ਼ ਨੂੰ ਹੁੰਦੀ ਮੀਟਿੰਗ ਵਿੱਚ ਸ਼ਾਮਿਲ ਹੋਣ ਲਈ ਅਪੀਲ ਕੀਤੀ । ਕੈਪਟਨ ਅਵਤਾਰ ਸਿੰਘ ਟਿੱਬਾ ਨੇ ਕਿਹਾ ਕਿ ਸੈਨਿਕ ਸੰਸਥਾਵਾਂ ਈਸੀਐਚਐਸ ਅਤੇ ਸੀਐਸਡੀ ਕੰਟੀਨਾਂ ਉੱਤੇ ਸਾਬਕਾ ਸੈਨਿਕਾਂ ਨੂੰ ਨਿਯੁਕਤ ਕੀਤਾ ਜਾਵੇ ਜਿਸ ਨਾਲ ਕਾਫੀ ਸੁਧਾਰ ਵੀ ਹੋਵੇਗਾ ਅਤੇ ਸੈਨਿਕਾਂ ਦਾ ਮਾਨ-ਸਨਮਾਨ ਵੀ ਵਧੇਗਾ । ਸਾਬਕਾ ਸੈਨਿਕਾਂ ਨੇ 8ਵੇਂ ਪੇਅ ਕਮਿਸ਼ਨ ਸਬੰਧੀ ਸਰਕਾਰੀ ਤੌਰ ਉੱਤੇ ਸਮੇਂ-ਸਮੇਂ ਜਾਣਕਾਰੀ ਦੇਣ ਦੀ ਅਪੀਲ ਵੀ ਕੀਤੀ। ਇਸ ਮੌਕੇ ਸੀਨੀਅਰ ਸਿਟੀਜਨ ਕੈਪਟਨ ਬੁੱਧ ਸਿੰਘ , ਕੈਪਟਨ ਅਵਤਾਰ ਸਿੰਘ ਟਿੱਬਾ , ਸੂਬੇਦਾਰ ਬਲਵੰਤ ਸਿੰਘ ਬਦੇਸ਼ਾਂ , ਸੂਬੇਦਾਰ ਕਰਮ ਸਿੰਘ ਬਦੇਸ਼ਾ , ਸੂਬੇਦਾਰ ਜੰਗ ਸਿੰਘ ਗਿੱਲ , ਸੂਬੇਦਾਰ ਸਿਕੰਦਰ ਸਿੰਘ , ਹੌਲਦਾਰ ਪ੍ਰੀਤਮ ਸਿੰਘ ਗਰੇਵਾਲ , ਹੌਲਦਾਰ ਅਮਰਜੀਤ ਸਿੰਘ ਖਹਿਰਾ , ਹੌਲਦਾਰ ਰਾਮ ਸਿੰਘ ਕਾਲਾ ਬੂਲਾ, ਹੌਲਦਾਰ ਬਲਕਾਰ ਸਿੰਘ ਖੇੜੀ , ਹੌਲਦਾਰ ਹਰਜਿੰਦਰ ਸਿੰਘ , ਹੌਲਦਾਰ ਕਰਨੈਲ ਸਿੰਘ , ਜੋਗਿੰਦਰ ਸਿੰਘ , ਸੁਰਜੀਤ ਸਿੰਘ ਕਾਲਾ ਬੂਲਾ , ਚਮਕੌਰ ਸਿੰਘ ਸ਼ੇਰਪੁਰ, ਰਣਜੀਤ ਸਿੰਘ, ਕਰਮਜੀਤ ਸਿੰਘ ਘਨੌਰੀ ਕਲਾ, ਸਰਵਣ ਸਿੰਘ ਮੂਲੋਵਾਲ, ਅੰਮ੍ਰਿਤ ਸਿੰਘ ਘਨੌਰੀ ਕਲਾਂ ਤੋਂ ਇਲਾਵਾ ਸਾਬਕਾ ਸਰਪੰਚ ਰਣਜੀਤ ਸਿੰਘ ਬਿੱਲੂ ਪੱਤੀ ਖਲੀਲ ਅਤੇ ਹੋਰ ਵੀ ਸਾਬਕਾ ਸੈਨਿਕ ਹਾਜ਼ਰ ਸਨ।

